25-JULY-PAGE-1.qxd 7/24/2025 10:20 PM Page 1

ਸ਼ੁੱਕਰਵਾਰ, 25 ਜੁਲਾਈ, 2025
10 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 54

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • FRIDAY, 25 JULY, 2025
ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਅਮਰੀਕੀ ਕੰਪਨੀਆਂ ਚੀਨ ਤੇ ਭਾਰਤ ਤੋਂ ਕਾਰੋਬਾਰ ਚਲਾਉਣਾ ਭੁੱਲ ਜਾਣ : ਟਰੰਪ



**ਵਾਸ਼ਿੰਗਟਨ** : ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਮਰੀਕੀ ਟੈੱਕ ਕੰਪਨੀਆਂ ਵੱਲੋਂ ਚੀਨ ਵਿੱਚ ਫੈਕਟਰੀਆਂ ਲਾਉਣ ਅਤੇ ਭਾਰਤ ਵਿੱਚ ਕਰਮਚਾਰੀ ਰੱਖਣ ਦੀ ਆਲੋਚਨਾ ਕੀਤੀ ਹੈ। ਉਨ੍ਹਾ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਉਨ੍ਹਾ ਦੀ ਪ੍ਰਧਾਨਗੀ ਹੇਠ ਹੁਣ ਉਹ ਦਿਨ ਖਤਮ ਹੋ ਗਏ ਹਨ। ਟਰੰਪ ਨੇ ਬੁੱਧਵਾਰ ਏ ਆਈ ਸੰਮੇਲਨ ਵਿੱਚ ਇਹ ਟਿੱਪਣੀਆਂ ਕੀਤੀਆਂ ਜਿੱਥੇ ਉਨ੍ਹਾ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਨਾਲ ਸੰਬੰਧਤ ਤਿੰਨ ਕਾਰਜਕਾਰੀ ਹੁਕਮਾਂ ’ਤੇ ਹਸਤਾਖਰ ਕੀਤੇ।

ਅਮਰੀਕੀ ਰਾਸ਼ਟਰਪਤੀ ਨੇ ਕਿਹਾ, “ਸਾਡੀਆਂ ਕਈ ਵੱਡੀਆਂ ਤਕਨੀਕੀ ਕੰਪਨੀਆਂ ਨੇ ਚੀਨ ਵਿੱਚ ਆਪਣੀਆਂ ਫੈਕਟਰੀਆਂ ਬਣਾ ਕੇ, ਭਾਰਤ ਵਿੱਚ ਕਰਮਚਾਰੀ ਰੱਖ ਕੇ ਅਤੇ ਆਇਰਲੈਂਡ ਵਿੱਚ ਲਾਭ ਘਟਾ ਕੇ ਅਮਰੀਕੀ ਆਜ਼ਾਦੀ ਦਾ ਲਾਭ ਚੁੱਕਿਆ ਹੈ। ਇਸ ਦੇ ਨਾਲ ਹੀ ਆਪਣੇ ਹੀ ਦੇਸ਼ ਵਿੱਚ ਆਪਣੇ ਨਾਗਰਿਕਾਂ ਨੂੰ ਖਾਰਜ ਕਰਨਾ ਅਤੇ ਸੈਂਸਰਸ਼ਿੱਪ ਲਾਉਣ ਦਾ ਕੰਮ ਕੀਤਾ ਹੈ। ਰਾਸ਼ਟਰਪਤੀ ਟਰੰਪ ਦੇ ਅਧੀਨ ਉਹ ਦਿਨ ਖਤਮ ਹੋ ਗਏ ਹਨ।”

ਟਰੰਪ ਨੇ ਕਿਹਾ, “ਏ ਆਈ ਦੌੜ ਜਿੱਤਣ ਲਈ ਸਿਲੀਕਾਨ ਵੈਲੀ ਵਿੱਚ ਅਤੇ ਸਿਲੀਕਾਨ ਵੈਲੀ ਤੋਂ ਬਹੁਤ ਅੱਗੇ ਦੇਸ਼ਭਗਤੀ ਅਤੇ ਕੌਮੀ ਵਫਾਦਾਰੀ ਦੀ ਇੱਕ ਨਵੀਂ ਭਾਵਨਾ ਦੀ ਲੋੜ ਹੋਵੇਗੀ।” ਉਨ੍ਹਾ ਅੱਗੇ ਕਿਹਾ, “ਅਮਰੀਕੀ ਤਕਨਾਲੋਜੀ ਕੰਪਨੀਆਂ ਨੂੰ ਅਮਰੀਕਾ ਲਈ ਪੂਰੀ ਤਰ੍ਹਾਂ ਸਮਰਪਤ ਹੋਣ ਦੀ ਲੋੜ ਹੈ। ਅਸੀਂ ਚਾਹੁੰਦੇ ਹਾਂ ਕਿ ਤੁਸੀਂ ਅਮਰੀਕਾ ਨੂੰ ਪਹਿਲ ਦਿਓ। ਤੁਹਾਨੂੰ ਅਜਿਹਾ ਕਰਨਾ ਪਵੇਗਾ। ਇਹ ਸਭ ਕੁਝ ਹੈ, ਜੋ ਅਸੀਂ ਮੰਗਦੇ ਹਾਂ।”

## ਪ੍ਰਧਾਨ ਮੰਤਰੀ ਬਣ ਕੇ 300 ਦਿਨ ਬਾਹਰਲੇ ਮੁਲਕਾਂ ’ਚ ਗੁਜ਼ਾਰੇ



**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2014 ਤੋਂ ਲੈ ਕੇ ਹੁਣ ਤੱਕ ‘ਵਿਸ਼ਵ ਦਰਸ਼ਨ’ ਲਈ ਕਰੀਬ 300 ਦਿਨ ਵਿਦੇਸ਼ੀ ਧਰਤੀ ’ਤੇ ਗੁਜ਼ਾਰੇ ਹਨ। ਮਤਲਬ ਔਸਤਨ ਹਰ ਤੇਰ੍ਹਵਾਂ ਦਿਨ ਵਿਦੇਸ਼ ’ਚ ਬਿਤਾਇਆ ਹੈ। ਉਨ੍ਹਾ ਇਹ ਨਵਾਂ ਰਿਕਾਰਡ ਕਾਇਮ ਕੀਤਾ ਹੈ, ਜਦੋਂ ਕਿ ਇਸ ਤੋਂ ਪਹਿਲਾਂ ਕਿਸੇ ਪ੍ਰਧਾਨ ਮੰਤਰੀ ਦੇ ਹਿੱਸੇ ਅਜਿਹੀ ਵਿਦੇਸ਼ ਯਾਤਰਾ ਨਹੀਂ ਆਈ। ਇਨ੍ਹਾਂ 11 ਵਰ੍ਹਿਆਂ ’ਚ ਪ੍ਰਧਾਨ ਮੰਤਰੀ ਦੀ ਵਿਦੇਸ਼ ਯਾਤਰਾ ’ਤੇ ਕਰੀਬ 2500 ਕਰੋੜ ਰੁਪਏ ਦਾ ਖਰਚਾ ਆਇਆ ਹੈ।

ਵਿਦੇਸ਼ ਮੰਤਰਾਲੇ ਦੀ ਤਾਜ਼ਾ ਸੂਚਨਾ ਅਨੁਸਾਰ ਪ੍ਰਧਾਨ ਮੰਤਰੀ ਨੇ ਸਾਲ 2021 ਤੋਂ ਜੁਲਾਈ 2025 ਤੱਕ 33 ਵਿਦੇਸ਼ ਦੌਰਿਆਂ ਦੌਰਾਨ 57 ਮੁਲਕਾਂ ਦੀ ਯਾਤਰਾ ਕੀਤੀ ਹੈ, ਜਿਸ ’ਤੇ 361.94 ਕਰੋੜ ਦਾ ਖਰਚਾ ਆਇਆ ਹੈ। ਸਾਲ 2024 ਵਿੱਚ ਪ੍ਰਧਾਨ ਮੰਤਰੀ ਨੇ 11 ਵਿਦੇਸ਼ ਦੌਰੇ ਕੀਤੇ, ਜਿਨ੍ਹਾਂ ’ਤੇ 109.42 ਕਰੋੜ ਰੁਪਏ ਖਰਚ ਆਏ ਹਨ। ਲੰਘੇ ਚਾਰ ਵਰ੍ਹਿਆਂ ਦੌਰਾਨ ਵਿਦੇਸ਼ਾਂ ਵਿੱਚ ਪ੍ਰਚਾਰ ’ਤੇ 1.12 ਕਰੋੜ ਰੁਪਏ ਖਰਚੇ ਗਏ ਹਨ। ਪ੍ਰਧਾਨ ਮੰਤਰੀ ਨੇ 2014 ਤੋਂ 2018 ਤੱਕ 60 ਮੁਲਕਾਂ ਦਾ ਦੌਰਾ ਕੀਤਾ ਸੀ, ਜਿਸ ’ਤੇ 2022.58 ਕਰੋੜ ਰੁਪਏ ਖਰਚ ਆਏ ਸਨ।

ਜਦੋਂ ਅਟਲ ਬਿਹਾਰੀ ਵਾਜਪਾਈ ਦੇਸ਼ ਦੇ ਪ੍ਰਧਾਨ ਮੰਤਰੀ ਸਨ ਤਾਂ ਉਨ੍ਹਾ ਆਪਣੇ ਕਾਰਜਕਾਲ ਦੌਰਾਨ 31 ਮੁਲਕਾਂ ਦਾ ਦੌਰਾ ਕੀਤਾ ਸੀ, ਜਿਸ ’ਤੇ 144.43 ਕਰੋੜ ਰੁਪਏ ਖਰਚ ਆਏ ਸਨ। ਵਾਜਪਾਈ ਨੇ ਵਿਦੇਸ਼ੀ ਧਰਤੀ ’ਤੇ ਪੰਜ ਸਾਲਾਂ ਦੌਰਾਨ 131 ਦਿਨ ਗੁਜ਼ਾਰੇ ਸਨ। ਉਸ ਮਗਰੋਂ ਪ੍ਰਧਾਨ ਮੰਤਰੀ ਬਣੇ ਡਾ. ਮਨਮੋਹਨ ਸਿੰਘ ਨੇ ਦਸ ਸਾਲ ਦੇ ਕਾਰਜਕਾਲ ਦੌਰਾਨ 35 ਮੁਲਕਾਂ ਦਾ ਦੌਰਾ ਕੀਤਾ, ਜਿਸ ’ਤੇ 699 ਕਰੋੜ ਖਰਚ ਆਏ ਸਨ। ਉਨ੍ਹਾ ਨੇ ਦਸ ਸਾਲਾਂ ਦੌਰਾਨ 144 ਦਿਨ ਵਿਦੇਸ਼ੀ ਧਰਤੀ ’ਤੇ ਬਿਤਾਏ ਸਨ। ਮੋਦੀ ਹੁਣ ਤੱਕ 91 ਵਿਦੇਸ਼ ਦੌਰੇ ਕਰ ਚੁੱਕੇ ਹਨ। ਸਾਲ 2025 ਦੌਰਾਨ ਕੀਤੇ ਤਿੰਨ ਦੌਰਿਆਂ ਦੇ ਖਰਚੇ ਦਾ ਰਿਕਾਰਡ ਹਾਲੇ ਉਪਰੋਕਤ ਵੇਰਵੇ ਵਿੱਚ ਸ਼ਾਮਲ ਨਹੀਂ ਕੀਤਾ ਗਿਆ।

## ਟਿੱਪਰ-ਬੱਸ ਟੱਕਰ, 20 ਤੋਂ ਵੱਧ ਮਹਿਲਾ ਕਰਮਚਾਰੀ ਜ਼ਖ਼ਮੀ, ਤਿੰਨ ਦੀ ਹਾਲਤ ਗੰਭੀਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਵੀਰਵਾਰ ਸਵੇਰੇ ਕਸਬਾ ਬੀਜਾ ਦੇ ਚੌਕ ਵਿੱਚ ਮਹਿਲਾ ਕਰਮਚਾਰੀਆਂ ਨਾਲ ਭਰੀ ਫੈਕਟਰੀ ਦੀ ਇਕ ਮਿੰਨੀ ਬੱਸ ਦੀ ਪੱਥਰਾਂ ਨਾਲ ਲੋਡ ਤੇਜ਼ ਰਫ਼ਤਾਰ ਟਿੱਪਰ ਨਾਲ ਟੱਕਰ ਹੋ ਗਈ।ਬੱਸ ਉਲਟਣ ਨਾਲ 20 ਤੋਂ ਵੱਧ ਮਹਿਲਾਵਾਂ ਜ਼ਖ਼ਮੀ ਹੋ ਗਈਆਂ। ਤਿੰਨ ਮਹਿਲਾਵਾਂ ਦੀ ਹਾਲਤ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਲੁਧਿਆਣਾ ਰੈਫ਼ਰ ਕਰ ਦਿੱਤਾ ਗਿਆ।ਸਾਰੀਆਂ ਮਹਿਲਾਵਾਂ ਮੰਡੀ ਗੋਬਿੰਦਗੜ੍ਹ ਦੀਆਂ ਰਹਿਣ ਵਾਲੀਆਂ ਹਨ। ਇਹ ਦੋਰਾਹੇ ਦੀ ਇੱਕ ਨਿੱਜੀ ਫੈਕਟਰੀ ਵਿੱਚ ਕੰਮ ਕਰਦੀਆਂ ਹਨ।ਹਰ ਰੋਜ਼ ਦੀ ਤਰ੍ਹਾਂ ਉਹ ਫੈਕਟਰੀ ਜਾ ਰਹੀਆਂ ਸਨ।ਬੱਸ ਬੀਜਾ ਚੌਕ ਪਹੁੰਚੀ ਤਾਂ ਉਲਟ ਦਿਸ਼ਾ ਤੋਂ ਆ ਰਹੇ ਇੱਕ ਟਿੱਪਰ ਨੇ ਸਾਈਡ ਤੋਂ ਟੱਕਰ ਮਾਰ ਦਿੱਤੀ।ਟੱਕਰ ਕਾਰਨ ਬੱਸ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਸੜਕ ’ਤੇ ਪਲਟ ਗਈ।ਹਾਦਸੇ ਤੋਂ ਬਾਅਦ ਆਸ-ਪਾਸ ਮੌਜੂਦ ਲੋਕ ਤੁਰੰਤ ਮਦਦ ਲਈ ਆਏ ਅਤੇ ਜ਼ਖਮੀਆਂ ਨੂੰ ਮਿੰਨੀ ਬੱਸ ਵਿੱਚੋਂ ਕੱਢ ਕੇ ਖੰਨਾ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ।

## ਕੰਬੋਡੀਆ ਤੇ ਥਾਈਲੈਂਡ ਫਸ ਪਏ, 9 ਮੌਤਾਂ

**ਬੈਂਕਾਕ** : ਥਾਈਲੈਂਡ ਅਤੇ ਕੰਬੋਡੀਆ ਵਿਚਾਲੇ ਵੀਰਵਾਰ ਲੜਾਈ ਵਿੱਚ ਘੱਟੋ-ਘੱਟ 9 ਨਾਗਰਿਕ ਮਾਰੇ ਗਏ। ਥਾਈ ਫੌਜ ਨੇ ਕਿਹਾ ਕਿ ਸਭ ਤੋਂ ਵੱਧ ਜਾਨੀ ਨੁਕਸਾਨ ਸੀ ਸਾ ਕੇਟ ਪ੍ਰਾਂਤ ਵਿੱਚ ਹੋਇਆ, ਜਿੱਥੇ ਇੱਕ ਗੈਸ ਸਟੇਸ਼ਨ ’ਤੇ ਗੋਲੀਬਾਰੀ ਤੋਂ ਬਾਅਦ ਛੇ ਲੋਕ ਮਾਰੇ ਗਏ। ਤਿੰਨ ਸਰਹੱਦੀ ਪ੍ਰਾਂਤਾਂ ਵਿੱਚ ਘੱਟੋ-ਘੱਟ 14 ਲੋਕ ਜ਼ਖਮੀ ਹੋਏ ਹਨ। ਦੱਖਣ-ਪੂਰਬੀ ਏਸ਼ੀਆਈ ਗੁਆਂਢੀਆਂ ਵਿਚਾਲੇ ਮਈ ਵਿੱਚ ਹੋਏ ਇੱਕ ਹਥਿਆਰਬੰਦ ਟਕਰਾਅ, ਜਿਸ ਵਿੱਚ ਇੱਕ ਕੰਬੋਡੀਆਈ ਸਿਪਾਹੀ ਮਾਰਿਆ ਗਿਆ ਸੀ, ਤੋਂ ਬਾਅਦ ਸੰਬੰਧ ਤੇਜ਼ੀ ਨਾਲ ਵਿਗੜ ਗਏ ਹਨ। ਦੋਵਾਂ ਪਾਸਿਆਂ ਦੇ ਰਾਸ਼ਟਰਵਾਦੀ ਜਨੂੰਨ ਨੇ ਸਥਿਤੀ ਨੂੰ ਹੋਰ ਭੜਕਾਅ ਦਿੱਤਾ ਹੈ।

ਚੀਨ ਦੇ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਉਹ ਥਾਈਲੈਂਡ-ਕੰਬੋਡੀਆ ਸਰਹੱਦ ’ਤੇ ਚੱਲ ਰਹੇ ਤਣਾਅ ਬਾਰੇ ਡੂੰਘੀ ਚਿੰਤਾ ਵਿੱਚ ਹੈ ਅਤੇ ਉਮੀਦ ਕਰਦਾ ਹੈ ਕਿ ਦੋਵੇਂ ਪੱਖ ਗੱਲਬਾਤ ਅਤੇ ਸਲਾਹ-ਮਸ਼ਵਰੇ ਰਾਹੀਂ ਮੁੱਦਿਆਂ ਨੂੰ ਸਹੀ ਢੰਗ ਨਾਲ ਹੱਲ ਕਰਨਗੇ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਗੁਓ ਜਿਆਕੁਨ ਨੇ ਪ੍ਰੈਸ ਕਾਨਫਰੰਸ ਵਿੱਚ ਕਿਹਾ ਕਿ ਚੀਨ ਤਣਾਅ ਘਟਾਉਣ ਵਿੱਚ ਰਚਨਾਤਮਕ ਭੂਮਿਕਾ ਨਿਭਾਏਗਾ। ਉਧਰ, ਥਾਈਲੈਂਡ ਦੇ ਸਿਹਤ ਮੰਤਰੀ ਨੇ ਕਿਹਾ ਕਿ 11 ਥਾਈ ਨਾਗਰਿਕ ਅਤੇ ਇੱਕ ਸਿਪਾਹੀ ਮਾਰੇ ਗਏ ਹਨ। ਸੋਮਸਾਕ ਥੇਪਸੁਥਿਨ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਕੰਬੋਡੀਆ ਦੀਆਂ ਕਾਰਵਾਈਆਂ, ਜਿਨ੍ਹਾਂ ਵਿੱਚ ਇੱਕ ਹਸਪਤਾਲ ’ਤੇ ਹਮਲਾ ਵੀ ਸ਼ਾਮਲ ਹੈ, ਨੂੰ ਯੁੱਧ ਅਪਰਾਧ ਮੰਨਿਆ ਜਾਣਾ ਚਾਹੀਦਾ ਹੈ।

## ਚੋਣ ਕਮਿਸ਼ਨ ਖ਼ਿਲਾਫ ਸਾਡੇ ਕੋਲ 100 ਫੀਸਦੀ ਠੋਸ ਸਬੂਤ : ਰਾਹੁਲ

**ਨਵੀਂ ਦਿੱਲੀ** : ਕਾਂਗਰਸ ਕੋਲ 100 ਫੀਸਦੀ ਠੋਸ ਸਬੂਤ ਹਨ ਕਿ ਚੋਣ ਕਮਿਸ਼ਨ ਨੇ ਕਰਨਾਟਕ ਦੇ ਇੱਕ ਹਲਕੇ ਵਿੱਚ ਧੋਖਾਧੜੀ ਦੀ ਇਜਾਜ਼ਤ ਦਿੱਤੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਰਾਹੁਲ ਗਾਂਧੀ ਨੇ ਵੀਰਵਾਰ ਚੋਣ ਕਮਿਸ਼ਨ ਨੂੰ ਚੇਤਾਵਨੀ ਦਿੰਦਿਆਂ ਕੀਤਾ। ਉਨ੍ਹਾ ਕਿਹਾ, “ਉਹ (ਚੋਣ ਕਮਿਸ਼ਨ) ਇਸ ਤੋਂ ਬਚ ਨਹੀਂ ਸਕੇਗਾ, ਕਿਉਂਕਿ ਅਸੀਂ ਤੁਹਾਡੇ ਲਈ ਆਉਣ ਵਾਲੇ ਹਾਂ।” ਰਾਹੁਲ ਨੇ ਦੋਸ਼ ਲਾਇਆ ਕਿ ਚੋਣ ਕਮਿਸ਼ਨ ਭਾਰਤ ਦੇ ਚੋਣ ਕਮਿਸ਼ਨ ਵਜੋਂ ਆਪਣਾ ਕੰਮ ਨਹੀਂ ਕਰ ਰਿਹਾ ਹੈ। ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ ਅਤੇ ਆਰ ਜੇ ਡੀ ਨੇਤਾ ਤੇਜਸਵੀ ਯਾਦਵ ਦੀਆਂ ਕਥਿਤ ਟਿੱਪਣੀਆਂ ਬਾਰੇ ਪੁੱਛੇ ਜਾਣ ’ਤੇ ਕਿ ਬਿਹਾਰ ਵਿਧਾਨ ਸਭਾ ਚੋਣਾਂ ਦਾ ਬਾਈਕਾਟ ਕਰਨ ਦਾ ਵਿਕਲਪ ਖੁੱਲ੍ਹਾ ਹੈ, ਰਾਹੁਲ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਨ੍ਹਾਂ ਦੀ ਪਾਰਟੀ ਕੋਲ ਕਰਨਾਟਕ ਦੀ ਇੱਕ ਸੀਟ ’ਤੇ ਚੋਣ ਕਮਿਸ਼ਨ

• ਬਾਕੀ ਸਫਾ 2 ’ਤੇ

## ਸਿਲੈਕਟ ਕਮੇਟੀ ਵਿਦੇਸ਼ਾਂ ਵਿਚਲੇ ਬੇਅਦਬੀ ਰੋਕੂ ਕਾਨੂੰਨ ਵੀ ਘੋਖੇਗੀ

**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਵੱਲੋਂ ਗਠਤ ਸਿਲੈਕਟ ਕਮੇਟੀ ਨੇ ਬੇਅਦਬੀ ਖਿਲਾਫ ਬਿੱਲ ਦੇ ਖਰੜੇ ’ਤੇ ਵੀਰਵਾਰ ਪਹਿਲੀ ਮੀਟਿੰਗ ਕੀਤੀ। ‘ਆਪ’ ਵਿਧਾਇਕ ਅਤੇ ਚੀਫ ਖ਼ਾਲਸਾ ਦੀਵਾਨ ਦੇ ਚੇਅਰਮੈਨ ਇੰਦਰਬੀਰ ਸਿੰਘ ਨਿੱਝਰ ਦੀ ਅਗਵਾਈ ਵਾਲੀ ਕਮੇਟੀ ਦੀ ਮੀਟਿੰਗ ਵਿੱਚ 15 ਮੈਂਬਰਾਂ ਵਿੱਚੋਂ 13 ਵਿਧਾਇਕ ਮੌਜੂਦ ਸਨ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੀ ਮੀਟਿੰਗ ਵਿੱਚ ਮੌਜੂਦ ਰਹੇ। ਮੀਟਿੰਗ ਤੋਂ ਬਾਅਦ ਨਿੱਝਰ ਨੇ ਕਿਹਾ ਕਿ ਅਗਲੀ ਮੀਟਿੰਗ ਮੰਗਲਵਾਰ ਨੂੰ ਹੋਵੇਗੀ। ਉਨ੍ਹਾ ਕਿਹਾ ਕਿ ਕਮੇਟੀ ਵੱਲੋਂ ਦੇਸ਼-ਵਿਦੇਸ਼ ’ਚ ਇਸ ਬਾਰੇ ਬਣੇ ਕਾਨੂੰਨਾਂ ਦੀ ਘੋਖ ਕੀਤੀ ਜਾਵੇਗੀ ਅਤੇ ਆਮ ਲੋਕਾਂ ਦੇ ਸੁਝਾਅ ਵੀ ਲਏ ਜਾਣਗੇ। ਨਿੱਝਰ ਨੇ ਕਿਹਾ ਕਿ ਉਹ ਹਰ ਹਫਤੇ ਮੀਟਿੰਗ ਕਰਨਗੇ। ਵਿਧਾਨ ਸਭਾ ਸਕੱਤਰੇਤ ਵਿੱਚ ਹੋਈ ਮੀਟਿੰਗ ਨਵੇਂ ਪੰਜਾਬ ਪਵਿੱਤਰ ਗ੍ਰੰਥਾਂ ਵਿਰੁੱਧ ਅਪਰਾਧ ਰੋਕਥਾਮ ਬਿੱਲ, 2025 ਦੇ ਉਪਬੰਧਾਂ ’ਤੇ ਜਨਤਾ ਦੇ ਨਾਲ-ਨਾਲ ਧਾਰਮਕ ਆਗੂਆਂ ਅਤੇ ਧਾਰਮਕ ਸੰਸਥਾਵਾਂ ਦੇ ਮੁਖੀਆਂ ਤੋਂ ਫੀਡਬੈਕ ਲੈਣ ਦੀਆਂ ਯੋਜਨਾਵਾਂ ਤਿਆਰ ਕਰਨ ਲਈ ਬੁਲਾਈ ਗਈ ਸੀ। ਕਮੇਟੀ ਵਿੱਚ ਕਾਂਗਰਸ ਦੇ ਦੋ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਅਤੇ ਬਲਵਿੰਦਰ ਸਿੰਘ, ਭਾਜਪਾ (ਜੰਗੀ ਲਾਲ ਮਹਾਜਨ) ਅਤੇ ਸ਼੍ਰੋਮਣੀ ਅਕਾਲੀ ਦਲ (ਮਨਪ੍ਰੀਤ ਸਿੰਘ ਇਆਲੀ) ਤੋਂ ਇੱਕ-ਇੱਕ ਮੈਂਬਰ ਸ਼ਾਮਲ ਹਨ। ਇਸ ਤੋਂ ਇਲਾਵਾ ਸੱਤਾਧਾਰੀ ‘ਆਪ’ ਦੇ ਦਸ ਮੈਂਬਰ ਅਜੈ ਗੁਪਤਾ, ਅਮਨਦੀਪ ਕੌਰ, ਇੰਦਰਜੀਤ ਕੌਰ ਮਾਨ, ਬਲਜਿੰਦਰ ਕੌਰ, ਨੀਨਾ ਮਿੱਤਲ, ਜਗਦੀਪ ਕੰਬੋਜ, ਬੁੱਧ ਰਾਮ, ਬ੍ਰਹਮ ਸ਼ੰਕਰ ਜਿੰਪਾ, ਮਦਨ ਬੱਗਾ ਅਤੇ ਮੁਹੰਮਦ ਜਮੀਲ ਉਰ ਰਹਿਮਾਨ ਹਨ।

## ਟਰੇਨ ਧਮਾਕਿਆਂ ਦੇ ਦੋਸ਼ੀ ਬਰੀ ਕਰਨ ਦੇ ਫੈਸਲੇ ’ਤੇ ਰੋਕ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ 2006 ਮੁੰਬਈ ਰੇਲ ਬੰਬ ਧਮਾਕਿਆਂ ਦੇ ਕੇਸ ਵਿੱਚ 12 ਮੁਲਜ਼ਮਾਂ ਨੂੰ ਰਿਹਾਅ ਕਰਨ ਦੇ ਬੰਬੇ ਹਾਈ ਕੋਰਟ ਦੇ ਫੈਸਲੇ ’ਤੇ ਰੋਕ ਲਾ ਦਿੱਤੀ ਹੈ। ਮਹਾਰਾਸ਼ਟਰ ਸਰਕਾਰ ਨੇ ਹਾਈ ਕੋਰਟ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਹਾਈ ਕੋਰਟ ਦੇ ਫੈਸਲੇ ਨੂੰ ਇੱਕ ਮਿਸਾਲ ਨਹੀਂ ਮੰਨਿਆ ਜਾਵੇਗਾ। ਜਸਟਿਸ ਅਨਿਲ ਕਿਲੋਰ ਅਤੇ ਜਸਟਿਸ ਸ਼ਿਆਮ ਚੰਦਕ ਦੀ ਵਿਸ਼ੇਸ਼ ਹਾਈ ਕੋਰਟ ਬੈਂਚ ਨੇ ਸੋਮਵਾਰ ਨੂੰ ਸੁਣਾਏ ਫੈਸਲੇ ਵਿਚ ਸਾਰੇ 12 ਦੋਸ਼ੀਆਂ ਨੂੰ ਇਹ ਕਹਿੰਦੇ ਹੋਏ ਬਰੀ ਕਰ ਦਿੱਤਾ ਸੀ ਕਿ ਇਸਤਗਾਸਾ ਧਿਰ ਦੋਸ਼ ਸਾਬਤ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਅਤੇ ‘ਇਹ ਵਿਸ਼ਵਾਸ ਕਰਨਾ ਮੁਸ਼ਕਲ ਸੀ ਕਿ ਦੋਸ਼ੀ ਨੇ ਅਪਰਾਧ ਕੀਤਾ।’ ਵਿਸ਼ੇਸ਼ ਅਦਾਲਤ ਵੱਲੋਂ 12 ਵਿੱਚੋਂ ਪੰਜ ਨੂੰ ਮੌਤ ਦੀ ਸਜ਼ਾ ਅਤੇ ਸੱਤ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ। ਮੌਤ ਦੀ ਸਜ਼ਾ ਪਾਉਣ ਵਾਲੇ ਦੋਸ਼ੀਆਂ ਵਿੱਚੋਂ ਇੱਕ ਦੀ 2021 ਵਿੱਚ ਮੌਤ ਹੋ ਗਈ ਸੀ। ਮੁੰਬਈ ਦੀ ਪੱਛਮੀ ਲਾਈਨ ’ਤੇ 11 ਜੁਲਾਈ 2006 ਨੂੰ ਵੱਖ-ਵੱਖ ਥਾਵਾਂ ’ਤੇ ਮੁੰਬਈ ਦੀਆਂ ਲੋਕਲ ਟਰੇਨਾਂ ਵਿੱਚ ਹੋਏ ਸੱਤ ਧਮਾਕਿਆਂ ਵਿੱਚ 180 ਤੋਂ ਵੱਧ ਲੋਕ ਮਾਰੇ ਗਏ ਸਨ।

## ਰੂਸੀ ਜਹਾਜ਼ ਡਿੱਗਿਆ, 49 ਮੌਤਾਂ

**ਮਾਸਕੋ** : ਰੂਸ ਦੇ ਦੂਰ ਪੂਰਬ ਵਿੱਚ ਵੀਰਵਾਰ ਇੱਕ ਐਂਟੋਨੋਵ ਐਨ-24 ਯਾਤਰੀ ਜਹਾਜ਼, ਜਿਸ ਵਿੱਚ 49 ਲੋਕ ਸਵਾਰ ਸਨ, ਹਾਦਸਾਗ੍ਰਸਤ ਹੋ ਗਿਆ। ਸ਼ੁਰੂਆਤੀ ਜਾਣਕਾਰੀ ਅਨੁਸਾਰ ਜਹਾਜ਼ ਵਿੱਚ ਸਵਾਰ ਸਾਰੇ ਲੋਕਾਂ ਦੀ ਮੌਤ ਹੋ ਗਈ ਹੈ। ਜਹਾਜ਼ ਲੱਗਭੱਗ 50 ਸਾਲ ਪੁਰਾਣਾ ਸੀ। ਇਹ 1976 ਵਿੱਚ ਬਣਾਇਆ ਗਿਆ ਸੀ ਅਤੇ ਸਾਇਬੇਰੀਆ-ਅਧਾਰਤ ਏਅਰਲਾਈਨ ਅੰਗਾਰਾ ਵੱਲੋਂ ਸੰਚਾਲਤ ਕੀਤਾ ਜਾ ਰਿਹਾ ਸੀ। ਜਹਾਜ਼ ਬਲਾਗੋਵੇਸ਼ਚੇਂਸਕ ਸ਼ਹਿਰ ਤੋਂ ਟਿੰਡਾ ਜਾ ਰਿਹਾ ਸੀ ਅਤੇ ਚੀਨ ਨਾਲ ਲੱਗਦੇ ਅਮੂਰ ਖੇਤਰ ਦੇ ਇੱਕ ਦੂਰ-ਦੁਰਾਡੇ ਕਸਬੇ ਦੇ ਨੇੜੇ ਪਹੁੰਚਦੇ ਸਮੇਂ ਰਾਡਾਰ ਸਕ੍ਰੀਨਾਂ ਤੋਂ ਗਾਇਬ ਹੋ ਗਿਆ। ਜਹਾਜ਼ ਵਿੱਚ ਪੰਜ ਬੱਚਿਆਂ ਸਮੇਤ 43 ਯਾਤਰੀ ਅਤੇ ਛੇ ਚਾਲਕ ਦਲ ਦੇ ਮੈਂਬਰ ਸਵਾਰ ਸਨ। ਹਾਲਾਂਕਿ ਐਮਰਜੈਂਸੀ ਮੰਤਰਾਲੇ ਨੇ ਜਹਾਜ਼ ਵਿੱਚ ਸਵਾਰ ਲੋਕਾਂ ਦੀ ਗਿਣਤੀ ਲੱਗਭੱਗ 40 ਦੱਸੀ ਹੈ। ਜਹਾਜ਼ ਦਾ ਮਲਬਾ ਟਿੰਡਾ ਤੋਂ ਲੱਗਭੱਗ 15 ਕਿਲੋਮੀਟਰ ਦੂਰ ਇੱਕ ਪਹਾੜੀ ’ਤੇ ਮਿਲਿਆ ਹੈ।

## ਚੌਥੇ ਦਿਨ ਵੀ ਕਾਰਵਾਈ ਨਹੀਂ ਚੱਲੀ

**ਨਵੀਂ ਦਿੱਲੀ** : ਮੌਨਸੂਨ ਇਜਲਾਸ ਦੇ ਚੌਥੇ ਦਿਨ ਵੀਰਵਾਰ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਸੋਧ ਨੂੰ ਲੈ ਕੇ ਵਿਰੋਧੀ ਧਿਰ ਦੇ ਪ੍ਰਦਰਸ਼ਨਾਂ ਕਾਰਨ ਲੋਕ ਸਭਾ ਤੇ ਰਾਜ ਸਭਾ ਦੀ ਕਾਰਵਾਈ ਨਹੀਂ ਚੱਲ ਸਕੀ। ਜਿਵੇਂ ਹੀ ਸਵੇਰੇ 11 ਵਜੇ ਲੋਕ ਸਭਾ ਦੀ ਕਾਰਵਾਈ ਸ਼ੁਰੂ ਹੋਈ ਤਾਂ ਵਿਰੋਧੀ ਧਿਰ ਦੇ ਕਈ ਮੈਂਬਰ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਸੋਧ ਦੇ ਮੁੱਦੇ ’ਤੇ ਚਰਚਾ ਦੀ ਮੰਗ ਨੂੰ ਲੈ ਕੇ ਨਾਅਰੇਬਾਜ਼ੀ ਕਰਨ ਲੱਗੇ। ਕੁਝ ਮੈਂਬਰ ਸਦਨ ਦੇ ਐਨ ਵਿਚਾਲੇ ਆ ਗਏ ਅਤੇ ਉਨ੍ਹਾ ਨੇ ਸਪੀਕਰ ਨੂੰ ਤਖਤੀਆਂ ਵੀ ਦਿਖਾਈਆਂ। ਤ੍ਰਿਣਮੂਲ ਕਾਂਗਰਸ ਦੇ ਰਾਜ ਸਭਾ ਮੈਂਬਰ ਡੈਰੇਕ ਓ’ਬ੍ਰਾਇਨ ਨੇ ਸੰਸਦੀ ਕਾਰਵਾਈ ਵਿਚ ਪੈ ਰਹੇ ਅੜਿੱਕੇ ਲਈ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾ ਕਿਹਾ ਕਿ ਸਰਕਾਰ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ ਦੇ ਮੁੱਦੇ ’ਤੇ ਚਰਚਾ ਤੋਂ ਭੱਜ ਰਹੀ ਹੈ।

## ਬੱਸ ਹਾਦਸੇ ’ਚ 8 ਮੌਤਾਂ

**ਮੰਡੀ** : ਸਰਕਾਘਾਟ ਸਬ-ਡਵੀਜ਼ਨ ਵਿੱਚ ਮਾਸੇਰਨ ਨੇੜੇ ਤਰੰਗਲਾ ’ਚ ਵੀਰਵਾਰ ਸਵੇਰੇ ਐੱਚ ਆਰ ਟੀ ਸੀ ਦੀ ਬੱਸ ਸੜਕ ਤੋਂ ਕਰੀਬ 25 ਮੀਟਰ ਹੇਠਾਂ ਖੱਡ ਵਿਚ ਡਿੱਗਣ ਕਾਰਨ 8 ਵਿਅਕਤੀਆਂ ਦੀ ਮੌਤ ਹੋ ਗਈ, ਜਦੋਂਕਿ 21 ਜ਼ਖ਼ਮੀ ਹੋ ਗਏ। ਬੱਸ ਸਰਕਾਘਾਟ ਤੋਂ ਦੁਰਗਾਪੁਰ ਜਾ ਰਹੀ ਸੀ।

## ਭਾਰਤ-ਬਰਤਾਨੀਆ ਮੁਕਤ ਵਪਾਰ ਸਮਝੌਤਾ



**ਲੰਡਨ** : ਭਾਰਤ ਅਤੇ ਬਰਤਾਨੀਆ ਨੇ ਵੀਰਵਾਰ ਇੱਕ ਇਤਿਹਾਸਕ ਮੁਕਤ ਵਪਾਰ ਸਮਝੌਤੇ (ਐੱਫ ਟੀ ਏ) ’ਤੇ ਦਸਤਖਤ ਕੀਤੇ, ਜਿਸ ਨਾਲ ਬਾਜ਼ਾਰ ਤੱਕ ਪਹੁੰਚ ਵਿੱਚ ਕਾਫੀ ਸੁਧਾਰ ਹੋਵੇਗਾ ਅਤੇ ਸਾਲਾਨਾ ਲੱਗਭੱਗ 34 ਅਰਬ ਡਾਲਰ ਦਾ ਦੁਵੱਲਾ ਵਪਾਰ ਵਧੇਗਾ। ਇਸ ਸੌਦੇ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਉਨ੍ਹਾ ਦੇ ਬਰਤਾਨਵੀ ਹਮਰੁਤਬਾ ਕੀਰ ਸਟਾਰਮਰ ਦੀ ਮੌਜੂਦਗੀ ਵਿੱਚ ਰਸਮੀ ਰੂਪ ਦਿੱਤਾ ਗਿਆ। ਅਧਿਕਾਰੀਆਂ ਅਨੁਸਾਰ ਐੱਫ ਟੀ ਏ ਨਾਲ 99 ਫੀਸਦੀ ਭਾਰਤੀ ਬਰਾਮਦਾਂ ਨੂੰ ਟੈਕਸ ਤੋਂ ਲਾਭ ਮਿਲਣ ਦੀ ਉਮੀਦ ਹੈ ਅਤੇ ਇਸ ਨਾਲ ਬ੍ਰਿਟਿਸ਼ ਫਰਮਾਂ ਲਈ ਭਾਰਤ ਨੂੰ ਵਿਸਕੀ, ਕਾਰਾਂ ਅਤੇ ਹੋਰ ਉਤਪਾਦਾਂ ਦੀ ਬਰਾਮਦ ਕਰਨਾ ਆਸਾਨ ਹੋ ਜਾਵੇਗਾ, ਨਾਲ ਹੀ ਸਮੁੱਚੇ ਵਪਾਰਕ ਬਾਸਕੇਟ ਨੂੰ ਵੀ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਤਿੰਨ ਸਾਲਾਂ ਦੀ ਗੱਲਬਾਤ ਤੋਂ ਬਾਅਦ ਪੱਕੇ ਕੀਤੇ ਗਏ ਇਸ ਵਪਾਰਕ ਸੌਦੇ ਨਾਲ ਸਾਰੇ ਖੇਤਰਾਂ ਵਿੱਚ ਭਾਰਤੀ ਵਸਤੂਆਂ ਲਈ ਵਿਆਪਕ ਬਾਜ਼ਾਰ ਪਹੁੰਚ ਯਕੀਨੀ ਬਣਾਏ ਜਾਣ ਦੀ ਉਮੀਦ ਹੈ ਅਤੇ ਭਾਰਤ ਨੂੰ ਲੱਗਭੱਗ 99 ਫੀਸਦੀ ਟੈਕਸ ਲਾਈਨਾਂ (ਉਤਪਾਦ ਸ਼੍ਰੇਣੀਆਂ) ’ਤੇ ਟੈਕਸ ਖਤਮ ਹੋਣ ਨਾਲ ਲਾਭ ਮਿਲੇਗਾ, ਜੋ ਲੱਗਭੱਗ 100 ਫੀਸਦੀ ਵਪਾਰਕ ਮੁੱਲਾਂ ਨੂੰ ਕਵਰ ਕਰਦਾ ਹੈ।

## ਪਾਰਟੀ ਕਾਂਗਰਸ ਦੀਆਂ ਤਿਆਰੀਆਂ ਤੇਜ਼ ਕਰਨ ਲਈ ਅਰਸ਼ੀ 28 ਤੇ 29 ਨੂੰ ਮਾਨਸਾ ਦੌਰੇ ’ਤੇ

**ਮਾਨਸਾ (ਆਤਮਾ ਸਿੰਘ ਪਮਾਰ)**



ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮਾਨਸਾ ਦੇ ਸਕੱਤਰ ਕ੍ਰਿਸ਼ਨ ਚੌਹਾਨ ਨੇ ਦੱਸਿਆ ਕਿ ਸਤੰਬਰ ਮਹੀਨੇ ਵਿੱਚ ਹੋ ਰਹੇ ਪਾਰਟੀ ਦੇ 25ਵੇਂ ਮਹਾਂ-ਸੰਮੇਲਨ ਦੀਆਂ ਤਿਆਰੀਆਂ ਨੂੰ ਹੋਰ ਤੇਜ਼ ਕਰਨ ਦੇ ਮਕਸਦ ਨਾਲ ਕੌਮੀ ਕੌਂਸਲ ਦੇ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ 28 ਤੇ 29 ਜੁਲਾਈ ਨੂੰ ਉਚੇਚੇ ਤੌਰ ’ਤੇ ਮਾਨਸਾ ਜ਼ਿਲ੍ਹੇ ਦਾ ਦੌਰਾ ਕਰਨਗੇ ਤੇ ਜ਼ਿਲ੍ਹੇ ’ਚ ਪਾਰਟੀ ਕਾਂਗਰਸ ਸੰਬੰਧੀ ਜਨਤਕ ਮੁਹਿੰਮ ਬਣਾ ਕੇ ਜਾਗਰੂਕ ਕਰਨ ਲਈ ਲੀਡਰਸ਼ਿਪ ’ਚ ਜੋਸ਼ ਭਰਨਗੇ।

28 ਜੁਲਾਈ ਨੂੰ ਭੀਖੀ ਬੀ ਡੀ ਪੀ ਓ ਬਲਾਕ ਨੂੰ ਤੋੜੇ ਜਾਣ ਵਿਰੁੱਧ ਲੰਮੇ ਸਮੇਂ ਤੋਂ ਚੱਲ ਰਹੇ ਸੰਘਰਸ਼ ਨੂੰ ਸੰਬੋਧਨ ਕਰਨ ਉਪਰੰਤ 21 ਸਤੰਬਰ ਨੂੰ ਪਾਰਟੀ ਮਹਾਂ-ਸੰਮੇਲਨ ਦੇ ਪਹਿਲੇ ਦਿਨ ਚੰਡੀਗੜ੍ਹ ਵਿਖੇ ਹੋ ਰਹੀ ਵਿਸ਼ਾਲ ਰੈਲੀ ’ਤੇ ਪੁੱਜਣ ਲਈ ਸਾਧਨਾਂ (ਵਹੀਕਲਾਂ) ਦਾ ਪ੍ਰਬੰਧ ਕਰਨ ਲਈ ਫੰਡ ਇਕੱਠਾ ਕਰਨ ਲਈ ਜ਼ਿਲ੍ਹਾ ਲੀਡਰਸ਼ਿਪ ਦਾ ਸਹਿਯੋਗ ਕਰਨਗੇ। ਇਸ ਤੋਂ ਇਲਾਵਾ 29 ਜੁਲਾਈ ਨੂੰ ਪਾਰਟੀ ਦੇ ਜ਼ਿਲ੍ਹਾ ਸਕੱਤਰੇਤ ਦੀ ਮੀਟਿੰਗ ਨੂੰ ਵੀ ਸੰਬੋਧਨ ਕਰਨਗੇ।

## ਫਿਰਕੂ ਤਾਕਤਾਂ ਵਿਰੁੱਧ ਲੜਾਈ ਦਾ ਸੱਦਾ

### ਸਵਰਨ ਸੋਹਲ ਤੇ ਹੋਰ ਕਮਿਊਨਿਸਟ ਸ਼ਹੀਦਾਂ ਦੀ ਯਾਦ ’ਚ ਸਮਾਗਮ

**ਝਬਾਲ (ਨਵਾਂ ਜ਼ਮਾਨਾ ਸਰਵਿਸ)**



ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਅੱਤਵਾਦੀਆਂ ਹੱਥੋਂ ਸ਼ਹੀਦ ਹੋਏ ਕਾਮਰੇਡ ਸਵਰਨ ਸਿੰਘ ਤੇ ਉਨ੍ਹਾ ਦੀ ਮਾਤਾ, ਪਤਨੀ ਤੇ ਧੀ, ਹੀਰਾ ਸਿੰਘ ਸੋਹਲ, ਕਾਮਰੇਡ ਇੰਦਰਜੀਤ ਕੁਮਾਰ ਸਰਾਂ ਅਤੇ ਕਸ਼ਮੀਰ ਸਿੰਘ ਸੋਹਲ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਵੀਰਵਾਰ ਇੱਕ ਰਾਜਨੀਤਕ ਸਮਾਗਮ ਆਯੋਜਿਤ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ ਦਵਿੰਦਰ ਸੋਹਲ, ਮਨਜੀਤ ਸਿੰਘ ਢੰਡ ਤੇ ਸੁਰਿੰਦਰ ਸਿੰਘ ਬਿੱਲਾ ਨੇ ਕੀਤੀ। ਇਸ ਮੌਕੇ ਕਮਿਊਨਿਸਟ ਆਗੂ ਕਾਮਰੇਡ ਹਰਭਜਨ ਸਿੰਘ, ਰਾਜਿੰਦਰ ਪਾਲ ਕੌਰ, ਨਰਿੰਦਰ ਪਾਲ਼ੀ, ਨਰਿੰਦਰ ਕੌਰ ਸੋਹਲ ਤੇ ਸੁਖਚੈਨ ਸਿੰਘ, ਗੁਰਦਿਆਲ ਸਿੰਘ ਖਡੂਰ ਸਾਹਿਬ ਉਚੇਚੇ ਤੌਰ ’ਤੇ ਪਹੁੰਚੇ। ਕਮਿਊਨਿਸਟ ਵਰਕਰਾਂ ਦੇ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਅੱਜ ਇੱਕ ਪਾਸੇ ਮਜ਼ਦੂਰਾਂ, ਕਿਸਾਨਾਂ ਸਮੇਤ ਸਮੁੱਚਾ ਮਿਹਨਤਕਸ਼ ਵਰਗ ਬੇਰੁਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਦੀ ਚੱਕੀ ਵਿੱਚ ਪਿਸ ਰਿਹਾ ਹੈ, ਦੂਜੇ ਪਾਸੇ ਕੇਂਦਰ ਦੀ ਭਾਜਪਾ ਸਰਕਾਰ ਲੋਕਾਂ ਵਿੱਚ ਫਿਰਕੂ ਵੰਡੀਆਂ ਪਾ ਕੇ ਆਪਣੀ ਸਰਕਾਰ ਚਲਾ ਰਹੀ ਹੈ। ਮਿਹਨਤਕਸ਼ ਲੋਕਾਂ ਦੀ ਆਰਥਿਕ ਲੁੱਟ ਕਰਕੇ ਅਡਾਨੀ-ਅੰਬਾਨੀ ਦੇ ਘਰ ਭਰ ਰਹੀ ਹੈ। ਲੋਕਾਂ ਨੂੰ ਕਾਮਰੇਡ ਸਵਰਨ ਸਿੰਘ ਸੋਹਲ, ਇੰਦਰਜੀਤ ਸਰਾਂ ਅਤੇ ਕਸ਼ਮੀਰ ਸਿੰਘ ਦੇ ਜੀਵਨ ਤੋਂ ਸੇਧ ਲੈਂਦਿਆਂ ਬੇਰੁਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਵਿਰੁੱਧ ਸੰਘਰਸ਼ਸ਼ੀਲ ਰਹਿਣ ਦੀ ਲੋੜ ਹੈ। ਪੰਜਾਬ ਦੇ ਕਾਲੇ ਦੌਰ ਵਿੱਚ ਸਾਡੀਆਂ ਸਰਕਾਰਾਂ ਤੇ ਫਿਰਕੂ ਆਗੂਆਂ ਨੇ ਪੰਜਾਬ ਨੂੰ ਬਲਦੀ ਅੱਗ ਵਿੱਚ ਝੋਕ ਦਿੱਤਾ, ਜਿਸ ’ਚ ਸਾਮਰਾਜ ਦੀ ਸ਼ਹਿ ਤੇ ਗੁਆਂਢੀ ਦੇਸ਼ ਨੇ ਬਹੁਤ ਭੈੜਾ ਰੋਲ ਅਦਾ ਕੀਤਾ। ਇਸ ਨਾਲ ਪੰਜਾਬ ਦਾ ਨਾ ਪੂਰਾ ਹੋਣ ਵਾਲਾ ਨੁਕਸਾਨ ਹੋਇਆ। ਅੱਜ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਵਿੱਚ ਅਤੇ ਗੈਂਗਸਟਰਪੁਣੇ ਵਿੱਚ ਧੱਕ ਕੇ ਲੁੱਟਾਂ-ਖੋਹਾਂ, ਮਾਰ-ਧਾੜ, ਫ਼ਿਰੌਤੀਆਂ ਤੇ ਕਤਲੋਗਾਰਤ ਵੱਲ ਧੱਕਿਆ ਜਾ ਰਿਹਾ ਹੈ।ਆਮ ਲੋਕ ਦਹਿਸ਼ਤਜ਼ਦਾ ਦਿਸਦੇ ਹਨ। ਕਾਰੋਬਾਰੀਆਂ ਨੂੰ ਫ਼ਿਰੌਤੀਆਂ ਲਈ ਕਤਲ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ ਸਥਾਪਨਾ ਦੀ ਸੌਵੀਂ ਵਰ੍ਹੇਗੰਢ ਵੀ ਇਸੇ ਸਾਲ ਹੈ ਅਤੇ ਕੌਮੀ ਮਹਾਂ ਸੰਮੇਲਨ ਵੀ 21 ਸਤੰਬਰ ਤੋਂ 25 ਸਤੰਬਰ ਤੱਕ ਚੰਡੀਗੜ੍ਹ ਵਿਖੇ ਹੋ ਰਿਹਾ, ਜਿਸ ਨੂੰ ਪੰਜਾਬ ਦੀ ਕਮਿਊਨਿਸਟ ਪਾਰਟੀ ਪੂਰੀ ਸ਼ਾਨੋ-ਸ਼ੌਕਤ ਨਾਲ ਨਿਭਾਵੇਗੀ।

ਇਸ ਮੌਕੇ ਸ਼ਮੂਲੀਅਤ ਕਰਨ ਵਾਲਿਆਂ ਵਿੱਚ ਗੁਰਬਿੰਦਰ ਸਿੰਘ ਸੋਹਲ, ਪੂਰਨ ਸਿੰਘ ਮਾੜੀਮੇਘਾ, ਗੁਰਪ੍ਰੀਤ ਸਿੰਘ ਗੰਡੀਵਿੰਡ, ਬਲਕਾਰ ਸਿੰਘ ਵਲਟੋਹਾ, ਕਸ਼ਮੀਰ ਸਿੰਘ ਛੀਨਾ, ਕੁਲਬੀਰ ਸਿੰਘ ਕਸੇਲ, ਹਰਬਿੰਦਰ ਸਿੰਘ ਕਸੇਲ, ਮੋਤਾ ਸਿੰਘ ਸੋਹਲ, ਬਲਵਿੰਦਰ ਸਿੰਘ ਮੂਸੇ, ਧਰਮ ਸਿੰਘ ਛਿਛਰੇਵਾਲ, ਗੁਲਜ਼ਾਰ ਸਿੰਘ ਕੋਟ, ਸੁਲੱਖਣ ਸਿੰਘ ਗੰਡੀਵਿੰਡ, ਸੁਰਜੀਤ ਸਿੰਘ ਠੱਠੀ, ਪਲਵਿੰਦਰ ਸਿੰਘ ਝਬਾਲ, ਅਸ਼ੋਕ ਸੋਹਲ, ਬਲਜੀਤ ਸਿੰਘ ਸੋਹਲ, ਤਰਲੋਕ ਸਿੰਘ ਪੱਧਰੀ ਤੇ ਸੈਣ ਸਮਾਜ ਦੇ ਆਗੂ ਭਾਈ ਸ਼ਮਸ਼ੇਰ ਸਿੰਘ ਸੁੱਗਾ ਵੀ ਹਾਜ਼ਰ ਸਨ।

## ਅੱਜ-ਨਾਮਾ

ਛੁਪੀ ਰਹਿੰਦੀ ਨਾ ਲੀਡਰ ਦੀ ਨੀਤ ਖੋਟੀ,
ਹੁੰਦੀ ਕਦੀ ਤਾਂ ਆਖਰ ਨੂੰ ਜ਼ਾਹਰ ਬੇਲੀ।
ਪਰਦੇ ਜਿੰਨੇ ਲੁਕਾਉਣ ਲਈ ਜਾਣ ਪਾਏ,
ਆਉਂਦਾ ਪਾੜ ਪਰਦੇ ਸੱਚ ਬਾਹਰ ਬੇਲੀ।
ਹੁੰਦਾ ਮਾਫਕ ਫਿਰ ਵੇਲਾ ਵਿਰੋਧੀਆਂ ਨੂੰ,
ਮੁੱਦਾ ਚੁੱਕਣ ਨੂੰ ਹੁੰਦੇ ਆ ਮਾਹਰ ਬੇਲੀ।
ਹਾਕਮ ਲੁਕਣ ਨੂੰ ਥਾਂ ਫਿਰ ਪਏ ਭਾਲਣ,
ਲੱਭਦੀ ਕੋਈ ਨਾ ਚੱਜ ਦੀ ਠਾਹਰ ਬੇਲੀ।
ਪੁੱਟੇ ਜਾਣ ਜੇ ਸੰਭਲ ਕੇ ਕਦਮ ਪਹਿਲਾਂ,
ਮੌਕਾ ਏਦਾਂ ਦਾ ਕਦੀ ਨਹੀਂ ਆਏ ਬੇਲੀ।
ਕੀਤੀ ਗਲਤੀ ਤਾਂ ਭੁਗਤਣੀ ਪਊ ਬੇਲੀ,
ਖੁਦ ਜੇ ਫਾਥੜੀ ਕਿਹੜਾ ਛੁਡਾਏ ਬੇਲੀ।

-ਤੀਸ ਮਾਰ ਖਾਂ

## ਸੰਸਦ ਇਜ਼ਰਾਇਲੀ ਜ਼ੁਲਮਾਂ ਵਿਰੁੱਧ ਮਤਾ ਪਾਸ ਕਰੇ : ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਕਿਹਾ ਹੈ ਕਿ ਪਾਰਟੀ ਗਾਜ਼ਾ ਵਿੱਚ ਭੁੱਖਮਰੀ ਨਾਲ ਹੋ ਰਹੀਆਂ ਭਿਆਨਕ ਅਤੇ ਅਣਮਨੁੱਖੀ ਮੌਤਾਂ ’ਤੇ ਆਪਣੀ ਡੂੰਘੀ ਚਿੰਤਾ ਅਤੇ ਦੁੱਖ ਪ੍ਰਗਟ ਕਰਦੀ ਹੈ। ਜ਼ਾਇਨਵਾਦੀ ਇਜ਼ਰਾਈਲੀ ਸ਼ਾਸਨ ਦੁਆਰਾ ਘੇਰੀ ਗਈ ਨਾਗਰਿਕ ਆਬਾਦੀ ਨੂੰ ਪਹੁੰਚਣ ਵਾਲੀ ਭੋਜਨ, ਪਾਣੀ ਅਤੇ ਮਾਨਵਤਾਵਾਦੀ ਸਹਾਇਤਾ ਨੂੰ ਜਾਣਬੁੱਝ ਕੇ ਰੋਕਣਾ ਇੱਕ ਸਪੱਸ਼ਟ ਯੁੱਧ ਅਪਰਾਧ ਅਤੇ ਨਸਲਕੁਸ਼ੀ ਦੀ ਇੱਕ ਸਪੱਸ਼ਟ ਮਿਸਾਲ ਹੈ। ਅਖੌਤੀ ਅੰਤਰਰਾਸ਼ਟਰੀ ਭਾਈਚਾਰੇ ਦੀ ਇਹ ਇੱਕ ਤਰਾਸਦੀ ਹੈ ਕਿ ਬੱਚਿਆਂ ਸਮੇਤ ਮਾਸੂਮ ਫਲਸਤੀਨੀਆਂ ਦੀ ਇਹ ਸਮੂਹਿਕ ਭੁੱਖਮਰੀ ਅਤੇ ਕਤਲੇਆਮ ਬੇਰੋਕ ਜਾਰੀ ਹੈ।

ਸੀ ਪੀ ਆਈ ਇਸ ਚੱਲ ਰਹੀ ਨਸਲਕੁਸ਼ੀ ਵਿੱਚ ਅਮਰੀਕਾ, ਇੰਗਲੈਂਡ ਅਤੇ ਯੂਰਪੀਅਨ ਯੂਨੀਅਨ ਨੂੰ ਬਰਾਬਰ ਦਾ ਦੋਸ਼ੀ ਮੰਨਦੀ ਹੈ। ਇਨ੍ਹਾਂ ਸ਼ਕਤੀਆਂ ਨੇ ਨਾ ਸਿਰਫ ਸੰਯੁਕਤ ਰਾਸ਼ਟਰ ਵਿੱਚ ਇਜ਼ਰਾਈਲ ਨੂੰ ਕੂਟਨੀਤਕ ਤੌਰ ’ਤੇ ਸਮਰਥਨ ਦਿੱਤਾ ਹੈ, ਸਗੋਂ ਇਸ ਦੀ ਅਪਰਾਧਿਕ ਯੁੱਧ ਮੁਹਿੰਮ ਨੂੰ ਹਥਿਆਰਬੰਦ ਕਰਨਾ, ਫੰਡ ਦੇਣਾ ਅਤੇ ਜਾਇਜ਼ ਠਹਿਰਾਉਣਾ ਵੀ ਜਾਰੀ ਰੱਖਿਆ ਹੈ। ਜ਼ਾਇਨਵਾਦੀ ਸ਼ਾਸਨ ਲਈ ਉਨ੍ਹਾਂ ਦਾ ਬੇਸ਼ਰਮੀ ਨਾਲ ਸਮਰਥਨ, ਇਸ ਦੇ ਅੱਤਿਆਚਾਰਾਂ ਦੀ ਪੂਰੀ ਜਾਣਕਾਰੀ ਦੇ ਬਾਵਜੂਦ, ਪੱਛਮ ਦੇ ਮਨੁੱਖੀ ਅਧਿਕਾਰਾਂ ਦੇ ਬਿਆਨਬਾਜ਼ੀ ਦੇ ਪੂਰੇ ਨੈਤਿਕ ਦੀਵਾਲੀਆਪਨ ਨੂੰ ਉਜਾਗਰ ਕਰਦਾ ਹੈ। ਪਾਰਟੀ ਨੇ ਸੰਯੁਕਤ ਰਾਸ਼ਟਰ ਅਤੇ ਹੋਰ ਅੰਤਰਰਾਸ਼ਟਰੀ ਮਾਨਵਤਾਵਾਦੀ ਏਜੰਸੀਆਂ ਦੀ ਅਸਫਲਤਾ ’ਤੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ, ਜਿਨ੍ਹਾਂ ਦੀ ਅਸਮਰਥਾ ਨੇ ਇਸ ਮਾਨਵਤਾਵਾਦੀ ਤਬਾਹੀ ਵਿੱਚ ਯੋਗਦਾਨ ਪਾਇਆ ਹੈ। ਉਨ੍ਹਾ ਦੀ ਨਾਕਾਮੀ ਨੇ ਹਮਲਾਵਰ ਨੂੰ ਹੌਸਲਾ ਦਿੱਤਾ ਹੈ ਅਤੇ ਫਲਸਤੀਨੀ ਲੋਕਾਂ ਦੇ ਦੁੱਖ ਨੂੰ ਹੋਰ ਡੂੰਘਾ ਕੀਤਾ ਹੈ।

ਭਾਰਤ ਦੀ ਕਮਿਊਨਿਸਟ ਪਾਰਟੀ ਭਾਰਤ ਸਰਕਾਰ ਦੀ ਭੂਮਿਕਾ ਦੀ ਵੀ ਸਖਤ ਨਿੰਦਾ ਕਰਦੀ ਹੈ, ਜਿਸ ਨੇ ਹਥਿਆਰਾਂ ਦੀ ਵਿਕਰੀ ਅਤੇ ਰੱਖਿਆ ਸਹਿਯੋਗ ਜਾਰੀ ਰੱਖ ਕੇ ਸ਼ਰਮਨਾਕ ਤੌਰ ’ਤੇ ਇਜ਼ਰਾਈਲੀ ਜੰਗੀ ਮਸ਼ੀਨ ਨਾਲ ਆਪਣੇ ਆਪ ਨੂੰ ਜੋੜ ਲਿਆ ਹੈ, ਜਦੋਂ ਕਿ ਸਾਰੀ ਦੁਨੀਆ ਨਸਲਕੁਸ਼ੀ ਨੂੰ ਵਾਪਰਦਾ ਦੇਖ ਰਹੀ ਹੈ। ਇਹ ਰੁਖ ਫਲਸਤੀਨੀ ਉਦੇਸ਼ ਲਈ ਭਾਰਤ ਦੇ ਲੰਮੇ ਸਮੇਂ ਤੋਂ ਚੱਲੇ ਆ ਰਹੇ ਸਮਰਥਨ ਦਾ ਪੂਰੀ ਤਰ੍ਹਾਂ ਵਿਸ਼ਵਾਸਘਾਤ ਹੈ ਅਤੇ ਇਸ ਦੀ ਬਸਤੀਵਾਦੀ ਵਿਰੋਧੀ, ਗੁੱਟ ਨਿਰਲੇਪ ਵਿਰਾਸਤ ਤੋਂ ਸ਼ਰਮਨਾਕ ਵਿਦਾਈ ਹੈ। ਸੀ ਪੀ ਆਈ ਨੇ ਭਾਰਤੀ ਸੰਸਦ ਨੂੰ ਗਾਜ਼ਾ ਵਿੱਚ ਇਜ਼ਰਾਈਲ ਦੀ ਨਸਲਕੁਸ਼ੀ ਜੰਗ ਅਤੇ ਭੁੱਖਮਰੀ ਮੁਹਿੰਮ ਦੀ ਨਿੰਦਾ ਕਰਨ ਲਈ ਤੁਰੰਤ ਇੱਕ ਮਤਾ ਪਾਸ ਕਰਨ, ਇਜ਼ਰਾਈਲ ਨਾਲ ਸਾਰੇ ਹਥਿਆਰਾਂ ਦੇ ਸੌਦੇ ਖਤਮ ਕਰਨ ਦੀ ਮੰਗ ਕਰਨ ਅਤੇ ਫਲਸਤੀਨ ਦੇ ਲੋਕਾਂ ਨਾਲ ਸਪੱਸ਼ਟ ਏਕਤਾ ਦਾ ਪ੍ਰਗਟਾਵਾ ਕਰਨ ਦੀ ਮੰਗ ਕੀਤੀ ਹੈ। ਭਾਰਤੀ ਲੋਕਾਂ ਨੂੰ ਮਨੁੱਖਤਾ ਵਿਰੁੱਧ ਅਪਰਾਧਾਂ ਵਿੱਚ ਸ਼ਾਮਲ ਨਹੀਂ ਕੀਤਾ ਜਾਣਾ ਚਾਹੀਦਾ।

ਸੀ ਪੀ ਆਈ ਨੇ ਫਲਸਤੀਨ ਦੇ ਲੋਕਾਂ ਦੀ ਆਜ਼ਾਦੀ, ਮਾਣ-ਸਨਮਾਨ ਅਤੇ ਪੂਰਬੀ ਯੇਰੂਸ਼ਲਮ ਦੇ ਨਾਲ ਇੱਕ ਸੁਤੰਤਰ ਪ੍ਰਭੂਸੱਤਾ ਸੰਪੰਨ ਰਾਜ ਫਲਸਤੀਨ ਲਈ ਉਨ੍ਹਾਂ ਦੇ ਨਿਆਂਪੂਰਨ ਸੰਘਰਸ਼ ਨੂੰ ਆਪਣਾ ਅਟੁੱਟ ਸਮਰਥਨ ਦੁਹਰਾਇਆ ਹੈ।

## ਬੀ ਐੱਸ ਐੱਫ ਨੇ 6 ਡਰੋਨ ਫੁੰਡੇ



**ਅੰਮ੍ਰਿਤਸਰ** : ਬੀ ਐੱਸ ਐੱਫ ਨੇ ਸਰਹੱਦ ਪਾਰ ਪਾਕਿਸਤਾਨ ਤੋਂ ਤਸਕਰੀ ਲਈ ਵਰਤੇ ਜਾ ਰਹੇ 6 ਡਰੋਨ ਕਾਬੂ ਕਰ ਲਏ। ਇਨ੍ਹਾਂ ਦੇ ਨਾਲ 4 ਪਿਸਤੌਲ, ਮੈਗਜ਼ੀਨ ਅਤੇ ਕਿੱਲੋ ਤੋਂ ਵੱਧ ਹੈਰੋਇਨ ਵੀ ਬਰਾਮਦ ਕੀਤੀ ਹੈ। ਬੀ ਐੱਸ ਐੱਫ ਅਧਿਕਾਰੀ ਨੇ ਦੱਸਿਆ ਕਿ ਵੀਰਵਾਰ ਤੜਕੇ ਅੰਮ੍ਰਿਤਸਰ ਸਰਹੱਦ ’ਤੇ ਪਾਕਿਸਤਾਨ ਤੋਂ ਆਏ ਇੱਕ ਡਰੋਨ ਨੂੰ ਤਕਨੀਕੀ ਜਵਾਬੀ ਕਾਰਵਾਈ ਤਹਿਤ ਰੋਕਿਆ ਅਤੇ ਬੇਅਸਰ ਕਰਕੇ ਜ਼ਮੀਨ ’ਤੇ ਸੁੱਟਿਆ। ਇਹ ਡਰੋਨ ਅਟਾਰੀ ਦੇ ਖੇਤ ਵਿੱਚੋਂ ਬਰਾਮਦ ਹੋਇਆ ਹੈ। ਇਸ ਦੇ ਨਾਲ ਇੱਕ ਪਿਸਤੌਲ ਅਤੇ ਦੋ ਮੈਗਜ਼ੀਨ ਬਰਾਮਦ ਹੋਏ। ਬੁੱਧਵਾਰ ਰਾਤ ਵੇਲੇ ਕੀਤੀ ਕਾਰਵਾਈ ਦੌਰਾਨ ਅੰਮ੍ਰਿਤਸਰ ਦੇ ਸਰਹੱਦੀ ਪਿੰਡ ਮੋਦੇ ਨੇੜੇ ਇਸੇ ਢੰਗ ਤਰੀਕੇ ਨਾਲ ਤਕਨੀਕੀ ਕਾਰਵਾਈ ਨਾਲ ਪੰਜ ਡਰੋਨਾਂ ਨੂੰ ਰੋਕਿਆ ਅਤੇ ਧਰਤੀ ’ਤੇ ਸੁੱਟਿਆ। ਇਹ ਸਾਰੇ ਡਰੋਨ ਵੀ ਡੀ ਜੀ ਆਈ ਮੈਵਿਕ ਤਿੰਨ ਕਲਾਸਿਕ ਸ਼੍ਰੇਣੀ ਦੇ ਹਨ। ਇਨ੍ਹਾਂ ਦੇ ਨਾਲ ਤਿੰਨ ਪਿਸਤੌਲ, ਤਿੰਨ ਮੈਗਜ਼ੀਨ ਅਤੇ ਹੈਰੋਇਨ ਦੇ ਚਾਰ ਪੈਕੇਟ ਬਰਾਮਦ ਹੋਏ ਹਨ, ਜਿਨ੍ਹਾਂ ਵਿੱਚੋਂ ਇੱਕ ਕਿੱਲੋ 70 ਗ੍ਰਾਮ ਹੈਰੋਇਨ ਸੀ। ਇਸੇ ਤਰ੍ਹਾਂ ਤਰਨ ਤਾਰਨ ਜ਼ਿਲ੍ਹੇ ਦੇ ਨਾਲ ਲੱਗਦੇ ਸਰਹੱਦੀ ਖੇਤਰ ਦੇ ਪਿੰਡ ਡਲ ਦੇ ਖੇਤ ਵਿੱਚੋਂ ਇੱਕ ਪਿਸਤੌਲ ਦੇ ਪੁਰਜ਼ੇ ਅਤੇ ਇੱਕ ਮੈਗਜ਼ੀਨ ਬਰਾਮਦ ਹੋਈ ਹੈ।

## ਪੰਡੋਰੀ ਨੂੰ ਆਗੂਆਂ ਨੇ ਸੌਂਪਿਆ ਮੰਗ ਪੱਤਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ, ਬਲਵਿੰਦਰ ਵਜੀਦਕੇ)**-ਸ਼ਹੀਦ ਕਰਤਾਰ ਸਿੰਘ ਸਰਾਭਾ ਕਲੱਬ, ਦੋਵੇਂ ਗ੍ਰਾਮ ਪੰਚਾਇਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਂਝੇ ਤੌਰ 'ਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਆਗੂ ਬੇਅੰਤ ਸਿੰਘ ਮਿੱਠੂ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਦੱਸਿਆ ਕਿ ਪਿੰਡ 'ਚ ਪਾਣੀ ਵਾਲੀ ਸਟੀਲੀ ਟੈਂਕੀ ਦੀ ਘਾਟ ਹੋਣ ਕਰਕੇ ਪਿੰਡ ਦੇ ਲੋਕਾਂ ਨੂੰ ਭਾਰੀ ਮੁਸ਼ਕਲ ਪੇਸ਼ ਆ ਰਹੀ ਹੈ।ਇਸ ਮੁਸ਼ਕਿਲ ਨੂੰ ਹੱਲ ਕਰਾਉਣ ਲਈ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਨੂੰ ਮੰਗ ਪੱਤਰ ਦਿੱਤਾ ਗਿਆ ਹੈ। ਵਿਧਾਇਕ ਪੰਡੋਰੀ ਨੇ ਕਿਹਾ ਕਿ ਇਸ ਮੰਗ ਨੂੰ ਪੂਰਾ ਕਰਨ ਲਈ ਜਲਦੀ ਹੀ ਵਿਸ਼ੇਸ਼ ਗ੍ਰਾਂਟ ਦਿੱਤੀ ਜਾਵੇਗੀ।ਇਸ ਮੌਕੇ ਸਰਪੰਚ ਸਰਬਜੀਤ ਸਿੰਘ ਸੰਧੂ, ਅਰੁਣ ਕੁਮਾਰ ਬਾਂਸਲ, ਹਰੀ ਸਿੰਘ ਕਟੋਰੀਆ, ਕਰਨੈਲ ਸਿੰਘ ਢੇਪਈ, ਜੰਗ ਸਿੰਘ ਸੋਢਾ, ਸਤੀਸ਼ ਕੁਮਾਰ ਬਾਂਸਲ, ਅਮਨਦੀਪ ਸ਼ਰਮਾ, ਬੀਬਾ ਰਮਨਦੀਪ ਕੌਰ, ਇਕਬਾਲ ਸਿੰਘ ਪੈਪੀ, ਅਮਰਜੀਤ ਸਿੰਘ ਬੱਸੀਆਂ, ਜਸਪਾਲ ਸਿੰਘ, ਭਾਈ ਸੁਰਿੰਦਰ ਸਿੰਘ ਕੈਨੇਡੀਅਨ, ਬਾਬਾ ਹਰੀ ਸਿੰਘ, ਰਣਜੀਤ ਸਿੰਘ ਬਿੱਟੂ, ਅਮਰਜੀਤ ਸਿੰਘ, ਚਰਨਜੀਤ ਸਿੰਘ, ਡਾ. ਤੀਰਥ ਚੰਦ ਆਦਿ ਦੀ ਅਗਵਾਈ ਹੇਠ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਕੁਲਵੰਤ ਸਿੰਘ ਪੰਡੋਰੀ ਹਲਕਾ ਵਿਧਾਇਕ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।

## ਸਰਕਾਰੀ ਪ੍ਰਾਇਮਰੀ ਸਕੂਲ ਕੋਟੂ ਫੰਗੀਆ 'ਚ ਬੱਚਿਆਂ ਨੂੰ ਸਟੇਸ਼ਨਰੀ ਵੰਡੀ



**ਜਲਾਲਾਬਾਦ (ਜੀਤ ਕੁਮਾਰ)**-ਸਿਟੀਜ਼ਨ ਵੈਲਫੇਅਰ ਕੌਂਸਲ (ਰਜਿ.) ਵੱਲੋਂ ਪ੍ਰਧਾਨ ਸਤੀਸ਼ ਕੁਮਾਰ ਚਰਾਇਆ ਦੀ ਅਗਵਾਈ ਹੇਠ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੋਟੂ ਫੰਗੀਆ ਵਿਖੇ ਸਟੇਸ਼ਨਰੀ ਵੰਡਣ ਲਈ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸਿਟੀਜ਼ਨ ਵੈਲਫੇਅਰ ਕੌਂਸਲ ਵੱਲੋਂ ਸਕੂਲ ਦੇ 117 ਬੱਚਿਆਂ ਨੂੰ ਲੋੜ ਅਨੁਸਾਰ ਸਟੇਸ਼ਨਰੀ ਵੰਡੀ ਗਈ। ਇਸ ਤੋਂ ਇਲਾਵਾ ਕੌਂਸਲ ਵੱਲੋਂ ਸਕੂਲ ਵਿੱਚ ਵਾਤਾਵਰਣ ਦੀ ਸ਼ੁੱਧਤਾ ਅਤੇ ਹਰਿਆ-ਭਰਿਆ ਬਣਾਉਣ ਲਈ ਪੌਦੇ ਲਾਏ ਗਏ। ਪੰਛੀਆਂ ਲਈ ਪੀਣ ਵਾਲੇ ਪਾਣੀ ਲਈ ਲੋੜੀਂਦੇ ਕੁੱਜੇ ਵੀ ਦਿੱਤੇ ਗਏ। ਇਸ ਮੌਕੇ ਕੌਂਸਲ ਦੇ ਪ੍ਰਧਾਨ ਸਤੀਸ਼ ਕੁਮਾਰ ਚਰਾਇਆ, ਜਨਰਲ ਸਕੱਤਰ ਪ੍ਰਕਾਸ਼ ਦੇਸ਼ੀ, ਦੇਸ ਰਾਜ ਗਾਂਧੀ, ਕੇਦਾਰ ਨਾਥ ਨਾਗਪਾਲ, ਪ੍ਰਵੇਸ਼ ਖੰਨਾ, ਪੂਰਨ ਭਗਤ, ਦੂਨੀ ਚੰਦ ਬਤਰਾ, ਗੁਰਜਿੰਦਰ ਸਿੰਘ, ਮੁੱਖ ਅਧਿਆਪਕਾ ਜੂਹਣੂ ਬਾਲਾ, ਡਾਇਟ ਜੰਗ ਸਿੰਘ, ਪਰਮਜੀਤ ਕੌਰ, ਸਤਨਾਮ ਸਿੰਘ ਆਦਿ ਮੌਜੂਦ ਸਨ। ਇਸ ਮੌਕੇ ਕੌਂਸਲ ਦੇ ਪ੍ਰਧਾਨ ਸਤੀਸ਼ ਚਰਾਇਆ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਵੰਡਣ ਦਾ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ, ਜਿਸ ਤਹਿਤ ਸਕੂਲ ਦੇ ਬੱਚਿਆ ਨੂੰ ਸਟੇਸ਼ਨਰੀ ਵੰਡੀ ਗਈ ਹੈ। ਉਥੇ ਇਸ ਦੇ ਨਾਲ ਹੀ ਪੌਦੇ ਲਾਉਣ ਦੇ ਨਾਲ ਨਾਲ ਪੰਛੀਆ ਦੇ ਪੀਣ ਵਾਲੇ ਪਾਣੀ ਲਈ ਕੁੱਜੇ ਵੀ ਦਿੱਤੇ ਗਏ ਹਨ।

## ਪੂਨਮ ਕਾਂਗੜਾ ਦੇ ਜਨਮ ਦਿਨ ਮੌਕੇ ਲਾਏ ਮੈਡੀਕਲ ਕੈਂਪ 'ਚ 458 ਮਰੀਜ਼ਾਂ ਦੀ ਜਾਂਚ

### ਮਰੀਜ਼ਾਂ ਨੂੰ ਐਨਕਾਂ ਤੇ ਦਵਾਈਆਂ ਮੁਫ਼ਤ ਦਿੱਤੀਆਂ



**ਸ਼ੇਰਪੁਰ (ਰਵੀ ਟਿੱਬਾ)**-ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਦੇ ਜਨਮ ਦਿਨ 'ਤੇ ਗੁਰਦੁਆਰਾ ਸ੍ਰੀ ਅਕਾਲ ਪ੍ਰਕਾਸ਼ ਸਾਹਿਬ ਵਿਖੇ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੁਕੇਸ਼ ਰਤਨਾਕਰ ਸੂਬਾ ਪ੍ਰਧਾਨ, ਪਰਮਜੀਤ ਕੌਰ ਗੁੰਮਟੀ ਸੂਬਾ ਪ੍ਰਧਾਨ ਮਹਿਲਾ ਵਿੰਗ ਤੇ ਗੁਰਦੀਪ ਸਿੰਘ ਬਿੱਟੂ ਜ਼ਿਲ੍ਹਾ ਪ੍ਰਧਾਨ ਸੰਗਰੂਰ ਦੀ ਅਗਵਾਈ ਹੇਠ ਵਿਸ਼ਾਲ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪੁੱਜੇ ਇਲਾਕੇ ਦੇ ਉਘੇ ਸਮਾਜ ਸੇਵੀ ਨੀਟਾ ਬਾਬਾ ਨੇ ਕੀਤਾ ਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸੁਰਿੰਦਰਪਾਲ ਸਿੰਘ ਸੀਬੀਆ ਸਾਬਕਾ ਵਿਧਾਇਕ, ਗੁਲਜ਼ਾਰ ਸਿੰਘ ਬੌਬੀ, ਰੁਪਿੰਦਰ ਸਿੰਘ ਮੈਂਬਰ ਐੱਸ ਸੀ ਕਮਿਸ਼ਨ ਪੰਜਾਬ, ਕਰਮ ਸਿੰਘ ਲਹਿਲ ਸੀਨੀਅਰ ਸੂਬਾਈ ਆਗੂ ਭਾਜਪਾ, ਸਰਪੰਚ ਹਰਦੀਪ ਸਿੰਘ ਦੌਲਤਪੁਰ, ਬਾਬਾ ਰਾਜਵਰਿੰਦਰ ਸਿੰਘ ਟਿੱਬਾ, ਗੁਰਮੇਲ ਸਿੰਘ ਮੌੜ ਨੇ ਸ਼ਿਰਕਤ ਕੀਤੀ। ਕੈਂਪ ਵਿੱਚ ਗਲੋਬਲ ਹਸਪਤਾਲ ਸੰਗਰੂਰ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ 458 ਮਰੀਜ਼ਾਂ ਦੀਆਂ ਅੱਖਾਂ ਦਾ ਚੈਕਅਪ ਕੀਤਾ ਗਿਆ। ਡਾ. ਗੁਰਦੀਪ ਸਿੰਘ ਤੇ ਡਾ. ਕ੍ਰਿਸ਼ਨ ਸਿੰਘ ਵੱਲੋਂ ਵੀ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਤੇ ਮਰੀਜ਼ਾਂ ਨੂੰ ਐਨਕਾਂ ਤੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਇਸ ਦੇ ਨਾਲ ਹੀ ਕੈਂਪ ਵਿੱਚ ਸ਼ੂਗਰ ਦੇ ਟੈਸਟ ਤੇ ਮਰੀਜ਼ਾਂ ਦੀ ਈ ਸੀ ਜੀ ਵੀ ਕੀਤੀ ਗਈ। ਕੌਮੀ ਪ੍ਰਧਾਨ ਦਰਸ਼ਨ ਕਾਂਗੜਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਮਿਸ਼ਨ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।

ਕੈਂਪ ਵਿੱਚ ਪਹੁੰਚੇ ਮਹਿਮਾਨਾਂ ਤੇ ਮਰੀਜ਼ਾਂ ਨੇ ਮੈਡਮ ਪੂਨਮ ਕਾਂਗੜਾ ਨੂੰ ਜਨਮ ਦਿਨ ਦੀ ਵਧਾਈ ਦਿੰਦਿਆਂ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕੀਤੀ ਤੇ ਮਿਸ਼ਨ ਦੇ ਇਸ ਕਾਰਜ ਦੀ ਵੀ ਖੂਬ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਸੀਰ ਸਿੰਘ ਖੇੜੀ ਚੰਦਵਾ, ਸੂਬੇਦਾਰ ਮੇਜਰ ਹਰਜੀਤ ਸਿੰਘ, ਰੁਲਦੂ ਸਿੰਘ ਗੁੰਮਟੀ, ਚਮਕੌਰ ਸਿੰਘ ਪ੍ਰਧਾਨ, ਨਿਰਭੈ ਸਿੰਘ ਛੰਨਾ, ਸ਼ੰਮੀ ਠੁੱਲੀਵਾਲ, ਜਸਮੇਲ ਸਿੰਘ ਬੜੀ (ਦੋਵੇਂ ਬਲਾਕ ਪ੍ਰਧਾਨ), ਪਿਆਰਾ ਸਿੰਘ ਬਦੇਸ਼ਾ, ਚਮਕੌਰ ਸਿੰਘ ਜੱਸੀ, ਕ੍ਰਿਸ਼ਨ ਕੁਮਾਰ ਨੀਟੂ ਸਿੰਗਲਾ, ਰਾਮਦਾਸ ਬਿੱਟੂ, ਵਿੱਕੀ ਸਰਪੰਚ, ਸਾਬਕਾ ਸਰਪੰਚ ਰਣਜੀਤ ਸਿੰਘ ਧਾਲੀਵਾਲ, ਰਣਜੀਤ ਸਿੰਘ ਮੈਂਬਰ, ਸਾਬਕਾ ਸਰਪੰਚ ਸੁਖਦੇਵ ਸਿੰਘ ਬਿੰਨੜ, ਇੰਸ ਪਿਆਰਾ ਸਿੰਘ, ਬਾਬਾ ਜੰਗ ਸਿੰਘ ਦੀਵਾਨਾ, ਰੁਪਿੰਦਰ ਸਿੰਘ ਟਿੱਬਾ, ਸਰਪੰਚ ਕਰਮਜੀਤ ਕੌਰ ਰੁੜਗੜ੍ਹ, ਗੁਰਜੰਟ ਸਿੰਘ, ਨਸ਼ਾ ਰੋਕੂ ਕਮੇਟੀ, ਮੀਤਾ ਠੇਕੇਦਾਰ ਬਰਨਾਲਾ ਆਦਿ ਹਾਜ਼ਰ ਸਨ।

## ਐਡਵੋਕੇਟ ਸੋਢੀ, ਵਿਰਕ ਤੇ ਨਾਇਬਕੋਰਟ ਹੈਪੀ ਰਾਮ ਦੀ ਯਾਦ 'ਚ ਬਾਰ ਐਸੋਸੀਏਸ਼ਨ ਵੱਲੋਂ ਖ਼ੂਨਦਾਨ ਕੈਂਪ



**ਸਮਾਣਾ (ਗੁਰਪਿਆਰ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਹੇਠ ਬਾਰ ਐਸੋਸੀਏਸ਼ਨ ਸਮਾਣਾ ਵੱਲੋਂ ਸਵਰਗੀ ਐਡਵੋਕੇਟਸ ਤਰਨਜੀਤ ਸਿੰਘ ਸੋਢੀ, ਡਾਕਟਰ ਰਜਵੰਤ ਸਿੰਘ ਵਿਰਕ ਤੇ ਨਾਇਬਕੋਰਟ ਹੈਪੀ ਰਾਮ ਦੀ ਯਾਦ ਨੂੰ ਸਮਰਪਤ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਵਕੀਲ ਸਾਹਿਬਾਨਾਂ, ਪੁਲਸ ਮੁਲਾਜ਼ਮਾਂ, ਮੁਨਸ਼ੀਆਂ ਤੇ ਅਦਾਲਤੀ ਸਟਾਫ ਨੇ ਖ਼ੂਨ ਦਾਨ ਕੀਤਾ।ਇਸ ਖ਼ੂਨਦਾਨ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸ੍ਰੀ ਮਨਦੀਪ ਸਿੰਘ ਐਡੀਸ਼ਨਲ ਸਿਵਿਲ ਜੱਜ ਸੀਨੀਅਰ ਡਵੀਜ਼ਨ ਸਮਾਣਾ ਤੇ ਕਪਿਲ ਅਗਰਵਾਲ ਐਡੀਸ਼ਨਲ ਪ੍ਰਿੰਸੀਪਲ ਜੱਜ ਫੈਮਿਲੀ ਕੋਰਟ ਸਮਾਣਾ ਪਹੁੰਚੇ, ਜਿਨ੍ਹਾਂ ਨੇ ਖ਼ੂਨ ਦਾਨ ਕਰਨ ਵਾਲਿਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਉਨ੍ਹਾਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਅਤੇ ਸਰਟੀਫਿਕੇਟ ਤਕਸੀਮ ਕੀਤੇ।ਇਸ ਕੈਂਪ ਵਿੱਚ 50 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।ਖ਼ੂਨ ਇਕੱਤਰ ਕਰਨ ਵਾਲੀ ਡਾਕਟਰਾਂ ਦੀ ਟੀਮ ਡਾਕਟਰ ਕੇ ਕੇ ਜੌਹਰੀ ਹਸਪਤਾਲ ਸਮਾਣਾ, ਪਟਿਆਲਾ ਬਲੱਡ ਸੈਂਟਰ ਪਟਿਆਲਾ ਦੇ ਡਾਕਟਰ ਯੁਧਿਸਟਰ, ਸੰਦੀਪ, ਡੌਲੀ ਕਮਲਪ੍ਰੀਤ ਕੌਰ, ਮਨਪ੍ਰੀਤ ਕੌਰ, ਚਰਨਜੀਤ ਕੌਰ ਖ਼ੂਨ ਇਕੱਤਰ ਕਰਨ ਲਈ ਹਾਜ਼ਰ ਰਹੇ।ਬਾਰ ਐਸੋਸੀਏਸ਼ਨ ਸਮਾਣਾ ਵੱਲੋਂ ਖ਼ੂਨ ਦਾਨ ਕਰਨ ਵਾਲਿਆਂ ਲਈ ਰਿਫਰੈਸ਼ਮੈਂਟ ਦਾ ਪੂਰਾ ਪ੍ਰਬੰਧ ਕੀਤਾ ਹੋਇਆ ਸੀ।ਇਸ ਮੌਕੇ ਬਾਰ ਐਸੋਸੀਏਸ਼ਨ ਸਮਾਣਾ ਤੇ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ ਨੇ ਜਾਣਕਰੀ ਦਿੰਦਿਆਂ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਸਾਡੇ ਵਿੱਚੋਂ ਐਡਵੋਕੇਟ ਤਰਨਜੀਤ ਸਿੰਘ ਸੋਢੀ, ਐਡਵੋਕੇਟ ਡਾਕਟਰ ਰਜਵੰਤ ਸਿੰਘ ਤੇ ਨਾਇਬਕੋਰਟ ਹੈਪੀ ਰਾਮ ਸਵਰਗ ਸਿਧਾਰ ਗਏ ਸਨ, ਦੀ ਯਾਦ ਨੂੰ ਸਮਰਪਤ ਇਹ ਖ਼ੂਨਦਾਨ ਕੈਂਪ ਲਗਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਖ਼ੂਨ ਦਾਨ ਕਰਨਾ ਸਾਰੇ ਦਾਨਾਂ ਵਿੱਚੋਂ ਮਹਾਨ ਦਾਨ ਹੈ, ਇਸ ਨਾਲ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕਦਾ ਹੈ। ਇਸ ਮੌਕੇ ਬਾਰ ਐਸੋਸੀਏਸ਼ਨ ਸਮਾਣਾ ਤੇ ਮੀਤ ਪ੍ਰਧਾਨ ਐਡਵੋਕੇਟ ਸੰਦੀਪ ਜਿੰਦਲ, ਸੈਕਟਰੀ ਕਸ਼ਮੀਰ ਸਿੰਘ ਚੁੰਬਰ, ਜੁਆਇੰਟ ਸੈਕਟਰੀ ਕੁਲਜੀਤ ਸਿੰਘ ਵਿਰਕ, ਕੈਸ਼ੀਅਰ ਬਘੇਲ ਸਿੰਘ ਸੰਧੂ, ਲਾਇਬਰੇਰੀਅਨ ਖਵਾਬ ਸੋਨੀ, ਐਗਜ਼ੈਕਟਿਵ ਮੈਂਬਰ ਅਰਨਦੀਪ ਸਿੰਘ ਸੰਧੂ, ਨੇਹਾ ਭੱਲਾ, ਜਸਵਿੰਦਰ ਸਿੰਘ ਗੋਲਣ ਤੋਂ ਇਲਾਵਾ ਬਾਰ ਐਸੋਸੀਏਸ਼ਨ ਸਮਾਣਾ ਦੇ ਸਾਬਕਾ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ, ਦਵਿੰਦਰ ਸਿੰਘ ਢਿੱਲੋਂ, ਰੋਮੀ ਵੜੇਰਾ, ਪਰਮਿੰਦਰ ਸਿੰਘ ਕੰਡਾ, ਹਰਿੰਦਰ ਪਾਲ ਸਿੰਘ ਹੈਪੀ, ਗੌਰਵ ਜਿੰਦਲ, ਹਰਮਨਦੀਪ ਸਿੰਘ ਸਿੱਧੂ, ਰਵਨੀਤ ਸਿੰਘ, ਅਮ੍ਰਿਤਪਾਲ, ਰਜੀਵ ਕੁਮਾਰ, ਰਾਜ ਕੁਮਾਰ ਭਾਨ, ਮਨਮੀਤ ਸਿੰਘ ਸਲੂਜਾ, ਮਹਿੰਦਰ ਪਾਲ ਸਿੰਘ ਕੌਹਰੀਆਂ, ਵਿਕਰਮ ਭਟਨਾਗਰ, ਰਣਦੀਪ ਸਿੰਘ ਥਿੰਦ, ਮੈਡਮ ਰੋਜ਼ੀ ਅਰੋੜਾ, ਅਨੁਰੂਪ ਚੰਦਰ ਗਰਗ, ਅਰਮਾਨ ਸਿੰਘ, ਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਪਿੰਡ ਇਕਾਈ ਮਹਿਲਾਂ, ਉੱਭਿਆ ਤੇ ਜਨਾਲ ਦੀ ਸਰਬਸੰਮਤੀ ਨਾਲ ਚੋਣ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਦਿੜ੍ਹਬਾ ਬਲਾਕ ਵੱਲੋਂ ਆਉਣ ਵਾਲੇ ਸੰਘਰਸ਼ਾਂ ਨੂੰ ਲੈ ਕੇ ਵੱਡੇ ਪੱਧਰ 'ਤੇ ਪਿੰਡ ਇਕਾਈਆਂ ਦੀਆਂ ਚੋਣਾਂ ਕਰਵਾਈਆਂ ਜਾ ਰਹੀਆਂ ਹਨ, ਇਸ ਕੜੀ ਤਹਿਤ ਦਿੜ੍ਹਬਾ ਬਲਾਕ ਦੇ ਪ੍ਰੈੱਸ ਸਕੱਤਰ ਚਰਨਜੀਤ ਸਿੰਘ ਘਨੌੜ (ਸੰਤਪੁਰਾ) ਤੇ ਸੀਨੀਅਰ ਮੀਤ ਪ੍ਰਧਾਨ ਹਰਬੰਸ ਸਿੰਘ ਦਿੜ੍ਹਬਾ ਦੀ ਅਗਵਾਈ ਹੇਠ ਪਿੰਡ ਇਕਾਈ ਮਹਿਲਾਂ, ਉੱਭਿਆ ਤੇ ਜਨਾਲ ਦੀ ਚੋਣ (ਅਜਲਾਸ) ਪਿੰਡ ਦੀ ਹਾਜ਼ਰੀ ਵਿੱਚ ਸਰਵਸੰਮਤੀ ਨਾਲ ਕੀਤੀ ਗਈ। ਇਸ ਮੌਕੇ ਦਿੜ੍ਹਬਾ ਬਲਾਕ ਦੇ ਪ੍ਰਧਾਨ ਭਰਭੂਰ ਸਿੰਘ ਮੌੜਾਂ ਤੇ ਬਲਾਕ ਦੇ ਆਗੂ ਅਮਨਦੀਪ ਸਿੰਘ ਮਹਿਲਾਂ, ਜਸਵੰਤ ਸਿੰਘ ਮਘੂਰਾਂ, ਜੀਤਿੰਦਰ ਸਿੰਘ ਖੇੜੀ, ਜਗਦੀਪ ਸਿੰਘ ਮਹਿਲਾਂ, ਮਿਸ਼ਰਾ ਸਿੰਘ ਨਿਹਾਲਗੜ੍ਹ ਤੇ ਹਰਜੀਤ ਸਿੰਘ ਮਹਿਲਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਪਿੰਡ ਇਕਾਈ ਮਹਿਲਾਂ ਵਿਖੇ ਜਥੇਬੰਦੀ ਦੇ ਵਿਧਾਨ ਸੰਵਿਧਾਨ ਮੁਤਾਬਕ ਸਾਂਝਾ ਅਜਲਾਸ ਬੁਲਾ ਕੇ ਪਿੰਡ ਇਕਾਈ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਪਿੰਡ ਇਕਾਈ ਮਹਿਲਾਂ ਦੇ ਪ੍ਰਧਾਨ ਜਗਜੀਤ ਸਿੰਘ ਸੇਖੋਂ, ਸੀਨੀਅਰ ਮੀਤ ਪ੍ਰਧਾਨ ਗੁਰਜੰਟ ਸਿੰਘ ਖਰਾ, ਮੀਤ ਪ੍ਰਧਾਨ ਦਰਸ਼ਨ ਸਿੰਘ ਮਾਨ, ਜਨਰਲ ਸਕੱਤਰ ਗੁਰਸੇਵਕ ਸਿੰਘ ਸੋਹੀ, ਖਜ਼ਾਨਚੀ ਜਗਦੀਪ ਸਿੰਘ ਘੁਮਾਣ, ਪ੍ਰੈੱਸ ਸਕੱਤਰ ਸੁਖਵੀਰ ਸਿੰਘ ਗਿੱਲ, ਪ੍ਰਚਾਰ ਸਕੱਤਰ ਜਗਸੀਰ ਸਿੰਘ ਮਾਨ, ਸੰਗਠਨ ਸਕੱਤਰ ਅਮਨਦੀਪ ਸਿੰਘ ਸੋਹੀ ਸਮੇਤ 51 ਮੈਂਬਰੀ ਪਿੰਡ ਕਮੇਟੀ ਨੂੰ ਚੁਣਿਆ ਗਿਆ। ਇਸੇ ਤਰ੍ਹਾਂ ਇਸਤਰੀ ਵਿੰਗ ਦੇ ਪ੍ਰਧਾਨ ਭੋਲ ਜਸਵਿੰਦਰ ਕੌਰ ਖਰਾ, ਸੀਨੀਅਰ ਮੀਤ ਪ੍ਰਧਾਨ ਗੁਰਦੇਵ ਕੌਰ ਦੁਲਟ, ਮੀਤ ਪ੍ਰਧਾਨ ਭਰਭੂਰ ਕੌਰ ਖਰੇ, ਜਨਰਲ ਸਕੱਤਰ ਗੁਰਮੇਲ ਕੌਰ ਬੱਬਨਪੁਰ, ਖਜ਼ਾਨਚੀ ਭਰਭੂਰ ਕੌਰ ਦੁਲਟ, ਪ੍ਰੈੱਸ ਸਕੱਤਰ ਬਲਜੀਤ ਕੌਰ, ਪ੍ਰਚਾਰ ਸਕੱਤਰ ਚਰਨਜੀਤ ਕੌਰ ਥੇਹ, ਸੰਗਠਨ ਸਕੱਤਰ ਸੁਰਜੀਤ ਕੌਰ ਮਾਨ ਸਮੇਤ 35 ਮੈਂਬਰੀ ਪਿੰਡ ਇਕਾਈ ਕਮੇਟੀ ਨੂੰ ਚੁਣਿਆ ਗਿਆ। ਇਸੇ ਤਰ੍ਹਾਂ ਪਿੰਡ ਇਕਾਈ ਉੱਭਿਆ ਵਿਖੇ ਜਥੇਬੰਦੀ ਦੀ ਨਵੀਂ ਇਕਾਈ ਦੀ ਚੋਣ ਦੁਬਾਰਾ ਤੋਂ ਕੀਤੀ ਗਈ, ਜਿਸ 'ਚ ਪਿੰਡ ਦੇ ਪਤਵੰਤੇ ਸੱਜਣਾਂ ਨੇ ਪਿੰਡ ਇਕਾਈ ਦੇ ਪ੍ਰਧਾਨ ਕਾਲਾ ਸਿੰਘ ਨੂੰ ਚੁਣਿਆ ਗਿਆ, ਮੀਤ ਪ੍ਰਧਾਨ ਗੁਰਦਿਆਲ ਸਿੰਘ, ਸੀਨੀਅਰ ਮੀਤ ਪ੍ਰਧਾਨ ਭੋਲਾ ਸਿੰਘ, ਜਨਰਲ ਸਕੱਤਰ ਪਰਮਜੀਤ ਸਿੰਘ, ਖਜ਼ਾਨਚੀ ਨਿਰਭੈ ਸਿੰਘ, ਸਹਾਇਕ ਖਜ਼ਾਨਚੀ ਦਰਬਾਰਾ ਸਿੰਘ, ਪ੍ਰੈੱਸ ਸਕੱਤਰ ਨਾਥ ਸਿੰਘ, ਪ੍ਰਚਾਰ ਸਕੱਤਰ ਗੁਰਜੀਤ ਸਿੰਘ, ਸੰਗਠਨ ਸਕੱਤਰ ਗੁਰਲਾਲ ਸਿੰਘ, ਸਮੇਤ 15 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ। ਇਸੇ ਤਰ੍ਹਾਂ ਇਸਤਰੀ ਵਿੰਗ ਦੇ ਪ੍ਰਧਾਨ ਭੋਲ ਚਰਨਜੀਤ ਕੌਰ, ਜਨਰਲ ਸਕੱਤਰ ਜੰਗੀਰ ਕੌਰ, ਖਜ਼ਾਨਚੀ ਭੂਰੀ ਕੌਰ, ਪ੍ਰੈੱਸ ਸਕੱਤਰ ਸੁਰਜੀਤ ਕੌਰ, ਪ੍ਰਚਾਰ ਸਕੱਤਰ ਗੁਰਮੇਲ ਕੌਰ ਨੂੰ ਸਰਵਸੰਮਤੀ ਨਾਲ ਚੁਣ ਲਿਆ ਗਿਆ। ਇਸੇ ਤਰ੍ਹਾਂ ਪਿੰਡ ਜਨਾਲ ਦੀ ਚੋਣ 'ਚ ਪ੍ਰਧਾਨ ਆਤਮਾ ਸਿੰਘ, ਮੀਤ ਪ੍ਰਧਾਨ ਮਨਜੀਤ ਸਿੰਘ, ਜਨਰਲ ਸਕੱਤਰ ਬਲਵਿੰਦਰ ਸਿੰਘ, ਖਜ਼ਾਨਚੀ ਗੁਰਮੇਲ ਸਿੰਘ, ਸਹਾਇਕ ਖਜ਼ਾਨਚੀ ਗੁਰਜੰਟ ਸਿੰਘ, ਪ੍ਰੈੱਸ ਸਕੱਤਰ ਕਰਮਜੀਤ ਸਿੰਘ, ਪ੍ਰਚਾਰ ਸਕੱਤਰ ਸੇਵਕ ਸਿੰਘ, ਸੰਗਠਨ ਜੀਤ ਸਿੰਘ ਸਮੇਤ 22 ਮੈਂਬਰੀ ਕਮੇਟੀ ਨੂੰ ਚੁਣਿਆ ਗਿਆ। ਇਸ ਮੌਕੇ ਚੁਣੀ ਗਈ ਪਿੰਡ ਇਕਾਈ ਕਮੇਟੀ ਤੇ ਪਿੰਡ ਵਾਸੀਆਂ ਨੇ ਕਿਹਾ ਕਿ ਅਸੀਂ ਜਥੇਬੰਦੀ ਦੇ ਵਿਧਾਨ 'ਤੇ ਪੂਰਾ ਪਹਿਰਾ ਦੇਵਾਂਗੇ ਤੇ ਜਥੇਬੰਦੀ ਦੇ ਹਰ ਪ੍ਰੋਗਰਾਮ ਵਿੱਚ ਪੂਰੀ ਤਨਦੇਹੀ ਨਾਲ ਪਿੰਡ ਦੇ ਸਹਿਯੋਗ ਨਾਲ ਵੱਧ ਚੜ੍ਹ ਕੇ ਮਾਵਾਂ ਭੈਣਾਂ ਤੇ ਕਿਸਾਨਾਂ ਮਜ਼ਦੂਰਾਂ ਨੂੰ ਨਾਲ ਲੈ ਕੇ ਚੱਲਾਂਗੇ।

## ਬੀ ਪੀ ਈ ਓ ਵੱਲੋਂ ਵੱਖ-ਵੱਖ ਸਰਕਾਰੀ ਪ੍ਰਾਇਮਰੀ ਸਕੂਲਾਂ ਦਾ ਦੌਰਾ


### ਮਿੱਡ ਡੇ ਮੀਲ ਸਮੇਤ ਅਧਿਆਪਕਾਂ ਤੇ ਬੱਚਿਆਂ ਦੀ ਹਾਜ਼ਰੀ ਕੀਤੀ ਚੈੱਕ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਤਹਿਤ ਸਕੂਲ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵੱਲੋਂ ਲਗਾਤਾਰ ਸਕੂਲਾਂ ਨੂੰ ਸੰਵਾਰਨ ਵਿੱਚ ਲੱਗੇ ਹੋਏ ਹਨ ਤਾਂ ਜੋ ਸਕੂਲਾਂ ਵਿਚਲੀਆਂ ਤਰੁੱਟੀਆਂ ਨੂੰ ਦੂਰ ਕਰਕੇ ਵਿਦਿਆਰਥੀਆਂ ਨੂੰ ਸਕਾਰਾਤਮਕ ਮਾਹੌਲ ਦਿੱਤਾ ਜਾ ਸਕੇ।ਇਸੇ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਪਟਿਆਲਾ (ਐਲੀ. ਸਿੰ.) ਸ਼ਾਲੂ ਮਹਿਰਾ ਤੇ ਉੱਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੰ.) ਮਨਵਿੰਦਰ ਕੌਰ ਭੁੱਲਰ ਦੀ ਦੇਖ-ਰੇਖ ਹੇਠ ਬਲਾਕ ਪਟਿਆਲਾ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ. ਪ੍ਰਿਥੀ ਸਿੰਘ ਵੱਲੋਂ ਵੱਖ-ਵੱਖ ਸਰਕਾਰੀ ਪ੍ਰਾਇਮਰੀ ਸਕੂਲਾਂ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਸਰਕਾਰੀ ਪ੍ਰਾਇਮਰੀ ਸਕੂਲਾਂ ਵਿਚਲੇ ਪਖਾਨਿਆਂ ਦੀ ਸਾਫ਼ ਸਫ਼ਾਈ, ਪੀਣ ਵਾਲੇ ਪਾਣੀ, ਕਲਾਸ ਰੂਮ, ਕਿਚਨ ਗਾਰਡਨ, ਰਸੋਈ, ਦਫਤਰੀ ਰਿਕਾਰਡ, ਕਿਤਾਬਾਂ ਤੇ ਵਰਦੀਆਂ ਸਮੇਤ 'ਇਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਲਗਾਏ ਜਾ ਰਹੇ ਪੌਦਿਆਂ ਦਾ ਵੀ ਜਾਇਜ਼ਾ ਲਿਆ ਗਿਆ।ਇਸ ਦੌਰੇ ਮੌਕੇ ਗੱਲਬਾਤ ਕਰਦਿਆਂ ਬਲਾਕ ਪਟਿਆਲਾ-2 ਦੇ ਬੀਪੀਈਓ ਸ੍ਰ. ਪ੍ਰਿਥੀ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਸਕੂਲੀ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜ਼ਿਲ੍ਹੇ ਭਰ ਦੇ ਸਰਕਾਰੀ ਸਕੂਲਾਂ ਅੰਦਰ ਵਿਦਿਆਰਥੀ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਸਿੱਖਿਆ ਹਾਸਲ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਵੱਡੀ ਪੱਧਰ 'ਤੇ ਗਰਾਂਟਾਂ ਦੇ ਕੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ।ਇਸ ਲਈ ਮੌਜੂਦਾ ਸਮੇਂ ਸਮੁੱਚੇ ਪੰਜਾਬ ਸਮੇਤ ਜ਼ਿਲ੍ਹਾ ਪਟਿਆਲਾ ਦੇ ਸਮੂਹ ਸਕੂਲ ਬੁਲੰਦੀਆਂ ਛੂਹ ਰਹੇ ਹਨ।

## 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਸ ਵੱਲੋਂ ਨਸ਼ਾ ਤਸਕਰਾਂ ਦੇ ਘਰ ਕੀਤੇ ਢਹਿ-ਢੇਰੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਜ਼ਿਲ੍ਹਾ ਪੁਲਸ ਮੁਖੀ ਮੈਡਮ ਅਮਨੀਤ ਕੌਂਡਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਧੋਬੀਆਣਾ ਬਸਤੀ ਵਿਖੇ ਨਸ਼ਾ ਤਸਕਰਾਂ ਵੱਲੋਂ ਬਣਾਈਆਂ ਗਈਆਂ 2 ਨਜਾਇਜ਼ ਇਮਾਰਤਾਂ ਨੂੰ ਸਿਵਲ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਢਹਿ-ਢੇਰੀ ਕੀਤਾ ਗਿਆ।ਐਸ.ਪੀ. ਸਿਟੀ ਸ਼੍ਰੀ ਨਰਿੰਦਰ ਸਿੰਘ ਨੇ ਦੱਸਿਆ ਕਿ ਨੀਤੂ ਪਤਨੀ ਬਲਵੀਰ ਸਿੰਘ ਵਾਸੀ ਕਰਨ ਕਬਾੜੀਏ ਵਾਲੀ ਗਲੀ ਧੋਬੀਆਣਾ ਬਸਤੀ ਬਠਿੰਡਾ ਤੇ ਰਮੇਸ਼ ਸਾਹਨੀ ਉਰਫ ਰੈਂਬੋ ਪੁੱਤਰ ਮਜਨੂੰ ਸਾਹਨੀ ਵਾਸੀ ਗਲੀ ਨੰਬਰ 01 ਬਲਾਕ ਨੰਬਰ 43 ਬੇਅੰਤ ਸਿੰਘ ਨਗਰ ਬਠਿੰਡਾ ਵੱਲੋਂ ਇਹ ਇਮਾਰਤਾਂ ਗੈਰ ਕਾਨੂੰਨੀ ਢੰਗ ਨਾਲ ਉਸਾਰੀਆਂ ਗਈਆਂ ਸਨ।ਉਨ੍ਹਾਂ ਕਿਹਾ ਕਿ ਇਸ ਸਬੰਧੀ ਸਮਰੱਥ ਅਥਾਰਟੀ ਡਿਪਟੀ ਕਮਿਸ਼ਨਰ-ਕਮ-ਮੈਜਿਸਟ੍ਰੇਟ ਵਲੋਂ ਢਾਉਣ ਮੌਕੇ ਪੁਲਸ ਸੁਰੱਖਿਆ ਪ੍ਰਬੰਧ ਕਰਨ ਲਈ ਹਦਾਇਤਾਂ ਪ੍ਰਾਪਤ ਹੋਈਆਂ ਸਨ, ਜਿਸ ਤੋਂ ਬਾਅਦ ਸਿਵਲ ਤੇ ਪੁਲਸ ਪ੍ਰਸ਼ਾਸਨ ਵਲੋਂ ਕਾਰਵਾਈ ਕਰਦਿਆਂ ਇਨ੍ਹਾਂ ਇਮਾਰਤਾਂ ਨੂੰ ਢਾਹਿਆ ਗਿਆ।ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਵਿਰੁੱਧ ਨਸ਼ਾ ਤਸਕਰੀ ਤੇ ਹੋਰ ਸੰਗੀਨ ਜੁਰਮਾਂ ਦੇ ਤਹਿਤ ਵੱਖ-ਵੱਖ ਤਰ੍ਹਾਂ ਦੇ 16 ਮੁਕੱਦਮੇ ਦਰਜ ਹਨ।ਉਨ੍ਹਾਂ ਦੱਸਿਆ ਉਕਤ ਵਲੋਂ ਉਸਾਰੀਆਂ ਗਈਆਂ ਇਮਾਰਤਾਂ ਦੇ ਮੱਦੇਨਜ਼ਰ ਇਨ੍ਹਾਂ ਨੂੰ ਕਈ ਵਾਰ ਨੋਟਿਸ ਵੀ ਦਿੱਤੇ ਗਏ ਸਨ, ਪ੍ਰੰਤੂ ਕਬਜ਼ਾਕਾਰੀਆਂ ਵੱਲੋਂ ਇਸ ਜਗ੍ਹਾ ਨੂੰ ਖਾਲੀ ਨਾ ਕਰਨ ਕਰਕੇ ਇਥੇ ਬੁਲਡੋਜ਼ਰ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਦੱਸਿਆ ਕਿ ਪੁਲਿਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕਾਰਵਾਈ ਕਰਦਿਆਂ 1 ਮਾਰਚ 2025 ਤੋਂ ਹੁਣ ਤੱਕ 821 ਮੁਕੱਦਮੇ ਦਰਜ ਕਰਕੇ 1276 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ 37 ਵੱਡੇ ਨਸ਼ਾ ਤਸਕਰ ਵੀ ਸ਼ਾਮਲ ਹਨ।ਇਸ ਦੇ ਨਾਲ ਹੀ ਸਾਲ 2023 ਤੋਂ ਹੁਣ ਤੱਕ ਨਸ਼ਾ ਤਸਕਰਾਂ ਦੀ 10 ਕਰੋੜ 5 ਲੱਖ ਦੇ ਕਰੀਬ ਦੀ ਜਾਇਦਾਦ ਫਰੀਜ ਕੀਤੀ ਗਈ ਹੈ।

## ਦੇਸ਼ ਭਗਤ ਕਾਲਜ ਦੀ ਜ਼ਮੀਨ 'ਤੇ ਬਣੇਗਾ ਬਾਬਾ ਫਰੀਦ ਮੈਡੀਕਲ ਯੂਨੀਵਰਸਿਟੀ ਦਾ ਖੇਤਰੀ ਕੇਂਦਰ

### ਬੀ ਐੱਸ ਸੀ, ਐੱਮ ਐੱਸ ਸੀ ਤੇ ਬੀ ਡੀ ਐੱਸ ਦੀ ਪੜ੍ਹਾਈ ਇਸੇ ਸਾਲ ਤੋਂ ਹੋਵੇਗੀ ਸ਼ੁਰੂ : ਢਿੱਲੋਂ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਦੇਸ਼ ਭਗਤ ਕਾਲਜ ਟਰੱਸਟ ਬਰੜਵਾਲ ਵੱਲੋਂ ਮਾਤਾ ਗੁਜਰੀ ਨਰਸਿੰਗ ਕਾਲਜ ਦੀ ਜ਼ਮੀਨ ਸਮੇਤ 10 ਏਕੜ ਜਗ੍ਹਾ ਬਾਬਾ ਫਰੀਦ ਮੈਡੀਕਲ ਯੂਨੀਵਰਸਟੀ ਨੂੰ ਖੇਤਰੀ ਕੇਂਦਰ ਬਣਾਉਣ ਲਈ ਦਾਨ ਦਿੱਤੀ ਗਈ ਹੈ ਅਤੇ ਜਲਦ ਹੀ ਧੂਰੀ ਵਿਖੇ ਬਾਬਾ ਫਰੀਦ ਮੈਡੀਕਲ ਯੂਨੀਵਰਸਿਟੀ ਦਾ ਖੇਤਰੀ ਕੇਂਦਰ ਬਣਾਉਣ ਦੀ ਸ਼ੁਰੂਆਤ ਹੋ ਜਾਵੇਗੀ ਅਤੇ ਇਸ ਜਗ੍ਹਾ 'ਤੇ ਜਲਦ ਹੀ ਬਾਬਾ ਫਰੀਦ ਮੈਡੀਕਲ ਯੂਨੀਵਰਸਿਟੀ ਦਾ ਖੇਤਰੀ ਕੇਂਦਰ ਬਣ ਕੇ ਤਿਆਰ ਹੋ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਮੁੱਖ ਮੰਤਰੀ ਕੈਂਪਸ ਦਫਤਰ ਧੂਰੀ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਇਸ ਸਾਲ ਦੇ ਅਖੀਰ ਤੱਕ ਬਨਣ ਜਾ ਰਹੇ ਇਸ ਖੇਤਰੀ ਕੇਂਦਰ ਵਿੱਚ ਬੀ ਐੱਸ ਸੀ ਨਰਸਿੰਗ, ਐੱਮ ਐੱਸ ਸੀ ਨਰਸਿੰਗ ਤੇ ਬੀ ਡੀ ਐੱਸ ਦੀ ਪੜ੍ਹਾਈ ਸ਼ੁਰੂ ਹੋ ਜਾਵੇਗੀ, ਜਿਸ ਨਾਲ ਇਲਾਕੇ ਦੇ ਵਿਦਿਆਰਥੀਆਂ ਨੂੰ ਭਾਰੀ ਫਾਇਦਾ ਹੋਵੇਗਾ। ਉਨ੍ਹਾਂ ਦੱਸਿਆ ਕਿ ਇੰਡੀਅਨ ਮੈਡੀਕਲ ਕੌਂਸਲ ਵੱਲੋਂ ਜਲਦ ਹੀ ਇਸ ਸਾਈਟ ਦੀ ਇੰਸਪੈਕਸ਼ਨ ਕੀਤੀ ਜਾਵੇਗੀ ਤੇ ਇਹ ਮਾਮਲਾ ਇੰਡੀਅਨ ਮੈਡੀਕਲ ਕੌਂਸਲ ਪਾਸ ਭੇਜਿਆ ਜਾ ਚੁੱਕਾ ਹੈ। ਇਸ ਮੌਕੇ ਰਮਨਦੀਪ ਸਿੰਘ, ਅਨਿਲ ਕੁਮਾਰ ਮਿੱਤਲ, ਹਰਪ੍ਰੀਤ ਸਿੰਘ ਗਿੱਲ, ਰਸ਼ਪਾਲ ਸਿੰਘ ਭੁੱਲਰ, ਮਿਲਖ ਰਾਜ ਮਿਲਖੀ, ਨਰੇਸ਼ ਕੁਮਾਰ ਸਿੰਗਲਾ, ਜਸਵੀਰ ਸਿੰਘ ਜੱਜ ਤੇ ਅਜਾਇਬ ਸਿੰਘ ਹੈਪੀ ਆਦਿ ਹਾਜ਼ਰ ਸਨ।

## ਪੀ ਏ ਡੀ ਬੀ ਦੀ ਸਰਬਸੰਮਤੀ ਨਾਲ ਹੋਈ ਚੋਣ, ਹਰਪਾਲ ਸਿੰਘ ਬੇਦੀ ਬਣੇ ਚੇਅਰਮੈਨ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਦੀ ਗੁਰੂ ਹਰਸਹਾਏ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ: ਦੇ ਚੇਅਰਮੈਨ ਹਰਪਾਲ ਸਿੰਘ ਬੇਦੀ ਨਿਯੁਕਤ ਕੀਤੇ ਗਏ ਹਨ।ਉਨ੍ਹਾਂ ਦੇ ਨਾਲ 8 ਬੈਂਕ ਦੇ ਡਾਇਰੈਕਟਰ ਵੀ ਬਣੇ ਹਨ।ਵੱਖ-ਵੱਖ ਜ਼ੋਨਾਂ ਤੋਂ ਡਾਇਰੈਕਟਰਾਂ ਵਿੱਚ ਗੁਰਪ੍ਰੀਤ ਸਿੰਘ ਮਹੰਤਾਂ ਵਾਲਾ, ਸੋਹਣ ਸਿੰਘ ਈਸਾ ਪੰਜਗਰਾਈਂ, ਬੂਟਾ ਸਿੰਘ ਸਰੂਪੇਵਾਲਾ, ਅਨੂਪ ਸਿੰਘ ਗੁਰੂਹਰਸਹਾਏ, ਪਰਵਿੰਦਰ ਸਿੰਘ ਲਾਲਚੀਆਂ, ਗੁਰਪ੍ਰੀਤ ਸਿੰਘ ਗੁੱਦੜ ਢੰਡੀ, ਗੁਰਮੋਹਨ ਸਿੰਘ ਪਿੰਡ ਕੜ੍ਹਮਾ ਨੂੰ ਸ਼ਾਮਲ ਕੀਤਾ ਗਿਆ ਹੈ। ਚੇਅਰਮੈਨ ਨਿਯੁਕਤ ਹੋਣ ਤੋਂ ਬਾਅਦ ਹਰਪਾਲ ਸਿੰਘ ਬੇਦੀ ਨੇ ਦੱਸਿਆ ਕਿ ਇਸ ਬੈਂਕ ਦੀ ਮੁੱਢਲੀ ਕਮੇਟੀ ਬਣਾਉਣ ਲਈ ਬੈਂਕ ਵੱਲੋਂ ਇਸ਼ਤਿਹਾਰ ਜਾਰੀ ਹੋਇਆ ਸੀ, ਜਿਸ ਜ਼ਰੀਏ ਅਸੀਂ ਇਸ ਬੈਂਕ ਦੀ ਕਮੇਟੀ ਲਈ ਨਾਮਜਦਗੀ ਪੱਤਰ ਦਾਖਲ ਕੀਤੇ, ਕਿਉਂਕਿ ਇਸ ਬੈਂਕ ਦੇ ਅਸੀਂ ਪੁਰਾਣੇ ਮੈਂਬਰ ਚਲੇ ਆ ਰਹੇ ਹਾਂ।ਉਨ੍ਹਾਂ ਦੱਸਿਆ ਕਿ ਬੈਂਕ ਦੀ ਇਸ ਕਮੇਟੀ ਲਈ ਕੁੱਲ 13 ਦਰਖਾਸਤਾਂ ਭਰੀਆਂ ਗਈਆਂ ਸਨ, ਜਿਨ੍ਹਾਂ 'ਚੋਂ ਚਾਰ ਰੱਦ ਹੋਣ ਤੋਂ ਬਾਅਦ 9 ਦਰਖਾਸਤਾਂ ਬਾਕੀ ਰਹਿ ਗਈਆਂ।ਹਰਪਾਲ ਸਿੰਘ ਬੇਦੀ ਨੇ ਦੱਸਿਆ ਕਿ ਇਸ ਬੈਂਕ ਦੀ ਚੋਣ ਲਈ ਕੋਈ ਵੀ ਆਦਮੀ ਜੋ ਬੈਂਕ ਦਾ ਮੈਂਬਰ ਹੋਵੇ ਉਹ ਦਰਖਾਸਤ ਭਰ ਸਕਦਾ ਸੀ ਤੇ ਇਸ ਕਮੇਟੀ ਦਾ ਕਿਸੇ ਵੀ ਰਾਜਨੀਤਕ ਪਾਰਟੀ ਨਾਲ ਸਬੰਧ ਨਹੀਂ ਹੈ।ਉਨ੍ਹਾਂ ਦੱਸਿਆ ਕਿ ਸਾਰੀ ਮੁੱਢਲੀ ਪ੍ਰਕਿਰਿਆ ਪੂਰੀ ਕੀਤੀ ਗਈ, ਜਿਸ ਵਿੱਚ ਪਹਿਲਾਂ ਡਾਇਰੈਕਟਰਾਂ ਦੀ ਚੋਣ ਹੋਈ ਤੇ ਚੁਣੇ ਹੋਏ ਡਾਇਰੈਕਟਰਾਂ ਨੇ ਬਾਅਦ 'ਚ ਮੀਟਿੰਗ ਕਰਦਿਆਂ ਮੈਨੂੰ ਇਸ ਬੈਂਕ ਲਈ ਚੇਅਰਮੈਨ ਨਿਯੁਕਤ ਕੀਤਾ ਹੈ।ਉਨ੍ਹਾਂ ਦੱਸਿਆ ਕਿ ਬੈਂਕ ਦੀਆਂ ਸਕੀਮਾਂ, ਕਰਜ਼ੇ ਵਗੈਰਾ ਆਦਿ ਸਬੰਧੀ ਕਿਸਾਨਾਂ ਨੂੰ ਸਮੇਂ-ਸਮੇਂ ਸਿਰ ਜਾਣਕਾਰੀ ਦਿੱਤੀ ਜਾਵੇਗੀ ਤੇ ਬੈਂਕ ਧਾਰਕਾਂ ਨੂੰ ਕੋਈ ਵੀ ਮੁਸ਼ਕਲ ਹੋਵੇ ਤਾਂ ਕਿਸਾਨ ਉਨ੍ਹਾਂ ਨੂੰ ਮਿਲ ਸਕਦਾ ਹੈ।ਇਸ ਤੋਂ ਪਹਿਲਾਂ ਪਲੇਠੀ ਮੀਟਿੰਗ ਦੌਰਾਨ ਕਮੇਟੀ ਨੇ ਕੰਮਾਂਕਾਜਾਂ ਲਈ ਵਿਚਾਰ ਵਟਾਂਦਰਾ ਵੀ ਕੀਤਾ।


## ਵਿਧਾਇਕ ਕੋਹਲੀ ਵੱਲੋਂ ਇਮਾਰਤਾਂ ਦੀ ਉਸਾਰੀ 'ਚ ਆਉਂਦੀਆਂ ਮੁਸ਼ਕਲਾਂ ਸੰਬੰਧੀ ਮੰਤਰੀ ਨੂੰ ਕਰਵਾਇਆ ਜਾਣੂ, ਕਾਰਵਾਈ ਸ਼ੁਰੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਦੀ ਨਬਜ਼ ਨੂੰ ਜਾਣਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਸ਼ਹਿਰ ਅੰਦਰ ਇਮਾਰਤਾਂ ਦੀ ਉਸਾਰੀ 'ਚ ਆਉਂਦੀਆਂ ਮੁਸ਼ਕਲਾਂ ਸਬੰਧੀ ਪੰਜਾਬ ਦੇ ਸਥਾਨਕ ਸਰਕਾਰ ਮੰਤਰੀ ਡਾ. ਰਵਜੋਤ ਸਿੰਘ ਨੂੰ ਬੀਤੇ ਦਿਨੀਂ ਅਰਧ ਸਰਕਾਰੀ ਪੱਤਰ ਲਿਖ ਕੇ ਜਾਣੂ ਕਰਵਾਇਆ ਸੀ, ਜਿਸ 'ਤੇ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਵਿਧਾਇਕ ਕੋਹਲੀ ਵੱਲੋਂ ਸਾਲ 2023 ਵਿੱਚ ਕਾਰਪੋਰੇਸ਼ਨ ਵਿੱਚ ਵੀ ਮਤਾ ਪਵਾਇਆ ਗਿਆ ਸੀ, ਜਿਸ ਤਹਿਤ ਸ਼ਹਿਰ ਅੰਦਰ ਬਹੁਮੰਜ਼ਿਲਾ ਇਮਾਰਤ ਬਣਾਉਣ ਦੀ ਪ੍ਰਵਾਨਗੀ ਦੇਣ ਦੀ ਗੱਲ ਆਖੀ ਗਈ ਸੀ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਤਿਹਾਸਕ ਸ਼ਹਿਰ ਪਟਿਆਲਾ ਲਈ ਤਿਆਰ ਮਾਸਟਰ ਪਲਾਨ ਅਤੇ ਉਸ ਦੀਆਂ ਸ਼ਰਤਾਂ ਸ਼ਹਿਰ ਦੇ ਅੰਦਰੂਨੀ ਹਿੱਸੇ 'ਤੇ ਲਾਗੂ ਹੋਣੀਆਂ ਮੁਸ਼ਕਲ ਹਨ, ਇਸ ਲਈ ਇਹ ਮਾਮਲਾ ਉਨ੍ਹਾਂ ਵੱਲੋਂ ਸਥਾਨਕ ਸਰਕਾਰਾਂ ਮੰਤਰੀ ਕੋਲ ਜ਼ੋਰਦਾਰ ਢੰਗ ਨਾਲ ਰੱਖਿਆ ਗਿਆ ਹੈ, ਜਿਸ 'ਤੇ ਵਿਭਾਗ ਵੱਲੋਂ ਕਾਰਵਾਈ ਅਰੰਭੀ ਗਈ ਹੈ, ਜਿਸ ਨਾਲ ਪਟਿਆਲਾ ਵਾਸੀਆਂ ਨੂੰ ਬੜੀ ਵੱਡੀ ਰਾਹਤ ਮਿਲੇਗੀ ਕਿਉਂਕਿ ਸ਼ਹਿਰ ਦੇ ਗੇਟਾਂ ਦੇ ਅੰਦਰ ਅੰਦਰ ਲੋਕਾਂ ਕੋਲ ਜਗ੍ਹਾ ਬਹੁਤ ਸੀਮਤ ਹੈ ਪ੍ਰੰਤੂ ਉਨ੍ਹਾਂ ਆਪਣੇ ਘਰਾਂ ਤੇ ਵਪਾਰਕ ਅਦਾਰਿਆਂ ਦੀ ਪਹਿਲੀ, ਦੂਸਰੀ ਤੇ ਤੀਸਰੀ ਮੰਜ਼ਿਲ ਛੱਤਣ ਲਈ ਨਕਸ਼ਾ ਪਾਸ ਕਰਵਾਉਣ ਵਾਸਤੇ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਉਨ੍ਹਾਂ ਦੱਸਿਆ ਕਿ ਮਾਸਟਰ ਪਲਾਨ ਦੀਆਂ ਸ਼ਰਤਾਂ ਅਨੁਸਾਰ ਕਿਸੇ ਵੀ ਕਮਰਸ਼ੀਅਲ ਇਮਾਰਤ ਦੀ ਉਸਾਰੀ ਲਈ ਸੜਕ ਦੀ ਚੌੜਾਈ 60 ਫੁੱਟ ਨਿਸ਼ਚਿਤ ਹੈ ਪਰ ਸ਼ਹਿਰ ਦੀ ਕੋਈ ਵੀ ਸੜਕ 60 ਫੁੱਟ ਚੌੜੀ ਨਹੀਂ। ਪੁਰਾਣੀਆਂ ਦੁਕਾਨਾਂ ਨੂੰ ਦੁਬਾਰਾ ਬਣਾਉਣ ਜਾਂ ਫੇਰ ਸ਼ੋਅਰੂਮ ਬਣਾਉਣ ਸਮੇਂ ਜ਼ਮੀਨ ਮਾਲਕਾਂ ਨੂੰ ਵੱਡੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਇਸ ਮਸਲੇ ਦੇ ਸਥਾਈ ਹੱਲ ਲਈ ਜ਼ਰੂਰੀ ਹੈ ਕਿ ਬਿਲਡਿੰਗ ਕਾਨੂੰਨ ਦੇ ਉਪਬੰਧਾਂ ਦੀ ਸ਼ਰਤਾਂ ਨੂੰ ਪਟਿਆਲਾ ਸ਼ਹਿਰ ਦੇ ਅੰਦਰਲੇ ਭਾਗ 'ਤੇ ਲਾਗੂ ਨਾ ਕੀਤਾ ਜਾਵੇ ਜਾਂ ਫੇਰ ਇਨ੍ਹਾਂ ਸ਼ਰਤਾਂ ਨੂੰ ਖਤਮ ਕੀਤਾ ਜਾਵੇ।ਵਿਧਾਇਕ ਕੋਹਲੀ ਨੇ ਕਿਹਾ ਕਿ ਇਸ ਸਬੰਧੀ 10 ਜੁਲਾਈ ਨੂੰ ਵੀ ਸਥਾਨਕ ਸਰਕਾਰਾਂ ਮੰਤਰੀ ਨੂੰ ਅਰਧ ਸਰਕਾਰੀ ਪੱਤਰ ਲਿਖਿਆ ਗਿਆ ਹੈ ਤੇ ਮਿਊਂਸੀਪਲ ਭਵਨ ਵਿਖੇ ਇਸ ਸਬੰਧੀ ਉੱਚ ਅਧਿਕਾਰੀਆਂ ਨਾਲ ਬੈਠਕ ਕੀਤੀ ਗਈ ਹੈ ਜਿਸ ਤੋਂ ਬਾਅਦ ਇਸ ਮਾਮਲੇ ਦੇ ਸਥਾਈ ਹੱਲ ਲਈ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਕਾਰਵਾਈ ਅਰੰਭ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਵਾਸੀਆਂ ਨੂੰ ਇਮਾਰਤ ਬਣਾਉਣ ਲਈ ਜਲਦ ਵੱਡੀ ਰਾਹਤ ਮਿਲੇਗੀ।

## ਸੰਗਰਾਣਾ 'ਚ ਕੇ ਕੇ ਯੂ ਦੀ ਚੋਣ, ਗੁਰਸੇਵਕ ਸਿੰਘ ਬਣੇ ਇਕਾਈ ਪ੍ਰਧਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਕਿਰਤੀ ਕਿਸਾਨ ਯੂਨੀਅਨ ਪਿੰਡ ਇਕਾਈ ਸਗਰਾਣਾ ਦੀ ਨਵੀਂ ਕਮੇਟੀ ਦੀ ਚੋਣ ਕੀਤੀ ਗਈ, ਜਿਸ 'ਚ ਸਰਬਸੰਮਤੀ ਨਾਲ ਗੁਰਸੇਵਕ ਸਿੰਘ ਬਰਾੜ ਨੂੰ ਪ੍ਰਧਾਨ, ਗੁਰਮੀਤ ਸਿੰਘ ਬਰਾੜ ਮੀਤ ਪ੍ਰਧਾਨ, ਜਗਤਾਰ ਸਿੰਘ ਚੋਟੀਆ ਖਜ਼ਾਨਚੀ, ਸਗਨਦੀਪ ਸਿੰਘ ਵੜਿੰਗ ਸਕੱਤਰ ਤੋਂ ਇਲਾਵਾ ਇਕਬਾਲ ਸਿੰਘ ਸਾਬਕਾ ਸਰਪੰਚ, ਹਰਮੀਤ ਸਿੰਘ ਫੌਜੀ, ਜਾਮਨ ਸਿੰਘ ਔਲਖ, ਸਰਜੀਤ ਸਿੰਘ ਔਲਖ, ਜਸਵੰਤ ਸਿੰਘ ਬਰਾੜ, ਹਰਬਾਜ ਸਿੰਘ ਬਰਾੜ, ਰਾਜਪ੍ਰੀਤ ਸਿੰਘ ਵੜਿੰਗ, ਨਾਇਬ ਸਿੰਘ ਵੜਿੰਗ ਤੇ ਜਗਮੀਤ ਸਿੰਘ ਬਰਾੜ ਕਮੇਟੀ ਮੈਂਬਰ ਚੁਣੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ, ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਤੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਕਿਹਾ ਕਿ ਅੱਜ ਪੰਜਾਬ ਦੀ ਕਿਸਾਨੀ ਕਰਜ਼ੇ ਦੇ ਬੋਝ ਹੇਠ ਦੱਬੀ ਹੋਣ ਕਰਕੇ ਗੰਭੀਰ ਆਰਥਿਕ ਸੰਕਟ ਦਾ ਸ਼ਿਕਾਰ ਹੈ। ਕਿਸਾਨੀ ਨੂੰ ਹੁਲਾਰਾ ਦੇਣ ਲਈ ਨਵੀਂ ਖੇਤੀ ਨੀਤੀ ਲਿਆਉਣ ਦੀ ਬਜਾਏ ਪੰਜਾਬ ਸਰਕਾਰ ਲੈਂਡ ਪੂਲਿੰਗ ਨੀਤੀ ਲਿਆ ਕੇ ਜਬਰੀ ਕਿਸਾਨਾਂ ਦੀਆਂ ਜ਼ਮੀਨਾਂ ਅਕਵਾਇਰ ਕਰਨ ਦੇ ਰਾਹ ਪੈ ਗਈ ਹੈ, ਜਿਸ ਖਿਲਾਫ ਕਿਸਾਨ ਮਜ਼ਦੂਰ ਮੁਲਾਜ਼ਮ ਵਿਦਿਆਰਥੀ ਨੌਜਵਾਨ ਜਥੇਬੰਦੀਆਂ ਵੱਲੋਂ ਸੰਗਰੂਰ ਵਿੱਚ 25 ਜੁਲਾਈ ਨੂੰ ਇੱਕ ਵਿਸ਼ਾਲ ਇਕੱਠ ਕੀਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਅੱਜ ਪੰਜਾਬ ਦੇ ਲੋਕਾਂ ਨੂੰ ਆਪਣੀ ਹੋਂਦ ਬਚਾਉਣ ਲਈ ਸੰਘਰਸ਼ਾਂ ਦੇ ਮੈਦਾਨ ਵਿੱਚ ਉਤਰਨ ਦੀ ਆਣਸਰਦੀ ਲੋੜ ਬਣ ਗਈ ਹੈ, ਅੱਜ ਪੰਜਾਬ ਹਤੈਸ਼ੀ ਲੋਕਾਂ ਦੀ ਅਣਸਰਦੀ ਲੋੜ ਬਣ ਗਈ ਹੈ। ਇਸ ਮੌਕੇ ਕੁਲਦੀਪ ਸਿੰਘ ਸਕੱਤਰ, ਬਲਜੀਤ ਸਿੰਘ ਝਬੇਲਵਾਲੀ, ਸੁਖਦੇਵ ਸਿੰਘ ਝਵੇਲਵਾਲੀ ਤੋਂ ਇਲਾਵਾ ਬਹੁਤ ਸਾਰੇ ਆਗੂ ਹਾਜ਼ਰ ਸਨ।

## ਵਿਦਿਆਰਥਣਾਂ ਦੀ ਹੀਮੋਗਲੋਬਿਨ ਜਾਂਚ ਕੀਤੀ



**ਨਾਭਾ (ਵਰਿੰਦਰ ਵਰਮਾ)**-ਭਾਰਤ ਵਿਕਾਸ ਪ੍ਰੀਸ਼ਦ ਇਕਾਈ ਵੱਲੋਂ ਪ੍ਰਧਾਨ ਨਰਿੰਦਰ ਵਰਮਾ, ਜਰਨਲ ਸਕੱਤਰ ਵਿਕਾਸ ਮਿੱਤਲ ਤੇ ਕੈਸ਼ੀਅਰ ਅਸ਼ਵਨੀ ਮਦਾਨ ਦੀ ਅਗਵਾਈ ਹੇਠ ਅਨੀਮੀਆ ਮੁਕਤ ਭਾਰਤ ਦੇ ਤਹਿਤ ਡੀਏਵੀ ਹਾਈ ਸਕੂਲ, ਗਊਸ਼ਾਲਾ ਰੋਡ ਦੁੱਲਦੀ ਗੇਟ ਵਿਖੇ 88 ਵਿਦਿਆਰਥਣਾਂ ਦੀ ਹੀਮੋਗਲੋਬਿਨ ਜਾਂਚ ਕੀਤੀ ਗਈ।ਹੀਨਾ ਸਿੰਗਲਾ, ਸੰਸਕਾਰ ਸੇਵਾ ਪ੍ਰਮੁੱਖ ਦਿਵਿਆ ਜੈਨ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਆਪਣੀ ਸਿਹਤ ਦਾ ਧਿਆਨ ਜ਼ਰੂਰ ਰੱਖਣਾ ਚਾਹੀਦਾ ਹੈ।ਸਮੇਂ-ਸਮੇਂ ਅਨੁਸਾਰ ਬਲੱਡ ਟੈਸਟ ਜ਼ਰੂਰ ਕਰਾਉਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਸਕੂਲ ਸਿਰਫ ਸਿੱਖਿਆ ਦਾ ਹੀ ਕੇਂਦਰ ਨਹੀਂ ਹਨ, ਸਗੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਜ਼ਬੂਤ ਪਲੇਟਫਾਰਮ ਹਨ, ਜੇ ਅਸੀਂ ਵਿਦਿਆਰਥੀਆਂ ਦੀ ਸਿਹਤ ਤੇ ਸੁਰੱਖਿਆ ਨੂੰ ਪਹਿਲ ਨਹੀਂ ਦਿੰਦੇ ਤਾਂ ਅਸੀਂ ਉਨ੍ਹਾਂ ਦੇ ਉੱਜਵਲ ਭਵਿੱਖ ਨਾਲ ਇਨਸਾਫ਼ ਨਹੀਂ ਕਰ ਸਕਦੇ।ਚਾਹੇ ਉਹ ਅਨੀਮੀਆ ਮੁਕਤ ਭਾਰਤ ਮੁਹਿੰਮ ਹੋਵੇ ਜਾਂ ਸੁਰੱਖਿਅਤ ਸਕੂਲ ਨੀਤੀ, ਇਹ ਦੋਵੇਂ ਮਿਸ਼ਨ ਉਦੋਂ ਹੀ ਸਫਲ ਹੋਣਗੇ ਜਦੋਂ ਹਰ ਸਕੂਲ ਮੁਖੀ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਏਗਾ।ਉਨ੍ਹਾਂ ਕਿਹਾ ਕਿ ਸਕੂਲ 'ਚ ਅਨੀਮੀਆ ਮੁਕਤ ਭਾਰਤ ਮੁਹਿੰਮ ਤੇ ਸੁਰੱਖਿਅਤ ਸਕੂਲ ਨੀਤੀ 'ਤੇ ਵਿਦਿਆਰਥਣਾ ਨੂੰ ਪ੍ਰੇਰਤ ਕੀਤਾ ਗਿਆ ਹੈ ਤੇ ਉਨ੍ਹਾਂ ਦਾ ਹੀਮੋਗਲੋਬਿਨ ਦੀ ਜਾਂਚ ਕੀਤੀ ਗਈ ਹੈ।ਇਸ ਮੌਕੇ ਜਨਰਲ ਸਕੱਤਰ ਵਿਕਾਸ ਮਿੱਤਲ ਅਤੇ ਕੈਸ਼ੀਅਰ ਅਸ਼ਵਨੀ ਮਦਾਨ ਵੱਲੋਂ ਵਿਦਿਆਰਥੀਆਂ ਨੂੰ ਆਇਰਨ ਦੀਆਂ ਗੋਲੀਆਂ ਵੰਡਦੇ ਹੋਏ ਸਕੂਲ ਮੁਖੀ ਨੂੰ ਅਪੀਲ ਕੀਤੀ ਕਿ ਉਹ ਐੱਚਬੀ ਟੈਸਟਿੰਗ ਆਇਰਨ ਟੈਬਲੇਟ ਵੰਡ ਕੇ ਸੁਰੱਖਿਆ ਮਾਪਦੰਡਾਂ ਨੂੰ ਪੂਰੀ ਇਮਾਨਦਾਰੀ ਤੇ ਸੰਵੇਦਨਸ਼ੀਲਤਾ ਨਾਲ ਲਾਗੂ ਕੀਤਾ ਜਾਵੇ।

## ਗਿੱਲੇ ਤੇ ਸੁੱਕੇ ਕੂੜੇ ਦੀ 100 ਫ਼ੀਸਦੀ ਸੈਗਰੀਗੇਸ਼ਨ ਯਕੀਨੀ ਬਣਾਈ ਜਾਵੇ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹੇ ਨੂੰ ਪ੍ਰਦੂਸ਼ਣ ਮੁਕਤ ਕਰਨ ਸਬੰਧੀ ਸਮੂਹ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਨੂੰ ਯਕੀਨੀ ਬਣਾਉਣ ਤਾਂ ਜੁ ਸ਼ਹੀਦਾਂ ਦੀ ਧਰਤੀ ਨੂੰ ਪ੍ਰਦੂਸ਼ਣ ਮੁਕਤ ਕੀਤਾ ਜਾ ਸਕੇ।ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਹਰਪ੍ਰੀਤ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਵਾਤਾਵਰਣ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।ਉਨ੍ਹਾਂ ਦੱਸਿਆ ਕਿ ਨੈਸ਼ਨਲ ਕਲੀਨ ਏਅਰ ਪ੍ਰੋਗਰਾਮ ਅਧੀਨ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਵੱਲੋਂ 5.33 ਕਰੋੜ ਰੁਪਏ ਖਰਚ ਕੇ ਵੱਖ-ਵੱਖ ਗਤੀਵਿਧੀਆਂ ਤੇ ਖਰਚ ਕੀਤੇ ਗਏ ਹਨ ਤੇ ਮਸ਼ੀਨਾਂ ਨਾਲ ਸੜਕਾਂ ਦੀ ਸਫਾਈ ਲਈ 2.70 ਕਰੋੜ ਰੁਪਏ ਖਰਚ ਕੇ ਸਵੀਪਿੰਗ ਮਸ਼ੀਨਾਂ ਤੇ ਡਸਟ ਕੰਟਰੋਲ ਆਦਿ ਦੀ ਖਰੀਦ ਕੀਤੀ ਗਈ ਹੈ।ਸ਼੍ਰੀ ਹਰਪ੍ਰੀਤ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਕਾਰਜ ਸਾਧਕ ਅਫਸਰਾਂ ਨੂੰ ਆਦੇਸ਼ ਦਿੱਤੇ ਕਿ 31 ਜੁਲਾਈ ਤੱਕ ਗਿੱਲੇ ਤੇ ਸੁੱਕੇ ਕੂੜੇ ਦੀ ਸੈਗਰੀਗੇਸ਼ਨ ਯਕੀਨੀ ਬਣਾਈ ਜਾਵੇ ਤੇ ਜ਼ਿਲ੍ਹੇ ਵਿੱਚ ਪੈਂਦੇ ਕੂੜੇ ਦੇ ਡੰਪਾਂ ਦੇ ਆਲੇ ਦੁਆਲੇ ਵੱਧ ਤੋਂ ਵੱਧ ਬੂਟੇ ਲਾਏ ਜਾਣ ਤਾਂ ਜੁ ਵਾਤਾਵਰਣ ਨੂੰ ਹਰਿਆ ਭਰਿਆ ਬਣਾਇਆ ਜਾ ਸਕੇ।ਉਨ੍ਹਾਂ ਟ੍ਰੈਫ਼ਿਕ ਪੁਲਸ ਦੇ ਅਧਿਕਾਰੀਆਂ ਨੂੰ ਕਿਹਾ ਕਿ ਆਵਾਜ਼ ਪ੍ਰਦੂਸ਼ਣ ਪੈਦਾ ਕਰਨ ਵਾਲੇ ਵਾਹਨਾਂ ਦੇ ਵੱਧ ਤੋਂ ਵੱਧ ਚਲਾਨ ਕੀਤੇ ਜਾਣ ਤੇ ਚਲਾਨ ਕਰਨ ਲਈ ਲੋੜੀਂਦੇ ਯੰਤਰ ਵੀ ਲਏ ਜਾਣ ਤਾਂ ਜੋ ਆਵਾਜ਼ ਪ੍ਰਦੂਸ਼ਣ ਪੈਦਾ ਕਰਨ ਵਾਲੇ ਵਾਹਨਾਂ ਨੂੰ ਠੱਲ ਪਾਈ ਜਾ ਸਕੇ।ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੰਡੀ ਗੋਬਿੰਦਗੜ੍ਹ ਦੇ ਇੰਡਸਟਰੀਅਲ ਏਰੀਏ ਵਿੱਚ ਪੈਂਦੇ ਫੋਕਲ ਪੁਆਇੰਟ ਨੂੰ ਜਾਣ ਵਾਲੀਆਂ ਸੜਕਾਂ ਦੀ ਮੁਰੰਮਤ ਕਰਵਾਈ ਜਾਵੇ।ਉਨ੍ਹਾਂ ਨੈਸ਼ਨਲ ਹਾਈਵੇਅ ਤੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਸੜਕਾਂ ਬਣਾਉਣ ਤੇ ਮੁਰੰਮਤ ਕਰਨ ਸਮੇਂ ਪਲਾਸਟਿਕ ਵੇਸਟ ਦੀ ਵਰਤੋਂ ਕਰਨ ਤੇ ਸਮੂਹ ਕਾਰਜ ਸਾਧਕ ਅਫਸਰਾਂ ਨੂੰ ਕਿਹਾ ਕਿ ਸੜਕਾਂ ਕਿਨਾਰੇ ਵੱਧ ਤੋਂ ਵੱਧ ਬੂਟੇ ਲਾਉਣ ਲਈ ਵੀ ਕਿਹਾ।

## ਕੇਬਲਾਂ ਚੋਰੀ ਕਰਨ ਦੇ ਦੋਸ਼ 'ਚ ਚਾਰ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮੋਟਰਾਂ ਦੀਆਂ ਕੇਬਲਾਂ ਚੋਰੀ ਕਰਨ ਦੇ ਦੋਸ਼ ਹੇਠ ਚਾਰ ਵਿਅਕਤੀਆਂ ਨੂੰ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਗੁਰਵਿੰਦਰ ਸਿੰਘ ਵਾਸੀ ਪਿੰਡ ਮੀਰਪੁਰ ਨੇ ਪੁਲਸ ਨੂੰ ਦੱਸਿਆ ਕਿ ਉਹ ਰਾਤ ਨੂੰ ਮੋਟਰ 'ਤੇ ਗੇੜਾ ਮਾਰਨ ਗਿਆ ਤਾਂ ਬਿਹਾਰੀ ਮੂਲ ਦਾ ਪ੍ਰਕਾਸ਼ ਨਾਮਕ ਵਿਅਕਤੀ ਕੇਬਲ ਦੀਆਂ ਤਾਰਾਂ ਨੂੰ ਅੱਗ ਲਗਾ ਕੇ ਉਸ ਵਿੱਚੋਂ ਤਾਂਬਾ ਕੱਢ ਰਿਹਾ ਸੀ, ਜਿਸ ਨੂੰ ਕਾਬੂ ਕਰਕੇ ਸਖਤੀ ਨਾਲ ਪੁੱਛਿਆ ਗਿਆ ਤਾਂ ਉਸ ਨੇ ਦੱਸਿਆ ਕਿ ਇੰਦਰਜੀਤ ਉਰਫ ਨੰਨੂ, ਕਰਨ ਉਰਫ ਲਾਡੀ ਤੇ ਨਰੇਸ਼ ਨਾਲ ਰਲ ਕੇ ਉਹ ਚੋਰੀ ਕੇਬਲਾਂ ਵੱਢ ਕੇ ਉਸ 'ਚੋਂ ਤਾਂਬਾ ਕੱਢ ਕੇ ਵੇਚਣ ਦਾ ਕੰਮ ਕਰਦੇ ਹਨ।ਗੁਰਵਿੰਦਰ ਸਿੰਘ ਦੇ ਬਿਆਨਾਂ 'ਤੇ ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਦਰਜ ਕੀਤੇ ਗਏ ਮੁਕੱਦਮੇ 'ਚ ਪ੍ਰਕਾਸ਼ ਵਾਸੀ ਬਿਹਾਰ, ਇੰਦਰਜੀਤ ਉਰਫ ਨੰਨੂ, ਕਰਨ ਉਰਫ ਲਾਡੀ ਵਾਸੀਆਨ ਮਦਰਾਸੀ ਕਲੋਨੀ ਸਰਹਿੰਦ ਤੇ ਨਰੇਸ਼ ਵਾਸੀ ਕੰਨਮੈਲੀਆ ਕਲੋਨੀ ਸਰਹਿੰਦ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਗੁਰਚਰਨ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਸਰਬੱਤ ਦਾ ਭਲਾ ਐੱਨ ਜੀ ਓ ਤੇ ਬਾਬੇ ਕੇ ਹਸਪਤਾਲ ਵੱਲੋਂ ਮੈਡੀਕਲ ਜਾਂਚ ਕੈਂਪ

### ਸਮਾਜ ਭਲਾਈ ਦੇ ਕੰਮ ਕਰਕੇ ਦਿਲ ਨੂੰ ਮਿਲਦੈ ਸਕੂਨ : ਐਡਵੋਕੇਟ ਅਗਰਵਾਲ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੇ ਨਿਹਾਲ ਸਿੰਘ ਵਾਲਾ ਰੋਡ ਉੱਪਰ ਸਥਿਤ ਅਗਰਵਾਲ ਪੈਟਰੋਲ ਪੰਪ 'ਤੇ ਸਰਬਤ ਦਾ ਭਲਾ ਐੱਨ.ਜੀ.ਓ. ਤੇ ਬਾਬੇ ਕੇ ਹਸਪਤਾਲ ਵੱਲੋਂ ਸਾਂਝੇ ਤੌਰ 'ਤੇ ਮੁਫਤ ਮੈਡੀਕਲ ਜਾਂਚ ਕੈਂਪ ਸਰਬਤ ਦਾ ਭਲਾ ਐੱਨ.ਜੀ.ਓ. ਦੇ ਚੇਅਰਮੈਨ ਐਡਵੋਕੇਟ ਅਮਿਤ ਅਗਰਵਾਲ ਦੀ ਅਗਵਾਈ ਹੇਠ ਲਗਾਇਆ ਗਿਆ, ਜਿਸ ਦੌਰਾਨ 125 ਮਰੀਜ਼ਾਂ ਵੱਲੋਂ ਆਪਣੀ ਜਾਂਚ ਕਰਵਾ ਕੇ ਮੁਫਤ ਦਵਾਈਆਂ ਪ੍ਰਾਪਤ ਕੀਤੀਆਂ ਗਈਆਂ।ਐਡਵੋਕੇਟ ਅਮਿਤ ਅਗਰਵਾਲ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਸਮੇਂ ਸਮੇਂ 'ਤੇ ਸਮਾਜ ਭਲਾਈ ਦੇ ਕਾਰਜ ਕਰਨ ਦੇ ਨਾਲ ਨਾਲ, ਜੋ ਗਰੀਬ ਲੋਕ ਮਹਿੰਗੇ ਨਿੱਜੀ ਹਸਪਤਾਲਾਂ ਵਿੱਚ ਆਪਣਾ ਇਲਾਜ ਕਰਵਾਉਣ ਤੋਂ ਅਸਮਰਥ ਹੁੰਦੇ ਹਨ, ਉਨ੍ਹਾਂ ਦੀ ਸਹੂਲਤ ਲਈ ਉਨ੍ਹਾਂ ਵੱਲੋਂ ਹਰ ਸਾਲ ਮੁਫਤ ਮੈਡੀਕਲ ਜਾਂਚ ਕੈਂਪ ਲਗਾਇਆ ਜਾਂਦਾ ਹੈ, ਜਿਸ ਦੇ ਤਹਿਤ ਇਸ ਵਾਰ ਵੀ ਸਰਬਤ ਦਾ ਭਲਾ ਐੱਨ.ਜੀ.ਓ. ਦੀ ਟੀਮ ਵੱਲੋਂ ਬਾਬੇ ਕੇ ਹਸਪਤਾਲ ਦੇ ਸਹਿਯੋਗ ਨਾਲ ਇਹ ਕੈਂਪ ਲਗਾਇਆ ਗਿਆ ਅਤੇ ਭਾਰੀ ਬਾਰਿਸ਼ ਹੋਣ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਗਰੀਬ ਵਰਗ ਤੇ ਮੱਧ ਵਰਗੀ ਲੋਕਾਂ ਨੇ ਇਸ ਦਾ ਫਾਇਦਾ ਉਠਾਇਆ।ਮੈਡੀਕਲ ਕੈਂਪ ਦੌਰਾਨ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਐਡਵੋਕੇਟ ਅਮਿਤ ਅਗਰਵਾਲ ਤੇ ਡਾ. ਸੁਮਿਤ ਸਾਹਿਲ ਨੇ ਦੱਸਿਆ ਕਿ ਡਾਕਟਰਾਂ ਦੀ ਟੀਮ ਵੱਲੋਂ 45 ਈ.ਸੀ.ਜੀ.ਐਸ, 70 ਬਲੱਡ ਸ਼ੂਗਰ ਟੈਸਟ ਤੇ ਕੰਨ ਦਰਦ ਜਾਂ ਸੁਣਨ ਦੀ ਸਮੱਸਿਆ, ਨੱਕ ਵਗਣਾ, ਐਲਰਜੀ, ਗਲੇ ਵਿੱਚ ਦਰਦ, ਸੁਜਨ, ਆਵਾਜ਼ ਬੈਠਣਾ, ਆਮ ਈਐੱਨਟੀ ਸਮੱਸਿਆਵਾਂ ਦੀ ਮੁਫ਼ਤ ਜਾਂਚ ਦੇ ਇਲਾਵਾ ਹੋਰ ਜਨਰਲ ਬਿਮਾਰੀਆਂ ਦਾ ਚੈੱਕਅਪ ਕਰਕੇ ਮੁਫਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।ਇਸ ਮੌਕੇ ਗੁਰਪ੍ਰੀਤ ਸਿੰਘ ਕੈਂਥ, ਗੁਰਪ੍ਰੀਤ ਸਦਿਓੜਾ, ਸੌਰਵ ਸ਼ਰਮਾ, ਬੱਬੂ ਚੱਡਾ, ਸੁਖਮਨ ਬਰਾੜ ਵੱਲੋਂ ਇਸ ਮੌਕੇ ਬਾਬੇ ਕੇ ਹਸਪਤਾਲ ਵੱਲੋਂ ਆਈ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅਪ ਕਰਨ ਤੇ ਦਵਾਈਆਂ ਮਹੱਈਆ ਕਰਵਾਉਣ 'ਤੇ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਕੈਂਪ ਦੌਰਾਨ ਮਰੀਜ਼ਾਂ ਦੀ ਸਹੂਲਤ ਵਾਸਤੇ ਸੰਸਥਾ ਵੱਲੋਂ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਸਨ।ਅਖੀਰ ਵਿੱਚ ਐਡਵੋਕੇਟ ਅਮਿਤ ਅਗਰਵਾਲ ਨੇ ਕੈਂਪ ਨੂੰ ਸਫਲ ਬਣਾਉਣ ਵਾਸਤੇ ਡਾਕਟਰਾਂ ਦੀ ਟੀਮ ਤੇ ਸਮੂਹ ਸੰਸਥਾ ਦੇ ਮੈਂਬਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸੰਸਥਾ ਦੇ ਸਮੂਹ ਮੈਂਬਰਜ਼ ਬਹੁਤ ਹੀ ਮਿਹਨਤੀ ਹਨ ਤੇ ਜਦੋਂ ਵੀ ਉਨ੍ਹਾਂ ਵੱਲੋਂ ਸਮਾਜ ਸੇਵਾ ਦੇ ਕੰਮ ਉਲੀਕੇ ਜਾਂਦੇ ਹਨ ਤਾਂ ਉਹ ਸਮਾਜ ਸੇਵਾ ਕਾਰਜਾਂ ਵਿੱਚ ਆਪਣਾ ਅਹਿਮ ਰੋਲ ਅਦਾ ਕਰਦੇ ਹਨ, ਜਿਸ ਲਈ ਉਨ੍ਹਾਂ ਦੀ ਟੀਮ ਵਧਾਈ ਦੀ ਪਾਤਰ ਹੈ।

...ਸ.ਫ਼ਾ 1 ਦਾ ਬਾਕੀ

### ਚੋਣ ਕਮਿਸ਼ਨ...

ਵੱਲੋਂ ਧੋਖਾਧੜੀ ਦੀ ਇਜਾਜ਼ਤ ਦੇਣ ਦੇ 100 ਫੀਸਦੀ ਠੋਸ ਸਬੂਤ ਹਨ। ਰਾਹੁਲ ਨੇ ਸੰਸਦ ਭਵਨ ਦੇ ਅਹਾਤੇ ਵਿੱਚ ਪੱਤਰਕਾਰਾਂ ਨੂੰ ਕਿਹਾ, "ਮੈਂ ਚੋਣ ਕਮਿਸ਼ਨ ਨੂੰ ਇੱਕ ਸੰਦੇਸ਼ ਭੇਜਣਾ ਚਾਹੁੰਦਾ ਹਾਂ-ਜੇਕਰ ਤੁਸੀਂ ਸੋਚਦੇ ਹੋ ਕਿ ਤੁਸੀਂ ਇਸ ਤੋਂ ਬਚ ਜਾਓਗੇ, ਜੇਕਰ ਤੁਹਾਡੇ ਅਧਿਕਾਰੀ ਸੋਚਦੇ ਹਨ ਕਿ ਉਹ ਇਸ ਤੋਂ ਬਚ ਜਾਣਗੇ, ਤਾਂ ਤੁਸੀਂ ਗਲਤ ਹੋ, ਤੁਸੀਂ ਇਸ ਤੋਂ ਬਚ ਨਹੀਂ ਸਕੋਗੇ ਕਿਉਂਕਿ ਅਸੀਂ ਤੁਹਾਡੇ ਲਈ ਆਉਣ ਵਾਲੇ ਹਾਂ।"

## ਸ੍ਰੀ ਸ਼ੀਤਲਾ ਮਾਤਾ ਲੰਗਰ ਕਮੇਟੀ ਨੇ ਝੰਡਾ ਪੂਜਨ ਕਰਕੇ ਕੱਢੀ ਸ਼ੋਭਾ ਯਾਤਰਾ

**ਕੋਟ ਈਸੇ ਖਾਂ (ਅਰੋੜਾ)**-ਸ੍ਰੀ ਸ਼ੀਤਲਾ ਮਾਤਾ ਲੰਗਰ ਕਮੇਟੀ (ਰਜਿ:) ਵੱਲੋਂ ਕਸਬੇ ਵਿੱਚ 26ਵੇਂ ਸਾਲਾਨਾ ਮਾਤਾ ਰਾਣੀ ਦੇ ਝੰਡੇ ਦੀ ਸ਼ੋਭਾ ਯਾਤਰਾ ਬੜੀ ਸ਼ਰਧਾ ਨਾਲ ਕੱਢੀ ਗਈ।ਸਭ ਤੋਂ ਪਹਿਲਾਂ ਸ੍ਰੀ ਸ਼ੀਤਲਾ ਮਾਤਾ ਲੰਗਰ ਕਮੇਟੀ ਦੇ ਸੇਵਾਦਾਰਾਂ ਵੱਲੋਂ ਸ੍ਰੀ ਸ਼ਿਵ ਸ਼ਕਤੀ ਮੰਦਰ ਦਾਤਾ ਰੋਡ ਵਿਖੇ ਮਾਤਾ ਰਾਣੀ ਦੇ ਝੰਡੇ ਦੀ ਪੂਜਾ ਕੀਤੀ ਗਈ। ਉਪਰੰਤ ਕਸਬੇ 'ਚ ਝੰਡੇ ਦੀ ਸ਼ੋਭਾ ਯਾਤਰਾ ਕੱਢੀ ਗਈ।ਝੰਡੇ ਦੀ ਸ਼ੋਭਾ ਯਾਤਰਾ ਦੌਰਾਨ ਬਹੁਤੇ ਕੌਂਸਲਰਾਂ ਸਮੇਤ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਪਾਰਟੀ ਦੇ ਨੁਮਾਇੰਦਿਆਂ ਤੋਂ ਇਲਾਵਾ ਮੋਹਤਬਰ ਤੇ ਪਤਵੰਤਿਆਂ ਨੇ ਪਹੁੰਚ ਕੇ ਮਾਤਾ ਰਾਣੀ ਦਾ ਅਸ਼ੀਰਵਾਦ ਲਿਆ।ਮਾਤਾ ਰਾਣੀ ਦੇ ਝੰਡੇ ਦੀ ਸ਼ੋਭਾ ਯਾਤਰਾ ਦੌਰਾਨ ਵੱਖ-ਵੱਖ ਪੜਾਵਾਂ 'ਤੇ ਕਸਬਾ ਨਿਵਾਸੀਆਂ ਅਤੇ ਭਗਤਾਂ ਨੇ ਤਰ੍ਹਾਂ-ਤਰ੍ਹਾਂ ਦੇ ਲੰਗਰ ਲਾ ਕੇ ਸ਼ੋਭਾ ਯਾਤਰਾ ਦਾ ਸੁਆਗਤ ਕੀਤਾ।ਸ੍ਰੀ ਸ਼ੀਤਲਾ ਮਾਤਾ ਲੰਗਰ ਕਮੇਟੀ ਦੇ ਸੇਵਾਦਾਰਾਂ ਨੇ ਦੱਸਿਆ ਕਿ ਹਰ ਸਾਲ ਇਲਾਕਾ ਨਿਵਾਸੀਆਂ, ਕਸਬਾ ਨਿਵਾਸੀਆਂ ਤੇ ਵਿਦੇਸ਼ ਵਿੱਚ ਬੈਠੇ ਭੈਣਾਂ-ਭਰਾਵਾਂ ਦੇ ਸਹਿਯੋਗ ਨਾਲ ਲੰਗਰ ਕਮੇਟੀ ਵੱਲੋਂ ਸ੍ਰੀ ਸ਼ੀਤਲਾ ਮਾਤਾ ਮੰਦਰ (ਹਿਮਾਚਲ ਪ੍ਰਦੇਸ਼) ਵਿੱਚ ਸਲਾਨਾ ਲੰਗਰ ਲਾਇਆ ਜਾਂਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਇਸ ਸਾਲ ਵੀ 26 ਜੁਲਾਈ ਤੋਂ 01 ਅਗਸਤ ਤੱਕ ਸਾਲਾਨਾ ਲੰਗਰ ਮਾਤਾ ਸ਼ੀਤਲਾ (ਹਿਮਾਚਲ ਪ੍ਰਦੇਸ਼) ਦੇ ਦਰਬਾਰ 'ਤੇ ਲੱਗੇਗਾ।ਉਨ੍ਹਾਂ ਅੱਗੇ ਕਿਹਾ ਕਿ ਕਸਬੇ 'ਚੋਂ ਜੋ ਵੀ ਦਾਨ ਇਕੱਠਾ ਕੀਤਾ ਜਾ ਰਿਹਾ ਹੈ, ਉਸ ਦਾ ਇੱਕ-ਇੱਕ ਪੈਸਾ ਕੋਟ ਈਸੇ ਖਾਂ ਵਾਲਿਆਂ ਦੀ ਮਾਤਾ ਚਿੰਤਪੁਰਨੀ ਦੇ ਦਰਬਾਰ ਤੇ ਬਨਣ ਵਾਲੀ ਧਰਮਸ਼ਾਲਾ ਵਿੱਚ ਲਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਸ੍ਰੀ ਸ਼ੀਤਲਾ ਮਾਤਾ ਲੰਗਰ ਕਮੇਟੀ ਨੂੰ ਕਸਬੇ ਤੇ ਇਲਾਕੇ ਵਿੱਚੋਂ ਦਾਨੀ ਸੱਜਣਾਂ ਦਾ ਬਹੁਤ ਵੱਡਾ ਸਹਿਯੋਗ ਮਿਲ ਰਿਹਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਨਰੇਗਾ ਮਜ਼ਦੂਰ ਯੂਨੀਅਨ ਵੱਲੋਂ ਅੱਜ ਦੇ ਡੀ ਸੀ ਦਫਤਰ ਧਰਨੇ ਸੰਬੰਧੀ ਲਾਮਬੰਦੀ ਮੀਟਿੰਗ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਨਰੇਗਾ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸੰਚਾਲਕ ਬਲਕਾਰ ਸਿੰਘ ਦੁਧਾਲਾ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ.ਪ੍ਰਧਾਨ ਲਖਵਿੰਦਰ ਗੋਪਾਲਪੁਰ ਵੱਲੋਂ ਜ਼ਿਲੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ



ਨਰੇਗਾ ਮਜ਼ਦੂਰ ਯੂਨੀਅਨ ਵੱਲੋਂ 25 ਜੁਲਾਈ ਨੂੰ ਡੀ. ਸੀ. ਦਫਤਰ ਅੰਮ੍ਰਿਤਸਰ ਦੇ ਸਾਹਮਣੇ ਲਗਾਏ ਜਾਣ ਵਾਲੇ ਧਰਨੇ ਵਿੱਚ ਸ਼ਾਮਲ ਹੋਣ ਵਾਸਤੇ ਲਾਮਬੰਦ ਕੀਤਾ ਗਿਆ।ਇਸ ਸਬੰਧੀ ਕਾ: ਬਲਕਾਰ ਸਿੰਘ ਦੁਧਾਲਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਪੰਜਾਬ ਅਤੇ ਕੇਂਦਰ ਦੀ ਸਰਕਾਰਾਂ ਨਰੇਗਾ ਕਾਨੂੰਨ ਨੂੰ ਖਤਮ ਕਰਨਾ ਚਾਹੁੰਦੀਆਂ ਹਨ, ਪਰ ਪੰਜਾਬ ਦੇ ਨਰੇਗਾ ਮਜ਼ਦੂਰ ਅਤੇ ਬੇਜ਼ਮੀਨੇ ਕਿਸਾਨ ਇਹ ਕੰਮ ਹਰਗਿਜ਼ ਨਹੀਂ ਹੋਣ ਦੇਣਗੇ।ਮਜ਼ਦੂਰਾਂ ਨੂੰ ਨਵੇਂ ਜਾਬ ਕਾਰਡ ਵੀ ਨਹੀਂ ਬਣਾ ਕੇ ਦਿੱਤੇ ਜਾ ਰਹੇ, ਨਰੇਗਾ ਮਜ਼ਦੂਰਾਂ ਨੂੰ ਜੋ ਸਾਮਾਨ ਉਨ੍ਹਾਂ ਦੇ ਕੰਮ ਕਰਨ ਦੀ ਵਰਤੋਂ ਵਿੱਚ ਆਉਂਦਾ ਹੈ ਉਹ ਕਿਸੇ ਵੀ ਪਿੰਡ ਵਿੱਚ ਨਹੀਂ ਦਿੱਤਾ ਜਾ ਰਿਹਾ।ਫਸਟਏਡ ਕਿੱਟ ਵੀ ਕੰਮ ਕਰਨ ਵਾਲੀ ਜਗ੍ਹਾ 'ਤੇ ਉਪਲਬਧ ਨਹੀਂ ਹੁੰਦੀ।ਮਜ਼ਦੂਰਾਂ ਨੂੰ 100 ਦਿਨ ਦਾ ਕੰਮ ਨਹੀਂ ਦਿੱਤਾ ਜਾ ਰਿਹਾ।ਇਨ੍ਹਾਂ ਮਸਲਿਆਂ ਨੂੰ ਲੈ ਕੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਪਿਛਲੇ ਪੰਦਰਾਂ ਸਾਲਾਂ ਤੋਂ ਸੰਘਰਸ਼ ਕਰਦੀ ਆ ਰਹੀ ਹੈ।ਇਸ ਸੰਘਰਸ਼ ਨੂੰ ਹੋਰ ਪ੍ਰਚੰਡ ਕਰਨ ਵਾਸਤੇ ਯੂਨੀਅਨ 25 ਜੁਲਾਈ ਨੂੰ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਡੀਸੀ ਦਫਤਰਾਂ ਦੇ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਵਾਸਤੇ ਲੋਕਾਂ ਨੂੰ ਲਾਮਬੰਦ ਕਰ ਰਹੀ ਹੈ ਜਿਸਦੇ ਤਹਿਤ ਖੁਸ਼ੀਪੁਰ, ਕੋਟਲਾ ਸੈਦਾਂ, ਕੱਥੂਨੰਗਲ, ਅਬਦਾਲ, ਚਵਿੰਡਾ ਦੇਵੀ, ਖੈੜੇ, ਲਹਿਰਕਾ, ਬੱਠੂਚੱਕ, ਸਿੱਧਵਾਂ, ਬਾਬੋਵਾਲ, ਕੈਰੋਂ ਨੰਗਲ, ਹਦਾਇਤਪੁਰ, ਢੱਡੇ, ਭੁੱਲਰ, ਕੋਟ, ਦੁਧਾਲਾ, ਤਲਵੰਡੀ ਮਹਿਣੀਆਂ ਜੇਠੂਵਾਲ ਅਤੇ ਗੋਪਾਲਪੁਰ ਆਦਿ ਪਿੰਡਾਂ ਦੇ ਨਰੇਗਾ ਮਜ਼ਦੂਰਾਂ ਨੂੰ ਦੀਆਂ ਮੀਟਿੰਗਾਂ ਕੀਤੀਆਂ ਗਈਆਂ।ਮਜ਼ਦੂਰਾਂ ਨੇ ਮੁਜ਼ਾਹਰੇ ਵਿੱਚ ਵੱਧ ਚੜ੍ਹ ਹਿੱਸਾ ਲੈਣ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ 25 ਤਰੀਕ ਨੂੰ ਡੀ. ਸੀ. ਨੂੰ ਇਸ ਸਬੰਧੀ ਮੰਗ ਪੱਤਰ ਵੀ ਦਿੱਤਾ ਜਾਏਗਾ।

# ਲੈਂਡ ਪੂਲਿੰਗ ਨੀਤੀ ਤਹਿਤ ਘਰਾਲੇ ਦੀ ਜ਼ਮੀਨ ਲੈਣ ਵਿਰੁੱਧ ਐੱਸ ਕੇ ਐੱਮ 30 ਨੂੰ ਕਰੇਗਾ ਟਰੈਕਟਰ ਮਾਰਚ

**ਧਾਰੀਵਾਲ (ਗੁਰਦਾਸਪੁਰ) (ਮਨਦੀਪ ਸਿੰਘ ਵਿੱਕੀ)**- ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਵੱਲੋਂ 30 ਜੁਲਾਈ ਨੂੰ ਪੰਜਾਬ ਭਰ ਵਿੱਚ ਟਰੈਕਟਰ ਮਾਰਚ ਕਰਨ ਦੇ ਸੱਦੇ ਦੇ ਸੰਬੰਧ ਵਿੱਚ ਸੰਯੁਕਤ ਕਿਸਾਨ ਮੋਰਚਾ ਗੁਰਦਾਸਪੁਰ ਅਤੇ ਜਮੀਨ ਬਚਾਓ ਸੰਘਰਸ਼ ਕਮੇਟੀ ਪਿੰਡ ਘਰਾਲਾ ਦੀ ਸਾਂਝੀ ਮੀਟਿੰਗ ਜ਼ਮੀਨ ਬਚਾਓ ਮੋਰਚੇ ਦੇ ਪ੍ਰਧਾਨ ਰਜਿੰਦਰ ਸਿੰਘ ਸੋਨਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ 30 ਜੁਲਾਈ ਦੇ ਟਰੈਕਟਰ ਮਾਰਚ ਦੀ ਵਿਉਤਬੰਦੀ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਸੁਖਦੇਵ ਸਿੰਘ ਭਾਗੋਕਾਵਾਂ, ਗੁਲਜਾਰ ਸਿੰਘ ਬਸੰਤਕੋਟ, ਹਰਜੀਤ ਸਿੰਘ ਕਾਹਲੋਂ, ਅਸ਼ੋਕ ਭਾਰਤੀ, ਰਾਜ ਗੁਰਵਿੰਦਰ ਸਿੰਘ ਲਾਡੀ, ਮੰਗਤ ਸਿੰਘ ਜੀਵਨ ਚੱਕ, ਗੁਰਮੁਖ ਸਿੰਘ ਖਹਿਰਾ, ਅਜੀਤ ਸਿੰਘ ਹੁੰਦਲ, ਜਗੀਰ ਸਿੰਘ ਸਲਾਚ, ਰਘਬੀਰ ਸਿੰਘ ਚਾਹਲ, ਗੁਰਦੀਪ ਸਿੰਘ ਮੁਸਤਫਾਬਾਦ ਆਦਿ ਬੁਲਾਰਿਆਂ ਨੇ ਦੋਸ਼ ਲਾਇਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਖਾਹਮਖਾਹ ਬਿਨਾਂ ਕਿਸੇ ਲੋੜ ਦੇ ਕਿਸਾਨਾਂ ਤੋਂ ਜ਼ਮੀਨ ਖੋਹ ਕੇ ਉਹਨਾਂ ਨੂੰ ਹੱਥਲ ਕਰਨਾ ਚਾਹੁੰਦੀ ਹੈ। ਇਸ ਨੀਤੀ ਦਾ ਲੋਕਾਂ ਨੂੰ ਕੋਈ ਫਾਇਦਾ ਨਹੀਂ। ਸਰਕਾਰ ਦਾ ਮਨਸ਼ਾ ਸਸਤੇ ਭਾਅ ਜ਼ਮੀਨ ਖਰੀਦ ਕੇ ਬਹੁਤ ਮਹਿੰਗੇ ਭਾਅ ਆਪਣੇ ਖਾਸ ਅਮੀਰ ਬੰਦਿਆਂ ਕੋਲ ਵੇਚਣ ਦਾ ਹੈ। ਉਹਨਾਂ ਰਾਹੀਂ ਚੋਣ ਲਈ ਫੰਡ ਇਕੱਤਰ ਕੀਤਾ ਜਾਵੇਗਾ। ਆਗੂਆਂ ਨੇ ਦੋਸ਼ ਲਾਇਆ ਕਿ ਇਹ ਨੀਤੀ ਬਹੁਤ ਹੀ ਖਤਰਨਾਕ ਹੈ। ਇਸ ਨਾਲ ਪੰਜਾਬ ਦਾ ਕਿਸਾਨ ਉਜੜ ਜਾਵੇਗਾ। ਪਿੰਡ ਕਰਾਲਾ ਵਿੱਚ 80 ਏਕੜ ਜ਼ਮੀਨ ਇਸ ਨੀਤੀ ਤਹਿਤ ਜਬਰੀ ਲਈ ਜਾ ਰਹੀ ਹੈ। ਇਸ ਬਾਰੇ ਉਥੋਂ ਦੇ ਕਿਸਾਨਾਂ ਨੇ ਹਲਫੀਆ ਬਿਆਨ ਦੇ ਕੇ ਵੀ ਮੰਗ ਕੀਤੀ ਹੈ ਕਿ ਉਹਨਾਂ ਤੋਂ ਇਹ ਜ਼ਮੀਨ ਨਾ ਲਈ ਜਾਵੇ। ਉਹ ਇਹ ਜ਼ਮੀਨ




ਨਹੀਂ ਦੇਣਾ ਚਾਹੁੰਦੇ ਪ੍ਰੰਤੂ ਸਰਕਾਰ ਨੇ ਅਜੇ ਇਸ ਨੂੰ ਰੱਦ ਕਰਨ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ। ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚਾ ਜ਼ਮੀਨ ਬਚਾਓ ਸੰਘਰਸ਼ ਕਮੇਟੀ ਪਿੰਡ ਘਰਾਲਾ ਦੇ ਸਹਿਯੋਗ ਨਾਲ ਕਰਾਲਾ ਅਤੇ ਹੋਰ ਨਾਲ ਦੇ ਪਿੰਡਾਂ ਵਿੱਚ ਗੁਰਦਾਸਪੁਰ ਸ਼ਹਿਰ ਵਿੱਚ ਵੱਡਾ ਟਰੈਕਟਰ ਮਾਰਚ ਕਰੇਗਾ। ਇਸ ਤੋਂ ਪਹਿਲਾਂ ਬੱਸ ਸਟੈਂਡ ਦੇ ਕੋਲ ਸਾਰੇ ਟਰੈਕਟਰ 11 ਵਜੇ ਇਕੱਠੇ ਹੋਣਗੇ। ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਜੇ ਲੈਂਡ ਪੂਲਿੰਗ ਸਬੰਧੀ ਨੋਟੀਫਿਕੇਸ਼ਨ ਰੱਦ ਨਾ ਕੀਤਾ ਗਿਆ ਤਾਂ ਵੱਡੇ ਸੰਘਰਸ਼ ਦਾ ਸਾਹਮਣਾ ਕਰਨਾ ਪਵੇਗਾ। ਮੀਟਿੰਗ ਤੋਂ ਬਾਅਦ ਪਿੰਡ ਘਰਾਲੇ ਦੇ ਵੱਲੋਂ ਆਮ ਇਜਲਾਸ ਕਰਕੇ ਜ਼ਮੀਨ ਨਾ ਦੇਣ ਦਾ ਪਾਇਆ ਮਤਾ ਡੀਸੀ ਗੁਰਦਾਸਪੁਰ ਨੂੰ ਸੌਂਪਿਆ ਗਿਆ। ਹੋਰਨਾਂ ਤੋਂ ਇਲਾਵਾ ਇਸ ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਦੇ ਹਰਜੀਤ ਸਿੰਘ ਕਾਹਲੋਂ, ਮਾਸਟਰ ਰਘਬੀਰ ਸਿੰਘ ਚਾਹਲ, ਮੱਖਣ ਸਿੰਘ ਤਿੱਬੜ, ਪੰਜਾਬ ਕਿਸਾਨ ਯੂਨੀਅਨ ਤੋਂ ਸੁਖਦੇਵ ਸਿੰਘ ਭਾਗੋਕਾਵਾਂ ਅਤੇ ਅਸ਼ਵਨੀ ਕੁਮਾਰ ਬੀ ਕੇ ਯੂ ਉਗਰਾਹਾਂ ਤੋਂ ਗੁਰਮੁਖ ਸਿੰਘ, ਬੀ ਕੇ ਯੂ ਡਕਾਉਂਦਾ ਦੇ ਮੰਗਲ ਸਿੰਘ ਜੀਵਨ ਚੱਕ, ਬੀ ਕੇ ਯੂ ਕਾਦੀਆਂ ਦੇ ਗੁਰਦੀਪ ਸਿੰਘ, ਪੋਲਟਰੀ ਫਾਰਮਰ ਐਸੋਸੀਏਸ਼ਨ ਦੇ ਦਿਲਬਾਗ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਅਸ਼ੋਕ ਭਾਰਤੀ, ਬੀ ਕੇ ਯੂ ਕ੍ਰਾਂਤੀਕਾਰੀ ਦੇ ਰਾਜਗੁਰਵਿੰਦਰ ਸਿੰਘ, ਆਲ ਇੰਡੀਆ ਕਿਸਾਨ ਸਭਾ ਦੇ ਗੁਲਜਾਰ ਸਿੰਘ ਬਸੰਤ ਕੋਟ ਅਤੇ ਬਲਬੀਰ ਸਿੰਘ ਕੱਤੋਵਾਲ ਅਤੇ ਕੁਲ ਹਿੰਦ ਕਿਸਾਨ ਸਭਾ ਗਰੇਵਾਲ ਦੇ ਲਖਵਿੰਦਰ ਸਿੰਘ ਅਸ਼ਵਨੀ ਕੁਮਾਰ ਲੱਖਣ ਕਲਾਂ, ਮੱਖਣ ਸਿੰਘ ਤਿੱਬੜ, ਕਰਨੈਲ ਸਿੰਘ ਸ਼ੇਰਪੁਰ, ਅਬਿਨਾਸ਼ ਸਿੰਘ, ਕੁਲਜੀਤ ਸਿੰਘ ਸਿੱਧਵਾਂ ਜਮੀਤਾ, ਪਲਵਿੰਦਰ ਸਿੰਘ, ਬਲਪ੍ਰੀਤ ਸਿੰਘ, ਪ੍ਰਿੰਸ, ਰਣਜੀਤ ਸਿੰਘ ਰਾਣਾ ਘਰਾਲਾ, ਜਗੀਰ ਸਿੰਘ ਸਲਾਚ, ਕਰਨੈਲ ਸਿੰਘ ਸ਼ੇਰਪੁਰ ਆਦਿ ਹਾਜ਼ਰ ਸਨ। ਇੱਕ ਮਤੇ ਰਾਹੀਂ ਪੰਜਾਬ ਸਰਕਾਰ ਤੋਂ ਯੂਰੀਆ ਖਾਦ ਦੀ ਸਪਲਾਈ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ।

# ਆਰ ਐੱਮ ਪੀ ਡਾਕਟਰਾਂ ਦੀ ਮਹੀਨਾਵਾਰ ਮੀਟਿੰਗ ਭਲਕੇ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ.) ਜ਼ਿਲ੍ਹਾ ਗੁਰਦਾਸਪੁਰ (ਆਰ ਐਮ ਪੀ ਡਾਕਟਰਾਂ) ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾਕਟਰ ਚਮਨ ਲਾਲ ਬਟਾਲਾ ਤੇ ਜ਼ਿਲ੍ਹਾ ਜਨਰਲ ਸਕੱਤਰ ਡਾਕਟਰ ਅਸ਼ੋਕ ਕੁਮਾਰ ਬਟਾਲਾ ਦੀ ਪ੍ਰਧਾਨਗੀ ਹੇਠ 26 ਜੁਲਾਈ ਨੂੰ ਦੁਪਹਿਰ 1 ਵਜੇ ਵੰਡਰ ਹੋਟਲ ਜਲੰਧਰ ਰੋਡ ਬਟਾਲਾ ਵਿਖੇ ਹੋਵੇਗੀ। ਇਹ ਸਬੰਧੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਡਾਕਟਰ ਲਖਵਿੰਦਰ ਸਿੰਘ ਸੰਧੂ ਔਲਖ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਫੋਰਟਿਸ ਐਸਕੋਰਟਸ ਹਸਪਤਾਲ



ਅੰਮ੍ਰਿਤਸਰ ਦੇ ਮਾਹਿਰ ਡਾਕਟਰ ਗੌਰਵ ਸਿਗਲਾ ਆਪਣੇ ਵੱਖ ਵੱਖ ਰੋਗਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਵੱਖ ਵੱਖ ਰੋਗਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦੇਣਗੇ। ਡਾਕਟਰ ਸੰਧੂ ਨੇ ਜ਼ਿਲ੍ਹੇ ਭਰ ਦੇ ਆਰਐਮਪੀ ਡਾਕਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨਿੱਜੀ ਮੁਫਾਦਾਂ ਤੋਂ ਉੱਪਰ ਉੱਠ ਕੇ ਐਸੋਸੀਏਸ਼ਨ ਦੇ ਸੱਦੇ ਨੂੰ ਸਮਰਪਿਤ ਹੋ ਕੇ ਮੀਟਿੰਗ ਵਿੱਚ ਆਉਣ ਵਾਲੇ ਮਾਹਿਰ ਡਾਕਟਰਾਂ ਦੇ ਬਹੁਮੁੱਲੇ ਵਿਚਾਰ ਸੁਣਨ ਲਈ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ।

# ਐੱਸ ਬੀ ਆਈ ਕਾਰਡ ਤੇ ਫੋਨਪੇ ਵਿਚਾਲੇ ਰਣਨੀਤਕ ਭਾਈਵਾਲੀ

**ਲੁਧਿਆਣਾ**: ਐੱਸ. ਬੀ. ਆਈ. ਕਾਰਡ ਨੇ ਫੋਨਪੇ ਨਾਲ ਭਾਈਵਾਲੀ ਵਿੱਚ, ਫੋਨਪੇ ਐੱਸ. ਬੀ. ਆਈ. ਕਾਰਡ ਪੇਸ਼ ਕਰਨ ਦਾ ਐਲਾਨ ਕਰ ਦਿੱਤਾ।ਇਸ ਨਵੇਂ ਸਹਿ-ਬ੍ਰਾਂਡ ਵਾਲੇ ਕ੍ਰੈਡਿਟ ਕਾਰਡ ਦਾ ਉਦੇਸ਼ ਰੋਜ਼ਾਨਾ ਦੇ ਖਰਚਿਆਂ 'ਤੇ ਇੱਕ ਲਾਭਦਾਇਕ ਅਨੁਭਵ ਪ੍ਰਦਾਨ ਕਰਨਾ ਹੈ, ਜੋ ਕਿ ਪੂਰੇ ਭਾਰਤ ਦੇ ਗਾਹਕਾਂ ਦੀਆਂ ਵਿਕਸਤ ਵਿੱਤੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ।ਇਹ ਕ੍ਰੈਡਿਟ ਕਾਰਡ ਦੋ ਰੂਪਾਂ ਵਿੱਚ ਆਉਂਦਾ ਹੈ, ਫੋਨਪੇ ਐੱਸ. ਬੀ. ਆਈ. ਕਾਰਡ ਪਰਪਲ ਅਤੇ ਫੋਨਪੇ ਐੱਸ. ਬੀ. ਆਈ. ਕਾਰਡ ਸਿਲੈਕਟ ਬਲੈਕ, ਜੋ ਕਿ ਵੱਖ-ਵੱਖ ਤਰ੍ਹਾਂ ਦੇ ਗਾਹਕਾਂ ਦੀਆਂ ਪਸੰਦਾਂ ਅਤੇ ਜੀਵਨ ਸ਼ੈਲੀ ਨਾਲ ਸੰਬੰਧਤ ਖਰਚਿਆਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਦੇ ਹਨ।ਇਸ ਪੇਸ਼ਕਸ਼ ਦੇ ਮੌਕੇ ਬੋਲਦੇ ਹੋਏ ਐੱਸ. ਬੀ. ਆਈ. ਕਾਰਡ ਦੀ ਪ੍ਰਬੰਧ ਨਿਦੇਸ਼ਕ ਅਤੇ ਮੁੱਖ ਕਾਰਜਕਾਰੀ ਅਧਿਕਾਰੀ, ਸਲੀਲਾ ਪਾਂਡੇ ਨੇ ਕਿਹਾ ਕਿ ਭਾਰਤ ਵਿੱਚ ਡਿਜੀਟਲ ਭੁਗਤਾਨ ਤੇਜ਼ੀ ਨਾਲ ਵੱਧ ਰਹੇ ਹਨ, ਜੋ ਕਿ ਡਿਜੀਟਲ ਪਲੇਟਫਾਰਮਾਂ ਦੀ ਵਧਦੀ ਸਹੂਲਤ ਅਤੇ ਪਹੁੰਚਯੋਗਤਾ ਦੁਆਰਾ ਸੰਭਵ ਹੋ ਰਿਹਾ ਹੈ।

# ਵਿਦਿਆਰਥੀਆਂ ਨੂੰ ਪੋਕਸੋ ਐਕਟ, ਬੈਡ ਟੱਚ ਤੇ ਗੁੱਡ ਟੱਚ ਦੀ ਜਾਣਕਾਰੀ ਦਿੱਤੀ



**ਪਠਾਨਕੋਟ (ਦਵਿੰਦਰ ਸਿੰਘ)**- ਜੇ. ਕੇ. ਐੱਮ. ਇੰਟਰਨੈਸ਼ਨਲ ਸਕੂਲ ਪਠਾਨਕੋਟ ਵਿਖੇ ਲੀਗਲ ਲਿਟਰੇਸੀ ਦੇ ਇੱਕ ਸੈਮੀਨਾਰ ਦਾ ਆਯੋਜਨ ਪ੍ਰਿੰਸੀਪਲ ਨੀਤੀ ਕੋਚਰ ਦੀ ਅਗਵਾਈ ਵਿੱਚ ਕੀਤਾ ਗਿਆ ਜਿਸ ਵਿੱਚ ਪੈਨਲ ਐਡਵੋਕੇਟ ਮਮਤਾ ਸਮਖਾੜੀਆ ਅਤੇ ਪੀਐੱਲਵੀ ਵਿਨੋਦ ਕੁਮਾਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਇਸ ਮੌਕੇ ਬੁਲਾਰਿਆਂ ਵੱਲੋਂ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਪੋਕਸੋ ਐਕਟ ਕੀ ਹੁੰਦਾ ਹੈ, ਅਤੇ ਬੈਡ ਟੱਚ ਅਤੇ ਗੁੱਡ ਟੱਚ ਦੀ ਜਾਣਕਾਰੀ ਦਿੱਤੀ ਗਈ।ਬੁਲਾਰਿਆਂ ਵੱਲੋਂ ਸਖੀ ਵਨ ਸਟਾਫ਼ ਵਿੱਚ ਮਿਲਣ ਵਾਲੀਆਂ ਸਹਾਇਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਕਿਸੇ ਬੱਚੇ ਨਾਲ ਅਗਰ ਕੋਈ ਗਲਤ ਹਰਕਤ ਕਰਦਾ ਹੈ ਤਾਂ ਉਸ ਦੀ ਜਾਣਕਾਰੀ ਪ੍ਰਿੰਸੀਪਲ, ਮਾਤਾ-ਪਿਤਾ ਜਾਂ ਟੋਲ ਫਰੀ ਨੰਬਰ 15100 'ਤੇ ਵੀ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕੀਤੀ ਜਾ ਸਕਦੀ ਹੈ।ਇਸ ਮੌਕੇ ਤੇ ਵਾਈਸ ਪ੍ਰਿੰਸੀਪਲ ਅੰਜੂ ਸਹਿਤ ਹੋਰ ਵੀ ਅਧਿਕਾਰੀ ਸ਼ਾਮਿਲ ਸਨ।

# ਕਿਰਨ ਨਾਲੇ 'ਤੇ ਬਣੀ ਪੁਲੀ ਦੀ ਰੇਲਿੰਗ ਟੁੱਟੀ, ਲੋਕ ਪ੍ਰੇਸ਼ਾਨ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਂਦੀ ਲਿੰਕ ਸੜਕ ਵਿਚਕਾਰੋਂ ਗੁਜ਼ਰਦੇ ਕਿਰਨ ਨਾਲੇ ਦੀ ਰੇਲਿੰਗ ਟੁੱਟੀ ਹੋਣ ਕਾਰਨ ਅਤੇ ਇਸ ਦੇ ਕੰਢੇ ਗੰਦਗੀ ਦੇ ਢੇਰ ਲੱਗੇ ਹੋਣ ਕਾਰਨ ਰਾਹਗੀਰਾਂ ਵਿੱਚ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਕਸਬਾ ਬਹਿਰਾਮਪੁਰ ਤੋਂ ਕੁਝ ਹੀ ਦੂਰੀ ਤੋਂ ਪਹਿਲਾਂ ਇਹ ਕਿਰਨ ਨਾਲਾ ਵਗਦਾ ਹੈ ਜਿਸ ਵਿੱਚ ਵਰਖਾ ਦੇ ਦਿਨਾਂ ਵਿੱਚ ਪਾਣੀ ਦਾ ਵਹਾਅ ਬਹੁਤ ਤੇਜ਼ ਹੋ ਜਾਂਦਾ ਹੈ। ਲੋਕਾਂ ਨੇ ਦੱਸਿਆ ਕਿ ਇਸ ਨਾਲੇ 'ਤੇ ਬਣੀ ਪੁਲੀ ਦੀ ਰੇਲਿੰਗ ਛੋਟੀ ਅਤੇ ਟੁੱਟੀ ਹੋਣ ਕਾਰਨ ਇਸ ਵਿਚ ਰਾਤ ਦੇ ਹਨੇਰੇ ਵਿੱਚ ਦੋ ਪਹੀਆ ਵਾਹਨ ਚਾਲਕਾਂ ਦੇ ਡਿੱਗਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਨਾਲੇ ਨੇੜੇ ਸੜਕ ਦਾ ਮੋੜ ਵੀ ਪੈਂਦਾ ਹੈ ਜਿਸ ਨਾਲ ਤੇਜ਼ ਰਫਤਾਰ ਆਉਂਦੇ-ਜਾਂਦੇ ਚਾਲਕਾਂ ਦਾ ਪੁਲੀ ਦੀ ਰੇਲਿੰਗ ਛੋਟੀ ਹੋਣ ਕਾਰਨ ਨਾਲੇ ਵਿਚ ਡਿਗ ਸਕਦੇ ਹਨ। ਇਲਾਕਾ ਵਾਸੀਆਂ ਨੇ ਦੱਸਿਆ ਕਿ ਇਸ ਨਾਲੇ ਕੰਡੇ ਜਮਾ ਕੂੜੇ ਕਾਰਨ ਹਰ ਵੇਲੇ ਬਦਬੂ ਆਉਂਦੀ ਰਹਿੰਦੀ ਹੈ ਜਿਸ ਕਾਰਨ ਇੱਥੇ ਨੇੜੇ ਰਹਿੰਦੇ ਅਤੇ ਗੁਜ਼ਰਦੇ ਲੋਕਾਂ ਨੂੰ ਕਾਫੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਗੰਦਗੀ ਕਾਰਨ ਨਾਲੇ 'ਤੇ ਮੱਖੀ, ਮੱਛਰਾਂ ਦੀ ਦੀ ਭਰਮਾਰ ਹੋਣ ਕਾਰਨ ਭਿਆਨਕ ਬਿਮਾਰੀ ਫੈਲਣ ਦਾ ਖਦਸਾ ਬਣਿਆ ਰਹਿੰਦਾ ਹੈ। ਇਲਾਕਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਗਈ ਕਿਰਨ ਨਾਲੇ ਦੀ ਪੁਲੀ 'ਤੇ ਬਣੀ ਰੇਲਿੰਗ ਨੂੰ ਉੱਚਾ ਕਰਨ ਅਤੇ ਟੁੱਟੀ ਭੱਜੀ ਰੇਲਿੰਗ ਦੀ ਮੁਰੰਮਤ ਕਰਵਾਉਣ ਤੋਂ ਇਲਾਵਾ ਨਾਲੇ ਕੰਢੇ ਪਏ ਗੰਦਗੀ ਦੇ ਢੇਰਾਂ ਨੂੰ ਚੁਕਵਾਇਆ ਜਾਵੇ ਤਾਂ ਜੋ ਆਉਣ-ਜਾਣ ਵਾਲੇ ਰਾਹਗੀਰਾਂ ਨੂੰ ਬਦਬੂ ਤੋਂ ਨਿਜਾਤ ਮਿਲ ਸਕੇ।





# 2027 ਦੀਆਂ ਵਿਧਾਨ ਸਭਾ ਚੋਣਾਂ 'ਚ ਅਕਾਲੀ ਦਲ ਪੂਰੇ ਬਹੁਮਤ ਨਾਲ ਸਰਕਾਰ ਬਣਾਏਗਾ : ਮਾਹਲ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਵਰਕਿੰਗ ਕਮੇਟੀ ਮੈਂਬਰ ਅਤੇ ਵਿਧਾਨ ਸਭਾ ਹਲਕਾ ਕਾਦੀਆਂ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਵਲੋਂ ਸ਼ਹਿਰ ਧਾਰੀਵਾਲ ਦੇ ਵਾਰਡ ਨੰਬਰ ਅੱਠ ਬੇਦੀ ਕਲੋਨੀ ਵਿਖੇ ਇੰਜੀ. ਜੇ. ਪੀ. ਸਿੰਘ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਬਾਦਲ ਸਿਟੀ ਧਾਰੀਵਾਲ ਦੇ ਗ੍ਰਹਿ ਵਿਖੇ ਪਾਰਟੀ ਆਗੂਆਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਪਾਰਟੀ ਦੀ ਮਜ਼ਬੂਤੀ ਲਈ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਕਿਹਾ ਹੁਣ ਪੰਜਾਬ ਦੇ ਲੋਕਾਂ ਦਾ ਬਾਕੀ ਰਾਜਨੀਤਿਕ ਪਾਰਟੀਆਂ ਮੋਹ ਭੰਗ ਹੋ ਚੁੱਕਾ ਹੈ ਅਤੇ ਪੰਜਾਬ ਦੇ ਲੋਕਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੂਰੇ ਬਹੁਮਤ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ। ਇਸ ਮੌਕੇ ਪਾਰਟੀ ਦੇ ਸ਼ਹਿਰੀ ਜਨਰਲ ਸਕੱਤਰ ਇੰਜੀ ਜੇ. ਪੀ. ਸਿੰਘ ਨੇ ਗੁਰਇਕਬਾਲ ਸਿੰਘ ਮਾਹਲ ਨੂੰ ਵਿਸ਼ਵਾਸ ਦਿਵਾਇਆ ਕਿ ਸ਼ਹਿਰ ਦੇ ਹਰ ਵਾਰਡ ਵਿੱਚ ਬੂਥ ਪੱਧਰ 'ਤੇ ਅਕਾਲੀ ਦਲ ਨੂੰ ਮਜ਼ਬੂਤ ਕਰਾਂਗੇ ਅਤੇ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਧਾਰੀਵਾਲ ਦੀਆਂ 13 ਦੀਆਂ 13 ਸੀਟਾਂ ਜਿੱਤ ਕੇ ਸ਼੍ਰੋਮਣੀ ਅਕਾਲੀ ਦਲ ਦੀ ਝੋਲੀ ਵਿੱਚ ਪਾਵਾਂਗੇ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਅਜੀਤ ਸਿੰਘ ਰਾਣਾ ਰਾਏਚੱਕ, ਪ੍ਰੇਮ ਸਿੰਘ ਘੁੰਮਣ, ਜੋਗਿੰਦਰ ਸਿੰਘ ਸਮੇਤ ਹੋਰ ਅਕਾਲੀ ਆਗੂ ਹਾਜ਼ਰ ਸਨ।

# ਸਕੋਡਾ ਆਟੋ ਦਾ ਭਾਰਤ 'ਚ ਦਿਨ-ਪ੍ਰਤੀ-ਦਿਨ ਘੇਰਾ ਹੋਰ ਵੱਡਾ ਹੋ ਰਿਹਾ

**ਲੁਧਿਆਣਾ** : ਸਕੋਡਾ ਆਟੋ ਭਾਰਤ ਵਿੱਚ ਆਪਣੀ 25 ਸਾਲਾਂ ਦੀ ਵਿਰਾਸਤ ਅਤੇ ਵਿਸ਼ਵ ਪੱਧਰ 'ਤੇ 130 ਸਾਲਾਂ ਦਾ ਜਸ਼ਨ ਮਨਾਉਂਦੇ ਹੋਏ ਨਵੇਂ ਉਚ ਪੱਧਰ 'ਤੇ ਪਹੁੰਚ ਰਿਹਾ ਹੈ।ਇਸ ਮਹੀਨੇ ਦੇ ਸ਼ੁਰੂ ਵਿੱਚ ਇਸ ਬ੍ਰਾਂਡ ਨੇ 2025 ਦੀ ਪਹਿਲੀ ਛਿਮਾਹੀ ਵਿੱਚ ਆਪਣੀ ਸਭ ਤੋਂ ਵੱਧ ਛਿਮਾਹੀ ਵਿਕਰੀ ਪ੍ਰਾਪਤ ਕੀਤੀ। ਇੱਕ ਹੋਰ ਪ੍ਰਾਪਤੀ ਵਿੱਚ ਕੰਪਨੀ ਨੇ ਹੁਣ 300 ਗਾਹਕ ਸੰਪਰਕ ਬਿੰਦੂਆਂ ਨੂੰ ਪਾਰ ਕਰ ਲਿਆ ਹੈ, ਭਾਰਤ ਦੇ 172 ਸ਼ਹਿਰਾਂ ਵਿੱਚ ਗਾਹਕਾਂ ਨੂੰ ਪੂਰਾ ਕਰਦੇ ਹੋਏ ਇਸ ਪ੍ਰਾਪਤੀ 'ਤੇ ਟਿੱਪਣੀ ਕਰਦਿਆਂ ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ ਕਿ ਸਾਡਾ ਵਧਦਾ ਨੈੱਟਵਰਕ ਸਾਡੇ ਉਤਪਾਦ ਰੇਂਜ ਨੂੰ ਗਾਹਕਾਂ ਲਈ ਵਧੇਰੇ ਪਹੁੰਚਯੋਗ ਬਣਾਉਂਦਾ ਹੈ, ਜਦੋਂਕਿ ਦੇਸ਼ ਭਰ ਵਿੱਚ ਇਕਸਾਰ ਗੁਣਵੱਤਾ ਦੇ ਨਾਲ ਸਮਾਰਟ ਅਤੇ ਕੁਇਕ ਸਰਵਿਸ ਨੂੰ ਵੀ ਸਮਰੱਥ ਬਣਾਉਂਦਾ ਹੈ।

# ਪੀ ਐੱਨ ਬੀ ਮੈਟਲਾਈਫ ਵੱਲੋਂ ਪੇਂਡੂ ਪਰਵਾਰਾਂ ਲਈ ਧਨ ਸੁਰੱਖਿਆ ਯੋਜਨਾ ਦੀ ਸ਼ੁਰੂਆਤ

**ਜਲੰਧਰ**: ਪੀਐੱਨਬੀ ਮੈਟਲਾਈਫ ਇੰਡੀਆ ਇਨਸ਼ੋਰੈਂਸ ਕੰਪਨੀ ਲਿਮਿਟਡ (ਪੀਐੱਨਬੀ ਮੈਟਲਾਈਫ) ਨੇ ਧਨ ਸੁਰੱਖਿਆ ਯੋਜਨਾ ਨਾਂਅ ਦੀ ਇੱਕ ਕਿਫਾਇਤੀ ਮਾਈਕ੍ਰੋ-ਇੰਸ਼ੋਰੈਂਸ ਯੋਜਨਾ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ। ਧਨ ਸੁਰੱਖਿਆ ਯੋਜਨਾ ਇੱਕ ਸਰਲ ਤੇ ਘੱਟ ਲਾਗਤ ਵਾਲੀ ਜੀਵਨ ਬੀਮਾ ਯੋਜਨਾ ਹੈ ਜੋ ਪਿੰਡਾਂ ਦੇ ਪਰਿਵਾਰਾਂ ਨੂੰ ਆਪਣੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਵਿੱਚ ਮਦਦ ਕਰਦੀ ਹੈ। ਇਹ ਯੋਜਨਾ ਸਿਰਫ਼ 5,000 ਰੁਪਏ ਦੀ ਇੱਕ ਵਾਰੀ ਭੁਗਤਾਨ ਵਾਲੇ ਪ੍ਰੀਮੀਅਮ ਨਾਲ ਸ਼ੁਰੂ ਹੁੰਦੀ ਹੈ ਅਤੇ ਇਸ 'ਤੇ ਕੋਈ ਜੀਐੱਸਟੀ ਨਹੀਂ ਲੱਗਦਾ।ਪੀਐੱਨਬੀ ਮੈਟਲਾਈਫ ਦੇ ਮੁੱਖ ਵੰਡ ਅਧਿਕਾਰੀ, ਸਮੂਹ ਅਤੇ ਸਾਂਝੇਦਾਰੀ ਵਿਭਾਗ ਮੋਹਿਤ ਬਹੁਗੁਣਾ ਨੇ ਕਿਹਾ ਕਿ ਸਾਡਾ ਮਕਸਦ 'ਧਨ ਸੁਰੱਖਿਆ ਯੋਜਨਾ' ਰਾਹੀਂ ਪੰਜਾਬ ਦੇ ਹੋਰ ਪਰਿਵਾਰਾਂ ਤੱਕ ਸਧਾਰਨ ਅਤੇ ਕਿਫ਼ਾਇਤੀ ਜੀਵਨ ਬੀਮਾ ਪਹੁੰਚਾਉਣਾ ਹੈ।ਪੰਜਾਬ ਗ੍ਰਾਮੀਣ ਬੈਂਕ ਦੇ ਚੇਅਰਮੈਨ ਗਜੇਂਦਰ ਕੁਮਾਰ ਨੇਗੀ ਨੇ ਕਿਹਾ ਕਿ ਆਰਥਿਕ ਖੁਸ਼ਹਾਲੀ ਸਾਡੇ ਮਿਸ਼ਨ ਦਾ ਮੁੱਖ ਹਿੱਸਾ ਹੈ।

# ਗੁਰੂ ਨਾਨਕ ਦੇਵ 'ਵਰਸਿਟੀ ਵਿਖੇ ਚੇਅਰ ਆਨ ਸਿੱਖ ਸਟੱਡੀਜ਼ ਸਥਾਪਿਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੇ ਵਿਸ਼ੇਸ਼ ਉਦਮ ਸਦਕਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਅਕਾਦਮਿਕ ਖੋਜ ਦੇ ਖੇਤਰ ਵਿੱਚ ਇੱਕ ਮੀਲ ਪੱਥਰ ਸਥਾਪਤ ਕਰਦਿਆਂ ਅਮਰੀਕਾ ਦੇ ਸੈਕਰਾਮੈਂਟੋ, ਕੈਲੀਫੋਰਨੀਆ ਸਥਿਤ ਪ੍ਰਸਿੱਧ ਅਟਾਰਨੀ ਅਤੇ ਸਮਾਜ ਸੇਵੀ ਜਸਪ੍ਰੀਤ ਸਿੰਘ ਨਾਲ ਇੱਕ ਇਤਿਹਾਸਕ ਸਮਝੌਤੇ ਅਧੀਨ ਚੇਅਰ ਆਨ ਸਿੱਖ ਸਟੱਡੀਜ਼ ਸਥਾਪਿਤ ਕਰਨ ਦਾ ਐਲਾਨ ਕੀਤਾ ਸੀ। ਵਾਈਸ ਚਾਂਸਲਰ ਦੇ ਵਿਸ਼ੇਸ਼ ਉਦਮ ਸਦਕਾ ਯੂਨੀਵਰਸਿਟੀ ਵਿਖੇ ਇਸ ਚੇਅਰ ਦੀ ਸਥਾਪਨਾ ਕਰ ਦਿੱਤੀ ਗਈ ਹੈ ਅਤੇ ਸੈਂਟਰ ਆਨ ਸਟੱਡੀਜ਼ ਇਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਾਬਕਾ ਡਾਇਰੈਕਟਰ ਡਾ. ਅਮਰਜੀਤ ਸਿੰਘ ਨੂੰ ਇਸ ਚੇਅਰ ਦੇ ਡਾਇਰੈਕਟਰ ਨਿਯੁਕਤ ਕੀਤਾ ਗਿਆ। ਡਾ. ਅਮਰਜੀਤ ਸਿੰਘ ਦੇ ਅਹੁਦਾ ਸੰਭਾਲਣ ਮੌਕੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਅਤੇ ਰਜਿਸਟਰਾਰ ਪ੍ਰੋ. ਕੇ.ਐਸ. ਚਾਹਲ ਤੋਂ ਇਲਾਵਾ ਓ.ਐਸ.ਡੀ. ਸ. ਹਰਇਕਬਾਲ ਸਿੰਘ ਅਤੇ ਸ. ਪਰਮਿੰਦਰ ਸਿੰਘ ਹਾਜ਼ਰ ਸਨ। ਵਾਈਸ ਚਾਂਸਲਰ ਨੇ ਦੱਸਿਆ ਕਿ ਇਸ ਚੇਅਰ ਉਤੇ ਸਿੱਖ ਧਰਮ ਨੂੰ ਆਧੁਨਿਕ ਦੌਰ ਵਿਚ ਸਿਧਾਂਤਕ, ਇਤਿਹਾਸਕ ਪੱਖ ਤੋਂ ਦਰਪੇਸ਼ ਚੁਣੌਤੀਆਂ ਦੇ ਅਕਾਦਮਿਕ ਪੱਧਰ ਉਤੇ ਢੁੱਕਵੇਂ ਹੱਲ ਤਲਾਸ਼ਣ ਦੇ ਨਾਲ-ਨਾਲ ਸਿੱਖ ਸਰੋਤਾਂ ਦੀ ਪੁਨਰ-ਸਮੀਖਿਆ ਲਈ ਉਪਰਾਲੇ ਕੀਤੇ ਜਾਣਗੇ। ਸਿੱਖ ਧਰਮ ਦੀ ਅਮੀਰ ਧਾਰਮਿਕ ਵਿਰਾਸਤ ਨਾਲ ਨੌਜਵਾਨ ਪੀੜ੍ਹੀ ਨੂੰ ਕਿਵੇਂ ਜੋੜਿਆ ਜਾਵੇ, ਇਸ ਮਸਲੇ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਹਰ ਉਮਰ ਦੇ ਵਰਗ ਅਤੇ ਬੌਧਿਕ ਪੱਧਰ ਨੂੰ ਧਿਆਨ ਵਿਚ ਰੱਖਦਿਆਂ ਅਸਾਨ ਭਾਸ਼ਾ ਤੇ ਆਧੁਨਿਕ ਮੁਹਾਵਰੇ ਰਾਹੀਂ ਮਿਆਰੀ ਖੋਜ ਪੁਸਤਕਾਂ ਦੀ ਪ੍ਰਕਾਸ਼ਨਾ ਕਰਨਾ ਚੇਅਰ ਦੇ ਮੁੱਖ ਕਾਰਜਾਂ ਵਿਚ ਸ਼ਾਮਿਲ ਹੋਵੇਗਾ।ਚੇਅਰ ਵਲੋਂ ਇਕ ਵਿਸ਼ੇਸ਼ ਲੈਕਚਰ ਲੜੀ ਅਰੰਭ ਕੀਤੀ ਜਾਵੇਗੀ ਜਿਸ ਵਿਚ ਸਮੇਂ-ਸਮੇਂ ਪ੍ਰਬੁੱਧ ਸਿੱਖ ਵਿਦਵਾਨਾਂ ਨੂੰ ਬੁਲਾ ਕੇ ਭਖਵੇਂ ਸਿੱਖ ਮੁੱਦਿਆਂ ਬਾਰੇ ਲੈਕਚਰ ਕਰਵਾਏ ਜਾਣਗੇ। ਇਸ ਚੇਅਰ ਦੀ ਸਥਾਪਤੀ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਦੀ ਅਗਵਾਈ ਵਿਚ ਇਹ ਸਮਝੌਤਾ ਜੂਨ ਮਹੀਨੇ ਦੇ ਆਰੰਭ ਵਿਚ ਕੀਤਾ ਗਿਆ ਸੀ।





ADVANCES 16% (Y-o-Y) | DISBURSEMENT 15% (Y-o-Y)
DEPOSITS 17% (Y-o-Y) | CASA 35.9% (Q1 FY26)
OPERATING PROFIT 24% (Y-o-Y) | NIM 4.1% (Q1 FY26 & Q4 FY25)
NET NPA 1.4% (Q1 FY26) | 1.3% (Q1 FY25)

## Extract of Unaudited Financial Results for the quarter ended June 30, 2025

(₹ in lacs except otherwise stated)

| Sl. No. | Particulars | Quarter ended | | | Year ended |
|---|---|---|---|---|---|
| | | June 30, 2025 Unaudited | March 31, 2025 Audited | June 30, 2024 Unaudited | March 31, 2025 Audited |
| 1. | Total Income from Operations | 26,996 | 25,703 | 23,507 | 99,452 |
| 2. | Net Profit/(Loss) for the period (before Tax, Exceptional and/or Extraordinary items) | 4,251 | 4,499 | 4,017 | 17,513 |
| 3. | Net Profit/(Loss) for the period before tax (after Exceptional and/or Extraordinary items) | 4,251 | 4,499 | 4,017 | 17,513 |
| 4. | Net Profit/(Loss) for the period after tax (after Exceptional and/or Extraordinary items) | 3,201 | 3,424 | 3,002 | 13,165 |
| 5. | Total Comprehensive Income for the period [Comprising Profit/(Loss) for the period (after tax) and Other Comprehensive Income (after tax)] [refer note (ii)] | - | - | - | - |
| 6. | Paid-up Equity Share Capital | 4,525 | 4,525 | 4,504 | 4,525 |
| 7. | Reserves (excluding Revaluation Reserve) as shown in the Audited Balance sheet of the previous Year | | | | 1,29,489 |
| 8. | Securities Premium Account | 70,064 | 70,064 | 69,487 | 70,064 |
| 9. | Net worth[1] | 1,37,306 | 1,33,447 | 1,22,655 | 1,33,447 |
| 10. | Paid-up Debt Capital/Outstanding Debt | 48,818 | 32,058 | 46,639 | 32,058 |
| 11. | Outstanding Redeemable Preference Shares[2] | - | - | - | - |
| 12. | Debt Equity Ratio[3] | 0.35 | 0.24 | 0.38 | 0.24 |
| 13 | Earnings per share (of ₹10/- each) (for continuing operations | | | | |
| 13.1 | Basic ₹ (non-annualised) | 7.08 | 7.57 | 6.66 | 29.18 |
| 13.2 | Diluted ₹ (non-annualised) | 7.05 | 7.53 | 6.62 | 29.09 |
| 14. | Capital Redemption Reserve[4] | - | - | - | - |
| 15. | Debenture Redemption Reserve[4] | - | - | - | - |
| 16. | Debt Service Coverage Ratio[5] | - | - | - | - |
| 17. | Interest Service Coverage Ratio[5] | - | - | - | - |

[1] *Net worth is computed as per RBI Master Circular No. RBI/2015-16/70 DBR.No.Dir.BC.12/13.03.00/2015-16 on Exposure Norms dated July 1, 2015. Net worth also includes Available for Sale ('AFS') Reserve. Previous period figures have been recomputed accordingly.*
[2] *The Bank has not issued any redeemable preference shares.*
[3] *Debt-equity ratio means the ratio of total borrowings to share capital plus reserves.*
[4] *As per the Companies Act, 2013, the Bank is not required to create capital/debenture redemption reserve. However, the Bank has created Recovery Expense Fund Account with BSE Limited.*
[5] *Being a Banking Company, Disclosure is not applicable as per SEBI (Listing Obligations and Disclosure requirements) Regulations, 2015*

**Notes:**
(i) The above is an extract of the detailed format of quarter and year ended Financial Results filed with the Stock Exchanges under Regulation 33 & 52 read with Regulation 63(2) of the SEBI (Listing Obligations and Disclosure Requirements) Regulations, 2015. The full format of the quarter ended Financial Results are available on the websites of the Stock Exchanges, www.nseindia.com and www.bseindia.com and of the Bank www.capitalbank.co.in.
(ii) Information related to the total comprehensive income and other comprehensive income are not furnished as Ind AS is not yet made applicable to the Bank.
(iii) The figures of the quarter are the balancing figures between figures in respect of the year-to-date figures and the published figures upto previous quarter.
(iv) The other line items referred in Regulation 52(4) of the SEBI (Listing Obligations and Disclosure Requirements) Regulations, 2015, has been given hereunder

| Sl. No. | Particulars | Quarter ended | | | Year ended |
|---|---|---|---|---|---|
| | | June 30, 2025 Unaudited | March 31, 2025 Audited | June 30, 2024 Unaudited | March 31, 2025 Audited |
| 1 | Percentage of shares held by Government of India | - | - | - | - |
| 2 | Return on Assets[1] (annualised) | 1.18% | 1.36% | 1.27% | 1.35% |
| 3 | Operating Margin[2] | 19.02% | 18.22% | 18.10% | 18.65% |
| 4 | Net Profit Margin[3] | 11.86% | 13.32% | 12.77% | 13.24% |
| 5 | Total Debt to Total Assets[4] | 4.39% | 3.17% | 4.85% | 3.17% |
| 6 | Gross NPA (₹ in lacs) | 20,424 | 18,534 | 17,186 | 18,534 |
| 7 | Net NPA (₹ in lacs) | 10,178 | 9,184 | 8,495 | 9,184 |
| 8 | % of Gross NPA | 2.74% | 2.58% | 2.69% | 2.58% |
| 9 | % of Net NPA | 1.39% | 1.30% | 1.35% | 1.30% |
| 10 | Capital Adequacy Ratio (%) | 24.50% | 25.39% | 26.25% | 25.39% |
| 11 | Tier-I Ratio (%) | 21.11% | 21.71% | 22.03% | 21.71% |

[1] *Return on Assets means the ratio of profit after tax to average monthly total assets.*
[2] *Operating Margin means Operating profit before provisions and contingencies to the total income.*
[3] *Net Profit Margin means Net Profit to total income*
[4] *Total Debts to Total assets means the ratio of total borrowings to total assets.*

(v) The other line items referred in Regulation 52(4) of the SEBI (Listing Obligations and Disclosure Requirements) Regulations, 2015, pertinent disclosures have been made to the BSE Limited and National Stock Exchange of India Limited and can be accessed on the website of the Stock Exchange on www.bseindia.com, www.nseindia.com and the Bank's URL www.capitalbank.co.in
(vi) The above result has been approved by the Board of Directors in its meeting held on July 24, 2025.

**Date:** July 24, 2025
**Place:** Jalandhar

For and on Behalf of the Board of Directors
of **Capital Small Finance Bank Limited**
Sd/-
**Sarvjit Singh Samra**
Managing Director & CEO (DIN:00477444)

**Capital Small Finance Bank**

*Vishwas Se Vikas Tak*

**Capital Small Finance Bank Limited** (CIN: L65110PB1999PLC022634)
**Regd. & Head Office:** "MIDAS Corporate Park", 3rd Floor, 37 G.T. Road, Jalandhar, Punjab, INDIA - 144 001
**Tel.:** 0181-505 1111, 505 2222 | www.capitalbank.co.in | investorrelations@capitalbank.co.in

Great Place To Work. Certified AUG 2024-AUG 2025 INDIA

Scan for detailed financials

Adfactors 285/25

25-July-PAGE-4.qxd 7/24/2025 10:46 PM Page 1

ਨਵਾਂ ਜ਼ਮਾਨਾ

ਸ਼ੁੱਕਰਵਾਰ, 25 ਜੁਲਾਈ 2025

# ਬਿਹਾਰ 'ਚ ਬਦਲਦਾ ਮਾਹੌਲ

*ਜਿਉਂ-ਜਿਉਂ ਬਿਹਾਰ ਅਸੈਂਬਲੀ ਚੋਣਾਂ ਵੱਲ ਵਧ ਰਿਹਾ ਹੈ, ਤਿਉਂ-ਤਿਉਂ ਹੁਕਮਰਾਨ ਐੱਨ ਡੀ ਏ ਵਿਰੁੱਧ ਸਥਾਪਤੀ-ਵਿਰੋਧੀ ਲਹਿਰ ਵਧਦੀ ਜਾ ਰਹੀ ਹੈ। ਸੂਬੇ ਵਿੱਚ ਆਇਆ ਤਾਜ਼ਾ ਸਰਵੇ ਨਿਤਿਸ਼ ਸਰਕਾਰ ਲਈ ਖਤਰੇ ਦੀ ਘੰਟੀ ਵਜਾ ਰਿਹਾ ਹੈ। 'ਵੋਟ ਵਾਈਬ' ਵੱਲੋਂ ਕੀਤੇ ਗਏ ਸਰਵੇ ਵਿੱਚ ਲੋਕਾਂ ਦੀ ਬਹੁ-ਗਿਣਤੀ ਨੇ ਰਾਇ ਦਿੱਤੀ ਹੈ ਕਿ ਉਹ ਨਿਤਿਸ਼ ਨਾਲੋਂ ਮਹਾਂਗੱਠਬੰਧਨ ਦੇ ਆਗੂ ਤੇਜਸਵੀ ਯਾਦਵ ਨੂੰ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ। ਅਸੈਂਬਲੀ ਚੋਣਾਂ ਵਿੱਚ ਮੁੱਖ ਮੁੱਦੇ ਕੀ ਹੋਣਗੇ? ਨਿਤਿਸ਼ ਸਰਕਾਰ ਖਿਲਾਫ ਲਹਿਰ ਕਿੰਨੀ ਹੈ ਤੇ ਉਨ੍ਹਾ ਦੀਆਂ ਨੀਤੀਆਂ ਦਾ ਸਮਰਥਨ ਕਿੰਨਾ ਹੈ। ਲੋਕ ਅਗਲਾ ਮੁੱਖ ਮੰਤਰੀ ਕਿਸ ਨੂੰ ਦੇਖਣਾ ਚਾਹੁੰਦੇ ਹਨ? ਇਸ ਸਰਵੇ ਵਿੱਚ ਅਜਿਹੇ ਕਈ ਮੁੱਦਿਆਂ 'ਤੇ ਲੋਕਾਂ ਦੀ ਰਾਇ ਜਾਣਨ ਦੀ ਕੋਸ਼ਿਸ਼ ਕੀਤੀ ਗਈ। 48.5 ਫੀਸਦੀ ਲੋਕ ਮੰਨਦੇ ਹਨ ਕਿ ਨਿਤਿਸ਼ ਸਰਕਾਰ ਖਿਲਾਫ ਤਕੜੀ ਲਹਿਰ ਚੱਲ ਰਹੀ ਹੈ। 18.3 ਫੀਸਦੀ ਲੋਕ ਅਜੇ ਵੀ ਨਿਤਿਸ਼ ਦੀਆਂ ਨੀਤੀਆਂ ਦਾ ਸਮਰਥਨ ਕਰ ਰਹੇ ਹਨ, 22 ਫੀਸਦੀ ਨਿਊਟਰਲ ਹਨ, ਜਦਕਿ 10.7 ਫੀਸਦੀ ਲੋਕਾਂ ਨੇ ਕੋਈ ਰਾਇ ਨਹੀਂ ਦਿੱਤੀ। ਇਹ ਪੁੱਛੇ ਜਾਣ ਕਿ ਕਿਹੜੀ ਪਾਰਟੀ ਜਾਂ ਗੱਠਬੰਧਨ ਵਿਕਾਸ ਕਰਵਾ ਸਕਦਾ ਹੈ, 35.4 ਫੀਸਦੀ ਨੇ ਐੱਨ ਡੀ ਏ 'ਤੇ ਭਰੋਸਾ ਜਤਾਇਆ, ਜਦਕਿ 36.1 ਫੀਸਦੀ ਨੇ ਆਪੋਜ਼ੀਸ਼ਨ ਦੇ ਮਹਾਂਗੱਠਬੰਧਨ 'ਤੇ। 39.6 ਫੀਸਦੀ ਲੋਕ ਮੰਨਦੇ ਹਨ ਕਿ ਮਹਾਂਗੱਠਬੰਧਨ ਹੀ ਰੁਜ਼ਗਾਰ ਪੈਦਾ ਕਰ ਸਕਦਾ ਹੈ, ਜਦਕਿ 32.3 ਫੀਸਦੀ ਅਜੇ ਵੀ ਨਿਤਿਸ਼ 'ਤੇ ਨਿਰਭਰ ਹਨ। ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਲੈ ਕੇ ਵੀ ਲੋਕਾਂ ਵਿੱਚ ਸੁਸ਼ਾਸਨ ਬਾਬੂ (ਨਿਤਿਸ਼ ਕੁਮਾਰ) ਦੀ ਪਹਿਲਾਂ ਵਰਗੀ ਭੱਲ ਨਹੀਂ ਰਹੀ। 28.7 ਫੀਸਦੀ ਲੋਕਾਂ ਨੇ ਕਿਹਾ ਕਿ ਸਥਿਤੀ ਸੁਧਰੀ ਹੈ, ਜਦਕਿ 28.5 ਫੀਸਦੀ ਨੇ ਕਿਹਾ ਕਿ ਕੋਈ ਬਦਲਾਅ ਨਹੀਂ ਹੋਇਆ। 34.2 ਫੀਸਦੀ ਲੋਕਾਂ ਦਾ ਕਹਿਣਾ ਹੈ ਕਿ ਅਮਨ-ਕਾਨੂੰਨ ਦੀ ਸਥਿਤੀ ਵਿਗੜੀ ਹੈ। ਮੁੱਖ ਮੰਤਰੀ ਦੇ ਚਿਹਰੇ ਬਾਰੇ 24.2 ਫੀਸਦੀ ਲੋਕਾਂ ਦੀ ਰਾਇ ਹੈ ਕਿ ਐੱਨ ਡੀ ਏ ਨੂੰ ਨਿਤਿਸ਼ ਕੁਮਾਰ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨਣਾ ਚਾਹੀਦਾ ਹੈ, ਕਿਉਂਕਿ ਭਾਜਪਾ ਕੋਲ ਕੋਈ ਚਿਹਰਾ ਨਹੀਂ। 33.7 ਫੀਸਦੀ ਦਾ ਕਹਿਣਾ ਹੈ ਕਿ ਭਾਜਪਾ ਨੂੰ ਆਪਣਾ ਚਿਹਰਾ ਐਲਾਨਣਾ ਚਾਹੀਦਾ ਹੈ। ਇੱਥੋਂ ਪਤਾ ਲਗਦਾ ਹੈ ਕਿ ਭਾਜਪਾ ਸਮਰਥਕਾਂ ਨੂੰ ਵੀ ਨਿਤਿਸ਼ 'ਤੇ ਭਰੋਸਾ ਨਹੀਂ ਰਿਹਾ। ਮੁੱਖ ਮੰਤਰੀ ਦੇ ਸਵਾਲ 'ਤੇ 25 ਫੀਸਦੀ ਨੇ ਨਿਤਿਸ਼ ਕੁਮਾਰ ਦੇ ਹੱਕ ਵਿੱਚ ਰਾਇ ਦਿੱਤੀ, ਜਦਕਿ 32.1 ਫੀਸਦੀ ਦਾ ਕਹਿਣਾ ਸੀ ਕਿ ਐਤਕੀਂ ਤੇਜਸਵੀ ਯਾਦਵ ਹੀ ਬਣਨਾ ਚਾਹੀਦਾ ਹੈ। ਜਨ ਸੁਰਾਜ ਪਾਰਟੀ ਦੇ ਪ੍ਰਸ਼ਾਂਤ ਕਿਸ਼ੋਰ ਨੂੰ 12.4 ਫੀਸਦੀ, ਚਿਰਾਗ ਪਾਸਵਾਨ ਨੂੰ 9.4 ਫੀਸਦੀ ਤੇ ਭਾਜਪਾ ਦੇ ਸਮਰਾਟ ਚੌਧਰੀ ਨੂੰ ਸਿਰਫ 4.1 ਫੀਸਦੀ ਲੋਕ ਹੀ ਮੁੱਖ ਮੰਤਰੀ ਵਜੋਂ ਪਸੰਦ ਕਰ ਰਹੇ ਹਨ।*

*ਵਿਧਾਇਕਾਂ ਦੀ ਕਾਰਗੁਜ਼ਾਰੀ ਦੇ ਸੰਬੰਧ ਵਿੱਚ ਸਰਵੇ 'ਚ ਹੈਰਾਨ ਕਰਨ ਵਾਲੇ ਨਤੀਜੇ ਸਾਹਮਣੇ ਆਏ ਹਨ। 29.7 ਫੀਸਦੀ ਵਿਧਾਇਕਾਂ ਤੋਂ ਸੰਤੁਸ਼ਟ ਨਜ਼ਰ ਆਏ, ਜਦਕਿ 54.9 ਫੀਸਦੀ ਉਨ੍ਹਾਂ ਨੂੰ ਬਦਲਣਾ ਚਾਹੁੰਦੇ ਹਨ। ਸਰਵੇ ਵਿੱਚ ਸਭ ਤੋਂ ਵੱਡਾ ਮੁੱਦਾ ਰੁਜ਼ਗਾਰ ਦਾ ਨਿਕਲ ਕੇ ਆਇਆ ਹੈ। 49.5 ਫੀਸਦੀ ਲੋਕ ਬੇਰੁਜ਼ਗਾਰੀ ਤੋਂ ਪ੍ਰੇਸ਼ਾਨ ਹਨ। ਸਰਵੇ ਮੁਤਾਬਕ ਨੌਜਵਾਨ ਵੋਟਰ ਖਾਸ ਕਰਕੇ ਸਥਾਪਤੀ ਦੇ ਵਿਰੁੱਧ ਹਨ ਤੇ ਉਹ ਬਦਲਾਅ ਚਾਹੁੰਦੇ ਹਨ।*

# ਲੋਕਤੰਤਰ ਦਾ ਅਧਾਰ ਲੋਕ ਮੁੱਦੇ ਹੁੰਦੇ ਹਨ

**ਚਰਨ ਸਿੰਘ ਸਰਾਭਾ**

ਸੰਸਾਰ ਭਰ ਵਿੱਚ ਦੀਆਂ ਭੰਬਲਭੂਸੇ ਵਾਲੀਆਂ ਸਥਿਤੀਆਂ ਦੇ ਨਾਲ-ਨਾਲ ਸਾਡਾ ਆਪਣਾ ਮਹਾਨ ਭਾਰਤ ਵੀ ਇਸੇ ਤਰ੍ਹਾਂ ਦੀਆਂ ਸਥਿਤੀਆਂ ਵਿੱਚੋਂ ਲੰਘ ਰਿਹਾ ਹੈ। ਸੰਸਾਰ ਦੇ ਸਭ ਤੋਂ ਵੱਡੇ ਲੋਕਤੰਤਰ ਅਖਵਾਉਂਦੇ ਸਾਡੇ ਦੇਸ਼ ਦੀ ਰਾਜਨੀਤੀ ਕੀ ਲੋਕਤੰਤਰਿਕ ਰਾਜਨੀਤੀ ਵਾਲੀ ਪਰਿਭਾਸ਼ਾ ਪੂਰੀ ਕਰਦੀ ਹੈ? ਸੰਜੀਦਾ ਵਿਚਾਰ ਮੰਗਦਾ ਪ੍ਰਸ਼ਨ ਹੈ। ਸਪੱਸ਼ਟ ਅਤੇ ਸਰਲ ਸ਼ਬਦਾਂ ਵਿੱਚ ਲੋਕਤੰਤਰਿਕ ਰਾਜਨੀਤੀ ਦਾ ਅਰਥ ਹੈ ਲੋਕ ਹਿੱਤਾਂ 'ਤੇ ਅਧਾਰਤ ਅਤੇ ਲੋਕਾਂ ਦੀ ਸ਼ਮੂਲੀਅਤ ਵਾਲੀ ਰਾਜਨੀਤੀ ਅਤੇ ਗਣਰਾਜੀ। ਜਦੋਂ ਅਸੀਂ ਲੋਕਤੰਤਰਿਕ ਗਣਰਾਜ ਦੀ ਗੱਲ ਕਰਾਂਗੇ ਤਾਂ ਸਾਡੇ ਕਈ ਵੱਡੇ ਸਿਆਸੀ ਆਗੂ ਅਤੇ ਉਨ੍ਹਾਂ ਦੇ ਸਮਰਥਕ ਇਹ ਗੱਲ ਜ਼ੋਰ ਨਾਲ ਕਹਿਣਗੇ ਕਿ ਭਾਰਤ ਵਿੱਚ ਸੰਵਿਧਾਨਕ ਵਿਵਸਥਾ ਅਨੁਸਾਰ ਹਰ ਪੰਜ ਸਾਲ ਦੀ ਮਿਆਦ ਪਿਛੋਂ ਪੰਚਾਇਤ ਪੱਧਰ ਤੋਂ ਲੈ ਕੇ ਰਾਸ਼ਟਰਪਤੀ ਤੱਕ ਦੀਆਂ ਚੋਣਾਂ ਨਿਯਮਤ ਵਿਧੀ ਅਨੁਸਾਰ ਹੁੰਦੀਆਂ ਹਨ, ਜਿਸ ਕਾਰਨ ਭਾਰਤ ਨੂੰ ਸੰਸਾਰ ਦੇ ਲੋਕਤੰਤਰਕ ਦੇਸ਼ਾਂ ਦੀ ਲੜੀ ਵਿੱਚ ਵਿਸ਼ੇਸ਼ ਸਥਾਨ ਪ੍ਰਾਪਤ ਹੈ। ਸਾਡੇ ਦੇਸ ਵਿੱਚ ਪੰਚਾਇਤ ਪੱਧਰੀ ਚੋਣਾਂ ਤੋਂ ਲੈ ਕੇ ਰਾਸ਼ਟਰਪਤੀ ਦੀ ਚੋਣ ਤੱਕ ਦੇ ਪੱਖ ਤੋਂ ਕੋਈ ਵੀ ਮੁਨਕਰ ਨਹੀਂ ਹੋ ਸਕਦਾ, ਪਰ ਇਸ ਦੇ ਨਾਲ ਹੀ ਜੁੜੇ ਕੁਝ ਪੱਖ ਵੀ ਹਨ, ਜੋ ਭਾਰਤੀ ਜਨ-ਸਮੂਹ ਦੇਖਦੇ ਹਨ ਅਤੇ ਕਈ ਵਾਰ ਹੰਢਾਉਂਦੇ ਵੀ ਰਹੇ ਹਨ। ਜੇ ਚੋਣਾਂ ਦੇ ਪੱਖ ਦੀ ਗੱਲ ਹੀ ਧਿਆਨ ਨਾਲ ਅਤੇ ਵਿਸਥਾਰ ਨਾਲ ਵਿਚਾਰੀਏ ਤਾਂ ਸਮਝ ਪੈਂਦੀ ਹੈ ਕਿ ਇਨ੍ਹਾਂ ਚੋਣਾਂ ਵਿੱਚੋਂ ਵਧੇਰੇ ਚੋਣਾਂ ਹੁੰਦੀਆਂ ਕਿਵੇਂ ਹਨ। ਦੂਜਾ ਪ੍ਰਸ਼ਨਾਤਮਕ ਵਿਚਾਰ ਹੈ ਕਿ ਕੀ ਚੋਣਾਂ ਉਪਰੰਤ ਬਣਦੀਆਂ ਸਾਡੀਆਂ ਸਰਕਾਰਾਂ ਦੀ ਕਾਰਕਰਦਗੀ ਲੋਕਤੰਤਰਕ ਸਰਕਾਰਾਂ ਦੀ ਪਰਿਭਾਸ਼ਾ ਨਾਲ ਮੇਲ ਖਾਂਦੀ ਹੈ।

ਜੇ ਅਸੀਂ ਭਾਰਤ ਦੀ ਚੋਣ ਵਿਧੀ ਦਾ ਹੀ ਨਿਰੀਖਣ ਕਰੀਏ ਤਾਂ ਚੋਣਾਂ ਸਮੇਂ ਕਈ ਤਰ੍ਹਾਂ ਦੇ ਵਿਵਾਦਾਂ, ਜਿਵੇਂ ਈ ਵੀ ਐੱਮ ਮਸ਼ੀਨਾਂ ਦੀ ਵਿਸ਼ਵਾਸਪਾਤਰਤਾ ਸੰਬੰਧੀ, ਵੋਟਰਾਂ ਦੀ ਕੁਲ ਗਿਣਤੀ ਵਿੱਚੋਂ ਭੁਗਤੀਆਂ ਵੋਟਾਂ ਦੀ ਗਿਣਤੀ ਸੰਬੰਧੀ, ਕਈ ਥਾਵਾਂ 'ਤੇ ਪਈਆਂ ਕੁਲ ਵੋਟਾਂ ਅਤੇ ਗਿਣਤੀ ਸਮੇਂ ਇਸ ਤੋਂ ਘੱਟ ਜਾਂ ਵੱਧ ਹੋਣ ਸੰਬੰਧੀ ਅਤੇ ਕਈ ਵਾਰੀ ਚੋਣ ਨਤੀਜਿਆਂ ਦੇ ਕੀਤੇ ਐਲਾਨਾਂ ਸੰਬੰਧੀ ਖ਼ਬਰਾਂ ਆਉਂਦੀਆਂ ਰਹੀਆਂ ਹਨ। ਇਸ ਤੋਂ ਪਹਿਲਾਂ ਵੋਟਾਂ ਪੈਣ ਸਮੇਂ ਲੋਕ ਹਿੱਤਾਂ ਦੇ ਮੁੱਦੇ ਵੋਟ ਦਾ ਅਧਾਰ ਬਣਨ ਦੀ ਥਾਂ ਧਾਰਮਕ, ਫਿਰਕੂ, ਜਾਤ-ਪਾਤ ਅਧਾਰਤ ਅਤੇ ਕੁਝ ਮੁਫ਼ਤ ਰਿਐਤਾਂ ਦੀਆਂ ਗਰੰਟੀਆਂ, ਪੈਸੇ ਅਤੇ ਹੋਰ ਵਸਤੂਆਂ ਦੀ ਵੋਟਰਾਂ ਵਿੱਚ ਵੰਡ ਹੋਣ ਵਾਲਾ ਵਰਤਾਰਾ ਲਗਾਤਾਰ ਚਲਦਾ ਰਹਿੰਦਾ ਹੈ। ਇਸ ਤੋਂ ਬਿਨਾਂ ਚੋਣ ਪ੍ਰਕਿਰਿਆ ਏਨੀ ਮਹਿੰਗੀ ਹੋ ਚੁੱਕੀ ਹੈ ਕਿ ਆਮ ਵੋਟਰ ਜਾਂ ਨਾਗਰਿਕ ਇਹ ਚੋਣਾਂ ਲੜ ਹੀ ਨਹੀਂ ਸਕਦਾ। ਇਨ੍ਹਾਂ ਦਿਨਾਂ ਵਿੱਚ ਹੀ ਬਿਹਾਰ ਦੀਆਂ ਵੋਟਰ ਲਿਸਟਾਂ ਦੀ ਸੁਧਾਈ ਦਾ ਮੁੱਦਾ ਸੁਪਰੀਮ ਕੋਰਟ ਤੱਕ ਪੁੱਜ ਗਿਆ ਹੈ। ਚੋਣਾਂ ਕਿਹੋ ਜਿਹੀਆਂ ਹੋਣਗੀਆਂ ਸਮਾਂ ਹੀ ਦੱਸੇਗਾ। ਇਹ ਸਥਿਤੀ ਸਾਡੇ ਲੋਕਤੰਤਰ ਦਾ ਪ੍ਰਦਰਸ਼ਨ ਹੈ, ਜਿਸ ਦਾ ਅਨੁਭਵ ਜਨ-ਸਮੂਹ ਆਪ ਹੀ ਕਰ ਸਕਦੇ ਹਨ।

ਦੂਜਾ ਪੱਖ ਹੈ ਚੋਣਾਂ ਉਪਰੰਤ ਬਣੀਆਂ ਸਰਕਾਰਾਂ ਦੀ ਕਾਰਕਰਦਗੀ । ਕੀ ਸਾਡੀਆਂ ਸਰਕਾਰਾਂ, ਜੋ ਭਾਰਤੀ ਸੰਵਿਧਾਨ ਦੀਆਂ ਵਿਵਸਥਾਵਾਂ ਅਨੁਸਾਰ ਚੁਣੀਆਂ ਜਾਂਦੀਆਂ ਹਨ, ਇਸ ਸੰਵਿਧਾਨ ਦੇ ਉਦੇਸ਼ਾਂ ਅਨੁਸਾਰ ਚਲਦੀਆਂ ਹਨ, ਜਿਸ ਸੰਵਿਧਾਨ ਦੀ ਇਹ ਚੋਣਾਂ ਲੜਨ ਸਮੇਂ ਜਾਂ ਚੋਣਾਂ ਜਿੱਤਣ ਉਪਰੰਤ ਸਰਕਾਰ ਬਣਾਉਣ ਸਮੇਂ ਸਹੁੰ ਚੁਕਦੀਆਂ ਹਨ? ਇਹ ਵੀ ਵਿਸ਼ਲੇਸ਼ਣ ਕਰਨਾ ਹੋਵੇਗਾ ਕਿ ਕੀ ਸਾਡੀਆਂ ਸੰਵਿਧਾਨਕ ਸੰਸਥਾਵਾਂ, ਜਿਵੇਂ ਲੋਕ ਸਭਾ ਜਾਂ ਵਿਧਾਨ ਸਭਾਵਾਂ ਵਿੱਚ ਵਿਸ਼ਾਲ ਅਤੇ ਸੰਬੰਧਤ ਜਨ-ਸਮੂਹਾਂ ਦੇ ਹਿੱਤਾਂ ਦੀ ਪੂਰਤੀ ਲਈ ਉਨ੍ਹਾਂ ਦੀਆਂ ਲੋੜਾਂ ਅਤੇ ਸੰਵਿਧਾਨਕ ਵਿਵਸਥਾਵਾਂ ਅਨੁਸਾਰ ਵਿਚਾਰਾਂ ਅਤੇ ਫੈਸਲੇ ਕੀਤੇ ਜਾਂਦੇ ਹਨ? ਸਾਡੇ ਅਨੁਭਵ ਅਨੁਸਾਰ ਇਸ ਦਾ ਉੱਤਰ ਵੀ ਨਾਂਹ ਵਿੱਚ ਹੀ ਹੋਵੇਗਾ, ਜਿਸ ਦਾ ਸਪੱਸ਼ਟ ਸਬੂਤ ਅੱਜ ਭਾਰਤ ਵਿੱਚ ਗਰੀਬ-ਅਮੀਰ ਦਾ ਪਾੜਾ, ਲਗਾਤਾਰ ਵਧ ਰਹੀ ਮਹਿੰਗਾਈ, ਵਧ ਰਹੀ ਬੇਰੁਜ਼ਗਾਰੀ, ਸਿੱਖਿਆ ਸਿਹਤ ਸੰਭਾਲ ਵਰਗੇ ਮਨੁੱਖੀ ਵਿਕਾਸ ਨਾਲ ਜੁੜੇ ਖੇਤਰਾਂ ਦੀ ਤਰਸਯੋਗ ਸਮਾਜਕ-ਆਰਥਕ ਅਸੁਰੱਖਿਅਤਾ ਵਾਲੀਆਂ ਹਾਲਤਾਂ ਹੀ ਹਨ। ਹੁਣ ਤਾਂ ਭਾਰਤੀ ਸੰਵਿਧਾਨ ਸੰਬੰਧੀ ਹੀ ਗੰਭੀਰ ਵਿਵਾਦ ਚੱਲ ਰਹੇ ਹਨ। ਕਈ ਸਿਆਸੀ ਆਗੂਆਂ ਅਤੇ ਕਾਰਕੁਨਾਂ ਦੇ ਬਿਆਨ ਲਗਦੇ ਹਨ ਕਿ ਭਾਰਤੀ ਸੰਵਿਧਾਨ ਭਾਰਤੀ ਸੰਸਕ੍ਰਿਤੀ ਅਨੁਸਾਰ ਨਹੀਂ ਹੈ। ਕਈਆਂ ਨੂੰ ਸੰਵਿਧਾਨ ਵਿੱਚ ਸ਼ਾਮਲ 'ਸੈਕੂਲਰ' ਅਤੇ 'ਸਮਾਜਵਾਦ' ਸ਼ਬਦ ਦੀ ਹਜ਼ਮ ਨਹੀਂ ਹੋ ਰਹੇ। ਉਹ ਦੇਸ਼ ਵਿੱਚ 1975 ਵਾਲੀ ਐਮਰਜੈਂਸੀ ਵਾਲੀ ਹਾਲਤ ਦੀ ਆੜ ਵਿੱਚ ਇਨ੍ਹਾਂ ਸ਼ਬਦਾਂ ਨਾਲ ਅਸਹਿਮਤੀ ਪ੍ਰਗਟਾ ਰਹੇ ਹਨ। ਵੈਸੇ ਤਾਂ ਆਜ਼ਾਦੀ ਪ੍ਰਾਪਤੀ ਅਤੇ 26 ਜਨਵਰੀ ਜਦੋਂ ਤੋਂ ਭਾਰਤੀ ਸੰਵਿਧਾਨ ਸਵੀਕਾਰ ਕੀਤਾ ਗਿਆ ਸੀ, ਦੀਆਂ ਵਿਵਸਥਾਵਾਂ ਅਤੇ ਉਦੇਸ਼ ਅੱਜ ਤੱਕ ਪੂਰੀ ਤਰ੍ਹਾਂ ਲਾਗੂ ਨਹੀਂ ਹੋਏ। ਪਰ ਹੁਣ 1990-91 ਤੋਂ ਪਿੱਛੋਂ ਅਪਣਾਈਆਂ ਗਈਆਂ ਅਤੇ ਅੱਜ ਵੀ ਲਾਗੂ ਸੰਸਾਰ ਬੈਂਕ ਮਾਰਕਾ ਨਵਉਦਾਰਵਾਦੀ ਆਰਥਕ ਨੀਤੀਆਂ ਤਾਂ ਭਾਰਤੀ ਸੰਵਿਧਾਨ ਦੀ ਸਪੱਸ਼ਟ ਉਲੰਘਣਾ ਹੈ। ਸਾਡੀਆਂ ਸੰਵਿਧਾਨ ਦੀ ਸਹੁੰ ਚੁਕਣ ਵਾਲੀਆਂ ਅਤੇ ਸੰਵਿਧਾਨ ਦੀ ਰਾਖੀ ਦੀਆਂ ਗੱਲਾਂ ਕਰਦੀਆਂ ਸਿਆਸੀ ਪਾਰਟੀਆਂ ਅਤੇ ਸਿਆਸੀ ਆਗੂਆਂ ਨੂੰ ਚਾਹੀਦਾ ਹੈ ਕਿ ਅਮਰੀਕੀ ਆਮ ਸਹਿਮਤੀ ਵਾਲੀਆਂ ਇਹ ਸੰਸਾਰ ਬੈਂਕ ਮਾਰਕਾ ਨੀਤੀਆਂ ਰੱਦ ਕਰਕੇ ਭਾਰਤੀ ਸੰਵਿਧਾਨ ਦੇ ਉਦੇਸ਼ਾਂ ਨੂੰ ਪ੍ਰਣਾਈਆਂ ਅਤੇ ਸੰਵਿਧਾਨ ਦੇ ਨਿਰਦੇਸ਼ਕ ਸਿਧਾਂਤਾ 'ਤੇ ਅਧਾਰਤ ਆਰਥਕ ਨੀਤੀਆਂ ਅਪਣਾਈਆਂ ਅਤੇ ਲਾਗੂ ਕੀਤੀਆਂ ਜਾਣ। ਸੰਸਾਰ ਬੈਂਕ ਮਾਰਕਾ ਖੁਲ੍ਹੀ ਮੰਡੀ ਦੇ ਹਿੱਤਾਂ ਨੂੰ ਪ੍ਰਣਾਲੀ 'ਟਰਿਕਲ ਡਾਊਨ' ਵਾਲੀ ਨਵਸਾਮਰਾਜੀ ਆਰਥਕ ਨੀਤੀ ਭਾਰਤ ਅਤੇ ਸੰਸਾਰ ਭਰ ਵਿੱਚ ਫੇਲ੍ਹ ਹੋ ਰਹੀ ਹੈ। ਦੇਸ਼ ਵਿੱਚ ਵਧਦੇ ਸਰਕਾਰੀ ਵਿਭਾਗਾਂ ਦੇ ਪ੍ਰਾਈਵੇਟਕਰਨ, ਸਰਕਾਰੀ ਵਿਭਾਗਾਂ ਅਤੇ ਜਨਤਕ ਅਦਾਰਿਆਂ ਵਿੱਚ ਹਜ਼ਾਰਾਂ ਰੈਗੂਲਰ ਮਨਜ਼ੂਰਸ਼ੁਦਾ ਆਸਾਮੀਆਂ ਖਾਲੀ ਰੱਖਣ ਜਾਂ ਖਤਮ ਹੀ ਕਰ ਦੇਣ ਨਾਲ ਵਧ ਰਹੀ ਬੇਰੁਜ਼ਗਾਰੀ, ਵਿਦਿਆਰਥੀ ਅਤੇ ਸਿੱਖਿਆ ਖੇਤਰ ਆਦਿ ਦੀਆਂ ਸਮੱਸਿਆਵਾਂ, ਮਜ਼ਦੂਰ ਦੀਆਂ ਉਜਰਤਾਂ 'ਤੇ ਹਮਲੇ, ਕਿਸਾਨਾਂ ਦੀਆਂ ਫਸਲਾਂ ਦੇ ਘੱਟੋ ਘੱਟ ਸਮਰਥਨ ਮੁੱਲ ਦੇਣ ਤੋਂ ਇਨਕਾਰ ਆਦਿ ਅਲਾਮਤਾਂ ਇਨ੍ਹਾਂ ਨਵ-ਉਦਾਰਵਾਦੀ ਆਰਥਕ ਨੀਤੀਆਂ ਕਾਰਨ ਹੀ ਹਨ। ਇਨ੍ਹਾਂ ਲੋਕ ਵਿਰੋਧੀ ਆਰਥਕ ਨੀਤੀਆਂ ਤੋਂ ਜਨ ਸਮੂਹਾਂ ਦਾ ਧਿਆਨ ਪਰੇ ਰੱਖਣ ਲਈ ਹੀ ਦੇਸ਼ ਵਿੱਚ ਜਾਤ-ਪਾਤ ਜਾਂ ਧਾਰਮਕ ਫਿਰਕੂਵਾਦ ਨੂੰ ਉਭਾਰਿਆ ਜਾਣਾ ਵੀ ਇਸੇ ਨਵ-ਉਦਾਰਵਾਦੀ ਨੀਤੀ ਦਾ ਹੀ ਇੱਕ ਅੰਗ ਹੈ, ਤਾਂ ਜੋ ਇਨ੍ਹਾਂ ਨੀਤੀਆਂ ਤੋਂ ਪ੍ਰਭਾਵਤ ਹੋਏ ਜਨ-ਸਮੂਹ ਇਕੱਠੇ ਹੋ ਕੇ ਇਨ੍ਹਾਂ ਵਿਰੁੱਧ ਸਾਂਝੇ ਜਮਹੂਰੀ ਸੰਘਰਸ਼ ਨਾ ਛੇੜ ਸਕਣ।

ਸਪੱਸ਼ਟ ਹੈ ਕਿ ਇਹ ਆਰਥਕ ਨੀਤੀਆਂ ਅਤੇ ਸਰਕਾਰੀ ਪਹੁੰਚ ਦੇਸ਼ ਵਿੱਚ ਲੋਕਤੰਤਰ ਨੂੰ ਹੋਰ ਕਮਜ਼ੋਰ ਕਰਦੀਆਂ ਹਨ ਅਤੇ ਸਰਕਾਰਾਂ ਆਪਣੀ ਸ਼ਕਤੀ ਨੂੰ ਕੇਂਦਰਤ ਕਰਕੇ ਤਾਨਾਸ਼ਾਹੀ ਰਵੱਈਏ ਦੀਆਂ ਧਾਰਨੀ ਬਣਦੀਆਂ ਹਨ। ਸਾਡੇ ਦੇਸ਼ ਦੇ ਨੀਤੀ ਅਯੋਗ ਦੇ ਇੱਕ ਮੁੱਖ ਅਧਿਕਾਰੀ ਨੇ ਦਸੰਬਰ 2020 ਵਿੱਚ ਕਿਹਾ ਸੀ ਕਿ ਸਾਡੇ ਦੇਸ਼ ਵਿੱਚ ਲੋਕਤੰਤਰ ਵਧੇਰੇ ਹੋਣ ਕਾਰਨ ਆਰਥਕ ਸੁਧਾਰ ਲਾਗੂ ਕਰਨੇ ਬੜੇ ਔਖੇ ਹਨ। ਇਸ ਸੰਬੰਧੀ ਜਨ-ਸਮੂਹਾਂ ਦਾ ਆਪਣੇ ਹੱਕਾਂ ਪ੍ਰਤੀ ਚੇਤੰਨ ਹੋਣਾ ਅਤੇ ਜਨਤਕ ਲਾਮਬੰਦੀ ਕਰਨਾ ਸਮੇਂ ਦੀ ਲੋੜ ਹੈ। ਜਨ-ਸਮੂਹਾਂ ਨੂੰ ਵੀ ਇਹ ਸਮਝਣਾ ਜ਼ਰੂਰੀ ਹੋਵੇਗਾ ਕਿ ਦੇਸ਼ ਵਿੱਚ ਲੋਕਤੰਤਰ ਦੀ ਰਾਖੀ ਅਤੇ ਮਜ਼ਬੂਤੀ ਅਜਿਹੇ ਸਿਆਸੀ ਆਗੂਆਂ ਦੇ ਰਹਿਮ 'ਤੇ ਨਹੀਂ ਛੱਡੀ ਜਾ ਸਕਦੀ, ਜੋ ਸੰਵਿਧਾਨ ਲਾਗੂ ਕਰਨ ਪ੍ਰਤੀ ਸੰਜੀਦਾ ਨਾ ਹੋਣ। ਦੇਸ਼ ਦੇ ਸਿਆਸੀ ਆਗੂਆਂ ਦਾ ਸਤਿਕਾਰ ਕਰੋ, ਜੋ ਲੋਕ ਹਿਤਾਂ ਦੀ ਰਾਖੀ ਲਈ ਯਤਨਸ਼ੀਲ ਹਨ, ਪਰ ਆਪਣੇ ਨਾਗਰਿਕਤਾ ਵਾਲੇ ਸਵੈ-ਮਾਣ, ਮੁਢਲੀਆਂ ਸ਼ਹਿਰੀ ਆਜ਼ਾਦੀਆਂ, ਮਨੁੱਖੀ ਅਤੇ ਸੰਵਿਧਾਨਕ ਹੱਕਾਂ ਦੀ ਕੀਮਤ 'ਤੇ ਨਹੀਂ। ਇਸ ਸੰਬੰਧੀ ਸੰਸਾਰ ਭਰ ਦਾ ਇਤਿਹਾਸਕ ਤਜਰਬਾ ਦੱਸਦਾ ਹੈ ਕਿ ਚੇਤੰਨ ਅਤੇ ਸਮਾਜਕ ਜਨ-ਸਮੂਹ ਹੀ ਦੇਸ਼ ਵਿੱਚ ਲੋਕਤੰਤਰ ਦੀ ਰਾਖੀ ਕਰ ਸਕਦੇ ਹਨ। ਇਸ ਦੇ ਨਾਲ ਹੀ ਸਾਨੂੰ ਇਹ ਵੀ ਯਾਦ ਰੱਖਣਾ ਹੋਵੇਗਾ ਕਿ ਇਹ ਸਾਡਾ ਸੰਵਿਧਾਨ ਹੀ ਹੈ, ਜੋ ਦੇਸ਼ ਵਿੱਚ ਲੋਕਤੰਤਰ ਦੇ ਪੱਧਰ ਅਤੇ ਸਥਿਤੀ ਸੰਬੰਧੀ ਸਪੱਸ਼ਟ ਕਰਦਾ ਹੈ। ਸਾਡੇ ਸਿਆਸੀ ਆਗੂਆਂ ਅਤੇ ਸਰਕਾਰਾਂ ਨੂੰ ਵੀ ਸਪੱਸ਼ਟ ਹੋਣਾ ਪਵੇਗਾ ਕਿ ਲੋਕ ਹਿਤਾਂ 'ਤੇ ਅਧਾਰਤ, ਸਮਾਜਕ, ਰਾਜਨੀਤਕ ਅਤੇ ਆਰਥਕ ਇਨਸਾਫ਼ ਹੀ ਨਿਰੰਤਰ ਅਤੇ ਸਦੀਵੀ ਲੋਕਤੰਤਰ ਲਈ ਸਹਾਈ ਹੋ ਸਕਦਾ ਹੈ। ਇਨ੍ਹਾਂ ਸੰਖੇਪ ਵਿਚਾਰਾਂ ਅਤੇ ਇਤਿਹਾਸਕ ਉਦਾਹਰਣਾਂ ਦੇ ਅਧਾਰ 'ਤੇ ਹੀ ਅਸੀਂ ਕਹਿ ਸਕਦੇ ਹਾਂ ਕਿ ਲੋਕਤੰਤਰ ਦਾ ਅਧਾਰ ਲੋਕ ਮੁੱਦੇ ਹੁੰਦੇ ਹਨ। ਕੇਵਲ ਸਿਆਸੀ ਦੂਸ਼ਣਬਾਜ਼ੀ ਜਾਂ ਲਿਫਾਫੇਬਾਜ਼ੀ ਨਹੀਂ।

**# ਸੰਪਰਕ : 94177-51888**

# ਕਾਨੂੰਨ ਨਹੀਂ, ਸਦਭਾਵਨਾ ਅਤੇ ਧਰਮ ਨਿਰਪੱਖਤਾ ਹੀ ਬੇਅਦਬੀ ਨੂੰ ਰੋਕ ਸਕਦੀ



ਡਾ. ਅਰੁਣ ਮਿੱਤਰਾ

ਬਲੈਸਫੈਮੀ ਦਾ ਮਤਲਬ ਹੈ ਭਗਵਾਨ, ਦੇਵਤਿਆਂ, ਧਾਰਮਿਕ ਪ੍ਰਤੀਕਾਂ, ਪਵਿੱਤਰ ਚੀਜ਼ਾਂ ਜਾਂ ਵਿਸ਼ਵਾਸਾਂ ਦੀ ਵਿਰੋਧੀ ਜਾਂ ਅਪਮਾਨਜਨਕ ਬਿਆਨਬਾਜ਼ੀ, ਜਿਹੜੀ ਆਮ ਤੌਰ 'ਤੇ ਧਰਮ ਅਨੁਸਾਰ ਗਲਤ ਮੰਨੀ ਜਾਂਦੀ ਹੈ। ਇਤਿਹਾਸਕ ਪਿਛੋਕੜ ਵਿੱਚ ਹਰ ਧਰਮ ਨੇ ਬਲੈਸਫੈਮੀ ਨੂੰ ਆਪਣੇ ਹਿਸਾਬ ਨਾਲ ਪ੍ਰੀਭਾਸ਼ਤ ਕੀਤਾ ਹੈ।

ਬੇਅਦਬੀ ਦੀਆਂ ਘਟਨਾਵਾਂ ਤਾਂ ਹੁੰਦੀਆਂ ਹੀ ਆ ਰਹੀਆਂ ਹਨ, ਪਰ ਪਿਛਲੇ ਕੁਝ ਸਾਲਾਂ ਵਿੱਚ ਇਸ ਕਿਸਮ ਦੀਆਂ ਘਟਨਾਵਾਂ ਵਧੀਆਂ ਹਨ। ਮੌਜੂਦਾ ਪੰਜਾਬ ਸਰਕਾਰ ਨੇ ਬੇਅਦਬੀ ਬਾਰੇ ਵਿਧਾਨ ਸਭਾ ਵਿੱਚ ਬਿੱਲ ਲਿਆਂਦਾ ਹੈ ਤੇ ਉਸ ਨੂੰ ਸਿਲੈਕਟ ਕਮੇਟੀ ਨੂੰ ਭੇਜ ਦਿੱਤਾ ਹੈ। ਅਨੇਕਾਂ ਵਾਰ ਇਸ ਕਿਸਮ ਦੇ ਕਾਨੂੰਨ ਕੇਵਲ ਹਲਕੇ ਰਾਜਨੀਤਕ ਲਾਭ ਲੈਣ ਲਈ ਲਿਆਏ ਜਾਂਦੇ ਹਨ, ਪਰ ਜਿਵੇਂ-ਜਿਵੇਂ ਸਾਰੀ ਦੁਨੀਆ ਵਿੱਚ ਧਾਰਮਿਕ ਕੱਟੜਵਾਦ ਤੇ ਰੂੜੀਵਾਦੀ ਫੈਲ ਰਿਹਾ ਹੈ, ਇਸ ਕਿਸਮ ਦੇ ਕਾਨੂੰਨਾਂ ਦੀ ਵਰਤੋਂ ਵਧਦੀ ਜਾ ਰਹੀ ਹੈ।

ਪਾਕਿਸਤਾਨ ਵਿੱਚ ਤਾਂ ਇਹ ਕਾਨੂੰਨ ਬੜਾ ਸਖਤ ਹੈ ਤੇ ਫਾਂਸੀਆਂ ਵੀ ਦਿੱਤੀਆਂ ਜਾ ਚੁੱਕੀਆਂ ਹਨ। ਖਤਰਾ ਹੈ ਕਿ ਇਸ ਕਿਸਮ ਦੇ ਕਾਨੂੰਨ ਆਮ ਤੌਰ 'ਤੇ ਗਲਤ ਢੰਗ ਨਾਲ ਇਸਤੇਮਾਲ ਹੁੰਦੇ ਹਨ। ਸਰਕਾਰਾਂ, ਪ੍ਰਸ਼ਾਸਨ ਜਾਂ ਪੁਲਸ ਇਹਨਾਂ ਦੀ ਦੁਰਵਰਤੋਂ ਕਰਕੇ ਆਮ ਲੋਕਾਂ ਨੂੰ ਜਾਂ ਵੱਖਰੇ ਵਿਚਾਰ ਰੱਖਣ ਵਾਲਿਆਂ ਨੂੰ ਨਜਾਇਜ਼ ਤੰਗ ਕਰ ਸਕਦੀਆਂ ਹਨ।

ਇਸ ਕਿਸਮ ਦੇ ਕਾਨੂੰਨਾਂ ਦਾ ਅਸਲ ਨਿਸ਼ਾਨਾ ਵਿਗਿਆਨਕ ਸੋਚ 'ਤੇ ਹੁੰਦਾ ਹੈ, ਕਿਉਂਕਿ ਵਿਗਿਆਨ ਹਮੇਸ਼ਾ ਪ੍ਰਸ਼ਨ ਕਰਨ ਨੂੰ ਉਤਸ਼ਾਹਤ ਕਰਦਾ ਹੈ। ਇਸ ਕਿਸਮ ਦੇ ਬਿੱਲ ਲਿਆ ਕੇ ਪ੍ਰਸ਼ਨ ਕਰਨ ਦੀ ਗੁੰਜਾਇਸ਼ ਨੂੰ ਸਮਾਪਤ ਕੀਤਾ ਜਾ ਸਕਦਾ ਹੈ।

ਇਹ ਦੁੱਖ ਦੀ ਗੱਲ ਹੈ ਕਿ ਧਰਮ ਵਿੱਚ ਸਮੇਂ ਦੇ ਨਾਲ ਤਬਦੀਲੀਆਂ ਲਿਆਉਣ ਦੀ ਕੋਸ਼ਿਸ਼ ਘੱਟ ਕੀਤੀ ਗਈ ਹੈ, ਬਲਕਿ ਉਸੇ ਤਰ੍ਹਾਂ ਨਾਲ ਚਲਾਇਆ ਜਾਂਦਾ ਹੈ, ਜਿਵੇਂ ਕਿ ਸੈਂਕੜੇ ਸਾਲ ਪਹਿਲੇ ਸੀ। ਭਾਵੇਂ ਧਰਮ ਦੇ ਪ੍ਰਚਾਰ ਲਈ ਆਧੁਨਿਕ ਤਕਨੀਕਾਂ ਨੂੰ ਪੂਰੀ ਤਰ੍ਹਾਂ ਵਰਤਿਆ ਜਾਂਦਾ ਹੈ।

ਜਦੋਂ ਕੋਈ ਪ੍ਰਗਤੀਸ਼ੀਲ ਸੋਚ ਵਾਲਾ ਵਿਅਕਤੀ ਰੂੜੀਵਾਦੀ ਸੋਚ ਨੂੰ ਚੁਣੌਤੀ ਦਿੰਦਾ ਹੈ ਤਾਂ ਉਹ ਕੁਝ ਲੋਕਾਂ ਨੂੰ ਵੱਡਾ ਖਤਰਾ ਬਣਿਆ ਜਾਪਦਾ ਹੈ। ਮਿਸਾਲ ਦੇ ਤੌਰ 'ਤੇ ਇਤਿਹਾਸ ਵਿੱਚ ਵਿਗਿਆਨ ਨੇ ਸਦਾ ਹੀ ਰੂੜੀਵਾਦੀ ਵਿਚਾਰਾਂ ਨੂੰ ਚੁਣੌਤੀ ਦਿੱਤੀ ਹੈ। ਚੁਣੌਤੀ ਦੇਣ ਵਾਲਿਆਂ ਨੂੰ ਅਨੇਕਾਂ ਯਾਤਨਾਵਾਂ ਇੱਥੋਂ ਤੱਕ ਕਿ ਮ੍ਰਿਤੂ ਦੰਡ ਦਾ ਵੀ ਸਾਹਮਣਾ ਕਰਨਾ ਪਿਆ ਹੈ। ਇਹਨਾਂ ਵਿੱਚੋਂ ਕੁਝ ਪ੍ਰਮੁੱਖ ਸੁਕਰਾਤ, ਗੈਲੀਲੀਓ, ਕਾਪਰ ਨਿਕਸ ਅਤੇ ਸਾਡੇ ਆਪਣੇ ਦੇਸ਼ ਦੇ ਪੁਰਾਤਨ ਇਤਿਹਾਸ ਵਿੱਚ ਚਾਰ ਵਾਕ ਵਰਗੇ ਰਿਸ਼ੀ ਹਨ। ਗੁਰੂ ਨਾਨਕ ਦੇਵ ਅਤੇ ਅਨੇਕਾਂ ਸੂਫੀ-ਸੰਤਾਂ ਨੇ ਰੂੜੀਵਾਦ ਦੇ ਖਿਲਾਫ ਆਵਾਜ਼ ਚੁੱਕੀ। ਅਜੋਕੇ ਸੰਦਰਭ ਵਿੱਚ ਉਹਨਾਂ ਨੂੰ ਬਲੈਸਫੈਮੀ ਆਖਿਆ ਜਾ ਸਕਦਾ ਹੈ, ਪਰ ਇਹਨਾਂ ਮਹਾਨ ਸ਼ਖਸੀਅਤਾਂ ਨੇ ਆਪਣੀ ਸੋਚ ਨੂੰ ਨਹੀਂ ਛੱਡਿਆ ਤੇ ਅਡਿੱਗ ਰਹੇ।

ਬਲੈਸਫੈਮੀ ਬਾਰੇ ਨਵੀਂ ਕਾਨੂੰਨ ਲਿਆ ਕੇ ਇਹ ਸਥਿਤੀ ਹੋ ਸਕਦੀ ਪੈਦਾ ਹੈ ਕਿ ਜਿਹੜਾ ਰੂੜੀਵਾਦੀ ਵਿਚਾਰ ਨੂੰ ਚੁਣੌਤੀ ਦੇਵੇ, ਉਸਨੂੰ ਬਲੈਸਫੈਮੀ ਦਾ ਨਾਂਅ ਦੇ ਕੇ ਉਸ ਵਿਅਕਤੀ 'ਤੇ ਕੋਈ ਵੀ ਕਾਰਵਾਈ ਕਰ ਸਕਦੇ ਹੋ। ਸਲਮਾਨ ਰਸਦੀ ਦੇ ਖਿਲਾਫ ਫਤਵਾ ਜਾਰੀ ਕੀਤਾ ਗਿਆ ਤੇ ਉਸ ਨੂੰ ਕਤਲ ਕਰਨ ਦੇ ਇਰਾਦੇ ਨਾਲ ਕਈ ਹਮਲੇ ਵੀ ਕੀਤੇ ਗਏ। ਹੁਣੇ-ਹੁਣੇ ਉੱਤਰ ਪ੍ਰਦੇਸ਼ ਵਿੱਚ ਇੱਕ ਅਧਿਆਪਕ ਜਿਸ ਨੇ ਇਹ ਕਵਿਤਾ ਲਿਖੀ, ਜਿਸ ਦਾ ਤਤ ਸਾਰ ਹੈ ਕਿ 'ਕਾਂਵੜੀਏ ਨਾ ਬਣੋ -ਗਿਆਨ ਪ੍ਰਾਪਤ ਕਰੋ, ਉਸ ਦੇ ਉੱਪਰ ਐੱਫ ਆਈ ਆਰ ਦਰਜ ਕਰ ਦਿੱਤੀ ਗਈ ਹੈ।

ਤਰਕਸ਼ੀਲ ਸੋਚ 'ਤੇ ਅਧਾਰਤ ਆਧੁਨਿਕ ਸਮਾਜ ਨੇ ਸਹਿਣਸ਼ੀਲਤਾ 'ਤੇ ਬਲ ਦਿੱਤਾ ਹੈ, ਦੂਸਰਿਆਂ ਦੀਆਂ ਭਾਵਨਾਵਾਂ ਨੂੰ ਠੇਸ ਨਾ ਪਹੁੰਚਾਉਣ ਦੀ ਗੱਲ ਕਹੀ ਹੈ, ਦੂਸਰਿਆਂ ਦੀਆਂ ਆਸਥਾਵਾਂ ਨੂੰ ਆਦਰ-ਸਤਿਕਾਰ ਦੇਣ ਦਾ ਰਸਤਾ ਦਿਖਾਇਆ ਹੈ ਅਤੇ ਸਮਾਜ ਨੂੰ ਇੱਕ ਧਰਮਨਿਰਪੱਖ ਤੇ ਸਦਭਾਵਨਾ ਵਾਲਾ ਸਮਾਜ ਬਣਾਉਣ ਦੀ ਕੋਸ਼ਿਸ਼ ਕੀਤੀ ਹੈ ਅਤੇ ਸੋਚਣ ਤੇ ਪ੍ਰਸ਼ਨ ਕਰਨ ਦੀ ਰੁਚੀ ਪੈਦਾ ਕਰਨ ਲਈ ਪ੍ਰੇਰਿਆ ਹੈ।

ਇਸ ਲਈ ਇਹ ਸਮਝਣ ਦੀ ਲੋੜ ਹੈ ਕਿ ਇਸ ਕਿਸਮ ਦੇ ਕਾਨੂੰਨ ਡਰ ਤਾਂ ਪਾ ਸਕਦੇ ਹਨ, ਪਰ ਉਹ ਕੁਝ ਦੇਰ ਲਈ ਹੁੰਦਾ ਹੈ। ਡਰ ਸਹਿਣਸ਼ੀਲਤਾ ਨੂੰ ਪੈਦਾ ਨਹੀਂ ਕਰਦਾ ਹੈ, ਬਲਕਿ ਨਫਰਤ ਨੂੰ ਵਧਾਉਂਦਾ ਹੈ।

ਪਿਛਲੇ ਸਮੇਂ ਵਿੱਚ ਜਿਸ ਤਰੀਕੇ ਨਾਲ ਕੇਂਦਰ ਵਿੱਚ ਮੋਦੀ ਦੀ ਅਗਵਾਈ ਵਾਲੀ ਆਰ ਐੱਸ ਐੱਸ ਦੀ ਥਾਪੜੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੱਲੋਂ ਇੱਕ ਵਿਸ਼ੇਸ਼ ਧਰਮ ਦਾ ਕੱਟੜਪੁਣਾ ਫੈਲਾ ਕੇ ਦੂਸਰਿਆਂ 'ਤੇ ਹਮਲੇ ਕੀਤੇ ਜਾ ਰਹੇ ਹਨ ਤੇ ਨੀਵਾਂ ਦਿਖਾਇਆ ਜਾ ਰਿਹਾ ਹੈ, ਇਹ ਬਹੁਤ ਖਤਰਨਾਕ ਸਾਬਿਤ ਹੋ ਸਕਦਾ ਹੈ।

ਇਸ ਕਿਸਮ ਦੇ ਕਾਨੂੰਨਾਂ ਮੁਤਾਬਕ ਕਿਸੇ ਵੀ ਵੱਲੋਂ ਕੋਈ ਨਾਂਹ-ਪੱਖੀ ਕੰਮ ਕਰਨ ਨੂੰ ਜਦੋਂ ਚੁਣੌਤੀ ਦਿਓਗੇ ਤਾਂ ਉਸ ਨੂੰ ਬਲੈਸਫੈਮੀ ਦਾ ਨਾਂਅ ਦੇ ਕੇ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ। ਸਾਡੇ ਪਸ਼ਸਾਸਨ ਦੇ ਕਿਰਦਾਰ ਕਿਸ ਕਿਸਮ ਦੇ ਹਨ, ਸਾਨੂੰ ਪਤਾ ਹੈ। ਉਸ ਵਿੱਚ ਨਾ ਤਾਂ ਕੋਈ ਪਾਰਦਰਸ਼ਤਾ ਹੈ ਤੇ ਨਾ ਹੀ ਕੋਈ ਸੰਵੇਦਨਸ਼ੀਲਤਾ। ਇਸ ਲਈ ਇਸ ਕਿਸਮ ਦੇ ਕਾਨੂੰਨਾਂ ਦੀ ਭਾਰਤ ਵਿੱਚ ਕੋਈ ਜਗ੍ਹਾ ਨਹੀਂ ਹੈ।

ਜਦੋਂ ਸਰਕਾਰਾਂ ਲੋਕਾਂ ਦੇ ਮਸਲੇ ਹੱਲ ਕਰਨ ਵਿੱਚ ਨਾਕਾਮ ਰਹਿੰਦੀਆਂ ਹਨ ਤਾਂ ਉਹ ਇਨ੍ਹਾਂ ਗੱਲਾਂ ਨੂੰ ਉਠਾਉਂਦੀਆਂ ਹਨ, ਤਾਂ ਜੋ ਲੋਕਾਂ ਦਾ ਧਿਆਨ ਅਸਲ ਸਮੱਸਿਆਵਾਂ ਤੋਂ ਹਟ ਸਕੇ। ਇਸ ਲਈ ਇਹ ਜ਼ਰੂਰੀ ਹੈ ਕਿ ਇਸ ਤਰ੍ਹਾਂ ਦੇ ਕਾਨੂੰਨ ਲਿਆਂਦੇ ਜਾਣ ਦੀ ਲੋੜ 'ਤੇ ਗੰਭੀਰ ਚਰਚਾ ਹੋਵੇ। ਸਾਨੂੰ ਉਮੀਦ ਹੈ ਕਿ ਸਿਲੈਕਟ ਕਮੇਟੀ ਇਸ ਵੱਲ ਧਿਆਨ ਦੇਵੇਗੀ।

**# ਸੰਪਰਕ : 80775-74352, 91700-00360**

# ਕਿੱਧਰ ਨੂੰ ਜਾ ਰਿਹਾ ਹੈ ਸਾਡਾ ਪੰਜਾਬ



ਦਲਜੀਤ ਰਾਏ ਕਾਲੀਆ

*'ਐ, ਪੰਜਾਬ ਕਰਾਂ ਕੀ ਸਿਫਤ ਤੇਰੀ, ਸ਼ਾਨਾਂ ਦੇ ਸਭ ਸਮਾਨ ਤੇਰੇ,*
*ਜਲ ਪੌਣ ਤੇਰੇ ਹਰਿਆਲ ਤੇਰੀ, ਦਰਿਆ ਪਰਬਤ ਮੈਦਾਨ ਤੇਰੇ।'*

ਕਿਸੇ ਸਮੇਂ ਪੰਜਾਬੀ ਦੇ ਪ੍ਰਮੁੱਖ ਕਵੀ ਲਾਲਾ ਧਨੀ ਰਾਮ ਚਾਤ੍ਰਿਕ ਵੱਲੋਂ ਪੰਜਾਬ ਬਾਰੇ ਲਿਖੇ ਬੋਲ ਹੁਣ ਫਿੱਕੇ ਪੈਂਦੇ ਜਾਪਦੇ ਹਨ।ਗੁਰੂਆਂ-ਪੀਰਾਂ ਦੀ ਵਰੋਸਾਈ ਧਰਤੀ ਜਿੱਥੋਂ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ' ਦਾ ਹੋਕਾ ਦਿੱਤਾ ਗਿਆ ਸੀ, ਉਹ ਅੱਜ ਕਿਹੜੇ ਰਾਹ ਤੁਰ ਪਈ ਹੈ, ਸੋਚਣ ਦਾ ਵੇਲਾ ਹੈ। ਪੰਜਾਬ ਦੇ ਦਰਿਆ, ਪੌਣ ,ਪਾਣੀ ਸਭ ਦੂਸ਼ਿਤ ਹੋਇਆ ਪਿਆ ਹੈ, ਇਸ ਨੂੰ ਦੂਸ਼ਿਤ ਕਰਨ ਵਿੱਚ ਬਹੁਤ ਸਾਰੀਆਂ ਧਿਰਾਂ ਨੇ ਹਿੱਸਾ ਪਾਇਆ ਹੈ। ਅੰਨ ਦੀ ਵਧੇਰੇ ਪੈਦਾਵਾਰ ਕਰਕੇ ਭਾਵੇਂ ਅਸੀਂ ਅੰਨਦਾਤਾ ਅਖਵਾ ਲਿਆ ਹੈ, ਪਰ ਅਸੀਂ ਖੇਤਾਂ ਵਿੱਚ ਵੱਡੀ ਮਾਤਰਾ ਵਿੱਚ ਨਦੀਨ ਨਾਸ਼ਕ, ਕੀਟਨਾਸ਼ਕ, ਖਾਦਾਂ, ਰੇਹਾਂ-ਸਪਰੇਆਂ ਪਾ-ਪਾ ਕੇ ਧਰਤੀ ਮਾਤਾ ਨੂੰ ਜ਼ਹਿਰੀਲਾ ਕਰਨ ਵਿੱਚ ਵੀ ਕੋਈ ਕਸਰ ਨਹੀਂ ਛੱਡੀ। ਧਰਤੀ ਮਾਤਾ ਦੀ ਉਪਜਾਊ ਸ਼ਕਤੀ ਤੋਂ ਕਈ ਗੁਣਾ ਵੱਧ ਅਸੀਂ ਫਸਲਾਂ ਲੈਣ ਲਈ ਆਪਣੀ ਪੂਰੀ ਵਾਹ ਲਾਈ ਹੈ। ਜੇ ਅਜਿਹਾ ਵਰਤਾਰਾ ਚਲਦਾ ਰਿਹਾ ਤਾਂ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਦੀ ਧਰਤੀ ਬੰਜਰ ਹੋ ਜਾਵੇਗੀ।

ਇੱਕ ਸਦੀ ਜਾਂ ਪੌਣੀ ਸਦੀ ਪਹਿਲਾਂ ਦੇ ਪੰਜਾਬ 'ਤੇ ਜਦੋਂ ਅਸੀਂ ਝਾਤ ਮਾਰਦੇ ਹਾਂ ਤਾਂ ਉਸ ਸਮੇਂ ਪੰਜਾਬ ਦੇ ਹਰ ਪਿੰਡ, ਕਸਬੇ ਵਿੱਚ ਛੋਟੇ-ਛੋਟੇ ਜੰਗਲ, ਰੱਖਾਂ, ਝਿੜੀਆਂ ਆਮ ਹੁੰਦੀਆਂ ਸਨ । ਕੱਚੀਆਂ ਸੜਕਾਂ ਦੇ ਕਿਨਾਰਿਆਂ 'ਤੇ ਰੁੱਖ, ਨਹਿਰਾਂ ਦੇ ਦੁਆਲੇ ਰੁੱਖ, ਸਾਂਝੀਆਂ ਪੰਚਾਇਤੀ ਥਾਵਾਂ 'ਤੇ ਰੁੱਖ ਅਤੇ ਪਸ਼ੂਆਂ ਲਈ ਛੱਡੀਆਂ ਚਰਾਂਦਾਂ ਵਿੱਚ ਵੀ ਰੁੱਖ ਹੁੰਦੇ ਸਨ। ਹਰ ਪਿੰਡ ਵਿੱਚ ਨਿੰਮ, ਪਿੱਪਲ, ਬੋਹੜ, ਤੂਤ, ਸ਼ਹਿਤੂਤ ,ਟਾਹਲੀ, ਕਿੱਕਰ, ਜੰਡ, ਕਰੀਰ ਦੇ ਰੁੱਖ ਆਮ ਮਿਲਦੇ ਸਨ । ਪਿੰਡਾਂ ਦੀਆਂ ਸਾਂਝੀਆਂ ਥਾਵਾਂ 'ਤੇ ਕਈ-ਕਈ ਰੁੱਖ ਲੱਗੇ ਹੁੰਦੇ ਸਨ, ਜਿਨ੍ਹਾਂ ਦੀ ਸੰਘਣੀ ਛਾਂ ਹੇਠ ਬੈਠ ਕੇ ਬਜ਼ੁਰਗ ਆਪਣੇ ਤਜਰਬੇ ਇੱਕ-ਦੂਜੇ ਨਾਲ ਸਾਂਝੇ ਕਰਦੇ ਹੁੰਦੇ ਸਨ। ਇਨ੍ਹਾਂ ਬਜ਼ੁਰਗਾਂ ਕੋਲ ਹਰ ਘਰ ਦੀ ਚੰਗੀ-ਮਾੜੀ ਗੱਲ ਦੀ ਸੂਚਨਾ ਹੁੰਦੀ ਸੀ। ਪਰ ਸਮੇਂ ਨੇ ਦੌਰ ਬਦਲਿਆ, ਮਸ਼ੀਨੀ ਯੁੱਗ ਆਇਆ, ਕੁਝ ਦਹਾਕਿਆਂ ਵਿੱਚ ਹੀ ਬਹੁਤ ਵੱਡਾ ਪਰਿਵਰਤਨ ਆ ਗਿਆ।

ਸਭ ਤੋਂ ਵੱਡੀ ਘਾਟ, ਜੋ ਸਾਡੇ ਪਿੰਡਾਂ ਵਿੱਚ ਆਈ ਹੈ, ਉਹ ਭਾਈਚਾਰਕ ਸਾਂਝ ਵਿੱਚ ਵੱਡੇ ਪੱਧਰ 'ਤੇ ਕਮੀ ਆਈ ਹੈ।ਪਹਿਲਾਂ ਪਿੰਡ ਦਾ ਪ੍ਰਾਹੁਣਾ ਹਰ ਘਰ ਦਾ ਪ੍ਰਾਹੁਣਾ ਹੁੰਦਾ ਸੀ। ਪਿੰਡ ਦੀ ਹਰ ਧੀ ਸਾਰੇ ਪਿੰਡ ਦੀ ਸਾਂਝੀ ਧੀ ਹੁੰਦੀ ਸੀ, ਪਰ ਹੁਣ ਅਜਿਹਾ ਨਹੀਂ ਰਿਹਾ। ਕੰਮੀਆਂ ਤੇ ਕਿਰਸਾਨਾਂ ਦਾ ਰਿਸ਼ਤਾ ਵੀ ਭਾਈਚਾਰਕ ਸਾਂਝ ਵਾਲਾ ਹੁੰਦਾ ਸੀ। ਦਹਾਕਿਆਂਬੱਧੀ ਸ਼ੀਰੀ ਇੱਕੋ ਕਿਸਾਨ ਪਰਵਾਰ ਨਾਲ ਨਿਭਦੇ ਰਹਿੰਦੇ ਸਨ।ਪੌਣੀ ਸਦੀ ਪਹਿਲਾਂ ਪਿੰਡਾਂ ਵਿੱਚ ਹਰ ਕੰਮ ਜਿਵੇਂ ਤਰਖਾਣਾ, ਲੁਹਾਰਾ ਕੰਮ ਸੇਪੀ 'ਤੇ ਹੋਇਆ ਕਰਦਾ ਸੀ। ਕਿਸਾਨ ਲੋਕ ਆਪਣੇ ਖੇਤੀ ਦੀਆਂ ਜ਼ਰੂਰਤਾਂ ਲਈ ਜਿਵੇਂ ਦਾਤਰੀ ਦੇ ਦੰਦੇ ਕਢਵਾਉਣੇ, ਰੰਬੇ 'ਕਹੀਆਂ ਚੰਡਵਾਉਣੇ, ਹਲਾਂ ਨੂੰ ਫਾਲੇ ਲਗਵਾਉਣੇ, ਘਰਾਂ ਦੀਆਂ ਜ਼ਰੂਰੀ ਚੀਜ਼ਾਂ ਮੰਜੇ-ਪੀੜ੍ਹੇ ਬਣਵਾਉਣੇ, ਸਭ ਕੰਮ ਸੇਪੀ 'ਤੇ ਕਰਵਾਉਂਦੇ ਸਨ।ਕੱਪੜੇ ਸਿਉਣ ਵਾਲਾ ਦਰਜੀ ਸਾਰਾ ਸਾਲ ਜ਼ਿਮੀਦਾਰਾਂ ਦੇ ਕੱਪੜੇ ਸਿਉਂਦਾ ਰਹਿੰਦਾ ਸੀ ਅਤੇ ਹਾੜੀ-ਸੌਣੀ ਉਸ ਨੂੰ ਫਸਲ ਵਿੱਚੋਂ ਕੁਝ ਨਾ ਕੁਝ ਹਿੱਸਾ ਦਿੱਤਾ ਜਾਂਦਾ ਸੀ।

ਹੁਣ ਖੇਤੀ ਵੀ ਇੱਕ ਤਰ੍ਹਾਂ ਦਾ ਧੰਦਾ ਬਣ ਗਿਆ ਹੈ । ਵਿਰਲੇ-ਟਾਵੇਂ ਕਿਸਾਨ ਹੀ ਆਪਣੀ ਫ਼ਸਲ ਖੁਦ ਬੀਜਦੇ ਹਨ, ਨਹੀਂ ਤਾਂ ਅਕਸਰ ਕਿਸਾਨ ਆਪਣੀ ਜ਼ਮੀਨ ਨੂੰ ਠੇਕੇ 'ਤੇ ਦੇ ਕੇ ਸੁਰਖਰੂ ਹੋਣ ਨੂੰ ਵਧੇਰੇ ਤਰਜੀਹ ਦਿੰਦੇ ਹਨ। ਮਹਿੰਗਾਈ ਦੇ ਨਾਲ-ਨਾਲ ਠੇਕੇ ਦੀ ਕੀਮਤ ਵੀ 80-85 ਹਜ਼ਾਰ ਰੁਪਏ ਪ੍ਰਤੀ ਕਿੱਲਾ ਤੱਕ ਪਹੁੰਚ ਗਈ ਹੈ । ਏਨਾ ਠੇਕਾ ਦੇ ਕੇ ਕਾਸ਼ਤਕਾਰ ਜਾਂ ਉਸ ਮੁਜ਼ਾਰੇ ਨੂੰ ਕੀ ਬਚਦਾ ਹੋਵੇਗਾ ,ਇਹ ਸੋਚਣ ਦਾ ਵਿਸ਼ਾ ਹੈ ਅਤੇ ਜਾਂ ਜਮੀਨ ਤੋਂ ਵਧੇਰੇ ਝਾੜ ਲੈਣ ਲਈ ਉਹ ਕੀ-ਕੀ ਕਰਦਾ ਹੋਵੇਗਾ, ਇਹ ਉਹੀ ਜਾਣਦਾ ਹੋਵੇਗਾ। ਜੇਕਰ ਕੁਦਰਤ ਦੇ ਕਹਿਰ-ਕਰੋਪੀਆਂ ਵਾਪਰ ਜਾਣ ਤਾਂ ਉਸ ਦੇ ਪੱਲੇ ਨਿਰਾਸ਼ਾ ਦਾ ਪੈਣਾ ਸੁਭਾਵਿਕ ਹੀ ਹੈ।

ਪੰਜਾਬ ਵਿੱਚ ਵੱਡੇ ਪੱਧਰ 'ਤੇ ਬੇਰੁਜ਼ਗਾਰੀ ਫੈਲੀ ਹੋਈ ਹੈ। ਭਾਵੇਂ ਇਹ ਸਮੁੱਚੇ ਦੇਸ਼ ਅਤੇ ਵਿਸ਼ਵ ਦਾ ਵਰਤਾਰਾ ਹੋਵੇ ,ਪਰ ਅਸੀਂ ਜਿਸ ਖਿੱਤੇ ਵਿੱਚ ਰਹਿੰਦੇ ਹਾਂ, ਸਾਡੇ ਧਿਆਨ ਵਿੱਚ ਉਹੀ ਆਉਂਦਾ ਹੈ। ਪਿਛਲੇ ਚਾਰ ਕੁ ਸਾਲਾਂ ਪਹਿਲਾਂ ਸਿਹਤ ਵਿਭਾਗ ਵਿੱਚ ਵਾਰਡ ਸਰਵੈਂਟ( ਦਰਜਾ ਚਾਰ ) ਦੀ ਅਸਾਮੀ ਲਈ ਭਰਤੀ ਹੋਈ ਸੀ। ਭਰਤੀ ਦੌਰਾਨ ਐੱਮ.ਟੈਕ.ਬੀ.ਟੈਕ. ਐੱਮ.ਐੱਡ. ਬੀ.ਐੱਡ. ਬੀ, ਫਾਰਮੇਸੀ ਅਤੇ ਹੋਰੀ ਉਚੇਰੀਆਂ ਯੋਗਤਾਵਾਂ ਵਾਲੇ ਮੁੰਡੇ-ਕੁੜੀਆਂ ਭਰਤੀ ਹੋਏ ਹਨ। 800 ਕੁ ਪੋਸਟਾਂ ਸਨ ਅਤੇ ਲੱਖ ਦੇ ਕਰੀਬ ਬੇਰੁਜ਼ਗਾਰਾਂ ਨੇ ਇਸ ਪੋਸਟ ਲਈ ਅਪਲਾਈ ਕੀਤਾ ਸੀ।

ਸਰਕਾਰਾਂ ਵੱਲੋਂ ਬੇਰੁਜ਼ਗਾਰਾਂ ਦਾ ਵੱਡੀ ਪੱਧਰ 'ਤੇ ਸ਼ੋਸ਼ਣ ਕੀਤਾ ਜਾਂਦਾ ਹੈ, ਕਿਸੇ ਵੀ ਮਹਿਕਮੇ ਵਿੱਚ ਪੋਸਟਾਂ ਨਿਕਲਦੀਆਂ ਹਨ ਤਾਂ ਲੱਖਾਂ ਦੀ ਗਿਣਤੀ ਵਿੱਚ ਬੇਰੁਜ਼ਗਾਰ ਅਪਲਾਈ ਕਰਦੇ ਹਨ ਅਤੇ ਅਪਲਾਈ ਕਰਨ ਦੇ ਨਾਂਅ 'ਤੇ ਉਹਨਾਂ ਤੋਂ ਮੋਟੀ ਫੀਸ ਵਸੂਲੀ ਜਾਂਦੀ ਹੈ । ਭਰਤੀ ਸਿਰੇ ਚੜ੍ਹਨੀ ਹੈ ਜਾਂ ਨਹੀਂ, ਇਹ ਇੱਕ ਵੱਖਰੀ ਗੱਲ ਹੈ। ਪਿੱਛੇ ਜਿਹੇ ਸੁਪਰੀਮ ਕੋਰਟ ਵੱਲੋਂ 1158 ਸਰਕਾਰੀ ਕਾਲਜਾਂ ਦੇ ਸਹਾਇਕ ਪ੍ਰੋਫੈਸਰਾਂ ਅਤੇ ਲਾਇਬਰੇਰੀਆਂ ਦੀ ਭਰਤੀ ਨੂੰ ਰੱਦ ਕਰ ਦਿੱਤਾ ਗਿਆ ਹੈ। ਪੱਕੀ ਨੌਕਰੀ ਛੱਡ ਕੇ ਜਦੋਂ ਇਹ ਬੱਚੇ ਖਾਲੀ ਹੱਥ ਘਰਾਂ ਨੂੰ ਮੁੜਨਗੇ ਤਾਂ ਉਹਨਾਂ ਅਤੇ ਉਹਨਾਂ ਦੇ ਮਾਪਿਆਂ ਉੱਪਰ ਕੀ ਗੁਜ਼ਰੇਗੀ । ਬੱਚਿਆਂ ਦੇ ਰਿਸ਼ਤੇ ਅਕਸਰ ਹੀ ਨੌਕਰੀ ਵੇਖ ਕੇ ਕੀਤੇ ਜਾਂਦੇ ਹਨ। ਅਜਿਹੇ ਰਿਸ਼ਤੇ ਟੁੱਟਣਗੇ ਅਤੇ ਪਹਿਲਾਂ ਵੀ ਕਈ ਰਿਸ਼ਤੇ ਟੁੱਟਦੇ ਵੇਖੇ ਹਨ ।

ਪੰਜਾਬ ਵਿੱਚ ਪ੍ਰਵਾਸ ਵੀ ਇੱਕ ਵੱਡੀ ਸਮੱਸਿਆ ਬਣਿਆ ਹੋਇਆ ਹੈ । ਇੱਥੋਂ ਦੇ ਪੜ੍ਹੇ-ਲਿਖੇ ਲੋਕ ਭੋਇੰ-ਭਾਂਡਾ ਵੇਚ ਕੇ ਜਾਂ ਕੋਈ ਹੋਰ ਜੁਗਾੜ ਕਰਕੇ ਅਮਰੀਕਾ, ਇੰਗਲੈਂਡ, ਕੈਨੇਡਾ, ਆਸਟਰੇਲੀਆ, ਨਿਊ ਜ਼ੀਲੈਂਡ ਅਤੇ ਹੋਰ ਯੂਰਪੀ ਦੇਸ਼ਾਂ ਨੂੰ ਜਾਣ ਲਈ ਹਮੇਸ਼ਾ ਤਰਲੋਮੱਛੀ ਹੋਏ ਰਹਿੰਦੇ ਹਨ। ਸਾਡੇ ਉੱਚ ਯੋਗਤਾ ਪ੍ਰਾਪਤ ਬੱਚੇ ਜਦੋਂ ਬਾਹਰ ਜਾਂਦੇ ਹਨ ਤਾਂ ਬਰੇਨ ਡਰੇਨ ਵੀ ਹੁੰਦਾ ਹੈ ਅਤੇ ਇੱਕ ਬੱਚੇ ਦੇ ਜਾਣ 'ਤੇ ਲੱਖਾਂ ਰੁਪਏ ਖਰਚ ਵੀ ਆਉਂਦੇ ਹਨ।ਜੇਕਰ ਪੜ੍ਹੇ-ਲਿਖੇ ਬੱਚਿਆਂ ਨੂੰ ਇੱਥੇ ਉਹਨਾਂ ਦੀ ਯੋਗਤਾ ਮੁਤਾਬਕ ਰੁਜ਼ਗਾਰ ਮਿਲਦਾ ਹੋਵੇ ਤਾਂ ਪੜ੍ਹਿਆ-ਲਿਖਿਆ ਵਰਗ ਕਦੇ ਵੀ ਬਾਹਰ ਨਾ ਜਾਵੇ। ਦੇਸ਼ ਵਿੱਚ ਬੈਠੇ ਉਨਾਂ ਦੇ ਮਾਪੇ ਇਕੱਲ ਭੋਗਦੇ ਹਨ । ਬਾਹਰ ਭੇਜਣ ਦੇ ਨਾਂਅ 'ਤੇ ਵੀ ਦੇਸ਼ ਵਿੱਚ ਵੱਡੇ ਪੱਧਰ 'ਤੇ ਗੋਰਖਧੰਦਾ ਚਲਦਾ ਰਹਿੰਦਾ ਹੈ। ਹਰ ਸ਼ਹਿਰ, ਕਸਬੇ ਵਿੱਚ ਆਈਲੈਟਸ ਸੈਂਟਰ ਅਤੇ ਇਮੀਗਰੇਸ਼ਨ ਸੈਂਟਰ ਵੱਡੀ ਗਿਣਤੀ ਵਿੱਚ ਖੁੱਲ੍ਹੇ ਆਮ ਮਿਲਦੇ ਹਨ, ਜੋ ਕਿ ਲੋਕਾਂ ਨੂੰ ਭਰਮਾ ਕੇ ਬੱਚਿਆਂ ਨੂੰ ਬਾਹਰ ਭੇਜਣ ਲਈ ਤਿਆਰ ਕਰਦੇ ਹਨ, ਫਿਰ ਲੱਖਾਂ ਰੁਪਿਆ ਬਟੋਰਦੇ ਹਨ । ਕੈਨੇਡਾ ਅਤੇ ਆਸਟਰੇਲੀਆ ਦੀਆਂ ਸਰਕਾਰਾਂ ਵੱਲੋਂ ਵਿਦੇਸ਼ ਜਾਣ ਦੇ ਚਾਹਵਾਨ ਭਾਰਤੀ ਵਿਦਿਆਰਥੀਆਂ ਲਈ ਨਿਯਮਾਂ ਨੂੰ ਸਖਤ ਕੀਤਾ ਗਿਆ ਹੈ। ਵਿਦੇਸ਼ਾਂ ਵਿੱਚ ਵੀ ਇਹ ਗੱਲ ਚਿੱਟੇ ਦਿਨ ਵਾਂਗ ਸੱਚ ਪ੍ਰਗਟ ਹੋ ਗਈ ਹੈ ਕਿ ਭਾਰਤੀ ਲੋਕ ਕਿਸੇ ਨਾ ਕਿਸੇ ਤਰ੍ਹਾਂ ਵਿਦੇਸ਼ ਵਿੱਚ ਆ ਕੇ ਇੱਥੇ ਪੱਕੇ ਤੌਰ ਤੇ ਰਹਿਣਾ ਚਾਹੁੰਦੇ ਹਨ। ਪਹਿਲਾਂ ਜੇਕਰ ਕੋਈ ਪ੍ਰਵਾਸ ਕਰਦਾ ਸੀ ਤਾਂ ਉਹ ਉਥੋਂ ਕਮਾਈ ਕਰਕੇ ਦੇਸ਼ ਭੇਜਦਾ ਸੀ, ਪਰ ਹੁਣ ਇਸ ਦੇ ਐਨ ਉਲਟ ਵਾਪਰ ਰਿਹਾ ਹੈ। ਹੁਣ ਜਦ ਵੀ ਕਿਸੇ ਦਾ ਧੀ-ਪੁੱਤ ਵਿਦੇਸ਼ ਚਲਿਆ ਜਾਂਦਾ ਹੈ ਅਤੇ ਕੁਝ ਸਮੇਂ ਬਾਅਦ ਉਸ ਦੇ ਉੱਥੇ ਸੈੱਟ ਹੋਣ ਲਈ ਰਾਹ ਖੁੱਲ੍ਹ ਜਾਂਦਾ ਹੈ ਤਾਂ ਉਹ ਦੇਸ਼ ਵਿੱਚੋਂ ਆਪਣੀ ਜ਼ਮੀਨ, ਪਲਾਟ ਅਤੇ ਹੋਰ ਧਨ ਸੰਪਤੀ ਵੇਚ ਕੇ ਵਿਦੇਸ਼ ਭੇਜਦਾ ਹੈ, ਤਾਂ ਜੋ ਸਾਰਾ ਪਰਵਾਰ ਉੱਥੇ ਸੈੱਟ ਹੋ ਸਕੇ।

ਪੰਜਾਬ ਵਿੱਚ ਭਰਿਸ਼ਟਾਚਾਰ ਨੇ ਵੀ ਪੂਰੀ ਤਰ੍ਹਾਂ ਆਪਣੇ ਪੈਰ ਪਸਾਰੇ ਹੋਏ ਹਨ। ਭਾਵੇਂ ਸਮੇਂ ਦੀਆਂ ਸਰਕਾਰਾਂ ਭਰਿਸ਼ਟਾਚਾਰੀ ਕਰਮਚਾਰੀਆਂ, ਅਧਿਕਾਰੀਆਂ ਨੂੰ ਫੜਦੀਆਂ ਰਹਿੰਦੀਆਂ ਹਨ, ਕੇਸ ਵੀ ਬਣਦੇ ਹਨ, ਪਰ ਕੁਝ ਸਮੇਂ ਬਾਅਦ ਚੋਰਮੋਰੀਆਂ ਰਾਹੀਂ ਵਧੇਰੇ ਕੇਸਾਂ ਵਿੱਚੋਂ ਭਰਿਸ਼ਟਾਚਾਰ ਦੇ ਦੋਸ਼ਾਂ ਤਹਿਤ ਫੜੇ ਅਧਿਕਾਰੀ ਅਤੇ ਕਰਮਚਾਰੀ ਬਰੀ ਹੋ ਜਾਂਦੇ ਹਨ ਅਤੇ ਮੁੜ ਨੌਕਰੀ ਵਿੱਚ ਆਉਣ ਪਿੱਛੋਂ ਉਹ ਪਹਿਲਾਂ ਤੋਂ ਵੀ ਵੱਧ ਕੇ ਰਿਸ਼ਵਤਖੋਰੀ ਦੇ ਧੰਦੇ ਨੂੰ ਅੰਜਾਮ ਦਿੰਦੇ ਹਨ।

ਪੰਜ ਦਰਿਆਵਾਂ ਦੀ ਧਰਤੀ 'ਤੇ ਛੇਵਾਂ ਦਰਿਆ ਨਸ਼ਿਆਂ ਦਾ ਵਗਦਾ ਹੈ। ਬਹੁਤ ਪ੍ਰਕਾਰ ਦੇ ਨਸ਼ੇ ਸਾਡੇ ਪੰਜਾਬ ਵਿੱਚ ਪ੍ਰਚਲਤ ਹਨ। ਭਾਵੇਂ ਸਰਕਾਰ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਢੀ ਹੋਈ ਹੈ ,ਪਰ ਇਸ ਦਾ ਖਾਤਮਾ ਹੁੰਦਾ ਨਜ਼ਰ ਨਹੀਂ ਆਉਂਦਾ। ਇਸ ਦਾ ਖਾਤਮਾ ਕੇਵਲ ਇੱਕ ਤਰੀਕੇ ਨਾਲ ਹੀ ਹੋ ਸਕਦਾ ਹੈ ਕਿ ਜੇਕਰ ਹਰ ਪੰਜਾਬ ਵਾਸੀ ਨਸ਼ਾ ਕਰਨ ਤੋਂ ਤੌਬਾ ਕਰੇ। ਇਹ ਨਸ਼ਿਆਂ ਦਾ ਕਾਰੋਬਾਰ ਵੀ ਸਰਕਾਰੀ ਸਰਪ੍ਰਸਤੀ ਬਿਨਾਂ ਸੰਭਵ ਹੀ ਨਹੀਂ ਹੋ ਸਕਦਾ।

ਪੰਜਾਬ ਦੇ ਪਿੰਡਾਂ, ਸ਼ਹਿਰਾਂ ਵਿੱਚ ਛੋਟੇ-ਵੱਡੇ ਹਜ਼ਾਰਾਂ ਡੇਰੇ ਅਤੇ ਹੋਰ ਧਾਰਮਿਕ ਸਥਾਨ ਹਨ, ਪਰ ਪਿੰਡਾਂ, ਸ਼ਹਿਰਾਂ ਵਿੱਚ ਸਕੂਲਾਂ ਕਾਲਜਾਂ ਦੀ ਗਿਣਤੀ ਬਹੁਤ ਘੱਟ ਹੈ। ਕਿਸੇ ਵਿਰਲੇ-ਟਾਵੇਂ ਪਿੰਡ ਹੀ ਗਿਆਨ ਦਾ ਖਜ਼ਾਨਾ ਲਾਇਬਰੇਰੀ ਦੇ ਦਰਸ਼ਨ ਹੋਣਗੇ। ਇਥੋਂ ਤੱਕ ਕਿ ਕਿਸੇ ਸਮੇਂ ਸਰਕਾਰ ਵੱਲੋਂ ਜ਼ਿਲ੍ਹਾ ਪੱਧਰ 'ਤੇ ਖੋਲ੍ਹੀਆਂ ਗਈਆਂ ਪਬਲਿਕ ਲਾਇਬਰੇਰੀਆਂ ਵਿੱਚ ਵੀ ਵੱਡੇ ਪੱਧਰ 'ਤੇ ਸਟਾਫ ਦੀ ਘਾਟ ਪਿਛਲੇ ਲੰਮੇ ਸਮੇਂ ਤੋਂ ਹੈ। ਇੱਕ-ਇੱਕ ਲਾਇਬ੍ਰੇਰੀਅਨ ਨੂੰ ਕਈ -ਕਈ ਜ਼ਿਲ੍ਹਾ ਪੱਧਰੀ ਲਾਇਬ੍ਰੇਰੀਆਂ ਦਾ ਇੰਚਾਰਜ ਬਣਾ ਕੇ ਬੁੱਤਾ ਸਾਰਿਆ ਜਾ ਰਿਹਾ ਹੈ ਜਾਂ ਫਿਰ ਭਾਸ਼ਾ ਵਿਭਾਗ ਵੱਲੋਂ ਜ਼ਿਲ੍ਹਾ ਭਾਸ਼ਾ ਅਫਸਰ, ਜੋ ਕਿ ਸਿੱਖਿਆ ਮਹਿਕਮੇ ਵੱਲੋਂ ਡੈਪੂਟੇਸ਼ਨ 'ਤੇ ਗਏ ਹੋਏ ਹਨ, ਉਹਨਾਂ ਨੂੰ ਆਰਜੀ ਤੌਰ 'ਤੇ ਇਹਨਾਂ ਦੀ ਜ਼ਿੰਮੇਵਾਰੀ ਦਿੱਤੀ ਹੋਈ ਹੈ।

ਹਰ ਪਿੰਡ, ਸ਼ਹਿਰ ਦੀਆਂ ਗਲੀਆਂ ਵਿੱਚ ਸਾਡੀ ਨਿਰੋਗਤਾ ਲਈ ਪਰਮੇਸ਼ਰ ਦੇ ਬੰਦੇ ਘੁੰਮਦੇ ਅਕਸਰ ਵੇਖੇ ਜਾ ਸਕਦੇ ਹਨ । ਜੋਤਿਸ਼ੀ ਟੇਵੇ-ਪੱਤਰੀਆਂ ਲਗਾ-ਲਗਾ ਕੇ ਸਾਡੇ ਫਲਾਂ ਦੇਸ਼ ਦੱਸਦੇ ਹਨ । ਨਗਾਂ ਲੌਕਟਾਂ ਨਾਲ ਆਮ ਲੋਕਾਂ ਦੇ ਕਸ਼ਟ ਨਿਵਾਰੇ ਜਾਂਦੇ ਹਨ ਅਤੇ ਉਹਨਾਂ ਦੇ ਕਾਰੋਬਾਰ ਵਧਣ-ਫੁੱਲਣ ਦੀ ਗਰੰਟੀ ਦਿੱਤੀ ਜਾਂਦੀ ਹੈ।ਜਦੋਂ ਰਾਜਸੀ ਲੋਕ ਅਤੇ ਸੈਲੀਬਰੇਟੀ ਉਂਗਲੀਆਂ ਵਿੱਚ ਕਈ-ਕਈ ਤਰ੍ਹਾਂ ਦੇ ਨਗਾਂ ਵਾਲੀਆਂ ਮੁੰਦਰੀਆਂ ਪਹਿਨਦੇ ਹਨ ਅਤੇ ਗਲੇ ਵਿੱਚ ਲੌਕਟ ਧਾਰਨ ਕਰਕੇ ਆਮ ਜਨਤਾ ਇਸ ਵਿਚਰਦੇ ਹਨ ਤਾਂ ਭੋਲੀ-ਭਾਲੀ ਜਨਤਾ ਦਾ ਆਕਰਸ਼ਨ ਇਹਨਾਂ ਨਗਾਂ ਲੌਕਟਾਂ ਵੱਲ ਵੱਧਦਾ ਹੈ ਤੇ ਉਹ ਸੋਚਦੀ ਹੈ ਕਿ ਸ਼ਾਇਦ ਅਸੀਂ ਵੀ ਰਾਤੋ-ਰਾਤ ਇਹਨਾਂ ਲੋਕਾਂ ਦੀ ਤਰ੍ਹਾਂ ਅਮੀਰ ਹੋ ਸਕਦੇ ਹਾਂ। ਬਹੁਤ ਸਾਰੇ ਸਿਆਣੇ ਲੋਕ-ਪੁੱਛਾਂ ਦੇਣ ਦਾ ਧੰਦਾ ਕਰਦੇ ਆਮ ਮਿਲਦੇ ਹਨ ਅਤੇ ਆਮ ਜਨਤਾ ਉਹਨਾਂ ਦੇ ਦੁਆਲੇ ਚੱਕਰ ਕੱਟਦੀ ਰਹਿੰਦੀ ਹੈ। ਸਰਕਾਰਾਂ ਦੀ ਮਨਸ਼ਾ ਹਮੇਸ਼ਾ ਅਜਿਹੀ ਰਹੀ ਹੈ ਕਿ ਲੋਕ ਜਾਗਰੂਕ ਨਾ ਹੋਣ, ਉਹ ਇਧਰ-ਉਧਰ ਭਟਕਦੇ ਰਹਿਣ ਅਤੇ ਰਾਜਸੀ ਲੋਕਾਂ ਦਾ ਧੰਦਾ ਨਿਰਵਿਘਨ ਚਲਦਾ ਰਹੇ। ਸਰਕਾਰ ਨੂੰ ਜਨਤਾ ਦੀਆਂ ਅਜਿਹੀਆਂ ਸਮੱਸਿਆਵਾਂ ਦੇ ਨਿਵਾਰਨ ਲਈ ਹਸਪਤਾਲਾਂ ਵਿੱਚ ਮਨੋਰੋਗ ਦੇ ਮਾਹਰ ਡਾਕਟਰਾਂ ਦੀ ਭਰਤੀ ਕਰਨੀ ਚਾਹੀਦੀ ਹੈ।

ਰਾਜ ਦੇ ਸਰਕਾਰੀ ਹਸਪਤਾਲਾਂ ਵਿੱਚ ਸਪੈਸ਼ਲਿਸਟ ਡਾਕਟਰਾਂ,ਆਮ ਡਾਕਟਰਾਂ ਅਤੇ ਪੈਰਾ ਮੈਡੀਕਲ ਸਟਾਫ ਦੀਆਂ ਹਜ਼ਾਰਾਂ ਅਸਾਮੀਆਂ ਖਾਲੀ ਹਨ । ਬਹੁਤ ਸਾਰੇ ਹਸਪਤਾਲਾਂ ਵਿੱਚ ਸੀਨੀਅਰ ਮੈਡੀਕਲ ਅਫਸਰਾਂ ਦੀਆਂ ਪੋਸਟਾਂ ਸਾਲਾਂਬੱਧੀ ਖਾਲੀ ਰਹਿੰਦੀਆਂ ਹਨ । ਸਿੱਖਿਆ ਮਹਿਕਮੇ ਦਾ ਵੀ ਹਾਲ ਇਸ ਤੋਂ ਕੋਈ ਵੱਖਰਾ ਨਹੀਂ। ਉੱਥੇ ਵੀ ਪ੍ਰਿੰਸੀਪਲ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ ਦੀਆਂ ਅਸਾਮੀਆਂ ਸੈਂਕੜਿਆਂ ਦੀ ਗਿਣਤੀ ਵਿੱਚ ਖਾਲੀ ਪਈਆਂ ਹਰ ਸਰਕਾਰ ਵੇਲੇ ਮਿਲ ਜਾਣਗੀਆਂ। ਬਾਕੀ ਮਹਿਕਮਿਆਂ ਵਿੱਚ ਵੀ ਅਜਿਹਾ ਹੀ ਹਾਲ ਦੇਖਣ ਨੂੰ ਮਿਲੇਗਾ।

**# ਸੰਪਰਕ : 97812-00168**

# ਯੁੱਧ ਨਸ਼ਿਆਂ ਵਿਰੁੱਧ

'ਪੰਜਾਬ' ਫਾਰਸੀ ਭਾਸ਼ਾ ਦੇ ਦੋ ਸ਼ਬਦਾਂ ਪੰਜ ਅਤੇ ਆਬ ਦੇ ਸੁਮੇਲ ਨਾਲ ਬਣਿਆ ਹੈ, ਜਿਸ ਦਾ ਅਰਥ ਹੈ ਪੰਜ ਪਾਣੀਆਂ ਦੀ ਧਰਤੀ, ਪਰ ਇੰਜ ਜਾਪਦਾ ਹੈ, ਜਿਵੇਂ ਇਸ ਧਰਤੀ ਨੂੰ ਕਿਸੇ ਦੀ ਨਜ਼ਰ ਲੱਗ ਗਈ ਹੋਵੇ। ਲੰਮੇ ਸਮੇਂ ਤੋਂ ਇਸ ਧਰਤੀ 'ਤੇ ਇੱਕ ਛੇਵੇਂ ਦਰਿਆ ਨੇ ਵਗਣਾ ਸ਼ੁਰੂ ਕੀਤਾ ਹੈ, ਜਿਸ ਨੇ ਪੰਜਾਬ ਦੇ ਨੌਜਵਾਨਾਂ ਦੀ ਜਵਾਨੀ ਨੂੰ ਬਰਬਾਦ ਕਰਕੇ ਰੱਖ ਦਿੱਤਾ ਹੈ। ਘਰਾਂ ਦੇ ਘਰ ਬਰਬਾਦ ਕਰਕੇ ਰੱਖ ਦਿੱਤੇ ਹਨ। ਇਹ ਦਰਿਆ ਭਾਵੇਂ ਹਕੀਕਤ 'ਚ ਸਾਨੂੰ ਨਜ਼ਰ ਨਹੀਂ ਆਉਂਦਾ, ਪਰ ਇਸ ਦੇ ਮਾੜੇ ਪ੍ਰਭਾਵ ਸਾਡੇ ਸਮਾਜ ਉੱਤੇ ਬਹੁਤ ਡੂੰਘੇ ਪੈ ਰਹੇ ਹਨ। ਇਸ ਦਰਿਆ ਦਾ ਨਾਂਅ ਹੈ ਨਸ਼ਿਆਂ ਦਾ ਦਰਿਆ। ਨਸ਼ਾ ਅੱਜ ਦੇ ਸਮਾਜ ਵਿੱਚ ਇੱਕ ਗੰਭੀਰ ਸਮੱਸਿਆ ਹੈ, ਜੋ ਨਾ ਸਿਰਫ ਸੰਬੰਧਤ ਵਿਅਕਤੀਆਂ ਦੇ ਜੀਵਨ ਨੂੰ ਤਬਾਹ ਕਰ ਰਿਹਾ ਹੈ, ਬਲਕਿ ਪੂਰੇ ਸਮਾਜ 'ਤੇ ਵੀ ਮਾੜਾ ਪ੍ਰਭਾਵ ਪਾ ਰਿਹਾ ਹੈ। ਨਸ਼ੀਲੇ ਪਦਾਰਥਾਂ, ਸ਼ਰਾਬ, ਤੰਬਾਕੂ ਅਤੇ ਵਿਸ਼ੇਸ਼ ਤੌਰ 'ਤੇ ਚਿੱਟੇ ਜਿਹੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਸਮਾਜਿਕ, ਆਰਥਿਕ ਅਤੇ ਸਿਹਤ ਸਮੱਸਿਆਵਾਂ ਨੂੰ ਜਨਮ ਦਿੰਦੀ ਹੈ। ਨਸ਼ਿਆਂ ਵਿਰੁੱਧ ਲੜਾਈ ਲਈ ਸਮੂਹਿਕ ਯਤਨਾਂ ਦੀ ਲੋੜ ਹੈ, ਤਾਂ ਜੋ ਅਸੀਂ ਇੱਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਸਿਰਜ ਸਕੀਏ। ਇਸ ਲਈ ਸਕੂਲ ਸਿੱਖਿਆ ਵਿਭਾਗ ਪੰਜਾਬ ਵੀ ਇਸ ਮੁਹਿਮ ਵਿੱਚ ਖੁੱਲ੍ਹ ਕੇ ਨਿਤਰਿਆ ਹੈ। ਪੰਜਾਬ ਦੀ ਆਉਣ ਵਾਲੀ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਉਹਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਅਧਿਆਪਕਾਂ ਨੂੰ ਟਰੇਂਡ ਕੀਤਾ ਜਾ ਰਿਹਾ ਹੈ, ਤਾਂ ਜੋ ਵਿਦਿਆਰਥੀਆਂ ਨੂੰ ਇੱਕ ਸਾਰਥਕ ਤਰੀਕੇ ਰਾਹੀਂ ਇਸ ਦਲਦਲ ਵਿੱਚ ਜਾਣ ਤੋਂ ਬਚਾਉਣ ਦੇ ਯੋਗ ਉਪਰਾਲੇ ਅਤੇ ਕੋਸ਼ਿਸ਼ਾਂ ਕਰ ਸਕਣ।

ਨਸ਼ਾ ਕਰਨ ਦੇ ਕਈ ਕਾਰਨ ਹੋ ਸਕਦੇ ਹਨ। ਸਮਾਜਿਕ ਦਬਾਅ, ਬੇਰੁਜ਼ਗਾਰੀ, ਗਰੀਬੀ, ਪਰਵਾਰਕ ਸਮੱਸਿਆਵਾਂ ਅਤੇ ਮਨੋਵਿਗਿਆਨਕ ਦਬਾਅ ਵਰਗੇ ਕਾਰਕ ਲੋਕਾਂ ਨੂੰ ਨਸ਼ਿਆਂ ਵੱਲ ਧੱਕਦੇ ਹਨ। ਨੌਜਵਾਨ ਪੀੜ੍ਹੀ ਇਸ ਜੋਖਮ ਲਈ ਖਾਸ ਤੌਰ 'ਤੇ ਕਮਜ਼ੋਰ ਹੈ, ਕਿਉਂਕਿ ਉਹ ਉਤਸੁਕਤਾ, ਦਬਾਅ ਜਾਂ ਦੋਸਤਾਂ ਦੇ ਪ੍ਰਭਾਵ ਕਾਰਨ ਨਸ਼ਿਆਂ ਦਾ ਸੇਵਨ ਸ਼ੁਰੂ ਕਰਦੇ ਹਨ। ਮੀਡੀਆ ਅਤੇ ਫਿਲਮਾਂ ਵੀ ਨਸ਼ਿਆਂ ਨੂੰ ਆਕਰਸ਼ਕ ਦਿਖਾ ਕੇ ਇਸ ਨੂੰ ਉਤਸ਼ਾਹਿਤ ਕਰਦੀਆਂ ਹਨ, ਜਦਕਿ ਨਸ਼ਾ ਮਨੁੱਖੀ ਸਰੀਰ ਅਤੇ ਮਨ ਨੂੰ ਤਬਾਹ ਕਰ ਦਿੰਦਾ ਹੈ। ਸਿਹਤ ਦੇ ਮਾਮਲੇ ਵਿੱਚ ਇਹ ਕੈਂਸਰ, ਦਿਲ ਦੀਆਂ ਬਿਮਾਰੀਆਂ, ਜਿਗਰ ਦੇ ਵਿਕਾਰ ਅਤੇ ਹੋਰ ਗੰਭੀਰ ਬਿਮਾਰੀਆਂ ਦਾ ਕਾਰਨ ਬਣਦਾ ਹੈ। ਆਰਥਿਕ ਤੌਰ 'ਤੇ ਨਸ਼ੀਲੇ ਪਦਾਰਥਾਂ 'ਤੇ ਪੈਸਾ ਖਰਚ ਕਰਨ ਨਾਲ ਪਰਵਾਰ ਦੀ ਵਿੱਤੀ ਸਥਿਤੀ ਵਿਗੜ ਜਾਂਦੀ ਹੈ। ਸਮਾਜਿਕ ਤੌਰ 'ਤੇ ਨਸ਼ੇੜੀ ਅਕਸਰ ਆਪਣੇ ਪਰਵਾਰ ਅਤੇ ਦੋਸਤਾਂ ਤੋਂ ਦੂਰੀ ਬਣਾਉਂਦੇ ਹਨ, ਜਿਸ ਕਾਰਨ ਸਮਾਜਿਕ ਰਿਸ਼ਤਿਆਂ ਵਿੱਚ ਤਰੇੜਾਂ ਪੈ ਜਾਂਦੀਆਂ ਹਨ। ਇਸ ਤੋਂ ਇਲਾਵਾ ਨਸ਼ੇ ਦੀ ਲਤ ਚੋਰੀ, ਹਿੰਸਾ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਵਰਗੇ ਅਪਰਾਧਾਂ ਵਿੱਚ ਵਾਧਾ ਕਰਦੀ ਹੈ।

ਨਸ਼ਿਆਂ ਵਿਰੁੱਧ ਜੰਗ ਜਿੱਤਣ ਅਤੇ ਵਿਦਿਆਰਥੀਆਂ ਨੂੰ ਇਸ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਾਉਣ ਲਈ ਪੰਜਾਬ ਭਰ ਦੇ ਸਕੂਲਾਂ ਵਿੱਚ ਕੁਝ ਮਹੱਤਵਪੂਰਨ ਕਾਰਜ ਸ਼ੁਰੂ ਕੀਤੇ ਜਾ ਗਏ ਹਨ, ਜਿਸ ਵਿੱਚ ਜਾਗਰੂਕਤਾ ਮੁਹਿੰਮ ਤਹਿਤ ਵਿਦਿਅਕ ਸੰਸਥਾਵਾਂ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਪ੍ਰੋਗਰਾਮਾਂ ਰਾਹੀਂ ਨਸ਼ਿਆਂ ਦੇ ਨੁਕਸਾਨਾਂ ਬਾਰੇ ਜਾਗਰੂਕਤਾ ਫੈਲਾਈ ਜਾ ਰਹੀ ਹੈ।

ਸਰਕਾਰ ਵੱਲੋਂ ਵੀ ਨਸ਼ਿਆਂ ਦੀ ਲਤ ਨੂੰ ਖਤਮ ਕਰਨ ਲਈ ਵਿਆਪਕ ਨੀਤੀਆਂ ਬਣਾਈਆਂ ਗਈਆਂ ਹਨ, ਜਿਸ ਵਿੱਚ ਨਸ਼ਿਆਂ ਦੀ ਰੋਕਥਾਮ, ਇਲਾਜ ਅਤੇ ਪੁਨਰਵਾਸ ਸ਼ਾਮਲ ਹੈ।

ਜੇਕਰ ਅਸੀਂ ਜਾਗਰੂਕਤਾ, ਸਿੱਖਿਆ ਅਤੇ ਸਕਾਰਾਤਮਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਇਕੱਠੇ ਕੰਮ ਕਰਦੇ ਹਾਂ ਤਾਂ ਅਸੀਂ ਇਸ ਬੁਰਾਈ ਤੋਂ ਛੁਟਕਾਰਾ ਪਾ ਸਕਦੇ ਹਾਂ। ਇੱਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਲਈ, ਨਸ਼ਿਆ ਦੀ ਲਤ ਵਿਰੁੱਧ ਲੜਾਈ ਨੂੰ ਸਾਡੀ ਪਹਿਲੀ ਤਰਜੀਹ ਬਣਾਇਆ ਜਾਣਾ ਚਾਹੀਦਾ ਹੈ।

**ਸੱਜਾਦ ਅਲੀ ਗੌਰੀਆ**

**# ਸੰਪਰਕ : 70093-58326**

25-JULY-PAGE-5.qxd 7/24/2025 10:29 PM Page 1



# 30 ਲੱਖ ਦੀ ਠੱਗੀ ਮਾਰਨ ਵਾਲੇ 7 ਮੈਂਬਰੀ ਗਰੋਹ ਦਾ ਪਰਦਾ ਫਾਸ਼ : ਐੱਸ ਐੱਸ ਪੀ

## ਗਰੋਹ ਦੇ ਮਾਸਟਰ ਮਾਈਂਡ ਕੇਰਲਾ ਨਿਵਾਸੀ ਸਮੇਤ 4 ਗ੍ਰਿਫ਼ਤਾਰ, 9 ਲੱਖ ਬਰਾਮਦ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਡਿਜੀਟਲ ਅਰੈਸਟ ਦਾ ਡਰਾਵਾ ਦੇ ਕੇ ਇੱਕ ਨਾਗਰਿਕ ਨਾਲ ਹੋਈ ਕਰੀਬ 30 ਲੱਖ ਰੁਪਏ ਦੀ ਠੱਗੀ ਦੇ ਮਾਮਲੇ ਵਿੱਚ ਫਤਿਹਗੜ੍ਹ ਸਾਹਿਬ ਦੀ ਪੁਲਸ ਨੇ ਦੇਸ਼ ਦੇ ਵੱਖ ਵੱਖ ਰਾਜਾਂ ਵਿੱਚ ਫੈਲੇ ਨੈੱਟਵਰਕ ਦਾ ਪਰਦਾਫਾਸ਼ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਪੱਤਰਕਾਰ ਸੰਮੇਲਨ ਦੌਰਾਨ ਐੱਸ.ਐੱਸ.ਪੀ. ਸ੍ਰੀ ਸ਼ੁਭਮ ਅਗਰਵਾਲ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਪੁਲਸ ਨੇ ਮੁੱਢਲੀ ਪੜਤਾਲ ਵਿੱਚ ਗਰੋਹ ਦੇ ਮਾਸਟਰ ਮਾਈਂਡ ਅਕਬਰ ਅਲੀ ਵਾਸੀ ਕੇਰਲਾ ਸਮੇਤ 4 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਕੋਲੋਂ 9 ਲੱਖ ਰੁਪਏ ਬਰਾਮਦ ਕਰਕੇ, ਠੱਗੀ ਦਾ ਸ਼ਿਕਾਰ ਹੋਏ ਵਿਅਕਤੀ ਨੂੰ ਸੌਂਪੇ ਜਾ ਚੁੱਕੇ ਹਨ। ਐੱਸ.ਐੱਸ.ਪੀ. ਨੇ ਦੱਸਿਆ ਕਿ ਇਸ ਗਰੋਹ ਦੇ 3 ਮੈਂਬਰ ਹਾਲੇ ਗ੍ਰਿਫਤ ਤੋਂ ਬਾਹਰ ਹਨ, ਜਿਨ੍ਹਾਂ ਨੂੰ ਜਲਦੀ ਹੀ ਗ੍ਰਿਫਤਾਰ ਕਰਕੇ ਹੋਰ ਖੁਲਾਸੇ ਕੀਤੇ ਜਾਣਗੇ।

ਐੱਸ.ਐੱਸ.ਪੀ. ਅਗਰਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਡੀ.ਜੀ.ਪੀ. ਸ੍ਰੀ ਗੌਰਵ ਯਾਦਵ ਵੱਲੋਂ ਸਮੇਂ-ਸਮੇਂ 'ਤੇ ਜਾਰੀ ਹੋਣ ਵਾਲੀਆਂ ਗਾਈਡਲਾਈਨਜ਼ ਹੇਠ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਵਾਪਰਨ ਵਾਲੇ ਸਾਇਬਰ ਕ੍ਰਾਈਮ ਦੇ ਮਾਮਲਿਆਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਨ ਲਈ ਪੁਲਸ ਪੂਰੀ ਤਰ੍ਹਾਂ ਸਰਗਰਮ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਹਰਪਾਲ ਸਿੰਘ ਚੀਮਾ ਪੁੱਤਰ ਹਰਜਿੰਦਰ ਸਿੰਘ ਵਾਸੀ ਪਿੰਡ ਲੁਹਾਰੀ ਕਲਾਂ ਥਾਣਾ ਖੇੜੀ ਨੌਧ ਸਿੰਘ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਨੇ ਥਾਣਾ ਸਾਇਬਰ ਕ੍ਰਾਈਮ ਵਿਖੇ ਆ ਕੇ ਇਤਲਾਹ ਦਿੱਤੀ ਸੀ ਕਿ 5 ਅਪ੍ਰੈਲ 2025 ਨੂੰ ਉਸ ਦੇ ਮੋਬਾਇਲ ਫੋਨ ਉੱਤੇ ਦੋ ਵੱਖ-ਵੱਖ ਮੋਬਾਇਲ ਨੰਬਰਾਂ ਤੋਂ ਵਟਸਐਪ ਕਾਲ ਆਈ ਤੇ ਨਾਮਾਲੂਮ ਵਿਅਕਤੀਆਂ ਵੱਲੋਂ ਉਸ ਨੂੰ ਘਰ ਵਿੱਚ ਡਿਜੀਟਲ ਗ੍ਰਿਫਤਾਰੀ ਦਾ ਡਰਾਵਾ ਦੇ ਕੇ ਆਈਸੀਆਈਸੀਆਈ ਬੈਂਕ ਦੇ ਖਾਤੇ 30 ਲੱਖ ਰੁਪਏ ਟਰਾਂਸਫਰ ਕਰਵਾ ਲਏ ਸਨ। ਐੱਸ.ਐੱਸ.ਪੀ. ਨੇ ਦੱਸਿਆ ਕਿ ਇਸ ਸ਼ਿਕਾਇਤ ਦੇ ਆਧਾਰ 'ਤੇ ਨਾਮਾਲੂਮ ਵਿਅਕਤੀਆਂ ਖਿਲਾਫ ਮੁਕੱਦਮਾ ਨੰਬਰ 05 ਮਿਤੀ 10 ਅਪ੍ਰੈਲ 2025 ਅ/ਧ 318(4), 316(2), 61(2) ਬੀਐਨਐਸ ਥਾਣਾ ਸਾਇਬਰ ਕ੍ਰਾਈਮ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਐੱਸ.ਐੱਸ.ਪੀ. ਨੇ ਦੱਸਿਆ ਕਿ ਐੱਸ ਪੀ ਇਨਵੈਸਟੀਗੇਸ਼ਨ ਰਾਕੇਸ਼ ਯਾਦਵ, ਡੀ.ਐੱਸ.ਪੀ. ਹੈੱਡਕੁਆਰਟਰ ਹਰਤੇਸ਼ ਕੌਸ਼ਿਕ ਦੀ ਅਗਵਾਈ ਹੇਠ ਸਾਇਬਰ ਕ੍ਰਾਈਮ ਥਾਣੇ ਦੇ ਮੁੱਖ ਥਾਣਾ ਅਫਸਰ ਇੰਸ: ਦਵਿੰਦਰ ਸਿੰਘ ਦੀ ਟੀਮ ਇੰਸਪੈਕਟਰ ਸੰਦੀਪ ਸਿੰਘ, ਹੌਲਦਾਰ ਪਲਵਿੰਦਰ ਸਿੰਘ, ਮਹਿਲਾ ਸਿਪਾਹੀ ਰਮਨਦੀਪ ਬਾਵਾ ਵੱਲੋਂ ਤਕਨੀਤੀ ਤੇ ਸਾਇੰਟੀਫਿਕ ਢੰਗ ਨਾਲ ਲਗਨ ਤੇ ਮਿਹਨਤ ਨਾਲ ਕੰਮ ਕੀਤਾ ਗਿਆ ਅਤੇ ਮੁਕੱਦਮੇ ਵਿੱਚ 7 ਕਥਿਤ ਦੋਸ਼ੀ ਨਾਮਜ਼ਦ ਕੀਤੇ ਗਏ ਅਤੇ 13 ਮਈ 2025 ਨੂੰ ਮਨਿੰਦਰ ਸਿੰਘ, 16 ਮਈ 2025 ਨੂੰ ਅਨਿਲ ਕੁਮਾਰ ਤੇ ਨਵੀਨ ਸ਼ਰਮਾ ਅਤੇ 22 ਜੁਲਾਈ 2025 ਨੂੰ ਅਕਬਰ ਅਲੀ ਨੂੰ ਗ੍ਰਿਫਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅਕਬਰ ਅਲੀ ਦੀ ਪੁੱਛਗਿੱਛ ਤੋਂ ਰਿਸ਼ਾਦ ਮੰਨਾਕਲ ਪੁੱਤਰ ਮੁਹੰਮਦ ਅਲੀ ਵਾਸੀ ਮਾਲਾਪੁਰਮ (ਕੇਰਲਾ) ਨੂੰ ਵੀ ਇਸ ਮਾਮਲੇ ਵਿੱਚ ਨਾਮਜ਼ਦ ਕੀਤਾ ਗਿਆ ਹੈ ਤੇ ਮਾਣਯੋਗ ਅਦਾਲਤ ਤੋਂ ਦੋ ਦਿਨਾਂ ਦਾ ਰਿਮਾਂਡ ਲੈ ਕੇ ਹੋਰ ਪੁੱਛਗਿੱਛ ਜਾਰੀ ਹੈ। ਉਨ੍ਹਾਂ ਦੱਸਿਆ ਕਿ ਅਕਬਰ ਅਲੀ ਖਿਲਾਫ ਐੱਨ.ਸੀ.ਆਰ.ਪੀ.ਐੱਸ ਤੇ ਸਾਇਬਰ ਕਰਾਈਮ ਦੀਆਂ ਹੋਰ ਸ਼ਿਕਾਇਤਾਂ ਵੀ ਦਰਜ ਹੋਣੀਆਂ ਪਾਈਆਂ ਗਈਆਂ ਹਨ।

ਐਸ.ਐਸ.ਪੀ. ਨੇ ਦੱਸਿਆ ਕਿ ਗ੍ਰਿਫਤਾਰ ਵਿਅਕਤੀਆਂ ਵਿੱਚੋਂ ਮਨਿੰਦਰ ਸਿੰਘ ਵੈਸਟ ਦਿੱਲੀ, ਨਵੀਨ ਸ਼ਰਮਾ ਵੈਸਟ ਦਿੱਲੀ ਤੇ ਅਨਿਲ ਕੁਮਾਰ ਨੋਇਡਾ ਦੇ ਵਸਨੀਕ ਹਨ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਲੋੜੀਂਦੇ ਤਿੰਨ ਹੋਰ ਵਿਅਕਤੀਆਂ ਨੂੰ ਵੀ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਬਾਰਸ਼ ਕਾਰਨ ਵਿਜੈ ਰਾਈਸ ਮਿੱਲਜ਼ 'ਚ ਲੱਗੀ ਮੂੰਗੀ ਬਰਬਾਦ, ਲੱਖਾਂ ਦਾ ਨੁਕਸਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ 'ਚ ਬੀਤੇ ਦਿਨ ਪਏ ਭਾਰੀ ਮੀਂਹ ਤਹਿਤ ਮੋਗਾ ਜ਼ਿਲ੍ਹੇ 'ਚ ਪਏ ਮੀਂਹ ਮਗਰੋਂ ਜ਼ਿਲ੍ਹੇ ਅੰਦਰ ਕਈ ਥਾਵਾਂ 'ਤੇ ਹੜ੍ਹਾਂ ਵਰਗੀ ਸਥਿਤੀ ਬਣੀ ਰਹੀ ਹੈ। ਇੱਥੇ ਹੀ ਬਸ ਨਹੀਂ, ਇਸ ਤਰ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਭਾਵੇਂ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਾਹਤ ਕਾਰਜ ਆਰੰਭੇ ਹਨ, ਪ੍ਰੰਤੂ ਇਸ ਸਰਕਾਰੀ ਮਦਦ ਤੋਂ ਪੀੜਤ ਲੋਕ ਹਾਲੇ ਤੱਕ ਖੁਸ਼ ਨਹੀਂ ਹੋਏ, ਕਿਉਂਕਿ ਮੀਂਹ ਦੇ ਪਾਣੀ ਦੀ ਨਿਕਾਸੀ ਨਾ ਹੋਣ ਕਰ ਕੇ ਜਿੱਥੇ ਖੇਤਾਂ ਵਿੱਚ ਪਾਣੀ ਭਰ ਗਿਆ ਹੈ, ਉੱਥੇ ਹੀ ਬਾਘਾ ਪੁਰਾਣਾ ਸ਼ਹਿਰ ਤੇ ਪਿੰਡਾਂ ਵਿੱਚ ਘਰਾਂ ਤੱਕ ਵੀ ਮੀਂਹ ਦਾ ਪਾਣੀ ਭਰਨ ਮਗਰੋਂ ਆਮ ਲੋਕਾਂ ਨੂੰ 'ਤੰਗੀ-ਪ੍ਰੇਸ਼ਾਨੀ' ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਹੀ ਬਾਰਿਸ਼ ਕਾਰਨ ਸਥਾਨਕ ਸ਼ਹਿਰ ਦੇ ਨਿਹਾਲ ਸਿੰਘ ਵਾਲਾ ਰੋਡ ਉਪਰ ਸਥਿਤ ਵਿਜੈ ਰਾਈਸ ਐਂਡ ਜਨਰਲ ਮਿੱਲਜ਼ ਵਿੱਚ ਲੱਗੀ ਮੂੰਗੀ ਦੀ ਦਾਲ ਨੂੰ ਵੀ ਬਾਰਸ਼ ਨੇ ਆਪਣੀ ਲਪੇਟ ਵਿੱਚ ਲੈਂਦਿਆਂ ਲੱਖਾਂ ਦਾ ਨੁਕਸਾਨ ਕਰ ਕੇ ਰੱਖ ਦਿੱਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੈ ਰਾਈਸ ਐਂਡ ਜਨਰਲ ਮਿੱਲਜ਼ ਦੇ ਮਾਲਕਾਂ ਸੰਦੀਪ ਗੋਇਲ ਤੇ ਲੱਖਮੀ ਚੰਦ ਨੇ ਆਖਿਆ ਕਿ ਵਿਜੈ ਰਾਈਸ ਐਂਡ ਜਨਰਲ ਮਿੱਲਜ਼ ਅੰਦਰ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਬਾਰਿਸ਼ ਦੇ ਪਾਣੀ ਦੇ ਕੰਟਰੋਲ ਕਰਨ ਲਈ ਬੰਦ ਵੀ ਕਰਵਾਇਆ ਗਿਆ, ਪ੍ਰੰਤੂ ਬਾਰਸ਼ ਇੰਨੀ ਜ਼ਿਆਦਾ ਸੀ ਕਿ ਉਨ੍ਹਾਂ ਵੱਲੋਂ ਕੀਤੇ ਗਏ ਸਭ ਪ੍ਰਬੰਧ ਫੇਲ੍ਹ ਹੋ ਗਏ, ਜਿਸ ਕਰਕੇ ਸਾਵਣ ਦੇ ਮਹੀਨੇ ਦੀ ਪਹਿਲੀ ਝੜੀ ਨੇ ਉਨ੍ਹਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਕਰ ਕੇ ਰੱਖ ਦਿੱਤਾ।

ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਮਿੱਲਜ਼ ਵਿੱਚ ਮੂੰਗੀ ਦੀਆਂ ਵੱਖ ਵੱਖ ਦਾਲਾਂ ਦੇ ਸਟਾਕ ਲੱਗੇ ਹੋਏ ਹਨ, ਜੋ ਰੈਕ 'ਤੇ ਪਏ ਹੋਣ ਦੇ ਬਾਵਜੂਦ ਬਾਰਸ਼ ਦੇ ਪਾਣੀ ਨੇ ਮੂੰਗੀ ਨੂੰ ਆਪਣੀ ਲਪੇਟ ਵਿੱਚ ਲੈ ਲਿਆ।ਉਨ੍ਹਾਂ ਦੱਸਿਆ ਕਿ ਕਾਮਿਆਂ ਵੱਲੋਂ ਮੂੰਗੀ ਦੀ ਦਾਲ ਨੂੰ ਬਚਾਉਣ ਲਈ ਬਹੁਤ ਯਤਨ ਵੀ ਕੀਤੇ ਗਏ, ਫਿਰ ਵੀ ਮਿੱਲ ਅੰਦਰ ਪਾਣੀ ਦਾਖਲ ਹੋਣ ਨਾਲ ਦਾਲ ਸਾਰੀ ਭਿੱਜ ਗਈ। ਉਨ੍ਹਾਂ ਦੱਸਿਆ ਕਿ ਲੱਗਭਗ ਉਨ੍ਹਾਂ ਦਾ 15 ਤੋਂ 20 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।ਉਨ੍ਹਾਂ ਕਿਹਾ ਕਿ ਜੇਕਰ ਇਸੇ ਤਰ੍ਹਾਂ ਹੀ ਬਾਰਿਸ਼ਾਂ ਹੁੰਦੀਆਂ ਰਹੀਆਂ ਤਾਂ ਉਨ੍ਹਾਂ ਦਾ ਹੋਰ ਵੀ ਵੱਡਾ ਨੁਕਸਾਨ ਹੋਣ ਦਾ ਡਰ ਹੈ।

# 27 ਨੂੰ ਬਿਜਲੀ ਮੰਤਰੀ ਦੀ ਕੋਠੀ ਦੇ ਘਿਰਾਓ ਸੰਬੰਧੀ ਮੁਲਾਜ਼ਮਾਂ ਵੱਲੋਂ ਰੋਸ ਮੁਜ਼ਾਹਰਾ

## ਜੁਆਇੰਟ ਫੋਰਮ ਤੇ ਏਕਤਾ ਮੰਚ ਦੇ ਆਗੂਆਂ ਵੱਲੋਂ ਸਮੂਹਕ ਛੁੱਟੀ 'ਤੇ ਜਾਣ ਦੀ ਚੇਤਾਵਨੀ



**ਜਗਰਾਉਂ (ਸੰਜੀਵ ਅਰੋੜਾ)**-ਬਿਜਲੀ ਮੁਲਾਜ਼ਮਾਂ ਵੱਲੋਂ ਜੁਆਇੰਟ ਫੋਰਮ ਪੰਜਾਬ 'ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੀ ਅਗਵਾਈ ਹੇਠ ਸਮੂਹ ਬਿਜਲੀ ਮੁਲਾਜ਼ਮ ਜਥੇਬੰਦੀਆਂ ਦੇ ਸੱਦੇ 'ਤੇ ਜਗਰਾਉਂ ਡਵੀਜ਼ਨ ਵਿਖੇ ਰੋਹ ਭਰਪੂਰ ਰੋਸ ਮੁਜ਼ਾਹਰਾ ਕੀਤਾ ਗਿਆ, ਜਿਸ ਵਿੱਚ ਬਿਜਲੀ ਮੁਲਾਜ਼ਮ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ। ਇਸ ਮੌਕੇ ਰੋਸ ਧਰਨੇ ਸੰਬੋਧਨ ਕਰਦੇ ਹੋਏ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਬਿਜਲੀ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ। ਉਨ੍ਹਾਂ ਦੱਸਿਆ ਕਿ ਬੀਤੀ 2 ਜੂਨ ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਹਾਜ਼ਰੀ ਵਿੱਚ ਪਾਵਰਕਾਮ ਦੇ ਗੈਸਟ ਹਾਊਸ ਮੁਹਾਲੀ ਵਿਖੇ ਬਿਜਲੀ ਵਿਭਾਗ ਦੀ ਮੈਨੇਜਮੈਂਟ ਤੇ ਅਧਿਕਾਰੀਆਂ ਨਾਲ ਗੱਲਬਾਤ ਹੋਈ ਸੀ ਤੇ ਇਸ ਦੌਰਾਨ ਲਗਭਗ ਕਈ ਮੰਗਾਂ 'ਤੇ ਸਹਿਮਤੀਆਂ ਵੀ ਬਣੀਆਂ ਸਨ, ਜਿਨ੍ਹਾਂ ਨੂੰ ਲਾਗੂ ਕਰਨ ਲਈ ਪਾਵਰਕਾਮ ਮੈਨੇਜਮੈਂਟ ਵੱਲੋਂ ਦਸ ਕੁ ਦਿਨਾਂ ਦਾ ਸਮਾਂ ਮੰਗਿਆ ਗਿਆ ਸੀ, ਪ੍ਰੰਤੂ ਦੋ ਮਹੀਨੇ ਦੇ ਲਗਭਗ ਸਮਾਂ ਬੀਤ ਜਾਣ 'ਤੇ ਵੀ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਗਿਆ ਤੇ ਹੁਣ ਪਾਵਰਕਾਮ ਦੀ ਮੈਨੇਜਮੈਂਟ ਗੱਲਬਾਤ ਕਰਨ ਤੋਂ ਵੀ ਇਨਕਾਰੀ ਹੋ ਚੁੱਕੀ ਹੈ, ਜਿਸ ਕਾਰਨ ਸਮੁੱਚੇ ਬਿਜਲੀ ਮੁਲਾਜ਼ਮਾਂ ਅੰਦਰ ਭਾਰੀ ਬੇਚੈਨੀ ਤੇ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਉਨ੍ਹਾਂ ਆਖਿਆ ਕਿ ਜੇਕਰ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਗਈਆਂ ਤਾਂ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਕੋਠੀ ਅੱਗੇ ਅੰਮ੍ਰਿਤਸਰ ਵਿਖੇ ਸੂਬਾ ਪੱਧਰੀ ਰੋਹ ਭਰਪੂਰ ਧਰਨਾ ਦਿੱਤਾ ਜਾਵੇਗਾ। ਜੇਕਰ ਫਿਰ ਵੀ ਮੰਗਾਂ ਨਾ ਮੰਨੀਆਂ ਗਈਆਂ ਤਾਂ ਅਗਸਤ ਦੇ ਮਹੀਨੇ ਸਮੂਹਿਕ ਛੁੱਟੀ 'ਤੇ ਚਲੇ ਜਾਣਗੇ। ਇਸ ਦੌਰਾਨ ਜੇਕਰ ਪੂਰੇ ਪੰਜਾਬ ਅੰਦਰ ਬਲੈਕ ਆਊਟ ਹੁੰਦਾ ਹੈ ਤਾਂ ਇਸ ਦੀ ਸਮੁੱਚੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਬਿਜਲੀ ਮੈਨੇਜਮੈਂਟ ਦੀ ਹੋਵੇਗੀ। ਇਸ ਮੌਕੇ ਜ਼ੋਨ ਪ੍ਰਧਾਨ ਦਲਜੀਤ ਸਿੰਘ ਜੱਸੋਵਾਲ, ਬੂਟਾ ਸਿੰਘ ਮਲਕ, ਹਰਵਿੰਦਰ ਸਿੰਘ ਸਵੱਦੀ, ਫੈਡਰੇਸ਼ਨ ਪ੍ਰਧਾਨ ਜਸਪਾਲ ਸਿੰਘ, ਪਰਮਜੀਤ ਸਿੰਘ ਚੀਮਾ, ਅਵਤਾਰ ਸਿੰਘ ਕਲੇਰ, ਦਲਜੀਤ ਸਿੰਘ ਜੋਈ, ਕੁਲਦੀਪ ਸਿੰਘ ਮਲਕ, ਭੁਪਿੰਦਰ ਸਿੰਘ ਸੇਖੋਂ, ਜਗਜੀਤ ਸਿੰਘ ਫੋਰਮੈਨ, ਜਸਵੰਤ ਸਿੰਘ ਫੋਰਮੈਨ, ਸੁਖਵਿੰਦਰ ਸਿੰਘ ਕਾਕਾ, ਅਮਨਦੀਪ ਸਿੰਘ ਡੱਲਾ, ਜਗਜੀਤ ਸਿੰਘ ਦੇਹੜਕਾ, ਮੁਨੀਸ਼ ਕੁਮਾਰ ਜੋਸ਼ੀ, ਸੁਖਦੇਵ ਗਰਗ, ਅਪਿੰਦਰ ਸਿੰਘ, ਚੰਚਲ ਸਿੰਘ, ਹਰਮੇਲ ਸਿੰਘ, ਸਤਪਾਲ ਸਿੰਘ ਕਲਸੀ, ਕਮਲਜੀਤ ਸਿੰਘ, ਹਰਮਿੰਦਰ ਸਿੰਘ, ਲਵੀ ਧੀਮਾਨ, ਮਨਦੀਪ ਸਿੰਘ ਕਮਾਲਪੁਰਾ, ਸੁਰਜੀਤ ਸਿੰਘ, ਹਰਵਿੰਦਰ ਸਿੰਘ ਲਵਲੀ, ਰਾਮ ਚੰਦਰ, ਜਰਨੈਲ ਸਿੰਘ, ਕੁਲਵਿੰਦਰ ਸਿੰਘ, ਜਸਵੰਤ ਸਿੰਘ, ਪ੍ਰਦੀਪ ਸਿੰਘ ਸਿੱਧਵਾਂ ਬੇਟ, ਸੁਰਿੰਦਰ ਸਿੰਘ, ਰਮੇਸ਼ ਕੁਮਾਰ, ਬਲਜੀਤ ਸਿੰਘ ਭੱਟੀ, ਅਵਤਾਰ ਸਿੰਘ ਮਾਣੂੰਕੇ, ਰਿੰਕੂ ਸਿੰਘ, ਮਨਦੀਪ ਸਿੰਘ ਮੋਨੂੰ ਤੇ ਸੰਦੀਪ ਕੁਮਾਰ ਆਦਿ ਹਾਜ਼ਰ ਸਨ।

## ਕਾਤਰਾਂ

### ਸਹਿਜੜਾ ਨੇੜੇ ਖੜੇ ਟਰਾਲੇ ਦੇ ਡਰਾਈਵਰ ਖ਼ਿਲਾਫ ਪਰਚਾ ਦਰਜ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੁਲਸ ਵੱਲੋਂ ਮੁੱਖ ਮਾਰਗ 'ਤੇ ਪਿੰਡ ਸਹਿਜੜਾ ਡਰੇਨ ਨੇੜੇ ਹੋਏ ਦਰਦਨਾਕ ਸੜਕ ਹਾਦਸੇ ਸਬੰਧੀ ਸੜਕ ਕਿਨਾਰੇ ਖੜੇ ਟਰਾਲੇ ਦੇ ਡਰਾਈਵਰ ਖ਼ਿਲਾਫ ਪਰਚਾ ਦਰਜ ਕੀਤਾ ਗਿਆ ਹੈ।ਦੱਸਣਯੋਗ ਹੈ ਕਿ ਮੋਟਰਸਾਈਕਲ ਤੇ ਟਰਾਲੇ ਵਿਚਕਾਰ ਹੋਈ ਭਿਆਨਕ ਟੱਕਰ ਵਿੱਚ ਮੋਟਰਸਾਈਕਲ ਸਵਾਰ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ।ਮੁੱਖ ਅਫ਼ਸਰ ਸ਼ੇਰਵਿੰਦਰ ਸਿੰਘ ਔਲਖ ਨੇ ਦੱਸਿਆ ਕਿ ਹਰਦੇਵ ਸਿੰਘ ਪੁੱਤਰ ਚੇਤ ਸਿੰਘ ਵਾਸੀ ਸਹੌਰ ਦੇ ਬਿਆਨਾਂ ਦੇ ਅਧਾਰ 'ਤੇ ਟਰਾਲੇ ਦੇ ਨਾਮਲੂਮ ਡਰਾਈਵਰ ਵੱਖ-ਵੱਖ ਧਾਰਾਵਾਂ ਹੇਠ ਮੁਕੱਦਮਾ ਦਰਜ ਕਰ ਲਿਆ ਗਿਆ ਹੈ।ਪੁਲਸ ਵੱਲੋਂ ਫਰਾਰ ਹੋਏ ਟਰਾਲਾ ਡਰਾਈਵਰ ਦੀ ਭਾਲ ਜਾਰੀ ਹੈ।

### ਮਾਤਾ ਕੁਲਵੰਤ ਕੌਰ ਠੁੱਲੀਵਾਲ ਨਮਿੱਤ ਭੋਗ ਅੱਜ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਰਵਾਸੀ ਭਾਰਤੀ ਭੁਪਿੰਦਰ ਸਿੰਘ ਠੁੱਲੀਵਾਲ ਕੈਨੇਡੀਅਨ ਦੇ ਸਤਿਕਾਰਯੋਗ ਮਾਤਾ ਕੁਲਵੰਤ ਕੌਰ ਧਾਲੀਵਾਲ ਪਤਨੀ ਸਵ: ਬਲਦੀਪ ਸਿੰਘ ਧਾਲੀਵਾਲ ਅਕਾਲ ਚਲਾਣਾ ਕਰ ਗਏ ਹਨ।ਇਸ ਦੁੱਖ ਦੀ ਘੜੀ ਵਿੱਚ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ, ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਸਾਬਕਾ ਵਿਧਾਇਕਾ ਬੀਬੀ ਹਰਚੰਦ ਕੌਰ ਘਨੌਰੀ, ਜਥੇ: ਅਜਮੇਰ ਸਿੰਘ ਮਹਿਲ ਕਲਾਂ, ਮੰਗਤ ਸਿੰਘ ਸਿੱਧੂ, ਭਾਈ ਜਗਸੀਰ ਸਿੰਘ ਖ਼ਾਲਸਾ, ਜਥੇ: ਨਾਥ ਸਿੰਘ ਹਮੀਦੀ, ਹਲਕਾ ਇੰਚਾਰਜ ਭਾਈ ਗੁਰਜੰਟ ਸਿੰਘ ਕੱਟੂ, ਕਾਂਗਰਸ ਦੇ ਆਗੂ ਗੁਰਮੇਲ ਸਿੰਘ ਮੌੜ, ਐਡਵੋਕੇਟ ਜਸਬੀਰ ਸਿੰਘ ਖੇੜੀ, ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ, ਗੁਰਦੁਆਰਾ ਜੰਡਸਰ ਸਾਹਿਬ ਦੇ ਪ੍ਰਧਾਨ ਜਥੇ: ਗੁਰਸੇਵਕ ਸਿੰਘ ਠੁੱਲੀਵਾਲ ਆਦਿ ਆਗੂਆਂ ਤੋਂ ਇਲਾਵਾ ਪ੍ਰੈੱਸ ਕਲੱਬ ਮਹਿਲ ਕਲਾਂ ਨੇ ਧਾਲੀਵਾਲ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ।ਮਾਤਾ ਕੁਲਵੰਤ ਕੌਰ ਧਾਲੀਵਾਲ ਨਮਿੱਤ ਪਾਠ ਦਾ ਭੋਗ, ਅੰਤਿਮ ਅਰਦਾਸ 25 ਜੁਲਾਈ ਨੂੰ ਇੱਕ ਵਜੇ ਗੁਰਦੁਆਰਾ ਸਾਹਿਬ ਪਿੰਡ ਠੁੱਲੀਵਾਲ (ਬਰਨਾਲਾ) ਵਿਖੇ ਹੋਵੇਗੀ।

### ਰੱਖੜੀ ਨੂੰ ਸਮਰਪਤ ਸਮਾਗਮ 27 ਨੂੰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪ੍ਰਜਾਪਿਤਾ ਬ੍ਰਹਮਾਕੁਮਾਰੀ ਈਸ਼ਵਰੀਆ ਵਿਸ਼ਵ ਵਿਦਿਆਲਿਆ ਵੱਲੋਂ 27 ਜੁਲਾਈ ਨੂੰ ਸ਼ਾਮ 6:30 ਵਜੇ ਤੋਂ 8:30 ਵਜੇ ਤੱਕ ਸਿਟੀ ਹੋਟਲ ਵਿਖੇ ਰੱਖੜੀ ਨੂੰ ਸਮਰਪਤ ਸਮਾਗਮ ਕੀਤਾ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤੋਸ਼ੀ ਦੀਦੀ ਤੇ ਸਚਲ ਦੀਦੀ ਨੇ ਦੱਸਿਆ ਕਿ ਸਮਾਗਮ ਦੌਰਾਨ ਪੰਜਾਬ ਜ਼ੋਨ ਦੀ ਡਾਇਰੈਕਟਰ ਰਾਜਯੋਗਿਨੀ ਬੀ. ਕੇ. ਪ੍ਰੇਮ ਦੀਦੀ ਤੇ ਫਰੀਦਕੋਟ ਸਰਕਲ ਇੰਚਾਰਜ ਸੰਗੀਤਾ ਦੀਦੀ ਵਿਸ਼ੇਸ਼ ਤੌਰ 'ਤੇ ਪਹੁੰਚਣਗੇ ਅਤੇ ਸਾਰਿਆਂ ਨੂੰ ਰੱਖੜੀ ਦੇ ਤਿਉਹਾਰ ਦੀ ਮਹੱਤਤਾ ਦੱਸਣਗੇ।ਇਸ ਦੌਰਾਨ ਵਿਦਿਆਰਥਣਾਂ ਵੱਲੋਂ ਰੱਖੜੀ ਨੂੰ ਸਮਰਪਤ ਕੋਰੀਓਗ੍ਰਾਫੀ ਤੇ ਗੀਤ ਵੀ ਪੇਸ਼ ਕਰਨਗੇ।ਉਨ੍ਹਾਂ ਵੱਲੋਂ ਸ਼ਹਿਰ ਦੇ ਲੋਕਾਂ ਨੂੰ ਇਸ ਮੌਕੇ ਉਤਸ਼ਾਹ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ ਹੈ।

# ਬਲਾਕ ਜਲਾਲਾਬਾਦ ਯੂਥ ਕਾਂਗਰਸ ਕਮੇਟੀ ਦੇ ਅਹੁਦੇਦਾਰ ਨਿਯੁਕਤ



**ਜਲਾਲਾਬਾਦ (ਜੰਗੀਰ ਕੌਰ ਫਲੀਆਂਵਾਲਾ)**-ਆਲ ਇੰਡੀਆ ਨੈਸ਼ਨਲ ਕਾਂਗਰਸ ਇੰਚਾਰਜ ਸ੍ਰੀ ਕ੍ਰਿਸ਼ਨਾ ਅਲਾਵਰੂ, ਆਈ.ਵਾਈ.ਸੀ. ਪ੍ਰਧਾਨ ਉਦੇ ਭਾਨੂੰ ਚਿੱਬ, ਪੀ.ਵਾਈ.ਸੀ. ਇੰਚਾਰਜ ਰਿਸ਼ੇਂਦਰ ਸਿੰਘ ਮਹਾਰ ਤੇ ਪੀ.ਵਾਈ.ਸੀ. ਪ੍ਰਧਾਨ ਮੋਹਿਤ ਮੋਹਿੰਦਰਾ ਵੱਲੋਂ ਹਲਕਾ ਜਲਾਲਾਬਾਦ ਦੀਆਂ ਯੂਥ ਕਾਂਗਰਸ ਕਮੇਟੀ ਦੀਆਂ ਨਿਯੁਕਤੀਆਂ ਸਾਬਕਾ ਮੰਤਰੀ ਹੰਸ ਰਾਜ ਜੋਸਨ ਦੀ ਅਗਵਾਈ ਹੇਠ ਕੀਤੀਆਂ ਗਈਆਂ। ਇਸ ਮੌਕੇ ਗੱਲਬਾਤ ਕਰਦਿਆਂ ਸਾਬਕਾ ਜੰਗਲਾਤ ਮੰਤਰੀ ਹੰਸ ਰਾਜ ਜੋਸਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਹਲਕਾ ਜਲਾਲਾਬਾਦ ਵਿੱਚ ਹੋਰ ਨੌਜਵਾਨਾਂ ਦੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਕਮੇਟੀ ਵੱਲੋਂ ਜੋ ਜ਼ਿੰਮੇਦਾਰੀ ਇਨ੍ਹਾਂ ਨੂੰ ਸੌਂਪੀ ਗਈ ਹੈ, ਇਸ ਨੂੰ ਇਹ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਦੇ ਵਿਸਥਾਰ ਲਈ ਮਿਹਨਤ ਜਾਰੀ ਰੱਖਣਗੇ ਤਾਂ ਜੋ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਪੰਜਾਬ ਵਿੱਚ ਮੁੜ ਸਰਕਾਰ ਬਣਾ ਸਕੇ। ਇਸ ਮੌਕੇ ਅਬੋਹਰ ਤੋਂ ਕੋਆਰਡੀਨੇਟਰ ਹਰਪ੍ਰੀਤ ਰੋਜ਼ੀ ਜੋਸਨ ਵੱਲੋਂ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ, ਜਿਸ ਤਹਿਤ ਬਲਾਕ ਜਲਾਲਾਬਾਦ-1 ਦਿਹਾਤੀ ਤੋਂ ਪ੍ਰਧਾਨ ਸ਼ੁਭਵੀਰ ਬਾਠ, ਲਵਪ੍ਰੀਤ ਸਿੰਘ, ਵਿਪਨ ਭਾਬੜਾ ਉਪ ਪ੍ਰਧਾਨ ਥਾਪੇ ਗਏ ਤੇ ਵਿਕਰਾਂਤ ਕੰਬੋਜ, ਸੰਦੀਪ ਸਿੰਘ, ਅਰਸ਼ਦੀਪ ਸਿੰਘ, ਜੰਗ ਬਹਾਦਰ, ਕਰਨ, ਗੁਰਦੀਪ ਸਿੰਘ ਜਨਰਲ ਸਕੱਤਰ ਵਜੋਂ ਨਿਯੁਕਤ ਕੀਤੇ ਗਏ। ਬਲਾਕ ਜਲਾਲਾਬਾਦ-2 ਸ਼ਹਿਰੀ ਤੋਂ ਕਰਨ ਚੰਡਾਲੀਆ ਉੱਪ-ਪ੍ਰਧਾਨ ਰਾਹੁਲ ਕੁਮਾਰ, ਆਯੂਸ਼ ਮੱਕੜ, ਫੱਤਾ ਰਾਮ ਜਰਨਲ ਸਕੱਤਰ ਨਿਯੁਕਤ ਕੀਤੇ ਗਏ।

ਬਲਾਕ ਅਰਨੀ ਵਾਲਾ ਸ਼ੇਖ ਸੁਭਾਨ-03 ਤੋਂ ਸੁਖਵਿੰਦਰ ਕੁਮਾਰ ਉਪ ਪ੍ਰਧਾਨ, ਰਾਮੇਸ਼ਵਰ ਜਨਰਲ ਸਕੱਤਰ, ਸੋਨੂ ਮਸੀਹ, ਰੋਬਿਨ ਕੰਬੋਜ, ਸੰਦੀਪ ਸਿੰਘ ਸਕੱਤਰ ਵਜੋਂ ਨਿਯੁਕਤ ਕੀਤੇ ਗਏ। ਇਸ ਮੌਕੇ ਪ੍ਰਦੀਪ ਸਿੰਘ ਬਿੱਟੂ ਚੇਅਰਮੈਨ, ਜੱਗਾ ਸਿੰਘ ਸਾਬਕਾ ਸਰਪੰਚ, ਸ਼ੇਰ ਚੰਦ ਸਾਬਕਾ ਸਰਪੰਚ, ਮਿੱਕੀ ਸਿੱਧੂ, ਜ਼ਿਲ੍ਹਾ ਜਨਰਲ ਸਕੱਤਰ ਪ੍ਰਤੀਕ ਸੰਧੂ, ਪ੍ਰਧਾਨ ਪ੍ਰੇਮ ਕੰਬੋਜ, ਪ੍ਰਧਾਨ ਅਮਨ ਕੱਕੜ, ਯੂਥ ਆਗੂ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ : ਡੀ ਆਈ ਜੀ ਚਾਹਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸਮਾਜ ਸੇਵੀ ਸੰਸਥਾਵਾਂ ਪਾਵਰ ਹਾਊਸ ਯੂਥ ਕਲੱਬ, ਯੂਥ ਫੈਡਰੇਸ਼ਨ ਆਫ ਇੰਡੀਆ, ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਪਾਵਰ ਹਾਊਸ ਯੁਵਕ ਸੇਵਾਵਾਂ ਕਲੱਬ ਰਣਜੀਤ ਨਗਰ ਵੱਲੋਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ, ਨਸ਼ਾ ਮੁਕਤ ਭਾਰਤ ਅਭਿਆਨ, ਸਾਂਝ ਸੰਪਰਕ ਪ੍ਰੋਜੈਕਟ ਤਹਿਤ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਜਾਗਰੂਕਤਾ ਪ੍ਰੋਗਰਾਮਾਂ ਸਬੰਧੀ ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ ਨਾਲ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਅਮਰੀਕ ਸਿੰਘ ਕਲੇਰ ਸੂਬਾ ਪ੍ਰਧਾਨ ਨੈਸ਼ਨਲ ਯੂਥ ਪ੍ਰੋਜੈਕਟ, ਸਟੇਟ ਐਵਾਰਡੀ ਰੁਪਿੰਦਰ ਕੌਰ, ਰੁਦਰਪ੍ਰਤਾਪ ਸਿੰਘ, ਯਸ਼ਵੀਰ ਸਿੰਘ ਚੀਮਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ, ਭਿੰਦਰ ਜਲਵੇੜਾ ਨੇ ਮੁਲਾਕਾਤ ਕੀਤੀ ਤੇ ਉਨ੍ਹਾਂ ਦੀ ਟੀਮ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦੌਰਾਨ ਵੰਡੀਆਂ ਜਾ ਰਹੀਆਂ ਕਿਤਾਬਾਂ ਦਿੱਤੀਆਂ ਗਈਆਂ। ਇਸ ਮੌਕੇ ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ ਨੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਨਸ਼ਿਆਂ ਵਿਰੁੱਧ ਨੌਜਵਾਨਾਂ ਨੂੰ ਜਾਗਰੂਕ ਕਰਨਾ ਸ਼ਲਾਘਾਯੋਗ ਉਪਰਾਲਾ ਹੈ, ਸਰਕਾਰ ਵੱਲੋਂ ਸਖਤ ਹਦਾਇਤਾਂ ਹਨ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਨਾ ਬਖਸ਼ਿਆ ਜਾਵੇ ਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤੀ ਨਾਲ ਨਿੱਜਠਿਆ ਜਾਵੇ ਅਤੇ ਇਸ ਤਹਿਤ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾ ਰਹੀਆਂ ਹਨ। ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਨਸ਼ਿਆਂ ਤੋਂ ਬਚਾਉਣਾ ਸਿਰਫ਼ ਪੁਲਸ ਦੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਮਾਪਿਆਂ ਨੂੰ ਵੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਬੱਚਿਆਂ ਦੀਆਂ ਗਤੀਵਿਧੀ 'ਤੇ ਨਜ਼ਰ ਰੱਖ ਕੇ ਤੇ ਉਨ੍ਹਾਂ ਨਾਲ ਖੁੱਲ੍ਹ ਕੇ ਗੱਲਬਾਤ ਕਰ ਕੇ ਹੀ ਇਸ ਸਮੱਸਿਆ ਦਾ ਹੱਲ ਕੀਤਾ ਜਾ ਸਕਦਾ ਹੈ। ਉਨ੍ਹਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਪੁਲਸ ਪ੍ਰਸ਼ਾਸਨ ਨੂੰ ਸਹਿਯੋਗ ਕਰਨ ਲਈ ਅੱਗੇ ਆਉਣ ਤਾਂ ਜੋ ਅਸੀਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰ ਸਕੀਏ।

ਉਨ੍ਹਾਂ ਪਰਮਿੰਦਰ ਭਲਵਾਨ, ਜਤਵਿੰਦਰ ਗਰੇਵਾਲ ਤੇ ਉਨ੍ਹਾਂ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਜਾਗਰੂਕਤਾ ਮੁਹਿੰਮ ਵਿੱਚ ਹੋਰ ਨੌਜਵਾਨਾਂ ਨੂੰ ਵੱਧ ਚੜ੍ਹ ਕੇ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵੱਧ ਤੋਂ ਵੱਧ ਜਾਗਰੂਕ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਉਹ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਲਈ ਹਰ ਸਮੇਂ ਤਿਆਰ ਹਨ।

# ਸੀ ਪੀ ਆਈ ਵਾਤਾਵਰਨ ਦੀ ਸੰਭਾਲ ਲਈ ਪੀ ਏ ਸੀ ਦੇ ਕੰਮਾਂ ਦੀ ਸ਼ਲਾਘਾ ਕਰਦੀ ਹੈ : ਭਾਟੀਆ

**ਲੁਧਿਆਣਾ (ਰੈਕਟਰ ਕਥੂਰੀਆ)**-ਅਖਬਾਰਾਂ ਵਿੱਚ ਛਪੀਆਂ ਖਬਰਾਂ ਅਨੁਸਾਰ ਕੌਮੀ ਗ੍ਰੀਨ ਟ੍ਰਿਬਿਊਨਲ ਵੱਲੋਂ ਲੋਕ ਹਿੱਤ ਪਟੀਸ਼ਨਾਂ 'ਤੇ ਕਾਰਵਾਈ ਕਰਦਿਆਂ ਪੀਪੀਸੀਬੀ ਤੇ ਰੰਗਾਈ ਕਾਰਖਾਨਿਆਂ ਲਈ ਵਿਸ਼ੇਸ਼ ਤੌਰ 'ਤੇ ਨਿਰਮਤ ਕੀਤੇ ਗਏ ਸੀਈਟੀਪੀ ਨੂੰ ਨੋਟਿਸ ਜਾਰੀ ਹੋਇਆ ਹੈ।ਇਹ ਲੋਕ ਹਿੱਤ ਪਟੀਸ਼ਨਾਂ ਪਬਲਿਕ ਐਕਸ਼ਨ ਕਮੇਟੀ (ਪੀਏਸੀ) ਨੇ ਐੱਨਜੀਟੀ ਪਾਸ ਦਾਇਰ ਕੀਤੀਆਂ ਸਨ।ਇਨ੍ਹਾਂ ਵਿੱਚ ਬੁੱਢਾ ਦਰਿਆ ਅੰਦਰ ਅਨ-ਅਧਿਕਾਰਿਤ ਗੰਦੇ ਪਾਣੀ ਦੇ ਲਗਾਤਾਰ ਨਿਕਾਸ ਲਈ ਜੁਰਮਾਨਾ ਲਗਾਉਣ ਦੀ ਮੰਗ ਕੀਤੀ ਗਈ ਸੀ।ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਸ਼ਹਿਰੀ ਕਮੇਟੀ ਪੀਏਸੀ ਤੇ ਇਸ ਦੇ ਅਹੁਦੇਦਾਰਾਂ ਦੀ ਸ਼ਲਾਘਾਯੋਗ ਕਾਰਵਾਈ ਦਾ ਸਮਰਥਨ ਕਰਦੀ ਹੈ।ਸੀਪੀਆਈ ਲੁਧਿਆਣਾ ਸ਼ਹਿਰੀ ਦੇ ਸਕੱਤਰ ਐੱਮ ਐੱਸ ਭਾਟੀਆ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਵਾਤਾਵਰਨ ਨੂੰ ਬਚਾਉਣ ਲਈ ਬੁੱਢੇ ਦਰਿਆ ਨੂੰ ਜ਼ਹਿਰੀਲੇ ਪ੍ਰਦੂਸ਼ਿਤ ਪਦਾਰਥਾਂ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ।ਭਾਰਤੀ ਕਮਿਊਨਿਸਟ ਪਾਰਟੀ ਇਸ ਤਰ੍ਹਾਂ ਦੇ ਕੰਮਾਂ ਵਿੱਚ ਲੱਗੀਆਂ ਜਥੇਬੰਦੀਆਂ ਦੀ ਸ਼ਲਾਘਾ ਕਰਦੀ ਹੈ ਤੇ ਉਨ੍ਹਾਂ ਨੂੰ ਆਪਣਾ ਸਮਰਥਨ ਵੀ ਕਰਦੀ ਹੈ।ਉਨ੍ਹਾ ਦੱਸਿਆ ਕਿ ਸਮਾਜ ਸੇਵੀ ਸੰਸਥਾ ਭਾਰਤ ਜਨ ਗਿਆਨ ਵਿਗਿਆਨ ਜਥਾ 1992 ਤੋਂ ਹੀ ਇਸ ਮਸਲੇ ਨੂੰ ਵਾਤਾਵਰਨ ਪ੍ਰੇਮੀ ਡਾਕਟਰ ਅਰੁਣ ਮਿੱਤਰਾ ਤੇ ਸਵਰਗੀ ਮੇਜਰ ਸ਼ੇਰ ਸਿੰਘ ਔਲਖ ਦੀ ਅਗਵਾਈ ਵਿੱਚ ਲਗਾਤਾਰ ਆਵਾਜ਼ ਚੁੱਕਦੀ ਆ ਰਹੀ ਹੈ।ਇਹ ਖੁਸ਼ੀ ਦੀ ਗੱਲ ਹੈ ਕਿ ਹੁਣ ਪਬਲਿਕ ਐਕਸ਼ਨ ਕਮੇਟੀ ਦੀ ਇਸ ਕਾਰਵਾਈ ਨਾਲ ਵਾਤਾਵਰਣ ਦੀ ਰੱਖਿਆ ਲਈ ਕੋਸ਼ਿਸ਼ਾਂ ਹੋਰ ਤੇਜ਼ ਤੇ ਪ੍ਰਭਾਵਸ਼ਾਲੀ ਹੋ ਜਾਣਗੀਆਂ।



# ਪੈਨਸ਼ਨਰਜ਼ ਐਸੋਸੀਏਸ਼ਨ ਸ਼ਹਿਰੀ ਮੰਡਲ ਵੱਲੋਂ ਐਕਸੀਅਨ ਵਿਰੁੱਧ ਧਰਨਾ

## ਮੰਗਾਂ ਨਾ ਮੰਨੀਆਂ ਤਾਂ ਕੀਤਾ ਜਾਵੇਗਾ ਤਿੱਖਾ ਸੰਘਰਸ਼



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੈਨਸ਼ਨਰਜ਼ ਐਸੋਸੀਏਸ਼ਨ ਸ਼ਹਿਰੀ ਮੰਡਲ ਫਿਰੋਜ਼ਪੁਰ ਦਾ ਦੂਜਾ ਧਰਨਾ ਐਕਸੀਅਨ ਸ਼ਹਿਰੀ ਮੰਡਲ ਫਿਰੋਜ਼ਪੁਰ ਵਿਰੁੱਧ ਸਾਥੀ ਚੰਨਣ ਸਿੰਘ ਦੀ ਅਗਵਾਈ ਵਿੱਚ ਲਗਾਇਆ ਗਿਆ। ਅੱਜ ਦੇ ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰੇ ਸਾਥੀਆਂ ਨੇ ਦੱਸਿਆ ਕਿ ਪੈਨਸ਼ਨਰਜ਼ ਸਾਥੀਆਂ ਦਾ ਬਕਾਇਆ ਏਰੀਆ 1-1-2016 ਤੋਂ 30-6-2021 ਤੱਕ ਦਾ 66 ਮਹੀਨਿਆਂ ਦਾ ਬਣਦਾ ਬਕਾਇਆ ਏਰੀਆ ਜੋ ਅਪ੍ਰੈਲ 2025 ਤੋਂ ਦੇਣਾ ਬਣਦਾ ਸੀ, ਪਰ ਜੁਲਾਈ ਵੀ ਸਾਰਾ ਬੀਤ ਗਿਆ। ਕਾਰਜਕਾਰੀ ਇੰਜ. ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕ ਰਹੀ। ਬੀਤੇ ਦਿਨ ਵੀ ਐਕਸੀਅਨ ਵੱਲੋਂ ਮੀਟਿੰਗ ਦਿੱਤੀ ਗਈ, ਪਰ ਕੋਈ ਵੀ ਗੱਲ ਨਹੀਂ ਮੰਨੀ ਗਈ। ਉਲਟਾ ਇਹ ਕਹਿੰਦਾ ਕਿ ਮੇਰੇ ਹੱਥ ਖੜੇ ਹਨ। ਮੇਰੇ ਕਲਰਕ ਮੇਰੇ ਕਹਿਣੇ ਨਹੀਂ ਲੱਗਦੇ, ਜੋ ਕਿ ਬੜੀ ਸ਼ਰਮ ਵਾਲੀ ਗੱਲ ਹੈ ਕਿ ਇਕ ਅਧਿਕਾਰੀ ਦੇ ਕਲਰਕ ਕਰਮਚਾਰੀ ਕਹਿਣੇ ਨਹੀਂ ਲੱਗਦੇ। ਇਥੇ ਇਹ ਵੀ ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਨਿਗਰਾਨ ਇੰਜ. ਫਿਰੋਜ਼ਪੁਰ ਪਾਵਰਕਾਮ ਨੂੰ ਵੀ ਸਰਕਲ ਕਮੇਟੀ ਫਿਰੋਜ਼ਪੁਰ ਪੈਨਸ਼ਨਜ਼ ਐਸੋਸੀਏਸ਼ਨ ਦੇ ਆਗੂ ਮਿਲ ਕੇ ਐਕਸੀਅਨ ਬਾਰੇ ਸਾਰੀ ਜਾਣਕਾਰੀ ਦੇ ਚੁੱਕੇ ਹਨ। ਸਟੇਟ ਕਮੇਟੀ ਪੰਜਾਬ ਵੱਲੋਂ ਵੀ ਪਾਵਰਕਾਮ ਦੇ ਸੀਐੱਮਡੀ ਨੂੰ ਵੀ ਇਸ ਅਧਿਕਾਰੀ ਖਿਲਾਫ ਚਿੱਠੀ ਪੱਤਰ ਦਿੱਤਾ ਗਿਆ। ਅੱਜ ਦੀ ਰੈਲੀ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਸਟੇਟ ਕਮੇਟੀ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਸ਼ਰਮਾ, ਪੁਰਾਣੇ ਆਗੂ ਗੁਰਨਾਮ ਸਿੰਘ, ਹਕੂਮਤ ਰਾਏ ਤੋਂ ਇਲਾਵਾ ਸਬ ਅਰਬਨ ਮੰਡਲ ਫਿਰੋਜ਼ਪੁਰ ਦੇ ਆਗੂ ਸੁਖਚੈਨ ਪ੍ਰਧਾਨ, ਤਰਲੋਚਨ ਚੋਪੜਾ, ਹਰੀ ਚੰਦ ਚੋਪੜਾ, ਰੈਗੂਲਰ ਮੁਲਾਜ਼ਮ ਗੁਰਦੇਵ ਸਿੰਘ ਸ਼ਹਿਰੀ ਮੰਡਲ, ਕੁਲਵੰਤ ਸਿੰਘ, ਜਸਵੰਤ ਸਿੰਘ, ਹਾਕਮ ਸਿੰਘ ਮੁੱਦਕੀ ਤੋਂ ਇਲਾਵਾ ਹੋਰ ਵੀ ਕਈ ਬੁਲਾਰਿਆਂ ਨੇ ਸੰਬੋਧਨ ਕੀਤਾ। ਆਖਿਰ ਵਿੱਚ ਸਟੇਟ ਕਮੇਟੀ ਦੇ ਆਗੂ ਰਾਕੇਸ਼ ਸ਼ਰਮਾ ਤੇ ਚੰਨਣ ਸਿੰਘ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਜੇਕਰ ਇਸ ਅਧਿਕਾਰੀ ਨੇ ਸਾਡੀਆਂ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹਰ ਤਿੱਖਾ ਕੀਤਾ ਜਾਵੇਗਾ। ਐਕਸੀਅਨ ਵਿਰੁੱਧ ਘੜੇ ਭੰਨ ਮੁਜ਼ਾਹਰੇ, ਢੋਲ ਮੁਜ਼ਾਹਰਾ ਤੇ ਵੱਡੇ ਪੱਧਰ 'ਤੇ ਵਿਖਾਵਾ ਕੀਤਾ ਜਾਵੇਗਾ। ਇਸ ਦੀ ਸਾਰੀ ਜ਼ਿੰਮੇਵਾਰੀ ਇਸ ਅਧਿਕਾਰੀ ਦੀ ਹੋਵੇਗੀ।

# ਬਿਜਲੀ ਮੁਲਾਜ਼ਮ ਵੱਲੋਂ 27 ਦੇ ਧਰਨੇ ਦੀ ਤਿਆਰੀ ਵਜੋਂ ਰੋਸ ਰੈਲੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਏਕਤਾ ਮੰਚ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ. ਨ. 24) ਪਾਵਰਕਾਮ ਟ੍ਰਸਾਂਕੋ ਪੈਨਸ਼ਨਰਜ਼ ਯੂਨੀਅਨ ਏਟਕ ਪੰਜਾਬ ਤੇ ਪੈਨਸ਼ਨਰ ਵੈੱਲਫੇਅਰ ਫੈਡਰੈਸ਼ਨ ਪਾਵਰਕਾਮ ਤੇ ਟ੍ਰਾਂਸਕੋ ਦੀ ਸਟੇਟ ਲੀਡਰਸ਼ਿਪ ਦੇ ਸੱਦੇ ਅਨੁਸਾਰ ਸ੍ਰੀ ਮੁਕਤਸਰ ਸਾਹਿਬ ਦੇ ਸਾਥੀਆਂ ਵੱਲੋਂ 27/11/2025 ਦੇ ਬਿਜਲੀ ਮੰਤਰੀ ਦੀ ਅੰਮ੍ਰਿਤਸਰ ਸਾਹਿਬ ਵਿਖੇ ਰਿਹਾਇਸ਼ 'ਤੇ ਰੋਸ ਧਰਨੇ ਦੀ ਤਿਆਰੀ ਵਜੋਂ ਰੋਸ ਰੈਲੀ ਕੀਤੀ ਗਈ, ਜਿਸ ਵਿੱਚ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਤੇ ਪੰਜਾਬ ਦੇ ਬਿਜਲੀ ਮੰਤਰੀ ਨਾਲ ਮਿਤੀ 02/06/2025 ਦੀ ਮੀਟਿੰਗ ਵਿੱਚ ਮੰਨੀਆਂ ਮੰਗਾਂ ਲਾਗੂ ਨਾ ਕਰਨ ਕਾਰਨ ਧਰਨੇ-ਪ੍ਰਦਰਸ਼ਨ ਕੀਤਾ ਜਾਵੇਗਾ। ਜੇਕਰ ਫਿਰ ਵੀ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ 11,12,13 ਅਗਸਤ ਨੂੰ ਸਮੁੱਚੇ ਬਿਜਲੀ ਕਰਮਚਾਰੀ ਪੰਜਾਬ ਵਿੱਚ ਸਮੂਹਕ ਛੁੱਟੀ ਲੈ ਕੇ ਆਪੋ ਆਪਣੇ ਦਫਤਰਾ ਅੱਗੇ ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦਾ ਪਿੱਟ ਸਿਆਪਾ ਕਰਨਗੇ। ਇਸ ਰੈਲੀ ਨੂੰ ਗੁਰਸੇਵਕ ਸਿੰਘ, ਬਸੰਤ ਸਿੰਘ, ਗੁਰਪਾਲ ਸਿੰਘ, ਛਿੰਦਰ ਪਾਲ ਸਿੰਘ, ਗਗਨਦੀਪ ਸਿੰਘ, ਅਕਾਸ਼ਦੀਪ ਸਿੰਘ ਤੇ ਪੰਜਾਬ ਦੇ ਜੁਆਇੰਟ ਫੋਰਮ ਏਕਤਾ ਮੰਚ ਦੇ ਆਗੂ ਬਰਜਿੰਦਰ ਕੁਮਾਰ ਸ਼ਰਮਾ ਨੇ ਸੰਬੋਧਨ ਕੀਤਾ।

# ਰੋਟਰੀ ਕਲੱਬ ਵੱਲੋਂ ਸਕੂਲ ਨੂੰ ਵਾਟਰ ਕੂਲਰ ਭੇਟ




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਰੋਟਰੀ ਕਲੱਬ ਵੱਲੋਂ ਬੀਤੇ ਦਿਨ ਬਲਾਕ ਸਮਾਣਾ-3 ਦੇ ਸਰਕਾਰੀ ਐਲੀਮੈਂਟਰੀ ਸਕੂਲ (ਲੜਕੀਆਂ) ਨੂੰ ਇੱਕ ਨਵਾਂ ਆਰ.ਓ. ਵਾਟਰ ਕੂਲਰ ਭੇਟ ਕੀਤਾ।ਇਹ ਪ੍ਰੋਜੈਕਟ ਰੋਟਰੀ ਜ਼ਿਲ੍ਹਾ ਗ੍ਰਾਂਟ #2579823 (2024-25) ਦੇ ਤਹਿਤ ਰੋਟੇਰੀਅਨ ਡਾ. ਸੰਦੀਪ ਚੌਹਾਨ, ਡੀ.ਜੀ. 2024-25 ਦੀ ਅਗਵਾਈ ਹੇਠ ਪੂਰਾ ਕੀਤਾ ਗਿਆ, ਜੋ ਵਿਦਿਆਰਥੀਆਂ ਦੀ ਸਿਹਤ ਤੇ ਸਕੂਲ ਸਹੂਲਤਾਂ ਨੂੰ ਬਿਹਤਰ ਬਣਾਉਣ ਵੱਲ ਇੱਕ ਮਜ਼ਬੂਤ ਕਦਮ ਹੈ।ਇਹ ਵਾਟਰ ਕੂਲਰ ਜ਼ਿਲ੍ਹਾ ਗਵਰਨਰ, ਰੋਟੇਰੀਅਨ ਸੀ.ਏ. ਅਮਿਤ ਸਿੰਗਲਾ (2026-27) ਦੁਆਰਾ ਆਪਣੇ ਪਿਤਾ, ਸਵ: ਸ਼੍ਰੀ ਸੀਤਾ ਰਾਮ ਸਿੰਗਲਾ ਦੀ ਯਾਦ ਵਿੱਚ ਸਪਾਂਸਰ ਕੀਤਾ ਗਿਆ ਸੀ।ਇਹ ਵਿਸ਼ੇਸ਼ ਦਾਨ ਬਹੁਤ ਸਾਰੇ ਲੋੜਵੰਦ ਬੱਚਿਆਂ ਦੀ ਮਦਦ ਕਰਨ ਦਾ ਇੱਕ ਤਰੀਕਾ ਹੈ।

ਬਲਾਕ ਸਿੱਖਿਆ ਅਧਿਕਾਰੀ ਸ਼੍ਰੀ ਗੁਰਪ੍ਰੀਤ ਸਿੰਘ ਗੋਲਡੀ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਸਨ।ਉਨ੍ਹਾਂ ਰੋਟਰੀ ਵੱਲੋਂ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਾਉਣ ਤੇ ਸਰਕਾਰੀ ਸਕੂਲਾਂ ਨੂੰ ਸਮਰਥਨ ਦੇਣ ਲਈ ਕੀਤੇ ਗਏ ਕੰਮਾਂ ਦੀ ਸ਼ਲਾਘਾ ਕੀਤੀ।ਰੋਟਰੀ ਕਲੱਬ ਸਮਾਣਾ ਸਿਟੀ, ਰੋਟਰੀ ਕਲੱਬ ਤੇ ਰੋਟਰੀ ਕਲੱਬ ਸਮਾਣਾ ਡਾਇਨਾਮਿਕ ਦੇ ਮੈਂਬਰ ਪ੍ਰੋਗਰਾਮ ਵਿੱਚ ਸ਼ਾਮਲ ਹੋਏ।ਰੋਟਰੀ ਕਲੱਬ ਸਿਟੀ ਤੋਂ ਰੋਟੇਰੀਅਨ ਸਾਚੀ ਸਿੰਗਲਾ (ਚਾਰਟਰ ਪ੍ਰਧਾਨ ਤੇ ਵਿੱਤ ਸਕੱਤਰ), ਰੋਟੇਰੀਅਨ ਮਲਿਕਾ ਬਾਂਸਲ (ਪ੍ਰਧਾਨ 2025-26), ਰੋਟੇਰੀਅਨ ਵਨਿਕਾ ਗੋਇਲ (ਸਕੱਤਰ 2024-26), ਰੋਟੇਰੀਅਨ ਸਮਿਧਾ ਸਿੰਗਲਾ ਤੇ ਰੋਟੇਰੀਅਨ ਪੂਜਾ ਜਿੰਦਲ ਮੌਜੂਦ ਸਨ।

ਰੋਟਰੀ ਕਲੱਬ ਦੀ ਨੁਮਾਇੰਦਗੀ ਰੋਟੇਰੀਅਨ ਅਰੁਣ ਬਾਂਸਲ (ਪ੍ਰਧਾਨ), ਰੋਟੇਰੀਅਨ ਸੁਮਿਤ ਗੋਇਲ (ਸਕੱਤਰ) ਤੇ ਰੋਟੇਰੀਅਨ ਗੌਰਵ ਜਿੰਦਲ (ਵਿੱਤ ਸਕੱਤਰ) ਨੇ ਕੀਤੀ।ਰੋਟਰੀ ਕਲੱਬ ਸਮਾਣਾ ਡਾਇਨਾਮਿਕ ਦੀ ਨੁਮਾਇੰਦਗੀ ਰੋਟੇਰੀਅਨ ਦਰਸ਼ਨ ਮਿੱਤਲ (ਪ੍ਰਧਾਨ), ਰੋਟੇਰੀਅਨ ਅਨਿਲ ਗਰਗ (ਚਾਰਟਰ ਪ੍ਰਧਾਨ), ਰੋਟੇਰੀਅਨ ਸੁਮਿਤ ਗਰਗ (ਸਕੱਤਰ), ਰੋਟੇਰੀਅਨ ਗੌਤਮ ਗਰਗ ਤੇ ਰੋਟੇਰੀਅਨ ਧਰਮਵੀਰ ਗਰਗ ਨੇ ਕੀਤੀ। ਸ਼੍ਰੀ ਜਸਵਿੰਦਰ ਸਿੰਘ, ਸੈਂਟਰ ਹੈੱਡ ਟੀਚਰ, ਅਤੇ ਸਕੂਲ ਸਟਾਫ਼ ਦਾ ਇਸ ਪ੍ਰੋਗਰਾਮ ਦੇ ਪ੍ਰਬੰਧਾਂ ਤੇ ਸੁਚਾਰੂ ਆਯੋਜਨ ਵਿੱਚ ਮਦਦ ਕਰਨ ਲਈ ਵਿਸ਼ੇਸ਼ ਧੰਨਵਾਦ।

# ਸੁੱਖਾਨੰਦ ਵੱਲੋਂ ਬੇਟੇ ਦੇ ਜਨਮ ਦਿਨ ਮੌਕੇ ਡਾ. ਗੁਰਪ੍ਰੀਤ ਕੌਰ ਮਾਨ ਹੋਏ ਸ਼ਰੀਕ

## ਮੋਗਾ ਦੇ ਐੱਮ ਐੱਲ ਏਜ਼ ਸਮੇਤ ਸੀਨੀਅਰ ਲੀਡਰਸ਼ਿਪ ਨੇ ਸਮਾਗਮ 'ਚ ਕੀਤੀ ਸ਼ਮੂਲੀਅਤ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਬੀਤੇ ਦਿਨ ਹਲਕਾ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁੱਖਾਨੰਦ ਵੱਲੋਂ ਆਪਣੇ ਬੇਟੇ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਕਰਵਾਏ ਗਏ ਸਮਾਗਮ ਵਿੱਚ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਧਰਮ ਪਤਨੀ ਡਾ. ਗੁਰਪ੍ਰੀਤ ਕੌਰ ਮਾਨ ਵਿਧਾਇਕ ਸੁੱਖਾਨੰਦ ਦੀਆਂ ਖੁਸ਼ੀਆਂ ਵਿੱਚ ਸ਼ਰੀਕ ਹੋਣ ਲਈ ਵਿਸ਼ੇਸ਼ ਤੌਰ 'ਤੇ ਪੁੱਜੇ।ਇਸ ਮੌਕੇ ਡਾ. ਗੁਰਪ੍ਰੀਤ ਕੌਰ ਮਾਨ ਦੇ ਨਾਲ ਵਿਧਾਨ ਸਭਾ ਹਲਕਾ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਵਿਧਾਨ ਸਭਾ ਹਲਕਾ ਮੋਗਾ ਤੋਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਹਲਕਾ ਨਿਹਾਲ ਸਿੰਘ ਵਾਲਾ ਸਮੇਤ ਵੱਡੀ ਗਿਣਤੀ ਵਿੱਚ ਹਲਕੇ ਦੀ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਇਸ ਸਮਾਗਮ ਵਿੱਚ ਪੁੱਜ ਕੇ ਹਲਕਾ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁੱਖਾਨੰਦ ਨੂੰ ਉਨ੍ਹਾਂ ਦੇ ਬੇਟੇ ਅਕਾਲ ਸਿੰਘ ਸਿੱਧੂ ਦੇ ਜਨਮ ਦਿਨ ਦੀ ਵਧਾਈ ਦਿੱਤੀ।ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁੱਖਾਨੰਦ ਨੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਵਿੱਚ ਪਹਿਲੀ ਵਾਰ ਪੁੱਜਣ 'ਤੇ ਡਾਕਟਰ ਗੁਰਪ੍ਰੀਤ ਕੌਰ ਮਾਨ ਦਾ ਜ਼ੋਰਦਾਰ ਸਵਾਗਤ ਕਰਦਿਆਂ ਜੀ ਆਇਆਂ ਆਖਿਆ।ਇਸ ਮੌਕੇ ਡਾਕਟਰ ਗੁਰਪ੍ਰੀਤ ਕੌਰ ਮਾਨ ਨੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁੱਖਾਨੰਦ ਨੂੰ ਉਨ੍ਹਾਂ ਦੇ ਬੇਟੇ ਦੇ ਜਨਮ ਦਨ ਦੀ ਵਧਾਈ ਦਿੰਦਿਆਂ ਅਕਾਲ ਸਿੰਘ ਸਿੱਧੂ ਦੀ ਤੰਦਰੁਸਤੀ ਲਈ ਪ੍ਰਮਾਤਮਾ ਅੱਗੇ ਕਾਮਨਾ ਕੀਤੀ।ਉਪਰੰਤ ਇਸ ਖੁਸ਼ੀ ਮੌਕੇ ਹਾਜ਼ਰ ਹੋਏ ਚੇਅਰਮੈਨ ਰਮਨ ਮਿੱਤਲ ਰਿੰਪੀ, ਮੰਡੀ ਬੋਰਡ ਮਨਦੀਪ ਸਿੰਘ ਮਾਨ, ਚੇਅਰਮੈਨ ਵਿਕਰਮਜੀਤ ਸਿੰਘ ਸੁੱਖਾਨੰਦ, ਟਰੱਕ ਯੂਨੀਅਨ ਦੇ ਪ੍ਰਧਾਨ ਟਿੱਕੂ ਬਰਾੜ ਮੱਲਕੇ, ਨਗਰ ਕੌਂਸਲ ਬਾਘਾ ਪਰਾਣਾ ਦੇ ਪ੍ਰਧਾਨ ਸ੍ਰੀਮਤੀ ਸੋਨੀਆ ਗੁਪਤਾ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਵਨ ਗੁਪਤਾ, ਕੌਂਸਲਰ ਮਨਦੀਪ ਕੱਕੜ, ਹਲਕੇ ਦੇ ਪੰਚ-ਸਰਪੰਚ ਤੇ ਹੋਰ ਆਗੂਆਂ ਨੇ ਵੀ ਸੁੱਖਾਨੰਦ ਪਰਵਾਰ ਨੂੰ ਵਧਾਈ ਦਿੱਤੀ।ਇਸ ਮੌਕੇ ਹਲਕਾ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁੱਖਾਨੰਦ ਤੇ ਪਿਤਾ ਸ੍. ਨਿਸ਼ਾਨ ਸਿੰਘ ਸਿੱਧੂ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਗੋਦਾਰਾ ਲਧਾਈ ਕੇ, ਸਾਬਕਾ ਚੇਅਰਮੈਨ ਬਾਊ ਸੁਭਾਸ਼ ਗੋਇਲ, ਪ੍ਰਿਥੀ ਸਿੰਘ, ਜਗਸੀਰ ਸਿੰਘ ਸੀਰਾ, ਸੀਨੀਅਰ ਆਗੂ ਸੁਭਾਸ਼ ਕੁਮਾਰ, ਸਤਵੰਤ ਸਿੰਘ ਮਨੀਲਾ, ਗੁਰਪ੍ਰੀਤ ਸਿੰਘ ਲਧਾਈ, ਸਰਪੰਚ ਕੁਲਵੀਰ ਸਿੰਘ ਕੈਨੇਡਾ, ਸਰਪੰਚ ਜਸਪਾਲ ਸਿੰਘ ਢਿੱਲਵਾਂ, ਮਨਜੀਤ ਸਿੰਘ ਢਿੱਲਵਾਂ, ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਬਰਾੜ, ਸਰਪੰਚ ਪਿੰਟਾ ਬਰਾੜ, ਪੁਲਸ ਪ੍ਰਸ਼ਾਸਨ ਵੱਲੋਂ ਡੀ.ਐੱਸ.ਪੀ. ਜਸਵਰਿੰਦਰ ਸਿੰਘ ਸਿੱਧੂ, ਐੱਸ ਐੱਚ ਓ ਜਤਿੰਦਰ ਸਿੰਘ ਬਾਘਾ ਪੁਰਾਣਾ, ਐੱਸ ਐੱਚ ਓ ਸਮਾਲਸਰ ਸ੍ਰੀ ਜਨਕ ਰਾਜ ਸ਼ਰਮਾ ਹਾਜ਼ਰ ਸਨ।

# ਸਕੂਲ 'ਚ ਲਗਵਾਏ ਆਰ ਓ ਸਿਸਟਮ ਦਾ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਕਟਰ ਸੁਰਿੰਦਰ ਪਾਲ ਸਿੰਘ ਓਬਰਾਏ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫੇ ਨੂੰ ਅਪਣਾ ਕੇ (ਕਿਰਤ ਕਰੋ ਨਾਮ ਜਪੋ ਵੰਡ ਛਕੋ) ਮਾਨਵਤਾ ਦੀ ਸੇਵਾ ਲਈ ਬਹੁਤ ਹੀ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ।ਇਸ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਸ਼ੇਰ ਸਿੰਘ ਪ੍ਰਾਇਮਰੀ ਸਕੂਲ ਵਿੱਚ ਬੱਚਿਆਂ ਨੂੰ ਸਾਫ਼ ਪਾਣੀ ਪੀਣ ਲਈ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮੁਫ਼ਤ ਆਰ ਓ ਸਿਸਟਮ ਲਗਾਇਆ ਗਿਆ ਸੀ, ਜਿਸ ਦਾ ਉਦਘਾਟਨ ਯਾਦਵਿੰਦਰ ਸਿੰਘ ਮਾਨ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ, ਸਿੱ) ਵੱਲੋਂ ਕੀਤਾ ਅਤੇ ਡਾਕਟਰ ਓਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਸਕੂਲ ਤੇ ਬੱਚਿਆਂ ਦੇ ਮਾਪਿਆਂ ਵੱਲੋਂ ਡਾਕਟਰ ਐੱਸ ਪੀ ਸਿੰਘ ਓਬਰਾਏ ਨੂੰ ਸਕੂਲ ਵਿੱਚ ਆਰ ਓ ਸਿਸਟਮ ਲਗਾਉਣ ਦੀ ਮੰਗ ਕੀਤੀ ਗਈ ਸੀ।ਸਕੂਲ ਸਟਾਫ ਵੱਲੋਂ ਤੇ ਬੱਚਿਆਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਬਲਵਿੰਦਰ ਸਿੰਘ ਬਰਾੜ ਰਿਟਾ ਪ੍ਰਿੰਸੀਪਲ, ਮਲਕੀਤ ਸਿੰਘ ਰਿਟਾ ਬੈਂਕ ਮੈਨੇਜਰ ਮੀਤ ਪ੍ਰਧਾਨ, ਮਾਸਟਰ ਰਾਜਿੰਦਰ ਸਿੰਘ, ਅਸ਼ੋਕ ਕੁਮਾਰ, ਬਰਨੇਕ ਸਿੰਘ ਰਿਟਾ ਲੈਕਚਰਾਰ, ਸੁਖਬੀਰ ਸਿੰਘ ਜੈਲਦਾਰ, ਗੁਰਚਰਨ ਸਿੰਘ ਭੋਣ, ਪਰਮਜੀਤ ਕੌਰ ਬਰਾੜ, ਸਕੂਲ ਦੇ ਮੁੱਖ ਅਧਿਆਪਕ, ਸਕੂਲ ਦੇ ਬੱਚਿਆਂ ਦੇ ਮਾਪਿਆਂ ਤੋਂ ਇਲਾਵਾ ਮਹੱਲਾ ਵਾਸੀ ਹਾਜ਼ਰ ਸਨ।

# ਅਣਗੌਲੇ ਡਿੱਪੂ ਹੋਲਡਰਾਂ ਦੀਆਂ ਮੰਗਾਂ ਪ੍ਰਵਾਨ ਕਰੇ ਪੰਜਾਬ ਸਰਕਾਰ : ਕਾਂਝਲਾ

## ਮੰਗਾਂ ਨੂੰ ਲੈ ਕੇ ਡਿੱਪੂ ਹੋਲਡਰਾਂ ਨੇ ਸੌਂਪਿਆ ਐੱਸ ਡੀ ਐੱਮ ਨੂੰ ਮੰਗ ਪੱਤਰ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਰਾਸ਼ਨ ਡਿੱਪੂ ਹੋਲਡਰ ਫੈਡਰੇਸ਼ਨ ਪੰਜਾਬ ਵੱਲੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਦੀ ਅਗਵਾਈ ਹੇਠ ਇਕਾਈ ਧੂਰੀ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਤੇ ਖੁਰਾਕ ਸਪਲਾਈ ਮੰਤਰੀ ਦੇ ਨਾਮ 'ਤੇ ਐੱਸ.ਡੀ.ਐੱਮ. ਧੂਰੀ ਰਿਸ਼ਵ ਬਾਂਸਲ ਨੂੰ ਮੰਗ ਪੱਤਰ ਸੌਂਪਿਆ ਗਿਆ।ਮੰਗ ਪੱਤਰ ਵਿੱਚ ਸ਼ੁਮਾਰ ਮੰਗਾਂ ਦਾ ਵੇਰਵਾ ਦਿੰਦਿਆਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਡਿੱਪੂ ਹੋਲਡਰਾਂ ਦੀਆਂ ਜਾਇਜ਼ ਮੰਗਾਂ, ਜਿਸ ਵੱਲ ਅੱਜ ਤੱਕ ਅਕਾਲੀ ਦਲ ਤੇ ਕਾਂਗਰਸ ਦੀਆਂ ਸਰਕਾਰਾਂ ਨੇ ਗੌਰ ਨਹੀਂ ਕੀਤਾ, ਪਰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪੰਜਾਬ ਦੇ 18500 ਡਿੱਪੂ ਹੋਲਡਰਾਂ ਨੂੰ ਆਸ ਦੀ ਕਿਰਨ ਜਾਗੀ ਹੈ।ਉਨ੍ਹਾਂ ਮਾਰਕਫੈੱਡ ਡਿੱਪੂਆਂ ਦੇ ਅਧਾਰ 'ਤੇ 68000/- ਰੁਪੈ ਪ੍ਰਤੀ ਮਹੀਨਾ ਮਾਣ ਭੱਤਾ, ਬਿਜਲੀ ਦਾ ਬਿਲ ਤੇ ਦੁਕਾਨ ਦਾ ਕਿਰਾਇਆ ਡਿੱਪੂ ਹੋਲਡਰਾਂ ਨੂੰ ਦਿੱਤਾ ਜਾਵੇ।ਲੰਮੇ ਸਮੇਂ ਤੋਂ ਬੰਦ ਪਈਆਂ ਸਪਲਾਈ ਬਹਾਲ ਕਰਕੇ ਇੱਕ ਡਿੱਪੂ ਤੇ ਘੱਟੋ-ਘੱਟ 500 ਕਾਰਡ ਅਲਾਟ ਕੀਤਾ।ਕੁੱਝ ਡਿੱਪੂ ਹੋਲਡਰਾਂ ਤੇ ਕੁੱਝ ਇੰਸਪੈਕਟਰਾਂ ਦੇ ਸਰਗਰਮ ਮਾਫੀਏ ਦੀ ਚੇਨ ਨੂੰ ਤੋੜਿਆ ਜਾਵੇ।ਗੈਰ-ਅਧਿਕਾਰਤ ਵਿਅਕਤੀਆਂ ਦੀ ਡਿੱਪੂ ਹੋਲਡਰਾਂ ਦੇ ਕੰਮਕਾਰ ਵਿੱਚ ਦਖਲ ਅੰਦਾਜ਼ੀ ਬੰਦ ਕਰਵਾਈ ਜਾਵੇ ਤੇ ਕਣਕ ਦੀ ਵੰਡ ਡਿੱਪੂਆਂ 'ਤੇ ਹੀ ਕੀਤੀ ਜਾਵੇ ਅਤੇ ਬਿਨਾਂ ਵਜ੍ਹਾ ਸਪਲਾਈਆਂ ਬੰਦ ਨਾ ਕੀਤੀਆਂ ਜਾਣ।ਲੋਡਿੰਗ, ਅਨਲੋਡਿੰਗ, ਟਰਾਂਸਪੋਰਟ ਤੇ ਲੇਬਰ ਦੀ ਰਕਮ, ਜੋ ਠੇਕੇਦਾਰ ਨੂੰ ਅਦਾ ਕੀਤੀ ਜਾਂਦੀ ਹੈ, ਉਹ ਡਿੱਪੂ ਹੋਲਡਰਾਂ ਨੂੰ ਦਿੱਤੀ ਜਾਵੇ।ਦੂਜੇ ਰਾਜਾਂ ਦੀ ਤਰਜ਼ 'ਤੇ ਕਾਰਡ ਹੋਲਡਰਾਂ ਨੂੰ ਜਿਸ ਤਰ੍ਹਾਂ ਰਸੋਈ ਰਾਸ਼ਨ ਦਿੱਤਾ ਜਾਂਦਾ ਹੈ, ਉਸੇ ਤਰ੍ਹਾਂ ਰਾਸ਼ਨ ਦਿੱਤਾ ਜਾਵੇ।ਈਕੇਵਾਈਸੀ ਦੇ ਕੰਮ ਬਦਲੇ ਮਿਹਨਤਾਨਾ ਡਿੱਪੂ ਹੋਲਡਰਾਂ ਨੂੰ ਦਿੱਤਾ ਜਾਵੇ।ਡਿੱਪੂ ਹੋਲਡਰਾਂ ਨੂੰ ਬੀ.ਐੱਲ.ਓ. ਦਾ ਕੰਮ ਦਿੱਤਾ ਜਾਵੇ। ਇੰਸਪੈਕਟਰਾਂ ਦੇ ਪ੍ਰਾਈਵੇਟ ਕਰਿੰਦਿਆਂ ਨੂੰ ਨੱਥ ਪਾਈ ਜਾਵੇ।ਉਨ੍ਹਾਂ ਕਿਹਾ ਕਿ ਜਦੋਂ ਕਣਕ ਖਰੀਦ ਕੀਤੀ ਜਾਂਦੀ ਹੈ ਕਿ ਸਰਕਾਰ 12% ਨਮੀ 'ਤੇ ਕਣਕ ਖਰੀਦ ਕਰਦੀ ਹੈ, ਪਰ ਜਦੋਂ ਕਣਕ ਡਿੱਪੂ ਹੋਲਡਰਾਂ ਨੂੰ ਦਿੱਤੀ ਜਾਂਦੀ ਹੈ ਤਾਂ 17/18% ਨਮੀ 'ਤੇ ਦਿੱਤੀ ਜਾਂਦੀ ਹੈ, ਇਸ 'ਤੇ ਗੌਰ ਕਰਨ ਦੀ ਮੰਗ ਕਰਦਿਆਂ ਡਿੱਪੂ ਹੋਲਡਰਾਂ ਨੂੰ ਆਯੁਸ਼ਮਾਨ ਸਿਹਤ ਬੀਮਾ ਯੋਜਨਾ ਦੇ ਘੇਰੇ ਵਿੱਚ ਲਿਆਂਉਣ, ਕਣਕ ਦੀ ਸ਼ਾਰਟੇਜ ਦੇਣ, ਕਣਕ ਚੁਕਵਾਉਣ ਵੇਲੇ ਇੰਸਪੈਕਟਰਾਂ ਦੀ ਹਾਜ਼ਰੀ ਯਕੀਨੀ ਬਣਾਉਣ ਤੇ ਪੰਜਾਬ ਵਿੱਚ ਨਵੇਂ ਰਾਸ਼ਨ ਕਾਰਡ ਬਣਾਉਣ, ਮਿਆਰੀ ਕੰਡੇ ਵੱਟੇ ਦੇਣ ਅਤੇ ਈ ਪੋਸ਼ ਮਸ਼ੀਨ ਦਾ ਕਿਰਾਇਆ ਡਿੱਪੂ ਹੋਲਡਰਾਂ ਨੂੰ ਦੇਣ ਦੀ ਮੰਗ ਕੀਤੀ ਗਈ।ਉਨ੍ਹਾਂ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਸਰਕਾਰ ਨੇ ਡਿੱਪੂ ਹੋਲਡਰਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਡਿੱਪੂ ਹੋਲਡਰ ਤਿੱਖਾ ਸੰਘਰਸ਼ ਵਿੱਢਣ ਤੋਂ ਗੁਰੇਜ਼ ਨਹੀਂ ਕਰਨਗੇ।ਇਸ ਮੌਕੇ ਜ਼ਿਲ੍ਹਾ ਪ੍ਰੈੱਸ ਸਕੱਤਰ ਭਰਪੂਰ ਸਿੰਘ ਬੇਨੜਾ, ਮਹਿੰਦਰ ਸਿੰਘ ਰਣੀਕੇ, ਸਰਬਜੀਤ ਸਿੰਘ ਕੱਕੜਵਾਲ, ਗੁਰਦੀਪ ਸਿੰਘ ਬਰੜਵਾਲ ਤੇ ਪ੍ਰਿਤਪਾਲ ਸਿੰਘ ਬਾਦਸ਼ਾਹਪੁਰ ਆਦਿ ਹਾਜ਼ਰ ਸਨ।

# ਡੌਂਕੀ ਰਾਹੀਂ ਅਮਰੀਕਾ ਜਾਣ ਵਾਲੇ ਜੇਲ੍ਹਾਂ 'ਚ ਫਸੇ ਨੌਜਵਾਨਾਂ ਦੀ ਹਾਲਤ ਬਹੁਤ ਬੁਰੀ : ਸੁੱਖ ਗਿੱਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਨੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਅਮਰੀਕਾ ਵਿੱਚ ਟਰੰਪ ਦੇ ਰਾਸ਼ਟਰਪਤੀ ਬਣਦਿਆਂ ਹੀ ਅਣਲੀਗਲ ਤਰੀਕੇ ਨਾਲ ਅਮਰੀਕਾ ਜਾਣ ਵਾਲੇ ਬੱਚਿਆਂ 'ਤੇ ਮੁਸੀਬਤ ਦੇ ਬੱਦਲ ਮੰਡਰਾਉਣ ਲੱਗ ਗਏ ਸਨ, ਪਰ ਇਹ ਬੱਚੇ ਗਏ ਰੋਜ਼ੀ ਰੋਟੀ ਕਮਾਉਣ ਗਏ ਸੀ ਨਾ ਕੇ ਕੋਈ ਕ੍ਰਾਈਮ ਕਰਨ, ਪੰਜਾਬ ਵਿੱਚ ਦਿਨ-ਬ-ਦਿਨ ਵਧ ਰਹੇ ਚਿੱਟੇ ਦੇ ਨਸ਼ੇ ਨੇ ਨੌਜਵਾਨ ਬੱਚਿਆਂ ਦੇ ਮਾਪਿਆਂ ਦੀਆਂ ਚਿੰਤਾਵਾਂ ਹੋਰ ਵੀ ਵਧਾ ਦਿੱਤੀਆਂ ਅਤੇ ਪੰਜਾਬ ਦੀਆਂ ਜਿੰਨੀਆਂ ਵੀ ਸਰਕਾਰਾਂ ਸੱਤਾ 'ਚ ਆਈਆਂ ਚਾਹੇ ਉਹ ਕਾਂਗਰਸ ਪਾਰਟੀ, ਅਕਾਲੀ ਦਲ ਪਾਰਟੀ ਜਾਂ ਫਿਰ ਬਦਲਾਅ ਦੇ ਨਾਂ 'ਤੇ ਪੰਜਾਬ 'ਚ ਨਸ਼ਾ ਖ਼ਤਮ ਕਰਨ ਨੂੰ ਮੁੱਦਾ ਬਣਾ ਕੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਨਸ਼ਾ ਖ਼ਤਮ ਕਰਨ ਅਤੇ ਨੌਜਵਾਨ ਬੱਚੇ-ਬੱਚੀਆਂ ਨੂੰ ਰੁਜ਼ਗਾਰ ਦੇਣ 'ਚ ਅਸਫ਼ਲ ਰਹੀ ਹੈ। ਜ਼ਿਆਦਾਤਰ ਇਹਨਾਂ ਕਾਰਨਾਂ ਕਰਕੇ ਪੰਜਾਬ ਦੇ ਲੱਖਾਂ ਨੌਜਵਾਨਾਂ ਨੇ ਵਿਦੇਸ਼ਾਂ ਵੱਲ ਰੁਖ਼ ਕੀਤਾ। ਮਾਪਿਆਂ ਨੇ ਆਪਣੀਆਂ ਜ਼ਮੀਨਾਂ ਗਹਿਣੇ ਦੇ ਜਾਂ ਫਿਰ ਦੋ-ਤਿੰਨ ਏਕੜ ਜ਼ਮੀਨ ਵੇਚ ਕੇ ਆਪਣੇ ਇਕੱਲੇ-ਇਕੱਲੇ ਪੁੱਤਾਂ ਨੂੰ ਵੀ ਡੌਂਕੀ ਰਾਹੀਂ ਅਮਰੀਕਾ ਭੇਜਣਾ ਸ਼ੁਰੂ ਕਰ ਦਿੱਤਾ, ਪਰ ਜਿਨ੍ਹਾਂ ਦੇ ਪੁੱਤ ਹੁਣ ਅਮਰੀਕਾ ਜਾਂ ਮੈਕਸੀਕੋ ਦੀਆਂ ਜੇਲ੍ਹਾਂ ਵਿੱਚ ਸੜ ਰਹੇ ਹਨ, ਉਨ੍ਹਾਂ ਦੇ ਮਾਪਿਆਂ ਦਾ ਕੀ ਕਸੂਰ ਹੈ, ਨਾ ਜ਼ਮੀਨ ਰਹੀ ਨਾ ਪੁੱਤ ਘਰ ਵਾਪਸ ਆਏ। ਦੋਸ਼ੀ ਹਨ ਤਾਂ ਏਥੋਂ ਦੀਆਂ ਸਰਕਾਰਾਂ ਜਿਨ੍ਹਾਂ ਨੇ ਪੰਜਾਬ 'ਚ ਨਸ਼ੇ ਦਾ ਛੇਵਾਂ ਦਰਿਆ ਵਗਾਇਆ ਅਤੇ ਨੌਜਵਾਨ ਬੱਚਿਆਂ ਨੂੰ ਨੌਕਰੀਆਂ ਨਾ ਦਿੱਤੀਆਂ। ਮੈਂ ਪੰਜਾਬ ਵਾਸੀਆਂ ਨੂੰ ਬੇਨਤੀ ਕਰਨਾਂ ਚਾਹੁੰਦਾ ਹਾਂ ਕੇ ਜਿਨ੍ਹਾਂ ਦੇ ਪੁੱਤ ਅਮਰੀਕਾ ਜਾਂ ਮੈਕਸੀਕੋ ਦੀਆਂ ਜੇਲਾਂ 'ਚ ਹਨ ਉਹ ਸਾਡੀ ਜਥੇਬੰਦੀ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ-9779438808 'ਤੇ ਸੰਪਰਕ ਕਰੋ, ਜਿੰਨੀ ਵੀ ਹੋ ਸਕੀ ਤੁਹਾਡੀ ਮਦਦ ਵੀ ਕਰਾਂਗੇ ਤੇ ਤੁਹਾਡੇ ਪੁੱਤਾਂ ਨੂੰ ਜੇਲ੍ਹਾਂ ਚੋਂ ਬਾਹਰ ਲਿਆ ਕੇ ਤੁਹਾਡੇ ਘਰ ਵੀ ਪਹੁੰਚਵਾਂਗੇ।

## ਭਾਂਡੇ ਵੇਚਣ ਆਈ ਔਰਤ ਨਸ਼ੀਲੀ ਚੀਜ਼ ਸੁੰਘਾ ਕੇ ਸੋਨਾ-ਚਾਂਦੀ ਲੈ ਕੇ ਫਰਾਰ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਮਨਾਲ (ਬਰਨਾਲਾ) ਵਿਖੇ ਇੱਕ ਨੌਸ਼ਰਬਾਜ ਔਰਤ ਵੱਲੋਂ ਪੁਰਾਣੇ ਭਾਂਡਿਆਂ ਬਦਲੇ ਨਵੇਂ ਭਾਂਡੇ ਦੇਣ ਦੀ ਆੜ 'ਚ ਦੋ ਘਰਾਂ ਦੀਆਂ ਔਰਤਾਂ ਨੂੰ ਨਸ਼ੀਲੀ ਚੀਜ਼ ਸੁੰਘਾ ਕੇ ਤਿੰਨ ਤੋਲੇ ਸੋਨੇ ਤੇ ਅੱਠ ਤੋਲੇ ਚਾਂਦੀ ਦੇ ਗਹਿਣੇ ਲੈ ਕੇ ਫਰਾਰ ਹੋ ਜਾਣ ਦੀ ਖਬਰ ਮਿਲੀ ਹੈ।ਪੀੜਤ ਕੁਲਬੀਰ ਸਿੰਘ ਮਨਾਲ ਨੇ ਦੱਸਿਆ ਕਿ ਇੱਕ ਅਣਪਛਾਤੀ ਔਰਤ, ਜੋ ਪਿੰਡ 'ਚ ਨਵੇਂ ਭਾਂਡੇ ਵੇਚਣ ਤੇ ਪੁਰਾਣੇ ਭਾਂਡੇ ਖਰੀਦਣ ਲਈ ਆਈ ਸੀ, ਉਸ ਨੇ ਸਾਡੇ ਘਰ ਅੰਦਰ ਦਾਖਲ ਹੋ ਕੇ ਮੇਰੀ ਨੂੰਹ ਗੀਨਾ ਕੌਰ ਤੇ ਨੀਸੂ ਕੌਰ ਤੋਂ ਪੁਰਾਣੇ ਭਾਂਡੇ ਲੈ ਕੇ ਇੱਕ ਦੋ ਦਿਨ ਬਾਅਦ ਨਵੇਂ ਭਾਂਡੇ ਦੇ ਗਈ। ਉਸ ਤੋਂ ਕੁਝ ਦਿਨ ਬਾਅਦ ਉਹ ਔਰਤ ਫਿਰ ਸਾਡੇ ਘਰ ਆਈ।ਸਾਡੀਆਂ ਔਰਤਾਂ ਨੂੰ ਨਸ਼ੀਲੀ ਵਸਤੂ ਸੁੰਘਾ ਕੇ ਬੇਹੋਸ਼ ਕਰ ਦਿੱਤਾ ਅਤੇ ਘਰ 'ਚੋਂ ਕੀਮਤੀ ਗਹਿਣੇ ਚੋਰੀ ਕਰਕੇ ਲੈ ਗਈ।ਉਨ੍ਹਾਂ ਦੱਸਿਆ ਕਿ ਚੋਰੀ ਹੋਏ ਗਹਿਣਿਆਂ ਵਿੱਚ ਅੱਧਾ ਤੋਲਾ ਛਾਪ, ਅੱਧਾ ਤੋਲਾ ਕਾਟੇ, ਅੱਠ ਤੋਲੇ ਚਾਂਦੀ ਦੀਆਂ ਝਾਂਜਰਾਂ ਤੇ ਮੰਗਲ ਸੂਤਰ ਆਦਿ ਸਨ।ਇਸ ਤੋਂ ਇਲਾਵਾ ਉਸ ਔਰਤ ਨੇ ਦੂਜੇ ਘਰ ਵਿੱਚ ਦਾਖਲ ਹੋ ਕੇ ਰੇਖਾ ਕੌਰ ਦੀਆਂ ਅੱਧੇ ਤੋਲੇ ਦੀਆਂ ਸੋਨੇ ਦੀਆਂ ਬਾਲੀਆਂ ਤੇ ਚਾਂਦੀ ਦੀਆਂ ਝਾਂਜਰਾਂ ਵੀ ਚੋਰੀ ਕਰ ਲਈਆਂ।ਪੀੜਤ ਕੁਲਬੀਰ ਸਿੰਘ ਨੇ ਕਿਹਾ ਕਿ ਚੋਰੀ ਦੇ ਸਮੇਂ ਘਰਾਂ ਦੇ ਬੰਦੇ ਮਜ਼ਦੂਰੀ ਲਈ ਬਾਹਰ ਗਏ ਹੋਏ ਸਨ।ਘਰ 'ਚ ਸਿਰਫ ਔਰਤਾਂ ਹੀ ਮੌਜੂਦ ਸਨ, ਜਿਸਦਾ ਨਜਾਇਜ਼ ਫ਼ਾਇਦਾ ਚੁੱਕਦੇ ਹੋਏ ਇਹ ਚੋਰੀਆਂ ਕੀਤੀਆਂ ਗਈਆਂ।ਪੁਲਸ ਥਾਣਾ ਠੁੱਲੀਵਾਲ 'ਚ ਇਸ ਘਟਨਾ ਸਬੰਧੀ ਸ਼ਿਕਾਇਤ ਦਰਜ ਕਰਾਈ ਜਾ ਚੁੱਕੀ ਹੈ।ਪਿੰਡ ਵਾਸੀਆਂ ਵੱਲੋਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਹੈ ਕਿ ਇਸ ਘਟਨਾ ਦੀ ਜਾਂਚ-ਪੜਤਾਲ ਕਰਾ ਕੇ ਪੀੜਤਾਂ ਨੂੰ ਇਨਸਾਫ਼ ਦਿੱਤਾ ਜਾਵੇ।

# ਰਜਿਸਟਰੀ ਪ੍ਰਕਿਰਿਆ ਦੌਰਾਨ ਭ੍ਰਿਸ਼ਟਾਚਾਰ ਕਰਨ ਵਾਲੇ ਬਖ਼ਸ਼ੇ ਨਹੀਂ ਜਾਣਗੇ : ਡੀ ਸੀ

### ਡੀਡ ਰਾਈਟਰਾਂ ਤੇ ਟਾਈਪਿਸਟਾਂ ਨਾਲ ਕੀਤੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਰਜਿਸਟਰੀ ਪ੍ਰਕਿਰਿਆ ਦੌਰਾਨ ਹੋਣ ਵਾਲੇ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਵਿਸ਼ੇਸ਼ ਕਦਮ ਚੁੱਕਿਆ ਗਿਆ ਹੈ, ਜਿਸ ਤਹਿਤ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਆਈ.ਏ.ਐੱਸ. ਵੱਲੋਂ ਡੀਡ ਰਾਈਟਰਾਂ ਤੇ ਟਾਈਪਿਸਟਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਸੁਖਾਲੀ ਰਜਿਸਟਰੀ ਪ੍ਰਕਿਰਿਆ' ਨੂੰ ਪੂਰੇ ਸੂਬੇ ਵਿੱਚ ਲਾਗੂ ਕੀਤਾ ਜਾ ਰਿਹਾ ਹੈ, ਜਿਸ ਦਾ ਮਕਸਦ ਰਜਿਸਟਰੀ ਦੌਰਾਨ ਰਿਸ਼ਵਤਖੋਰੀ ਨੂੰ ਪੂਰੀ ਤਰ੍ਹਾਂ ਖ਼ਤਮ ਕਰਨਾ ਹੈ। ਉਨ੍ਹਾਂ ਡੀਡ ਰਾਈਟਰਾਂ ਤੇ ਟਾਈਪਿਸਟਾਂ ਨੂੰ ਕਿਹਾ ਕਿ ਰਜਿਸਟਰੀ ਪ੍ਰਕਿਰਿਆ ਦੌਰਾਨ ਕਿਸੇ ਵੱਲੋਂ ਵੀ ਰਿਸ਼ਵਤ ਲੈਣ ਦਾ ਮਾਮਲਾ ਸਾਹਮਣੇ ਆਉਂਦਾ ਹੈ, ਉਸ ਦੀ ਤੁਰੰਤ ਸੂਚਨਾ ਦਿੱਤੀ ਜਾਵੇ। ਉਨ੍ਹਾ ਕਿਹਾ ਕਿ ਸਬ-ਰਜਿਸਟਰਾਰ ਤੇ ਜੁਆਇੰਟ ਸਬ-ਰਜਿਸਟਰਾਰ ਰਜਿਸਟਰੀ ਦੌਰਾਨ ਦਸਤਾਵੇਜ਼ ਕਰਵਾਉਣ ਵਾਲੇ ਲੋਕਾਂ ਤੋਂ ਸਿੱਧੇ ਤੌਰ 'ਤੇ ਪੁੱਛਣ ਕਿ ਕੀ ਉਨ੍ਹਾਂ ਤੋਂ ਰਿਸ਼ਵਤ ਦੀ ਮੰਗ ਕੀਤੀ ਗਈ ਹੈ। ਇਹ ਵੀ ਯਕੀਨੀ ਬਣਾਇਆ ਜਾਵੇ ਕਿ ਉਨ੍ਹਾਂ ਨੂੰ ਸਰਕਾਰੀ ਫੀਸ ਦੀ ਪੂਰੀ ਜਾਣਕਾਰੀ ਉਪਲੱਬਧ ਕਰਵਾਈ ਜਾਵੇ। ਉਨ੍ਹਾ ਕਿਹਾ ਕਿ ਉਹ ਖੁਦ ਵੀ ਲੋਕਾਂ ਨਾਲ ਫੋਨ 'ਤੇ ਸੰਪਰਕ ਕਰਕੇ ਜਾਣਕਾਰੀ ਲੈਣਗੇ ਕਿ ਉਨ੍ਹਾਂ ਤੋਂ ਰਜਿਸਟਰੀ ਬਦਲੇ ਕਿਸੇ ਅਧਿਕਾਰੀ ਜਾਂ ਅਧਿਕਾਰੀ ਦੇ ਨਾਂਅ 'ਤੇ ਕਿਸੇ ਵੱਲੋਂ ਰਿਸ਼ਵਤ ਦੀ ਮੰਗ ਤਾਂ ਨਹੀਂ ਕੀਤੀ ਗਈ। ਉਨ੍ਹਾ ਕਿਹਾ ਕਿ ਕਿਸੇ ਵੀ ਨਾਗਰਿਕ ਤੋਂ ਰਿਸ਼ਵਤ ਦੀ ਮੰਗ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਤੇ ਐੱਸ.ਡੀ.ਐੱਮ. ਸ੍ਰੀ ਕਾਲਾ ਰਾਮ ਕਾਂਸਲ ਨੇ ਡੀਡੀ ਰਾਈਟਰਾਂ ਤੇ ਟਾਈਪਿਸਟਾਂ ਦੀਆਂ ਰਜਿਸਟਰੇਸ਼ਨ ਨਾਲ ਸਬੰਧਤ ਕਈ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ।

## 'ਆਪ' ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਵਾਂਗਾ : ਤਲਵਿੰਦਰ ਉਮਰੀਆਣਾ



**ਕੋਟ ਈਸੇ ਖਾਂ (ਅਰੋੜਾ)**-ਆਮ ਆਦਮੀ ਪਾਰਟੀ ਵੱਲੋਂ ਸੋਸ਼ਲ ਮੀਡੀਆ ਵਿੰਗ ਨੂੰ ਹੋਰ ਮਜ਼ਬੂਤ ਕਰਨ ਲਈ ਵੱਖ-ਵੱਖ ਨਿਯੁਕਤੀਆਂ ਕੀਤੀਆਂ ਜਾਂਦੀਆਂ ਹਨ, ਇਸੇ ਤਹਿਤ ਸੋਸ਼ਲ ਮੀਡੀਆ ਵਿੰਗ ਨੂੰ ਹੋਰ ਮਜ਼ਬੂਤ ਕਰਨ ਲਈ ਹਲਕਾ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਤਲਵਿੰਦਰ ਸਿੰਘ ਵਿਰਕ ਉਮਰੀਆਣਾ ਨੂੰ ਹਲਕਾ ਧਰਮਕੋਟ ਦੇ ਸੋਸ਼ਲ ਮੀਡੀਆ ਦਾ ਇੰਚਾਰਜ ਤੇ ਸਰਪੰਚ ਦਲੇਰ ਸਿੰਘ ਨੂੰ ਸਕੱਤਰ ਨਿਯੁਕਤ ਕੀਤਾ ਗਿਆ ਸੀ, ਜਿਸ ਦੇ ਸਬੰਧ ਵਿੱਚ ਨਵ ਨਿਯੁਕਤ ਸੋਸ਼ਲ ਮੀਡੀਆ ਦੇ ਇੰਚਾਰਜ ਤਲਵਿੰਦਰ ਸਿੰਘ ਉਮਰੀਆਣਾ ਨੇ ਕਿਹਾ ਕਿ ਉਹ ਹਲਕਾ ਵਿਧਾਇਕ ਲਾਡੀ ਢੋਸ ਦੇ ਤਹਿ ਦਿਲੋਂ ਧੰਨਵਾਦੀ ਹਨ, ਜਿਨ੍ਹਾਂ ਦੀ ਅਗਵਾਈ ਹੇਠ ਮੈਨੂੰ ਸੋਸ਼ਲ ਮੀਡੀਆ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਮੈਂ ਉਨ੍ਹਾਂ ਨੂੰ ਤੇ ਪਾਰਟੀ ਹਾਈਕਮਾਂਡ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਵਾਂਗਾ ਤੇ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਨੂੰ ਹਮੇਸ਼ਾ ਲੋਕਾਂ ਤੱਕ ਪੁਚਾਵਾਂਗਾ।

## ਡਰੇਨਾਂ ਦੀ ਸਫ਼ਾਈ ਸਿਰਫ਼ ਕਾਗ਼ਜ਼ਾਂ 'ਚ ਹੋਈ : ਕਾਂਗਰਸੀ ਆਗੂ



**ਬੱਧਨੀ ਕਲਾਂ (ਲਵਲੀ ਕੁਮਾਰ)**-ਜ਼ਿਲ੍ਹੇ 'ਚ ਪਿਛਲੇ ਦਿਨ ਪਏ ਭਾਰੀ ਮੀਂਹ ਨਾਲ ਪਿੰਡ ਬੁੱਘੀਪੁਰਾ ਮਹਿਣਾ ਨੱਥੂਵਾਲਾ ਜਦੀਦ, ਧੂੜਕੋਟ ਕਲਾਂ, ਧੂੜਕੋਟ ਚੜਤ ਸਿੰਘ ਵਾਲਾ, ਬੁੱਟਰ ਕਲਾਂ, ਬੱਧਨੀ, ਰਣੀਆਂ, ਮੱਲੇਆਣਾ ਤੇ ਹੋਰ ਪਿੰਡਾਂ ਅਤੇ ਹੋਰ ਪਿੰਡਾਂ ਵਿੱਚ ਹੜ੍ਹਾਂ ਵਰਗੇ ਹਾਲਾਤ ਬਣਦੇ ਕੁਦਰਤੀ ਨਹੀਂ ਸਗੋਂ ਸਰਕਾਰਾਂ ਦੀ ਨਲਾਇਕੀ ਹੈ।ਇਹ ਸੀਨੀਅਰ ਕਾਂਗਰਸੀ ਆਗੂ ਪਰਮਿੰਦਰ ਸਿੰਘ ਡਿੰਪਲ ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ, ਕੁਲਵੰਤ ਸਿੰਘ ਨੰਗਲ ਪੰਚਾਇਤ ਮੈਂਬਰ ਮੀਤ ਪ੍ਰਧਾਨ ਬਲਾਕ ਨਿਹਾਲ ਸਿੰਘ ਵਾਲਾ, ਜਰਨੈਲ ਸਿੰਘ ਰਾਮਾ ਸਰਪੰਚ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ, ਹਰਪ੍ਰੀਤ ਨੰਗਲ ਯੂਥ ਕਾਂਗਰਸ ਸੈਕਟਰੀ ਜਿਲਾ ਮੋਗਾ ਨੇ ਕਿਹਾ ਕਿ ਡਰੇਨਾਂ ਸਾਫ਼ ਕਰਨ ਵਾਲੇ ਮਹਿਕਮੇ ਜਲ ਵਿਕਾਸ ਵਿਭਾਗ ਨੇ ਇੱਕ ਮਹੀਨੇ ਪਹਿਲਾਂ ਕਿਹਾ ਸੀ ਕਿ ਡਰੇਨਾਂ ਦੀ ਸਫ਼ਾਈ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਜੇਕਰ ਡਰੇਨਾਂ ਦੀ ਸਫ਼ਾਈ ਹੋਈ ਸੀ ਤਾਂ ਫਿਰ ਇਹ ਹਾਲਤ ਕਿਉਂ ਬਣੇ ਕਿਉਂਕਿ ਡਰੇਨਾਂ ਦੀ ਸਫਾਈ ਸਿਰਫ਼ ਕਾਗ਼ਜ਼ਾਂ ਵਿੱਚ ਹੀ ਹੋਈ ਹੈ। ਦੂਜਾ ਕਾਰਨ ਪੰਜਾਬ 'ਚ ਕੇਂਦਰ ਸਰਕਾਰ ਨੇ ਸੜਕਾਂ ਦਾ ਜਾਲ਼ ਤਾਂ ਵਿਛਾ ਦਿੱਤਾ ਪਰ ਸੜਕਾਂ ਬਣਾਉਣ ਸਮੇਂ ਪਾਣੀ ਦੇ ਨਿਕਾਸ ਲਈ ਉਚਿਤ ਪ੍ਰਬੰਧ ਨਹੀਂ ਕੀਤੇ ਤੇ ਇਨ੍ਹਾਂ ਸੜਕਾਂ ਦੇ ਕਾਰਨ ਥੋੜ੍ਹੇ ਮੀਂਹ ਪੈਣ ਨਾਲ ਹੀ ਹੜ੍ਹਾਂ ਵਰਗੇ ਹਾਲਤ ਬਣ ਜਾਂਦੇ ਹਨ। ਇਨ੍ਹਾਂ ਸੜਕਾਂ ਕਾਰਨ ਕਿਸਾਨਾਂ ਦੀ ਪੁੱਤਾਂ ਵਰਗੀਆਂ ਫ਼ਸਲਾਂ ਤਬਾਹ ਹੋ ਰਹੀਆਂ ਹਨ, ਜੇਕਰ ਹਾਲਾਤ ਇਸ ਤਰ੍ਹਾਂ ਹੀ ਰਹੇ ਤਾਂ ਇਨ੍ਹਾਂ ਪਿੰਡਾਂ ਦੀ ਹਜ਼ਾਰਾਂ ਏਕੜ ਫ਼ਸਲ ਤਬਾਹ ਹੋ ਜਾਵੇਗੀ ਪਰਮਿੰਦਰ ਸਿੰਘ ਡਿੰਪਲ, ਕੁਲਵੰਤ ਸਿੰਘ ਨੰਗਲ ਪੰਚਾਇਤ ਮੈਂਬਰ ਮੀਤ ਪ੍ਰਧਾਨ ਬਲਾਕ ਨਿਹਾਲ ਸਿੰਘ ਵਾਲਾ, ਜਰਨੈਲ ਸਿੰਘ ਰਾਮਾ ਸਰਪੰਚ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ, ਹਰਪ੍ਰੀਤ ਨੰਗਲ ਯੂਥ ਕਾਂਗਰਸ ਸੈਕਟਰੀ ਜ਼ਿਲ੍ਹਾ ਮੋਗਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਕੋਈ ਨੁਮਾਇੰਦਾ ਅਜੇ ਤੱਕ ਕਿਸਾਨਾਂ ਦੀ ਸਾਰ ਲੈਣ ਨਹੀਂ ਆਇਆ, ਕੀ ਸਿਰਫ਼ ਵੋਟਾਂ ਵੇਲੇ ਹੀ ਇਨ੍ਹਾਂ ਨੂੰ ਇਹ ਲੋਕ ਯਾਦ ਆਉਂਦੇ ਹਨ, ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਸਮੇਂ ਕਿਸਾਨਾਂ ਦੇ ਨਾਲ ਆ ਕੇ ਖੜੇ ਤੇ ਕਿਸਾਨਾਂ ਦੀ ਮਦਦ ਲਈ ਉਨ੍ਹਾਂ ਦੀ ਫ਼ਸਲ ਦੇ ਨੁਕਸਾਨ ਦਾ ਬਣਦਾ ਮੁਆਵਜ਼ਾ ਹੋਵੇ।

## ਗੋਦਾਮਾਂ 'ਚੋਂ ਖਾਦ ਦੇ ਨਮੂਨੇ ਲੈ ਕੇ ਜਾਂਚ ਲਈ ਲੈਬ 'ਚ ਭੇਜੇ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਿਸਾਨਾਂ ਨੂੰ ਮਿਆਰੀ ਖਾਦ ਅਤੇ ਕੀਟ ਨਾਸ਼ਕ ਮੁਹੱਈਆ ਕਰਾਉਣ ਦੇ ਮੰਤਵ ਨਾਲ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਸੰਯੁਕਤ ਡਾਇਰੈਕਟਰ ਸ੍ਰੀਮਤੀ ਹਰਪ੍ਰੀਤ ਕੌਰ ਦੀ ਅਗਵਾਈ ਹੇਠਲੀ ਟੀਮ ਨੇ ਮਿਆਰੀ ਖਾਦਾਂ ਸਬੰਧੀ ਰੁੜਕੀ, ਜਖਵਾਲੀ, ਸਰਹਿੰਦ ਅਤੇ ਬਡਾਲੀ ਆਲਾ ਸਿੰਘ ਵਿਖੇ ਗੋਦਾਮਾਂ ਦੀ ਵਿਸ਼ੇਸ਼ ਤੌਰ 'ਤੇ ਅਚਨਚੇਤ ਚੈਕਿੰਗ ਕੀਤੀ।ਟੀਮ ਵਿੱਚ ਮੁੱਖ ਖੇਤੀਬਾੜੀ ਅਫਸਰ ਡਾ. ਗੁਰਨਾਮ ਸਿੰਘ, ਖੇਤੀਬਾੜੀ ਵਿਕਾਸ ਅਫਸਰ ਦਮਨ ਝਾਂਜੀ ਤੇ ਖੇਤੀਬਾੜੀ ਉਪ ਨਿਰੀਖਕ ਜਸਪ੍ਰੀਤ ਸਿੰਘ ਵੀ ਸ਼ਾਮਲ ਸਨ।ਟੀਮ ਵੱਲੋਂ ਖਾਦ ਗੋਦਾਮਾਂ 'ਚੋਂ ਖਾਦ ਦੇ ਨਮੂਨੇ ਲੈ ਕੇ ਲੈਬ 'ਚ ਜਾਂਚ ਕਰਾਉਣ ਲਈ ਭੇਜੇ ਗਏ। ਸੰਯੁਕਤ ਡਾਇਰੈਕਟਰ ਸ੍ਰੀਮਤੀ ਹਰਪ੍ਰੀਤ ਕੌਰ ਨੇ ਕਿਹਾ ਕਿ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ, ਸਾਉਣੀ ਸੀਜ਼ਨ-2025 ਦੌਰਾਨ ਕਿਸਾਨਾਂ ਨੂੰ ਮਿਆਰੀ ਖਾਦ, ਕੀਟਨਾਸ਼ਕ ਤੇ ਬੀਜ ਉਪਲਬਧ ਕਰਾਉਣ ਲਈ ਵਚਨਬੱਧ ਹੈ ਅਤੇ ਕਿਸਾਨਾਂ ਦੀ ਕਿਸੇ ਕਿਸਮ ਦੀ ਲੁੱਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਗੈਰ ਮਿਆਰੀ ਖਾਦਾਂ ਤੇ ਘਟੀਆ ਕੀਟਨਾਸ਼ਕ ਵੇਚਣ ਵਾਲੇ ਵਿਅਕਤੀਆਂ ਵਿਰੁੱਧ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਵੇਗੀ।

# ਖੇਤ ਮਜ਼ਦੂਰ ਆਗੂ 'ਤੇ ਹਮਲਾ ਕਰਨ ਵਾਲਿਆਂ 'ਤੇ ਕਾਰਵਾਈ ਲਈ ਥਾਣੇ ਅੱਗੇ ਧਰਨਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਮਨਦੀਪ ਸਿੰਘ ਸਿਵੀਆਂ ਤੇ ਉਸ ਦੇ ਪਰਵਾਰਕ ਮੈਂਬਰਾਂ ਨੂੰ ਘਰ ਜਾ ਕੇ ਜਾਨੋਂ ਮਾਰਨ ਦੀ ਨੀਅਤ ਨਾਲ ਹਮਲਾ ਕਰਨ ਵਾਲੇ ਦੋਸ਼ੀਆਂ ਖਿਲਾਫ ਇਰਾਦਾ ਕਤਲ ਦਾ ਪਰਚਾ ਦਰਜ ਕਰਕੇ ਉਹਨਾਂ ਨੂੰ ਗ੍ਰਿਫਤਾਰ ਕਰਨ ਆਦਿ ਮੰਗਾਂ ਨੂੰ ਲੈ ਕੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਸੰਗਤ ਵੱਲੋਂ ਪੁਲਸ ਥਾਣਾ ਥਰਮਲ ਅੱਗੇ ਰੋਹ ਭਰਪੂਰ ਧਰਨਾ ਦਿੱਤਾ ਗਿਆ। ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਤੀਰਥ ਸਿੰਘ ਕੋਠਾਗੁਰੂ ਤੇ ਮਨਦੀਪ ਸਿੰਘ ਸਿਵੀਆਂ ਨੇ ਦੋਸ਼ ਲਾਇਆ ਕਿ ਪਿੰਡ ਸਿਵੀਆਂ ਦੇ ਕੁੱਝ ਵਿਅਕਤੀਆਂ ਵੱਲੋਂ ਇੱਕ ਪੁਲਸ ਮੁਲਾਜ਼ਮ ਤੇ ਕੁਝ ਮਜ਼ਦੂਰ ਕਿਸਾਨ ਵਿਰੋਧੀ ਤਾਕਤਾਂ ਦੇ ਇਸ਼ਾਰੇ 'ਤੇ 25 ਮਈ ਨੂੰ ਮਜ਼ਦੂਰ ਆਗੂ ਮਨਦੀਪ ਸਿੰਘ ਉਤੇ ਹਮਲਾ ਕਰਕੇ ਬਾਂਹ ਤੋੜ ਦਿੱਤੀ ਸੀ ਪਰ ਥਰਮਲ ਥਾਣੇ ਦੇ ਮੁਖੀ ਵੱਲੋਂ ਦੋਸ਼ੀਆਂ ਖਿਲਾਫ ਢੁਕਵੀਂ ਕਾਰਵਾਈ ਨਾ ਕਰਨ ਸਦਕਾ ਦੋਸ਼ੀਆਂ ਦੇ ਹੌਸਲੇ ਇੰਨੇ ਵਧ ਗਏ ਕਿ ਉਹਨਾਂ ਵੱਲੋਂ ਮੁੜ 2 ਜੁਲਾਈ ਨੂੰ ਮਜ਼ਦੂਰ ਆਗੂ ਦੇ ਭਰਾ ਨੂੰ ਘੇਰ ਕੇ ਜਾਨੋਂ ਮਾਰਨ ਦੀ ਨੀਅਤ ਨਾਲ ਹਮਲਾ ਕਰ ਦਿੱਤਾ ਗਿਆ। ਉਹਨਾਂ ਦੋਸ਼ ਲਾਇਆ ਕਿ ਇਸ ਸਬੰਧੀ ਪੁਲਸ ਥਾਣਾ ਥਰਮਲ ਦੇ ਮੁਖੀ ਨੂੰ ਮੁੜ ਲਿਖਤੀ ਸ਼ਿਕਾਇਤ ਕਰਨ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ ਗਈ ਅਤੇ ਨਾ ਹੀ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਕੀਤੀ ਗਈ। ਬੀ ਕੇ ਯੂ ਉਗਰਾਹਾਂ ਦੇ ਬਲਾਕ ਪ੍ਰਧਾਨ ਅਮਰੀਕ ਸਿੰਘ ਸਿਵੀਆਂ ਨੇ ਦੋਸ਼ ਲਾਇਆ ਕਿ ਪੁਲਸ ਅਧਿਕਾਰੀਆਂ ਵੱਲੋਂ ਦੋਸ਼ੀਆਂ ਖਿਲਾਫ ਢੁਕਵੀਂ ਕਾਰਵਾਈ ਨਾ ਕਰਨ ਦੇ ਸਿੱਟੇ ਵਜੋਂ ਮਜ਼ਦੂਰ ਆਗੂ ਦਾ ਜਾਨੀ ਨੁਕਸਾਨ ਹੋ ਸਕਦਾ ਜਿਸ ਦੇ ਲਈ ਸਿੱਧੇ ਤੌਰ 'ਤੇ ਥਾਣਾ ਥਰਮਲ ਦਾ ਮੁਖੀ ਜ਼ਿੰਮੇਵਾਰ ਹੋਵੇਗਾ। ਮਜ਼ਦੂਰ ਕਿਸਾਨ ਆਗੂਆਂ ਨੇ ਆਖਿਆ ਕਿ ਪਿੰਡ ਸਿਵੀਆਂ 'ਚ ਕਿਸਾਨਾਂ ਦੇ ਨਾਲ ਖੇਤ ਮਜ਼ਦੂਰਾਂ ਦੇ ਜਥੇਬੰਦ ਹੋਣ ਤੋਂ ਮਜ਼ਦੂਰ ਕਿਸਾਨ ਦੋਖੀ ਤਾਕਤਾਂ ਤੇ ਪੁਲਸ ਅਧਿਕਾਰੀ ਖ਼ਫ਼ਾ ਹਨ, ਇਸ ਲਈ ਇਹਨਾਂ ਵੱਲੋਂ ਮਿਲੀਭੁਗਤ ਨਾਲ ਮਜ਼ਦੂਰ ਆਗੂ ਤੇ ਉਸ ਦੇ ਪਰਵਾਰ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਹਨਾਂ ਐਲਾਨ ਕੀਤਾ ਕਿ ਦੋਸ਼ੀਆਂ ਖਿਲਾਫ ਬਣਦੀ ਢੁਕਵੀਂ ਕਾਰਵਾਈ ਕਰਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਅੱਜ ਦੇ ਧਰਨੇ ਨੂੰ ਮਜ਼ਦੂਰ ਆਗੂ ਗੁਰਮੀਤ ਸਿੰਘ ਕੋਟੜਾ, ਕਾਕਾ ਸਿੰਘ ਕੋਠਾਗੁਰੂ, ਕਿਸਾਨ ਆਗੂ ਦੀਨਾ ਸਿੰਘ, ਨੌਜਵਾਨ ਭਾਰਤ ਸਭਾ ਦੇ ਆਗੂ ਬਲਕਰਨ ਸਿੰਘ ਕੋਟੜਾ ਤੇ ਸੰਗਤ ਬਲਾਕ ਦੇ ਬਲਾਕ ਆਗੂ ਰਾਮ ਸਿੰਘ ਕੋਟਗੁਰੂ ਆਦਿ ਨੇ ਸੰਬੋਧਨ ਕੀਤਾ।ਇਸ ਮੌਕੇ ਪਟਿਆਲਾ ਜ਼ਿਲ੍ਹੇ ਦੇ ਪਿੰਡ ਜਾਹਲਾਂ ਵਿਖੇ ਬਿਨਾਂ ਮੁਆਵਜ਼ਾ ਦਿੱਤਿਆਂ ਕਿਸਾਨਾਂ ਦੀ ਜ਼ਮੀਨ ਐਕਵਾਇਰ ਕਰਨ ਲਈ ਪੁਲਸ ਵੱਲੋਂ ਬੀ ਕੇ ਯੂ ਏਕਤਾ ਉਗਰਾਹਾਂ ਦੇ ਆਗੂ ਵਰਕਰਾਂ 'ਤੇ ਲਾਠੀਚਾਰਜ ਕਰਕੇ ਕਿਸਾਨ ਮਰਦ ਔਰਤਾਂ ਨੂੰ ਗ੍ਰਿਫ਼ਤਾਰ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਗਈ ਅਤੇ ਗ੍ਰਿਫ਼ਤਾਰ ਕਿਸਾਨਾਂ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਦੀ ਮੰਗ ਕੀਤੀ ਗਈ।

## ਸੰਗਰੂਰ ਰੈਲੀ 'ਚ ਵੱਧ ਤੋਂ ਵੱਧ ਗਿਣਤੀ 'ਚ ਲੋਕ ਸ਼ਾਮਲ ਹੋਣ : ਜਮਹੂਰੀ ਫਰੰਟ

**ਸੰਗਰੂਰ (ਪ੍ਰਵੀਨ ਸਿੰਘ)**-ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੀ ਸੂਬਾ ਕਮੇਟੀ ਨੇ 25 ਜੁਲਾਈ ਨੂੰ ਸੰਗਰੂਰ ਵਿੱਚ ਕੀਤੀ ਜਾ ਰਹੀ ਸਾਂਝੀ ਰੈਲੀ ਦੀ ਪੁਰਜ਼ੋਰ ਹਮਾਇਤ ਕਰਦਿਆਂ ਲੋਕਾਂ ਨੂੰ ਵਧੇਰੇ ਘੱਟ ਕੇ ਪੁੱਜਣ ਦੀ ਅਪੀਲ ਕੀਤੀ ਹੈ।ਜਮਹੂਰੀ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ. ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਤੇ ਯਸ਼ਪਾਲ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਬਦਲਾਅ ਲਿਆਉਣ ਦੇ ਨਾਂਅ ਹੇਠ ਪੰਜਾਬ ਦੇ ਲੋਕਾਂ ਦੀ ਰਾਜਨੀਤਕ ਤਬਦੀਲੀ ਦੀ ਰੀਝ ਦਾ ਜਜ਼ਬਾਤੀ ਸ਼ੋਸ਼ਣ ਕਰਨ ਤੇ ਸੱਤਾ 'ਚ ਆ ਕੇ ਲੋਕ ਹਿੱਤਾਂ ਤੇ ਹੱਕਾਂ ਲਈ ਸੱਚੇ ਮਾਇਨਿਆਂ 'ਚ ਜੂਝਣ ਵਾਲਿਆਂ ਕਿਸਾਨ, ਮਜ਼ਦੂਰ ਤੇ ਹੋਰ ਤਬਕਿਆਂ ਦੀਆਂ ਜਥੇਬੰਦੀਆਂ ਦੀ ਆਵਾਜ਼ ਨੂੰ ਪੁਲਸੀ ਡੰਡੇ ਨਾਲ ਦਬਾਉਣ ਦੇ ਰਾਹ ਪਈ ਇਸ ਤਾਨਾਸ਼ਾਹ ਸਰਕਾਰ ਦੇ ਜਾਬਰ ਹੱਥ ਰੋਕਣੇ ਨੂੰ ਸਾਂਝੇ ਤੌਰ 'ਤੇ ਪਛਾੜਣ ਅੱਜ ਸਮੇਂ ਦੀ ਲੋੜ ਹੈ।ਤਾਨਾਸ਼ਾਹ ਹੁਕਮਰਾਨਾਂ ਨੂੰ ਪਤਾ ਹੈ ਕਿ ਅਗਾਂਹਵਧੂ ਜਮਹੂਰੀ ਨਜ਼ਰੀਏ ਵਾਲਿਆਂ ਇਹ ਜਥੇਬੰਦੀਆਂ ਹੀ ਪੰਜਾਬ ਦੀ ਲੋਕਾਈ ਦੇ ਅਸਲ ਮੁੱਦਿਆਂ ਨੂੰ ਜਮਹੂਰੀ ਨਜ਼ਰੀਏ ਤੋਂ ਉਠਾਉਣ ਤੇ ਲੋਕ ਹਿੱਤਾਂ ਲਈ ਸੰਘਰਸ਼ਾਂ ਦੀ ਨੇਕ ਬਣਨ ਦੀ ਤਾਕਤ ਰੱਖਦੀਆਂ ਹਨ।ਜਮਹੂਰੀ ਫਰੰਟ ਦੇ ਆਗੂਆਂ ਨੇ ਕਿਹਾ ਕਿ ਇਨ੍ਹਾਂ ਜਥੇਬੰਦੀਆਂ ਦੀ ਰਾਖੀ ਕਰਨਾ ਦੇ ਸਮੂਹ ਲੋਕਾਂ ਦਾ ਫਰਜ਼ ਹੈ।ਇਹ ਸਾਂਝੀ ਲਾਮਬੰਦੀ ਮਹਿਜ਼ ਜਾਬਰ ਹੱਲੇ ਦਾ ਜਵਾਬ ਨਹੀਂ ਹੈ, ਇਹ ਸਾਡੇ ਲੋਕਾਂ ਦੀ ਆਪਣੇ ਹੱਕਾਂ ਤੇ ਹਿੱਤਾਂ ਲਈ ਇਕੱਠੇ ਹੋਣ, ਜਥੇਬੰਦੀਆਂ ਬਣਾਉਣ ਤੇ ਸੰਘਰਸ਼ ਕਰਨ ਦੇ ਜਮਹੂਰੀ ਹੱਕ ਦੀ ਰਾਖੀ ਦਾ ਬੇਹੱਦ ਮਹੱਤਵਪੂਰਨ ਸਵਾਲ ਹੈ।ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੀ ਸੂਬਾ ਕਮੇਟੀ ਪੰਜਾਬ ਦੀਆਂ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਤੇ ਸਮੂਹ ਲੋਕ ਹਿਤੈਸ਼ੀਆਂ ਨੂੰ ਅਪੀਲ 25 ਜੁਲਾਈ ਨੂੰ ਮਜ਼ਦੂਰ ਕਿਸਾਨ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਕੀਤੀ ਜਾ ਰਹੀ ਸੰਗਰੂਰ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ 'ਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕਰਦੀ ਹੈ।

## ਲੈਂਡ ਪੂਲਿੰਗ ਨੀਤੀ ਵਿਰੁੱਧ ਲਾਮਬੰਦੀ ਲਈ ਮੀਟਿੰਗ 27 ਨੂੰ : ਲੱਖੋਵਾਲ/ਮੇਹਲੋਂ

**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਤੇ ਅਵਤਾਰ ਸਿੰਘ ਮੇਹਲੋਂ ਸਰਪ੍ਰਸਤ ਪੰਜਾਬ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਇਲਾਕੇ ਦਾ 21 ਹਜ਼ਾਰ ਏਕੜ ਵਿੱਚ ਨਵਾਂ ਇੰਡਸਟਰੀਅਲ ਏਰੀਆ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਜ਼ਮੀਨ ਐਕਵਾਇਰ ਕੀਤੀ ਜਾ ਰਹੀ ਹੈ, ਜਿਸ ਦਾ ਨੋਟੀਫਿਕੇਸ਼ਨ ਵੀ ਥੋੜ੍ਹੇ ਦਿਨਾਂ ਅੰਦਰ ਆ ਜਾਵੇਗਾ, ਇਸ ਨਵੀਂ ਨੀਤੀ ਅਨੁਸਾਰ ਹੁਣ ਜ਼ਮੀਨ ਦੇ ਮਾਲਕਾਂ ਨੂੰ ਕੋਈ ਪੈਸਾ ਸਰਕਾਰ ਵੱਲੋਂ ਨਹੀਂ ਦਿੱਤਾ ਜਾਵੇਗਾ।ਸਿਰਫ ਇੱਕ ਪਲਾਟ, ਜੋ ਕੀਲੇ ਦਾ ਚੌਥਾ ਹਿੱਸਾ ਬਣਦਾ ਹੈ, ਕਿਸਾਨ ਨੂੰ ਦਿੱਤਾ ਜਾਵੇਗਾ।ਇਸ ਨਾਲ ਕਿਸਨਾਂ ਦੇ ਨਾਲ-ਨਾਲ ਮਜ਼ਦੂਰਾਂ ਤੇ ਹਰ ਵਰਗ ਦਾ ਵੱਡਾ ਨੁਕਸਾਨ ਹੋਵੇਗਾ, ਕਿਉਂਕਿ ਇਨ੍ਹਾਂ ਜ਼ਮੀਨਾਂ ਨੂੰ ਡਿਵੈਲਪ ਕਰਨ ਲਈ ਘੱਟੋ ਘੱਟ 20 ਤੋਂ 50 ਸਾਲ ਦਾ ਸਮਾਂ ਲੱਗ ਜਾਵੇਗਾ।ਨੋਟੀਫਿਕੇਸ਼ਨ ਜਾਰੀ ਹੋਣ ਤੋਂ ਬਾਅਦ ਜ਼ਮੀਨ ਮਾਲਕ ਨਾ ਤਾਂ ਇਸ ਨੂੰ ਵੇਚ ਸਕੇਗਾ ਤੇ ਨਾ ਹੀ ਕੋਈ ਕਰਜ਼ਾ, ਲਿਮਟ ਇਸ 'ਤੇ ਲੈ ਸਕੇਗਾ, ਨਾ ਹੀ ਇਹ ਜ਼ਮੀਨ ਵੇਚੀ ਜਾ ਸਕੇਗੀ ਤੇ ਕੋਈ ਵੀ ਉਸਾਰੀ ਕਰਨ ਦੀ ਵੀ ਪੂਰੀ ਮਨਾਹੀ ਹੋਵੇਗੀ।ਲੱਖੋਵਾਲ ਨੇ ਕਿਹਾ ਕਿ ਇਸ ਮਸਲੇ 'ਤੇ ਵਿਚਾਰ ਕਰਨ ਲਈ ਇਲਾਕੇ ਦੇ ਲੋਕਾਂ ਨਾਲ 27 ਜੁਲਾਈ ਨੂੰ ਸਵੇਰੇ 10 ਵਜੇ ਗੁਰਦੁਆਰਾ ਸਾਹਿਬ ਪੰਜ ਭੈਣੀਆਂ ਵਿਖੇ ਮੀਟਿੰਗ ਰੱਖੀ ਗਈ ਹੈ।ਇਲਾਕੇ ਦੇ ਲੋਕਾਂ ਨੂੰ ਬੇਨਤੀ ਹੈ ਕਿ ਵੱਧ ਚੜ੍ਹ ਕੇ ਇਸ ਮੀਟਿੰਗ ਵਿੱਚ ਪਹੁੰਚਣ, ਜਿੱਥੇ ਅਗਲੀ ਰਣਨੀਤੀ 'ਤੇ ਵਿਚਾਰ ਕੀਤੀ ਜਾਵੇਗੀ ਤੇ ਸਰਕਾਰ ਦੀ ਇਸ ਕਿਸਾਨ ਮਾਰੂ ਨੀਤੀ ਦਾ ਡੱਟਵਾਂ ਵਿਰੋਧ ਕੀਤਾ ਜਾਵੇਗਾ।

# ਪਬਲਿਕ ਦੀ ਸਹਾਇਤਾ ਤੇ ਸੁਰੱਖਿਆ ਲਈ ਪੁਲਸ ਵੱਲੋਂ ਮਿੰਨੀ ਕੰਟਰੋਲ ਰੂਮ ਸਥਾਪਤ

### ਕੋਈ ਵੀ ਪੁਲਸ ਸਹਾਇਤਾ ਲਈ 112 ਨੰਬਰ 'ਤੇ ਕਰ ਸਕਦਾ ਸੰਪਰਕ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਜਨਤਾ ਦੀ ਸੁਰੱਖਿਆ, ਵਾਹਨ ਚਾਲਕਾਂ ਦੀ ਸੁਵਿਧਾ ਤੇ ਐਮਰਜੈਂਸੀ ਹਾਲਤਾਂ ਵਿੱਚ ਤੁਰੰਤ ਪੁਲਸ ਸਹਾਇਤਾ ਦੇਣ ਦੀ ਦਿਸ਼ਾ ਵੱਲ ਇੱਕ ਹੋਰ ਮੱਤਵਪੂਰਨ ਕਦਮ ਚੁੱਕਦਿਆਂ ਮਾਲੇਰਕੋਟਲਾ ਪੁਲਸ ਵੱਲੋਂ ਸਥਾਨਕ ਉਦਯੋਗਪਤੀਆਂ ਦੇ ਸਹਿਯੋਗ ਨਾਲ ਸ਼ਿਵ ਮੰਦਰ ਟਰੱਕ ਯੂਨੀਅਨ ਨੇੜੇ ਇੱਕ ਮਿੰਨੀ ਕੰਟਰੋਲ ਰੂਮ ਸਥਾਪਤ ਕੀਤਾ ਗਿਆ।ਇਸ ਕੰਟਰੋਲ ਰੂਮ ਦਾ ਉਦਘਾਟਨ ਕਰਦਿਆਂ ਜ਼ਿਲ੍ਹਾ ਪੁਲਸ ਮੁਖੀ ਗਗਨ ਅਜੀਤ ਸਿੰਘ ਨੇ ਕਿਹਾ ਕਿ ਇਹ ਕੰਟਰੋਲ ਰੂਮ ਖਾਸ ਤੌਰ 'ਤੇ ਵਧ ਰਹੀ ਟ੍ਰੈਫਿਕ, ਐਮਰਜੈਂਸੀ ਹਾਲਾਤਾਂ ਤੇ ਪਬਲਿਕ ਸਹਾਇਤਾ ਲਈ ਬਣਾਇਆ ਗਿਆ ਹੈ, ਜਿਸ ਰਾਹੀਂ ਜਨਤਾ ਨੂੰ ਜਲਦ ਤੋਂ ਜਲਦ ਪੁਲਸ ਤੇ ਸੜਕ ਸੁਰੱਖਿਆ ਸੇਵਾਵਾਂ ਮਿਲਣਗੀਆਂ।ਇਸ ਕੰਟਰੋਲ ਰੂਮ ਰਾਹੀਂ ਰੋਜ਼ਾਨਾ ਆਉਣ ਵਾਲੀ ਟ੍ਰੈਫਿਕ ਦੀ ਨਿਗਰਾਨੀ, ਐਕਸੀਡੈਂਟ ਜਾਂ ਹੋਰ ਐਮਰਜੈਂਸੀ ਹਾਲਾਤਾਂ ਵਿੱਚ ਤੁਰੰਤ ਕਾਰਵਾਈ ਤੇ ਮੌਕੇ 'ਤੇ ਪੁਲਸ ਮਦਦ ਨੂੰ ਯਕੀਨੀ ਬਣਾਇਆ ਜਾਵੇਗਾ।ਐੱਸ.ਐੱਸ.ਪੀ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਵੀ ਵਿਅਕਤੀ ਨੂੰ ਪੁਲਸ ਸਹਾਇਤਾ, ਟ੍ਰੈਫਿਕ ਰਾਹੀਂ ਜਾਂ ਸੜਕ ਸੁਰੱਖਿਆ ਸਬੰਧੀ ਕਿਸੇ ਵੀ ਤਰ੍ਹਾਂ ਦੀ ਮਦਦ ਦੀ ਲੋੜ ਹੋਵੇ, ਤਾਂ ਤੁਰੰਤ ਐਮਰਜੈਂਸੀ ਨੰਬਰ 112 'ਤੇ ਸੰਪਰਕ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਇਹ ਨੰਬਰ 24 ਘੰਟੇ ਚਾਲੂ ਰਹਿੰਦਾ ਹੈ ਤੇ ਮਾਲੇਰਕੋਟਲਾ ਪੁਲਸ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚ ਕੇ ਕਾਰਵਾਈ ਕਰੇਗੀ।ਐੱਸ.ਐੱਸ.ਪੀ. ਨੇ ਆਮ ਜਨਤਾ ਨੂੰ ਪੁਲਸ 'ਤੇ ਭਰੋਸਾ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਮਾਲੇਰਕੋਟਲਾ ਪੁਲਸ ਲੋਕਾਂ ਦੀ ਸੁਰੱਖਿਆ ਤੇ ਸੁੱਖ-ਚੈਨ ਨੂੰ ਯਕੀਨੀ ਬਣਾਉਣ ਲਈ ਸੰਕਲਪਬੱਧ ਹੈ। ਉਨ੍ਹਾਂ ਦੱਸਿਆ ਕਿ ਅਜਿਹੇ ਹੋਰ ਕੰਟਰੋਲ ਰੂਮ ਵੀ ਭਵਿੱਖ ਵਿੱਚ ਵਧੀਆ ਢੰਗ ਨਾਲ ਸਥਾਪਤ ਕੀਤੇ ਜਾਣਗੇ, ਤਾਂ ਜੋ ਹਰ ਪਾਸੇ ਲੋੜਵੰਦ ਮਦਦ ਤੁਰੰਤ ਮਿਲ ਸਕੇ।

# ਤਰਕਸ਼ੀਲ ਸੁਸਾਇਟੀ ਨੇ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਲਈ ਕੀਤਾ ਪ੍ਰੇਰਤ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਲੌਂਗੋਵਾਲ ਵੱਲੋਂ ਅਸ਼ੀਰਵਾਦ ਡੇ ਬੋਰਡਿੰਗ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਵਿਖੇ ਵਿਦਿਆਰਥੀਆਂ ਨੂੰ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਹਰ ਸਾਲ ਕਰਵਾਈ ਜਾਂਦੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ ਤੇ ਦੱਸਿਆ ਕਿ ਇਹ ਪ੍ਰੀਖਿਆ 29 ਤੇ 31 ਅਗਸਤ ਨੂੰ ਹੋਣ ਜਾ ਰਹੀ ਹੈ।ਇਸ ਮੌਕੇ ਸੁਸਾਇਟੀ ਦੇ ਸੂਬਾ ਆਗੂ ਜੁਝਾਰ ਲੌਂਗੋਵਾਲ ਨੇ ਬੱਚਿਆਂ ਨਾਲ ਸੰਵਾਦ ਰਚਾਉਂਦਿਆਂ ਅਜੋਕੇ ਦੌਰ ਦੀਆਂ ਅਨੇਕਾਂ ਚੁਣੌਤੀਆਂ 'ਤੇ ਗੱਲਬਾਤ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਵੇਲਾ ਵਹਾ ਚੁੱਕੀਆਂ ਰੂੜ੍ਹੀਵਾਦੀ ਰਸਮਾਂ, ਅੰਧਵਿਸ਼ਵਾਸੀ ਫਲਸਫੇ, ਗ਼ੈਰਵਿਗਿਆਨਕ ਵਰਤਾਰਿਆਂ, ਕਿਸਮਤਵਾਦੀ, ਧਾਰਮਿਕ ਕੱਟੜਤਾ ਨੂੰ ਪਰ੍ਹੇ ਵਗਾਉਣ ਦਾ ਸੱਦਾ ਦਿੱਤਾ ਤੇ ਨਾਲ ਹੀ ਗੰਦੇ ਸਾਹਿਤ, ਗੈਰ-ਮਿਆਰੀ ਗੀਤ ਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਵੀ ਦਿੱਤਾ।ਇਹ ਤਾਂ ਹੀ ਸੰਭਵ ਹੋ ਸਕਦਾ ਹੈ ਜੇਕਰ ਸਾਡੇ ਨੌਜਵਾਨਾਂ ਦੇ ਹੱਥਾਂ ਵਿੱਚ ਉਸਾਰੂ ਸਾਹਿਤ ਤੇ ਲੋਕ ਨਾਇਕਾਂ ਦੀਆਂ ਕਿਤਾਬਾਂ ਹੋਣਗੀਆਂ। ਵਿਦਿਆਰਥੀਆਂ ਨੂੰ ਅਸ਼ੀਰਵਾਦ ਡੇ ਬੋਰਡਿੰਗ ਸਕੂਲ ਝਾੜੋਂ ਦੇ ਪ੍ਰਿੰਸੀਪਲ ਜਗਸੀਰ ਸਿੰਘ, ਸੀਨੀਅਰ ਸੈਕੰਡਰੀ ਸਕੂਲ ਬਡਬਰ ਦੇ ਅਗਾਂਹਵਧੂ ਅਧਿਆਪਕ ਅਵਨੀਸ਼ ਕੁਮਾਰ, ਮਾਸਟਰ ਰਿਸ਼ੀ ਕੁਮਾਰ ਨੇ ਵੀ ਵਿਦਿਆਰਥੀਆਂ ਨੂੰ ਗ਼ਦਰੀ ਗੁਲਾਬ ਕੌਰ ਨੂੰ ਸਪਰਪਤ ਇਸ 7ਵੀਂ ਚੇਤਨਾ ਪ੍ਰੀਖਿਆ ਵਿੱਚ ਹਿੱਸਾ ਲੈਣ ਲਈ ਪ੍ਰੇਰਿਆ।ਇਸ ਮੌਕੇ ਬਡਬਰ ਸਕੂਲ ਦੇ ਪ੍ਰਿੰਸੀਪਲ ਜਸਵੀਰ ਕੌਰ, ਬੀਰਬਲ ਸਿੰਘ, ਕਮਲਜੀਤ ਵਿੱਕੀ ਅਮਨਦੀਪ ਸਿੰਘ ਆਦਿ ਤਰਕਸ਼ੀਲ ਆਗੂ ਹਾਜ਼ਰ ਸਨ।

## ਜੰਮੂ-ਦਿੱਲੀ ਰੇਲ ਮਾਰਗ 'ਤੇ ਚੱਕੀ ਪੁਲ ਪੂਰੀ ਤਰ੍ਹਾਂ ਸੁਰੱਖਿਅਤ, ਉੱਤਰ ਰੇਲਵੇ ਨੇ ਮੀਡੀਆ ਰਿਪੋਰਟਾਂ ਨੂੰ ਕੀਤਾ ਖਾਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਉੱਤਰ ਰੇਲਵੇ ਨੇ ਕਾਂਗੜਾ ਜ਼ਿਲ੍ਹੇ ਵਿੱਚ ਜੰਮੂ-ਦਿੱਲੀ ਰੇਲ ਮਾਰਗ 'ਤੇ ਸਥਿਤ ਚੱਕੀ ਪੁਲ ਬਾਰੇ ਮੀਡੀਆ ਦੇ ਕੁੱਝ ਹਿੱਸਿਆਂ ਵਿੱਚ ਆਈਆਂ ਖ਼ਬਰਾਂ ਦਾ ਖੰਡਨ ਕੀਤਾ ਹੈ। ਇਨ੍ਹਾਂ ਖ਼ਬਰਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਪੁਲ ਦੀ ਨੀਂਹ ਦਾ ਇੱਕ ਵੱਡਾ ਹਿੱਸਾ ਵਹਿ ਗਿਆ ਸੀ, ਜਿਸ ਨਾਲ ਇਕ ਵੱਡੀ ਤ੍ਰਾਸਦੀ ਟਲ ਗਈ। ਰੇਲਵੇ ਨੇ ਸਪੱਸ਼ਟ ਕੀਤਾ ਹੈ ਕਿ ਪੁਲ ਰੇਲ ਸੰਚਾਲਨ ਲਈ ਪੂਰੀ ਤਰ੍ਹਾਂ ਸੁਰੱਖਿਅਤ ਹੈ। ਰੇਲਵੇ ਅਧਿਕਾਰੀਆਂ ਅਨੁਸਾਰ ਪਠਾਨਕੋਟ-ਜਲੰਧਰ ਕੈਂਟ ਮਾਰਗ 'ਤੇ ਪਠਾਨਕੋਟ ਕੈਂਟ-ਕੰਦਰੋੜੀ ਸਟੇਸ਼ਨਾਂ ਦੇ ਵਿਚਕਾਰ ਸਥਿਤ ਚੱਕੀ ਰੇਲਵੇ ਪੁਲ 'ਤੇ 20 ਜੁਲਾਈ 2025 ਤੇ 21 ਜੁਲਾਈ 2025 ਨੂੰ ਅਚਾਨਕ ਹੜ੍ਹ ਆਉਣ ਕਾਰਨ ਪਾਣੀ ਦਾ ਪੱਧਰ ਵਧ ਗਿਆ ਸੀ। ਇਸ ਸਥਿਤੀ ਦੇ ਮੱਦੇਨਜ਼ਰ ਉੱਤਰ ਰੇਲਵੇ ਨੇ ਪਹਿਲਾਂ ਹੀ 01 ਅਗਸਤ 2024 ਤੋਂ ਪੁਲ 'ਤੇ 20 ਕਿਲੋਮੀਟਰ ਪ੍ਰਤੀ ਘੰਟਾ ਦੀ ਗਤੀ ਸੀਮਾ ਲਾਗੂ ਕਰ ਰੱਖੀ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ। ਰੇਲਵੇ ਨੇ ਕਿਹਾ ਕਿ ਪੁਲ 'ਤੇ ਰੇਲ ਸੰਚਾਲਨ ਨਾਲ ਸਬੰਧਤ ਕਿਸੇ ਵੀ ਦੁਰਘਟਨਾ ਦੀ ਕੋਈ ਸੰਭਾਵਨਾ ਨਹੀਂ ਹੈ। ਮੀਡੀਆ ਵਿੱਚ, ਜਿਸ ਹਿੱਸੇ ਨੂੰ ਪੁਲ ਦੀ ਨੀਂਹ ਵਹਿ ਜਾਣ ਦੀ ਖ਼ਬਰ ਦਿੱਤੀ ਗਈ ਹੈ, ਉਹ ਅਸਲ ਵਿੱਚ ਢਲਾਨ 'ਤੇ ਲੱਗੀ ਇੱਕ ਵਾਧੂ ਕਲੈਡਿੰਗ ਸੀ। ਇਹ ਗੈਰ-ਜ਼ਰੂਰੀ ਹਿੱਸਾ 21 ਜੁਲਾਈ 25 ਨੂੰ ਅਚਾਨਕ ਆਏ ਹੜ੍ਹ ਦੇ ਤੇਜ਼ ਵਹਾਅ ਕਾਰਨ ਟੁੱਟ ਕੇ ਨਦੀ ਵਿੱਚ ਡਿੱਗ ਗਿਆ। ਰੇਲਵੇ ਨੇ ਦੱਸਿਆ ਕਿ ਆਈ.ਆਈ.ਟੀ. ਰੁੜਕੀ ਦੇ ਸੁਝਾਵਾਂ ਅਨੁਸਾਰ ਪੁਲ 'ਤੇ ਸੁਰੱਖਿਆ ਦਾ ਕੰਮ ਚੱਲ ਰਿਹਾ ਸੀ ਤੇ ਇਸ ਗੈਰ-ਜ਼ਰੂਰੀ ਹਿੱਸੇ ਨੂੰ ਹਟਾਇਆ ਜਾਣਾ ਸੀ। ਇਸ ਹਿੱਸੇ ਦੇ ਹਟਾਏ ਜਾਣ ਨਾਲ ਰੇਲ ਸੰਚਾਲਨ ਦੀ ਸੁਰੱਖਿਆ 'ਤੇ ਕੋਈ ਅਸਰ ਨਹੀਂ ਪਿਆ। 22 ਜੁਲਾਈ 25 ਨੂੰ ਮੁੱਖ ਪੁਲ ਇੰਜੀਨੀਅਰ ਨੇ ਚੱਕੀ ਰੇਲਵੇ ਪੁਲ ਦਾ ਨਿਰੀਖਣ ਕੀਤਾ, ਜਿੱਥੇ ਪਿਛਲੇ ਦਿਨ ਅਚਾਨਕ ਹੜ੍ਹ ਆਇਆ ਸੀ। ਪੁਲ 'ਤੇ 24 ਘੰਟੇ ਚੌਕੀਦਾਰਾਂ ਦੁਆਰਾ ਸਖ਼ਤ ਨਿਗਰਾਨੀ ਰੱਖੀ ਜਾ ਰਹੀ ਹੈ ਤੇ ਸੀਸੀਟੀਵੀ ਕੈਮਰੇ ਵੀ ਲਗਾਏ ਗਏ ਹਨ। ਰੇਲਵੇ ਨੇ ਭਰੋਸਾ ਦਿੱਤਾ ਹੈ ਕਿ ਸੁੱਕੀ ਸਥਿਤੀ ਖਤਮ ਹੋਣ ਤੇ ਨਦੀ ਦਾ ਜਲ ਪੱਧਰ ਘੱਟ ਹੋਣ 'ਤੇ ਪਾਈਲ ਫਾਊਂਡੇਸ਼ਨ ਦਾ ਕੰਮ ਦੁਬਾਰਾ ਸ਼ੁਰੂ ਕੀਤਾ ਜਾਵੇਗਾ।

## ਗੁਰੂ ਨਾਨਕ ਕਾਲਜ ਫਿਰੋਜ਼ਪੁਰ ਦੇ ਸ਼ਾਨਦਾਰ ਨਤੀਜੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਨਾਨਕ ਕਾਲਜ ਫਿਰੋਜ਼ਪੁਰ ਇਲਾਕੇ ਦੀ ਸ਼ਾਨਦਾਰ ਤੇ ਮਾਨਮੱਤੀ ਸੰਸਥਾ ਹੈ, ਜਿਸ ਵਿੱਚ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਹਮੇਸ਼ਾ ਹਰ ਸੰਭਵ ਕੋਸ਼ਿਸ਼ ਤੇ ਮਾਰਗ ਦਰਸ਼ਨ ਕੀਤਾ ਜਾਂਦਾ ਹੈ, ਜਿਸ ਦੀ ਬਦੌਲਤ ਦਸੰਬਰ 2024 ਤੇ ਮਈ 2025 ਵਿੱਚ ਬੀ ਏ, ਬੀ.ਐੱਸ.ਸੀ, ਬੀ. ਕਾਮ, ਬੀ.ਸੀ.ਏ, ਪੀ.ਜੀ.ਡੀ.ਸੀ. ਤੋਂ ਇਲਾਵਾ ਐੱਮ ਏ ਹਿਸਟਰੀ ਸੋਸ਼ਲੋਜੀ ਤੇ ਐੱਮ.ਐੱਸਸੀ ਦੇ ਨਤੀਜੇ ਬੜੇ ਸ਼ਾਨਦਾਰ ਰਹੇ। ਇਸ ਦੇ ਨਾਲ ਪਿਛਲੇ ਅਕਾਦਮਿਕ ਸੈਸ਼ਨ ਸੱਭਿਆਚਾਰਕ ਗਤੀਵਧੀਆਂ ਜਿਵੇਂ ਗਿੱਧਾ, ਭੰਗੜਾ, ਨਾਟਕ, ਕੁਇੱਜ਼, ਪੇਂਟਿੰਗ, ਕਲੇਅ ਮਾਡਲਿੰਗ, ਕ੍ਰੇਟਿਵ ਰਾਈਟਿੰਗ ਵਿੱਚ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਸ਼ਾਨਦਾਰ ਰਹੀਆਂ। ਇਸ ਦੇ ਨਾਲ ਐੱਨ.ਐੱਸ.ਐੱਸ, ਐੱਨ.ਸੀ.ਸੀ. ਸੇਵਾਵਾਂ ਅਧੀਨ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ। ਵੱਖ ਵੱਖ ਖੇਡਾਂ ਵਿੱਚ ਕਾਲਜ ਵਿਦਿਆਰਥੀਆਂ ਨੇ ਯੂਨੀਵਰਸਿਟੀ ਅਤੇ ਅੰਤਰ ਯੂਨੀਵਰਸਿਟੀ 'ਤੇ ਸ਼ਲਾਘਾਯੋਗ ਖੇਡ ਪ੍ਰਦਰਸ਼ਨ ਕਰਦਿਆਂ ਅਣਗਿਣਤ ਮੈਡਲ ਕਾਲਜ ਦੀ ਝੋਲੀ ਪਾਏ। ਵੱਖ ਵੱਖ ਸਮੈਸਟਰਜ਼ ਵਿੱਚ ਟਾਪ ਰਹੇ ਵਿਦਿਆਰਥੀਆਂ ਨੇ ਕਾਲਜ ਪ੍ਰਬੰਧਕ ਕਮੇਟੀ ਤੇ ਸਮੂਹ ਸਟਾਫ ਨਾਲ ਖੁਸ਼ੀ ਸਾਂਝੀ ਕੀਤੀ। ਇਸ ਮੌਕੇ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਤੇ ਸਟਾਫ ਨੇ ਵਿਦਿਆਰਥੀਆਂ ਨੇ ਵਧਾਈ ਦਿੰਦਿਆਂ ਅਹਿਦ ਲਿਆ ਕਿ ਸੈਸ਼ਨ 2025-26 ਵਿੱਚ ਵਿਦਿਆਰਥੀਆਂ ਨੂੰ ਪ੍ਰੇਰਿਤ ਤੇ ਹੋਰ ਉਤਸ਼ਾਹਤ ਕਰਨ ਲਈ ਨਵੇਂ ਪ੍ਰੋਗਰਾਮ ਉਲੀਕੇ ਜਾਣਗੇ ਤਾਂ ਜੋ ਹਰ ਪ੍ਰਕਾਰ ਦੀ ਗੁਣਵੱਤਾ ਵਿੱਚ ਵਾਧਾ ਕੀਤਾ ਜਾ ਸਕੇ। ਕੈਂਪਸ ਅੰਦਰ ਕਈ ਪ੍ਰਕਾਰ ਦੇ ਪ੍ਰਬੰਧਕੀ ਕਾਰਜ ਜਾਰੀ ਹਨ, ਜਿਸ ਨਾਲ ਵਿਦਿਆਰਥੀਆਂ ਨੇ ਨਵੀਨਤਾ ਤੇ ਸਹੂਲਤਾਂ ਵਿੱਚ ਹੋਰ ਵਾਧਾ ਦੇਖਣ ਨੂੰ ਮਿਲੇਗਾ।

## ਐਂਟੀ-ਕੁਰਪਸ਼ਨ ਐਸੋਸੀਏਸ਼ਨ ਇੰਡੀਆ ਵੱਲੋਂ ਰੋਹਿਤ ਮੈਦਾਨ ਜ਼ਿਲ੍ਹਾ ਪ੍ਰਧਾਨ ਨਿਯੁਕਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਐਂਟੀ-ਕੁਰਪਸ਼ਨ ਐਸੋਸੀਏਸ਼ਨ ਇੰਡੀਆ ਦੇ ਪੰਜਾਬ ਪ੍ਰਧਾਨ ਗੁਰਕੀਰਤ ਸਿੰਘ ਬੇਦੀ ਨੇ ਰੋਹਿਤ ਮਦਾਨ ਨੂੰ ਜ਼ਿਲ੍ਹਾ ਫਿਰੋਜ਼ਪੁਰ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਤੁਰੰਤ ਪ੍ਰਭਾਵ ਨਾਲ ਲਾਗੂ ਹੋਈ ਹੈ। ਗੁਰਕੀਰਤ ਸਿੰਘ ਬੇਦੀ ਨੇ ਕਿਹਾ ਕਿ ਰੋਹਿਤ ਮਦਾਨ ਸਮਾਜ ਭਲਾਈ ਦੇ ਕੰਮਾਂ ਵਿੱਚ ਸਰਗਰਮ ਯੋਗਦਾਨ ਪਾਉਂਦੇ ਰਹੇ ਹਨ, ਜਿਸ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ। ਰੋਹਿਤ ਮੈਦਾਨ ਨੇ ਨਿਯੁਕਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਸਮਾਜ ਭਲਾਈ ਲਈ ਨਿਰੰਤਰ ਕੰਮ ਕਰਨਗੇ। ਉਨ੍ਹਾਂ ਨੇ ਐਸੋਸੀਏਸ਼ਨ ਨੂੰ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਮਜ਼ਬੂਤ ਕਰਨ ਦਾ ਵਾਅਦਾ ਕੀਤਾ ਤੇ ਪੰਜਾਬ ਪ੍ਰਧਾਨ ਦਾ ਧੰਨਵਾਦ ਕੀਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨੌਜਵਾਨਾਂ ਤੇ ਹਰ ਵਰਗ ਦੇ ਸਹਿਯੋਗ ਨਾਲ ਸਮਾਜਿਕ ਬੁਰਾਈਆਂ ਜਿਵੇਂ ਕੁਰੱਪਸ਼ਨ ਤੇ ਨਸ਼ਿਆਂ ਨੂੰ ਜੜ੍ਹੋਂ ਖਤਮ ਕੀਤਾ ਜਾ ਸਕਦਾ ਹੈ। ਐਂਟੀ-ਕੁਰਪਸ਼ਨ ਐਸੋਸੀਏਸ਼ਨ ਇੰਡੀਆ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਸਮਾਜਿਕ ਕੰਮਾਂ ਵਿੱਚ ਪ੍ਰੇਰਿਤ ਕਰਨਾ ਤੇ ਦੇਸ਼ ਨੂੰ ਕੁਰੱਪਸ਼ਨ ਤੇ ਨਸ਼ਾ ਮੁਕਤ ਬਣਾਉਣਾ ਹੈ। ਰੋਹਿਤ ਮੈਦਾਨ ਨੇ ਸਭ ਨੂੰ ਐਸੋਸੀਏਸ਼ਨ ਨਾਲ ਜੁੜਨ ਦੀ ਅਪੀਲ ਕੀਤੀ ਤਾਂ ਜੋ ਪੰਜਾਬ ਤੇ ਦੇਸ਼ ਨੂੰ ਬਿਹਤਰ ਬਣਾਇਆ ਜਾ ਸਕੇ।

# ਝੋਕ ਹਰੀਹਰ ਵਿਖੇ 'ਪਾਣੀ ਬਚਾਓ, ਧਰਤੀ ਬਚਾਓ' ਮਿਸ਼ਨ ਤਹਿਤ ਸੈਮੀਨਾਰ ਦਾ ਪੋਸਟਰ ਜਾਰੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਝੋਕ ਹਰੀਹਰ ਵਿਖੇ ਬਾਬਾ ਅੱਕ ਪੀਰ ਦੀ ਦਰਗਾਹ ਨੂੰ ਸਮਰਪਤ ਸਾਲਾਨਾ ਜੋੜ ਮੇਲਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੇਲੇ ਦੌਰਾਨ ਮੇਲਾ ਕਮੇਟੀ ਵੱਲੋਂ ਰਾਤ ਸਮੇਂ ਸੁਰੀਲੀਆਂ ਕਵਾਲੀਆਂ ਦਾ ਪ੍ਰੋਗਰਾਮ ਕਰਵਾਇਆ ਗਿਆ, ਜਿਸ ਨੇ ਸਰੋਤਿਆਂ ਦਾ ਮਨ ਮੋਹ ਲਿਆ। ਇਸ ਦੇ ਨਾਲ ਹੀ ਦਾਣਾ ਮੰਡੀ ਵਿਖੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਹਰਜੀਤ ਸਿੰਘ ਸਿੱਧੂ ਤੇ ਪਰਵੀਨ ਦਰਦੀ ਵੱਲੋਂ ਖੁੱਲ੍ਹਾ ਅਖਾੜਾ ਲਗਾਇਆ ਗਿਆ, ਜਿੱਥੇ ਪੰਜਾਬੀ ਸੱਭਿਆਚਾਰ ਦੀਆਂ ਰੰਗੀਨ ਝਲਕੀਆਂ ਨੇ ਸਾਰਿਆਂ ਦਾ ਦਿਲ ਜਿੱਤ ਲਿਆ। ਅਖਾੜੇ ਵਿੱਚ ਪੇਸ਼ ਕੀਤੇ ਗਏ ਪ੍ਰਦਰਸ਼ਨਾਂ ਨੂੰ ਦੇਖਣ ਲਈ ਇਲਾਕੇ ਦੇ ਵਸਨੀਕਾਂ ਨੇ ਭਰਪੂਰ ਉਤਸ਼ਾਹ ਦਿਖਾਇਆ ਤੇ ਇਸ ਦਾ ਖੂਬ ਆਨੰਦ ਮਾਣਿਆ। ਇਸ ਸਮਾਗਮ ਦੌਰਾਨ ਝਰਮਲ ਸਿੰਘ ਢਿੱਲੋਂ ਤੇ ਸਵ. ਪਦਮ ਭਵਰ ਲਾਲ ਹੀਰਾ ਲਾਲ ਜੈਨ ਦੀ ਮਿੱਠੀ ਯਾਦ ਨੂੰ ਸਮਰਪਤ 'ਪਾਣੀ ਬਚਾਓ, ਧਰਤੀ ਬਚਾਓ' ਮਿਸ਼ਨ ਤਹਿਤ 29 ਜੁਲਾਈ ਨੂੰ ਹੋਣ ਵਾਲੇ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਦਾ ਪੋਸਟਰ ਜਾਰੀ ਕੀਤਾ ਗਿਆ। ਇਹ ਸੈਮੀਨਾਰ ਪਿੰਡ ਝੋਕ ਹਰੀਹਰ ਵਿਖੇ ਜੈਨ ਇਰੀਗੇਸ਼ਨ ਸਿਸਟਮ ਲਿਮਟਿਡ ਜਲਗਾਓਂ, ਮਹਾਰਾਸ਼ਟਰ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ 29 ਜੁਲਾਈ ਨੂੰ ਕਰਵਾਇਆ ਜਾਵੇਗਾ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਪਾਣੀ ਦੀ ਸੰਭਾਲ ਤੇ ਵਾਤਾਵਰਣ ਸੁਰੱਖਿਆ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ। ਜੈਨ ਇਰੀਗੇਸ਼ਨ ਸਿਸਟਮ ਦੇ ਮੈਨੇਜਿੰਗ ਡਾਇਰੈਕਟਰ ਅਜੀਤ ਜੈਨ ਦੀ ਅਗਵਾਈ ਹੇਠ ਇਸ ਸੈਮੀਨਾਰ ਨੂੰ ਸਫਲ ਬਣਾਉਣ ਲਈ ਪਿੰਡ ਵਾਸੀਆਂ ਦੀ ਸਰਗਰਮ ਸਾਂਝ ਰਹੇਗੀ। ਸਮਾਗਮ ਵਿੱਚ ਨੰਬਰਦਾਰ ਰਣਧੀਰ ਸਿੰਘ, ਕਸ਼ਮੀਰ ਸਿੰਘ ਸੰਧੂ, ਗੁਰਬਿੰਦਰ ਸਿੰਘ, ਸੁਖਦੇਵ ਸਿੰਘ ਸੰਧੂ, ਗੁਰਪ੍ਰੀਤ ਸਿੰਘ, ਨਿਰਮਲ ਸਿੰਘ ਢਿੱਲੋਂ, ਲਖਬੀਰ ਸਿੰਘ ਸੰਧੂ, ਗੁਰਮੀਤ ਸਿੰਘ, ਬੋਹੜ ਸਿੰਘ, ਇਕਬਾਲ ਸਿੰਘ, ਸਾਬਕਾ ਸਰਪੰਚ ਸੁਖਪ੍ਰੀਤ, ਸਰਬਜੀਤ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਇਸ ਮੌਕੇ ਸਾਰਿਆਂ ਨੇ ਪਾਣੀ ਤੇ ਵਾਤਾਵਰਣ ਸੰਭਾਲ ਦੇ ਮਿਸ਼ਨ ਨੂੰ ਅੱਗੇ ਵਧਾਉਣ ਦਾ ਸੰਕਲਪ ਲਿਆ।

## ਹਿਟ ਐਂਡ ਰਨ ਕੇਸਾਂ ਦੇ ਪੈਂਡਿੰਗ ਮੁਆਵਜ਼ੇ ਲਾਭਪਾਤਰੀਆਂ ਤੱਕ ਪੁਚਾਉਣ ਲਈ ਮੁਹਿੰਮ ਸ਼ੁਰੂ : ਅਸ਼ੋਕ ਚੌਹਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਜ਼ਿਲ੍ਹਾ ਤੇ ਸ਼ੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼੍ਰੀ ਅਰੁਣ ਗੁਪਤਾ ਦੀਆਂ ਹਦਾਇਤਾਂ ਅਨੁਸਾਰ ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਕਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼੍ਰੀ ਅਸ਼ੋਕ ਕੁਮਾਰ ਚੌਹਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਹੁਕਮਾਂ ਅਨੁਸਾਰ ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਵੱਲੋਂ ਜਾਰੀ ਕੀਤੇ ਮੁਆਵਜ਼ੇ, ਜੋ ਕੋਰਟਾਂ ਵਿੱਚ ਕਲੇਮ ਪਾਸ ਹੋਣ ਤੋਂ ਬਾਅਦ ਵੀ ਲੰਬਿਤ ਪਏ ਹਨ, ਨੂੰ ਲਾਭਪਾਤਰੀ ਤੱਕ ਪੁਚਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਅਨੁਸਾਰ ਵਰਤਮਾਨ ਵਿੱਚ ਜਿਨ੍ਹਾਂ ਕੇਸਾਂ ਦੇ ਫੈਸਲੇ ਹੋ ਚੁੱਕੇ ਹਨ, ਪਰ ਮੁਆਵਜ਼ੇ ਦੀ ਰਕਮ ਦਾਅਵੇਦਾਰ ਤੱਕ ਨਹੀਂ ਪਹੁੰਚੀ, ਉਨ੍ਹਾਂ ਦਾਅਵੇਦਾਰਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਮੁਆਵਜ਼ਾ ਪ੍ਰਦਾਨ ਕਰਨਾ ਹੈ।

ਸ਼੍ਰੀ ਅਸ਼ੋਕ ਚੌਹਾਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਵਿਅਕਤੀਆਂ ਦੇ ਵਰਤਮਾਨ 'ਚ ਮੁਆਵਜ਼ੇ ਲਈ ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਵਿੱਚ ਕੇਸ ਲਾਇਆ ਹੋਇਆ ਸੀ, ਉਹ ਜਲਦੀ ਤੋਂ ਜਲਦੀ ਜ਼ਿਲ੍ਹਾ ਕਚਹਿਰੀਆਂ ਵਿਖੇ ਪਹੁੰਚ ਕੇ ਆਪਣੇ ਕੇਸ ਸਬੰਧੀ ਜਾਣਕਾਰੀ ਹਾਸਲ ਕਰਨ ਤੇ ਜੇਕਰ ਉਨ੍ਹਾਂ ਦਾ ਮੁਆਵਜ਼ਾ, ਕੋਰਟ ਵਿੱਚ ਲੰਬਿਤ ਹੈ ਤਾਂ ਸੰਬੰਧਿਤ ਦਸਤਾਵੇਜ਼ ਜਮ੍ਹਾ ਕਰਾ ਕੇ ਮੁਆਵਜ਼ਾ ਹਾਸਲ ਕਰਨ।ਸ਼੍ਰੀ ਅਸ਼ੋਕ ਚੌਹਾਨ ਨੇ ਦੱਸਿਆ ਕਿ ਹਿੱਟ ਐਂਡ ਰਨ ਸੜਕ ਹਾਦਸੇ ਅਕਸਰ ਬੇਕਸੂਰ ਲੋਕਾਂ ਦੀ ਜਾਨ ਲੈ ਲੈਂਦੇ ਹਨ ਜਾਂ ਉਨ੍ਹਾਂ ਨੂੰ ਗੰਭੀਰ ਰੂਪ ਵਿਚ ਜ਼ਖ਼ਮੀ ਕਰ ਦਿੰਦੇ ਹਨ।ਇਨ੍ਹਾਂ ਮਾਮਲਿਆਂ 'ਚ ਜਦੋਂ ਦੁਰਘਟਨਾ ਤੋਂ ਬਾਅਦ ਦੋਸ਼ੀ ਵਾਹਨ ਚਲਾਕ ਮੌਕੇ ਤੋਂ ਭੱਜ ਜਾਂਦਾ ਹੈ, ਤਾਂ ਪੀੜਤ ਪਰਵਾਰ ਦੁੱਖ-ਦਰਦ ਦੇ ਨਾਲ ਆਰਥਿਕ ਤੰਗੀ ਦਾ ਵੀ ਸ਼ਿਕਾਰ ਹੋ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਮੋਟਰ ਵਾਹਨ ਐਕਟ ਦੀ ਧਾਰਾ 161 ਅਤੇ 163 ਅਨੁਸਾਰ, ਜੇਕਰ ਦੁਰਘਟਨਾ 'ਚ ਦੋਸ਼ੀ ਵਾਹਨ ਦੀ ਪਛਾਣ ਨਹੀਂ ਹੋ ਸਕੀ, ਤਾਂ ਪੀੜਤ ਜਾਂ ਉਸ ਦੇ ਪਰਵਾਰ ਨੂੰ ਸਰਕਾਰ ਵੱਲੋਂ ਮੁਆਵਜ਼ਾ ਮਿਲ ਸਕਦਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੁਫ਼ਤ ਕਾਨੂੰਨੀ ਸਲਾਹ ਮੁਹੱਈਆ ਕਰਾਈ ਜਾਂਦੀ ਹੈ ਅਤੇ ਮੋਟਰ ਕਲੇਮ ਟ੍ਰਿਬਿਊਨਲ ਵਿੱਚ ਕੇਸ ਦਰਜ ਕਰਾਉਣ ਸਬੰਧੀ ਮਦਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪੀੜਤਾਂ ਦੀ ਮਦਦ ਲਈ ਹਰ ਵੇਲੇ ਵਚਨਬੱਧ ਹੈ।

## ਛਾਉਣੀ ਸਟੇਸ਼ਨ 'ਤੇ ਸ਼ਿਕਾਇਤ ਨਿਵਾਰਣ ਕੈਂਪ ਲਗਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਿਵੀਜ਼ਨਲ ਰੇਲਵੇ ਮੈਨੇਜਰ ਫਿਰੋਜ਼ਪੁਰ ਸੰਜੇ ਸਾਹੂ ਦੀ ਪ੍ਰਭਾਵਸ਼ਾਲੀ ਤੇ ਦੂਰਦਰਸ਼ੀ ਅਗਵਾਈ ਅਤੇ ਮਾਰਗਦਰਸ਼ਨ ਹੇਠ ਉੱਤਰੀ ਰੇਲਵੇ ਫਿਰੋਜ਼ਪੁਰ ਡਵੀਜ਼ਨ ਦੇ ਆਈ ਓ ਡਬਲਯੂ ਦਫ਼ਤਰ ਵਿਖੇ ਪਹਿਲੀ ਵਾਰ ਇੱਕ ਵਿਲੱਖਣ ਪ੍ਰਯੋਗ ਕੀਤਾ ਗਿਆ ਤਾਂ ਜੋ ਰੇਲਵੇ ਕਲੋਨੀ ਤੇ ਸਟਾਫ ਕੁਆਰਟਰਾਂ ਦੇ ਰੱਖ-ਰਖਾਅ ਨਾਲ ਸਬੰਧਤ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕੀਤਾ ਜਾ ਸਕੇ। ਇਸ ਤਹਿਤ ਇਕ ਸ਼ਿਕਾਇਤ ਨਿਵਾਰਣ ਕੈਂਪ ਲਗਾਇਆ ਗਿਆ, ਜਿਸ ਵਿੱਚ ਇੰਜੀਨੀਅਰਿੰਗ, ਇਲੈਕਟਰੀਕਲ ਤੇ ਮੈਡੀਕਲ ਵਿਭਾਗਾਂ ਦੇ ਅਧਿਕਾਰੀਆਂ ਤੇ ਸੁਪਰਵਾਈਜ਼ਰਾਂ ਦੀ ਸਾਂਝੀ ਹਾਜ਼ਰੀ ਵਿੱਚ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣਿਆ ਗਿਆ ਤੇ ਸਮੱਸਿਆਵਾਂ ਨੂੰ ਲਿਖਤੀ ਰੂਪ ਵਿਚ ਵੀ ਦਰਜ ਕੀਤਾ ਗਿਆ ਤਾਂ ਜੋ ਇਨ੍ਹਾਂ ਨੂੰ ਜਲਦੀ ਤੋਂ ਜਲਦੀ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਸਕੇ।


**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 18.08.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਨੂੰ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਜਿਵੇਂ ਨੈੱਟ ਬੈਂਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦੇ ਲਈ ਇਸ ਨਿਵਿਦਾ ਦੇ ਲਈ ਭੁਗਤਾਨ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 23.07.2025 | 04.08.2025 | 18.08.2025 15:00 ਵਜੇ |

| ਲੜੀ ਨੰਬਰ | ਨਿਵਿਦਾ ਸੰਖਿਆ, ਮਿਤੀ | ਨਿਵਿਦਾ ਦਾ ਵੇਰਵਾ | | |
|---|---|---|---|---|
| 1. | 88-2025-26-ADEN-LDH | ਸਾਹਨੇਵਾਲ-ਜਲੰਧਰ ਸਿਟੀ ਸੈਕਸ਼ਨ ਤੇ ਬੀਐਚ-01, ਭੱਠੀਆਂ ਅਤੇ ਮੌਲੀ ਦਾ ਆਈਬੀਐਚ ਤੋਂ ਆਈਬੀਐਸ ਵਿਚ ਟਰਾਂਸਫਰ ਅਤੇ ਟਾਈਪ ਪਲਾਨ ਨੰਬਰ ਹੇਡ ਕਵਾਟਰ/01/02-2017/ਆਰ-1 ਦੇ ਅਨੁਸਾਰ ਸੀ-86 ਸਾਹਨੇਵਾਲ-ਜਲੰਧਰ ਸਿਟੀ ਅਤੇ ਸੀ-16 ਜਲੰਧਰ ਕੈਂਟ-ਪਠਾਨਕੋਟ ਸੈਕਸ਼ਨ ਦੇ ਇੰਟਰਲਾਕਿੰਗ ਦੇ ਲਈ ਸਿਵਿਲ ਕੰਮ, ਫਿਰੋਜਪੁਰ ਡਵੀਜਨ ਤੇ 5 ਮਾਨਵਯੁਕਤ ਲੇਵਲ ਕ੍ਰਾਸਿੰਗ ਗੇਟਾਂ ਦੇ ਇੰਟਰਲਾਕਿੰਗ ਦੇ ਕੰਮ ਦੇ ਸਬੰਧ ਵਿਚ। | | |
| | ਵਿਗਿਆਪਨ ਮੂਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | 29,76,507.04/- | 59,500.00/- | 60 ਦਿਨ | 06 ਮਹੀਨੇ |
| | ਸਮਾਨ ਨੇਚਰ ਦਾ ਕੰਮ:- "ਕੋਈ ਕੰਮ ਨਹੀਂ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨਹੀ ਮਾਨਯ ਹੋਣਗੇ। ਨਿਵਿਦਾ ਸੂਚਨਾ ਪੱਤਰ ਨੰ.:- 88-2025-26-ADEN-LDH ਤਾਰੀਕ: 24.07.2025 2250/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉਤਰ ਰੇਲਵੇ**

**ਖੁਲ੍ਹੀ ਨਿਵਿਦਾ ਸੂਚਨਾ**

ਵ. ਮੰਡਲ ਬਿਜਲੀ ਇੰਜੀਨੀਅਰ/ਟੀ.ਆਰ.ਡੀ., ਉਤਰ ਰੇਲਵੇ, ਫਿਰੋਜਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 14.08.2025 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 14.08.2025 ਨੂੰ 15:00 ਵਜੇ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਲ. ਨੰ. | ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ(Rs.) | ਟੈਂਡਰ ਦੀ ਕੀਮਤ(Rs.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (Rs.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|---|
| 1. | 705-ਟੀ.ਆਰ.ਡੀ.-ਫਿਰੋਜਪੁਰ-2025-26 | ਫਿਰੋਜਪੁਰ ਡਵੀਜਨ ਵਿਚ ਟੀਆਰਡੀ ਪਰਿਸੰਪਤੀਆਂ ਦੀ ਵਿਸ਼ਵਸਨੀਅਤਾ ਵਿਚ ਸੁਧਾਰ ਦੇ ਲਈ ਪੁਰਾਣੇ ਪੀਐਸਆਈ ਗਿਯਰ/ ਸਥਾਪਨਾਵਾਂ ਦੇ ਸਥਾਨ ਉਤੇ ਨਵੇਂ ਪੀਐਸਆਈ ਉਪਕਰਣਾਂ ਦਾ ਪ੍ਰਾਵਧਾਨ। | 2,24,20,184.35 | ਜੀਰੋ | 14.08.2025 15:00 ਵਜੇ ਤਕ | 2,62,100 /- | 12 ਮਹੀਨੇ | 14.08.2025 15:00 ਵਜੇ ਦੇ ਬਾਅਦ | www.ireps.gov.in |
| 2. | 708-ਟੀ.ਆਰ.ਡੀ.-ਫਿਰੋਜਪੁਰ-2025-26 | ਫਿਰੋਜਪੁਰ ਮੰਡਲ ਦੇ ਬਿਜਲੀਕ੍ਰਿਤ ਸੈਕਸ਼ਨ ਵਿਚ ਪੁਰਾਣੀ / ਜੰਗਾਲ ਲਗੀ/ ਦੋਸ਼ਪੂਰਨ ਪਰਿਸੰਪਤੀਆਂ ਦੀ ਥਾਂ ਤੇ ਨਵੀਂ ਪਰਿਸੰਪਤੀਆਂ ਦਾ ਪ੍ਰਾਵਧਾਨ ਅਤੇ ਓਐਚਈ ਸਮਰਥਾ ਵਿਚ ਵਾਧਾ। | 4,09,79,612.29 | ਜੀਰੋ | 14.08.2025 15:00 ਵਜੇ ਤਕ | 3,54,900 /- | 12 ਮਹੀਨੇ | 14.08.2025 15:00 ਵਜੇ ਦੇ ਬਾਅਦ | www.ireps.gov.in |

ਕੰਮ ਦੀ ਸਮਾਨ ਨੇਚਰ (ਦੋਵੇਂ ਕੰਮਾਂ ਦੇ ਲਈ ਲਾਗੂ): "50 ਹਟਜ਼, ਸਿੰਗਲ ਫੇਜ 25 ਕੇਵੀ ਏਸੀ ਓਐਚਈ ਦਾ ਡਿਜਾਈਨ, ਸਪਲਾਈ, ਉਸਾਰੀ, ਪ੍ਰੀਖਸ਼ਣ ਅਤੇ ਕਮਿਸ਼ਨਿੰਗ"
(ਸੰਧਰਭ: Pr. CEE/NR ਦੇ ਪੱਤਰ ਨੰਬਰ 181-ਇਲੈਕਟ/ਟੀਆਰਡੀ/189/ ਭਾਗ II, ਮਿਤੀ 29.07.2021 ਦਾ ਓਐਚਈ ਕੰਮ ਦਾ ਲੜੀ ਨੰਬਰ 1.1).

#ਨਿਵਿਦਾਕਰਤਾ ਕਿਰਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਿਨਾ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਮਾਧਿਅਮ ਨਾਲ ਨਕਦ ਵਿਚ ਜਾਂ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਣਿਜਕ ਬੇਂਕ ਤੋਂ ਬੈਂਕ ਗਾਰੰਟੀ ਬਾਂਡ ਦੇ ਰੂਪ ਵਿਚ ਜਾਂ ਨਿਵਿਦਾ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਲਿਡ ਹਨ। ਬੋਲੀ ਦੀ ਵੈਧਤਾ ਅਵਧੀ ਦੇ ਬਾਅਦ 90 ਦਿਨ ਦੇ ਲਈ ਅਧੂਰੇ ਅਤੇ ਅਣਵੈਲਿਡ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸ ਦੇ ਲਈ ਠੇਕੇਦਾਰ ਦਾ ਰੇਲਵੇ ਤੇ ਕੋਈ ਦਾਅਵਾ ਨਹੀਂ ਹੋਵੇਗਾ। ਨੰ.:705 ਅਤੇ 708-ਟੀ.ਆਰ.ਡੀ.-ਫਿਰੋਜਪੁਰ-2025-26 ਮਿਤੀ: 21.07.2025 2224/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਈਵੀ ਦੀ ਵਰਤੋਂ ਕਰਨ ਨਾਲ ਈਂਧਨ ਦੇ ਖਰਚੇ 'ਚ 60% ਕਮੀ ਆ ਸਕਦੀ : ਸੀ ਈ ਈ ਡਬਲਯੂ

ਅੰਮ੍ਰਿਤਸਰ, : ਊਰਜਾ, ਵਾਤਾਵਰਣ ਅਤੇ ਪਾਣੀ ਪ੍ਰੀਸ਼ਦ (ਸੀ.ਈ.ਈ.ਡਬਲਯੂ.) ਦੁਆਰਾ ਜਾਰੀ ਕੀਤੇ ਗਏ ਇੱਕ ਨਵੇਂ ਸੁਤੰਤਰ ਅਧਿਐਨ ਦੇ ਅਨੁਸਾਰ ਘਰ-ਘਰ ਜਾ ਕੇ ਕੂੜਾ ਇਕੱਠਾ ਕਰਨ ਲਈ ਡੀਜ਼ਲ ਤੋਂ ਇਲੈਕਟ੍ਰਿਕ ਵਾਹਨਾਂ (ਈਵੀ ਐਸ) 'ਤੇ ਜਾਣ ਨਾਲ ਅੰਮ੍ਰਿਤਸਰ ਨਗਰ ਨਿਗਮ ਦੀ ਬਾਲਣ ਦੇ ਖਰਚੇ 'ਚ 60-70 ਪ੍ਰਤੀਸ਼ਤ ਘਟ ਸਕਦੀ ਹੈ ਅਤੇ ਡੀਜ਼ਲ ਵਾਹਨਾਂ ਦੇ ਮੁਕਾਬਲੇ ਕਾਰਬਨ ਨਿਕਾਸ ਵਿੱਚ 64 ਪ੍ਰਤੀਸ਼ਤ ਦੀ ਕਟੌਤੀ ਹੋ ਸਕਦੀ ਹੈ। ਜਦੋਂ ਕਿ ਅੰਮ੍ਰਿਤਸਰ ਦੇ ਜ਼ਿਆਦਾਤਰ ਕੂੜਾ ਇਕੱਠਾ ਕਰਨ ਵਾਲੇ ਵਾਹਨ ਡੀਜ਼ਲ 'ਤੇ ਚੱਲਦੇ ਹਨ। ਅਧਿਐਨ ਵਿੱਚ ਪਾਇਆ ਗਿਆ ਹੈ ਕਿ ਪ੍ਰਾਇਮਰੀ ਘਰੇਲੂ ਕੂੜਾ ਇਕੱਠਾ ਕਰਨ ਲਈ ਵਰਤੇ ਜਾਂਦੇ 200 ਵਾਹਨਾਂ ਨੂੰ ਇਲੈਕਟ੍ਰਿਕ ਬਣਾਉਣ ਨਾਲ ਨਗਰ ਨਿਗਮ ਨੂੰ 50-70 ਲੱਖ ਰੁਪਏ ਤੋਂ ਵੱਧ ਦੀ ਬੱਚਤ ਹੋ ਸਕਦੀ ਹੈ। ਸੀ.ਈ.ਈ.ਡਬਲਯੂ. ਦੀ ਸੀਨੀਅਰ ਪ੍ਰੋਗਰਾਮ ਲੀਡ ਡਾ. ਹਿਮਾਨੀ ਜੈਨ ਨੇ ਕਿਹਾ, ਸਵੱਛ ਭਾਰਤ ਮਿਸ਼ਨ ਦੁਆਰਾ ਸ਼ਹਿਰੀ ਸਫਾਈ ਵਿੱਚ ਸੁਧਾਰਾਂ ਨੂੰ ਅੱਗੇ ਵਧਾਉਣ ਦੇ ਨਾਲ, ਕੂੜਾ ਇਕੱਠਾ ਕਰਨ ਨੂੰ ਸਾਫ਼ ਗਤੀਸ਼ੀਲਤਾ ਨਾਲ ਜੋੜਨ ਦਾ ਇੱਕ ਸਪੱਸ਼ਟ ਮੌਕਾ ਹੈ।

## PUBLIC NOTICE

I Renu Sethi W/o Rajesh Sethi R/oWard -2, Singh Bhawani Mandir Road Teh. Sultanpur Lodhi Kapurthala, Pin : 144626. Punjab, India declaring that 1. original Sale deed No. 737 dated 19.11.2015, 2. Original Sale deed No. 466 dated 05/06/2013, 3. Original Sale deed No. 2590 dated 15.01.2010 in respect to Commercial Property situated at Wakia Rakba Pind Behbal Bahadur Teh. Sultanpur Lodhi Kapurthala having area measuring 11 Marle (2995 Sq ft) have lodged DDR on 23/07/2025 in respect to the loss of said document I am going to mortgage the said property with Kotak Mahindra Bank and if any body objection kindly intimate in writing to Advocate Lalit Kakkar Address: 91, New Harbans Nagar,Contact No - 9876107449 Jalandhar within 14 days of publishment.

## ਜਨਤਕ ਸੂਚਨਾ

ਜ਼ਿਲ੍ਹਾ ਸੰਗਰੂਰ ਦੇ ਸਿ ਜ ਸਿੰਘ ਸਕੂਲ ਆਫ ਐਮੀਨੈਂਸ ਭਸੌੜ ਦੇ ਵਿਦਿਆਰਥੀਆਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਨੋਟੀਫਿਕੇਸ਼ਨ ਨੰ: 4/39/211-2ਟ/12062387 ਅਧੀਨ ਬੱਸਾਂ ਦੀ ਜ਼ਰੂਰਤ ਹੈ। ਚਾਹਵਾਨ ਟਰਾਂਸਪੋਰਟਰ ਮਿਤੀ 26/7/25 ਤੋਂ 30/7/25 ਤੱਕ ਸਕੂਲ ਨਾਲ ਮੋਬਾਇਲ ਨੰ. 94176-00957 'ਤੇ ਸੰਪਰਕ ਕਰ ਸਕਦੇ ਹਨ।

ਸਹੀ/- ਪ੍ਰਿੰਸੀਪਲ,
ਸਿ. ਜ. ਸਿੰਘ ਸਕੂਲ ਆਫ ਐਮੀਨੈਂਸ ਭਸੌੜ (ਸੰਗਰੂਰ)

## PUBLIC NOTICE

I, hereby inform the general public that Kiran Bala w/o Sudarshan Kumar r/o 34, Adarsh Nagar, Jalandhar for one residential Plot No.40, Rakba 16 Marlas 115 Sq. ft. Vakya Abadi Bastia Vali Road Abadi Adarsh Nagar, Jalandhar total measuring 16 Marlas 115 sq. ft. Khasra No.32086/28798/1963/2 vide sale deed no.4426 dated 3/10/1968 executed by improvement trust Jalandhar in favour of Ram Chand Uppal s/o Gian Chand duly registered with sub registrar Jalandhar. Kiran Bala w/o Sudarshan Kumar has lost one of his previous original document ie original sale deed no. 4426 dated 3/10/1968 executed by Jalandhar improvement trust in favour of Ram Chand Uppal s/o Gian Chand duly registered with Sub, registrar, Jalandhar.A, DDR has also been got registered in this respect having details. DDR No.14 dated 24/12/2024 Punjab Police, Jalandhar. Anybody having claim or claiming any prior rights or interest in any manner in this property or has raised loan/mortgage by depositing the aforesaid Sale deed to any person /Bank /corporation /financial institutions may approach the undersigned and may submit objective in writing with in 7 days from the date of this public notice. After the expiry of the period of this notice, no claim shall be entertained & such claim shall be deemed to be false, fake, frivolous, fraudulent & baseless claim and shall have no value in the eyes of law. It shall also be deemed at nobody has any objection for mortgaging the aforesaid property with any bank/ institutions/ NBFC.
(HDFC Bank Ltd, 5 link Road, Jalandhar)

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

**ਟੈਂਡਰ ਸੂਚਨਾ ਨੰਬਰ : 770-W/01/WA/JAT/2025-26-15-2025-26-JAT-DRM-JAT (to be opened on 14.08.2025)** ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਕੰਮ ਕਰਦੇ ਹੋਏ ਹੇਠਾ ਦਿਤੇ ਗਏ ਸ਼ੀਰਸ਼ਕ ਵਾਲੀ ਟੈਂਡਰਾ ਦੇ ਵਿਰੁਧ ਖੁਲੀ ਟੈਂਡਰਾ (ਈ-ਟੈਂਡਰਾ) ਮੰਗ ਕਰਦੀ ਹੈ ਅਤੇ www.ireps.gov.in ਉਤੇ ਉਪਲਬਧ ਹੈ, ਜਿਨ੍ਹਾਂ ਦੀ ਆਖਰੀ ਮਿਤੀ 14.08.2025 ਨੂੰ 15:00 ਵਜੇ ਤਕ ਹੈ। ਬੋਲੀਦਾਤਾ ਅਪਣੀ ਮੂਲ/ਸੰਸ਼ੋਧਿਤ ਬੋਲੀਆਂ ਕੇਵ ਸਮਾਪਨ ਮਿਤੀ ਅਤੇ ਸਮੇਂ ਤਕ ਹੀ ਜਮਾਂ ਕਰ ਸਕਣਗੇ, ਇਨ੍ਹਾਂ ਟੈਂਡਰਾਂ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਅਨੁਮਤੀ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੀ ਵੀ ਮੈਨੂੰਅਲ ਪ੍ਰਸਤਵ ਨੂੰ ਨਜ਼ਰਅੰਦਾਜ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਟੈਂਡਰ ਦੇ ਵਿਰੁਧ ਟੈਂਡਰ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟਲ ਉਤੇ ਉਪਲਬਧ ਭੁਗਤਾਨ ਵਿਧੀਆਂ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਵਾਰਾ ਤੋਂ ਕਰਨ ਦੀ ਅਨੁਮਤੀ ਹੈ।

| ਲੜੀ ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | |
|---|---|---|---|---|
| 1. | 15-2025-26-JAT-DRM-JAT | ਸਹਾਇਕ ਮੰਡਲ ਇੰਜੀਨੀਅਰ-ਜੰਮੂ ਤਵੀ ਦੇ ਅਧਿਕਾਰ ਖੇਤਰ ਦੇ ਅੰਤਰਗਤ ਵੱਖ-ਵੱਖ ਪੁਲਾਂ ਨੰਬਰ 24, 28, 42, 43, 112, 133, 137 (ਅਪ ਲਾਈਨ) ਅਤੇ 42,43, 112, 133 (ਡਾਊਨ ਲਾਈਨ) ਉਤੇ ਐਚ-ਬੀਮ ਸਲੀਪਰਾਂ (ਕੁਲ 3183 ਨੰਬਰ) ਦੁਵਾਰਾਂ ਬ੍ਰਿਜ ਸਲੀਪਰ ਨਵੀਨੀਕਰਣ ਦਾ ਕੰਮ।" | | |
| | | ਵਿਗਿਆਪਨ ਮੁਲ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 115227352.63 | 90 Days | 09 Months |

ਨੋਟ:- 1. ਠੇਕੇਦਾਰਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਉਹ ਬੋਲੀਆਂ ਪੇਸ਼ ਕਰਨ ਤੋਂ ਪਹਿਲਾ ਇਸ ਟੈਂਡਰ ਦੇ ਵਿਰੁਧ ਜਾਰੀ ਕਿਸੀ ਵੀ ਸ਼ੁੱਧੀਪੱਤਰ ਦੇ ਲਈ ਆਈਆਰਈਪੀਐਸ ਵੇਬਸਾਈਟ ਦੇਖੋ। 2. ਜੇਕਰ ਹਿੰਦੀ ਵਿਗਿਆਪਨ ਵਿਚ ਕੋਈ ਗਲਤੀ ਪਾਈ ਜਾਂਦੀ ਹੈ, ਤਾਂ ਅੰਗ੍ਰੇਜ਼ੀ ਵਿਗਿਆਪਨ ਮਾਨਯ ਹੋਵੇਗਾ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2240/25

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਕਪੂਰਥਲਾ

ਕੇਸ ਨੰ: 30-32/DRO/FTC/NRI ਤਾਰੀਖ ਦਾਇਰ 08.01.2025 ਕਿਸਮ ਮੁਕੱਦਮਾ ਤਕਸੀਮ

ਤਕਸੀਮ ਖੇਵਟ ਨੰਬਰ 67/63 ਮਿਨ, 68/63 ਮਿਨ, 69/63 ਮਿਨ, ਖਤੌਨੀ ਨੰਬਰ 72,73,74, ਮੁਤਾਬਕ ਜਮ੍ਹਾਂਬੰਦੀ ਸਾਲ 2020-2021 ਵਾਕਿਆ ਅਰਾਜੀ ਪਿੰਡ ਰਾਏਪੁਰ ਰਾਜਪੂਤਾਂ, ਹਦਬਸਤ ਨੰਬਰ 65, ਤਹਿਸੀਲ ਭੁਲੱਥ ਜ਼ਿਲ੍ਹਾ ਕਪੂਰਥਲਾ।

1. ਕਸ਼ਮੀਰ ਸਿੰਘ ਪੁੱਤਰ ਗੋਪਾਲ ਸਿੰਘ ਪੁੱਤਰ ਹਵੇਲਾ ਸਿੰਘ ਵਾਸੀ ਰਾਏਪੁਰ ਰਾਜਪੂਤਾਂ, ਤਹਿਸੀਲ ਭੁਲੱਥ, ਜ਼ਿਲ੍ਹਾ ਕਪੂਰਥਲਾ ਹਾਲ ਵਾਸੀ 40 Harrison Ave Carteret New Jersey 07008 USA ਰਾਹੀਂ ਮੁਖਤਾਰ ਆਮ ਸੁਖਵਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਪੁੱਤਰ ਗੋਪਾਲ ਸਿੰਘ ਵਾਸੀ ਪਿੰਡ ਰਾਏਪੁਰ ਰਾਜਪੂਤਾਂ, ਤਹਿਸੀਲ ਭੁਲੱਥ, ਜ਼ਿਲ੍ਹਾ ਕਪੂਰਥਲਾ। (ਧਿਰ ਅੱਵਲ)

ਬਨਾਮ

1. ਅਜੀਤ ਸਿੰਘ ਪੁੱਤਰ ਗੋਪਾਲ ਸਿੰਘ ਪੁੱਤਰ ਹਵੇਲਾ ਸਿੰਘ, 1. ਲਖਵਿੰਦਰ ਸਿੰਘ ਮੁਤਵਫੀ ਰਾਹੀਂ ਵਾਰਸਾਨ : ੳ. ਪਰਮਜੀਤ ਕੌਰ ਪਤਨੀ ਲਖਵਿੰਦਰ ਸਿੰਘ, ਅ. ਹਰਮਨ ਸਿੰਘ ਪੁੱਤਰ ਲਖਵਿੰਦਰ ਸਿੰਘ, 2. ਦਲਵਿੰਦਰ ਸਿੰਘ ਪੁੱਤਰ ਅਮਰੀਕ ਸਿੰਘ 3. ਬਲਵੀਰ ਸਿੰਘ ਪੁੱਤਰਾਨ ਅਮਰੀਕ ਸਿੰਘ ਪੁੱਤਰ ਗੋਪਾਲ ਸਿੰਘ 4. ਸਤਪਾਲ ਸਿੰਘ ਪੁੱਤਰ ਫੌਜਾ ਸਿੰਘ ਪੁੱਤਰ ਸੁੰਦਰ ਸਿੰਘ 5. ਲਖਬੀਰ ਸਿੰਘ ਪੁੱਤਰ ਮਲਕੀਤ ਸਿੰਘ ਪੁੱਤਰ ਕਰਤਾਰ ਸਿੰਘ 6. ਸੁੱਚਾ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਰਤਨ ਸਿੰਘ 7. ਨਰਿੰਦਰਪਾਲ ਸਿੰਘ ਪੁੱਤਰ ਨਿਰਮਲ ਸਿੰਘ ਪੁੱਤਰ ਇੰਦਰ ਸਿੰਘ 8. ਸਿਮਰਨਜੀਤ ਸਿੰਘ ਪੁੱਤਰ ਜਸਪਾਲ ਸਿੰਘ ਪੁੱਤਰ ਵੀਰ ਸਿੰਘ 9. ਸਤਨਾਮ ਕੌਰ ਪਤਨੀ ਸ਼ਰਮ ਸਿੰਘ ਪੁੱਤਰ ਦਰਸ਼ਨ ਸਿੰਘ, ਸਾਰੇ ਖੇਵਟਦਰਾਨ ਵਾਸੀਆਨ ਪਿੰਡ ਰਾਏਪੁਰ ਰਾਜਪੂਤਾਂ, ਤਹਿਸੀਲ ਭੁਲੱਥ ਜ਼ਿਲ੍ਹਾ ਕਪੂਰਥਲਾ। (ਧਿਰ ਦੋਮ)

ਉਪਰੋਕਤ ਅਨੁਵਾਨ ਮੁਕੱਦਮੇ ਤਕਸੀਮ ਵਿੱਚ ਫਰੀਕ ਦੋਇਮ ਦੇ ਕੁਝ ਫਰੀਕ ਪਿੰਡ ਵਿੱਚ ਰਿਹਾਇਸ਼ ਨਹੀਂ ਰੱਖਦੇ ਹਨ।ਇਸ ਕਰਕੇ ਫਰੀਕ ਦੋਇਮ ਦੀ ਅਸਾਲਤਨ ਇਤਲਾਹ ਨਹੀਂ ਹੋ ਸਕੀ।ਜਿਸ ਤੋਂ ਪਾਇਆ ਗਿਆ ਕਿ ਫਰੀਕ ਦੋਇਮਾਂ ਦੀ ਸਾਧਾਰਨ ਤਰੀਕੇ ਨਾਲ ਤਾਮੀਲ ਹੋਣੀ ਮੁਸ਼ਕਲ ਹੈ।ਉਕਤ ਅਨੁਵਾਨ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 04/08/2025 ਨਿਸ਼ਚਤ ਕਰ ਕੇ ਫਰੀਕ ਦੋਇਮਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਨਿਰਧਾਰਿਤ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਵੇ।ਉਕਤ ਨਿਰਧਾਰਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ 'ਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 17/07/2025 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

ਸਹੀ/-ਜ਼ਿਲ੍ਹਾ ਮਾਲ ਅਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਕਪੂਰਥਲਾ ਨੰਬਰ 145/ ਰੀਡਰ ਮਿਤੀ 17/7/2025

AXIS BANK | Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025
Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ ਦੀ ਮਿਤੀ/ਡਿਮਾਂਡ ਨੋਟਿਸ ਦੀ ਮਿਤੀ<br>ਕਬਜ਼ੇ ਦੀ ਮਿਤੀ<br>ਡਿਮਾਂਡ ਨੋਟਿਸ ਦੀ ਰਾਸ਼ੀ (ਰੁਪਏ 'ਚ) |
|---|---|---|
| 1. | 1. ਸ੍ਰੀ ਮਲਕੀਤ ਸਿੰਘ ਪੁੱਤਰ ਬੂਆ ਸਿੰਘ (ਕਰਜ਼ਦਾਰ)/ 2. ਸ੍ਰੀਮਤੀ ਰਜਵਿੰਦਰ ਕੌਰ ਪਤਨੀ ਮਲਕੀਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 10 ਮਾਰਚ 2025/18 ਅਪ੍ਰੈਲ 2025<br>23 ਜੁਲਾਈ 2025<br>ਰੁ. 2462721/- (ਚੌਵੀ ਲੱਖ ਬਾਹਠ ਹਜ਼ਾਰ ਸੱਤ ਸੌ ਇੱਕੀ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ:- ਬੈਨਾਮਾ ਦਸਤਾਵੇਜ਼ ਨੰ. 2023-24/93/1/1412 ਮਿਤੀ 04 ਮਈ 2023 ਰਾਹੀਂ ਸ੍ਰੀਮਤੀ ਰਜਵਿੰਦਰ ਕੌਰ ਪਤਨੀ ਮਲਕੀਤ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. 29 ਮਿਨ 'ਤੇ ਨਿਰਮਤ ਮਕਾਨ, ਰਕਬਾ 106.25 ਵਰਗ ਗਜ਼, ਖਸਰਾ ਨੰ. 41//19/2, 41//20/2, ਮਿੰਨ ਪਿੰਡ ਨੰਗਲੀ, ਬਾਈਪਾਸ ਦੇ ਬਾਹਰਵਾਰ, ਅਬਾਦੀ ਗੋਲਡਨ ਐਵੇਨਿਊ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ. 33, ਪੱਛਮ : ਰਸਤਾ 16' ਚੌੜਾ, ਉੱਤਰ : ਪਲਾਟ ਨੰ. 29 ਮਿਨ ਦਾ ਬਾਕੀ ਹਿੱਸਾ, ਦੱਖਣ : ਪਲਾਟ ਨੰ. 30-31

ਮਿਤੀ : 25.07.2025, ਸਥਾਨ : ਅੰਮ੍ਰਿਤਸਰ — ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਟਿਡ

AXIS BANK — Axis Bank Ltd. : Retail Asset Center : 2nd and 3rd Floor, Property No. # 7-E, Municipal 3903/1142/16, Malhar Road, Saraabha Nagar, Ludhiana -141001
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006

### ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮਟਿਡ, ਰਿਟੇਲ ਐੱਸਟ ਸੈਂਟਰ, ਐੱਸ ਸੀ ਓ 367-368, ਸੈਕਟਰ 34-ਏ, ਚੰਡੀਗੜ੍ਹ-160022 ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਕਟ 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 28 ਅਪ੍ਰੈਲ 2023 ਨੂੰ ਡਿਮਾਂਡ ਨੋਟਿਸ ਜਾਰੀ ਕਰਦਿਆਂ ਮੈਸ: ਮਹਾਂਬੀਰ ਮਕੈਨੀਕਲ ਵਰਕਸ (ਰਾਹੀਂ ਇਸ ਦੇ ਮਾਲਕ) ਨੂੰ ਨੋਟਿਸ 'ਚ ਦਰਸਾਈ ਬਕਾਇਆ ਰਕਮ ਰੁਪਏ 1,57,58,705/- (ਇੱਕ ਕਰੋੜ ਸਤਵੰਜਾ ਲੱਖ ਅਠਵੰਜਾ ਹਜ਼ਾਰ ਸੱਤ ਸੌ ਪੰਜ ਰੁਪਏ ਕੇਵਲ) ਸਮੇਤ 21 ਨਵੰਬਰ 2022 ਤੋਂ ਇਸ ਉਪਰ ਇਕਰਾਰਨਾਮੇ ਦੀ ਦਰ 'ਤੇ ਅਨਲਾਗੂ ਭਵਿੱਖੀ ਵਿਆਜ , ਰਕਮ ਦੀ ਅਦਾਇਗੀ ਦੀ ਮਿਤੀ ਤੱਕ, ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ। ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਿਹਾ ਹੈ। ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 21 ਜੁਲਾਈ 2025 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ, ਰਿਟੇਲ ਐੱਸਟ ਸੈਂਟਰ, ਐੱਸ ਸੀ ਓ 367-368, ਸੈਕਟਰ 34-ਏ, ਚੰਡੀਗੜ੍ਹ-160022 ਨੂੰ ਬਕਾਇਆ ਰਕਮ ਰੁਪਏ 1,57,58, 705/- (ਇੱਕ ਕਰੋੜ ਸਤਵੰਜਾ ਲੱਖ ਅਠਵੰਜਾ ਹਜ਼ਾਰ ਸੱਤ ਸੌ ਪੰਜ ਰੁਪਏ ਕੇਵਲ) ਦੀ ਵਸੂਲੀ ਹੇਠ ਹੋਵੇਗੀ। ਤੁਸੀਂ 21 ਨਵੰਬਰ 2022 ਤੋਂ ਭਵਿੱਖੀ ਵਿਆਜ ਅਤੇ ਇਸ ਉਪਰ ਹੋਰ ਚਾਰਜਿਜ਼/ਖਰਚੇ ਦੇਣ ਲਈ ਜਵਾਬਦੇਹ ਹੋਵੋਗੇ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

#### ਅਚੱਲ ਜਾਇਦਾਦ ਦਾ ਵੇਰਵਾ

ਗੈਰ-ਖੇਤੀਬਾੜੀ ਵਾਲੀ ਜਾਇਦਾਦ, ਜੋ ਕਿ ਇੰਡਸਟਰੀਅਲ ਜਾਇਦਾਦ ਹੈ, ਇਸਲਾਮਪੁਰ ਰੋਡ, ਬੈਨਾਮਾ ਵਸੀਕਾ ਨੰ. 10069 ਮਿਤੀ 16.03.2012, ਨੇੜੇ ਪਬਲਿਕ ਮਾਡਰਨ ਸਕੂਲ, ਰਾਜਪੁਰਾ, ਪਟਿਆਲਾ, ਪੰਜਾਬ-140401, ਸਮੇਤ ਸਾਰੀਆਂ ਇਮਾਰਤਾਂ ਅਤੇ ਇਸ ਉਪਰ ਢਾਂਚੇ, ਫਿਕਸਚਰ, ਫਿਟਿੰਗਜ਼ ਅਤੇ ਸਾਰੇ ਪਲਾਂਟ ਤੇ ਮਸ਼ੀਨਰੀ, ਜ਼ਮੀਨ ਨਾਲ ਜੁੜੇ ਜਾਂ ਜ਼ਮੀਨ ਨਾਲ ਜੁੜੀ ਕਿਸੇ ਚੀਜ਼ ਨਾਲ ਪੱਕੇ ਤੌਰ 'ਤੇ ਜੁੜੀ, ਸੋਮਨਾਥ ਪੁੱਤਰ ਸਾਵਣ ਰਾਮ, ਸ੍ਰੀਮਤੀ ਕਾਂਤਾ ਰਾਣੀ ਪਤਨੀ ਸੋਮਨਾਥ, ਅਮਿਤ ਕੁਮਾਰ ਪੁੱਤਰ ਸੋਮਨਾਥ ਅਤੇ ਸੰਦੀਪ ਕੁਮਾਰ ਪੁੱਤਰ ਸੋਮਨਾਥ ਦੀ ਮਲਕੀਅਤ। ਹੱਦਾਂ :
ਪੂਰਬ : ਸ਼ਮਸ਼ਾਨਘਾਟ (260'-0"), ਪੱਛਮ : ਖਾਲੀ ਜ਼ਮੀਨ (260'-0"),
ਉੱਤਰ : ਕਲਗੀਧਰ ਰਾਈਸ ਮਿੱਲ (160'-0"), ਦੱਖਣ : ਸੜਕ (160'-0")

ਮਿਤੀ : 21.07.2025 — ਅਧਿਕਾਰਤ ਅਫਸਰ
ਸਥਾਨ : ਰਾਜਪੁਰਾ — ਐਕਸਿਸ ਬੈਂਕ ਲਿਮਟਿਡ

## ਆਮ ਨੋਟਿਸ

ਇਨੋਵਾ ਕਾਰ ਨੰਬਰ PB 13V-0059, ਐਕਸ ਯੂ ਵੀ 300 ਕਾਰ ਨੰਬਰ PB 07 BC-0090 ਅਤੇ ਅੰਬੈਸਡਰ ਕਾਰ ਨੰਬਰ PB 13 AW-7801 ਜੋ ਕਿ ਲੇਟ ਸ੍ਰੀ ਧਨਵੰਤ ਸਿੰਘ ਪੁੱਤਰ ਸ੍ਰੀ ਗੁਰਚਰਨ ਸਿੰਘ, ਵਾਸੀ ਪਿੰਡ ਮਾਨਵਾਲਾ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਪੰਜਾਬ ਦੇ ਨਾਮ ਪਰ ਰਜਿਸਟਰ ਹੈ, ਇਹ ਕਿ ਲੇਟ ਧਨਵੰਤ ਸਿੰਘ ਦੀ ਮੌਤ 11/06/2024 ਨੂੰ ਹੋ ਗਈ ਸੀ, ਹੁਣ ਉਨ੍ਹਾਂ ਦੀ ਪਤਨੀ ਸ੍ਰੀਮਤੀ ਰਾਜਵੰਤ ਕੌਰ ਪਤਨੀ ਸ੍ਰੀ ਧਨਵੰਤ ਸਿੰਘ, ਵਾਸੀ ਪਿੰਡ ਮਾਨਵਾਲਾ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਨੇ ਉਕਤ ਵਹੀਕਲਾਂ ਦੀ ਮਾਲਕੀ ਨੂੰ ਆਪਣੇ ਨਾਮ ਤਬਦੀਲ ਕਰਵਾਉਣ ਲਈ ਪੇਪਰ ਆਰ.ਟੀ.ਓ. ਦਫਤਰ ਵਿੱਚ ਪੇਸ਼ ਕੀਤੇ ਹਨ। ਉਕਤ ਵਹੀਕਲਾਂ ਨੂੰ ਸ੍ਰੀਮਤੀ ਰਾਜਵੰਤ ਕੌਰ ਪਤਨੀ ਸ੍ਰੀ ਧਨਵੰਤ ਸਿੰਘ, ਵਾਸੀ ਪਿੰਡ ਮਾਨਵਾਲਾ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਦੇ ਨਾਮ ਪਰ ਟਰਾਂਸਫਰ ਕਰਨ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ ਪੇਸ਼ ਕਰੋ। ਇਤਰਾਜ ਪੇਸ਼ ਨਾ ਹੋਣ ਦੀ ਸੂਰਤ ਵਿੱਚ ਉਕਤ ਵਹੀਕਲਾਂ ਨੂੰ ਸ੍ਰੀਮਤੀ ਰਾਜਵੰਤ ਕੌਰ ਪਤਨੀ ਸ੍ਰੀ ਧਨਵੰਤ ਸਿੰਘ, ਵਾਸੀ ਪਿੰਡ ਮਾਨਵਾਲਾ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਦੇ ਨਾਮ ਪਰ ਟਰਾਂਸਫਰ ਕਰ ਦਿੱਤਾ ਜਾਵੇਗਾ।

ਸਹੀ/ -ਰੀਜਨਲ ਟਰਾਂਸਪੋਰਟ ਅਫਸਰ, ਸੰਗਰੂਰ।

## PUBLIC NOTICE

It hereby informs to public at large that Sacha Sauda Medical Agencies has avail loan from AU SMALL FINANCE BANK LIMITED have its branch office at Mukherian. Hari Om S/o Preet Kumar owned Property measuring 5 Marla 3 Sarsahi comprising under Khasra No. 6//33 situated at Village Atalgarh, Tehsil Mukherian Distt. Hoshiarpur. That earlier Sale Deed No.584 dated 17.06.2021 is lost and not traceable. There is no third party interest involve in owner and title is clear. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised Loan by depositing the aforesaid document to any person/bank/corporation/ financial institution may approach the Lalit Kakkar (Advocate) Off. : Chamber No. 24, New Courts, Jalandhar. M.No. 98761-07449 and submit objection within 7 days from the date of this notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

## ਨਿਯੁਕਤੀ ਸੰਬੰਧੀ ਨੋਟਿਸ

ਦੀ ਚੱਕ ਛੱਪੜੀ ਵਾਲਾ ਬਹੁਮੰਤਵੀ ਖੇਤੀਬਾੜੀ ਸੇਵਾ ਸਭਾ ਲਿਮ: ਵਿੱਚ ਸੇਵਾਦਾਰ ਕੰਮ ਚੌਕੀਦਾਰ ਦੀ ਆਰਜ਼ੀ ਤੌਰ ਤੇ ਡੀ.ਸੀ. ਰੇਟਾਂ ਤੇ ਨਿਯੁਕਤੀ ਕੀਤੀ ਜਾਣੀ ਹੈ ਚਾਹਵਾਨ ਉਮੀਦਵਾਰ ਆਪਣੀਆਂ ਦਰਖਾਸਤਾਂ ਮਿਤੀ 25-07-2025 ਤੋਂ 25-08-2025 ਤੱਕ ਸਭਾ ਦੇ ਪ੍ਰਧਾਨ ਕੋਲ ਕਿਸੇ ਵੀ ਕੰਮਕਾਰ ਵਾਲੇ ਦਿਨ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਦਸਤੀ ਜਾਂ ਡਾਕ ਰਾਹੀਂ ਭੇਜ ਸਕਦਾ ਹੈ। ਅਸਾਮੀ ਭਰਨ ਦੇ ਸੰਬੰਧ ਵਿੱਚ ਇੰਟਰਵਿਊ 26-08-2025 ਨੂੰ ਸਭਾ ਦੇ ਦਫ਼ਤਰ ਵਿਖੇ ਕੀਤੀ ਜਾਵੇਗੀ। ਉਮੀਦਵਾਰ ਦੀ ਯੋਗਤਾ 10ਵੀਂ ਪਾਸ ਅਤੇ ਪੰਜਾਬੀ ਲਿਖਣੀ, ਬੋਲਣੀ ਅਤੇ ਪੜ੍ਹਨੀ ਜਾਣਦਾ ਹੋਵੇ ਅਤੇ ਸਭਾ ਦੇ 8 ਕਿਲੋਮੀਟਰ ਦੇ ਏਰੀਏ ਦੇ ਉਮੀਦਵਾਰ ਨੂੰ ਪਹਿਲ ਦਿੱਤੀ ਜਾਵੇਗੀ। ਸਹਿਕਾਰੀ ਸਭਾਵਾਂ ਦੇ ਕੰਮਕਾਰ ਦੇ ਤਜਰਬੇਕਾਰ ਉਮੀਦਵਾਰ ਨੂੰ ਤਰਜੀਹ ਦਿੱਤੀ ਜਾਵੇਗੀ ਅਤੇ ਉਮੀਦਵਾਰ ਦੀ ਉਮਰ 18 ਤੋਂ 35 ਸਾਲ ਹੋਣੀ ਚਾਹੀਦੀ ਹੈ। ਇਹ ਨਿਯੁਕਤੀ ਮਾਨਯੋਗ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ (ਚੰਡੀਗੜ੍ਹ) ਜੀ ਵੱਲੋਂ ਜਾਰੀ ਹਦਾਇਤਾਂ ਅਤੇ ਪੰਜਾਬ ਰਾਜ ਖੇਤੀਬਾੜੀ ਸਹਿਕਾਰੀ ਸਭਾ ਦੇ ਸਰਵਿਸ ਰੂਲਜ਼ 1997 ਦੇ ਅਨੁਸਾਰ ਕੀਤੀ ਜਾਵੇਗੀ। ਸਲੈਕਸ਼ਨ ਕਮੇਟੀ ਦਾ ਫ਼ੈਸਲਾ ਅੰਤਿਮ ਹੋਵੇਗਾ।

ਸਹੀ :- ਸਕੱਤਰ ਸਭਾ, ਦੀ ਚੱਕ ਛੱਪੜੀ ਵਾਲਾ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ: ਤਹਿਸੀਲ ਜਲਾਲਾਬਾਦ ਜ਼ਿਲ੍ਹਾ ਫਾਜ਼ਿਲਕਾ

## COURT NOTICE

(U/o 5 Rule 20 CPC)
In The Court of
**Sh. Jasvir Singh**
Additional Principal Judge
Family Court-II, Jalandhar
CNR No. PBJL01-017266-2024
Next Date:- 27-08-2025
Simranjit Singh Hundal
Vs.
Jeewanjot Kaur
Publication Issued To:
Jeewanjot Kaur W/o Simranjit Singh Hundal D/o Rasal Singh R/o House No. L-2/503 Gurnam Nagar Sultanwind Road, Amritsar.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 27-08-2025 at 10:00 a.m.

For details logon to https://highcourtchd.gov.in/?mod=district_notice&district=Jalandhar

Additional Principal Judge
Family Court-II Jalandhar
Dated, this day of 22-07-2025

## COURT NOTICE

(U/o 5 Rule 20 CPC)
In The Court of
**Ms. Muskaan**
Civil Judge (Junior Division), Ludhiana
CNR No. PBLD02-009313-2024
Next Date:- 19-08-2025
Punjab State Power Corporation Limited
Vs.
Harbhajan Singh
Publication Issued To:
Harbhajan Singh
R/O 153G Block D, Diary Complex, Ldh.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 19-08-2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division)
Ludhiana
Dated this day of 22-07-2025

## COURT NOTICE

(U/o 5 Rule 20 CPC)
In The Court of
Sh. Jagmohan Singh Sanghe
Principal Judge, Family Court, Jalandhar
DMC/2045/2024
CNR No. PBJL01-015140-2024
Next Date:- 09-09-2025
Amandeep Kaur W/O Kulwinder Pal Singh D/o Harwinder Singh Address : VPO Kalra Adampur Jalandhar
Vs.
Kulwinder Pal Singh S/o Rajinder Singh Address:229 Basant Vihar Near BDO Block Bhogpur Jalandhar Petition Under Section 13 of Hindu Marriage Act For dissolution of Marriage by a decree of divorce.
Publication Issued To :
Kulwinder Pal Singh
Father : Rajinder Singh
229 Basant Vihar Near BDO Block Bhogpur Jalandhar

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 09-09-2025 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge, Family Court
Jalandhar
Dated, this day of 24-07-2025

# ਕਲਾਸੀਫਾਈਡ ਇਸ਼ਤਿਹਾਰ

## Change of Name

I, Sunita Devi wife of Baljinder Singh resident of Village Sagranwali, PO. Bhatnura Lubana, District Jalandhar, Punjab state that I have changed my name from Sunita Devi to Amarjit Kaur. All concerned note.

I, Jasbir Singh S/o Ajit Singh Village Argowal,Tehsil Dasuya, Distt. Hoshiarpur, Punjab declare that i have changed my name from Jasbir Singh to Jasvir Singh. Concerned note.

I, Jasbir Kaur W/o Jasvir Singh Village Argowal,Tehsil Dasuya, Distt. Hoshiarpur, Punjab declare that i have changed my name from Jasbir Kaur to Jasvir Kaur. Concerned note.

I, Sarsa Ram S/o Lal Chand R/o BX-1126, Lamba Pind,Tehsil & Distt. Jalandhar have changed my daughter name from Prabhjot to Prabhjot Kaur. Please note.

I, Sarsa Ram S/o Lal Chand R/o BX-1126, Lamba Pind,Tehsil & Distt. Jalandhar have changed my daughter name from Khushman to Khushman Kaur. Please note.

I, Amanpreet Singh (old name) S/o S. Makhan Singh VPO. Dhaliwal, Tehsil Nakodar, Distt. Jalandhar (Pb.) have declare that changed my name to Amanpreet and my surname is Singh. Please concerned note. (12305)

I, Suman Chodhari W/o Pawan Kumar R/o VPO Malakpur Tehsil Pathankot Distt. Gurdaspur Punjab have changed my name from Suman Chodhari to Suman Choudhary. Concerned note.

I, Mamta W/o Vinod Kumar R/o H.No. 3, Inside Islamabad, Prem Nagar, Amritsar, Punjab have changed my name from Mamta to Mamta Rani.

I, Gurjant Singh S/o Harjinder Singh R/o Daburji, Amritsar, Punjab-143601 have changed my name from Gurjant Singh to Singh is my surname and Gurjant is my given name.

I, Rajbeer Kaur W/o Inder Jit Singh R/o Vill. Sohian, P.O. Kurala, Distt. Hoshiarpur, Punjab, declare my given name as Rajbeer and my surname as Kaur. Please note.

I Jasvir Kaur Bajaj D/o Narinder Singh W/o Jatinder Singh Bajaj R/O H.No.1189, St. No. 9, Baba Budha Ji Nagar, PO. Dakoha Jalandhar Punjab 144023 Have changed my name from Jasvir Kaur to Jasvir Kaur Bajaj

I Ajay S/o Mahinder Singh R/o VPO Talwandi Madho , PS Shahkot, Jalandhar, Punjab, have changed my name from Ajay to Ajay Mattu , in which given name Ajay and Mattu is my surname . All concerned please note.

I Rajvir Kaur D/o Parminder Singh R/o Vill. Bolewal, PO Munak Kalan, Hoshiarpur, Punjab, have changed my name from Rajbir Kaur to Rajvir Kaur Sharma, in which given name Rajvir Kaur and Sharma is my surname . All concerned please note.

I, Balak Roop s/o Piara Lal R/o H.No. W.N. 352, Katra Mohalla, Basti Danishandan, Jalandhar, have changed my name from Balak Roop to Balak Rup.

I, Sweety Verma D/o Satish Chand Verma W/o Sunil Kumar Sharma R/o H.No.96, East End Estate, Near Sant Avenue, Opp Mall of Amritsar, Amritsar have changed my name from Sweety Verma to Sweety Sunil Kumar Sharma

I, Sunil Kumar S/o Vishwa Nath R/o H.No.96, East End Estate, Near Sant Avenue, G.T Road, Amritsar have changed my name from Sunil Kumar to Sunil Kumar Sharma

I, Sunil Kumar Arora S/o Sita Ram Arora R/o H.No.8-A, Dasonda Singh Road, Amritsar have changed my name from Sunil Kumar Arora to Sunil Arora

I, Amritpal Singh S/o Jagdish Singh R/o Village Mohleke, P.O. Mudh Khokhar, Tehsil Ajnala District Amritsar have declared that Singh is my surname and Amritpal is my given name.

I Neetu Arora W/o Manmeet Singh R/o H No. 95, Lane 6-B, Sahibzada Jujhar Singh Avenue, Airport, Amritsar. I have changed my name after marriage Neetu Arora to Navneet Kaur all concerned please note.

I, Sheetal Devi W/o Atinder Singh R/o Vill. Bhura Kohna Tehsil Patti Distt. Tarn Taran have changed my name to Sheetal Gill

I, Harpreet Singh S/o Gurmeet Singh R/o Village Joianwala Tehsil Zira Po Waryam Singh Ferozepur have declare that Harpreet is my Given name and Singh is my Surname.

I, Pallavi and Palvi W/o Ashwani Kumar R/o 117, Ram Tirath Road, New Colony, Amritsar have declare that above both names are mine one and same person.

I, Sunil Kumar, S/o Raj Kumar, R/o H.No. 407, St.No. 11, Tagore Nagar, Jalandhar, have changed my name from Sunil Kumar to Kumar Sunil. Now, my given name is Sunil and my surname is Kumar. All concerned are requested to note this change.

I, NAVJOT wife of Surjit Singh, R/o VPO Saiflabad, District Kapurthala, Punjab, declare that I have changed my name from NAVJOT to NAVJOT KAUR. All Concerned my note please.

I, Navdeep Singh S/o Balbir Singh R/o H.No. 97/1, Ward No. 42, Shastri Nagar, P.O. Basti Guzan, Jalandhar, Punjab-144002 changed name of my minor daughter Tanishka aged 5 years to Tanishka Singh.

I, Sukhvir Singh s/o Manjit Singh r/o Vill. Ralhan, Po. Khudda, Ralhan, Hoshiarpur, Punjab-144305 have changed my name and shall hereafterbe known as Singh Sukhvir. All Please Note.

I, Rakesh Kumar s/o Hira Lal r/o H.No.3, Gali No. 1, New Suraj Ganj, Po. Model Town, Jalandhar (PB) have changed my name from Rakesh Kumar to Rakesh Verma. All Please Note.

I, Tarandeep Singh Bindra S/o Inderjeet Singh R/o H.No. 53/B, Baba Balak Nath Mohalla, Kathera Chowk, Phagwara, Distt. Kapurthala have changed my name from Tarandeep Singh Bindra to Tarandeep Singh. All Please Note.

## Change of Name

I, Lata Uppal Alias Gurbax Lata W/o Tara Chand Uppal R/o Mohalla Uppalan, Sultanpur Lodhi, Distt. Kapurthala (144626) Punjab have changed my name to Lata Uppal. All Please Note.

I, Bhupinder Kaur W/o Madan Lal R/o Golden Colony, Phase-1, Jalandhar declare that the names Jagir Kaur and Jaswinder Kaur are of one and the same peron i.e. my deceased mother.

I, Ram Parkash S/o Narain Dass R/o H.No.920, B-1 Kumharan Wali Gali Bahadurpur, Hoshiarpur have changed my name from Ram Parkash to Ram Parkash Sethi. All Please Note.

I, Rajni Bala W/o Karnail Singh R/o H.No. 1061, Mithu Basti, Po. Basti Guzan, Distt. Jalandhar-144002, Punjab have changed my name from Rajni Bala to Rajni Kaur. All Please Note.

I, Parmjit Singh S/o Karnail Singh R/o Village Hukran, Tehsil & District Hoshiarpur, Punjab have changed my name from Parmjit Singh to Paramjit Singh. Concerned Note. (R)

I Mamta D/o Major Singh R/o Vill. Rauli PO Mehatpur, Teh. Nakodar , Jalandhar, Punjab, have changed my name from Mamta to Mamta Sidhu , in which given name Mamta and Sidhu is my surname. All concerned please note.

I Jagroop S/o Mejar Singh R/o Vill. Rauli PO Mehatpur, Teh.. Nakodar , Jalandhar, Punjab, have changed my name from Jagroop to Jagroop Sidhu , in which given name Mamta and Sidhu is my surname. All concerned please note.

I, Chander Rekha W/O Gurpreet Singh , R/o Naru Nangal Khas, Hoshiarpur Punjab- 146102. have changed my name and shall hereafter be Known as Charanjeet Kaur.

I, Meena Kumari w/o Kamaljit Kamal r/o Village Wariana, Distt. Jalandhar have chnaged my minor son's name from Anurag to Anurag Rahil. All concerned please note.

I, Gurpreet Singh Miglani son of Amarjit Singh resident VPO. Jamsher Khas, Distt. Jalandhar have changed my name to Gurpreet Singh. All concerned please note.

I Kuldeep Singh S/O Bhajan Singh R/o village Dhardeo,Tehsil Baba bakala Sahib, district Amritsar Punjab India have changed my name as Kuldeep Singh Randhawa. Note it.

## PUBLIC NOTICE

I, MOHINDER SINGH S/o Sadhu Singh, R/o Vijay Nagar, Jalal Bhulana, District Kapurthala, Punjab, declare that my son RAMANDEEP SINGH and his wife PAWANDEEP KAUR are out of my control. They both make dispute with me and my family. I disinherit my son and his wife from all my moveable and immovable property. Any person deals with my said son and his wife he will do so at his own risk.

I, Joginder Singh S/o Tarlok Singh R/o VPO. Lasara, Tehsil Phillaur, Distt. Jalandhar, declare that my son Swarn Singh and his wife Swarn Kaur and their children Harleen Kaur and Manbir Singh and my another son Kashmir Singh and their children Parneet Kaur and Gurmanjot Singh they are out of my control. I disinherit him from my movable and immovable properties. I and my family members shall not be held responsible for any kind of dealings done with them. All Please Note.

I, Fariad Rattan S/o Mohtaj Ali R/o VPO. Manak Dheri, District Hoshiarpur, Punjab declare that my son Arman Rattan is out of my control. So I disinherit him from all my moveable and Immoveable properties. Anybody dealing with him at their own risk & responsibility. I and my family will not have any responsibility. All concerned please note.

## ਆਮ ਸੂਚਨਾ

ਮਹਿੰਦਰ ਸਿੰਘ ਪੁੱਤਰ ਅਰਜਨ ਸਿੰਘ, ਪੱਤੀ ਪੱਲ੍ਹਾ ਬੁਤਾਲਾ ਨਾਮ ਚੱਲਦਾ ਟਿਊਬਵੈਲ ਕੁਨੈਕਸ਼ਨ ਜੀ-27/2354 ਨੂੰ ਮਨਜਿੰਦਰ ਸਿੰਘ ਪੁੱਤਰ ਮਹਿੰਦਰ ਸਿੰਘ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ 15 ਦਿਨਾਂ ਅੰਦਰ ਦਫਤਰ ਪਾਵਰਕਾਮ ਬਾਬਾ ਬਕਾਲਾ ਸਾਹਿਬ ਪੁੱਜਣ।

ਮੈਂ ਮੂਰਤੀ ਦੇਵੀ ਪਤਨੀ ਲੇਟ ਸ੍ਰੀ ਅਮਰੀਕ ਸਿੰਘ ਵਾਸੀ ਸੁੰਦਰ ਬਸਤੀ ਪਾਤੜਾਂ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ ਬਿਆਨ ਕਰਦੀ ਹਾਂ ਕਿ ਮੇਰੇ ਪਤੀ ਅਮਰੀਕ ਸਿੰਘ ਪੁੱਤਰ ਸ੍ਰੀ ਕਰਨੈਲ ਸਿੰਘ ਦੇ ਨਾਂਅ 'ਤੇ ਮਹਿੰਦਰਾ ਪਿੱਕ-ਕੱਪ ਗੱਡੀ, ਜਿਸ ਦਾ ਰਜਿਸਟਰੇਸ਼ਨ ਨੰਬਰ PB11BR7798 ਹੈ। ਮੇਰੀ ਪਤੀ ਅਮਰੀਕ ਸਿੰਘ ਦੀ ਮਿਤੀ 09.05.2025 ਨੂੰ ਮੌਤ ਹੋ ਚੁੱਕੀ ਹੈ। ਮੇਰੀ ਪਤੀ ਦੀ ਮੌਤ ਤੋਂ ਬਾਅਦ ਇਸ ਦੀ ਅਸਲ ਕਾਨੂੰਨੀ ਵਾਰਸ ਮੈਂ ਹਾਂ ਅਤੇ ਉਕਤ ਗੱਡੀ ਟਰਾਂਸਫਰ ਕਰਨ ਸੰਬੰਧੀ ਨੋਟਿਸ ਦੇ ਰਹੀ ਹਾਂ।

ਮੈਂ, ਸਤਨਾਮ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਕਮਾਲਪੁਰ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਮੇਰਾ ਲੜਕਾ ਗਗਨਦੀਪ ਸਿੰਘ ਹੈ। ਮੈਂ ਉਨ੍ਹਾਂ ਨੂੰ ਆਪਣੀ ਕੁਲ ਚੱਲ ਤੇ ਅੱਚਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ, ਪਰ ਹੁਣ ਉਹ ਮੇਰੇ ਕਹਿਣੇਕਾਰ ਵਿਚ ਹੈ। ਮੈਂ ਉਸ ਦੀ ਬੇਦਖਲੀ ਕੈਂਸਲ ਕਰ ਦਿੱਤੀ ਹੈ। ਉਹ ਮੇਰੀ ਜਾਇਦਾਦ ਦਾ ਪੂਰਾ ਹੱਕਦਾਰ ਅਤੇ ਮਾਲਕ ਵਾਰਸ ਹੋਵੇਗਾ।

ਮੈਂ, ਅਸ਼ਵਨੀ ਕੁਮਾਰ ਪੁੱਤਰ ਗੁਰਮੀਤ ਲਾਲ ਵਾਸੀ ਮਕਾਨ ਨੰ. 143, ਨਿਊ ਅਬਾਦੀ ਜੱਟਪੁਰਾ, ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਨੀਰਜ ਵਰਮਾ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਮਿਤੀ 15-02-2014 ਨੂੰ ਅੱਜ ਦੀ ਅਵਾਜ਼ ਅਖ਼ਬਾਰ ਵਿੱਚ ਦਿੱਤੇ ਇਸ਼ਤੇਹਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਨੀਰਜ ਵਰਮਾ ਮੇਰੇ ਕਹਿਣੇ ਵਿੱਚ ਹੈ। ਮੈਂ ਇਸ ਦੀ ਬੇਦਖਲੀ ਵਾਪਿਸ ਲੈਂਦਾ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦਾ ਵਾਰਿਸ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਮੀਨੂ ਪੁੱਤਰੀ ਸੋਮ ਲਾਲ ਵਾਸੀ ਮੁਹੱਲਾ ਕੋਟ ਰਾਮ ਦਾਸ, ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰੀ ਭੈਣ ਪਰਮਜੀਤ ਕੌਰ ਪੁੱਤਰੀ ਸੋਮ ਲਾਲ ਸਾਡੇ ਕਹਿਣੇ ਕਾਰ ਨਹੀਂ। ਉਸ ਦਾ ਮੇਰਾ ਅਤੇ ਮੇਰੇ ਪਰਿਵਾਰ ਨਾਲ ਕੋਈ ਰਿਸ਼ਤਾ ਨਹੀਂ। ਉਹਨਾ ਦੇ ਲੈਣ ਦੇਣ ਦੀ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਜੀਤ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਪਿੰਡ ਪੁਰੋਵਾਲ ਜੱਟਾਂ, ਡਾਕਖਾਨਾ ਧਾਰੀਵਾਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਦਿਲਬਾਗ ਸਿੰਘ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਨਾਮ ਬਦਲੀ

मैं नज़राना सपुत्री मोहम्मद सादिर मकान नं. 3077/7, नज़दीक बस स्टैंड, ज़िला जालंधर में घोषणा करती हू कि मैं अपना नाम नज़राना से बदल कर नज़राना खातून किया है। सम्बंधित नोट करें।

## ਨਾਂਅ ਦੀ ਬਦਲੀ

ਮੈਂ ਮਨਜੀਤ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਬੱਡੋਂ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਨੇ ਆਪਣੇ ਨਾਬਾਲਗ ਪੁੱਤਰ ਰਿਤਿਕ ਦਾ ਨਾਮ ਬਦਲ ਕੇ ਰਿਤਿਕ ਕੋਰੋਟਾਨਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈ ਬਲਵੀਰ ਸਿੰਘ ਪੁੱਤਰ ਮੋਹਨ ਲਾਲ ਵਾਸੀ ਪਿੰਡ ਤੇ ਡਾਕਖਾਨਾ ਬੱਡੋਂ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਨਾਬਾਲਗ ਪੁੱਤਰ ਮਾਈਕਲ ਦਾ ਨਾਮ ਬਦਲ ਕੇ ਮਾਈਕਲ ਸੁੰਡਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਹਰਬੰਸ ਸਿੰਘ ਕਲੇਰ ਉਰਫ਼ ਰੁਲਦੂ ਸਿੰਘ ਪੁੱਤਰ ਮੁਕੰਦ ਸਿੰਘ ਵਾਸੀ ਗੰਗੋਹਰ (ਬਰਨਾਲਾ) ਬਿਆਨ ਕਰਦਾ ਹਾਂ ਕਿ ਮੈਨੂੰ ਹਰਬੰਸ ਸਿੰਘ ਕਲੇਰ ਉਰਫ਼ ਰੁਲਦੂ ਸਿੰਘ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਮੇਰੇ ਇਹ ਦੋਵੇਂ ਨਾਂਅ ਪੂਰੀ ਤਰ੍ਹਾਂ ਸਹੀ ਵਾ ਦਰੁਸਤ ਹਨ।

ਮੈਂ, ਬਲਵਿੰਦਰ ਕੌਰ ਪਤਨੀ ਰੇਸ਼ਮ ਲਾਲ ਵਾਸੀ ਪਿੰਡ ਤਲਵੰਡੀ ਭਰੋ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ (ਪੰਜਾਬ) ਨੇ ਵਿਆਹ ਤੋਂ ਬਾਅਦ ਆਪਣਾ ਨਾਂਅ ਬਦਲ ਕੇ ਬਲਜਿੰਦਰ ਕੌਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਨਰੇਸ਼ ਕੁਮਾਰ ਪੁੱਤਰ ਲਾਲ ਚੰਦ ਵਾਸੀ ਮਕਾਨ ਨੰ: BX 1295, ਉਪਕਾਰ ਨਗਰ, ਲੰਮਾ ਪਿੰਡ, ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਲਵਪ੍ਰੀਤ ਦਾ ਨਾਂਅ ਬਦਲ ਕੇ ਲਵਪ੍ਰੀਤ ਰੱਲ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ, ਨਰੇਸ਼ ਕੁਮਾਰ ਪੁੱਤਰ ਲਾਲ ਚੰਦ ਵਾਸੀ ਮਕਾਨ ਨੰ: BX 1295, ਉਪਕਾਰ ਨਗਰ, ਲੰਮਾ ਪਿੰਡ, ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਲੜਕੀ ਕਿਰਨਦੀਪ ਦਾ ਨਾਂਅ ਬਦਲ ਕੇ ਕਿਰਨਦੀਪ ਕੌਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਰਣਧੀਰ ਸਿੰਘ ਪੁੱਤਰ ਸੰਤੋਖ ਸਿੰਘ ਪਿੰਡ ਮਿੱਡਾ ਹਾਜੀ ਜਿਲਾ ਤੇ ਤਹਿਸੀਲ ਫਿਰੋਜ਼ਪੁਰ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਰਣਜੀਤ ਸਿੰਘ ਰਾਣਾ ਉਮਰ ਲਗਭਗ 25 ਸਾਲ ਜੋ ਮਾੜੀ ਸੰਗਤ ਵਿੱਚ ਪੈ ਗਿਆ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਨਿਰਮਲਾ ਦੇਵੀ ਪਤਨੀ ਰਮੇਸ਼ ਵਾਸੀ ਮਕਾਨ ਨੰ.5026, ਪਿੰਡ ਮਾਹਲ, ਜ਼ਿਲ੍ਹਾ ਅੰਮ੍ਰਿਤਸਰ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਿਸ਼ੋਰ ਕੁਮਾਰ ਅਤੇ ਉਸਦੀ ਪਤਨੀ ਵੀਨਾ ਤੇ ਇਨ੍ਹਾਂ ਦੇ ਬੱਚੇ ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹਨ, ਆਪਣੀ ਮਨ ਮਰਜੀਆਂ ਕਰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਸਾਰਿਆਂ ਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਤੇ ਮੇਰਾ ਪਰਿਵਾਰ ਦਾ ਉਨ੍ਹਾਂ ਸਭ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਸੇਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਚੱਠਾ ਨਨਹੇੜਾ ਤਹਿਸੀਲ ਸੁਨਾਮ ਜ਼ਿਲਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਇੰਦਰਜੀਤ ਸਿੰਘ ਜੋ ਕਿ ਮੇਰੇ ਕਹਿਣੇ ਤੋ ਬਾਹਰ ਹੈ ਅਤੇ ਮੇਰੀ ਕੋਈ ਗੱਲ ਨਹੀ ਮੰਨਦਾ ਹੈ। ਇਸ ਲਈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ, ਇਸ ਨਾਲ ਲੈਣ ਦੇਣ ਕਰਨ ਵਾਲਾ ਹਰ ਵਿਕਅਤੀ ਖੁਦ ਜੁੰਮੇਵਾਰ ਹੋਵੇਗਾ। ਇਸ ਵਿੱਚ ਮੇਰੀ ਜਾ ਮੇਰੇ ਪਰਿਵਾਰ ਦੀ ਕੋਈ ਵੀ ਜੁੰਮੇਵਾਰੀ ਨਹੀ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਬਲਵਿੰਦਰ ਕੌਰ ਪਤਨੀ ਕੁਲਦੀਪ ਸਿੰਘ ਵਾਸੀ ਮਕਾਨ ਨੰਬਰ 1765 ਮੁਹੱਲਾ ਸੁੰਦਰ ਨਗਰ, ਨਕੋਦਰ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਬੇਟਾ ਤਰਲੋਚਨ ਸਿੰਘ ਅਤੇ ਮੇਰੀ ਨੂੰਹ ਅਮਨਜੋਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਾਨੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕਮਲਾ ਦੇਵੀ ਪਤਨੀ ਤਿਲਕ ਰਾਜ ਵਾਸੀ ਮਕਾਨ ਨੰਬਰ 64, ਗਾਂਧੀ ਨਗਰ, ਜਲੰਧਰ-1, ਚੌਗਿੱਟੀ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੇ ਲੜਕੇ ਸਤੀਸ਼ ਕੁਮਾਰ ਅਤੇ ਉਸ ਦੀ ਪਤਨੀ ਕਵਿਤਾ ਅਤੇ ਸਨਦੀਪ ਕੁਮਾਰ ਅਤੇ ਉਸ ਦੀ ਪਤਨੀ ਅਨੀਤਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਸਰਕਾਰ ਬਾਬਾ ਤਿਲਕ ਸ਼ਾਹ ਦੇ ਦਰਬਾਰ 'ਤੇ ਸੇਵਾ ਤੇ ਮੇਲਾ ਕਰਵਾਉਂਦੀ ਹਾਂ। ਮੇਰੀ ਮੌਤ ਤੋਂ ਬਾਅਦ ਜੇ ਮੇਰੇ ਲੜਕੇ ਲੜਾਈ-ਝਗੜਾ ਕਰਦੇ ਹਨ ਤਾਂ ਮੇਰੀ ਸਾਰੀ ਜਾਇਦਾਦ ਡੇਰਾ ਸਰਕਾਰ ਬਾਬਾ ਤਿਲਕ ਸ਼ਾਹ ਦੇ ਅੰਡਰ ਕੀਤੀ ਜਾਵੇ।

ਅਸੀਂ ਸਤਨਾਮ ਸਿੰਘ ਪੁੱਤਰ ਹਰੀ ਸਿੰਘ ਅਤੇ ਸਪਨਾ ਪਤਨੀ ਸਤਨਾਮ ਸਿੰਘ ਵਾਸੀ 60/ਡੀ/127, ਗਲੀ ਫੱਮੇ ਵਾਲੀ, ਪੁਰਾਣਾ ਭੱਠਾ, ਫਖਈ, ਅੰਮ੍ਰਿਤਸਰ ਆਪਣੇ ਪੁੱਤਰ ਸ਼ੁਭਮ ਜੋ ਸਾਡੇ ਕਹਿਣੇ ਵਿਚ ਨਹੀਂ, ਇਸਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀ ਕਿਰਪਾਲ ਸਿੰਘ ਪੁੱਤਰ ਅਰਜਨ ਸਿੰਘ ਵਾ ਰਾਜ ਕੌਰ ਪਤਨੀ ਕਿਰਪਾਲ ਸਿੰਘ ਵਾਸੀ ਦੋਦੜਾ ਜ਼ਿਲ੍ਹਾ ਮਾਨਸਾ, ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪਰਗਟ ਸਿੰਘ ਅਤੇ ਉਸਦੀ ਪਤਨੀ ਕੋਮਲ ਕੌਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਸਾਡੀ ਕੋਈ ਗੱਲ ਨਹੀ ਮੰਨਦੇ ਹਨ। ਇਸ ਲਈ ਅਸੀ ਇਨ੍ਹਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ, ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਹਰ ਵਿਕਅਤੀ ਖੁਦ ਜੁੰਮੇਵਾਰ ਹੋਵੇਗਾ। ਇਸ ਵਿੱਚ ਸਾਡੀ ਜਾ ਸਾਡੇ ਪਰਿਵਾਰ ਦੀ ਕੋਈ ਵੀ ਜੁੰਮੇਵਾਰੀ ਨਹੀ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ ਸ਼ਿਵ ਕੁਮਾਰ ਪੁੱਤਰ ਰਾਮ ਰਾਜ ਅਤੇ ਮਾਲਤੀ ਦੇਵੀ ਪਤਨੀ ਸ਼ਿਵ ਕੁਮਾਰ ਵਾਸੀਆਨ ਨੇੜੇ ਵਾਟਰ ਪੰਪ, ਸ਼ਿਵ ਕਲੋਨੀ, ਅੰਜੋਲਾ ਫਾਟਕ, ਜ਼ਿਲ੍ਹਾ ਕਪੂਰਥਲਾ ਘੋਸ਼ਣਾ ਕਰਦੇ ਹਾਂ ਕਿ ਸਾਡਾ ਲੜਕਾ ਅਜਾਦ ਕੁਮਾਰ ਅਤੇ ਉਸਦੀ ਪਤਨੀ ਪੂਨਮ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਆਪਣੇ ਉਕਤ ਲੜਕੇ ਅਤੇ ਨੂੰਹ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਗੁਰਸੇਵਕ ਸਿੰਘ ਪੁੱਤਰ ਬਲਬੀਰ ਸਿੰਘ ਵਾਸੀ ਮਕਾਨ ਨੰਬਰ154, ਪਿੰਡ ਗੁਮਟਾਲਾ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦੇ ਕਿਸੇ ਵੀ ਮੈਂਬਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਚਰਨਜੀਤ ਕੌਰ ਪਤਨੀ ਲੇਟ ਸ੍ਰੀ ਸੁਖਵਿੰਦਰ ਸਿੰਘ ਵਾਸੀ ਮਕਾਨ ਨੰਬਰ 89, ਗਲੀ ਨੰਬਰ 06 ਸ਼ਹੀਦ ਊਧਮ ਸਿੰਘ ਨਗਰ ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕੁਲਵਿੰਦਰ ਸਿੰਘ ਵਾ ਉਸ ਦੀ ਪਤਨੀ ਕਵਲਜੀਤ ਕੌਰ ਅਤੇ ਇਨ੍ਹਾਂ ਦੇ ਬੱਚੇ ਲੜਕਾ ਜੋਤਦੀਪ ਸਿੰਘ, ਲੜਕੀਆਂ ਜਸ਼ਨਪ੍ਰੀਤ ਕੌਰ ਅਤੇ ਰਹਿਮਤ, ਜੋ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੀਆਂ ਲੜਕੀਆਂ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਬਿੰਦਰ ਕੁਮਾਰੀ ਪਤਨੀ ਲੇਟ ਰਾਜ ਕੁਮਾਰ ਵਾਸੀ ਧੁੱਪਸੜੀ ਹਾਲ ਵਾਸੀ ਗਾਂਧੀ ਨਗਰ ਕੈਂਪ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਸ਼ੀਸ਼ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਅਸੀਂ, ਸੁਰੇਸ਼ ਕੁਮਾਰ ਪੁੱਤਰ ਮਹਾਂਬੀਰ ਪ੍ਰਸਾਦ ਅਤੇ ਨੀਲਮ ਪਤਨੀ ਸੁਰੇਸ਼ ਕੁਮਾਰ ਵਾਸੀ 135, ਆਰਦਸ਼ ਨਗਰ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਕਾਂਤੀ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਉਸ ਨੇ ਆਪਣੀ ਮਰਜ਼ੀ ਨਾਲ ਸ਼ਾਦੀ ਕਰ ਲਈ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਅਸੀਂ ਇਸ ਨਾਲੋਂ ਆਪਣੇ ਸਾਰੇ ਸੰਬੰਧ ਖਤਮ ਕਰ ਰਹੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਸਕੂਲ ਬੱਸ ਪਲਟੀ, ਕਈ ਬੱਚੇ ਹੋਏ ਜ਼ਖ਼ਮੀ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬਟਾਲਾ ਦੇ ਇੱਕ ਨਿੱਜੀ ਸਕੂਲ ਦੀ ਬੱਸ ਜਦੋਂ ਬੱਚਿਆਂ ਨੂੰ ਲੈ ਕੇ ਡੱਲਾ ਮੋੜ ਤੋਂ ਕਾਦੀਆਂ ਵੱਲ ਨੂੰ ਰਵਾਨਾ ਹੋਈ ਤਾਂ ਅੱਗੇ ਸੜਕ ਖਰਾਬ ਹੋਣ ਕਰਕੇ ਡਰਾਈਵਰ ਨੇ ਬੱਸ ਨੂੰ ਲੀਲ ਕਲਾਂ ਰੋਡ 'ਤੇ ਚਾੜ੍ਹ ਲਿਆ। ਇਹ ਸੜਕ ਇੱਟਾਂ ਦੀ ਬਣੀ ਹੋਈ ਸੀ ਅਤੇ ਬਾਰਿਸ਼ ਹੋਣ ਕਰਕੇ ਇਹ ਰਸਤਾ ਖਰਾਬ ਸੀ। ਪਰ ਡਰਾਈਵਰ ਨੇ ਸ਼ਾਰਟਕਟ ਮਾਰਨ ਦੇ ਚੱਕਰ ਵਿੱਚ ਇਸੇ ਰਸਤੇ ਤੋਂ ਜਾਣਾ ਠੀਕ ਸਮਝਿਆ। ਜਦ ਬੱਸ ਅੱਧੇ ਰਸਤੇ 'ਤੇ ਪਹੁੰਚੀ ਤਾਂ ਖੇਤਾਂ ਵਿੱਚ ਪਲਟ ਗਈ। ਜਿਸ ਨਾਲ ਬੱਚਿਆਂ ਵਿੱਚ ਅਫਰਾਤਫਰੀ ਮਚ ਗਈ। ਇਸ ਬੱਸ ਵਿੱਚ ਤਕਰੀਬਨ 20 ਤੋਂ 25 ਬੱਚੇ ਦੱਸੇ ਜਾ ਰਹੇ ਹਨ। ਜਿਨ੍ਹਾਂ ਨੂੰ ਪਿੰਡ ਵਾਸੀਆਂ ਦੀ ਮਦਦ ਨਾਲ ਕੱਢਿਆ ਗਿਆ। ਇਸ ਹਾਦਸੇ ਵਿੱਚ ਕਈ ਬੱਚੇ ਗੰਭੀਰ ਜ਼ਖ਼ਮੀ ਹੋਏ। ਲੋਕਾਂ ਦਾ ਕਹਿਣਾ ਹੈ ਕਿ ਸਕੂਲ ਪ੍ਰਬੰਧਕਾਂ ਵੱਲੋਂ ਇਹ ਵੱਡੀ ਅਣਗਹਿਲੀ ਹੈ ਅਤੇ ਹਾਦਸਾ ਹੋਣ ਦੇ ਬਾਅਦ ਕਿਸੇ ਵੀ ਰਾਹਤ ਸੁਵਿਧਾ ਲੈਣ ਲਈ ਕਿਸੇ ਨੂੰ ਫੋਨ ਨਹੀਂ ਕੀਤਾ ਗਿਆ। ਸਗੋਂ ਪਿੰਡ ਵਾਸੀਆਂ ਨੇ ਵੱਧ ਚੜ੍ਹ ਕੇ ਬਚਾਅ ਦਾ ਕੰਮ ਕੀਤਾ। ਕੁਝ ਦਿਨ ਪਹਿਲਾਂ ਵੀ ਗੁਰਦਾਸਪੁਰ ਪਠਾਨਕੋਟ ਦੇ ਲਾਗੇ ਇੱਕ ਬੱਸ ਪਲਟੀ ਸੀ, ਜਿਸ ਵਿੱਚ ਕਈ ਬੱਚੇ ਸਵਾਰ ਸੀ।ਸਥਾਨਕ ਲੋਕਾਂ ਮੰਗ ਕੀਤੀ ਹੈ ਕਿ ਸਕੂਲ ਪ੍ਰਬੰਧਕਾਂ ਨੂੰ ਸਖਤ ਹਦਾਇਤਾਂ ਕਰਨੀਆਂ ਚਾਹੀਦੀਆਂ ਹਨ ਕਿ ਜਿਹੜੇ ਵੀ ਡਰਾਈਵਰ ਆਪਣੀਆਂ ਮਨਮਰਜ਼ੀਆਂ ਕਰਦੇ ਹਨ ਉਹਨਾਂ ਦੇ ਖਿਲਾਫ ਕਾਰਵਾਈ ਕੀਤੀ ਜਾਵੇ ਤਾਂ ਜੋ ਆਉਣ ਵਾਲੇ ਸਮਿਆਂ ਵਿੱਚ ਕੋਈ ਵੀ ਅਜਿਹਾ ਹਾਦਸਾ ਨਾ ਵਾਪਰ ਸਕੇ। ਕੁਝ ਬੱਚੇ ਜ਼ਖਮੀ ਹੋਏ ਸਨ ਜਿਨਾਂ ਨੂੰ ਤੁਰੰਤ ਇਲਾਜ ਦੇ ਲਈ ਹਸਪਤਾਲ ਲਿਜਾਇਆ ਗਿਆ। ਸਥਾਨਕ ਲੋਕਾਂ ਨੇ ਦੱਸਿਆ ਕਿ ਕਾਦੀਆਂ ਸ਼ਹਿਰ ਦੀਆਂ ਅਤੇ ਪਿੰਡਾਂ ਦੀਆਂ ਅਨੇਕਾਂ ਲਿੰਕ ਸੜਕਾਂ 'ਚ ਡੂੰਘੇ ਟੋਏ ਪਏ ਹੋਏ ਹਨ ਅਤੇ ਬਰਸਾਤੀ ਪਾਣੀ ਇਕੱਠਾ ਹੋਣ ਕਾਰਨ ਇਹ ਟੋਏ ਨਜ਼ਰ ਨਾ ਆਉਣ ਕਾਰਨ ਵੀ ਅਜਿਹੇ ਹਾਦਸੇ ਵਾਪਰਦੇ ਹਨ। ਉਹਨਾਂ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਇਹਨਾਂ ਸੜਕਾਂ ਦੀ ਮੁਰੰਮਤ ਕਰਵਾਈ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਵੀ ਹਾਦਸਾ ਨਾ ਵਾਪਰ ਸਕੇ।

## ਕਿਸਾਨਾਂ ਤੇ ਆਮ ਰਾਹਗੀਰਾਂ ਦੀ ਸਹੂਲਤ ਲਈ ਡਰੇਨਾਂ 'ਤੇ ਇਕ ਦਰਜਨ ਪੁਲਾਂ ਦੀ ਕਰਾਂਗੇ ਉਸਾਰੀ : ਧਾਲੀਵਾਲ



ਅਜਨਾਲਾ (ਸੁਖਜਿੰਦਰ ਸਿੰਘ ਰਾਜੂ ਅਜਨਾਲਾ)- ਮੌਨਸੂਨ ਦੀ ਹੋ ਰਹੀ ਮੋਹਲੇਧਾਰ ਵਰਖਾ ਦੇ ਮੱਦੇਨਜ਼ਰ ਹਲਕਾ ਅਜਨਾਲਾ ਦੀਆਂ ਓਵਰਫਲੋ ਹੋਈਆਂ ਡਰੇਨਾਂ ਅਤੇ ਕਿਸਾਨਾਂ ਸਮੇਤ ਆਮ ਰਾਹਗੀਰਾਂ ਨੂੰ ਡਰੇਨਾਂ ਨੂੰ ਆਰ-ਪਾਰ ਕਰਨ ਲਈ ਦਰਪੇਸ਼ ਮੁਸ਼ਕਲਾਂ ਦਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਵਲੋਂ ਸਿੰਚਾਈ ਵਿਭਾਗ ਤੇ ਲੋਕ ਨਿਰਮਾਣ ਵਿਭਾਗ ਦੇ ਉੱਚ ਅਧਿਕਾਰੀਆਂ ਦੀ ਟੀਮ ਨੂੰ ਨਾਲ ਲੈ ਕੇ ਪਿੰਡ ਸੈਂਸਰਾ, ਮਹਿਲਾਂਵਾਲਾ, ਤੇੜੀ, ਸੂਰੇਪੁਰ, ਭੂਰੇਗਿੱਲ, ਮੱਤੇਨੰਗਲ, ਕਾਮਲਪੁਰਾ, ਆਦਿ ਪਿੰਡਾਂ ਦੀਆਂ ਵੱਖ ਵੱਖ ਡਰੇਨਾਂ ਦਾ ਮੌਕੇ 'ਤੇ ਪੁੱਜ ਕੇ ਜਾਇਜ਼ਾ ਲਿਆ। ਵਿਧਾਇਕ ਤੇ ਸਾਬਕਾ ਮੰਤਰੀ ਧਾਲੀਵਾਲ ਨੇ ਮੌਕੇ 'ਤੇ ਮੌਜੂਦ ਕਿਸਾਨਾਂ ਅਤੇ ਗ੍ਰਾਮ ਪੰਚਾਇਤਾਂ ਕੋਲੋਂ ਡਰੇਨਾਂ 'ਤੇ ਪੁਲ ਨਾ ਹੋਣ ਕਾਰਨ ਦਰਪੇਸ਼ ਸਮੱਸਿਆਵਾਂ ਸਮੇਤ ਪਾਣੀ ਦੇ ਨਿਕਾਸੀ ਮੁੱਦਿਆਂ 'ਤੇ ਰਿਪੋਰਟਾਂ ਹਾਸਲ ਕੀਤੀਆਂ ਅਤੇ ਹਾਜ਼ਰ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਕਿ ਡਰੇਨਾਂ ਦੇ ਓਵਰਫਲੋ ਹੋਣ ਕਾਰਨ ਖੇਤਾਂ ਤੇ ਪੈਂਦੇ ਪਾਣੀ ਅਤੇ ਇਸੇ ਪਾਣੀ ਨਾਲ ਬੰਦ ਹੁੰਦੀਆਂ ਸੜਕਾਂ ਦੀ ਸਮੱਸਿਆ ਦਾ ਫੌਰੀ ਹੱਲ ਕੀਤਾ ਜਾਵੇ। ਉਨਾਂ ਨੇ ਕਿਸਾਨਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੀਆਂ ਮੁਸ਼ਕਲਾਂ ਹੱਲ ਕਰਨ ਲਈ ਵਚਨਬੱਧ ਹੈ। ਵਿਧਾਇਕ ਧਾਲੀਵਾਲ ਨੇ ਦੱਸਿਆ ਕਿ ਵੱਖ ਵੱਖ ਡਰੇਨਾਂ 'ਤੇ ਇਕ ਦਰਜਨ ਦੇ ਕਰੀਬ ਪੁਲ ਬਣਾਉਣ ਦੀ ਕਿਸਾਨਾਂ ਦੀ ਮੰਗ ਦੇ ਮੱਦੇਨਜ਼ਰ ਲੋੜ ਮਹਿਸੂਸ ਕੀਤੀ ਗਈ ਹੈ ਅਤੇ ਕਰੋੜਾਂ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਇਨ੍ਹਾਂ ਪੁਲਾਂ ਦਾ ਜਲਦੀ ਨਿਰਮਾਣ ਕਰਵਾਇਆ ਜਾਵੇਗਾ ਤੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ। ਜਾਇਜ਼ਾ ਲੈਣ ਮੌਕੇ ਵਿਧਾਇਕ ਤੇ ਸਾਬਕਾ ਮੰਤਰੀ ਧਾਲੀਵਾਲ ਦੀ ਟੀਮ 'ਚ ਖੁਸ਼ਪਾਲ ਸਿੰਘ ਧਾਲੀਵਾਲ, ਨਿੱਜੀ ਸਹਾਇਕ ਮੁਖਤਾਰ ਸਿੰਘ ਬਲੜਵਾਲ, ਮਾਰਕੀਟ ਕਮੇਟੀ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਦਫਤਰ ਸਕੱਤਰ ਗੁਰਜੰਟ ਸਿੰਘ ਸੋਹੀ, ਬੀਡੀਪੀਓ ਸਿਤਾਰਾ ਸਿੰਘ ਵਿਰਕ, ਐਕਸੀਅਨ ਗੁਰਬੀਰ ਸਿੰਘ, ਐਸ ਡੀ ਓ ਸਰਬਜੀਤ ਸਿੰਘ, ਐਸ ਡੀ ਓ ਰਸ਼ਮਿੰਦਰ ਸਿੰਘ, ਐਸ ਡੀ ਓ ਮਨਜਿੰਦਰ ਸਿੰਘ ਮੱਤੇਨੰਗਲ ਆਦਿ ਮੌਜੂਦ ਸਨ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀ ਨੇ ਜਿੱਤਿਆ ਸਿਲਵਰ ਮੈਡਲ



ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦੇ ਵਿਦਿਆਰਥੀ ਜਿੱਥੇ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਦੇ ਹਨ ਉੱਥੇ ਖੇਡਾਂ ਵਿੱਚ ਵੀ ਕਿਸੇ ਨਾਲੋਂ ਘੱਟ ਨਹੀਂ। ਫੈਂਸਿੰਗ ਐਸੋਸੀਏਸ਼ਨ, ਤਰਨ ਤਾਰਨ ਵੱਲੋਂ ਓਪਨ ਜ਼ਿਲ੍ਹਾ ਫੈਂਸਿੰਗ ਅੰਡਰ 14, 17 ਅਤੇ 19 ਲੜਕੇ ਅਤੇ ਲੜਕੀਆਂ ਦਾ ਮੁਕਾਬਲਾ 19 ਜੁਲਾਈ ਨੂੰ ਬੀੜ ਬਾਬਾ ਬੁੱਢਾ ਸਾਹਿਬ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਠੱਠਾ ਝਬਾਲ ਵਿਖੇ ਕਰਵਾਇਆ ਗਿਆ। ਜਿਸ ਵਿੱਚ ਸਕੂਲ ਦੇ ਸੱਤਵੀਂ ਜਮਾਤ ਦੇ ਵਿਦਿਆਰਥੀ ਰੋਜ਼ਦੀਪ ਸਿੰਘ ਨੇ ਅੰਡਰ- 14 ਇੰਡੀਵਿਜੂਅਲ ਇੱਪੀ ਈਵੈਂਟ ਵਿੱਚੋਂ ਸਿਲਵਰ ਮੈਡਲ ਹਾਸਲ ਕਰਕੇ ਸਕੂਲ, ਮਾਪਿਆਂ ਅਤੇ ਆਪਣੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਨੂਰੀਤ ਬਾਵਾ ਨੇ ਵਿਦਿਆਰਥੀ ਨੂੰ ਇਸ ਸ਼ਾਨਦਾਰ ਪ੍ਰਾਪਤੀ ਦੀ ਵਧਾਈ ਦਿੰਦਿਆਂ ਜ਼ਿੰਦਗੀ ਵਿੱਚ ਕਰੜੀ ਮਿਹਨਤ ਕਰਕੇ ਬੁਲੰਦੀਆਂ ਨੂੰ ਛੂਹਣ ਦਾ ਆਸ਼ੀਰਵਾਦ ਦਿੱਤਾ।

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਉਪ ਮੁੱਖ ਬਿਜਲੀ ਇੰਜੀਨੀਅਰ/ਜੀਐਸਯੂ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

ਟੈਂਡਰ ਨੰਬਰ : 27-ਬਿਜਲੀ/ਜੀਐਸਯੂ-T-01-2025-26 ਕੰਮਾਂ ਦਾ ਵੇਰਵਾ: ਈਐਲਐਸ/ ਐਲਡੀਐਚ ਵਿਚ ਹੋਮਿੰਗ ਸਮਰਥਾ ਨੂੰ 200 ਤੋਂ ਵਧਾ ਕੇ 300 ਲੋਕੋਮੋਟਿਵ ਕਰਨ ਲਈ ਬਿਜਲੀ ਕੰਮ। ਅੰਦਾਜਨ ਲਾਗਤ (ਰੁ) : 1,29,57,941.53p ਬਿਆਨਾ ਰਾਸ਼ੀ (ਰੁ): 2,14,800/- ਕੰਮ ਦਾ ਸਮਾਂ : 06 ਮਹੀਨੇ ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ : 14.08.2025 15:00 ਵਜੇ ਦੇ ਬਾਅਦ ਵੈਬਸਾਈਟ : www.ireps.gov.in

ਖੁਲ੍ਹੀ ਨਿਵਿਦਾ ਸੂਚਨਾ ਸੰਖਿਆ: ਐਨਆਈਟੀ-01/2025-26 ਮਿਤੀ: 23.07.2025 2239/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਟੈਂਡਰ ਸੂਚਨਾ ਨੰ: 433-ਸਿਗ-ਟੀ-20-25-26 — ਬੰਦ ਹੋਣ ਦੀ ਮਿਤੀ/ਸਮਾਂ: ਨੂੰ
ਮਿਤੀ : 24.07.2025 — 15.08.2025, 15:00 ਵਜੇ

ਸੀਨੀਅਰ ਡਵੀਜਨ ਸਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਟੈਂਡਰ ਨੰ: 433-ਸਿਗ-ਟੀ-20-25-26 ਈ-ਟੈਂਡਰਿੰਗ ਦੁਆਰਾ ਤੋਂ ਮਿਤੀ 15.08.2025, 12.30 ਵਜੇ ਤਕ https://www.ireps.gov.in ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੀ ਟੈਂਡਰਾਂ ਅਸਲੀ/ਸੰਸ਼ੋਧਿਤ ਨਿਸ਼ਚਿਤ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮਾਂ ਕਰਵਾਏ। ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਵਾਰਾ ਟੈਂਡਰ ਡਾਕਯੂਮੇਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਸ ਤਰ੍ਹਾਂ ਕਿ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੁਵਾਰਾ ਹੀ ਸਵੀਕਾਰ ਕੀਤੀ ਜਾਵੇਗੀ ਇਸਦੇ ਅਤਿਰਿਕਤ ਡਿਮਾਂਡ ਡਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਦੁਵਾਰਾ ਜਮਾਂ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।
ਐਨ. । ਆਈ. । ਟੀ

| ਕੰਮ ਦਾ ਨਾਮ | ਫਿਰੋਜ਼ਪੁਰ ਡਵੀਜਨ ਵਿਚ ਅਮਰਰਾਜਾ ਦੇ ਪੂਰਾ ਸਲਾਨਾ ਰੱਖ-ਰੱਖਾਵ ਅਨੁਬੰਧ (ਏਐਮਸੀ) ਦੇ ਤਹਿਤ 30 ਜਗ੍ਹਾਂ ਉਤੇ ਤਿੰਨ (03) ਸਾਲਾਂ ਦੇ ਲਈ ਏਕੀਕ੍ਰਿਤ ਵਿਯੁਤ ਆਪੂਰਤੀ (ਆਈਪੀਐਸ) ਪ੍ਰਣਾਲੀਆਂ ਸਥਾਪਿਤ ਕਰਨ ਦਾ ਕੰਮ। | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਸਮਾਂ | 15.08.2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 23.07.2025, 16:26 |
| ਅਨੁਮਾਨਿਤ ਕੀਮਤ (ਰੁ:) | 1,18,16,053.20 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | 01.08.2025 |
| ਬਿਆਨਾ ਰਾਸ਼ੀ (ਰੁ:) | 2,09,100.00 | ਕੰਮ ਪੂਰਾ ਕਰਨ ਦਾ ਸਮਾਂ | 36 ਮਹੀਨੇ |

ਨੋਟ : ਟੈਂਡਰਕਰਤਾ ਨਿਯਮਿਤ ਰੂਪ ਤੋਂ ਵੇੱਬਸਾਈਟ ਦੇ ਸੰਪਰਕ ਵਿਚ ਰਹਿਕੇ ਟੈਂਡਰ ਸੰਸ਼ੋਧਨਾਂ, ਸ਼ੁੱਧੀਪੱਤਰ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰੱਖੋ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2252/2025

# ਗੋਲੀ ਚਲਾਉਣ ਵਾਲਾ ਪਿਸਤੌਲ ਸਮੇਤ ਗ੍ਰਿਫ਼ਤਾਰ

**ਜਲੰਧਰ (ਸ਼ੈਲੀ ਐਲਬਰਟ)** ਸੀ ਆਈ ਏ ਸਟਾਫ਼ ਕਮਿਸ਼ਨਰੇਟ ਜਲੰਧਰ ਦੀ ਟੀਮ ਨੇ ਐਡਵੋਕੇਟ ਸਿਮਰਨਜੀਤ ਸਿੰਘ ਉੱਪਰ ਮਾਰ ਦੇਣ ਦੀ ਨੀਅਤ ਨਾਲ ਫਾਇਰ ਕਰਨ ਵਾਲੇ ਵਿਅਕਤੀ ਨੂੰ 1 ਪਿਸਤੌਲ 32 ਬੋਰ ਸਮੇਤ 1 ਜ਼ਿੰਦਾ



ਕਾਰਤੂਸ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।ਪੁਲਸ ਕਮਿਸ਼ਨਰ ਸ਼੍ਰੀਮਤੀ ਧਨਪ੍ਰੀਤ ਕੌਰ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 1 ਜੁਲਾਈ ਨੂੰ ਸਿਮਰਨਜੀਤ ਸਿੰਘ ਰੋਜ਼ਾਨਾ ਦੀ ਤਰ੍ਹਾਂ ਸ਼ਾਮ ਨੂੰ ਜਿਮ ਆਫ ਗਰਿੱਡ ਤੋਂ ਕਰੀਬ 9:15 ਵਜੇ ਆਪਣੀ ਗੱਡੀ ਵਿੱਚ ਬੈਠ ਰਿਹਾ ਸੀ ਕਿ 2/3 ਅਣਪਛਾਤੇ ਵਿਅਕਤੀਆਂ ਨੇ ਉਸ ਉੱਪਰ ਮਾਰ ਦੇਣ ਦੀ ਨੀਅਤ ਨਾਲ ਫਾਇਰ ਕਰਨ ਦੀ ਕੋਸ਼ਿਸ਼ ਕੀਤੀ।ਸਿਮਰਨਜੀਤ ਸਿੰਘ ਨੇ ਮੌਕੇ ਤੋਂ ਭੱਜ ਕੇ ਜਿਮ ਅੰਦਰ ਜਾ ਕੇ ਆਪਣੀ ਜਾਨ ਬਚਾ। ਪੁਲਸ ਕਮਿਸ਼ਨਰ ਨੇ ਦੱਸਿਆ ਕਿ 2 ਜੁਲਾਈ ਨੂੰ ਸਿਮਰਨਜੀਤ ਸਿੰਘ ਵਾਸੀ ਆਦਰਸ਼ ਨਗਰ ਜਲੰਧਰ ਦੇ ਬਿਆਨ 'ਤੇ 3 ਦੋਸ਼ੀਆਂ ਖ਼ਿਲਾਫ਼ ਥਾਣਾ ਡਵੀਜ਼ਨ ਨੰਬਰ 6 ਜਲੰਧਰ ਵਿਖੇ ਮੁਕੱਦਮਾ ਨੰਬਰ 122 ਮਿਤੀ 02.07.2025 ਧਾਰਾ 109,62,61(2) ਬੀ.ਐਨ.ਐਸ, 25-54-59 ਆਰਮਜ਼ ਐਕਟ ਤਹਿਤ ਦਰਜ ਕੀਤਾ ਗਿਆ। ਮੁਕੱਦਮੇ ਦੀ ਤਫਤੀਸ਼ ਦੌਰਾਨ 23 ਜੁਲਾਈ ਨੂੰ ਸੀ.ਆਈ.ਏ ਸਟਾਫ਼ ਅਤੇ ਥਾਣਾ ਡਵੀਜ਼ਨ ਨੰਬਰ 6 ਕਮਿਸ਼ਨਰੇਟ ਜਲੰਧਰ ਦੀਆਂ ਟੀਮਾਂ ਵੱਲੋਂ ਖੁਫੀਆ ਸੋਰਸਾਂ ਅਤੇ ਤਕਨੀਕੀ ਸਹਾਇਤਾ ਨਾਲ ਭੁਪਿੰਦਰ ਸਿੰਘ ਉਰਫ਼ ਭਿੰਦਾ ਵਾਸੀ ਗੜ੍ਹਪੜ ਥਾਣਾ ਅੱੜ ਜ਼ਿਲ੍ਹਾ ਐਸ.ਬੀ.ਐਸ ਨਗਰ (ਉਮਰ ਕਰੀਬ 27 ਸਾਲ) ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 1 ਪਿਸਤੌਲ 32 ਬੋਰ ਸਮੇਤ 1 ਜ਼ਿੰਦਾ ਕਾਰਤੂਸ ਬਰਾਮਦ ਕੀਤਾ ਗਿਆ। ਦੋ ਦੋਸ਼ੀਆਂ ਦੀ ਭਾਲ ਜਾਰੀ ਹੈ ਅਤੇ ਜਲਦ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਪੁਲਿਸ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਮੁਲਜ਼ਮ ਭੁਪਿੰਦਰ ਸਿੰਘ ਉਰਫ਼ ਭਿੰਦਾ ਖਿਲਾਫ ਪਹਿਲਾਂ ਵੀ ਮੁਕੱਦਮਾ ਨੰਬਰ 67/16 ਅਧੀਨ ਧਾਰਾ 25-54-59 ਆਰਮਜ਼ ਐਕਟ ਤਹਿਤ ਥਾਣਾ ਬੰਗਾ ਵਿਖੇ ਦਰਜ ਹੈ।

# ਡੀ ਸੀ ਨੇ ਲੋਕਾਂ ਨੂੰ 31 ਤੱਕ ਜਾਇਦਾਦ ਟੈਕਸ 'ਤੇ ਛੋਟ ਦੇ ਮੌਕੇ ਦਾ ਲਾਭ ਉਠਾਉਣ ਦੀ ਕੀਤੀ ਅਪੀਲ

**ਮੋਹਾਲੀ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਖਰੜ, ਕੁਰਾਲੀ, ਜ਼ੀਰਕਪੁਰ, ਡੇਰਾਬੱਸੀ, ਨਵਾਂ ਗਾਉਂ, ਬਨੂੜ, ਲਾਲੜੂ ਅਤੇ ਘੜੂੰਆਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਹੈ ਕਿ ਉਹ 31 ਜੁਲਾਈ, 2025 ਤੋਂ ਪਹਿਲਾਂ ਜਾਇਦਾਦ ਟੈਕਸ ਦੇ ਬਕਾਏ ਦਾ ਭੁਗਤਾਨ ਕਰਕੇ ਜਾਇਦਾਦ ਟੈਕਸ 'ਤੇ ਚੱਲ ਰਹੀ ਛੋਟ ਦਾ ਲਾਭ ਉਠਾਉਣ। ਇਨ੍ਹਾਂ ਨਿਵਾਸੀਆਂ ਦੀ ਸਹੂਲਤ ਲਈ, ਇਨ੍ਹਾਂ ਨਗਰ ਕੌਂਸਲਾਂ ਦੇ ਦਫ਼ਤਰ ਸ਼ਨੀਵਾਰ ਅਤੇ ਐਤਵਾਰ ਨੂੰ ਜਾਇਦਾਦ ਟੈਕਸ ਉਗਰਾਹੀ ਲਈ ਖੁੱਲ੍ਹੇ ਰਹਿਣਗੇ।ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਿਸ਼ੇਸ਼ ਛੋਟ ਮੁਹਿੰਮ ਤਹਿਤ 1 ਜੁਲਾਈ ਤੋਂ ਜ਼ਿਲ੍ਹੇ ਭਰ ਵਿੱਚ 12.59 ਕਰੋੜ ਰੁਪਏ ਦੇ ਬਜਾਏ ਦਾ ਮਾਲੀਆ ਇਕੱਠਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਹ ਪਹਿਲਕਦਮੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਕਮੁਸ਼ਤ ਨਿਪਟਾਰਾ (ਵਨ-ਟਾਈਮ ਸੈਟਲਮੈਂਟ) ਸਕੀਮ ਦਾ ਹਿੱਸਾ ਹੈ ਜੋ ਟੈਕਸਦਾਤਾਵਾਂ ਨੂੰ ਲੰਬਿਤ ਜਾਂ ਅੰਸ਼ਕ ਤੌਰ 'ਤੇ ਭੁਗਤਾਨ ਕੀਤੇ ਗਏ ਜਾਇਦਾਦ ਟੈਕਸ ਤੇ ਰਾਹਤ ਪ੍ਰਦਾਨ ਕਰਦੀ ਹੈ।ਇਸ ਸਕੀਮ ਦੇ ਅਨੁਸਾਰ ਟੈਕਸਦਾਤਾ 31 ਜੁਲਾਈ, 2025 ਤੱਕ ਆਪਣੀ 31.03.2025 ਤੱਕ ਬਕਾਇਆ ਖੜ੍ਹੀ ਆਪਣੀ ਪੂਰੀ ਮੂਲ ਰਕਮ ਦਾ ਭੁਗਤਾਨ ਕਰ ਸਕਦੇ ਹਨ, ਅਤੇ ਜੁਰਮਾਨੇ ਅਤੇ ਵਿਆਜ 'ਤੇ 100% ਛੋਟ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਅੱਗੇ ਕਿਹਾ, ਜੇਕਰ 1 ਅਗਸਤ ਤੋਂ 31 ਅਕਤੂਬਰ, 2025 ਦੇ ਵਿਚਕਾਰ ਬਕਾਇਆ ਭੁਗਤਾਨ ਕੀਤਾ ਜਾਂਦਾ ਹੈ, ਤਾਂ ਜੁਰਮਾਨੇ ਅਤੇ ਵਿਆਜ 'ਤੇ 50% ਛੋਟ ਲਾਗੂ ਹੋਵੇਗੀ। ਉਨ੍ਹਾਂ ਕਿਹਾ ਕਿ 31 ਅਕਤੂਬਰ, 2025 ਤੋਂ ਬਾਅਦ, ਬਕਾਇਆ ਟੈਕਸ 'ਤੇ ਪੂਰਾ ਜੁਰਮਾਨਾ ਅਤੇ ਵਿਆਜ ਲਗਾਇਆ ਜਾਵੇਗਾ।ਉਨ੍ਹਾਂ ਬਕਾਇਆ ਟੈਕਸ ਵਾਲੇ ਸਾਰੇ ਜਾਇਦਾਦ ਮਾਲਕਾਂ ਨੂੰ ਇਸ ਮੌਕੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਅਤੇ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਸਰਕਾਰ ਦੇ ਯਤਨਾਂ ਦਾ ਸਮਰਥਨ ਕਰਨ ਦੀ ਅਪੀਲ ਕੀਤੀ।ਜ਼ਿਲ੍ਹੇ ਵਿੱਚ 1 ਜੁਲਾਈ ਤੋਂ ਬਾਅਦ ਇਕੱਤਰ ਹੋਏ ਟੈਕਸ ਬਕਾਏ ਦੀ ਵਸੂਲੀ ਦੇ ਅੰਕੜਿਆਂ ਦਾ ਵੇਰਵਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਜ਼ੀਰਕਪੁਰ 814.94 ਲੱਖ ਰੁਪਏ ਦੇ ਨਾਲ ਸੂਚੀ ਵਿੱਚ ਮੋਹਰੀ ਰਿਹਾ। ਇਸ ਤੋਂ ਬਾਅਦ ਖਰੜ ਦੀ 227 ਲੱਖ ਰੁਪਏ, ਡੇਰਾਬੱਸੀ ਦੀ 125.62 ਲੱਖ ਰੁਪਏ, ਨਵਾਂ ਗਾਉਂ ਦੀ 32.90 ਲੱਖ ਰੁਪਏ, ਕੁਰਾਲੀ ਦੀ 26.95 ਲੱਖ ਰੁਪਏ ਅਤੇ ਬਨੂੜ ਦੀ 18.51 ਲੱਖ ਰੁਪਏ ਬਕਾਇਆ ਵਸੂਲੀ ਰਹੀ।ਡਿਪਟੀ ਕਮਿਸ਼ਨਰ ਨੇ ਯੋਜਨਾ ਵਿੱਚ ਵੱਧ ਤੋਂ ਵੱਧ ਭਾਗੀਦਾਰੀ ਨੂੰ ਯਕੀਨੀ ਬਣਾਉਣ ਅਤੇ ਟੈਕਸ ਨਾਲ ਸਬੰਧਤ ਮੁਸ਼ਕਿਲਾਂ ਦੇ ਸਮੇਂ ਸਿਰ ਹੱਲ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਵਚਨਬੱਧਤਾ ਨੂੰ ਦੁਹਰਾਇਆ।

# ਅੰਤਰਰਾਸ਼ਟਰੀ 'ਮੇਰਾ ਰੁੱਖ ਦਿਵਸ' ਇੱਕ ਪ੍ਰੇਰਨਾਦਾਇਕ ਦਿਨ : ਐੱਸ ਡੀ ਐੱਮ



**ਨਵਾਂਸ਼ਹਿਰ (ਮਨੋਜ ਲਾਡੀ)**- 16ਵੇਂ ਅੰਤਰਰਾਸ਼ਟਰੀ ਮੇਰਾ ਰੁੱਖ ਦਿਵਸ ਨੂੰ ਮਨਾਉਣ ਲਈ, ਸੀਨੀਅਰ ਸੈਕੰਡਰੀ ਸਕੂਲ ਉਸਮਾਨਪੁਰ ਵਿਖੇ ਇੱਕ ਜ਼ਿਲ੍ਹਾ ਪੱਧਰੀ ਪੌਦੇ ਲਗਾਉਣ ਦਾ ਸਮਾਗਮ ਆਯੋਜਿਤ ਕੀਤਾ ਗਿਆ। 16ਵਾਂ ਅੰਤਰਰਾਸ਼ਟਰੀ ਮੇਰਾ ਰੁੱਖ ਦਿਵਸ 27 ਜੁਲਾਈ 2025 ਦੇ ਆਖ਼ਰੀ ਐਤਵਾਰ ਨੂੰ ਮਨਾਇਆ ਜਾਣਾ ਹੈ। ਮੁੱਖ ਮਹਿਮਾਨ ਨਵਾਂਸ਼ਹਿਰ ਸੀਨੀਅਰ ਡਿਵੀਜ਼ਨ ਮੈਜਿਸਟਰੇਟ ਅਨਾਮਜਯੋਤ ਕੌਰ, ਗੋ ਗ੍ਰੀਨ ਇੰਟਰਨੈਸ਼ਨਲ ਆਰਗੇਨਾਈਜੇਸ਼ਨ ਦੇ ਸੰਸਥਾਪਕ ਅਸ਼ਵਨੀ ਜੋਸ਼ੀ, ਜ਼ਿਲ੍ਹਾ ਡਿਪਟੀ ਸਿੱਖਿਆ ਅਧਿਕਾਰੀ ਲਖਬੀਰ ਸਿੰਘ, ਪ੍ਰਿੰਸੀਪਲ ਸੁਖਜੀਤ ਕੌਰ ਨੇ ਇਸ ਪ੍ਰੇਰਨਾਦਾਇਕ ਪੌਦੇ ਲਗਾਉਣ ਦੀ ਸ਼ੁਰੂਆਤ ਇੱਕ ਰਸਮੀ ਪੌਦਾ ਲਗਾ ਕੇ ਕੀਤੀ। ਸਕੂਲ ਦੇ ਵਿਦਿਆਰਥੀਆਂ, ਸਟਾਫ ਅਤੇ ਹੋਰ ਪਤਵੰਤਿਆਂ ਨੇ ਸਮੂਹਿਕ ਤੌਰ 'ਤੇ ਤਿੰਨ ਮਿੰਟਾਂ ਵਿੱਚ 300 ਪੌਦੇ ਲਗਾਏ ਅਤੇ ਸਾਰਿਆਂ ਨੂੰ ਪ੍ਰੇਰਿਤ ਕੀਤਾ। ਐਸ ਡੀ ਐਮ ਨੇ ਕਿਹਾ ਕਿ 16ਵਾਂ ਅੰਤਰਰਾਸ਼ਟਰੀ ਮੇਰਾ ਰੁੱਖ ਦਿਵਸ ਵਾਤਾਵਰਣ ਪ੍ਰੇਮੀਆਂ ਦੀ 15 ਸਾਲਾਂ ਦੀ ਅਣਥੱਕ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਇਹ ਦਿਨ ਭਾਵਨਾਤਮਕ ਤੌਰ 'ਤੇ ਹਰ ਵਿਅਕਤੀ ਨੂੰ ਰੁੱਖਾਂ ਨਾਲ ਜੋੜਦਾ ਹੈ। ਗੋ ਗ੍ਰੀਨ ਇੰਟਰਨੈਸ਼ਨਲ ਆਰਗੇਨਾਈਜੇਸ਼ਨ ਦੇ ਅਧਿਕਾਰੀ ਅੰਕੁਸ਼ ਨਿਝਾਵਨ ਨੇ ਦੱਸਿਆ ਕਿ ਇਸ ਦਿਨ ਦੀ ਸ਼ੁਰੂਆਤ 2010 ਵਿੱਚ ਨਵਾਂਸ਼ਹਿਰ ਤੋਂ ਅਸ਼ਵਨੀ ਜੋਸ਼ੀ ਦੀ ਦੂਰਅੰਦੇਸ਼ੀ ਸੋਚ ਨਾਲ ਜੁਲਾਈ ਦੇ ਆਖ਼ਰੀ ਐਤਵਾਰ ਨੂੰ ਕੀਤੀ ਸੀ। ਇਸ ਮੌਕੇ ਨਵਾਂਸ਼ਹਿਰ ਤੋਂ ਬਾਲੀਵੁੱਡ ਅਦਾਕਾਰਾ ਅਤੇ ਜੀਜੀਆਈਓ ਸਮਰਥਕ ਜਯੋਤੀ ਅਰੋੜਾ ਨੇ ਵੀ ਸ਼ਿਰਕਤ ਕੀਤੀ। ਅਨਾਮਜਯੋਤ ਕੌਰ, ਅਸ਼ਵਨੀ ਜੋਸ਼ੀ ਅਤੇ ਲਖਬੀਰ ਸਿੰਘ ਨੂੰ ਯਾਦਗਾਰੀ ਚਿੰਨ੍ਹ ਅਤੇ ਸਕੂਲ ਪ੍ਰਿੰਸੀਪਲ ਸੁਖਜੀਤ ਕੌਰ ਤੇ ਚਿਰਾਗ ਲਖੋਤਰਾ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

# ਹਸਪਤਾਲ ਦਾ ਨੀਂਹ ਪੱਥਰ ਤੇ ਸਥਾਪਨਾ ਦਿਵਸ ਭਲਕੇ ਮਨਾਇਆ ਜਾਵੇਗਾ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)** ਮਿਸ਼ਨ ਸਿਹਤਮੰਦ ਪੰਜਾਬ ਤਹਿਤ ਕਿਸਾਨ ਮਜ਼ਦੂਰ ਏਕਤਾ ਹਸਪਤਾਲ ਚੌਲਾਂਗ, ਭੋਗਪੁਰ (ਜਲੰਧਰ) ਦੇ ਵੱਡੇ ਹਸਪਤਾਲ ਦਾ ਨੀਂਹ ਪੱਥਰ ਅਤੇ ਸਥਾਪਨਾ ਦਿਵਸ 26 ਜੁਲਾਈ 2025, ਦਿਨ ਸ਼ਨੀਵਾਰ ਨੂੰ ਮਨਾਇਆ ਜਾ ਰਿਹਾ ਹੈ। ਅਮਰਜੀਤ ਸਿੰਘ ਚੌਲਾਂਗ ਪ੍ਰਧਾਨ ਬਲਾਕ ਭੋਗਪੁਰ ਨੇ ਕਿਹਾ ਕਿ ਲਾਈਫ ਕੇਅਰ ਫਾਊਂਡੇਸ਼ਨ ਅਤੇ ਪੰਜਾਬ ਏਡ ਫਾਊਂਡੇਸ਼ਨ ਦੇ ਸਹਿਯੋਗ ਨਾਲ ਚੈਰੀਟੇਬਲ ਲੈਬੋਰੇਟਰੀ ਮੈਗਾ ਸਾਲਾਨਾ ਫਰੀ ਚੈੱਕਅਪ ਕੈਂਪ (ਜਿਸ ਵਿਚ (RFT)-ਗੁਰਦਿਆਂ ਦੇ 5ਅਤੇ ਸ਼ੂਗਰ ਦਾ 1ਟੈਸਟ, Thyroid ਪ੍ਰੋਫਾਈਲ, OT, PT ਟੈਸਟ ਮੁਫ਼ਤ ਕੀਤਾ ਜਾਵੇਗਾ। ਕੈਂਪ ਸਵੇਰੇ 7 ਵਜੇ ਤੋਂ 12 ਵਜੇ ਤੱਕ ਲਗਾਇਆ ਜਾਵੇਗਾ। ਇਸ ਸਮੇਂ ਸ੍ਰੀ ਸੁਖਮਨੀ ਸਾਹਿਬ ਜੀ ਦੇ 9 ਵਜੇ ਪਾਠ ਆਰੰਭ ਹੋਣਗੇ ਜਿਨ੍ਹਾਂ ਦੇ 12 ਵਜੇ ਭੋਗ ਪੈਣਗੇ।

# ਡੀ ਏ ਵੀ ਤੇ ਚੌਧਰੀ ਬਲਬੀਰ ਸਿੰਘ ਪਬਲਿਕ ਸਕੂਲ ਵਿਖੇ ਕਰਵਾਇਆ ਕੈਰੀਅਰ ਗਾਈਡੈਂਸ ਪ੍ਰੋਗਰਾਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ-ਕਮ-ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵਲੋਂ ਡੀ.ਏ.ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹੁਸ਼ਿਆਰਪੁਰ ਅਤੇ ਚੌਧਰੀ ਬਲਬੀਰ ਸਿੰਘ ਪਬਲਿਕ ਸਕੂਲ ਹੁਸ਼ਿਆਰਪੁਰ ਵਿਖੇ ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਕਰੀਅਰ ਚੋਣ ਸਬੰਧੀ ਕਰੀਅਰ ਗਾਈਡੈਂਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।



ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਕਰੀਅਰ ਕਾਊਂਸਲਰ ਵਿਸ਼ਾਲ ਵਾਵਲਾ ਨੇ ਵਿਦਿਆਰਥੀਆਂ ਨੂੰ ਰੋਜ਼ਗਾਰ ਬਿਊਰੋ ਦੀ ਮਹੱਤਤਾ ਬਾਰੇ ਦੱਸਦੇ ਹੋਏ ਰੋਜ਼ਗਾਰ ਬਿਊਰੋ ਰਾਹੀਂ ਦਿੱਤੀਆਂ ਜਾਂਦੀਆਂ ਸਹੂਲਤਾਂ, ਜਿਵੇਂ ਕਿ ਬੱਚਿਆਂ ਦੇ ਭਵਿੱਖ ਦੇ ਕਰੀਅਰ ਲਈ ਕੀਤੀ ਜਾਂਦੀ ਕਰੀਅਰ ਕਾਊਂਸਲਿੰਗ, ਵੱਖ-ਵੱਖ ਸਟ੍ਰੀਮਾਂ ਦੀ ਪੜ੍ਹਾਈ, ਆਈ.ਟੀ.ਆਈ ਕੋਰਸ, ਡਿਪਲੋਮਾ ਅਤੇ ਡਿਗਰੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਇਸੇ ਤਰ੍ਹਾਂ ਪਲੇਸਮੈਂਟ ਸੈੱਲ ਦੁਆਰਾ ਕੀਤੇ ਜਾਂਦੇ ਨੌਕਰੀਆਂ ਦੇ ਉਪਰਾਲੇ, ਰੋਜ਼ਗਾਰ ਬਿਊਰੋ ਰਾਹੀਂ ਦਿੱਤੀ ਜਾਂਦੀ ਮੁਫ਼ਤ ਇੰਟਰਨੈੱਟ ਸੁਵਿਧਾ, ਸਵੈ-ਰੋਜ਼ਗਾਰ ਸਕੀਮਾਂ, ਸ਼ਾਰਟ-ਟਰਮ ਤਕਨੀਕੀ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀਆਂ ਵੱਖ-ਵੱਖ ਨੌਕਰੀਆਂ ਅਤੇ ਬੈਂਕਿੰਗ ਸੈਕਟਰ ਦੀਆਂ ਨੌਕਰੀਆਂ ਬਾਰੇ ਵੀ ਜਾਣਕਾਰੀ ਦਿੱਤੀ।ਇਸ ਉਪਰੰਤ ਫੂਡ ਕ੍ਰਾਫਟ ਇੰਸਟੀਚਿਊਟ ਤੋਂ ਅਸ਼ਵਨੀ ਕੁਮਾਰ ਕੁੰਡਲ ਨੇ ਵਿਦਿਆਰਥੀਆਂ ਨੂੰ ਹੋਟਲ ਮੈਨੇਜਮੈਂਟ ਦੇ ਸਰਟੀਫਿਕੇਟ, ਡਿਪਲੋਮਾ ਅਤੇ ਡਿਗਰੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਸਰਕਾਰ ਵਲੋਂ ਮੁਫ਼ਤ ਚਲਾਏ ਜਾਂਦੇ ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਕੋਰਸਾਂ ਨੂੰ ਕਰਨ ਉਪਰੰਤ ਵਿਦਿਆਰਥੀ ਆਪਣਾ ਖ਼ੁਦ ਦਾ ਕੰਮ ਸਥਾਪਿਤ ਕਰਨ ਅਤੇ ਦੂਸਰਿਆਂ ਨੂੰ ਰੋਜ਼ਗਾਰ ਦੇਣ ਦੇ ਕਾਬਲ ਹੋ ਸਕਦੇ ਹਨ। ਡਿਪਾਰਟਮੈਂਟ ਆਫ ਕਰੀਅਰ ਗਾਈਡੈਂਸ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਵਰੁਣ ਨਈਅਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਉਹ ਕੋਰਸ ਕਰਨੇ ਚਾਹੀਦੇ ਹਨ, ਜਿਸ ਦੀ ਅਜੋਕੇ ਸਮੇਂ ਵਿਚ ਜ਼ਰੂਰਤ ਹੋਵੇ। ਇਸ ਨਾਲ ਉਹ ਨਾ ਸਿਰਫ ਆਪਣੇ ਮਨਪਸੰਦ ਖੇਤਰ ਵਿਚ ਨਵੇਂ ਮੌਕੇ ਹਾਸਲ ਕਰ ਸਕਦੇ ਹਨ, ਸਗੋਂ ਜੇ ਚਾਹੁਣ ਤਾਂ ਆਪਣਾ ਕਾਰੋਬਾਰ ਵੀ ਸ਼ੁਰੂ ਕਰ ਸਕਦੇ ਹਨ। ਇਸ ਕਰੀਅਰ ਗਾਈਡੈਂਸ ਪ੍ਰੋਗਰਾਮ ਦੌਰਾਨ ਸਬੰਧਤ ਦੋਵਾਂ ਸਕੂਲ ਦੇ ਸਮੂਹ ਸਟਾਫ ਅਤੇ 180 ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਭਾਗ ਲਿਆ। ਇਸ ਮੌਕੇ ਪ੍ਰਿੰਸੀਪਲ ਡੀ.ਏ.ਵੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਜੇਸ਼ ਕੁਮਾਰ ਅਤੇ ਪ੍ਰਿੰਸੀਪਲ ਚੌਧਰੀ ਬਲਬੀਰ ਸਿੰਘ ਪਬਲਿਕ ਸਕੂਲ ਹੁਸ਼ਿਆਰਪੁਰ ਏ.ਐਸ. ਬੇਦੀ ਨੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਦਾ ਦਿਲੋਂ ਧੰਨਵਾਦ ਕਰਦੇ ਹੋਏ ਭਵਿੱਖ ਵਿਚ ਵੀ ਇਸ ਤਰ੍ਹਾਂ ਦੇ ਸੈਮੀਨਾਰ ਲਗਾਉਣ ਲਈ ਕਿਹਾ।

# ਡੇਟਸ਼ੀਟ (ਲਿਖਤੀ) ਦਸਵੀਂ ਤੇ ਬਾਰ੍ਹਵੀਂ 'ਚ ਤਬਦੀਲੀ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਅਗਸਤ 2025 ਦੀ ਅਨੁਪੂਰਕ ਪ੍ਰੀਖਿਆ (ਕੰਪਾਰਟਮੈਂਟ/ ਰੀਅਪੀਅਰ ਸਮੇਤ ਓਪਨ ਸਕੂਲ) ਵਾਧੂ ਵਿਸ਼ਾ ਅਤੇ ਓਪਨ ਸਕੂਲ ਬਲਾਕ-2 ਪ੍ਰੀਖਿਆ ਸੰਬੰਧੀ ਪਹਿਲਾਂ ਜਾਰੀ ਡੇਟਸ਼ੀਟ ਵਿੱਚ ਪ੍ਰਬੰਧਕੀ ਕਾਰਨਾਂ ਕਰਕੇ ਤਬਦੀਲੀ ਕੀਤੀ ਗਈ ਹੈ।ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦੀ ਪਹਿਲਾਂ ਜਾਰੀ ਡੇਟਸ਼ੀਟ ਅਨੁਸਾਰ 8.8.2025 ਨੂੰ ਹੋਣ ਵਾਲਾ ਪੇਪਰ (ਦਸਵੀਂ ਸ਼੍ਰੇਣੀ ਗ੍ਰਹਿ ਵਿਗਿਆਨ, ਬਾਰ੍ਹਵੀਂ ਸ਼੍ਰੇਣੀ ਜਨਰਲ ਫਾਊਂਡੇਸ਼ਨ ਕੋਰਸ ਅਤੇ ਪੰਜਾਬ ਹਿਸਟਰੀ ਐਂਡ ਕਲਚਰ) ਹੁਣ ਰੀਵਾਈਜ਼ਡ ਡੇਟਸ਼ੀਟ ਅਨੁਸਾਰ 20.8.2025 ਨੂੰ ਹੋਵੇਗਾ ਅਤੇ ਪਹਿਲਾਂ ਜਾਰੀ ਡੇਟਸ਼ੀਟ ਅਨੁਸਾਰ 20.8.2025 ਨੂੰ ਹੋਣ ਵਾਲਾ ਪੇਪਰ (ਦਸਵੀਂ ਸ਼੍ਰੇਣੀ ਅੰਗਰੇਜ਼ੀ, ਅਤੇ ਬਾਰਵੀਂ ਸ਼੍ਰੇਣੀ ਗਣਿਤ) ਹੁਣ ਰੀਵਾਈਜ਼ਡ ਡੇਟਸ਼ੀਟ ਅਨੁਸਾਰ 8.8.2025 ਨੂੰ ਹੋਵੇਗਾ। ਰੀਵਾਈਜ਼ਡ ਡੇਟਸ਼ੀਟ ਅਤੇ ਵਧੇਰੇ ਜਾਣਕਾਰੀ ਬੋਰਡ ਦੀ ਵੈਬਸਾਈਟ www.pseb.ac.in ਤੇ ਉਪਲਬਧ ਹੈ।

# ਮਾਤਾ ਚਿੰਤਪੁਰਨੀ ਮੇਲੇ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਸਮਾਜਿਕ ਸੰਸਥਾਵਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ : ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** 25 ਜੁਲਾਈ ਨੂੰ ਸ਼ੁਰੂ ਹੋਣ ਵਾਲੇ ਮਾਤਾ ਚਿੰਤਪੁਰਨੀ ਦੇ ਮੇਲੇ ਦੇ ਪ੍ਰਬੰਧਾਂ ਨੂੰ ਲੈ ਕੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ, ਲੰਗਰ ਕਮੇਟੀਆਂ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਅਤੇ ਮੇਅਰ ਸੁਰਿੰਦਰ ਕੁਮਾਰ ਵੀ ਮੌਜੂਦ ਸਨ।ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸਾਰੇ ਵਿਭਾਗਾਂ ਨੂੰ ਮੇਲੇ ਦੇ ਪ੍ਰਬੰਧਾਂ ਨੂੰ ਸੁਚਾਰੂ ਬਣਾਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਮੇਲੇ ਦੀਆਂ ਤਿਆਰੀਆਂ ਨੂੰ ਲੈ ਕੇ ਕਿਸੇ ਤਰ੍ਹਾਂ ਦੀ ਕੋਈ ਕਮੀ ਨਹੀਂ ਰਹਿਣੀ ਚਾਹੀਦੀ।ਉਨ੍ਹਾਂ ਕਿਹਾ ਕਿ ਬਿਨ੍ਹਾਂ ਲੰਗਰ ਕਮੇਟੀਆਂ ਅਤੇ ਸਮਾਜਿਕ ਸੰਸਥਾਵਾਂ ਦੇ ਸਹਿਯੋਗ ਤੋਂ ਬਿਨਾਂ ਮਾਤਾ ਚਿੰਤਪੁਰਨੀ ਦੇ ਮੇਲੇ ਦੀ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਨਹੀਂ ਚਲਾਇਆ ਜਾ ਸਕਦਾ।ਇਸ ਲਈ ਲੰਗਰ ਕਮੇਟੀਆਂ ਅਤੇ ਸਮਾਜਿਕ ਸੰਸਥਾਵਾਂ ਦੇ ਸਹਿਯੋਗ ਦੀ ਵਿਸ਼ੇਸ਼ ਲੋੜ ਹੈ।ਬ੍ਰਮ ਸ਼ੰਕਰ ਜਿੰਪਾ ਨੇ ਕਿਹਾ



ਕਿ ਜ਼ਿਲ੍ਹਾ ਪ੍ਰਸ਼ਾਸਨ ਮੇਲੇ ਦੌਰਾਨ ਲੰਗਰਾਂ ਨੂੰ ਸਿੰਗਲ-ਯੂਜ਼ ਪਲਾਸਟਿਕ ਤੋਂ ਮੁਕਤ ਬਣਾਉਣ ਲਈ ਸ਼ਲਾਘਾਯੋਗ ਕੰਮ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਮੇਲੇ ਵਿਚ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਨਗਰ ਨਿਗਮ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਹਿਯੋਗ ਨਾਲ 5 ਲੱਖ ਰੁਪਏ ਦੇ ਕਰੀਬ ਵਾਤਾਵਰਨ ਅਨੁਕੂਲ ਪਲੇਟਾਂ, ਗਲਾਸ ਅਤੇ ਚਮਚੇ ਉਨ੍ਹਾਂ ਲੰਗਰ ਸੁਸਾਇਟੀਆਂ ਨੂੰ ਉਪਲਬੱਧ ਕਰਵਾਏ ਜਾਣਗੇ, ਜੋ ਅਣਜਾਣੇ ਵਿਚ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਸੰਸਥਾਵਾਂ ਵਿਚਕਾਰ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ, ਤਾਂ ਜੋ ਸਾਂਝੇ ਯਤਨਾਂ ਰਾਹੀਂ ਮੇਲਾ ਸਫਲਤਾਪੂਰਵਕ ਆਯੋਜਿਤ ਕੀਤਾ ਜਾ ਸਕੇ। ਡਿਪਟੀ ਕਮਿਸ਼ਨਰ ਨੇ ਲੰਗਰ ਕਮੇਟੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਿਵਸਥਾ ਸੁਚਾਰੂ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕੁਝ ਤਿਆਰੀਆਂ ਕੀਤੀਆਂ ਗਈਆਂ ਹਨ, ਜਿਸ ਵਿਚ ਲੰਗਰ ਕਮੇਟੀਆਂ ਦਾ ਸਹਿਯੋਗ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੰਗਰ ਲਗਾਉਣ, ਲਾਊਡ ਸਪੀਕਰ ਦੇ ਲਈ ਲੰਗਰ ਕਮੇਟੀਆਂ ਐਸ.ਡੀ.ਐਮ ਦਫ਼ਤਰ ਵਿਚ ਅਪਲਾਈ ਜ਼ਰੂਰ ਕਰਨ ਤਾਂ ਜੋ ਪ੍ਰਸ਼ਾਸਨ ਨੂੰ ਇਹ ਪਤਾ ਲੱਗ ਸਕੇ ਕਿ ਕਿਸ ਕਮੇਟੀ ਨੇ ਕਿਥੇ ਲੰਗਰ ਲਗਾਇਆ ਹੈ। ਅਜਿਹਾ ਕਰਨ ਨਾਲ ਟ੍ਰੈਫਿਕ ਸਮੱਸਿਆ ਜਾਂ ਕਿਸੇ ਹੋਰ ਸਮੱਸਿਆ ਦੀ ਸੂਰਤ ਵਿਚ ਸਬੰਧਤ ਅਧਿਕਾਰੀ ਲੰਗਰ ਕਮੇਟੀ ਨਾਲ ਸੰਪਰਕ ਕਰ ਸਕਦਾ ਹੈ।ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੇ ਕਿਹਾ ਕਿ ਲੰਗਰ ਕਮੇਟੀਆਂ ਨੂੰ ਟ੍ਰੈਫਿਕ ਵਿਵਸਥਾ ਨੂੰ ਸੁਚਾਰੂ ਬਣਾਉਣ ਵਿਚ ਸਹਿਯੋਗ ਦੇਣਾ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਦੇ ਅਧਿਕਾਰੀ ਅਤੇ ਕਰਮਚਾਰੀ 24 ਘੰਟੇ ਚਿੰਤਪੁਰਨੀ ਰੋਡ 'ਤੇ ਤਾਇਨਾਤ ਰਹਿਣਗੇ, ਤਾਂ ਜੋ ਸ਼ਰਧਾਲੂਆਂ ਨੂੰ ਕੋਈ ਦਿੱਕਤ ਨਾ ਆਵੇ।ਮੇਅਰ ਸੁਰਿੰਦਰ ਕੁਮਾਰ ਨੇ ਕਿਹਾ ਕਿ ਨਗਰ ਨਿਗਮ ਸਫਾਈ ਵਿਵਸਥਾ ਸਬੰਧੀ ਕੋਈ ਕਸਰ ਬਾਕੀ ਨਹੀਂ ਛੱਡੇਗਾ।

# ਜ਼ੀਰੋ ਵੇਸਟ ਮੈਨੇਜਮੈਂਟ ਵਿਸ਼ੇ 'ਤੇ ਵਰਕਸ਼ਾਪ



**ਰੂਪਨਗਰ (ਰਜਿੰਦਰ ਸੈਣੀ)** ਜ਼ੀਰੋ ਵੇਸਟ ਮੈਨੇਜਮੈਂਟ ਵਿਸ਼ੇ 'ਤੇ ਅਧਾਰਿਤ ਸਥਾਨਿਕ ਨਗਰ ਕੌਂਸਲ ਦੇ ਦਫਤਰ ਵਿਖੇ ਰੂਪਨਗਰ ਸ਼ਹਿਰ ਦੇ ਵਾਤਾਵਰਣ ਨੂੰ ਸਵੱਛ ਬਣਾਉਣ ਲਈ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਜਾ ਸਿਆਲ ਦੀ ਪ੍ਰਧਾਨਗੀ ਹੇਠ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਰੋਪੜ ਤੋਂ ਰੂਪਨਗਰ ਕਮੇਟੀ ਵੱਲੋਂ ਕਰਵਾਈ ਇਸ ਵਰਕਸ਼ਾਪ ਦੌਰਾਨ ਦਿੱਲੀ ਤੋਂ ਪ੍ਰਸਿੱਧ ਵਾਤਾਵਰਣ ਪ੍ਰੇਮੀ ਤੇ ਮਾਹਿਰ ਪੂਜਾ ਖੰਡੇਵਾਲ ਨੇ ਵੇਸਟ ਨੂੰ ਰਿਸੋਰਸ ਵਿੱਚ ਬਦਲਣ ਬਾਰੇ ਵਿਸ਼ਥਾਰ ਨਾਲ ਚਾਨਣਾ ਪਾਇਆ।ਉਨ੍ਹਾ ਸਕਰੀਨ ਤੇ ਪਰਜੈਂਟੇਸ਼ਨ ਰਾਹੀ ਹਰ ਇੱਕ ਨੁਕਤੇ ਬਾਰੇ ਜਾਣਕਾਰੀ ਸਾਂਝੀ ਕੀਤੀ ਕਿ ਕਿਵੇ ਗਿੱਲੇ ਤੇ ਸੁਕੇ ਕੂੜੇ ਨੂੰ ਅਸੀ ਆਪਣੇ ਪੱਧਰ ਤੋਂ ਹੀ ਘਰਾ, ਅਦਾਰਿਆ 'ਚ ਹੀ ਵਧਿਆ ਢੰਗ ਨਾਲ ਪ੍ਰਬੰਧ ਕਰਕੇ ਉਸ ਦਾ ਸਦਉਪਯੋਗ ਕਰਕੇ ਆਪਣੇ ਘਰ, ਮੁਹਲੇ, ਸ਼ਹਿਰ ਨੂੰ ਸਵੱਛ ਬਣਾ ਸਕਦੇ ਹਨ।ਖਰਾਬ ਵਾਤਾਵਰਣ ਕਾਰਨ ਨੂੰ ਸਿਹਤਮੰਦ ਮਹੌਲ ਵਿੱਚ ਬਦਲ ਸਕਦੇ ਹਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ ਨੇ ਵਾਤਾਵਰਣ ਪ੍ਰੇਮੀ ਪੂਜਾ ਖੰਡੇਵਾਲ ਵਲੋਂ ਵੇਸਟ ਟੂ ਰਿਸੋਰਸ ਬਾਰੇ ਜਾਣਕਾਰੀ ਤੇ ਤਸਲੀ ਪ੍ਰਗਟ ਕਰਦਿਆ ਸ਼ਹਿਰ ਵਾਸੀਆ ਨੂੰ ਅਪੀਲ ਕੀਤੀ ਕਿ ਉਹ ਆਪਣੇ ਸ਼ਹਿਰ ਦੇ ਵਾਤਾਵਰਣ ਨੂੰ ਸਵੱਛ ਬਣਾਉਣ ਲਈ ਸਹਿਯੋਗ ਕਰਨ ਤੇ ਅਗਰ ਅਸੀ ਆਪਣੇ ਘਰਾਂ ਤੋਂ ਹੀ ਕੂੜੇ ਕਰਕਟ ਨੂੰ ਸੰਭਾਲ ਲਈ ਮਿਲਕੇ ਕੰਮ ਕਰਾਗੇ ਤਾ ਇਸ ਨਾਲ ਅਸੀ ਆਪਣੇ ਸ਼ਹਿਰ ਨੂੰ ਇਕ ਨਮੂਨੇ ਦਾ ਸ਼ਹਿਰ ਬਣਾ ਸਕਦੇ ਹਾ।ਇਸ ਮੌਕੇ ਵੱਖ ਵੱਖ ਸੰਸਥਾਵਾ ਦੇ ਨੁਮਾਇੰਦੇ ਡਾ. ਆਰ. ਐਸ ਪਰਮਾਰ, ਬ੍ਰਿਜ਼ ਪਰਮਾਰ, ਚੇਤਨ ਅਗਰਵਾਲ, ਰਾਜਿੰਦਰ ਸੈਣੀ, ਆਸਿਮਾ ਅਗਰਵਾਲ, ਪਰਮਿੰਦਰ ਕੌਰ, ਪਰਮਿੰਦਰਬੀਰ ਸਿੰਘ ਚੀਮਾ, ਅਜਮੇਰ ਸਿੰਘ ਲੋਧੀਮਾਜਰਾ, ਰਣਜੀਤ ਸਿੰਘ ਅਤੇ ਨਗਰ ਕੌਂਸਲ ਪ੍ਰਧਾਨ ਸੰਜੇ ਵਰਮਾ ਤੇ ਨਗਰ ਕੌਂਸਲ ਦੇ ਅਧਿਕਾਰੀ ਹਾਜ਼ਰ ਸਨ।

# ਸਰਕਾਰ ਵੱਲੋਂ ਮੈਡੀਕਲ ਤੇ ਡੈਂਟਲ ਇੰਟਰਨਾਂ ਤੇ ਰੈਜ਼ੀਡੈਂਟਾਂ ਦੇ ਮਾਣ-ਭੱਤੇ 'ਚ ਵਾਧਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਦੀ ਸਿੱਖਿਆ ਅਤੇ ਸਿਹਤ ਖੇਤਰਾਂ ਨੂੰ ਮਜ਼ਬੂਤ ਕਰਨ ਦੀ ਅਟੁੱਟ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੂਬੇ ਦੇ ਸਰਕਾਰੀ ਮੈਡੀਕਲ ਅਤੇ ਡੈਂਟਲ ਕਾਲਜਾਂ ਵਿੱਚ ਇੰਟਰਨਾਂ, ਜੂਨੀਅਰ ਰੈਜ਼ੀਡੈਂਟਾਂ ਅਤੇ ਸੀਨੀਅਰ ਰੈਜ਼ੀਡੈਂਟਾਂ ਦੇ ਪ੍ਰਤੀ ਮਹੀਨਾ ਮਾਣਭੱਤੇ (ਸਟਾਈਫੰਡ) ਵਿੱਚ ਮਹੱਤਵਪੂਰਨ ਵਾਧੇ ਦਾ ਐਲਾਨ ਕੀਤਾ।ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਹ ਐਲਾਣ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਵਰਤਮਾਨ ਵਿੱਚ ਪੰਜਾਬ ਦੇ ਸਰਕਾਰੀ ਮੈਡੀਕਲ ਅਤੇ ਡੈਂਟਲ ਕਾਲਜਾਂ ਵਿੱਚ ਇੰਟਰਨਾਂ ਦੀਆਂ 907, ਜੂਨੀਅਰ ਰੈਜ਼ੀਡੈਂਟਾਂ ਦੀਆਂ 1408 ਅਤੇ ਸੀਨੀਅਰ ਰੈਜ਼ੀਡੈਂਟਾਂ ਦੀਆਂ 754 ਮਨਜ਼ੂਰਸ਼ੁਦਾ ਅਸਾਮੀਆਂ ਹਨ। ਉਨ੍ਹਾਂ ਕਿਹਾ ਕਿ ਇੰਟਰਨਾਂ ਲਈ ਮਾਣਭੱਤਾ 15,000 ਰੁਪਏ ਤੋਂ ਵਧਾ ਕੇ 22,000 ਰੁਪਏ ਪ੍ਰਤੀ ਮਹੀਨਾ ਕਰ ਦਿੱਤਾ ਗਿਆ ਹੈ। ਜੂਨੀਅਰ ਰੈਜ਼ੀਡੈਂਟਾਂ ਲਈ ਨਵੇਂ ਮਾਣਭੱਤਾ ਢਾਂਚੇ ਵਿੱਚ ਮੌਜੂਦਾ 67,968 ਰੁਪਏ ਪ੍ਰਤੀ ਮਹੀਨਾ ਤੋਂ ਵੱਧ ਕੇ ਪਹਿਲੇ ਸਾਲ ਵਿੱਚ 76,000 ਰੁਪਏ, ਦੂਜੇ ਸਾਲ ਵਿੱਚ 77,000 ਰੁਪਏ ਅਤੇ ਤੀਜੇ ਸਾਲ ਵਿੱਚ 78,000 ਰੁਪਏ ਹੋ ਜਾਣਗੇ। ਇਸੇ ਤਰ੍ਹਾਂ, ਸੀਨੀਅਰ ਰੈਜ਼ੀਡੈਂਟਾਂ ਨੂੰ ਉਨ੍ਹਾਂ ਦੇ ਮੌਜੂਦਾ 81,562 ਰੁਪਏ ਪ੍ਰਤੀ ਮਹੀਨਾ ਤੋਂ ਵਧ ਕੇ ਪਹਿਲੇ ਸਾਲ ਵਿੱਚ 92,000 ਰੁਪਏ, ਦੂਜੇ ਸਾਲ ਵਿੱਚ 93,000 ਰੁਪਏ ਅਤੇ ਤੀਜੇ ਸਾਲ ਵਿੱਚ 94,000 ਰੁਪਏ ਮਿਲਣਗੇ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਅਤੇ ਸਿਹਤ ਖੇਤਰਾਂ ਲਈ ਲੋੜੀਂਦੇ ਸਰੋਤ ਮੁਹੱਈਆ ਕਰਨ ਪ੍ਰਤੀ ਰਾਜ ਸਰਕਾਰ ਦੇ ਸਮਰਪਣ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਮਾਣਭੱਤਿਆਂ 'ਤੇ ਸਾਲਾਨਾ ਖਰਚਾ, ਜੋ ਵਰਤਮਾਨ ਵਿੱਚ 204.96 ਕਰੋੜ ਰੁਪਏ ਹੈ, ਇਸ ਵਾਧੇ ਤੋਂ ਬਾਅਦ 238.18 ਕਰੋੜ ਰੁਪਏ ਹੋ ਜਾਵੇਗਾ, ਜੋ ਕਿ ਸਾਲਾਨਾ ਲਗਭਗ 33.22 ਕਰੋੜ ਰੁਪਏ ਦਾ ਵਾਧਾ ਦਰਸਾਉਂਦਾ ਹੈ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਰਾਜ ਭਰ ਵਿੱਚ ਸਿਹਤ ਸੰਭਾਲ ਸੁਵਿਧਾਵਾਂ ਦੇ ਵਿਕਾਸ ਪ੍ਰਤੀ ਪੰਜਾਬ ਸਰਕਾਰ ਦੇ ਸੰਕਲਪ ਦੀ ਪੁਸ਼ਟੀ ਵੀ ਕੀਤੀ। ਉਨ੍ਹਾਂ ਇਸ ਮੌਕੇ ਹਾਲ ਹੀ ਵਿੱਚ ਹਰੇਕ ਨਾਗਰਿਕ ਨੂੰ 10 ਲੱਖ ਰੁਪਏ ਦਾ ਬੀਮਾ ਕਵਰ ਪ੍ਰਦਾਨ ਕਰਨ ਦੀ ਸੂਬਾ ਸਰਕਾਰ ਦੀ ਪਹਿਲਕਦਮੀ ਦਾ ਵੀ ਜ਼ਿਕਰ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਲੋਕ ਭਲਾਈ 'ਤੇ ਸਰਕਾਰ ਦੇ ਫੋਕਸ ਨੂੰ ਦਰਸਾਉਂਦੇ ਹਨ। ਵਿੱਤ ਮੰਤਰੀ ਨੇ ਭਰੋਸਾ ਦਿੱਤਾ ਕਿ ਪੰਜਾਬ ਵਿੱਚ ਸਿਹਤ ਸੰਭਾਲ ਢਾਂਚੇ ਅਤੇ ਸੇਵਾਵਾਂ ਦੇ ਨਿਰੰਤਰ ਵਿਕਾਸ ਅਤੇ ਸੁਧਾਰ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੋਵੇਗੀ।

# ਸੰਤ ਬਾਬਾ ਮਿੱਤ ਸਿੰਘ ਦਾ 81ਵਾਂ ਸਾਲਾਨਾ ਬਰਸੀ ਸਮਾਗਮ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਬਾਬਾ ਅਤਰ ਸਿੰਘ ਮਸਤੂਆਣੇ ਵਾਲਿਆਂ ਤੋਂ ਵਰੋਸਾਏ ਸੰਤ ਬਾਬਾ ਮਿੱਤ ਸਿੰਘ ਦੀ 81ਵਾਂ ਸਾਲਾਨਾ ਬਰਸੀ ਸਮਾਗਮ ਜਥੇਦਾਰ ਬਾਬਾ



ਤਲਵਿੰਦਰ ਸਿੰਘ (ਪਰਮੇਸ਼ਰ ਜੀ) ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਕਿਸ਼ਨਪੁਰ-ਜੱਫਲ ਝਿੰਗੜ ਜ਼ਿਲ੍ਹਾ ਜਲੰਧਰ ਵਿਖੇ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਗਿਆ।ਇਹਨਾਂ ਸਮਾਗਮਾਂ ਸੰਬੰਧੀ ਮਿਤੀ 21 ਜੁਲਾਈ ਦਿਨ ਸੋਮਵਾਰ ਨੂੰ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ।ਜਿਨ੍ਹਾਂ ਦੇ ਭੋਗ ਮਿਤੀ 23 ਜੁਲਾਈ ਦਿਨ ਬੁੱਧਵਾਰ ਨੂੰ ਸਵੇਰੇ 9-00 ਵਜੇ ਪਾਏ ਗਏ। ਉਪਰੰਤ ਮਹਾਨ ਕੀਰਤਨ ਦਰਬਾਰ ਸਜਾਇਆ ਗਿਆ ਜਿਸ ਦੌਰਾਨ ਭਾਈ ਅਮੀਰ ਸਿੰਘ ਮੁੱਖੀ ਜਵੱਦੀ ਟਕਸਾਲ, ਲੁਧਿਆਣਾ, ਸੰਤ ਤੇਜਾ ਸਿੰਘ ਖੁੱਡਾ ਕੁਰਾਲਾ, ਰਾਗੀ ਜੱਥਾ ਭਾਈ ਗੁਰਮੁੱਖ ਸਿੰਘ ਹੁਸ਼ਿਆਰਪੁਰ ਵਾਲੇ, ਢਾਡੀ ਜਥਾ ਭਾਈ ਗੁਰਦਿਆਲ ਸਿੰਘ ਲੱਖਪੁਰ ਵਾਲੇ, ਢਾਡੀ ਜਥਾ ਭਾਈ ਬਲਵੀਰ ਸਿੰਘ ਭੁੱਲਾਰਾਈ, ਢਾਡੀ ਜਥਾ ਭਾਈ ਅਮਰਜੀਤ ਸਿੰਘ ਭਰੋਲੀ, ਕਥਾਵਾਚਕ ਭਾਈ ਮਨਦੀਪ ਸਿੰਘ ਮੁਰੀਦ, ਰਾਗੀ ਜਥਾ ਸੰਤ ਸੇਵਕ ਜਥਾ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਸਾਹਿਬ, ਹਜ਼ੂਰੀ ਰਾਗੀ ਜਥਾ ਭਾਈ ਘਮੰਡਾ ਸਿੰਘ, ਕਿਸ਼ਨਪੁਰ ਵਾਲਿਆਂ ਦੇ ਜੱਥਿਆਂ ਵੱਲੋਂ ਆਈਆ ਸੰਗਤਾ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ਗਿਆ।

# ਨਹਿਰ 'ਚੋਂ ਬਗੈਰ ਨੰਬਰੀ ਮੋਟਰਸਾਈਕਲ ਮਿਲਿਆ



**ਫਿਲੌਰ (ਨਿਰਮਲ)**- ਫਿਲੌਰ ਦੇ ਕਰੀਬੀ ਪਿੰਡ ਭੱਟੀਆਂ ਦੇ ਸਰਪੰਚ ਸਰਬਜੀਤ ਸਿੰਘ ਨੇ ਥਾਣਾ ਫਿਲੌਰ ਨੂੰ ਸੂਚਿਤ ਕੀਤਾ ਕਿ ਫਿਲੌਰ ਭੱਟੀਆਂ ਨੇੜਿਓ ਲੰਘਦੀ ਨਹਿਰ ਵਿੱਚ ਇੱਕ ਲਾਵਾਰਿਸ ਮੋਟਰਸਾਈਕਲ ਪਿਆ ਹੈ।ਥਾਣਾ ਫਿਲੌਰ ਦੇ ਥਾਣੇਦਾਰ ਅਤੇ ਸੜਕ ਸੁਰੱਖਿਆ ਫੋਰਸ ਦੀ ਟੀਮ ਵੀ ਮੌਕੇ 'ਤੇ ਪੁੱਜੀ।ਪਿੰਡ ਵਾਸੀਆਂ ਦੀ ਮਦਦ ਨਾਲ ਮੋਟਰਸਾਈਕਲ ਨਹਿਰ 'ਚੋਂ ਕੱਢਿਆ ਜੋ ਬਗੈਰ ਨੰਬਰੀ ਕਾਲੇ ਰੰਗ ਦਾ ਹੈ।ਪੁਲਸ ਨੂੰ ਸ਼ੱਕ ਹੈ ਕਿ ਇਹ ਚੋਰੀ ਸ਼ੁਦਾ ਹੋ ਸਕਦਾ ਹੈ।ਫਿਲੌਰ ਪੁਲਸ ਮਾਮਲੇ ਦੀ ਬਰੀਕੀ ਨਾਲ ਜਾਂਚ ਕਰ ਰਹੀ ਹੈ।

# ਅਨੰਦਪੁਰ ਸਾਹਿਬ 'ਚ ਉਪ ਮੰਡਲ ਪੱਧਰ ਦਾ ਸੁਤੰਤਰਤਾ ਦਿਵਸ ਸਮਾਰੋਹ ਮਨਾਉਣ ਸੰਬੰਧੀ ਹੋਈ ਮੀਟਿੰਗ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸੁਤੰਤਰਤਾ ਦਿਵਸ ਸਮਾਰੋਹ 15 ਅਗਸਤ ਨੂੰ ਉਪ ਮੰਡਲ ਪੱਧਰ ਸ੍ਰੀ ਅਨੰਦਪੁਰ ਸਾਹਿਬ ਦੇ ਚਰਨ ਗੰਗਾ ਸਟੇਡੀਅਮ ਵਿਖੇ ਮਨਾਇਆ ਜਾ ਰਿਹਾ ਹੈ। 30 ਜੁਲਾਈ ਨੂੰ ਸਵੇਰੇ 10 ਵਜੇ ਆਈਟਮਾਂ ਦੀ ਚੋਣ ਕੀਤੀ ਜਾਵੇਗੀ, 11 ਤੇ 12 ਅਗਸਤ ਨੂੰ ਰਿਹਸਲ ਅਤੇ 13 ਅਗਸਤ ਨੂੰ ਫੁੱਲ ਡਰੈਸ ਰਿਹਸਲ ਕਰਵਾਈ ਜਾਵੇਗੀ।ਇਹ ਪ੍ਰਗਟਾਵਾ ਸ੍ਰੀ ਅਨੰਦਪੁਰ ਸਾਹਿਬ ਦੇ ਹਰਸਿਮਰਨ ਸਿੰਘ ਤਹਿਸੀਲਦਾਰ ਵੱਲੋਂ ਦਫਤਰ ਦੇ ਮੀਟਿੰਗ ਹਾਲ ਵਿਚ ਸੁਤੰਤਰਤਾ ਦਿਵਸ ਮਨਾਉਣ ਸੰਬੰਧੀ ਹੋਈ ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਮਨਾਏ ਜਾਣ ਵਾਲੇ ਅਜਾਦੀ ਦਿਵਸ ਸਮਾਰੋਹ ਮੌਕੇ ਸਕੂਲਾਂ 'ਤੇ ਕਾਲਜਾਂ ਦੇ ਵਿਦਿਆਰਥੀਆਂ ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਦੇਣਗੇ, ਪਰੇਡ, ਮਾਰਚ ਪਾਸਟ, ਪੀ. ਟੀ.ਸ਼ੋਅ ਸਮਾਰੋਹ ਦੇ ਮੁੱਖ ਆਕਰਸ਼ਣ ਹੋਣਗੇ। ਉਨ੍ਹਾਂ ਨੇ ਕਿਹਾ ਕਿ ਅਜ਼ਾਦੀ ਦਿਹਾੜੇ ਦੇ ਸਮਾਰੋਹ ਸਾਡੇ ਦੇਸ਼ ਵਿੱਚ ਇੱਕ ਸਮੇਂ ਹਰ ਖੇਤਰ ਵਿੱਚ ਮਨਾਏ ਜਾਣ ਵਾਲੇ ਸਮਾਰੋਹ ਹਨ, ਜੋ ਸਾਨੂੰ ਦੇਸ਼ਭਗਤੀ ਦੀ ਭਾਵਨਾ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਸਮਾਰੋਹ ਵਾਲੇ ਸਥਾਨ 'ਤੇ ਸਾਰੀਆਂ ਤਿਆਰੀਆਂ ਢੁੱਕਵੇਂ ਢੰਗ ਨਾਲ ਕੀਤੀਆਂ ਜਾਣ। ਇਸ ਮੌਕੇ ਅਜ਼ਾਦੀ ਦਿਵਸ ਸਮਾਗਮ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਉਨ੍ਹਾਂ ਨੇ ਦੱਸਿਆ ਕਿ ਉਪ ਮੰਡਲ ਦੇ ਅਜਾਦੀ ਦਿਵਸ ਸਮਾਰੋਹ ਚਰਨ ਗੰਗਾ ਸਟੇਡੀਅਮ ਸ੍ਰੀ ਅਨੰਦਪੁਰ ਸਾਹਿਬ ਵਿੱਚ ਮਨਾਇਆ ਜਾਵੇਗਾ, ਜਿੱਥੇ ਪਹੁੰਚਣ ਵਾਲੇ ਵਿਦਿਆਰਥੀਆਂ, ਦਰਸ਼ਕਾਂ ਤੇ ਪਤਵੰਤੇ ਸ਼ਹਿਰ ਵਾਸੀਆਂ ਲਈ ਸੁਚਾਰੂ ਟ੍ਰੈਫਿਕ ਤੇ ਸਮਾਰੋਹ ਵਾਲੇ ਸਥਾਨ 'ਤੇ ਵਿਸ਼ੇਸ਼ ਸੁਰੱਖਿਆ ਪ੍ਰਬੰਧ ਹੋਣਗੇ। ਇਸ ਮੌਕੇ ਪ੍ਰਿੰ. ਸੁਖਪਾਲ ਕੌਰ ਵਾਲੀਆ, ਸੀਨੀਅਰ ਮੈਡੀਕਲ ਅਫਸਰ ਡਾ. ਕੰਨਵਰਪ੍ਰੀਤ ਸਿੰਘ, ਰਣਜੀਤ ਸਿੰਘ ਐਨ.ਸੀ. ਸੀ. ਅਫਸਰ, ਗੁਰਮਿੰਦਰ ਸਿੰਘ ਭੁੱਲਰ, ਭਾਰਤ ਭੂਸ਼ਣ ਬਾਗਬਾਨੀ ਅਫਸਰ, ਦੀਦਾਰ ਸਿੰਘ, ਮਦਨ ਲਾਲ ਸੈਨੇਟਰੀ ਇੰਸਪੈਕਟਰ, ਰਾਜ ਕੁਮਾਰ, ਕੁਲਜੀਤ ਸਿੰਘ, ਬਲਜੀਤ ਕੌਰ, ਰਾਕੇਸ਼ ਕੁਮਾਰ, ਸੰਜੀਵ ਕੁਮਾਰ, ਬਰਜਿੰਦਰ ਸਿੰਘ, ਅਮਰੀਕ ਸਿੰਘ, ਚਰਨਜੀਤ ਸਿੰਘ ਤੇ ਵੱਡੀ ਗਿਣਤੀ ਵਿਚ ਅਧਿਕਾਰੀ ਹਾਜਰ ਸਨ।

# ਲੈਂਡ ਪੂਲਿੰਗ ਸਕੀਮ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ : ਕਰੀਮਪੁਰੀ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ.ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਪਿਛਲੇ ਦਿਨੀਂ ਕਿਸਾਨ ਜਥੇਬੰਦੀਆਂ ਨਾਲ ਮੀਟਿੰਗ ਵਿਚ ਉਨ੍ਹਾਂ ਬਸਪਾ ਦਾ ਸਟੈਂਡ ਸਪੱਸ਼ਟ ਕਰ ਦਿੱਤਾ ਸੀ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰੀ ਵਿਕਾਸ ਪ੍ਰੋਜੈਕਟ ਲਈ ਲਿਆਂਦੀ ਲੈਂਡ ਪੂਲਿੰਗ ਸਕੀਮ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ ਕਿਉਂਕਿ ਇਹ ਕਿਸਾਨਾਂ,ਮਜ਼ਦੂਰਾਂ ਤੇ ਮੱਧ ਵਰਗ ਲਈ ਘਾਤਕ ਹੈ। ਉਨਾਂ ਕਿਹਾ ਕਿ ਲੈਂਡ ਪੂਲਿੰਗ ਦੇ ਲਾਗੂ ਹੋਣ ਨਾਲ ਗਰੀਬ ਅਤੇ ਮੱਧ ਵਰਗ ਦੇ ਘਰ ਬਣਾਉਣ ਸੁਪਨੇ ਚਕਨਾਚੂਰ ਹੋ ਜਾਣਗੇ। ਕਰੀਮਪੁਰੀ ਨੇ ਕਿਹਾ ਸਰਕਾਰ ਜਬਰਦਸਤੀ ਜ਼ਮੀਨਾਂ ਹਥਿਆ ਕੇ ਪੰਜਾਬ ਤੋਂ ਬਾਹਰੀ ਕਲੋਨਾਇਜਰਾਂ ਨੂੰ ਕਰੋੜਾਂ ਰੁਪਏ ਵਿਚ ਵੇਚ ਦੇਵੇਗੀ।ਪੰਜਾਬ ਦਾ ਗਰੀਬ ਤੇ ਮੱਧ ਵਰਗ 30 ਜਾਂ 40 ਹਜ਼ਾਰ ਨੂੰ ਗਜ ਜ਼ਮੀਨ ਨਹੀਂ ਖਰੀਦ ਸਕੇਗਾ।ਕਰੀਮਪੁਰੀ ਨੇ ਕਿਹਾ ਪੰਜਾਬ ਦੇ ਕਿਸਾਨਾਂ, ਮਜਦੂਰਾਂ, ਦਸਤਕਾਰਾਂ, ਮਿਹਨਤਕਸ਼ ਲੋਕਾਂ ਨੂੰ ਲੈਂਡ ਪੂਲਿੰਗ ਸਕੀਮ ਦਾ ਡਟਕੇ ਵਿਰੋਧ ਕਰਨਾ ਚਾਹੀਦਾ ਹੈ।ਕਰੀਮਪੁਰੀ ਨੇ ਕਿਹਾ ਨਸ਼ੇ ਖਤਮ ਕਰਨ ਵਾਲੀ ਸਰਕਾਰ ਖੁਰਾਲਗੜ੍ਹ ਵਿਚੋਂ ਸ਼ਰਾਬ ਦੇ ਠੇਕੇ ਤੇ ਬ੍ਰਾਂਚਾਂ ਕਿਓਂ ਨਹੀਂ ਬੰਦ ਕਰਾਉਂਦੀ ? ਉਨ੍ਹਾਂ ਕਿਹਾ ਬਸਪਾ ਆਗੂ ਅਤੇ ਸ੍ਰੀ ਗੁਰੂ ਰਵਿਦਾਸ ਸਭਾਵਾਂ ਅਤੇ ਸੰਗਤਾਂ ਪਿੰਡਾਂ ਅਤੇ ਸ਼ਹਿਰਾਂ 'ਚੋਂ ਮਤੇ ਪਾਸ ਕਰਵਾ ਕੇ ਬਹੁਜਨ ਸਮਾਜ ਪਾਰਟੀ ਨੂੰ ਭੇਜਣ ਜਿਸ ਵਿੱਚ ਸਰਬ ਸੰਮਤੀ ਨਾਲ ਪਾਸ ਕੀਤਾ ਜਾਂਦਾ ਹੈ ਕਿ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ



ਮਹਾਰਾਜ ਦੀ ਚਰਨਛੋਹ ਪ੍ਰਾਪਤ ਧਰਤੀ ਖੁਰਾਲਗੜ੍ਹ ਸਾਹਿਬ ਵਿਖੇ ਪੰਜਾਬ ਦੀ ਮੌਜੂਦਾ 'ਆਮ ਆਦਮੀ ਪਾਰਟੀ' ਦੀ ਸਰਕਾਰ ਵੱਲੋਂ ਖੋਲ੍ਹੇ ਗਏ ਤਿੰਨ ਸ਼ਰਾਬ ਦੇ ਠੇਕਿਆਂ ਅਤੇ ਗੁਰੂ ਘਰਾਂ ਦੇ ਆਸ-ਪਾਸ ਚਲਾਈਆਂ ਜਾ ਰਹੀਆਂ ਨਾਜਾਇਜ਼ ਸ਼ਰਾਬ ਦੀਆਂ ਬ੍ਰਾਂਚਾਂ 'ਤੇ ਸਖ਼ਤ ਇਤਰਾਜ਼ ਪ੍ਰਗਟਾਇਆ ਜਾਵੇ। ਸਭਾਵਾਂ ਇਹ ਜ਼ੋਰਦਾਰ ਮੰਗ ਕਰਦੀਆਂ ਹਨ ਕਿ ਉਕਤ ਸਾਰੇ ਸ਼ਰਾਬ ਦੇ ਠੇਕੇ ਅਤੇ ਨਾਜਾਇਜ਼ ਬ੍ਰਾਂਚਾਂ ਤੁਰੰਤ ਬੰਦ ਕੀਤੀਆਂ ਜਾਣ।ਇਕ ਹੋਰ ਬਿਆਨ ਵਿੱਚ ਕਰੀਮਪੁਰੀ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਵੱਲੋਂ ਸਰਕਾਰੀ ਜਬਰ ਦੇ ਵਿਰੁੱਧ 15 ਅਗਸਤ ਨੂੰ ਪਟਿਆਲਾ 'ਚ ਜਿਲ੍ਹਾ ਪੱਧਰੀ ਸੰਘਰਸ਼ ਦਾ ਐਲਾਨ ਕੀਤਾ ਗਿਆ ਹੈ। ਪਿੰਡ ਬਠੋਈ ਕਲਾਂ ਵਿੱਚ ਦਲਿਤਾਂ ਤੇ ਹੋ ਰਹੇ ਜਬਰ ਬਾਰੇ ਪਟਿਆਲਾ ਜਿਲ੍ਹੇ ਦੀ ਲੀਡਰਸ਼ਿਪ ਅਤੇ ਵਿਧਾਨ ਸਭਾ ਹਲਕੇ ਦੇ ਪ੍ਰਧਾਨ ਅਤੇ ਬਠੋਈ ਦੀ ਸੰਗਤ ਨਾਲ ਪੰਜਾਬ ਬਸਪਾ ਦੀ ਲੀਡਰਸ਼ਿਪ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਪਾਰਟੀ ਵੱਲੋਂ 15 ਅਗਸਤ ਨੂੰ ਪਟਿਆਲਾ ਵਿਖੇ ਪੰਜਾਬ ਸੰਭਾਲੋ ਮੁਹਿੰਮ ਦੇ ਤਹਿਤ ਜ਼ਿਲ੍ਹਾ ਪੱਧਰ 'ਤੇ ਇਹ ਕੈਸੀ ਆਜ਼ਾਦੀ ? ਪ੍ਰੋਗਰਾਮ ਦਾ ਐਲਾਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਦੀ ਸਫਲਤਾ ਲਈ ਸਟੇਟ ਕੋਆਰਡੀਨੇਟਰ ਪਰਜਾਪਤੀ ਅਜੀਤ ਸਿੰਘ ਭੈਣੀ, ਉਪ ਪ੍ਰਧਾਨ ਬਲਦੇਵ ਸਿੰਘ ਮਹਿਰਾ, ਸਟੇਟ ਜਨਰਲ ਸੈਕਟਰੀ ਯੋਗਾ ਸਿੰਘ ਪਨੋਉਂਦੀਆਂ ਅਤੇ ਪਾਰਟੀ ਦੀ ਹੋਰ ਸੀਨੀਅਰ ਲੀਡਰਸ਼ਿਪ ਦੀਆਂ ਜਿੰਮੇਬਾਰੀਆਂ ਲਗਾਈਆਂ ਹਨ।

# ਆਯੁਰਵੈਦਿਕ ਕੈਂਪ ਦੌਰਾਨ 1280 ਮਰੀਜ਼ਾਂ ਦਾ ਮੁਆਇਨਾ



**ਆਦਮਪੁਰ (ਪਰਮਜੀਤ ਸਿੰਘ)** ਅਰੋਗਿਆ ਆਯੁਰਵੈਦਿਕ ਕਲੀਨਿਕ ਪਿੰਡ ਖੜਕਾਂ ਵੱਲੋਂ ਫ੍ਰੀ ਆਯੂਰਵੈਦਿਕ ਮੈਡੀਕਲ ਕੈਂਪ ਮੁੱਖ ਵੈਦ ਬਲਜਿੰਦਰ ਰਾਮ ਤੇ ਵੈਦ ਸਿਮਰਨਜੀਤ ਕੌਰ ਦੀ ਵਿਸ਼ੇਸ਼ ਅਗਵਾਹੀ ਵਿੱਚ ਪਿੰਡ ਸ਼ੇਰਪੁਰ ਢੱਕੋ ਵਿੱਖੇ ਲਗਾਇਆ ਗਿਆ। ਡੇਰਾ ਬਾਬਾ ਕੱਲਰਾਂ ਸ਼ੇਰਪੁਰ ਵਿਖੇ ਸੰਤ ਬਾਬਾ ਅਮਰਦਾਸ, ਸੰਤ ਬਾਬਾ ਰਾਮ ਕ੍ਰਿਸ਼ਨ ਦਾਸ, ਸੰਤ ਬੀਬੀ ਜਵਾਲੀ ਰਾਮ ਦੇ ਸਾਲਾਨਾ ਬਰਸੀ ਸਮਾਗਮ ਡੇਰੇ ਦੇ ਮੁੱਖ ਗੱਦੀਨਸ਼ੀਨ ਸੰਚਾਲਕ ਸੰਤ ਰਮੇਸ਼ ਦਾਸ ਮਹਾਰਾਜ ਦੀ ਵਿਸ਼ੇਸ਼ ਅਗਵਾਈ ਵਿੱਚ ਕਰਵਾਏ ਗਏ।ਇਸ ਮੌਕੇ ਸੱਚਖੰਡ ਵਾਸੀ ਸੰਤ ਬਾਬਾ ਨਰਾਇਣ ਦਾਸ ਦੇ ਅਸ਼ੀਰਵਾਦ ਲਗਾਏ ਗਏ ਵੀ ਮੈਡੀਕਲ ਕੈਂਪ ਦਾ ਸ਼ੁੱਭ ਅਰੰਭ ਸੰਤ ਰਮੇਸ਼ ਦਾਸ ਨੇ ਆਪਣੇ ਸ਼ੁਭ ਕਰ ਕਮਲਾਂ ਨਾਲ ਕੀਤਾ। ਇਸ ਕੈਂਪ ਮੌਕੇ ਮੈਂਬਰ ਪਾਰਲੀਮੈਂਟ ਰਾਜ ਕੁਮਾਰ ਚੱਬੇਵਾਲ, ਸੰਤ ਨਿਰਮਲ ਦਾਸ ਬਾਬੇ ਜੋੜੇ, ਭੈਣ ਸੰਤੋਸ਼ ਕੁਮਾਰੀ ਵੀ ਉਚੇਚੇ ਤੌਰ 'ਤੇ ਪੁੱਜੇ।ਉਨ੍ਹਾਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਹਰ ਸਾਲ ਇਹ ਫਰੀ ਮੈਡੀਕਲ ਕੈਂਪ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਅਰੋਗਿਆ ਆਯੁਰਵੈਦਿਕ ਕਲੀਨਿਕ ਵੱਲੋਂ ਹਰ ਸਾਲ ਲਗਾਇਆ ਜਾਂਦਾ ਹੈ।ਇਸ ਮੌਕੇ ਵੈਦ ਬਲਜਿੰਦਰ ਰਾਮ ਨੇ ਕਿਹਾ ਆਯੁਰਵੈਦਿਕ ਦਵਾਈ ਮਨੁੱਖੀ ਸਰੀਰ ਲਈ ਲਾਭਦਾਇਕ ਹੁੰਦੀ ਹੈ ਤੇ ਇਸਦਾ ਸਰੀਰ ਤੇ ਕੋਈ ਨੁਕਸਾਨ ਨਹੀਂ ਹੁੰਦਾ। ਵੈਦ ਰੁਪੀਕਾ ਨਵਾਂ ਸ਼ਹਿਰ, ਵੈਦ ਗੁਰਪ੍ਰੀਤ ਕੌਰ, ਵੈਦ ਚਰਨਜੀਤ ਸਿੰਘ, ਵੈਦ ਗੀਤੂ, ਵੈਦ ਲੋਕੇਸ਼ ਕੁਮਾਰ, ਵੈਦ ਇੰਦਰਜੀਤ, ਵੈਦ ਅੰਸ਼, ਵੈਦ ਗੀਤੀਕਾ ਵੈਦ ਰਤੀਸ਼ ਨੇ ਵੀ ਉਚੇਚੇ ਤੌਰ ਤੇ ਆਪਣਾ ਬਣਦਾ ਯੋਗਦਾਨ ਪਾਇਆ।ਇਸ ਕੈਂਪ ਦੌਰਾਨ 1280 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਅਤੇ ਮੌਕੇ ਤੇ ਲੋਕਾਂ ਨੂੰ ਆਯੁਰਵੈਦਿਕ ਦਵਾਈਆਂ ਮੁਫਤ ਦਿੱਤੀਆਂ ਗਈਆਂ। ਇਸ ਫ੍ਰੀ ਕੈਂਪ ਦੀ ਸਮਾਪਤੀ ਤੇ ਮੁੱਖ ਵੈਦ ਬਲਜਿੰਦਰ ਰਾਮ ਅਤੇ ਟੀਮ ਨੂੰ ਡੇਰੇ ਦੀਆਂ ਸਮੂਹ ਸੰਗਤਾਂ ਤੇ ਮਹਾਂਪੁਰਸ਼ਾਂ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਵੈਦ ਬਲਜਿੰਦਰ ਰਾਮ ਵੱਲੋਂ ਸਰਬੱਤ ਸੰਗਤਾਂ ਦਾ ਧੰਨਵਾਦ ਵੀ ਕੀਤਾ ਗਿਆ।

# ਸਰਕਾਰ ਜਦੋਂ ਤੱਕ ਪਾਲਿਸੀ ਵਾਪਸ ਨਹੀਂ ਲੈਂਦੀ, ਉਦੋਂ ਤੱਕ ਜਾਰੀ ਰਹੇਗਾ ਸੰਘਰਸ਼ : ਸ਼ਰਮਾ



**ਜ਼ੀਰਕਪੁਰ (ਵਿਨੈ ਕੁਮਾਰ ਜੈਨ)** ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐਨ ਕੇ ਸ਼ਰਮਾ ਨੇ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀ ਜਾ ਰਹੀ ਲੈਂਡ ਪੂਲਿੰਗ ਪਾਲਿਸੀ ਨੂੰ ਕਿਸਾਨਾਂ ਲਈ ਤਿੰਨ ਖੇਤੀ ਕਾਨੂੰਨਾਂ ਨਾਲੋਂ ਵੀ ਵੱਧ ਖ਼ਤਰਨਾਕ ਦੱਸਿਆ ਹੈ।ਐਨ ਕੇ ਸ਼ਰਮਾ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਪਾਲਿਸੀ ਵਿਰੁੱਧ 28 ਜੁਲਾਈ ਨੂੰ ਮੋਹਾਲੀ ਵਿੱਚ ਹੋਣ ਵਾਲੇ ਧਰਨੇ ਦੀਆਂ ਤਿਆਰੀਆਂ ਸੰਬੰਧੀ ਪਾਰਟੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਧਰਨੇ ਵਿੱਚ ਡੇਰਾਬੱਸੀ ਵਿਧਾਨ ਸਭਾ ਹਲਕੇ ਸਮੇਤ ਪੂਰੇ ਮੋਹਾਲੀ ਜ਼ਿਲ੍ਹੇ ਦੇ ਅਕਾਲੀ ਦਲ ਦੇ ਵਰਕਰ ਅਤੇ ਕਿਸਾਨ ਹਿੱਸਾ ਲੈਣਗੇ।ਇਸ ਲਈ ਉਹ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਵੀ ਲਾਮਬੰਦ ਕਰ ਰਹੇ ਹਨ।ਸ਼ਰਮਾ ਨੇ ਕਿਹਾ ਕਿ ਜਿਸ ਤਰ੍ਹਾਂ ਕਿਸਾਨਾਂ ਦੀ ਏਕਤਾ ਤੋਂ ਬਾਅਦ ਤਿੰਨ ਖੇਤੀ ਕਾਨੂੰਨ ਵਾਪਸ ਲਏ ਗਏ ਸਨ।ਠੀਕ ਉਸੇ ਤਰ੍ਹਾਂ ਪੰਜਾਬ ਸਰਕਾਰ ਨੂੰ ਵੀ ਇਹ ਲੈਂਡ ਪੂਲਿੰਗ ਕਾਨੂੰਨ ਵਾਪਸ ਲੈਣਾ ਪਵੇਗਾ। ਇਸ ਮੌਕੇ 'ਤੇ ਸੀਨੀਅਰ ਅਕਾਲੀ ਆਗੂ ਕ੍ਰਿਸ਼ਨ ਪਾਲ ਸ਼ਰਮਾ, ਰਜਿੰਦਰ ਸਿੰਘ, ਸ਼ਿਵ ਦੇਵ, ਮਨਜੀਤ ਮਲਿਕਪੁਰ, ਬ੍ਰਿਜੇਸ਼ ਰਾਣਾ, ਸੁਰੇਸ਼ ਸ਼ਾਰਦਾ, ਹਰਵਿੰਦਰ ਸਿੰਘ ਪਿੰਕਾ, ਸੁਰਿੰਦਰ ਸਿੰਘ, ਡਾ. ਕ੍ਰਿਸ਼ਨਾ, ਬਿਕਰਮ ਸਿੰਘ, ਸੁਰਜੀਤ ਟਿਵਾਣਾ, ਪਰਮਿੰਦਰ ਸਿੰਘ ਜੌਲਾ, ਓਪੀ ਸ਼ਰਮਾ, ਭਿੰਦਰ ਰਾਣਾ, ਗੁਰਬਿੰਦਰ ਸਿੰਘ ਬੱਲੂਰਾਣਾ, ਰਘਬੀਰ ਜੁਨੇਜਾ ਆਦਿ ਮੌਜੂਦ ਸਨ।

# ਸਮਾਜਿਕ ਜ਼ਿੰਮੇਵਾਰੀ ਦੀ ਮਿਸਾਲ ਬਣਿਆ ਖ਼ੂਨਦਾਨ ਕੈਂਪ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਸਮਾਜਿਕ ਜ਼ਿੰਮੇਵਾਰੀ ਅਤੇ ਭਾਈਚਾਰਕ ਭਲਾਈ ਨੂੰ ਉਤਸ਼ਾਹਿਤ ਕਰਨ ਲਈ ਇੱਕ ਉੱਤਮ ਪਹਿਲਕਦਮੀ ਵਿੱਚ, ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਅਤੇ ਸ਼੍ਰੀ ਰਾਮਲੀਲਾ ਕਮੇਟੀ (ਰਜਿ. 812) ਡੇਰਾਬੱਸੀ ਨੇ ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ ਦੇ ਸਹਿਯੋਗ ਨਾਲ 24 ਜੁਲਾਈ, ਵੀਰਵਾਰ ਨੂੰ ਇੱਕ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ।ਕੈਂਪ ਵਿੱਚ ਸਟਾਫ ਮੈਂਬਰਾਂ, ਮਾਪਿਆਂ, ਸਾਬਕਾ ਵਿਦਿਆਰਥੀਆਂ ਅਤੇ ਸਥਾਨਕ ਨਿਵਾਸੀਆਂ ਦੀ ਉਤਸ਼ਾਹਜਨਕ ਭਾਗੀਦਾਰੀ ਦੇਖਣ ਨੂੰ ਮਿਲੀ। ਕੁੱਲ 70 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ, ਜਿਸਦੀ ਵਰਤੋਂ ਖੇਤਰ ਭਰ ਵਿੱਚ ਖ਼ੂਨ ਚੜ੍ਹਾਉਣ ਦੀ ਜ਼ਰੂਰਤ ਵਾਲੇ ਮਰੀਜ਼ਾਂ ਦੀ ਸਹਾਇਤਾ ਲਈ ਕੀਤੀ ਜਾਵੇਗੀ। ਇਸ ਸਮਾਗਮ ਦਾ ਉਦਘਾਟਨ ਡਾ. ਸੰਗੀਤਾ ਜੈਨ ਸਿਵਲ ਸਰਜਨ ਮੋਹਾਲੀ, ਸ਼੍ਰੀ ਭੁਪਿੰਦਰ ਸਿੰਘ ਸਿਹਤ ਨਿਰੀਖਕ, ਸ਼੍ਰੀ ਮੋਹਨ ਸੈਣੀ ਐਮਡੀ ਐਮਐਸ ਬਿਲਡਰ ਡੇਰਾਬੱਸੀ ਅਤੇ ਲਾਇਨਜ਼ ਕਲੱਬ ਦੇ ਪ੍ਰਧਾਨ ਸ਼੍ਰੀ ਬਲਕਾਰ ਸਿੰਘ ਦੁਆਰਾ ਕੀਤਾ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਵਿੱਚ ਦਇਆ ਅਤੇ ਨਾਗਰਿਕ ਫਰਜ਼ ਦੀਆਂ ਕਦਰਾਂ-ਕੀਮਤਾਂ ਪੈਦਾ ਕਰਨ ਲਈ ਸਕੂਲ ਦੇ ਯਤਨਾਂ ਦੀ ਸ਼ਲਾਘਾ ਕੀਤੀ।ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਡਾ. ਬਰਖਾ ਰਾਮ ਅਤੇ ਸਕੱਤਰ ਉਪੇਸ਼ ਬਾਂਸਲ ਨੇ ਸਾਰੇ ਖ਼ੂਨਦਾਨੀਆਂ ਨੂੰ ਉਨ੍ਹਾਂ ਦੇ ਸ਼ਲਾਘਾਯੋਗ ਯੋਗਦਾਨ ਲਈ



ਸਨਮਾਨਿਤ ਕੀਤਾ। ਉਨ੍ਹਾਂ ਨੇ ਡੇਰਾਬੱਸੀ ਸਥਿਤ ਰਾਮ ਲੀਲਾ ਕਮੇਟੀ ਦੇ ਪ੍ਰਧਾਨ ਰਵਿੰਦਰ ਵੈਸ਼ਨਵ ਦੀ ਵਿਸ਼ੇਸ਼ ਤੌਰ 'ਤੇ ਮਨੁੱਖਤਾ ਦੇ ਉਦੇਸ਼ ਪ੍ਰਤੀ ਸ਼ਾਨਦਾਰ ਸਮਰਪਣ ਲਈ ਸ਼ਲਾਘਾ ਕੀਤੀ। ਡਾ. ਰਵਨੀਤ ਕੌਰ ਨੇ ਵੀ ਖ਼ੂਨਦਾਨ ਕੈਂਪ ਨੂੰ ਸਫਲ ਬਣਾਉਣ ਵਾਲੇ ਸਾਰੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ।ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਚਹਿਲ ਨੇ ਸਾਰੇ ਦਾਨੀਆਂ ਅਤੇ ਮੈਡੀਕਲ ਟੀਮ ਦਾ ਦਿਲੋਂ ਧੰਨਵਾਦ ਕੀਤਾ। ਸਕੂਲ ਪ੍ਰਿੰਸੀਪਲ ਡਾ. ਬਸੁੰਧਰਾ ਨੇ ਕੈਂਪ ਦੀ ਸਫਲਤਾ ਨੂੰ ਯਕੀਨੀ ਬਣਾਉਣ ਵਿੱਚ ਉਨ੍ਹਾਂ ਦੇ ਸਹਿਜ ਤਾਲਮੇਲ ਅਤੇ ਸਹਾਇਤਾ ਲਈ ਪ੍ਰਬੰਧਨ ਮੈਂਬਰਾਂ ਸੁਭਾਸ਼ ਚੋਪੜਾ, ਲਕਸ਼ੈ ਜੈਨ ਦਾ ਵਿਸ਼ੇਸ਼ ਧੰਨਵਾਦ ਕੀਤਾ। ਸਾਰੇ ਦਾਨੀਆਂ ਨੂੰ ਰਿਫਰੈਸ਼ਮੈਂਟ ਅਤੇ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤੇ ਗਏ।

# ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਵੱਲੋਂ ਸੰਗਰੂਰ ਰੈਲੀ 'ਚ ਪਹੁੰਚਣ ਦਾ ਐਲਾਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਉਸਾਰੀ ਮਿਸਤਰੀ ਮਜਦੂਰ ਯੂਨੀਅਨ ( ਇਫਟੂ) ਨੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਗ੍ਰਿਫ਼ਤਾਰ ਕੀਤੇ ਆਗੂਆਂ ਦੀ ਰਿਹਾਈ ਲਈ ਅਤੇ ਪੁਲਸ ਜਬਰ ਦੇ ਵਿਰੁੱਧ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ 25 ਜੁਲਾਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿਚ ਪਹੁੰਚਣ ਦਾ ਐਲਾਨ ਕੀਤਾ ਹੈ।ਯੂਨੀਅਨ ਨੇ ਇਹ ਐਲਾਨ ਇੱਥੇ ਕੀਤੀ ਗਈ ਮੀਟਿੰਗ ਵਿਚ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਦੇ ਜਿਲਾ ਸਕੱਤਰ ਪਰਵੀਨ ਕੁਮਾਰ ਨਿਰਾਲਾ, ਉਸਾਰੀ ਮਿਸਤਰੀ ਮਜਦੂਰ ਯੂਨੀਅਨ ਨਵਾਂਸ਼ਹਿਰ ਦੇ ਪ੍ਰਧਾਨ ਸ਼ਿਵ ਨੰਦਨ, ਓਮ ਪ੍ਰਕਾਸ਼, ਬਬਲੂ ਸਲੋਹ, ਰਜਿੰਦਰ, ਮੁਕੇਸ਼, ਆਜਾਦ ਨੇ ਵੀ ਵਿਚਾਰ ਪ੍ਰਗਟ ਕੀਤੇ।

# ਡਾਕਟਰ ਲਾਲ ਪਾਥ ਲੈਬ ਨੇ ਕੱਕੋਂ 'ਚ ਲਗਾਇਆ ਮੈਡੀਕਲ ਕੈਂਪ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗ੍ਰਾਮ ਪੰਚਾਇਤ ਕੱਕੋਂ ਵੱਲੋਂ ਸਰਪੰਚ ਅਨੀਤਾ ਰਾਣੀ ਦੀ ਅਗਵਾਈ ਹੇਠ ਇਲਾਕਾ ਵਾਸੀਆਂ ਦੀ ਸਿਹਤ ਸੁਰੱਖਿਆ, ਭਲਾਈ ਅਤੇ ਵਾਤਾਵਰਨ ਦੀ ਸੰਭਾਲ ਲਈ ਆਰੰਭੀ ਗਈ ਮੁਹਿੰਮ ਅਧੀਨ ਭਾਰਤ ਦੀ ਮਸ਼ਹੂਰ ਡਾਕਟਰ ਲਾਲ ਪਾਥ ਲੈਬ ਵੱਲੋਂ ਪਿੰਡ ਕਕੋਂ ਵਿਖੇ ਅਰਬਨ ਸਿਟੀ ਕਲੋਨੀ ਨਜ਼ਦੀਕ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿੱਚ ਪਿੰਡ ਵਾਸੀਆਂ ਦੇ ਜ਼ਰੂਰੀ ਟੈਸਟ



ਬਿਲਕੁੱਲ ਨਾਮਾਤਰ ਰੇਟਾਂ 'ਤੇ ਕੀਤੇ ਗਏ। ਇਸ ਵਿੱਚ ਸ਼ੂਗਰ ਟੈਸਟ, ਯੂਰਿਕ ਟੈਸਟ, ਬਲਡ ਸ਼ੂਗਰ ਟੈਸਟ ਅਤੇ ਹੋਰ ਕਈ ਟੈਸਟ ਕੀਤੇ ਗਏ। ਇਸ ਮੌਕੇ ਸਰਪੰਚ ਅਨੀਤਾ ਰਾਣੀ ਅਤੇ ਮੈਂਬਰ ਪੰਚਾਇਤ ਹਾਜ਼ਰ ਹੋਏ ਅਤੇ ਉਨ੍ਹਾਂ ਲਾਲ ਪੈਥ ਲੈਬ ਦੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਇਹੋ ਜਿਹੇ ਹੋਰ ਕੈਂਪ ਲਗਾਉਣ ਦੀ ਅਪੀਲ ਕੀਤੀ।

# ਵਿਸ਼ਾਲ ਭੰਡਾਰਾ ਅੱਜ

ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ) ਸ੍ਰੀ ਸਿਧ ਬਾਬਾ ਬਾਲਕ ਨਾਥ ਮੰਦਰ ਕਮੇਟੀ ਬਸਤੀ ਗੁਜਾ, ਦਿਲਬਾਗ ਨਗਰ (ਜਲੰਧਰ) ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਂ ਚਿੰਤਪੁਰਨੀ ਦੇ ਮੇਲੇ ਤੇ ਆਉਣ ਜਾਣ ਵਾਲੇ ਸ਼ਰਧਾਲੂਆਂ ਵਾਸਤੇ 11ਵਾਂ ਵਿਸ਼ਾਲ ਭੰਡਾਰਾ ਲਾਇਆ ਜਾ ਰਿਹਾ ਹੈ।ਮੰਦਰ ਕਮੇਟੀ ਦੇ ਪ੍ਰਧਾਨ ਤੇ ਮੈਂਬਰਾ ਨੇ ਦੱਸਿਆ ਕਿ ਇਹ ਭੰਡਾਰਾਂ 25 ਜੁਲਾਈ ਦਿਨ ਸ਼ੁੱਕਰਵਾਰ ਤੋਂ ਸ਼ੁਰੂ ਕੀਤੀ ਜਾ ਰਿਹਾ ਹੈ ਅਤੇ 2 ਅਗਸਤ ਦਿਨ ਸ਼ਨੀਵਾਰ ਤੱਕ ਮਾਤਾ ਚਿੰਤਪੁਰਨੀ ਰੋਡ ਨਜ਼ਦੀਕ ਚੋਹਾਲ ਡੈਮ (ਹੁਸ਼ਿਆਰਪੁਰ) ਵਿਖੇ ਲਗਾਇਆ ਜਾ ਰਿਹਾ ਹੈ ਸ਼੍ਰੀ ਸਿੱਧ ਬਾਬਾ ਬਾਲਕ ਨਾਥ ਮੰਦਿਰ ਕਮੇਟੀ ਵੱਲੋਂ ਪੂਰੇ ਲਗਨ ਨਾਲ ਲੰਗਰ ਦੀ ਸੇਵਾ ਨਿਭਾਉਣਗੇ।

25 July Page 9.qxd 7/24/2025 10:48 PM Page 1



# ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਕੀਤੇ ਗਏ ਪ੍ਰਬੰਧਾਂ ਦਾ ਮੁਕੰਮਲ ਹੋਇਆ ਅਭਿਆਸ

**ਨੰਗਲ (ਹਰਜਸ ਢਿੱਲੋਂ)** ਪ੍ਰਸ਼ਾਸਨ ਵੱਲੋਂ ਮੌਜਾਵਾਲ ਵਿੱਚ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਅਭਿਆਸ ਕੀਤਾ ਗਿਆ। ਜਿਸ ਵਿੱਚ ਹੜ੍ਹ ਵਰਗੇ ਹਾਲਾਤ ਪੈਦਾ ਹੋਣ ਦੀ ਸਥਿਤੀ ਵਿੱਚ ਕਿਸ ਤਰ੍ਹਾਂ ਲੋਕਾਂ ਦੀ ਜਾਨ ਮਾਲ ਦੀ ਰਾਖੀ ਕਰਨੀ ਹੈ, ਬਾਰੇ ਜ਼ਿਲ੍ਹਾ



ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਖਾਸ ਤੌਰ 'ਤੇ ਐਨ ਡੀ ਆਰ ਐਫ ਦੀਆਂ ਟੀਮਾਂ ਨੇ ਪਹੁੰਚ ਕੇ ਸਥਿਤੀ ਬਾਰੇ ਮੌਕ ਡਰਿੱਲ ਕੀਤੀ।ਨੰਗਲ ਦੇ ਐਸਡੀਐਮ ਸਚਿਨ ਪਾਠਕ ਨੇ ਦੱਸਿਆ ਕਿ ਇਸ ਅਭਿਆਸ ਦੀਆਂ ਅਗਾਊਂ ਤਿਆਰੀਆਂ ਕੀਤੀਆਂ ਹੋਈਆਂ ਹਨ। ਜੇਕਰ ਹਿਮਾਚਲ ਪ੍ਰਦੇਸ਼ ਦੇ ਵਿੱਚ ਵਾਧੂ ਬਰਸਾਤ ਹੋ ਜਾਵੇ ਅਤੇ ਕਿਸੇ ਵੀ ਸਥਿਤੀ ਵਿੱਚ ਡੈਮ ਜਾਂ ਹੋਰ ਕਿਤੋਂ ਵਾਧੂ ਮਾਤਰਾ ਵਿੱਚ ਪਾਣੀ ਛੱਡਿਆ ਜਾਵੇ ਤਾਂ ਜੇਕਰ ਮੌਜਾਵਾਲ ਪਿੰਡ ਇਸ ਬਰਸਾਤੀ ਪਾਣੀ ਦੀ ਸਥਿਤੀ ਨਾਲ ਹੜ੍ਹਾਂ ਵਰਗੇ ਹਾਲਾਤ ਨਾਲ ਘਿਰ ਜਾਵੇ ਤਾਂ ਉਸ ਪਿੰਡ ਦੇ ਲੋਕਾਂ ਨੂੰ ਕਿਸ ਤਰ੍ਹਾਂ ਬਚਾਉਣਾ ਹੈ ਇਸਦੇ ਲਈ ਮੌਕ ਡਰਿੱਲ ਦਾ ਅਭਿਆਸ ਦਾ ਪ੍ਰਬੰਧ ਕੀਤਾ ਗਿਆ। ਐਨਡੀਆਰਐਫ ਦੀਆਂ ਟੀਮਾਂ ਨੇ ਪਹੁੰਚ ਕੇ ਸਥਿਤੀ ਦਾ ਭੂਗੋਲਿਕ ਤੌਰ 'ਤੇ ਜਾਇਜ਼ਾ ਲਿਆ। ਪ੍ਰਸ਼ਾਸਨ ਦੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਇਸ ਮੌਕੇ ਮੌਜੂਦ ਸਨ।ਸਾਰੀ ਸਥਿਤੀ ਦਾ ਕੰਟਰੋਲ ਖੁਦ ਐਸ ਡੀ ਐਮ ਸਚਿਨ ਪਾਠਕ ਪੀਸੀਐਸ ਕਰ ਰਹੇ ਸਨ।ਸਥਿਤੀ ਨਾਲ ਨਜਿੱਠਣ ਲਈ ਪ੍ਰਸ਼ਾਸਨ ਵੱਲੋਂ ਕੀਤੇ ਜਾਣ ਵਾਲੇ ਕੰਮਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਤਹਿਸੀਲਦਾਰ ਨੰਗਲ ਬੀਡੀਪੀਓ ਆਨੰਦਪੁਰ ਸਾਹਿਬ, ਵੈਟਰਨਰੀ ਵਿਭਾਗ ਸਿਹਤ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

# ਲੈਂਡ ਪੂਲਿੰਗ ਨੀਤੀ ਰੱਦ ਕਰਾਉਣ ਲਈ ਕੱਢਿਆ ਜਾਵੇਗਾ ਟਰੈਕਟਰ ਮਾਰਚ



**ਬਲਾਚੌਰ (ਜਸਵਿੰਦਰ ਬੈਂਸ)**- ਸੰਯੁਕਤ ਕਿਸਾਨ ਮੋਰਚੇ ਦੀਆਂ ਕਿਸਾਨ ਜਥੇਬੰਦੀਆਂ ਦਾ ਭਾਰੀ ਇਕੱਠ ਹੋਇਆ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸੁਰਿੰਦਰ ਸਿੰਘ ਬੈਂਸ, ਭੁਪਿੰਦਰ ਸਿੰਘ ਵੜੈਚ, ਬੀ ਕੇ ਯੂ ਲੱਖੋਵਾਲ ਦੇ ਰਣਜੀਤ ਸਿੰਘ ਰਟੈਂਡਾ, ਅਵਤਾਰ ਸਿੰਘ ਸਾਧੜਾ, ਬੀ ਕੇ ਯੂ ਰਾਜੇਵਾਲ ਦੇ ਸੰਤੋਖ ਸਿੰਘ ਰੈਲਮਾਜਰਾ, ਕੌਮੀ ਕਿਸਾਨ ਯੂਨੀਅਨ ਦੇ ਨਿਰਮਲ ਸਿੰਘ ਔਜਲਾ, ਦੋਆਬਾ ਕਿਸਾਨ ਯੂਨੀਅਨ ਦੇ ਕੁਲਦੀਪ ਸਿੰਘ ਦਿਆਲਾ, ਕਿਸਾਨ ਮਜ਼ਦੂਰ ਮੋਰਚੇ ਦੇ ਕਰਨ ਸਿੰਘ ਰਾਣਾ ਨੇ ਕਿਹਾ ਕਿ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਦਾ ਡਟ ਕੇ ਵਿਰੋਧ ਕਰਦੇ ਹਨ। ਇਹ ਪੰਜਾਬ ਦੀ ਕਿਸਾਨੀ ਲਈ ਜਿਥੇ ਵਿਨਾਸ਼ਕਾਰੀ ਹੈ ਉਥੇ ਮਜ਼ਦੂਰਾਂ, ਦੁਕਾਨਦਾਰਾਂ ਅਤੇ ਹੋਰ ਵਰਗਾਂ ਦਾ ਵੀ ਉਜਾੜਾ ਕਰੇਗੀ। ਇਹ ਪਹਿਲੇ ਪੜਾਅ 'ਚ ਪੰਜਾਬ ਦੇ ਪਿੰਡਾਂ ਦੀ 65000 ਏਕੜ ਜਰਖੇਜ਼ ਜ਼ਮੀਨ ਖੋਹਣ ਦੀ ਸਾਜ਼ਿਸ਼ ਰਚੀ ਗਈ ਹੈ। ਸੰਯੁਕਤ ਕਿਸਾਨ ਮੋਰਚੇ ਵੱਲੋਂ ਇਸ ਨੂੰ ਲਾਗੂ ਕਰਦਿਆਂ 30 ਜੁਲਾਈ ਨੂੰ ਮਹਾਲੋਂ ਤੋਂ ਸਵੇਰੇ 10 ਵਜੇ ਟਰੈਕਟਰ ਮਾਰਚ ਕੀਤਾ ਜਾਵੇਗਾ ਅਤੇ ਡਿਪਟੀ ਕਮਿਸ਼ਨਰ ਨਵਾਂਸ਼ਹਿਰ ਨੂੰ ਲੈਂਡ ਪੂਲਿੰਗ ਨੀਤੀ ਰੱਦ ਕਰਵਾਉਣ ਹਿੱਤ ਮੰਗ ਪੱਤਰ ਦਿੱਤਾ ਜਾਵੇਗਾ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਤਰਸੇਮ ਸਿੰਘ ਬੈਂਸ ਨੇ ਨਿਭਾਈ ।ਅਖੀਰ 'ਚ ਕੁਲਜਿੰਦਰ ਸਿੰਘ ਮਹਾਲੋਂ ਨੇ ਸਾਰਿਆਂ ਦਾ ਧੰਨਵਾਦ ਕੀਤਾ। ਜ਼ਿਲ੍ਹੇ ਦੀਆਂ ਸਮੂਹ ਕਿਸਾਨ , ਮਜ਼ਦੂਰ ਅਤੇ ਹੋਰ ਜਥੇਬੰਦੀਆਂ ਨੂੰ 30 ਜੁਲਾਈ ਨੂੰ ਟਰੈਕਟਰ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

# ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਹਥਿਆਰ ਲੈ ਕੇ ਚੱਲਣ 'ਤੇ ਪਾਬੰਦੀ ਦੇ ਹੁਕਮ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟਰੇਟ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਅੰਦਰ ਜਿਨ੍ਹਾਂ ਪਿੰਡਾਂ ਵਿੱਚ ਸਰਪੰਚ ਅਤੇ ਪੰਚਾਂ ਦੀਆਂ ਚੋਣਾਂ ਹੋ ਰਹੀਆਂ ਹਨ, ਦੀ ਹਦੂਦ ਅੰਦਰ ਅਸਲਾ ਧਾਰਕਾਂ ਨੂੰ ਹਥਿਆਰ ਚੁੱਕ ਕੇ ਚੱਲਣ ਦੀ ਮਨਾਹੀ ਦਾ ਹੁਕਮ ਜਾਰੀ ਕੀਤਾ ਹੈ।ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਜ਼ਿਲ੍ਹੇ ਦੀ ਹਦੂਦ ਅੰਦਰ ਪਿੰਡਾਂ ਵਿੱਚ ਸਰਪੰਚ ਅਤੇ ਪੰਚਾਂ ਦੀਆਂ ਖਾਲੀ ਪਈਆਂ ਅਸਾਮੀਆਂ ਸਬੰਧੀ ਹੋਣ ਵਾਲੀ ਗ੍ਰਾਮ ਪੰਚਾਇਤੀ ਚੋਣ ਪ੍ਰਕਿਰਿਆ ਨੂੰ ਸ਼ਾਂਤੀ ਪੂਰਵਕ ਤਰੀਕੇ ਨਾਲ ਮੁਕੰਮਲ ਕਰਵਾਉਣ ਅਤੇ ਅਮਨ ਤੇ ਕਾਨੂੰਨ ਦੀ ਵਿਵਸਥਾ ਨੂੰ ਬਣਾਏ ਰੱਖਣ ਲਈ ਇਹ ਹੁਕਮ ਜਾਰੀ ਕੀਤੇ ਗਏ ਹਨ। ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹੇ ਦੇ ਜਿਨ੍ਹਾਂ ਪਿੰਡਾਂ ਵਿੱਚ ਚੋਣ ਹੋ ਰਹੀ ਹੈ, ਉਨ੍ਹਾਂ ਦੀ ਹਦੂਦ ਅੰਦਰ ਅਸਲਾ ਧਾਰਕਾਂ ਨੂੰ ਆਪਣੇ ਹਥਿਆਰ ਚੁੱਕ ਕੇ ਚੱਲਣ ਦੀ ਮਨਾਹੀ ਰਹੇਗੀ। ਸੀਨੀਅਰ ਪੁਲਸ ਕਪਤਾਨ ਇਸ ਹੁਕਮ ਨੂੰ ਲਾਗੂ ਕਰਵਾਉਣਗੇ। ਇਹ ਹੁਕਮ ਆਰਮੀ ਪਰਸੋਨਲ, ਪੈਰਾ ਮਿਲਟਰੀ ਫੋਰਸਜ਼, ਬਾਵਰਦੀ ਪੁਲਿਸ ਕਰਮਚਾਰੀਆਂ, ਬੈਂਕਾਂ ਅਤੇ ਬੈਂਕਾਂ ਵਿੱਚ ਗਾਰਡ ਦੀ ਨੌਕਰੀ ਕਰਦੇ ਕਰਮਚਾਰੀਆਂ, ਜਿਨ੍ਹਾਂ ਨੂੰ ਧਾਰਮਿਕ ਤੌਰ 'ਤੇ ਰੀਤੀ ਰਿਵਾਜਾਂ ਕਾਰਨ ਹਥਿਆਰ ਚੁੱਕਣ ਤੇ ਅਧਿਕਾਰ ਹਨ ਅਤੇ ਜਿਨ੍ਹਾਂ ਨੂੰ ਭਾਰਤ ਜਾਂ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਸੁਰੱਖਿਆ ਕਵਚ ਪ੍ਰਦਾਨ ਕੀਤਾ ਹੋਇਆ ਹੈ 'ਤੇ ਲਾਗੂ ਨਹੀਂ ਹੋਵੇਗਾ। ਇਹ ਹੁਕਮ ਉੱਕਤ ਗ੍ਰਾਮ ਪੰਚਾਇਤੀ ਚੋਣ ਪ੍ਰਕਿਰਿਆ ਖਤਮ ਹੋਣ ਤੱਕ ਲਾਗੂ ਰਹੇਗਾ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਟਰੈਕਟਰ ਮਾਰਚ 30 ਨੂੰ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਹਰਬੰਸ ਸਿੰਘ ਸੰਘਾ ਮੈਂਬਰ ਸੰਯੁਕਤ ਕਿਸਾਨ ਮੋਰਚੇ ਨੇ ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਅੱਜ ਕੱਲ੍ਹ ਇਹ ਕਿਸਾਨ ਸਭਾ ਦੇ ਦਫ਼ਤਰ ਵਿੱਚ ਹੁਸ਼ਿਆਰਪੁਰ ਵਿਖੇ ਐਸ ਕੇ ਐਮ ਨਾਲ ਸੰਬੰਧਿਤ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੀ ਮੀਟਿੰਗ ਹੋਈ। ਜਿਸ ਦੌਰਾਨ 30 ਜੁਲਾਈ ਨੂੰ ਟਰੈਕਟਰ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ। ਇਹ ਟਰੈਕਟਰ ਮਾਰਚ ਹੁਸ਼ਿਆਰਪੁਰ ਦੇ ਉਨ੍ਹਾਂ ਪਿੰਡਾਂ ਵਿੱਚ ਕੀਤਾ ਜਾਵੇਗਾ ਜਿਹਨਾਂ ਦੀ ਜ਼ਮੀਨ ਲੈਂਡ ਪੂਲਿੰਗ ਅਧੀਨ ਲਈ ਜਾ ਰਹੀ ਹੈ। ਲੈਂਡ ਪੂਲਿੰਗ ਪਾਲਿਸੀ ਦੇ ਵਿਰੋਧ ਵਿੱਚ ਕਿਸਾਨਾਂ ਵੱਲੋਂ ਟਰੈਕਟਰ ਮਾਰਚ ਕੱਢਿਆ ਜਾਵੇਗਾ ਅਤੇ ਕਿਸਾਨਾਂ ਦੀਆਂ ਰਹਿੰਦੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਕਿਸਾਨ ਕਮੇਟੀ ਦੋਆਬਾ ਵੱਲੋਂ ਹਰਬੰਸ ਸਿੰਘ ਸੰਘਾ, ਗੁਰਮੇਸ਼ ਸਿੰਘ ਕੁੱਲ ਹਿੰਦ ਕਿਸਾਨ ਸਭਾ ਵਲੋਂ, ਸਤਨਾਮ ਸਿੰਘ ਕਿਰਤੀ ਕਿਸਾਨ ਯੂਨੀਅਨ, ਦਵਿੰਦਰ ਸਿੰਘ ਕੱਕੋਂ ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਅਤੇ ਸਤਪਾਲ ਸਿੰਘ ਡਡਿਆਣਾ ਬੀ ਕੇ ਯੂ ਕਾਦੀਆਂ ਵੱਲੋਂ ਸ਼ਾਮਲ ਹੋਏ। ਇਸ ਟਰੈਕਟਰ ਮਾਰਚ ਦੀ ਤਿਆਰੀ ਵਾਸਤੇ 27 ਜੁਲਾਈ ਨੂੰ ਪੁਰਹੀਰਾਂ ਵਿੱਚ ਸਾਰੀਆਂ ਕਿਸਾਨ ਜੱਥੇਬੰਦੀਆਂ ਦੀ ਇਕ ਹੋਰ ਸਾਂਝੀ ਮੀਟਿੰਗ ਕੀਤੀ ਜਾਵੇਗੀ।

# ਨਿੱਕੂਵਾਲ ਦੇ ਨੌਜਵਾਨ ਦੀ ਕੈਨੇਡਾ ਦੇ ਸਰੀ ਵਿਖੇ ਮੌਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**— ਇਥੋਂ ਨੇੜਲੇ ਪਿੰਡ ਨਿੱਕੂਵਾਲ ਨਾਲ ਸੰਬੰਧਿਤ ਅਤੇ ਕੈਨੇਡਾ ਦੇ ਸਰੀ ਵਿਖੇ ਬਤੌਰ ਟਰਾਲਾ ਡਰਾਈਵਰ ਕੰਮ ਕਰ ਰਹੇ 35 ਸਾਲਾਂ ਨੌਜਵਾਨ ਪਰਵਿੰਦਰ ਸਿੰਘ ਪੰਮਾ ਦੀ ਦਿਲ ਦੀ ਗਤੀ ਰੁਕ ਜਾਣ ਕਾਰਨ ਮੌਤ ਹੋ ਜਾਣ ਦੀ ਸੂਚਨਾ ਮਿਲੀ ਹੈ। ਦੱਸਣਯੋਗ ਹੈ ਕਿ ਉਹ ਦੋ ਭੈਣਾਂ ਦਾ ਇਕਲੌਤਾ ਭਰਾ ਸੀ ਅਤੇ ਇਸ ਨੌਜਵਾਨ ਦਾ ਵਿਆਹ ਦੋ ਸਾਲ ਪਹਿਲਾਂ ਹੀ ਹੋਇਆ ਸੀ।



ਇਸ ਨੌਜਵਾਨ ਦੇ ਪਿਤਾ ਬਲਦੇਵ ਸਿੰਘ ਸਾਬਕਾ ਫੌਜੀ ਹਨ ਜਿਨਾਂ ਨੇ ਆਪਣੀ ਸਮੁੱਚੀ ਜਾਇਦਾਦ ਵੇਚ ਕੇ ਉਜਵਲ ਭਵਿੱਖ ਲਈ 15 ਸਤੰਬਰ 2024 ਨੂੰ ਵਰਕ ਪਰਮਿਟ ਤੇ ਕੈਨੇਡਾ ਭੇਜਿਆ ਸੀ। ਮ੍ਰਿਤਕ ਨੌਜਵਾਨ ਦੀ ਭੈਣ ਅਤੇ ਪੰਜਾਬ ਹਰਿਆਣਾ ਹਾਈ ਕੋਰਟ ਵਿੱਚ ਵਕੀਲ ਐਡਵੋਕੇਟ ਅਮਰਜੀਤ ਕੌਰ ਨੇ ਦੱਸਿਆ ਕਿ ਉਹਨਾਂ ਦਾ ਭਰਾ ਪੰਮਾ ਕੈਨੇਡਾ ਦੇ ਸਰੀ ਦੀ ਕਲੋਰ ਟਰਾਂਸਪੋਰਟ ਵਿੱਚ ਬਤੌਰ ਟਰਾਲਾ ਡਰਾਈਵਰ ਕੰਮ ਕਰਦਾ ਸੀ। ਉਸ ਨੇ ਦੇਰ ਰਾਤ ਆਪਣੀ ਪਤਨੀ ਅਤੇ ਮਾਪਿਆਂ ਨਾਲ ਲੰਬਾ ਸਮਾਂ ਗੱਲਬਾਤ ਕੀਤੀ ਪ੍ਰੰਤੂ ਸਵੇਰ ਵੇਲੇ ਉਹਨਾਂ ਨੂੰ ਪਤਾ ਲੱਗਿਆ ਕਿ ਪੰਮਾ ਦੀ ਦਿਲ ਦੀ ਧੜਕਣ ਰੁੱਕ ਜਾਣ ਕਾਰਨ ਮੌਤ ਹੋ ਗਈ ਹੈ। ਉਹਨਾਂ ਕਿਹਾ ਕਿ ਉਹਨਾਂ ਦੇ ਪਿਤਾ ਨੇ ਆਪਣੀ ਸਾਰੀ ਜ਼ਮੀਨ ਜਾਇਦਾਦ ਵੇਚ ਕੇ ਉਹਨਾਂ ਦੇ ਭਰਾ ਪੰਮਾ ਨੂੰ ਕੈਨੇਡਾ ਭੇਜਿਆ ਸੀ ਪ੍ਰੰਤੂ ਹੋਣੀ ਨੂੰ ਕੁਝ ਹੋਰ ਹੀ ਮਨਜ਼ੂਰ ਸੀ। ਉਹਨਾਂ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਉਹਨਾਂ ਦੇ ਭਰਾ ਪੰਮਾ ਦੀ ਮ੍ਰਿਤਕ ਦੇਹ ਨੂੰ ਭਾਰਤ ਲਿਆਉਣ ਲਈ ਹਰ ਸੰਭਵ ਯਤਨ ਕੀਤਾ ਜਾਵੇ ਕਿਉਂਕਿ ਉਹਨਾਂ ਦਾ ਪਰਵਾਰ ਤਾਂ ਪਹਿਲਾਂ ਹੀ ਆਰਥਿਕ ਮੰਦਹਾਲੀ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ।

# ਲੋੜਵੰਦ ਪਰਵਾਰ ਧੀਆਂ ਦੇ ਵਿਆਹ ਲਈ ਕਰਨ ਸੰਪਰਕ : ਅਰੋੜਾ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਦੋ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਸਮੱਗਰੀ ਦੀ ਸਹਾਇਤਾ ਦਿੱਤੀ ਗਈ। ਸੰਜੀਵ ਅਰੋੜਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਤੁਹਾਡੇ ਆਸ-ਪਾਸ ਕੋਈ ਲੋੜਵੰਦ ਵਿਅਕਤੀ ਰਹਿੰਦਾ ਹੈ, ਤਾਂ ਤੁਹਾਡਾ ਇਹ ਫਰਜ ਬਣਦਾ ਹੈ ਕਿ ਉਸ ਪਰਵਾਰ ਦੀ ਸਹਾਇਤਾ ਕੀਤੀ ਜਾਵੇ। ਲੋੜਵੰਦ ਦੀ ਮਦਦ ਕਰਨਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ।ਅਰੋੜਾ ਨੇ ਇਹ ਵੀ ਕਿਹਾ ਕਿ ਧੀਆਂ ਦੇ ਚਮਕਦੇ ਭਵਿੱਖ ਲਈ ਕੰਮ ਕਰਨਾ ਸਮਾਜ ਦੇ ਹਰ ਵਰਗ ਦੀ ਜ਼ਿੰਮੇਵਾਰੀ ਹੈ, ਕਿਉਂਕਿ ਧੀਆਂ ਹਰ ਘਰ ਦੀ ਸਾਂਝ ਹੁੰਦੀਆਂ ਹਨ ਅਤੇ ਇਹ ਸਿਰਫ ਇਕ ਨਹੀਂ, ਦੋ ਘਰਾਂ ਦੀ ਰੌਣਕ ਹੁੰਦੀਆਂ ਹਨ।ਇਸ ਲੜੀ ਤਹਿਤ ਭਾਰਤ ਵਿਕਾਸ ਪ੍ਰੀਸ਼ਦ ਜਲੰਧਰ ਦੱਖਣ ਵੱਲੋਂ ਨਵਰਾਤਿਆਂ ਦੇ ਸ਼ੁੱਭ ਅਵਸਰ 'ਤੇ ਲੋੜਵੰਦ ਧੀਆਂ ਦਾ ਸਮੂਹਿਕ ਸਰਲ ਵਿਆਹ ਆਯੋਜਿਤ ਕੀਤਾ ਜਾ ਰਿਹਾ ਹੈ। ਲੋੜਵੰਦ ਪਰਵਾਰ 21-09-25 ਤੋਂ ਪਹਿਲਾਂ ਸੰਪਰਕ ਕਰ ਸਕਦੇ ਹਨ।ਇਸ ਮੌਕੇ 'ਤੇ ਵਿਜੇ ਅਰੋੜਾ, ਦਵਿੰਦਰ ਅਰੋੜਾ, ਐਚ. ਕੇ. ਨਾਕੜਾ, ਤਰਸੇਮ ਮੋਦਗਿਲ, ਅਸ਼ਵਨੀ ਕੁਮਾਰ ਦੱਤਾ, ਐਨ. ਕੇ. ਗੁਪਤਾ, ਅਮਰਜੀਤ ਸ਼ਰਮਾ, ਪਰਵੀਨ ਖੁਰਾਨਾ, ਜਗਦੀਸ਼ ਅਗਰਵਾਲ, ਰਵਿੰਦਰ ਭਾਟੀਆ ਅਤੇ ਹੋਰ ਹਾਜ਼ਰ ਸਨ।

# ਬਰਸਾਤੀ ਮੌਸਮ 'ਚ ਮੱਛਰਾ ਰਾਹੀਂ ਫੈਲਦੀਆਂ ਬਿਮਾਰੀਆਂ ਤੋਂ ਸੁਚੇਤ ਰਹਿਣਾ ਚਾਹੀਦਾ : ਡਾ. ਜੋਤ

**ਬਲਾਚੌਰ (ਜਸਵਿੰਦਰ ਬੈਂਸ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ 295 ਬਲਾਕ ਬਲਾਚੌਰ ਦੀ ਮਾਸਕ ਮੀਟਿੰਗ ਡਾ. ਮਨੋਹਰ ਲਾਲ ਟਕਾਰਲਾ ਦੀ ਪ੍ਰਧਾਨਗੀ ਹੇਠ ਹੋਈ। ਡਾ. ਗਿਆਨ



ਸਿੰਘ ਜਨਰਲ ਸਕੱਤਰ ਨੇ ਪਿਛਲੇ ਮਹੀਨੇ ਦੀਆਂ ਗਤੀਵਿਧੀਆਂ ਬਾਰੇ ਪੜ੍ਹ ਕੇ ਸੁਣਾਇਆ । ਸੂਬੇ ਦੇ ਉਪ ਪ੍ਰਧਾਨ ਡਾ. ਦਿਲਦਾਰ ਸਿੰਘ ਚਾਹਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਬਲਾਕ ਪ੍ਰਧਾਨ ਡਾ. ਤਜਿੰਦਰ ਜੋਤ ਨੇ ਤਹਿਸੀਲ ਦੇ ਮੈਡੀਕਲ ਪ੍ਰੈਕਟੀਸ਼ਨਰ ਨੂੰ ਅਪੀਲ ਕੀਤੀ ਕਿ ਆਪਣੇ ਆਪਣੇ ਪਿੰਡਾਂ ਵਿੱਚ ਮੱਛਰਮਾਰ ਦਵਾਈ ਦਾ ਛਿੜਕਾ ਦਿੱਤਾ ਜਾਵੇ ।ਕਿਉਂਕਿ ਬਰਸਾਤਾਂ ਦੇ ਮੌਸਮ ਦੌਰਾਨ ਵੱਖ-ਵੱਖ ਕਿਸਮ ਦੀਆਂ ਬਿਮਾਰੀਆਂ ਦੇ ਫੈਲਣ ਦਾ ਖ਼ਤਰਾ ਵਧ ਜਾਂਦਾ ਹੈ। ਨਮੀ ਅਤੇ ਗੰਦਗੀ ਕਾਰਨ ਇਨਫੈਕਸ਼ਨ ਤੇ ਮੱਛਰ ਪੈਦਾ ਕਰਨ ਵਾਲੇ ਸਥਾਨ ਵਧ ਜਾਂਦੇ ਹਨ, ਜਿਸ ਨਾਲ ਵੱਖ-ਵੱਖ ਬਿਮਾਰੀਆਂ ਜਿਵੇਂ ਡੇਂਗੂ, ਮਲੇਰੀਆ, ਟਾਈਫਾਇਡ, ਹੈਜ਼ਾ, ਬੁਖਾਰ ਅਤੇ ਪੇਟ ਦੀਆਂ ਬਿਮਾਰੀਆਂ ਫੈਲ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਣ ਲਈ ਸਾਵਧਾਨੀਆਂ ਅਪਣਾਉਣ, ਦਸਤ ਜਾਂ ਹੋਰ ਕੋਈ ਲੱਛਣ ਮਹਿਸੂਸ ਹੋਣ ਤਾਂ ਤੁਰੰਤ ਨੇੜਲੇ ਸਰਕਾਰੀ ਹਸਪਤਾਲ ਜਾਂ ਡਿਸਪੈਂਸਰੀ 'ਚ ਸੰਪਰਕ ਕੀਤਾ ਜਾਵੇ। ਮੌਕੇ 'ਤੇ ਪ੍ਰੈਕਟੀਸ਼ਨਰ ਡਾ. ਸੁੱਚਾ ਸਿੰਘ ਸਲਾਹਕਾਰ, ਡਾ. ਬਲਦੇਵ ਸਿੰਘ ਸਲਾਹਕਾਰ, ਡਾ. ਸਰਬਜੀਤ ਸਿੰਘ ਮੰਡਿਆਣੀ ਸੀਨੀ ਪ੍ਰਧਾਨ, ਡਾ. ਹਰਜਿੰਦਰ ਸਿੰਘ ਕੈਸ਼ੀਅਰ, ਡਾ. ਪ੍ਰੇਮ ਸਿੰਘ, ਡਾ. ਸ਼ਮਸ਼ੇਰ ਸਿੰਘ, ਡਾ. ਬਹਾਦਰ ਸਿੰਘ, ਡਾ. ਜਸਵੀਰ ਸਿੰਘ, ਡਾ. ਅੰਗਰੇਜ਼ ਸਿੰਘ, ਡਾ. ਦਿਲਬਾਗ ਸਿੰਘ, ਡਾ. ਸੁਭਾਸ਼, ਡਾ. ਜਤਿੰਦਰ, ਡਾ. ਭੁਪਿੰਦਰ ਸਿੰਘ, ਡਾ. ਹਰਦੀਪ ਸਿੰਘ, ਡਾ. ਅਮਰੀਕ ਸਿੰਘ, ਡਾ. ਸਾਹਿਲ, ਡਾ. ਬਲਵੀਰ ਸਿੰਘ ਆਦਿ ਹਾਜ਼ਰ ਹੋਏ।

# ਲੈਂਡ ਪੂਲਿੰਗ ਦੇ ਵਿਰੋਧ 'ਚ ਡੀ ਸੀ ਨੂੰ ਮੰਗ ਪੱਤਰ ਦਿੱਤਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਇੱਥੇ ਸੀ ਪੀ ਆਈ ਐਮ ਵਲੋਂ ਕੇਂਦਰ ਸਰਕਾਰ ਵਲੋਂ ਲਿਆਂਦੀ ਜਾ ਰਹੀ ਲੈਂਡ ਪੂਲਿੰਗ ਅਤੇ ਸਮਾਰਟ ਮੀਟਰਾਂ ਦੇ ਵਿਰੋਧ ਵਿਚ ਡੀ ਸੀ ਨਵਾਂਸ਼ਹਿਰ ਨੂੰ ਕਿਸਾਨਾਂ ਅਤੇ ਆਮ ਮਜ਼ਦੂਰਾਂ ਵਲੋਂ ਮੰਗ ਪੱਤਰ ਦਿੱਤਾ ਗਿਆ।ਸੀ ਪੀ ਆਈ ਐਮ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਸਿੰਘ ਦੌਲਤਪੁਰ ਨੇ ਕਿਹਾ ਕਿ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਮੁਨਾਫਾ ਦੇਣ ਲਈ ਥੋੜੀ ਥੋੜੀ ਦੇਰ ਬਾਅਦ ਕਾਨੂੰਨ ਕੱਢ ਲਿਆਉਂਦੀ ਹੈ। ਪਹਿਲਾਂ ਖੇਤੀ ਨਾਲ ਸਬੰਧਤ ਤਿੰਨ ਕਾਲੇ ਕਾਨੂੰਨ ਅਤੇ ਹੁਣ ਲੈਂਡ ਪੂਲਿੰਗ ਸਕੀਮ ਤੇ ਸਮਾਰਟ ਮੀਟਰ ਲਿਆ ਕੇ ਕਿਸਾਨਾਂ ਦੀ ਜ਼ਮੀਨ 'ਤੇ ਮੁੜ ਅਸਿੱਧੇ ਤੌਰ 'ਤੇ ਕਾਬਜ਼ ਹੋਣ ਲਈ ਸਕੀਮਾਂ ਘੜ ਰਹੀ ਹੈ।ਇਸ ਨਾਲ ਖੇਤੀ ਪ੍ਰਭਾਵਿਤ ਹੋਵੇਗੀ ਅਤੇ ਇਸਦਾ ਮੁਨਾਫ਼ਾ ਵੱਡੀਆਂ ਕੰਪਨੀਆਂ ਨੂੰ ਹੋਵੇਗਾ। ਸਮਾਰਟ ਮੀਟਰਾਂ ਦੇ ਲਗਾਉਣ ਦਾ ਖਰਚਾ 8000-10000 ਤੱਕ ਹੋਵੇਗਾ, ਜਿਸਦਾ ਲਾਭ ਵਿਦੇਸ਼ੀ ਕੰਪਨੀਆਂ ਨੂੰ ਹੋਵੇਗਾ ਅਤੇ ਮਜ਼ਦੂਰਾਂ 'ਤੇ ਬੋਝ ਪਵੇਗਾ।ਇਸ ਮੌਕੇ 'ਤੇ ਜੋਗਿੰਦਰ ਲੜੋਆ, ਸੁਖਦੇਵ ਸਿੰਘ ਗਰਚਾ, ਮਹਾਂ ਸਿੰਘ ਰੌੜੀ, ਕੁਲਦੀਪ ਝਿੰਗੜ, ਸਤਨਾਮ ਸਿੰਘ ਜਾਨੀਵਾਲ, ਸਰਜੀਵਨ ਸਿੰਘ, ਭਗਤ ਸਿੰਘ,ਨਿਰਮਲ ਸਿੰਘ ਜਲਾਹਮਾਜਰਾ,ਸਰਾਧੂ ਰਾਮ ਤਾਜੋਵਾਲ, ਜਰਨੈਲ ਸਿੰਘ ਰਾਣੇਵਾਲ, ਅੱਛਰ ਸਿੰਘ ਟੋਰੋਵਾਲ,ਭੁਪਿੰਦਰ ਸਿੰਘ, ਤਾਰਾ ਸਿੰਘ ਆਦਿ ਸਾਥੀਆਂ ਨੇ ਆਪਣੇ ਵਿਚਾਰ ਪੇਸ਼ ਕੀਤੇ।

# ਫਾਲਕਨ ਸਕੂਲ 'ਚ ਚੰਦਰ ਸ਼ੇਖਰ ਆਜ਼ਾਦ ਦਾ ਜਨਮ ਦਿਨ ਮਨਾਇਆ




**ਸੁਲਤਾਨਪੁਰ ਲੋਧੀ (ਹਨੀ)** ਫਾਲਕਨ ਇੰਟਰਨੈਸ਼ਨਲ ਸਕੂਲ ਵਿਖੇ ਸ਼ਹੀਦ ਚੰਦਰ ਸ਼ੇਖਰ ਆਜ਼ਾਦ ਦੇ ਜਨਮ ਦਿਨ ਨੂੰ ਸਮਰਪਤ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਚੰਦਰ ਸ਼ੇਖਰ ਆਜ਼ਾਦ ਦੇ ਜੀਵਨ ਅਤੇ ਭਾਰਤ ਦੀ ਆਜ਼ਾਦੀ ਦੇ ਵਿੱਚ ਉਨਾਂ ਵੱਲੋਂ ਦਿੱਤੇ ਯੋਗਦਾਨ ਸਬੰਧੀ ਵਿਸਥਾਰ ਪੂਰਵਕ ਚਾਨਣਾ ਪਾਇਆ । ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਵੀ ਵਿਦਿਆਰਥੀਆਂ ਨੂੰ ਚੰਦਰ ਸ਼ੇਖਰ ਆਜ਼ਾਦ ਵੱਲੋਂ ਆਜ਼ਾਦੀ ਦੇ ਸੰਘਰਸ਼ ਵਿੱਚ ਦਿੱਤੇ ਵੱਡਮੁੱਲੇ ਯੋਗਦਾਨ ਸਬੰਧੀ ਜਾਣੂ ਕਰਵਾਇਆ । ਇਸ ਦੌਰਾਨ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਚੜ੍ਹਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ । ਇਸ ਮੌਕੇ ਵਾਇਸ ਪ੍ਰਿੰਸੀਪਲ ਰਵਿੰਦਰਜੀਤ ਕੌਰ, ਐਨ ਸੀ ਸੀ ਇੰਚਾਰਜ਼ ਗੁਰਬਚਨ ਸਿੰਘ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਡਾਇਰੈਕਟਰ ਖੇਤੀਬਾੜੀ ਵਿਭਾਗ ਨੇ ਕੀਤਾ ਪਲਾਈਵੁੱਡ ਫੈਕਟਰੀਆਂ ਦਾ ਨਿਰੀਖਣ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਡਾਇਰੈਕਟਰ ਖੇਤੀਬਾੜੀ ਵਿਭਾਗ ਪੰਜਾਬ ਜਸਵੰਤ ਸਿੰਘ ਅਤੇ ਸੰਯੁਕਤ ਡਾਇਰੈਕਟਰ ਪੀ.ਪੀ ਨਰਿੰਦਰ ਪਾਲ ਸਿੰਘ ਬੈਨੀਪਾਲ ਵਲੋਂ ਜ਼ਿਲ੍ਹੇ ਦੀਆਂ ਪਲਾਈਵੁੱਡ ਫੈਕਟਰੀਆਂ ਵਿੱਚ ਯੂਰੀਆ ਖਾਦ ਦੇ ਦੁਰਵਰਤੋਂ ਨੂੰ ਰੋਕਣ ਲਈ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।ਨਿਰੀਖਣ ਦੌਰਾਨ ਉਨ੍ਹਾਂ ਨੇ ਪਲਾਈਵੁੱਡ ਫੈੱਕਟਰੀਆਂ ਦੇ ਸੰਚਾਲਕਾਂ ਨੂੰ ਸਪੱਸ਼ਟ ਨਿਰਦੇਸ਼ ਦਿੰਦਿਆਂ ਕਿਹਾ ਕਿ ਖੇਤੀ ਯੋਗ ਗ੍ਰੇਡ ਯੂਰੀਆ ਦੇ ਕਿਸੇ ਵੀ ਕਿਸਮ ਦੇ ਉਦਯੋਗਿਕ ਕਾਰਜਾਂ, ਜਿਵੇਂ ਕਿ ਪਲਾਈਵੁੱਡ ਨਿਰਮਾਣ ਜਾਂ ਉਸ ਵਿੱਚ ਕੈਮੀਕਲਸ ਦੀ ਵਰਤੋਂ ਦੀ ਪੂਰੀ ਤਰ੍ਹਾਂ ਪਾਬੰਦੀ ਹੈ। ਉਨ੍ਹਾਂ ਨੇ ਕਿਹਾ ਕਿ ਯੂਰੀਆ ਇੱਕ ਖੇਤੀ ਦੀ ਵਰਤੋਂ ਦੀ ਵਸਤੂ ਹੈ ਅਤੇ ਇਸ ਦੀ ਗੈਰ-ਖੇਤੀ ਦੀ ਵਰਤੋਂ ਖਾਦ ਕੰਟਰੋਲ ਆਰਡਰ 1985 ਦੀ ਉਲੰਘਣਾ ਤਹਿਤ ਆਉਂਦਾ ਹੈ।ਜਸਵੰਤ ਸਿੰਘ ਨੇ ਚੇਤਾਵਨੀ ਦਿੱਤੀ ਕਿ ਜੇਕਰ ਕਿਸੇ ਵੀ ਉਦਯੋਗਿਕ ਇਕਾਈ ਵਲੋਂ ਖੇਤੀ ਯੋਗ ਯੂਰੀਆ ਦੀ ਵਰਤੋਂ ਗੈਰ-ਖੇਤੀ ਕਾਰਜਾਂ ਲਈ ਕੀਤੀ ਜਾਂਦੀ ਹੈ, ਤਾਂ ਸਬੰਧਤ ਇਕਾਈ ਦੇ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਨਿਰੀਖਣ ਦੇ ਦੌਰਾਨ ਮੁੱਖ ਖੇਤੀਬਾੜੀ ਹੁਸ਼ਿਆਰਪੁਰ ਦਪਿੰਦਰ ਸਿੰਘ ਸੰਧੂ, ਖੇਤੀਬਾੜੀ ਅਫ਼ਸਰ ਕਿਰਨਜੀਤ ਸਿੰਘ ਅਤੇ ਖੇਤੀਬਾੜੀ ਵਿਕਾਸ ਅਫ਼ਸਰ ਜਤਿੰਦਰ ਸਿੰਘ ਵੀ ਮੌਜੂਦ ਸਨ। ਉਨ੍ਹਾਂ ਨੇ ਸਬੰਧਤ ਫੈਕਟਰੀਆਂ ਦੀ ਗਹਿਰਾਈ ਨਾਲ ਜਾਂਚ ਕਰਦੇ ਹੋਏ ਜ਼ਰੂਰੀ ਦਿਸ਼ਾ-ਨਿਰਦੇਸ਼ ਵੀ ਦਿੱਤੇ।

# ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਵੱਲੋਂ ਮੁਫ਼ਤ ਸਿਹਤ ਜਾਂਚ ਕੈਂਪ

**ਫਗਵਾੜਾ (ਡਾ. ਰਮਨ)**- ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਅਤੇ ਸੰਸਥਾਵਾਂ, ਫਗਵਾੜਾ ਨੇ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਅਤੇ ਟਰੱਸਟ, ਫਗਵਾੜਾ ਦੇ ਸਹਿਯੋਗ ਨਾਲ ਇੱਕ ਮੁਫ਼ਤ ਸਿਹਤ ਜਾਂਚ ਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ। ਇਸ ਪਹਿਲਕਦਮੀ ਦਾ ਉਦੇਸ਼ ਭਾਈਚਾਰੇ ਨੂੰ ਜ਼ਰੂਰੀ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਅਤੇ ਸਿਹਤ



ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ। ਕੈਂਪ ਦਾ ਰਸਮੀ ਉਦਘਾਟਨ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਅਤੇ ਟਰੱਸਟ, ਫਗਵਾੜਾ ਦੇ ਪ੍ਰਧਾਨ ਪ੍ਰਦੀਪ ਧੀਮਾਨ ਨੇ ਕੀਤਾ। ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੀ ਚੇਅਰਪਰਸਨ ਕਮ ਪ੍ਰਧਾਨ ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ ਨੇ ਸ਼੍ਰੀ ਧੀਮਾਨ, ਟਰੱਸਟ ਮੈਂਬਰਾਂ, ਡਾਕਟਰਾਂ ਅਤੇ ਸਿਹਤ ਟੀਮ ਦੇ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ।ਕੈਂਪ ਦੌਰਾਨ ਤਿੰਨ ਵਿਸ਼ੇਸ਼ਤਾਵਾਂ ਦੇ ਡਾਕਟਰਾਂ ਦੀ ਮੌਜੂਦਗੀ ਵਿੱਚ ਮੈਡੀਕਲ ਸੇਵਾਵਾਂ ਦੀ ਇੱਕ ਵਿਆਪਕ ਲੜੀ ਪੇਸ਼ ਕੀਤੀ ਗਈ। ਆਮ ਸਿਹਤ ਜਾਂਚਾਂ, ਜਿਸ ਵਿੱਚ ਬਲੱਡ ਪ੍ਰੈਸ਼ਰ ਦੀ ਨਿਗਰਾਨੀ, ਈ.ਸੀ.ਜੀ. ਅਤੇ ਮੁੱਢਲੀ ਸਰਜੀਕਲ ਸਕ੍ਰੀਨਿੰਗ ਸ਼ਾਮਲ ਸੀ, ਕੀਤੀਆਂ ਗਈਆਂ। ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਅੱਖਾਂ ਦੇ ਵੱਖ-ਵੱਖ ਵਿਕਾਰਾਂ ਜਿਵੇਂ ਕਿ ਮੋਤੀਆਬਿੰਦ ਅਤੇ ਗਲਾਕੋਮਾ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ, ਮਹਿਲਾ ਪ੍ਰਜਣਨ ਪ੍ਰਣਾਲੀ ਨਾਲ ਸਬੰਧਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਇੱਕ ਗਾਇਨੀਕੋਲੋਜਿਸਟ ਵੀ ਉਪਲਬਧ ਸੀ।ਕੈਂਪ ਦੌਰਾਨ ਲਗਭਗ 300 ਮਰੀਜ਼ਾਂ ਨੇ ਲਾਭ ਉਠਾਇਆ। ਜਿਨ੍ਹਾਂ ਨੂੰ ਹੋਰ ਡਾਕਟਰੀ ਸਹਾਇਤਾ ਦੀ ਲੋੜ ਸੀ, ਉਨ੍ਹਾਂ ਨੂੰ ਫਾਲੋ-ਅੱਪ ਸੇਵਾਵਾਂ ਅਤੇ ਨਿਰੰਤਰ ਦੇਖਭਾਲ ਲਈ ਤੁਰੰਤ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਅਤੇ ਟਰੱਸਟ, ਫਗਵਾੜਾ ਵਿੱਚ ਭੇਜਿਆ ਗਿਆ। ਇਸ ਮੌਕੇ ਸ਼੍ਰੀਮਤੀ ਮਨਪ੍ਰੀਤ ਕੌਰ ਭੋਗਲ ਨੇ ਭਾਈਚਾਰੇ ਨੂੰ ਦਰਪੇਸ਼ ਵਧਦੀਆਂ ਸਿਹਤ ਚੁਣੌਤੀਆਂ, ਜਿਸ ਵਿੱਚ ਦਿਲ ਦੀ ਬਿਮਾਰੀ, ਹਾਈ ਬਲੱਡ ਪ੍ਰੈਸ਼ਰ ਅਤੇ ਸ਼ੂਗਰ ਦੀ ਵਧਦੀ ਪ੍ਰਚਲਨ ਸ਼ਾਮਲ ਹੈ, 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਸਿਹਤ ਜਾਂਚ ਕੈਂਪ ਭਾਈਚਾਰੇ ਲਈ ਅਨਮੋਲ ਹਨ, ਜੋ ਮਹੱਤਵਪੂਰਨ ਸਿਹਤ ਜਾਗਰੂਕਤਾ ਪ੍ਰਦਾਨ ਕਰਦੇ ਹਨ ਅਤੇ ਹੋਰ ਪੇਚੀਦਗੀਆਂ ਨੂੰ ਰੋਕਣ ਲਈ ਬਿਮਾਰੀ ਦੀ ਛੇਤੀ ਜਾਂਚ ਨੂੰ ਸਮਰੱਥ ਬਣਾਉਂਦੇ ਹਨ।ਇਸ ਮੌਕੇ ਰਾਮਗੜ੍ਹੀਆ ਐਜੂਕੇਸ਼ਨਲ ਸੰਸਥਾਵਾਂ ਦੇ ਡਾਇਰੈਕਟਰ ਡਾ. ਵਿਓਮਾ ਭੋਗਲ ਧੱਟ; ਸਹਿ-ਡਾਇਰੈਕਟਰ ਸ਼੍ਰੀਮਤੀ ਰਵਨੀਤ ਭੋਗਲ ਕਾਲੜਾ; ਆਰ.ਈ.ਸੀ. ਕਾਰਜਕਾਰੀ ਮੈਂਬਰ ਸੁਖਜੀਤ ਸਿੰਘ ਬਾਂਸਲ ਅਤੇ ਸ਼੍ਰੀਮਤੀ ਭੁਪਿੰਦਰ ਕੌਰ ਬਾਂਸਲ; ਮੁਕੇਸ਼ ਕਾਂਤ, ਮੁੱਖ ਲੇਖਾਕਾਰ; ਆਰ.ਈ.ਸੀ. ਸਟਾਫ ਮੈਂਬਰ; ਅਤੇ ਸਾਰੀਆਂ ਰਾਮਗੜ੍ਹੀਆ ਐਜੂਕੇਸ਼ਨਲ ਸੰਸਥਾਵਾਂ ਦੇ ਪ੍ਰਿੰਸੀਪਲ ਵੀ ਮੌਜੂਦ ਸਨ।

# ਰੋਟਰੀ ਕਲੱਬ ਨੇ ਟੀ ਬੀ ਹਸਪਤਾਲ ਦੇ ਮਰੀਜ਼ਾਂ ਨੂੰ ਪੌਸ਼ਟਿਕ ਆਹਾਰ ਵੰਡਿਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਪ੍ਰਧਾਨ ਮੰਤਰੀ ਟੀ.ਬੀ ਮੁਕਤ ਅਭਿਆਨ ਦੇ ਤਹਿਤ ਫਗਵਾੜਾ ਰੋਡ 'ਤੇ ਸਥਿਤ ਸਰਕਾਰੀ ਟੀ.ਬੀ ਹਸਪਤਾਲ ਵਿਖੇ ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵੱਲੋਂ ਟਿਮਾਟਨੀ ਆਹਲੂਵਾਲੀਆ ਦੀ ਅਗਵਾਈ ਵਿੱਚ ਲਗਾਤਾਰ ਟੀ.ਬੀ ਦਾ ਇਲਾਜ ਕਰਵਾ ਰਹੇ 7 ਮਰੀਜ਼ਾਂ ਨੂੰ 13ਵੀਂ ਵਾਰ ਪੌਸ਼ਟਿਕ ਆਹਾਰ ਮੁਹੱਈਆ ਕਰਵਾਇਆ ਗਿਆ। ਇਹ ਪੌਸ਼ਟਿਕ ਆਹਾਰ ਦਾਨੀ ਰੋਟੇਰੀਅਨ ਯੋਗੇਸ਼ ਚੰਦਰ ਅਤੇ ਸੰਜੀਵ ਕੁਮਾਰ ਵਲੋਂ ਦਿੱਤਾ ਗਿਆ। ਇਸ ਮੌਕੇ ਪ੍ਰਧਾਨ ਟਿਮਾਟਨੀ ਆਹਲੂਵਾਲੀਆ ਨੇ ਮਰੀਜ਼ਾਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਕੇ ਜਲਦੀ ਤੋਂ ਜਲਦੀ ਤੰਦਰੁਸਤ ਹੋ ਸਕਦੇ ਹਨ ਅਤੇ ਹਰ ਹਾਲਤ ਵਿੱਚ ਦਵਾਈਆਂ ਲੈਂਦੇ ਰਹਿਣ। ਇਸ ਮੌਕੇ ਰੋਟੇਰਿਅਨ ਰਜਿੰਦਰ ਮੌਦਗਿਲ, ਪ੍ਰੋਜੈਕਟ ਚੇਅਰਮੈਨ ਸੰਜੀਵ ਕੁਮਾਰ, ਨਰੇਸ਼ ਜੈਨ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਦੌਰਾਨ ਟੀ.ਬੀ. ਅਧਿਕਾਰੀ ਸ਼ਕਤੀ ਸ਼ਰਮਾ ਨੇ ਕਲੱਬ ਵੱਲੋਂ ਚਲਾਏ ਜਾ ਰਹੇ ਇਸ ਪ੍ਰੋਜੈਕਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਦੀ ਸੱਚੀ ਸੇਵਾ ਕਰ ਰਹੀਆਂ ਹਨ, ਜੋ ਦੂਜਿਆਂ ਲਈ ਪ੍ਰੇਰਨਾ ਸਰੋਤ ਹਨ ਅਤੇ ਰੋਟਰੀ ਕਲੱਬ ਦੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਕੁਲਦੀਪ ਸਿੰਘ, ਰੇਨੂੰ ਬਾਲਾ, ਲੋੜਵੰਦ ਮਰੀਜ਼ ਆਦਿ ਹਾਜ਼ਰ ਸਨ।

# ਨਸ਼ੇ ਦੀਆਂ 30 ਗੋਲੀਆਂ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਪੁਲਸ ਵਲੋਂ 30 ਨਸ਼ੀਲੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ।ਪੁਲਸ ਥਾਣਾ ਸਦਰ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਪੁਲਸ ਚੌਕੀ ਜਾਡਲਾ ਦੀ ਇੰਚਾਰਜ ਏਐੱਸਆਈ ਅਮਰਜੀਤ ਕੌਰ ਨੇ ਦੱਸਿਆ ਕਿ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਜਾਡਲਾ ਤੋਂ ਸੀਗਲੀਗਰ ਬਸਤੀ ਤੋਂ ਮੇਨ ਹਾਈਵੇ ਨੂੰ ਜਾ ਰਹੇ ਸੀ। ਜਦੋਂ ਪੁਲਸ ਪਾਰਟੀ ਮੇਨ ਹਾਈਵੇ ਬੁੱਗੇ ਦਾ ਪੌਅ ਪਾਸ ਪੁੱਜੇ ਤਾਂ ਖੱਬੇ ਪਾਸੇ ਬਣੇ ਬੱਸ ਅੱਡਾ ਸ਼ੈਡ ਵਿੱਚ ਇੱਕ ਨੌਜਵਾਨ ਬੈਠਾ ਦਿਖਾਈ ਦਿੱਤਾ।ਜਿਸ ਨੇ ਪੁਲਸ ਪਾਰਟੀ ਦੀ ਸਰਕਾਰੀ ਗੱਡੀ ਦੇਖ ਕੇ ਘਬਰਾ ਕੇ ਆਪਣੇ ਹੱਥ ਵਿਚ ਫੜੀ ਪਾਰਦਰਸ਼ੀ ਲਿਫਾਫੀ ਯਕਦਮ ਹੇਠਾਂ ਜ਼ਮੀਨ 'ਤੇ ਸੁੱਟ ਦਿੱਤੀ ਤੇ ਆਪ ਤੇਜ਼ ਕਦਮੀ ਸੜਕ ਹਾਈਵੇ ਵੱਲ ਨੂੰ ਚੱਲ ਪਿਆ। ਜਿਸ ਨੂੰ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਤਾਂ ਉਸ ਨੇ ਆਪਣਾ ਨਾਂਅ ਮਨਪ੍ਰੀਤ ਸਿੰਘ ਉਰਫ ਮਾਪੀ ਪੁੱਤਰ ਸਰਵਣ ਰਾਮ ਵਾਸੀ ਬੀਰੋਵਾਲ ਦੱਸਿਆ ਅਤੇ ਉਸ ਵੱਲੋਂ ਸੁੱਟੀ ਹੋਈ ਪਾਰਦਰਸ਼ੀ ਲਿਫਾਫੀ ਵਿਚੋਂ 30 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਐਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ।

# ਸਰਕਾਰੀ ਜ਼ਮੀਨਾਂ 'ਤੇ ਕਬਜ਼ਿਆਂ ਵਿਰੁੱਧ ਸਖਤ ਕਾਰਵਾਈ ਦੇ ਹੁਕਮ

**ਜਲੰਧਰ (ਸ਼ੈਲੀ ਐਲਬਰਟ)**:- ਜ਼ਿਲ੍ਹਾ ਯੋਜਨਾ ਬੋਰਡ, ਜਲੰਧਰ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਅਤੇ ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਾਰੇ ਐਸ.ਡੀ.ਐਮ. ਨੂੰ ਆਪਣੇ-ਆਪਣੇ ਇਲਾਕਿਆਂ ਵਿੱਚ ਮੌਜੂਦ ਸੂਬਾਈ ਅਤੇ ਕੇਂਦਰੀ ਸਰਕਾਰ ਦੀ ਜ਼ਮੀਨ ਦੀ ਪਛਾਣ ਕਰਨ ਅਤੇ ਉਨ੍ਹਾਂ 'ਤੇ ਸਰਕਾਰੀ ਜਾਇਦਾਦ ਹੋਣ ਦੀ ਪਛਾਣ ਵਾਲੇ ਬੋਰਡ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਇਹ ਹੁਕਮ ਸਰਕਾਰੀ ਜ਼ਮੀਨਾਂ 'ਤੇ ਨਜਾਇਜ਼ ਕਬਜ਼ਿਆਂ ਬਾਰੇ ਮਿਲ ਰਹੀਆਂ ਸ਼ਿਕਾਇਤਾਂ ਦੇ ਮੱਦੇਨਜ਼ਰ ਜਾਰੀ ਕੀਤੇ ਗਏ ਹਨ। ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਇਹ ਤਰੀਕਾ ਪ੍ਰਸ਼ਾਸਨ ਨੂੰ ਐਸੇ ਕਬਜ਼ਿਆਂ ਖਿਲਾਫ਼ ਸਮੇਂ ਸਿਰ ਕਾਰਵਾਈ ਕਰਨ ਵਿੱਚ ਮਦਦ ਕਰੇਗਾ।ਅੰਮ੍ਰਿਤਪਾਲ ਸਿੰਘ ਨੇ ਐਸ.ਡੀ.ਐਮ.ਜ਼ ਨੂੰ ਇਹ ਵੀ ਕਿਹਾ ਕਿ ਇਨ੍ਹਾਂ ਖਾਲੀ ਸਰਕਾਰੀ ਜ਼ਮੀਨਾਂ 'ਤੇ ਅਸਥਾਈ ਤੌਰ 'ਤੇ ਪਾਰਕਾਂ ਅਤੇ ਖੇਡ ਮੈਦਾਨਾਂ ਦੀ ਵਿਕਾਸ ਯੋਜਨਾ ਭੇਜੀ ਜਾਵੇ, ਤਾਂ ਜੋ ਉਨ੍ਹਾਂ ਦੀ ਵਰਤੋਂ ਹੋਵੇ ਅਤੇ ਅਣਧਿਖੇ ਕਬਜ਼ੇ ਰੋਕੇ ਜਾ ਸਕਣ।ਉਨ੍ਹਾਂ ਨੇ ਜ਼ਿਲ੍ਹਾ ਅਧਿਕਾਰੀਆਂ ਤੋਂ ਸਰਕਾਰੀ ਜ਼ਮੀਨਾਂ ਦੀ ਪੂਰੀ ਜਾਣਕਾਰੀ ਵਾਲੀ ਰਿਪੋਰਟ, ਜਿਸ ਵਿੱਚ ਜਗ੍ਹਾ, ਮਾਪ, ਮਾਲਕੀ ਹੱਕ, ਮੌਜੂਦਾ ਹਾਲਤ ਅਤੇ ਕਿਸੇ ਵੀ ਅਦਾਲਤੀ ਮਾਮਲੇ ਦੀ ਜਾਣਕਾਰੀ ਹੋਵੇ, 31 ਜੁਲਾਈ 2025 ਤੱਕ ਮੰਗੀ ਹੈ।ਡਿਪਟੀ ਕਮਿਸ਼ਨਰ ਨੇ ਚੇਤਾਵਨੀ ਦਿੱਤੀ ਕਿ ਜਿਨ੍ਹਾਂ ਜਗ੍ਹਾਂ 'ਤੇ 31 ਜੁਲਾਈ ਤੋਂ ਬਾਅਦ ਵੀ ਨਜਾਇਜ਼ ਕਬਜ਼ੇ ਮਿਲੇ, ਉਥੇ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ।ਅੰਮ੍ਰਿਤਪਾਲ ਸਿੰਘ ਨੇ ਜਲੰਧਰ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਸਰਕਾਰੀ ਜਾਇਦਾਦ ਦੀ ਰੱਖਿਆ ਲਈ ਬੋਰਡ ਤੇ ਪ੍ਰਸ਼ਾਸਨ ਵੱਲੋਂ ਸਖ਼ਤ ਤੇ ਠੋਸ ਕਦਮ ਚੁੱਕੇ ਜਾ ਰਹੇ ਹਨ ।

# 31 ਤੋਂ ਪਹਿਲਾਂ ਟੈਕਸ ਜਮ੍ਹਾਂ ਨਾ ਕਰਵਾਉਣ 'ਤੇ ਪ੍ਰਾਪਰਟੀ ਹੋਵੇਗੀ ਸੀਲ : ਈ ਓ




**ਗੁਰਾਇਆ (ਬਿੰਦਰ ਸੁੰਮਨ)**: ਨਗਰ ਕੌਂਸਲ ਗੁਰਾਇਆ ਦੇ ਕਾਰਜ ਸਾਧਕ ਅਫ਼ਸਰ ਮਨਦੀਪ ਸਿੰਘ ਨੇ ਸ਼ਹਿਰ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾ ਤੇ ਪ੍ਰਾਪਰਟੀ ਟੈਕਸ ਦੀ ਯਕਮੁਸ਼ਤ ਬਕਾਇਆ ਰਕਮ ਜਮ੍ਹਾ ਕਰਨ 'ਤੇ 31 ਜੁਲਾਈ ਤੱਕ ਵਿਆਜ ਤੇ ਜੁਰਮਾਨਾ ਮੁਆਫ ਕੀਤਾ ਹੋਇਆ ਹੈ। ਉਨਾਂ ਕਿਹਾ ਕਿ ਸ਼ਹਿਰ ਦੇ ਜਿਨ੍ਹਾਂ ਵਿਅਕਤੀਆਂ ਵੱਲ ਯੂਨਿਟ ਦਾ ਪ੍ਰਾਪਰਟੀ ਟੈਕਸ ਬਕਾਇਆ ਹਨ, ਉਹ ਨਗਰ ਕੌਂਸਲ ਗੁਰਾਇਆ 'ਚ ਮੁਆਫ ਸਕੀਮ ਦਾ ਲਾਭ ਉਠਾਉਂਦੇ ਹੋਏ ਆਪਣਾ ਬਕਾਇਆ ਪ੍ਰਾਪਰਟੀ ਟੈਕਸ ਦਫਤਰ ਵਿੱਚ 31 ਜੁਲਾਈ ਤੋਂ ਪਹਿਲਾਂ ਜਮ੍ਹਾ ਕਰਵਾਉਣ। ਉਨਾਂ ਆਖਿਆ ਕਿ ਪ੍ਰਾਪਰਟੀ ਟੈਕਸ ਜਮ੍ਹਾ ਨਾ ਕਰਨ ਦੀ ਸੂਰਤ 'ਚ ਪ੍ਰਾਪਰਟੀ ਸੀਲ ਕਰ ਦਿੱਤੀ ਜਾਵੇਗੀ।

# ਮੀਹ ਪੈਂਦੇ 'ਚ ਚੋਰਾਂ ਨੇ ਲਾਈ ਦੁਕਾਨਾਂ ਨੂੰ ਸੰਨ੍ਹ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਬੇਖੌਫ ਚੋਰਾਂ ਨੇ ਬੀਡੀਪੀਓ ਦਫਤਰ ਦੀ ਬਣੀ ਮਾਰਕੀਟ ਦੇ ਵਿੱਚ ਕਰੀਬ 10 ਦੁਕਾਨਾਂ ਨੂੰ ਆਪਣਾ ਨਿਸ਼ਾਨਾ ਬਣਾਇਆ। ਦੁਕਾਨਦਾਰਾਂ ਦੇ ਅਨੁਸਾਰ ਇਹਨਾਂ ਚੋਰਾਂ ਵੱਲੋਂ ਕਰੀਬ 10 ਏਸੀਆਂ ਦੀਆਂ ਕਾਪਰ ਪਾਈਪਾਂ ਅਤੇ ਹੋਰ ਕੀਮਤੀ ਸਮਾਨ ਚੋਰੀ ਕੀਤਾ ਗਿਆ ਹੈ। ਦੁਕਾਨਦਾਰਾਂ ਵੱਲੋਂ ਲਿਖਤ ਸ਼ਿਕਾਇਤ ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਨੂੰ ਦਿੱਤੀ ਹੈ ਅਤੇ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਥਾਣਾ ਮੁਖੀ ਸੁਲਤਾਨਪੁਰ ਲੋਧੀ ਇੰਸਪੈਕਟਰ ਸੋਨਮਦੀਪ ਕੌਰ ਨੇ ਕਿਹਾ ਕਿ ਮਾਮਲਾ ਉਹਨਾਂ ਦੇ ਧਿਆਨ ਵਿੱਚ ਆ ਚੁੱਕਾ ਹੈ ਜਲਦ ਹੀ ਚੋਰ ਸਲਾਖਾਂ ਦੇ ਪਿੱਛੇ ਹੋਣਗੇ,ਜਾਂਚ ਆਰੰਭ ਦਿੱਤੀ ਗਈ ਹੈ ਅਤੇ ਵੱਖ-ਵੱਖ ਸੀਸੀ ਟੀਵੀ ਦੇ ਫੁਟੇਜ ਕੰਗਾਲੇ ਜਾ ਰਹੇ ਹਨ।ਇਸ ਮੌਕੇ ਨਿਰਮਲ ਸਿੰਘ, ਪਿੰਟੂ ਅਰੋੜਾ, ਲੱਕੀ ਆਟੋ, ਹਰਜਿੰਦਰ ਸਿੰਘ ਮੈਕਸ ਗੈਸ, ਅਮਰਜੀਤ ਹਲਵਾਈ, ਕੁਲਵੀਰ ਸਿੰਘ ਮਿੰਟੂ, ਜਗਪ੍ਰੀਤ ਕਾਈ ਆਟੋ, ਬਲਵਿੰਦਰ ਸਿੰਘ ਧਾਲੀਵਾਲ ਵਿਨੀ ਪ੍ਰਿੰਟਿੰਗ ਪ੍ਰੈਸ , ਪ੍ਰਦੀਪ ਸਿੰਘ ਅਟਵਾਲ, ਗੁਰਪ੍ਰੀਤ ਸਿੰਘ ਢੋਟ, ਸੋਨੂੰ ਅਟਵਾਲ, ਬੰਬੇ ਸਟੂਡੀਓ ਵਾਲੇ, ਸ਼ਿੰਗਾਰਾ ਸਿੰਘ ਆਦਿ ਵੱਡੀ ਗਿਣਤੀ ਵਿੱਚ ਦੁਕਾਨਦਾਰ ਹਾਜ਼ਰ ਸਨ।



# ਨਗਰ ਨਿਗਮ ਹਾਊਸ ਮੀਟਿੰਗ 'ਚ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਨੂੰ ਪ੍ਰਵਾਨਗੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਨਗਰ ਨਿਗਮ ਹਾਊਸ ਦੀ ਇਕ ਮਹੱਤਵਪੂਰਨ ਮੀਟਿੰਗ ਮੇਅਰ ਸੁਰਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਸ਼ਹਿਰ ਦੇ ਵੱਖ-ਵੱਖ ਵਿਕਾਸ ਕਾਰਜਾਂ ਅਤੇ ਕਰਮਚਾਰੀਆਂ ਨਾਲ ਸਬੰਧਤ ਸੇਵਾ ਮਾਮਲਿਆਂ ਨੂੰ ਪ੍ਰਵਾਨਗੀ ਦਿੱਤੀ ਗਈ। ਇਸ ਮੀਟਿੰਗ ਵਿਚ ਨਗਰ ਨਿਗਮ ਕਮਿਸ਼ਨਰ ਜਯੋਤੀ ਬਾਲਾ ਮੱਟੂ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਲਤਾ ਸੈਣੀ, ਨਿਗਮ ਦੀ ਵਿੱਤ ਅਤੇ ਠੇਕਾ ਕਮੇਟੀ ਦੇ ਚੇਅਰਮੈਨ ਬਲਵਿੰਦਰ ਕੁਮਾਰ ਬਿੰਦੀ, ਵਾਰਡ ਨੰਬਰ 10 ਦੇ ਕੌਂਸਲਰ ਅਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਤੋਂ ਇਲਾਵਾ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਦੇ ਕੌਂਸਲਰਾਂ ਨੇ ਮੀਟਿੰਗ ਵਿੱਚ ਹਿੱਸਾ ਲੈ ਕੇ ਆਪਣੀ ਸਰਗਰਮ ਭੂਮਿਕਾ ਨਿਭਾਈ।ਮੇਅਰ ਨੇ ਦੱਸਿਆ ਕਿ ਸ਼ਹਿਰ ਦੀ ਸਫਾਈ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇਕ ਮਹੱਤਵਪੂਰਨ ਫ਼ੈਸਲਾ ਲਿਆ ਗਿਆ ਹੈ, ਜਿਸ ਤਹਿਤ ਹਰ ਘਰ ਤੋਂ ਕੂੜਾ ਇਕੱਠਾ ਕਰਨਾ, ਵਿਗਿਆਨਕ ਢੰਗ ਨਾਲ ਪ੍ਰੋਸੈਸ ਕਰਨਾ ਅਤੇ ਇਸ ਨੂੰ ਪਿੱਪਲਵਾਲਾ ਸਥਿਤ ਮੁੱਖ ਪ੍ਰੋਸੈਸਿੰਗ ਕੇਂਦਰ ਤੱਕ ਪਹੁੰਚਾਉਣਾ ਹੁਣ ਇੱਕ ਨਿੱਜੀ ਏਜੰਸੀ ਨੂੰ ਸੌਂਪਿਆ ਜਾਵੇਗਾ।



ਇਸ ਨਾਲ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਪਏ ਕੂੜੇ ਦੇ ਢੇਰਾਂ ਤੋਂ ਨਿਜ਼ਾਤ ਮਿਲੇਗੀ।ਮੇਅਰ ਨੇ ਕਿਹਾ ਕਿ ਦੇਸ਼ ਦੀ ਰੱਖਿਆ ਕਰਨ ਵਾਲੇ ਬਹਾਦਰ ਸੈਨਿਕਾਂ ਦੇ ਸਨਮਾਨ ਵਿਚ ਗ੍ਰੀਨ ਵਿਊ ਪਾਰਕ ਵਿਚ ਇਕ ਆਰਮੀ ਟੈਂਕ ਲਗਾਇਆ ਜਾਵੇਗਾ, ਜੋ ਨਾ ਸਿਰਫ਼ ਫੌਜੀ ਜਜ਼ਬੇ ਨੂੰ ਸਲਾਮੀ ਹੋਵੇਗੀ ਬਲਕਿ ਪਾਰਕ ਦੀ ਸੁੰਦਰਤਾ ਨੂੰ ਵੀ ਵਧਾਏਗਾ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਸ਼ੁੱਧ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਨਗਰ ਨਿਗਮ ਨੇ ਵੱਖ-ਵੱਖ ਟਿਊਬਵੈਲਾਂ ਦੀ ਰੀਬੋਰਿੰਗ ਲਈ 167.46 ਲੱਖ ਰੁਪਏ ਦੇ ਖ਼ਰਚੇ ਨੂੰ ਪ੍ਰਵਾਨਗੀ ਦਿੱਤੀ ਹੈ। ਇਸ ਤੋਂ ਇਲਾਵਾ ਅਮਰੁਤ-2 ਯੋਜਨਾ ਤਹਿਤ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚ ਜਲ ਸਪਲਾਈ ਲਾਈਨਾਂ ਵਿਛਾਉਣ ਲਈ 7.10 ਕਰੋੜ ਰੁਪਏ ਦੇ ਬਜਟ ਨੂੰ ਪ੍ਰਵਾਨਗੀ ਦਿੱਤੀ ਗਈ। ਮੇਅਰ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਨਗਰ ਨਿਗਮ ਨੇ ਜਲ ਸਪਲਾਈ ਅਤੇ ਸੀਵਰੇਜ ਪ੍ਰਣਾਲੀ ਦੇ ਰੱਖ-ਰਖਾਅ ਲਈ 2323.41 ਲੱਖ ਰੁਪਏ ਦੇ ਖਰਚ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਤੋਂ ਇਲਾਵਾ ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਸ਼ਹਿਰ ਦੀਆਂ ਗਲੀਆਂ ਅਤੇ ਇਲਾਕਿਆਂ ਵਿਚ ਪਾਣੀ ਭਰਨ ਤੋਂ ਰੋਕਣ ਲਈ ਵੱਖ-ਵੱਖ ਨਾਲਿਆਂ ਦੀ ਸਫਾਈ ਲਈ 9.87 ਲੱਖ ਰੁਪਏ ਮਨਜ਼ੂਰ ਕੀਤੇ ਗਏ ਹਨ। ਇਸ ਮੌਕੇ ਸੰਯੁਕਤ ਕਮਿਸ਼ਨਰ ਸੰਦੀਪ ਤਿਵਾੜੀ, ਐਸ.ਈ ਸਤੀਸ਼ ਕੁਮਾਰ ਸੈਣੀ, ਇੰਜੀਨੀਅਰ ਹਰਪ੍ਰੀਤ ਸਿੰਘ, ਕੁਲਦੀਪ ਸਿੰਘ, ਮਿਉਂਸਪਲ ਟਾਊਨ ਪਲੈਨਰ ਲਖਵੀਰ ਸਿੰਘ ਸਮੇਤ ਕਈ ਸੀਨੀਅਰ ਅਧਿਕਾਰੀ ਮੌਜੂਦ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮੈਰਾਥਨ ਲਈ ਡਿਪਟੀ ਸਪੀਕਰ ਨੇ ਵਿਸ਼ੇਸ਼ ਮੀਟਿੰਗ ਬੁਲਾਈ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਨਸ਼ਿਆਂ ਵਿਰੁੱਧ ਵਿੱਢੀ ਜੰਗ ਨੂੰ ਜਾਰੀ ਰੱਖਦਿਆਂ, ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ਼੍ਰੀ ਜੈ ਕ੍ਰਿਸ਼ਨ ਸਿੰਘ ਰੋੜੀ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਦੇ ਹਿੱਸੇ ਵਜੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਰਾਸ਼ਟਰੀ ਮੈਰਾਥਨ ਕਰਵਾਉਣ ਲਈ ਇੱਕ ਵਿਸ਼ੇਸ਼ ਮੀਟਿੰਗ ਬੁਲਾਈ ਗਈ।ਡਿਪਟੀ ਸਪੀਕਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਦੇ ਨੌਜਵਾਨਾਂ ਨੂੰ ਬਚਾਉਣ, ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਅਤੇ ਇੱਕ ਜੀਵੰਤ, ਖੁਸ਼ਹਾਲ ਅਤੇ ਖੇਡ ਪ੍ਰੇਮੀ ਸੂਬੇ ਵਜੋਂ ਪੰਜਾਬ ਦੀ ਸ਼ਾਨ ਨੂੰ ਬਹਾਲ ਕਰਨ ਲਈ ਨਸ਼ਿਆਂ ਵਿਰੁੱਧ ਸੂਬਾ ਪੱਧਰੀ ਮੁਹਿੰਮ ਚਲਾਈ ਜਾ ਰਹੀ ਹੈ।ਵਿਸ਼ੇਸ਼ ਮੀਟਿੰਗ ਇਸੇ ਸੰਦਰਭ ਵਿੱਚ ਬੁਲਾਈ ਗਈ ਸੀ, ਅਤੇ ਉਨ੍ਹਾਂ ਆਸ ਪ੍ਰਗਟਾਈ ਕਿ ਹਰ ਪੰਜਾਬੀ ਵੱਲੋਂ ਸਰਕਾਰ ਦੇ ਇਸ ਉਪਰਾਲੇ ਦਾ ਦਿਲੋਂ ਸਮਰਥਨ ਕੀਤਾ ਜਾਵੇਗਾ।ਡਿਪਟੀ ਸਪੀਕਰ ਨੇ ਕਿਹਾ ਕਿ ਚੱਲ ਰਹੀ ਨਸ਼ਾ ਵਿਰੋਧੀ ਮੁਹਿੰਮ ਦੇ ਹਿੱਸੇ ਵਜੋਂ, 27 ਸਤੰਬਰ, 2025 ਨੂੰ ਫੁੱਟਬਾਲ ਦੀ ਨਰਸਰੀ ਵਜੋਂ ਜਾਣੇ ਜਾਂਦੇ ਮਾਹਿਲਪੁਰ (ਗੜ੍ਹਸ਼ੰਕਰ), ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸੂਬਾ ਪੱਧਰੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ ਕਰਵਾਈ ਜਾਵੇਗੀ ਅਤੇ ਇਹ ਮੀਟਿੰਗ ਵਿਸ਼ੇਸ਼ ਤੌਰ 'ਤੇ ਇਸ ਸੂਬਾ ਪੱਧਰੀ ਸਮਾਗਮ ਸਬੰਧੀ ਯੋਜਨਾ ਬਣਾਉਣ ਲਈ ਬੁਲਾਈ ਗਈ ਸੀ। ਉਹਨਾਂ ਕਿਹਾ ਕਿ ਇਸ ਸੂਬਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਹੀ ਨੇਪਰੇ ਚਾੜ੍ਹੀਆਂ ਜਾ ਸਕਦੀਆਂ ਹਨ। ਉਹਨਾਂ ਇਹ ਵੀ ਦੱਸਿਆ ਕਿ ਇਸ ਮੈਰਾਥਨ ਵਿਚ ਐਸ.ਆਰ.ਐਸ.ਐਫ ਐਨ.ਜੀ.ਓ ਵੱਲੋਂ ਵੀ ਸਹਿਯੋਗ ਦਿੱਤਾ ਜਾ ਰਿਹਾ ਹੈ।ਰੋੜੀ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਮਾਨ ਵੱਲੋਂ ਆਪਣਾ ਸਹੁੰ ਚੁੱਕ ਸਮਾਗਮ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਜਨਮ ਭੂਮੀ ਖਟਕੜ ਕਲਾਂ ਵਿਖੇ ਕਰਵਾਇਆ ਗਿਆ ਸੀ ਅਤੇ ਹਰ ਸਾਲ ਸ਼ਹੀਦ-ਏ-ਆਜ਼ਮ ਦੇ ਜਨਮ ਦਿਨ ਮੌਕੇ ਉੱਥੇ ਸੂਬਾ ਪੱਧਰੀ ਸਮਾਗਮ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਵੀ ਸ਼ਹੀਦ-ਏ-ਆਜ਼ਮ ਦੇ ਜਨਮ ਦਿਨ 28 ਸਤੰਬਰ, 2025 ਮੌਕੇ ਸੂਬਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸੇ ਸਬੰਧ ਵਿੱਚ ਇਕ ਦਿਨ ਪਹਿਲਾਂ ਮਿਤੀ 27 ਸਤੰਬਰ,



2025 ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਸਮਰਪਿਤ ਇਹ ਮੈਰਾਥਨ ਕਰਵਾਈ ਜਾ ਰਹੀ ਹੈ।ਉਹਨਾਂ ਦੱਸਿਆ ਕਿ ਇਸ ਮੈਰਾਥਨ ਵਿਚ 5 ਕਿਲੋਮੀਟਰ, 10 ਕਿਲੋਮੀਟਰ, 21 ਕਿਲੋਮੀਟਰ ਅਤੇ 42 ਕਿਲੋਮੀਟਰ ਦੇ ਵੱਖ-ਵੱਖ ਸ਼੍ਰੇਣੀਆਂ ਸ਼ਾਮਲ ਹੋਣਗੀਆਂ ਜਿਸ ਵਿੱਚ ਬੱਚੇ, ਨੌਜਵਾਨ, ਬਜ਼ੁਰਗ ਅਤੇ ਦਿਵਿਆਂਗ ਹਿੱਸਾ ਲੈ ਸਕਣਗੇ। ਜੇਤੂਆਂ ਦੀ ਹੌਸਲਾ ਅਫ਼ਜਾਈ ਵਾਸਤੇ ਉਨ੍ਹਾਂ ਨੂੰ ਵੱਖ-ਵੱਖ ਇਨਾਮਾਂ ਨਾਲ ਵੀ ਸਨਮਾਨਿਤ ਕੀਤਾ ਜਾਵੇਗਾ।ਇਸ ਮੀਟਿੰਗ ਦੌਰਾਨ ਪਰਮਿੰਦਰ ਸਿੰਘ ਗੋਲਡੀ, ਚੇਅਰਮੈਨ, ਪੰਜਾਬ ਯੂਥ ਡਿਵੈਲਪਮੈਂਟ ਬੋਰਡ, ਸਰਵਜੀਤ ਸਿੰਘ (ਆਈ.ਏ.ਐਸ), ਵਿਸ਼ੇਸ ਮੁੱਖ ਸਕੱਤਰ, ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਅਭਿਨਵ ਤ੍ਰਿਖਾ (ਆਈ.ਏ.ਐਸ), ਸਕੱਤਰ, ਸੈਰ ਸਪਾਟਾ ਵਿਭਾਗ, ਡਾ.ਐਸ.ਪੀ. ਅਨੰਦ ਕੁਮਾਰ (ਆਈ.ਏ.ਐਸ) ਵਿਸ਼ੇਸ਼ ਸਕੱਤਰ, ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਸ੍ਰੀਮਤੀ ਦੀਪਤੀ ਉੱਪਲ (ਆਈ.ਏ.ਐਸ.) ਵਿਸ਼ੇਸ਼ ਸਕੱਤਰ, ਸਥਾਨਕ ਸਰਕਾਰ ਵਿਭਾਗ, ਸ੍ਰੀਮਤੀ ਆਸ਼ਿਕਾ ਜੈਨ, ਡਿਪਟੀ ਕਮਿਸ਼ਨਰ ਹੁਸ਼ਿਆਰਪੁਰ, ਸੰਦੀਪ ਕੁਮਾਰ ਮਲਿਕ (ਆਈ.ਪੀ.ਐਸ.) ਹੁਸ਼ਿਆਰਪੁਰ, ਏ.ਕੇ. ਕਲਪਨਾ, ਵਧੀਕ ਸਕੱਤਰ, ਸਕੂਲ ਸਿੱਖਿਆ ਵਿਭਾਗ, ਪ੍ਰਸ਼ੋਤਮ ਕੁਮਾਰ, ਉੱਪ ਸਕੱਤਰ, ਆਮ ਰਾਜ ਪ੍ਰਬੰਧ ਵਿਭਾਗ, ਸ੍ਰੀ ਦੀਪਾਂਕਰ ਗਰਗ, ਉੱਪ ਸਕੱਤਰ, ਆਮ ਰਾਜ ਪ੍ਰਬੰਧ ਵਿਭਾਗ, ਡਾ. ਅਜੀਤਪਾਲ ਸਿੰਘ, ਸੰਯੁਕਤ ਡਾਇਰੈਕਟਰ, ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਡਾ. ਹਿਤਿੰਦਰ ਕੌਰ, ਡਾਇਰੈਕਟਰ, ਸਿਹਤ ਸੇਵਾਵਾਂ, ਡਾ. ਸੰਦੀਪ, ਸਟੇਟ ਪ੍ਰੋਜੈਕਟ ਅਫਸਰ, ਮੈਂਟਲ ਹੈਲਥ ਐਂਡ ਡੀਅਡਿਕਸ਼ਨ ਵਿਮਲ ਕੁਮਾਰ ਸੇਤੀਆਂ, ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ, ਸਨਦੀਪ ਸਿੰਘ ਗੜ੍ਹਾ, ਵਧੀਕ ਡਾਇਰੈਕਟਰ ਪ੍ਰਸ਼ਾਸਨ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਸੰਯੁਕਤ ਪ੍ਰਮੁੱਖ ਸਕੱਤਰ, ਮੁੱਖ ਮੰਤਰੀ, ਪੰਜਾਬ, ਅਰਵਿੰਦਰ ਸਿੰਘ, ਪ੍ਰਿੰਸੀਪਲ ਹਰਬਜਨ ਸਿੰਘ ਸਪੋਰਟਿੰਗ ਕਲੱਬ, ਮਾਹਿਲਪੁਰ, ਡਾ. ਪਰਮਿੰਦਰ ਸਿੰਘ, ਪ੍ਰਿੰਸੀਪਲ, ਐਸ.ਜੀ.ਜੀ.ਐਸ. ਖਾਲਸਾ ਕਾਲਜ ਮਾਹਿਲਪੁਰ, ਡਾ. ਬਸੰਤ ਗਰਗ ਨੋਡਲ ਅਫਸਰ, ਐਂਟੀ ਡਰੱਗ ਕੈਂਪੇਨ, ਡਾ. ਸਾਜਨ ਸ਼ਰਮਾ, ਐਸ.ਆਰ.ਐਸ. ਐਫ. ਮੋਹਿਤ ਬਾਂਸਲ, ਐਸ.ਆਰ.ਐਸ. ਐਫ. ਲਕਸ਼ੈ ਭਾਰਤੀ, ਐਸ.ਆਰ.ਐਸ. ਐਫ. ਅਤੇ ਰਾਮ ਲੋਕ ਖਟਾਣਾ, ਸਕੱਤਰ, ਪੰਜਾਬ ਵਿਧਾਨ ਸਭਾ ਅਤੇ ਮੋਹਿਤ ਅੱਤਰੀ, ਲੋਕ ਸੰਪਰਕ ਅਫਸਰ ਸ਼ਾਮਲ ਸਨ।

# ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਵੱਲੋਂ 16 ਨੂੰ ਸੂਬਾ ਪੱਧਰੀ ਰੈਲੀ ਕਰਨ ਦਾ ਫੈਸਲਾ




**ਜਲੰਧਰ (ਰਾਜੇਸ਼ ਥਾਪਾ)** ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਬਿਮਲਾ ਰਾਣੀ ਫਾਜ਼ਿਲਕਾ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਜਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਚਲਾਈ। ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਵਲੋਂ ਲਗਾਤਾਰ ਸੰਘਰਸ਼ ਕਰਨ ਦੇ ਬਾਵਜੂਦ ਵੀ ਪੰਜਾਬ ਸਰਕਾਰ ਵੱਲੋਂ ਮਿੱਡ-ਡੇ-ਮੀਲ ਵਰਕਰਾਂ ਦੀ ਮੰਗਾਂ ਦਾ ਨਿਪਟਾਰਾ ਕਰਨ ਲਈ ਗੰਭੀਰਤਾ ਨਾ ਦਿਖਾਉਣ ਸੰਬੰਧੀ ਮਿੱਡ -ਡੇ-ਮੀਲ ਵਰਕਰਾਂ ਵਿੱਚ ਗੁੱਸਾ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਤਿੰਨ ਸਾਲ ਦਾ ਸਮਾਂ ਬੀਤ ਜਾਣ 'ਤੇ ਵੀ ਚੋਣ ਵਾਅਦੇ ਅਨੁਸਾਰ ਮਿੱਡ-ਡੇ-ਮੀਲ ਵਰਕਰਾਂ ਦਾ ਮਾਣ ਭੱਤਾ ਦੁੱਗਣਾ ਨਹੀਂ ਕੀਤਾ। ਮੀਟਿੰਗ ਉਪਰੰਤ ਪ੍ਰਵੀਨ ਬਾਲਾ ਫ਼ਤਹਿਗੜ੍ਹ ਸਾਹਿਬ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੀਟਿੰਗ ਵਿੱਚ16 ਅਗਸਤ 2025 ਨੂੰ ਸੰਗਰੂਰ ਵਿਖੇ ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਵਲੋਂ ਸੂਬਾ ਪੱਧਰੀ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਇਸ ਰੈਲੀ ਦੀ ਤਿਆਰੀ ਵਜੋਂ 25 ਜੁਲਾਈ ਤੋਂ 03 ਅਗਸਤ ਤੱਕ ਜ਼ਿਲ੍ਹਾ ਕਮੇਟੀਆਂ ਦੀਆਂ ਮੀਟਿੰਗਾਂ ਕਰਨ ਫੈਸਲਾ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਵਿੱਤ ਸਕੱਤਰ ਪ੍ਰਵੀਨ ਕੌਰ ਫ਼ਤਿਹਗੜ੍ਹ ਸਾਹਿਬ, ਕਮਲਜੀਤ ਕੌਰ ਹੁਸ਼ਿਆਰਪੁਰ , ਮਮਤਾ ਸੈਦਪੁਰ ਪ੍ਰਧਾਨ ਕਪੂਰਥਲਾ, ਕਮਲੇਸ਼ ਕੌਰ ਪ੍ਰਧਾਨ ਰੋਪੜ, ਸਿਮਰਨਜੀਤ ਕੌਰ ਜਲੰਧਰ ਜਲੰਧਰ, ਰਿੰਪੀ ਰਾਣੀ ਪ੍ਰਧਾਨ ਨਵਾਂ ਸ਼ਹਿਰ, ਸੰਤੋਸ਼ ਪਾਸ਼ੀ ਪ੍ਰਧਾਨ ਪਠਾਨਕੋਟ, ਜਸਵੀਰ ਕੌਰ ਪ੍ਰਧਾਨ ਲੁਧਿਆਣਾ, ਇਕਬਾਲ ਕੌਰ ਪ੍ਰਧਾਨ ਪਟਿਆਲਾ, ਸੁਨੀਤਾ ਫਾਜ਼ਿਲਕਾ, ਗੁਰਜੀਤ ਕੌਰ ਮਨਜੀਤ ਕੌਰ, ਕੁਲਵਿੰਦਰ ਕੌਰ ਮੋਹਾਲੀ , ਜਸਵੀਰ ਕੌਰ ਤਾਰਨਤਾਰਨਤੋਂ ਇਲਾਵਾ ਮਿੱਡ -ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾ ਸਲਾਹਕਾਰ ਅਤੇ ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਸ਼ਾਮਲ ਸਨ।

25-JULY-PAGE-10.qxd 7/24/2025 10:28 PM Page 1



## ਜੈ ਇੰਦਰ ਕੌਰ ਨੇ ਪਟਿਆਲਾ ਦੇ ਸਫਾਈ ਤੇ ਕੂੜੇ ਦੀ ਸਮੱਸਿਆ ਲਈ ਆਪ ਸਰਕਾਰ ਦੀ ਕੀਤੀ ਨਿੰਦਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਭਾਜਪਾ ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਅਤੇ ਪੰਜਾਬ ਸਰਕਾਰ ਦੇ ਮੰਤਰੀ ਡਾ. ਰਵਜੋਤ ਦੀ ਹਾਲੀਆ ਪਟਿਆਲਾ ਫੇਰੀ ਤੋਂ ਬਾਅਦ ਤਿੱਖਾ ਹਮਲਾ ਬੋਲਿਆ ਅਤੇ ਇਸ ਨੂੰ ਸਾਲਾਂ ਦੀ ਅਣਗਹਿਲੀ ਤੋਂ ਬਾਅਦ ਫੋਟੋ ਖਿਚਵਾਉਣ ਤੋਂ ਇਲਾਵਾ ਕੁਝ ਨਹੀਂ ਦੱਸਿਆ ।ਜੈ ਇੰਦਰ ਕੌਰ ਨੇ ਕਿਹਾ ਕਿ ਮੈਂ ਡਾ. ਰਵਜੋਤ ਦੀ ਪਟਿਆਲਾ ਫੇਰੀ ਦਾ ਸਵਾਗਤ ਕਰਦੀ ਹਾਂ ਪਰ ਸੱਚ ਕਹਾਂ ਤਾਂ ਹੁਣ ਬਹੁਤ ਦੇਰ ਹੋ ਚੁੱਕੀ ਹੈ, ਸਾਢੇ ਤਿੰਨ ਸਾਲਾਂ ਤੋਂ ਵੱਧ ਸਮੇਂ ਵਾਲੀ ਆਪ ਸਰਕਾਰ ਨੇ ਪਟਿਆਲਾ ਦੀ ਹਾਲਤ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਅਤੇ ਹੁਣ ਜਦੋਂ ਸ਼ਹਿਰ ਸਫਾਈ ਦੀ ਸਮੱਸਿਆ ਨਾਲ ਜੂਝ ਰਿਹਾ ਹੈ, ਤਾਂ ਉਹ ਆਪਣਾ ਚਿਹਰਾ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ।ਅੱਗੇ ਆਮ ਆਦਮੀ ਪਾਰਟੀ ਦੀ ਆਲੋਚਨਾ ਕਰਦੇ ਹੋਏ ਜੈ ਇੰਦਰ ਕੌਰ ਬੋਲੇ ਕਿ ਸਵੱਛ ਸਰਵੇਖਣ ਰੈਂਕਿੰਗ ਵਿੱਚ ਪਟਿਆਲਾ ਦੇ 82ਵੇਂ ਸਥਾਨ 'ਤੇ ਆਉਣ ਲਈ ਸੱਤਾਧਾਰੀ ਆਪ ਪਾਰਟੀ ਜ਼ਿੰਮੇਵਾਰ ਹੈ, ਪਟਿਆਲਾ ਇੱਕ ਵਿਸ਼ਾਲ ਕੂੜੇ ਦੇ ਡੰਪ ਵਿੱਚ ਬਦਲ ਗਿਆ ਹੈ ਅਤੇ ਨਾ ਤਾਂ ਸਥਾਨਕ ਵਿਧਾਇਕ ਅਤੇ ਨਾ ਹੀ ਨਗਰ ਨਿਗਮ ਨੇ ਇਸ ਸਮੱਸਿਆ ਨੂੰ ਠੀਕ ਕਰਨ ਲਈ ਕੋਈ ਲੋੜੀਂਦੇ ਕਦਮ ਚੁੱਕੇ ਹਨ।ਜੈ ਇੰਦਰ ਕੌਰ ਨੇ ਕਿਹਾ ਕਿ ਮੇਰੇ ਪਿਤਾ ਕੈਪਟਨ ਅਮਰਿੰਦਰ ਸਿੰਘ ਜੀ ਦੇ ਮੁੱਖ ਮੰਤਰੀ ਵਜੋਂ ਕਾਰਜਕਾਲ ਦੌਰਾਨ ਪਟਿਆਲਾ ਨੂੰ ਲਗਾਤਾਰ ਪੰਜਾਬ ਦੇ ਸਭ ਤੋਂ ਸਾਫ਼ ਸ਼ਹਿਰਾਂ ਵਿੱਚੋਂ ਇੱਕ ਮੰਨਿਆ ਜਾਂਦਾ ਸੀ, ਅੱਜ ਅਸੀਂ ਜੋ ਦੇਖਦੇ ਹਾਂ ਉਹ ਬਹੁਤ ਸ਼ਰਮਨਾਕ ਹੈ।ਡਾ. ਰਵਜੋਤ ਦੇ ਅਚਾਨਕ ਨਿਰੀਖਣ 'ਤੇ ਨਿਸ਼ਾਨਾ ਸਾਧਦੇ ਹੋਏ, ਅੰਤ ਵਿੱਚ ਜੈ ਇੰਦਰ ਕੌਰ ਬੋਲੇ ਇੱਕ ਸੰਕੇਤਕ ਫੇਰੀ ਸਾਢੇ ਤਿੰਨ ਸਾਲਾਂ ਦੀ ਅਸਫਲਤਾ ਨੂੰ ਨਹੀਂ ਮਿਟਾ ਸਕਦੀ,ਪਟਿਆਲਾ ਦੇ ਲੋਕ ਮੂਰਖ ਨਹੀਂ ਹਨ ਅਤੇ ਉਹ ਇਸ ਸਰਕਾਰ ਨੂੰ ਜਵਾਬਦੇਹ ਬਣਾਉਣਗੇ।

## ਮਿਸ਼ਨ ਰੋਜ਼ਗਾਰ ਤਹਿਤ ਬਾਬਾ ਫਰੀਦ ਯੂਨੀਵਰਸਿਟੀ 'ਚ 77 ਨੌਜਵਾਨਾਂ ਨੂੰ ਮਿਲੀ ਪੱਕੀ ਨੌਕਰੀ



ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਦੀ ਯਤਨਸ਼ੀਲ ਕੋਸ਼ਿਸ਼ ਦੌਰਾਨ 'ਮਿਸ਼ਨ ਰੋਜ਼ਗਾਰ' ਦੇ ਜ਼ਰੀਏ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਠੋਸ ਕਦਮ ਚੁੱਕੇ ਜਾ ਰਹੇ ਹਨ।ਇਸੇ ਮਿਸ਼ਨ ਤਹਿਤ ਅੱਜ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼, ਫਰੀਦਕੋਟ ਵਿਖੇ 77 ਨੌਜਵਾਨਾਂ ਨੂੰ ਪੱਕੀਆਂ ਨੌਕਰੀਆਂ ਦੇ ਨਿਯੁਕਤੀ ਪੱਤਰ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਤਕਸੀਮ ਕੀਤੇ।ਇਸ ਮੌਕੇ ਨਵ-ਨਿਯੁਕਤ ਕਰਮਚਾਰੀਆਂ ਨੂੰ ਸੰਬੋਧਨ ਕਰਦੇ ਹੋਏ ਡਾ. ਸੂਦ ਨੇ ਉਨ੍ਹਾਂ ਨੂੰ ਉਨ੍ਹਾਂ ਦੇ ਪਰਵਾਰਾਂ ਨੂੰ ਇਸ ਸਫਲਤਾ ਲਈ ਵਧਾਈ ਦਿੱਤੀ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਸੂਬੇ ਵਿੱਚ ਸਿਹਤ ਤੇ ਰੋਜ਼ਗਾਰ ਖੇਤਰ ਨੂੰ ਨਵੀਂ ਰਫਤਾਰ ਮਿਲ ਰਹੀ ਹੈ। ਉਨ੍ਹਾਂ ਕਿਹਾ, ਇਹ 77 ਨਵੇਂ ਕਰਮਚਾਰੀ ਹੁਣ ਯੂਨੀਵਰਸਿਟੀ ਪਰਵਾਰ ਦਾ ਹਿੱਸਾ ਬਣ ਗਏ ਹਨ ਅਤੇ ਮੈਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਪੂਰੀ ਲਗਨ ਨਾਲ ਕੰਮ ਕਰਦੇ ਹੋਏ ਯੂਨੀਵਰਸਿਟੀ ਅਤੇ ਪੰਜਾਬ ਦੀ ਤਰੱਕੀ ਵਿੱਚ ਯੋਗਦਾਨ ਪਾਉਣਗੇ। ਉਨ੍ਹਾਂ ਦੱਸਿਆ ਕਿ ਇਹ 77 ਕਰਮਚਾਰੀ ਹੈਲਪਰ ਦੇ ਤੌਰ 'ਤੇ ਬਾਬਾ ਫਰੀਦ ਯੂਨੀਵਰਸਿਟੀ ਅਤੇ ਉਸ ਦੇ ਕੰਸਟੀਚੁਐਂਟ ਕਾਲਜਾਂ ਵਿੱਚ ਕੰਮ ਕਰਨਗੇ।ਇਸ ਮੌਕੇ ਰਜਿਸਟਰਾਰ ਅਰਵਿੰਦ ਕੁਮਾਰ, ਅਡੀਸ਼ਨਲ ਰਜਿਸਟਰਾਰ ਡਾ. ਰੋਹਿਤ ਚੋਪੜਾ, ਡਾ. ਨੀਤੂ ਕੁੱਕੜ (ਪ੍ਰੋ. ਇੰਚਾਰਜ, ਅਮਲਾ ਸ਼ਾਖਾ) ਅਤੇ ਯੂਨੀਵਰਸਿਟੀ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਗੁਰੂ ਨਾਨਕ ਕਾਲਜ ਦੀ ਵਿਦਿਆਰਥਣ ਨੇ ਯੂ ਜੀ ਸੀ ਨੈੱਟ ਦੀ ਪ੍ਰੀਖਿਆ ਪਾਸ ਕੀਤੀ



ਬੁਢਲਾਡਾ (ਅਸ਼ੋਕ ਲਾਕੜਾ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧ ਅਧੀਨ ਚੱਲ ਰਹੀ ਉੱਤਰੀ ਭਾਰਤ ਦੀ ਸਿਰਮੌਰ ਅਤੇ ਆਟੋਨੌਮਸ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਇਤਿਹਾਸ ਵਿਭਾਗ ਦੀ ਵਿਦਿਆਰਥਣ ਬੇਅੰਤ ਕੌਰ ਨੇ ਇਤਿਹਾਸ ਵਿਸ਼ੇ ਵਿਚ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਵੱਲੋਂ ਕਰਵਾਈ ਗਈ ਨੈਸ਼ਨਲ ਐਲਿਜੀਬਿਲਟੀ ਟੈਸਟ ਪ੍ਰੀਖਿਆ ਪਾਸ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ।ਵਿਦਿਆਰਥਣ ਬੇਅੰਤ ਕੌਰ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ, ਅਧਿਆਪਕਾਂ ਅਤੇ ਦੋਸਤਾਂ ਨੂੰ ਦਿੱਤਾ।ਉਸ ਨੇ ਕਿਹਾ ਕਿ ਇਹ ਸਫਲਤਾ ਇਸ ਕਾਲਜ ਦੀ ਬਦੌਲਤ ਸੰਭਵ ਹੋਈ ਹੈ। ਇਤਿਹਾਸ ਵਿਭਾਗ ਦੇ ਮੁਖੀ ਡਾ. ਸੁਖਵਿੰਦਰ ਕੌਰ ਨੇ ਕਿਹਾ ਕਿ ਇਸ ਵਿਦਿਆਰਥਣ ਨੇ ਯੂ.ਜੀ.ਸੀ. ਦੀ ਪ੍ਰੀਖਿਆ ਪਾਸ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦਾ ਸੁਪਨਾ ਪੂਰਾ ਕੀਤਾ ਹੈ।ਵਾਈਸ ਪ੍ਰਿੰਸੀਪਲ ਡਾ. ਰੇਖਾ ਕਾਲੜਾ ਨੇ ਵਿਭਾਗ ਦੇ ਮੁਖੀ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਅਜਿਹੇ ਵਿਦਿਆਰਥੀਆਂ ਸਦਕਾ ਇਸ ਸੰਸਥਾ ਦਾ ਨਾਮ ਉੱਤਰੀ ਭਾਰਤ ਵਿੱਚ ਜਾਣਿਆ ਜਾਂਦਾ ਹੈ। ਇਤਿਹਾਸ ਵਿਸ਼ੇ ਵਿਚ ਯੂ.ਜੀ.ਸੀ. ਨੈੱਟ ਦੀ ਪ੍ਰੀਖਿਆ ਪਾਸ ਕਰਕੇ ਵਿਦਿਆਰਥਣ ਨੇ ਵਿਭਾਗ, ਕਾਲਜ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਕੁਲਬੀਰ ਕੌਰ, ਡਾ. ਹਰਜਿੰਦਰ ਕੌਰ, ਡਾ. ਮਨਦੀਪ ਕੌਰ, ਪ੍ਰੋ. ਮਨਜੀਤ ਸਿੰਘ ਅਤੇ ਪ੍ਰੋ. ਰੁਪਿੰਦਰ ਕੌਰ ਹਾਜ਼ਰ ਸਨ।

## ਨੈਸ਼ਨਲ ਚੈਂਪੀਅਨਸ਼ਿਪ ਲਈ ਮੋਗਾ ਦੀਆਂ ਪੰਜ ਮਹਿਲਾ ਖਿਡਾਰਨਾਂ ਦੀ ਚੋਣ




ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਵਿੱਚ ਹੋਈ ਸਟੇਟ ਤਾਈਕਵਾਂਡੋ ਚੈਂਪੀਅਨਸ਼ਿਪ ਵਿੱਚ ਮੋਗਾ ਦੀਆਂ ਪੰਜ ਮਹਿਲਾ ਖਿਡਾਰਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਰਾਸ਼ਟਰੀ ਚੈਂਪੀਅਨਸ਼ਿਪ ਲਈ ਕੁਆਲੀਫਾਈ ਕੀਤਾ ਹੈ। ਇਸ ਚੈਂਪੀਅਨਸ਼ਿਪ ਵਿੱਚ ਮੋਗਾ ਦੀ ਅਨਸਟਾਪੇਬਲ ਮਾਰਸ਼ਲ ਆਰਟਸ ਅਕੈਡਮੀ ਦੀ ਸ਼ਿਵਾਨੀ ਨੇ 39 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨ ਤਗਮਾ, ਰਸ਼ਪਾਲ ਨੇ 48 ਕਿਲੋਗ੍ਰਾਮ ਭਾਰ ਵਰਗ ਵਿੱਚ ਚਾਂਦੀ ਦਾ ਤਗਮਾ, ਰਮਨਦੀਪ ਕੌਰ ਨੇ 60 ਕਿਲੋਗ੍ਰਾਮ ਭਾਰ ਵਰਗ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਇਸ ਤੋਂ ਇਲਾਵਾ, 45 ਕਿਲੋਗ੍ਰਾਮ ਵਿੱਚ ਤਮੰਨਾ ਅਤੇ 45 ਕਿਲੋਗ੍ਰਾਮ ਭਾਰ ਵਰਗ ਵਿੱਚ ਕੋਮਲ ਕੁਮਾਰੀ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਾਰਿਆਂ ਦਾ ਧਿਆਨ ਆਪਣੇ ਵੱਲ ਖਿੱਚਿਆ। ਇਨ੍ਹਾਂ ਪੰਜ ਖਿਡਾਰਨਾਂ ਨੂੰ ਰਾਸ਼ਟਰੀ ਚੈਂਪੀਅਨਸ਼ਿਪ ਲਈ ਪੰਜਾਬ ਦੀ ਟੀਮ ਵਿੱਚ ਚੁਣਿਆ ਗਿਆ ਹੈ। ਰਾਸ਼ਟਰੀ ਚੈਂਪੀਅਨਸ਼ਿਪ ਹਿਮਾਚਲ ਵਿੱਚ ਹੋਵੇਗੀ। ਅਕੈਡਮੀ ਦੀ ਪ੍ਰਧਾਨ ਭਾਵਨਾ ਬਾਂਸਲ ਨੇ ਕਿਹਾ ਕਿ ਖਿਡਾਰੀਆਂ ਨੇ ਇਸ ਸਫਲਤਾ ਲਈ ਸਖ਼ਤ ਮਿਹਨਤ ਅਤੇ ਲਗਨ ਨਾਲ ਪ੍ਰਾਪਤ ਕੀਤੀ ਹੈ। ਖਿਡਾਰਨਾਂ ਦਾ ਸਨਮਾਨ ਕਰਦੇ ਹੋਏ ਉਨ੍ਹਾਂ ਨੇ ਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਵੀ ਬਿਹਤਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਾਰੇ ਖਿਡਾਰੀਆਂ ਨੂੰ ਸਰਟੀਫਿਕੇਟ ਵੀ ਦਿੱਤੇ। ਭਾਵਨਾ ਬਾਂਸਲ ਨੇ ਖਿਡਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਖੇਡ ਲਈ ਜੋ ਵੀ ਚਾਹੀਦਾ ਹੈ, ਉਹ ਉਨ੍ਹਾਂ ਨੂੰ ਪ੍ਰਦਾਨ ਕਰਨਗੇ।

## ਜੰਗਲਾਤ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਡੀ ਐੱਫ ਓ ਨਾਲ ਮੀਟਿੰਗ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜੰਗਲਾਤ ਵਿਭਾਗ ਦੇ ਮੁਲਾਜ਼ਮਾਂ ਦੀ ਜਥੇਬੰਦੀ ਵੱਲੋਂ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਦਿੱਤੇ ਗਏ ਨੋਟਿਸ ਤੋਂ ਬਾਅਦ ਫਿਰੋਜ਼ਪੁਰ ਵਿਖੇ ਜ਼ਿਲ੍ਹਾ ਜੰਗਲਾਤ ਅਫ਼ਸਰ (ਡੀਐੱਫਓ) ਨਾਲ ਇੱਕ ਅਹਿਮ ਮੀਟਿੰਗ ਹੋਈ। ਸੂਬਾ ਪ੍ਰਧਾਨ ਕੁਲਦੂ ਰਾਮ ਦੇ ਦਿਸ਼ਾ-ਨਿਰਦੇਸ਼ਾਂ ਤੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਮੁਲਾਜ਼ਮਾਂ ਦੇ ਮਸਲਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮੀਟਿੰਗ ਲਈ ਡੀਐੱਫਓ ਦਫ਼ਤਰ ਵੱਲੋਂ ਦੁਪਹਿਰ 2.30 ਵਜੇ ਦਾ ਸਮਾਂ ਨਿਰਧਾਰਤ ਕੀਤਾ ਗਿਆ ਸੀ, ਜਿਸ ਵਿੱਚ ਮੰਗਾਂ ਨੂੰ ਲੈ ਕੇ ਗੱਲਬਾਤ ਕੀਤੀ। ਇਸ ਦੌਰਾਨ ਮੁਲਾਜ਼ਮਾਂ ਦੀਆਂ ਵੱਖ-ਵੱਖ ਮੰਗਾਂ 'ਤੇ ਵਿਚਾਰ ਵਟਾਂਦਰਾ ਕਰਕੇ ਉਨ੍ਹਾਂ ਨੂੰ ਹੱਲ ਕਰਨ ਲਈ ਸਹਿਮਤੀ ਬਣੀ। ਇਸ ਮੀਟਿੰਗ ਵਿੱਚ ਜੰਗਲਾਤ ਵਿਭਾਗ ਵੱਲੋਂ ਰੇਂਜ ਅਫ਼ਸਰ ਫਿਰੋਜ਼ਪੁਰ, ਬਲਾਕ ਅਫ਼ਸਰ ਗੁਰਪ੍ਰੀਤ ਸਿੰਘ ਤੇ ਦਫ਼ਤਰੀ ਕਰਮਚਾਰੀ ਹਾਜ਼ਰ ਸਨ। ਜਥੇਬੰਦੀ ਵੱਲੋਂ ਪ੍ਰਧਾਨ ਮਲਕੀਤ ਸਿੰਘ ਤੋਂ ਇਲਾਵਾ ਬਗੀਚਾ ਸਿੰਘ ਰੇਂਜ ਪ੍ਰਧਾਨ, ਜਨਰਲ ਸਕੱਤਰ ਲਖਵਿੰਦਰ ਸਿੰਘ, ਨਿਸ਼ਾਨ ਸਿੰਘ, ਪਾਲਾ ਸਿੰਘ, ਮੁਖਤਿਆਰ ਸਿੰਘ ਮੰਗਾ ਅਤੇ ਸੁਖਦ ਸਿੰਘ ਸਮੇਤ ਕਈ ਹੋਰ ਵਰਕਰ ਸ਼ਾਮਲ ਹੋਏ। ਜਥੇਬੰਦੀ ਦੇ ਆਗੂਆਂ ਨੇ ਉਮੀਦ ਪ੍ਰਗਟਾਈ ਹੈ ਕਿ ਇਸ ਮੀਟਿੰਗ ਤੋਂ ਬਾਅਦ ਮੁਲਾਜ਼ਮਾਂ ਦੀਆਂ ਬਾਕੀ ਰਹਿੰਦੀਆਂ ਜਾਇਜ਼ ਮੰਗਾਂ ਵੀ ਜਲਦ ਪੂਰੀਆਂ ਹੋ ਜਾਣਗੀਆਂ।

## ਜਾਹਲਾਂ ਮੋਰਚਾ ਲਾ ਕੇ ਬੈਠੇ ਕਿਸਾਨਾਂ ਨੂੰ ਪੁਲਸ ਨੇ ਚੁੱਕਿਆ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜਾਹਲਾਂ ਤੋਂ ਪਟਿਆਲਾ ਬਠਿੰਡਾ ਨਾਲ ਮਿਲਾਉਂਦੀ ਸੜਕ ਬਾਈਪਾਸ ਲਈ ਐਕੁਆਇਰ ਕੀਤੀ ਜਾਹਲਾਂ ਦੇ ਲੋਕਾਂ ਦੀ ਜ਼ਮੀਨ ਦਾ ਮੁਆਵਜ਼ਾ ਨਾ ਮਿਲਣ ਕਰਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਲਗਾਇਆ ਧਰਨਾ ਖਦੇੜਨ ਦੇ ਇਰਾਦੇ ਨਾਲ ਪੁਲਸ ਨੇ ਸਵੇਰੇ ਹੀ ਕਿਸਾਨਾਂ ਨੂੰ ਚੁੱਕ ਲਿਆ।ਕਿਸਾਨ ਆਗੂ ਬਲਰਾਜ ਜੋਸ਼ੀ ਨੇ ਕਿਹਾ ਕਿ ਸਰਕਾਰ ਜਾਹਲਾਂ ਪਿੰਡ ਦੇ ਜ਼ਮੀਨ ਮਾਲਕਾਂ ਨੂੰ ਮੁਆਵਜ਼ਾ ਨਹੀਂ ਦੇ ਰਹੀ।ਇਸ ਕਾਰਨ ਮੰਗਾਂ ਨੂੰ ਲੈ ਕੇ ਉਨ੍ਹਾਂ ਵੱਲੋਂ ਮੋਰਚਾ ਲਾਇਆ ਗਿਆ ਸੀ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਜ਼ਬਰਦਸਤੀ ਮੁਫ਼ਤ 'ਚ 22 ਏਕੜ ਜ਼ਮੀਨ ਐਕੁਆਇਰ ਕਰ ਰਹੀ ਹੈ, ਇਸ ਜ਼ਮੀਨ ਨੂੰ ਕਿਸਾਨ 110 ਸਾਲਾਂ ਤੋਂ ਵਾਹ ਰਹੇ ਹਨ, ਪਰ ਹੁਣ ਜਦੋਂ ਸੜਕ ਬਣ ਰਹੀ ਹੈ ਤਾਂ ਕਿਸਾਨਾਂ ਨੂੰ ਕੋਈ ਮੁਆਵਜ਼ਾ ਨਾ ਦੇ ਕੇ ਜ਼ਮੀਨ 'ਤੇ ਕਬਜ਼ਾ ਕੀਤਾ ਜਾ ਰਿਹਾ ਹੈ, ਜਿਸ ਦੇ ਮੁਆਵਜ਼ੇ ਲਈ ਕਿਸਾਨ ਮੋਰਚਾ ਲਾ ਕੇ ਬੈਠੇ ਸਨ।

# ਕਾਰ ਬੇਕਾਬੂ ਹੋ ਕੇ ਨਹਿਰ 'ਚ ਡਿੱਗੀ, ਪਰਵਾਰ ਦੇ 11 ਜੀਅ ਸੁਰੱਖਿਅਤ ਬਾਹਰ ਕੱਢੇ



ਬਠਿੰਡਾ (ਪਰਵਿੰਦਰ ਜੀਤ ਸਿੰਘ) ਬਠਿੰਡਾ ਦੀ ਨਹਿਰ 'ਤੇ ਬਣੇ ਬਹਿਮਨ ਪੁਲ 'ਤੇ ਬੁੱਧਵਾਰ ਸਵੇਰੇ ਇੱਕ ਕਾਰ ਨਹਿਰ ਵਿੱਚ ਡਿੱਗ ਗਈ, ਜਿਸ ਵਿੱਚ ਇੱਕ ਪਰਵਾਰ ਦੇ 11 ਜੀਅ ਸਵਾਰ ਸਨ। ਇਨ੍ਹਾਂ ਵਿੱਚ ਪੰਜ ਬੱਚੇ ਵੀ ਸ਼ਾਮਲ ਸਨ। ਹਾਦਸੇ ਦਾ ਪਤਾ ਲੱਗਣ 'ਤੇ ਮੌਕੇ 'ਤੇ ਮੌਜੂਦ ਲੋਕਾਂ ਨੇ ਤੁਰੰਤ ਨਹਿਰ ਵਿੱਚ ਛਾਲ ਮਾਰ ਕੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ, ਜਿਨ੍ਹਾਂ ਦੀ ਬਦੌਲਤ ਸਾਰਿਆਂ ਨੂੰ ਸੁਰੱਖਿਅਤ ਨਹਿਰ ਵਿੱਚੋਂ ਬਾਹਰ ਕੱਢ ਲਿਆ ਗਿਆ। ਹਾਲਾਂਕਿ, ਇੱਕ ਛੋਟੇ ਬੱਚੇ ਦੇ ਸਰੀਰ ਵਿੱਚ ਪਾਣੀ ਚਲੇ ਜਾਣ ਕਾਰਨ ਪਹਿਲਾਂ ਉਸ ਦੀ ਹਾਲਤ ਗੰਭੀਰ ਸੀ, ਪਰ ਦੁਪਹਿਰ ਤੱਕ ਉਹ ਵੀ ਠੀਕ ਹੋ ਗਿਆ। ਪਰਵਾਰ ਦੇ ਸਾਰੇ ਮੈਂਬਰ ਭੁੱਚੋ ਮੰਡੀ ਤੋਂ ਪਿੰਡ ਬੀੜ ਤਾਲਾਬ ਆਪਣੇ ਘਰ ਵਾਪਸ ਜਾ ਰਹੇ ਸਨ।ਇਹ ਹਾਦਸਾ ਵਾਪਰਨ ਤੋਂ ਬਾਅਦ ਉੱਥੇ ਬਣੇ ਪੀ ਸੀ ਆਰ ਪੁਆਇੰਟ ਦੇ ਪੁਲਿਸ ਕਰਮਚਾਰੀਆਂ ਨੇ ਵੀ ਤੁਰੰਤ ਨਹਿਰ ਵਿੱਚ ਛਾਲ ਮਾਰ ਕੇ ਬਚਾਅ ਕਾਰਜ ਸ਼ੁਰੂ ਕੀਤਾ। ਨਹਿਰ ਵਿੱਚ ਛਾਲ ਮਾਰਨ ਵਾਲੇ ਪੁਲਸ ਕਰਮਚਾਰੀਆਂ ਵਿੱਚ ਸੀਨੀਅਰ ਕਾਂਸਟੇਬਲ ਜਸਵੰਤ ਸਿੰਘ ਦਾ ਜਨਮ ਦਿਨ ਵੀ ਸੀ। ਜਿਸ ਨੂੰ ਹੁਣ 15 ਅਗਸਤ ਨੂੰ ਸਨਮਾਨਤ ਕਰਨ ਲਈ ਵਿਧਾਇਕ ਜਗਰੂਪ ਗਿੱਲ ਨੇ ਸਿਫ਼ਾਰਸ਼ ਵੀ ਕੀਤੀ ਹੈ।ਕਾਰ ਵਿੱਚ ਸਵਾਰ ਲੋਕਾਂ ਦੀ ਪਛਾਣ ਪਰਵਾਰ ਦੇ ਮੁਖੀ ਰਮੇਸ਼ ਕੁਮਾਰ, ਉਨ੍ਹਾਂ ਦੇ ਬੇਟੇ ਲਬੂ ਕੁਮਾਰ ਤੇ ਵਿਸ਼ਾਲ ਕੁਮਾਰ ਤੋਂ ਇਲਾਵਾ ਨੂੰਹਾਂ ਕਾਜਲ ਤੇ ਜੋਤੀ ਵਜੋਂ ਹੋਈ ਹੈ। ਉੱਥੇ ਹੀ ਕਾਰ ਵਿੱਚ ਸਵਾਰ ਬੱਚਿਆਂ ਵਿੱਚ 8 ਸਾਲ ਦੀ ਈਸ਼ਵਿਕ, 6 ਸਾਲ ਦੀ ਸਰਗੁਣ, 9 ਸਾਲ ਦੀ ਨਵਿੰਸ਼ ਤੇ 1 ਸਾਲ ਦੀ ਹਰਲੀਨ ਦੇ ਨਾਲ 1 ਸਾਲ ਦਾ ਬੱਚਾ ਹਰਵ ਸਨ। ਨਹਿਰ ਵਿੱਚ ਕਾਰ ਡਿੱਗਣ ਦਾ ਇੱਕ ਵੀਡੀਓ ਸਾਹਮਣੇ ਆਇਆ ਹੈ। ਜਿਸ ਵਿੱਚ ਇੱਕ ਕ੍ਰਿਸ਼ਨਾ ਨਾਮ ਦਾ ਨੌਜਵਾਨ ਨੇ, ਜੋ ਕੀ ਸ਼ੰਕਰ ਪਦਯਾਤਰਾ ਕਾਂਵੜ ਸੰਘ ਦਾ ਮੈਂਬਰ ਹੈ। ਜਿਸ ਨੇ ਕਾਰ ਨੂੰ ਨਹਿਰ ਵਿੱਚ ਡਿੱਗਦਾ ਹੋਇਆ ਦੇਖ ਕੇ ਤੁਰੰਤ ਆਪਣਾ ਪਿਕਅਪ ਟਰੱਕ ਰੋਕ ਕੇ ਤਿੰਨ ਲੋਕਾਂ ਨੂੰ ਬਚਾਇਆ ਅਤੇ ਆਸ ਪਾਸ ਦੇ ਲੋਕਾਂ ਨੂੰ ਬੁਲਾ ਕੇ ਕਾਰ ਵਿੱਚ ਸਵਾਰ ਬਾਕੀ ਲੋਕਾਂ ਨੂੰ ਨਹਿਰ ਵਿੱਚੋਂ ਬਾਹਰ ਕੱਢਿਆ। ਸ਼ਹਿਰ ਦੀ ਸਮਾਜ ਸੇਵੀ ਸੰਸਥਾ ਨੌਜਵਾਨ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸੋਨੂੰ ਮਹੇਸ਼ਵਰੀ ਨੇ ਦੱਸਿਆ ਕਿ ਹਾਦਸੇ ਦੀ ਸੂਚਨਾ ਮਿਲਣ ਦੇ ਤੁਰੰਤ ਬਾਅਦ ਉਨ੍ਹਾਂ ਦੀ ਟੀਮ ਦੇ ਮੈਂਬਰਾਂ ਨੇ ਮੌਕੇ 'ਤੇ ਪਹੁੰਚ ਕੇ ਡੁੱਬਣ ਵਾਲਿਆਂ ਨੂੰ ਹਸਪਤਾਲ ਪਹੁੰਚਾਇਆ, ਜਿੱਥੇ ਉਨ੍ਹਾਂ ਦੀ ਹਾਲਤ ਖਤਰੇ ਤੋਂ ਬਾਹਰ ਹੈ।

## 1.90 ਕਰੋੜ ਦੀ ਲਾਗਤ ਨਾਲ ਬਣੇਗਾ ਫਾਇਰ ਸਟੇਸ਼ਨ : ਵਿਧਾਇਕ ਬੁੱਧ ਰਾਮ

ਬੁਢਲਾਡਾ (ਅਸ਼ੋਕ ਲਾਕੜਾ)-ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ. ਬੁੱਧ ਰਾਮ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੁਢਲਾਡਾ ਵਿਖੇ ਕਰੀਬ 1.90 ਕਰੋੜ ਰੁਪਏ ਦੀ ਲਾਗਤ ਨਾਲ ਫਾਇਰ ਸਟੇਸ਼ਨ ਬਣਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਬੁਢਲਾਡਾ ਹਲਕੇ ਦੀ ਮੰਗ 'ਤੇ ਪਹਿਲਾਂ ਫਾਇਰ ਬ੍ਰਿਗੇਡ ਮੁਹੱਈਆ ਕਰਵਾਈ ਗਈ ਸੀ ਤੇ ਹੁਣ ਫਾਇਰ ਸਟੇਸ਼ਨ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਗਿਆ ਹੈ।ਵਿਧਾਇਕ ਬੁੱਧ ਰਾਮ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਗਰਾਂਟ ਨਾਲ ਫਾਇਰ ਸਟੇਸ਼ਨ ਦੀ ਉਸਾਰੀ ਕੀਤੀ ਜਾਵੇਗੀ, ਜਿੱਥੇ ਫਾਇਰ ਬ੍ਰਿਗੇਡ ਗੱਡੀਆਂ ਖੜ੍ਹਨ ਲਈ ਸ਼ੈੱਡ ਤੇ ਸਟਾਫ਼ ਲਈ ਕਮਰੇ ਤੇ ਦਫ਼ਤਰ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਇਸ ਨਾਲ ਬੁਢਲਾਡਾ ਹਲਕੇ ਦੇ ਲੋਕਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਦੌਰਾਨ ਜਲਦ ਸਹਾਇਤਾ ਮਿਲੇਗੀ।ਉਨ੍ਹਾਂ ਦੱਸਿਆ ਕਿ ਐਮਰਜੈਂਸੀ ਦੀ ਸਥਿਤੀ ਵਿੱਚ ਪਹਿਲਾਂ ਅੱਗ ਬੁਝਾਊ ਗੱਡੀਆਂ ਮਾਨਸਾ ਤੋਂ ਆਉਂਦੀਆਂ ਸਨ, ਜਿਸ ਕਾਰਨ ਬਹੁਤ ਨੁਕਸਾਨ ਹੋ ਜਾਂਦਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੁਢਲਾਡਾ ਹਲਕੇ ਦੇ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਹਾਲ ਹੀ ਵਿੱਚ ਨਵੀਂ ਅਨਾਜ ਮੰਡੀ ਦੀ ਸੁਗਾਤ ਬੁਢਲਾਡਾ ਹਲਕੇ ਨੂੰ ਦਿੱਤੀ ਗਈ ਹੈ।

52 ਲੱਖ ਦੀ ਲਾਗਤ ਨਾਲ ਸੀਵਰੇਜ ਲਈ ਜੈਟਿੰਗ ਤੇ ਸੁਪਰ ਸ਼ੱਕਰ ਮਸ਼ੀਨ ਮੁਹੱਈਆ ਕਰਵਾਈ ਗਈ ਹੈ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਹੋਰ ਵੀ ਵਿਕਾਸ ਕਾਰਜ ਸ਼ੁਰੂ ਕੀਤੇ ਜਾਣਗੇ।

## ਆਪ ਦੇ ਸੰਗਠਨ ਇੰਚਾਰਜ ਰਾਣਾ ਕੂੰਨਰ ਵੱਲੋਂ ਰਾਮਪੁਰ 'ਚ ਮੀਟਿੰਗ



ਦੋਰਾਹਾ (ਹਰਮਿੰਦਰ ਸੇਠ)-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਸੂਬਾ ਪ੍ਰਧਾਨ ਅਮਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਹਲਕਾ ਪਾਇਲ ਦੇ ਵਿਧਾਇਕ ਇੰਜੀ. ਮਨਵਿੰਦਰ ਸਿੰਘ ਗਿਆਸਪੁਰਾ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪਿੰਡ ਰਾਮਪੁਰ ਤੇ ਪਿੰਡ ਕਟਾਣਾ ਸਾਹਿਬ ਦੀ ਸਾਂਝੀ ਮੀਟਿੰਗ ਬਲਾਕ ਪ੍ਰਧਾਨ ਈਸ਼ਰ ਸਿੰਘ ਖ਼ਰੇ ਦੀ ਅਗਵਾਈ ਵਿੱਚ ਸਰਪੰਚ ਜਸਵੰਤ ਸਿੰਘ ਕਾਲਾ ਰਾਮਪੁਰ ਦੇ ਗ੍ਰਹਿ ਵਿਖੇ ਕੀਤੀ ਗਈ। ਮੀਟਿੰਗ ਵਿੱਚ ਹਲਕਾ ਪਾਇਲ ਦੇ ਸੰਗਠਨ ਇੰਚਾਰਜ ਗੁਰਵਿੰਦਰ ਸਿੰਘ ਰਾਣਾ ਕੂੰਨਰ ਦੋਰਾਹਾ ਨੌਜਵਾਨਾਂ ਨੂੰ ਲਾਮਬੰਦ ਕਰਨ ਲਈ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਗਠਨ ਇੰਚਾਰਜ ਗੁਰਵਿੰਦਰ ਸਿੰਘ ਰਾਣਾ ਕੂੰਨਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਵੀ ਵਧੇਰੇ ਮਜ਼ਬੂਤ ਕੀਤਾ ਜਾ ਰਿਹਾ ਹੈ।ਉਨ੍ਹਾਂ ਪਾਰਟੀ ਦੇ ਵਰਕਰਾਂ ਨੂੰ ਇੱਕਸੁਰਤਾ ਨਾਲ ਲਾਮਬੰਦ ਹੋ ਕੇ ਚੱਲਣ ਤੇ ਪਾਰਟੀ ਦਾ ਵਿਸਥਾਰ ਕਰਨ ਲਈ ਪ੍ਰੇਰਿਤ ਕੀਤਾ।ਇਸ ਸਮੇਂ ਬਲਾਕ ਪ੍ਰਧਾਨ ਈਸ਼ਰ ਸਿੰਘ ਖ਼ਰੇ ਨੇ ਸੰਗਠਨ ਇੰਚਾਰਜ ਗੁਰਵਿੰਦਰ ਸਿੰਘ ਰਾਣਾ ਕੂੰਨਰ ਤੇ ਇਕੱਤਰ ਹੋਏ ਬਲਾਕ ਦੇ ਸਮੂਹ ਅਹੁਦੇਦਾਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਭੁਪਿੰਦਰ ਸਿੰਘ ਰਾਮਪੁਰ, ਸੰਦੀਪ ਸਿੰਘ ਰਾਮਪੁਰ, ਹਰਵਿੰਦਰ ਸਿੰਘ ਰਾਮਪੁਰ, ਗੁਰਵਿੰਦਰ ਸਿੰਘ ਰਾਮਪੁਰ, ਸੁਖਮਿੰਦਰ ਸਿੰਘ ਰਾਮਪੁਰ, ਗੁਰਪ੍ਰੀਤ ਸਿੰਘ ਰਾਮਪੁਰ, ਸੁਖਰਾਜ ਸਿੰਘ ਕਟਾਣਾ ਸਾਹਿਬ, ਜਗਵਿੰਦਰ ਸਿੰਘ ਕਟਾਣਾ ਸਾਹਿਬ ਆਦਿ ਹਾਜ਼ਰ ਸਨ।

## ਜ਼ਮੀਨ ਦੀ ਫਰਜ਼ੀ ਜਮ੍ਹਾਂਬੰਦੀ ਕਰਵਾ ਕੇ 20 ਲੱਖ ਠੱਗੇ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਵਿੱਚ 20 ਕਿੱਲੇ ਜ਼ਮੀਨ ਦੀ ਫਰਜ਼ੀ ਜਮ੍ਹਾਂਬੰਦੀ ਕਰਵਾ ਕੇ ਇੱਕ ਵਿਅਕਤੀ ਨਾਲ 20 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਉਸ ਖਿਲਾਫ ਥਾਣਾ ਸਿਟੀ ਫਿਰੋਜ਼ਪੁਰ 'ਚ 420, 467, 468, 471 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਇਕ ਪੜਤਾਲੀਆ ਰਿਪੋਰਟ ਨੰਬਰ 1241 ਮਿਤੀ 10 ਜੂਨ 2025 ਉੱਤਰਾਵਾਦੀ ਕੁਲਵਿੰਦਰ ਸਿੰਘ ਬਰਾੜ ਉਰਫ ਮਿੰਟੂ ਪੁੱਤਰ ਜਬਰਜੰਗ ਸਿੰਘ ਵਾਸੀ ਪਿੰਡ ਫੱਤਣ ਵਾਲਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੇ ਪ੍ਰਾਥੀ ਇੰਦਰਜੀਤ ਸਿੰਘ ਸੰਧੂ ਪੁੱਤਰ ਜੋਗਿੰਦਰ ਸਿੰਘ ਵਾਸੀ ਮਕਾਨ ਨੰਬਰ 17 ਸਿੱਧੂ ਵਿਲਾ ਅਨਿਲ ਬਾਗੀ ਹਸਪਤਾਲ ਫਿਰੋਜ਼ਪੁਰ ਸ਼ਹਿਰ ਨੂੰ ਕਿਹਾ ਕਿ 20 ਕਿੱਲੇ ਜ਼ਮੀਨ ਵਾਕਿਆ ਰਕਬਾ ਪਿੰਡ ਦੋਨਾ ਤੇਲੂ ਮੱਲ ਥਾਣਾ ਮਮਦੋਟ ਜ਼ਿਲ੍ਹਾ ਫਿਰੋਜ਼ਪੁਰ ਜੋ ਮਾਲਕੀ ਸੈਂਟਰਲ ਗੌਰਮਿੰਟ ਦੀ ਹੈ। ਕਾਸ਼ਤਕਾਰ ਦੇ ਆਧਾਰ 'ਤੇ ਉਕਤ ਰਕਬੇ ਦੀ ਗਿਰਦਾਵਰੀ ਤੇਰੇ ਨਾਮ 'ਤੇ ਕਰਵਾ ਦੇਵਾਂਗਾ, ਪਰ 20 ਲੱਖ ਰੁਪਏ ਖਰਚ ਆਉਣਗੇ, ਜਿਸ 'ਤੇ ਪਾਰਥੀ ਨੇ ਹਾਂ ਕਰ ਦਿੱਤੀ। ਪੁਲਸ ਨੇ ਦੱਸਿਆ ਕਿ ਕੁਲਵਿੰਦਰ ਸਿੰਘ ਬਰਾੜ ਉਰਫ ਮਿੰਟੂ ਉਕਤ ਨੇ 20 ਕਿੱਲੇ ਜ਼ਮੀਨ ਦੀ ਫਰਜ਼ੀ ਜਮ੍ਹਾਂਬੰਦੀ ਮੁੱਦਈ ਇੰਦਰਜੀਤ ਸਿੰਘ ਉਕਤ ਨੂੰ ਦੇ ਕੇ ਉਸ ਨਾਲ 20 ਲੱਖ ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਅਯੂਸ ਮਸੀਹ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਇੰਦਰਜੀਤ ਸਿੰਘ ਦੇ ਬਿਆਨਾਂ 'ਤੇ ਕੁਲਵਿੰਦਰ ਸਿੰਘ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

# ਲੈਂਡ ਪੂਲਿੰਗ ਨੀਤੀ 'ਆਪ' ਦੀ ਮਾਨਸਿਕ ਗੁਲਾਮੀ ਦਾ ਝਲਕਾਰਾ : ਚੌਹਾਨ/ਉੱਡਤ

### ਸੀ ਪੀ ਆਈ ਦੀ 25ਵੀਂ ਪਾਰਟੀ ਕਾਂਗਰਸ ਨੂੰ ਸਮਰਪਤ ਕਨਵੈਨਸ਼ਨ ਬਠਿੰਡਾ 'ਚ 27 ਨੂੰ



ਮਾਨਸਾ (ਆਤਮਾ ਸਿੰਘ ਪਮਾਰ)-ਆਮ ਆਦਮੀ ਪਾਰਟੀ ਦੇ ਬਦਲਾਅ ਵਾਲੇ ਝਾਂਸੇ ਦਾ ਸ਼ਿਕਾਰ ਸੂਬੇ ਦੀ ਜਨਤਾ ਹਰ ਪੱਖੋਂ ਨਰਾਜ਼ ਤੇ ਨਿਰਾਸ਼ ਦਿਖਾਈ ਦੇ ਰਹੀ ਹੈ, ਕਿਉਂਕਿ ਹਰ ਦਿਨ ਪੰਜਾਬ ਅੰਦਰ ਬੇਰੁਜ਼ਗਾਰੀ ਕਰਕੇ ਵਿਗੜ ਰਹੀ ਆਰਥਿਕ ਸਥਿਤੀ ਕਾਰਨ ਨੌਜਵਾਨ ਵਰਗ ਨਸ਼ੇ ਕਰਕੇ ਲੁੱਟ ਖੋਹ, ਕਤਲੇਆਮ, ਗੈਂਗਸਟਰਵਾਦ ਖੌਫ ਦਾ ਮਾਹੌਲ ਪੈਦਾ ਹੋ ਰਿਹਾ ਹੈ।ਸਰਕਾਰ ਸਥਿਤੀ ਨੂੰ ਕਾਬੂ ਕਰਨ ਦੀ ਬਜਾਏ ਫੋਕੀ ਸ਼ੋਹਰਤ ਤੇ ਬਿਆਨਬਾਜ਼ੀ ਰਾਹੀਂ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਲੈਂਡ ਪੂਲਿੰਗ ਨੀਤੀ, ਪੰਜਾਬ ਦੇ ਆਰਥਿਕ ਮਸਲੇ ਤੇ ਪੰਜਾਬੀਅਤ ਦੇ ਮਸਲੇ ਹੱਲ ਕਰਨ ਦੀ ਬਜਾਏ ਆਮ ਆਦਮੀ ਪਾਰਟੀ ਦੇ ਨੁਮਾਇੰਦਿਆਂ ਦੀ ਚੁੱਪ ਤੋਂ ਮਾਨਸਿਕ ਗੁਲਾਮੀ ਸਾਫ਼ ਝਲਕ ਰਹੀ ਹੈ, ਜਿਸ ਸਬੰਧੀ ਸੂਬੇ ਦੀ ਜਨਤਾ ਨੂੰ ਸੁਚੇਤ ਕਰਨ ਲਈ ਅਤੇ ਸੀ ਪੀ ਆਈ ਦੀ 25ਵੀਂ ਪਾਰਟੀ ਕਾਂਗਰਸ ਨੂੰ ਸਮਰਪਤ 27 ਜੁਲਾਈ ਨੂੰ ਬਠਿੰਡਾ ਟੀਚਰ ਹੋਮ ਵਿਖੇ ਵਿਸ਼ਾਲ ਕਨਵੈਨਸ਼ਨ ਕੀਤੀ ਜਾ ਰਹੀ ਹੈ।ਉਕਤ ਵਿਚਾਰਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਤੇ ਸੀ ਪੀ ਆਈ ਦੇ ਸੀਨੀਅਰ ਆਗੂ ਐਡਵੋਕੇਟ ਕੁਲਵਿੰਦਰ ਉੱਡਤ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।ਆਗੂਆਂ ਨੇ ਕਿਹਾ ਕਿ ਮਾਨ ਸਰਕਾਰ ਵੀ ਮੋਦੀ ਜੁੰਡਲੀ ਦੀ ਹਰ ਲੋਕ ਵਿਰੋਧੀ ਪਾਲਿਸੀ ਨੂੰ ਲਾਗੂ ਕਰਨ ਲਈ ਉਤਾਵਲੀ ਹੈ, ਕਿਉਂਕਿ ਤਿੰਨ ਖੇਤੀ ਵਿਰੋਧੀ ਕਾਲੇ ਕਾਨੂੰਨਾਂ ਨੂੰ ਲਾਗੂ ਕਰਨ ਵਿੱਚ ਮੋਹਰੀ ਰੋਲ ਅਦਾ ਕਰ ਚੁੱਕੀ ਹੈ।ਉਨ੍ਹਾਂ ਕਨਵੈਨਸ਼ਨ ਮੌਕੇ ਬੁੱਧੀਜੀਵੀ, ਮੁਲਾਜ਼ਮ ਵਰਗ, ਨੌਜਵਾਨ, ਔਰਤਾਂ, ਦੁਕਾਨਦਾਰ ਤੇ ਸੰਘਰਸ਼ਸ਼ੀਲ ਲੋਕਾਂ ਨੂੰ ਪੁੱਜਣ ਦੀ ਅਪੀਲ ਕੀਤੀ।ਕਿਸਾਨ ਆਗੂ ਰੂਪ ਸਿੰਘ ਢਿੱਲੋਂ, ਸੀ ਪੀ ਆਈ ਦੇ ਸਬ ਡਵੀਜ਼ਨ ਬੁਢਲਾਡਾ ਦੇ ਸਕੱਤਰ ਵੇਦ ਪ੍ਰਕਾਸ਼ ਬੁਢਲਾਡਾ, ਖੇਤ ਮਜ਼ਦੂਰ ਦੇ ਸੀਤਾ ਰਾਮ ਗੋਬਿੰਦਪੁਰਾ ਤੇ ਪੂਰਨ ਸਿੰਘ ਸਰਦੂਲਗੜ੍ਹ ਆਦਿ ਆਗੂਆਂ ਨੇ ਦਾਅਵਾ ਕੀਤਾ ਕੀਤਾ ਕਿ ਬਠਿੰਡਾ ਕਨਵੈਨਸ਼ਨ ਮੌਕੇ ਮਾਨਸਾ ਜ਼ਿਲ੍ਹੇ ਵਿੱਚੋਂ ਵੱਡੀ ਗਿਣਤੀ 'ਚ ਸਾਥੀ ਸ਼ਾਮਲ ਹੋਣਗੇ।ਇਸ ਮੌਕੇ ਪੰਜਾਬੀ ਟ੍ਰਿਬਿਊਨ ਦੇ ਸਾਬਕਾ ਸੰਪਾਦਕ ਡਾ. ਸਵਰਾਜਬੀਰ ਮੁੱਖ ਵਕਤਾ ਤੇ ਪ੍ਰਧਾਨਗੀ ਡਾ. ਸੁਮੇਲ ਸਿੰਘ ਸਿੱਧੂ ਤੇ ਕਾਮਰੇਡ ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ।

## ਵੜਿੰਗ, ਬਾਜਵਾ ਤੇ ਡਾਲਵੀ ਜਿਹੇ ਆਗੂਆਂ ਕਰਕੇ ਹੀ ਪਾਰਟੀ ਦੀ ਮਜ਼ਬੂਤੀ ਬਰਕਰਾਰ : ਰਿਚੀ ਡਕਾਲਾ

### ਸਲੀਪਰ ਸੈੱਲ ਸ਼ਿਕਾਇਤਾ ਕਰਨ ਦੀ ਬਜਾਏ ਲੋਕ ਪੱਖੀ ਕੰਮਾਂ ਲਈ ਹੋਣ ਮੂਹਰੇ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਕੋਆਰਡੀਨੇਟਰ ਤੇ ਆਬਜ਼ਰਵਰ ਦੀ ਨਿਯੁਕਤੀ ਦੇ ਮਾਮਲੇ ਵਿੱਚ ਪਾਰਟੀ ਦੇ ਅੰਦਰੂਨੀ ਵਿਰੋਧੀ ਸੁਰਾਂ ਨੂੰ ਲੈ ਕੇ ਕਾਂਗਰਸ ਦੇ ਸੀਨੀਅਰ ਆਗੂ ਰਿਚੀ ਡਕਾਲਾ ਨੇ ਤਿੱਖਾ ਤੰਜ ਕੱਸਦੇ ਹੋਏ ਕਿਹਾ ਕਿ ਕੋਝੀ ਰਾਜਨੀਤੀ ਕਰਕੇ ਕਾਂਗਰਸ ਪਾਰਟੀ ਦੇ ਫੈਸਲਿਆਂ ਖਿਲਾਫ਼ ਖੜ੍ਹਨ ਵਾਲੇ ਪਾਰਟੀ ਵਿੱਚ ਹੀ ਸਿਉਂਕ ਦਾ ਕੰਮ ਕਰ ਰਹੇ ਹਨ।ਕਾਂਗਰਸ ਆਗੂ ਰਿਚੀ ਡਕਾਲਾ ਨੇ ਇਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ ਤੇ ਰਵਿੰਦਰ ਡਾਲਵੀ ਵਰਗੇ ਆਗੂਆਂ ਦੀ ਸੰਘਰਸ਼ਸ਼ੀਲ ਭੂਮਿਕਾ ਕਾਰਨ ਹੀ ਪੰਜਾਬ 'ਚ ਕਾਂਗਰਸ ਪਾਰਟੀ ਦੀ ਮਜ਼ਬੂਤੀ ਬਰਕਰਾਰ ਹੈ।ਉਨ੍ਹਾ ਕਿਹਾ ਕਿ ਕਾਂਗਰਸ ਵਰਗੀ ਲੋਕਤੰਤ੍ਰਿਕ ਪਾਰਟੀ ਵਿੱਚ ਅੰਦਰੂਨੀ ਆਲੋਚਨਾ ਤੇ ਵਿਚਾਰਾਂ ਦੀ ਵੱਖ-ਵੱਖਤਾ ਲਾਜ਼ਮੀ ਹੈ, ਪਰ ਇਸ ਨੂੰ ਸਲੀਪਰ ਸੈੱਲ ਜਾਂ ਸ਼ਿਕਾਇਤਾਂ ਦੇ ਪੱਧਰ 'ਤੇ ਲਿਆਉਣ ਦੀ ਬਜਾਏ ਜਨਤਾ ਦੇ ਮੁੱਦਿਆਂ ਉੱਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਲੋਕ ਪੱਖੀ ਕੰਮ, ਜਿਵੇਂ ਕਿ ਨੌਜਵਾਨਾਂ ਲਈ ਰੋਜ਼ਗਾਰ, ਕਿਸਾਨਾਂ ਦੀ ਭਲਾਈ ਤੇ ਪਿੰਡਾਂ ਦੀ ਵਿਕਾਸ ਯੋਜਨਾ ਪਾਰਟੀ ਦੀ ਅਸਲ ਤਾਕਤ ਹਨ।ਸਲੀਪਰ ਸੈੱਲ ਦੋਸ਼ ਲਗਾਉਣ ਦੀ ਜੋ ਸਿਆਸਤ ਕਰਦੇ ਹਨ, ਉਸ ਨਾਲ ਕਦੇ ਵੀ ਪਾਰਟੀ ਨੂੰ ਲਾਭ ਨਹੀਂ ਪਹੁੰਚ ਸਕਦਾ। ਰਿਚੀ ਡਕਾਲਾ ਨੇ ਦੱਸਿਆ ਕਿ ਨਵੇਂ ਕੋਆਰਡੀਨੇਟਰ ਤੇ ਅਬਜ਼ਰਵਰ ਨੇ ਪਿਛਲੇ ਕੁਝ ਸਾਲਾਂ ਵਿੱਚ ਪਾਰਟੀ ਲਈ ਨਿਰੰਤਰ ਮਿਹਨਤ ਕੀਤੀ ਹੈ।ਉਹ ਜ਼ਮੀਨ ਨਾਲ ਜੁੜੇ ਆਗੂ ਹਨ ਤੇ ਪਾਰਟੀ ਹਾਈਕਮਾਂਡ 'ਤੇ ਉਂਗਲ ਚੁੱਕਣਾ ਤੇ ਪਾਰਟੀ ਦੇ ਫੈਸਲਿਆਂ ਨੂੰ ਗ਼ਲਤ ਦੱਸਣਾ ਮਾੜੀ ਰਾਜਨੀਤੀ ਦਾ ਹਿੱਸਾ ਹੈ।

## ਲੈਂਡ ਪੂਲਿੰਗ ਨੀਤੀ ਤਹਿਤ ਜ਼ਮੀਨ ਧੱਕੇ ਨਾਲ ਐਕਵਾਇਰ ਨਹੀਂ ਕੀਤੀ ਜਾਵੇਗੀ : ਹਰਪਾਲ ਚੀਮਾ



ਧੂਰੀ (ਮੋਹਿਤ ਗਰਗ, ਬਿੰਨੀ ਗਰਗ)-ਵਿੱਤ ਤੇ ਯੋਜਨਾ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੀ ਸਾਫ਼ ਨੀਅਤ ਤੇ ਸਪੱਸ਼ਟ ਨੀਤੀ ਨਾਲ ਸੂਬੇ ਨੂੰ ਆਰਥਿਕ ਮੰਦਹਾਲੀ ਵਿੱਚੋਂ ਕੱਢਣ ਵਿੱਚ ਸਫ਼ਲਤਾ ਹਾਸਲ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੱਤਾ ਵਿੱਚ ਆ ਕੇ ਸਿਸਟਮ ਵਿੱਚੋਂ ਭ੍ਰਿਸ਼ਟਾਚਾਰ ਖਤਮ ਕੀਤਾ ਹੈ, ਜਿਸ ਦੇ ਨਤੀਜੇ ਵਜੋਂ ਸਰਕਾਰੀ ਖ਼ਜ਼ਾਨੇ ਤੇ ਲੋਕਾਂ ਦੇ ਪੈਸੇ ਦੀ ਬਚਤ ਹੋਣ ਲੱਗੀ ਹੈ।ਹੁਣ ਸੂਬਾ ਆਰਥਿਕ ਮੰਦਹਾਲੀ ਵਿੱਚੋਂ ਨਿਕਲ ਚੁੱਕਾ ਹੈ।ਅਗਲੇ ਦੋ ਸਾਲਾਂ ਵਿੱਚ ਸੂਬੇ ਦਾ ਰਿਕਾਰਡ ਤੋੜ ਸਰਬਪੱਖੀ ਵਿਕਾਸ ਹੋਵੇਗਾ।ਉਨ੍ਹਾਂ ਸੂਬੇ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਵਿਕਾਸ ਕਾਰਜਾਂ ਲਈ ਪੈਸਾ ਪੰਜਾਬ ਸਰਕਾਰ ਦੇਵੇਗੀ, ਪਰ ਲੋਕ ਵਿਕਾਸ ਖੁਦ ਆਪਣੀ ਨਿਗਰਾਨੀ ਵਿੱਚ ਕਰਵਾਉਣ।ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਨੀਤੀ ਤਹਿਤ ਕਿਸੇ ਵੀ ਕਿਸਾਨ ਦੀ ਜ਼ਮੀਨ ਧੱਕੇ ਨਾਲ ਐਕਵਾਇਰ ਨਹੀਂ ਕੀਤੀ ਜਾਵੇਗੀ।ਇਸ ਬਾਰੇ ਵਿਰੋਧੀ ਪਾਰਟੀਆਂ ਗੁੰਮਰਾਹਕੁਨ ਪ੍ਰਚਾਰ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਗੈਰ ਕਾਨੂੰਨੀ ਕਲੌਨੀਆਂ ਦਾ ਕਹਿਰ ਖਤਮ ਕਰਨਾ ਚਾਹੁੰਦੀ ਹੈ।ਅੱਜ ਸੂਬੇ ਵਿੱਚ 30 ਹਜ਼ਾਰ ਏਕੜ ਰਕਬੇ ਉੱਤੇ ਗੈਰ-ਕਾਨੂੰਨੀ ਕਾਲੋਨੀਆਂ ਵਿਕਸਤ ਹੋਈਆਂ ਹਨ, ਜਿੱਥੇ ਲੋਕਾਂ ਨੂੰ ਕੋਈ ਸਹੂਲਤ ਨਹੀਂ ਦਿੱਤੀ ਜਾ ਰਹੀ।ਸ੍ਰ. ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿਹਤ, ਸਿੱਖਿਆ ਤੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ ਉੱਤੇ ਕੰਮ ਕੀਤਾ ਜਾ ਰਿਹਾ ਹੈ, ਜਦੋਂ ਤੋਂ ਆਪ ਪਾਰਟੀ ਸੱਤਾ ਵਿੱਚ ਆਈ ਹੈ, ਉਦੋਂ ਤੋਂ ਹੀ ਤਰਜੀਹੀ ਤੌਰ 'ਤੇ ਸਰਬਪੱਖੀ ਵਿਕਾਸ ਉੱਤੇ ਜ਼ੋਰ ਦਿੱਤਾ ਜਾ ਰਿਹਾ ਹੈ।

## ਪੁਰਾਣੀ ਪੈਨਸ਼ਨ ਬਹਾਲ ਕਰੋ ਬੈਨਰ ਹੇਠ ਕਨਵੈਨਸ਼ਨ 3 ਨੂੰ

ਮਾਨਸਾ (ਆਤਮਾ ਸਿੰਘ ਪਮਾਰ)-ਮੁੱਖ ਅਧਿਆਪਕ ਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਤੇ ਪੁਰਾਣੀ ਪੈਨਸ਼ਨ ਸੰਗਠਨ ਪੰਜਾਬ ਵੱਲੋਂ ਸਾਂਝੇ ਤੌਰ 'ਤੇ ਪੰਜਾਬ ਭਰ ਵਿੱਚ ਆਪਣੀਆਂ ਮੰਗਾਂ ਨੂੰ ਲੈ ਕੇ ਕਨਵੈਂਸ਼ਨਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ ਹੈ।ਜਥੇਬੰਦੀ ਸੂਬਾਈ ਪ੍ਰਧਾਨ ਅਮਨਦੀਪ ਸ਼ਰਮਾ ਤੇ ਹਰਪਾਲ ਕੌਰ ਮਾਨਸਾ ਨੇ ਦੱਸਿਆ ਕਿ 3 ਅਗਸਤ ਨੂੰ ਮਾਨਸਾ ਵਿਖੇ ਪੁਰਾਣੀ ਪੈਨਸ਼ਨ ਨੂੰ ਬਹਾਲੀ ਨੂੰ ਲੈ ਕੇ ਪੰਜਾਬ ਪੱਧਰੀ ਕਨਵੈਨਸ਼ਨ ਕੀਤੀ ਜਾ ਰਹੀ ਹੈ।ਆਗੂਆਂ ਨੇ ਕਿਹਾ ਕਿ ਕਨਵੈਨਸ਼ਨਾਂ ਰਾਹੀਂ ਪੰਜਾਬ ਸਰਕਾਰ ਤੋਂ ਮੁਲਾਜ਼ਮਾਂ ਦੀਆਂ ਮੰਗਾਂ ਮਨਵਾਉਣ ਲਈ ਦਬਾਅ ਬਣਾਇਆ ਜਾਵੇਗਾ।ਅਮਨਦੀਪ ਸ਼ਰਮਾ ਨੇ ਕਿਹਾ ਕਿ ਮੁਲਾਜ਼ਮਾਂ ਦੀਆਂ ਡੀ ਏ ਦੀਆਂ ਕਿਸ਼ਤਾਂ ਜਾਰੀ ਕਰਨਾ, ਪੇਂਡੂ ਭੱਤਾ ਬਹਾਲ ਕਰਨਾ, ਏਸੀਪੀ ਸਕੀਮ ਦੀ ਮੁੜ ਬਹਾਲੀ, ਅਧਿਆਪਕਾਂ ਦੀਆਂ ਤਰੱਕੀਆਂ ਕਰਨਾ ਆਦਿ ਅਹਿਮ ਮਸਲਿਆਂ ਸਬੰਧੀ ਗੱਲਬਾਤ ਹੋਵੇਗੀ।ਪੁਰਾਣੀ ਪੈਨਸ਼ਨ ਸੰਗਠਨ ਪੰਜਾਬ ਦੇ ਪ੍ਰਧਾਨ ਹਰਪਾਲ ਕੌਰ ਮਾਨਸਾ ਨੇ ਪੰਜਾਬ ਭਰ ਦੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਪੁਰਾਣੀ ਪੈਨਸ਼ਨ ਦੇ ਮੁੱਦੇ ਨੂੰ ਲੈ ਕੇ ਇਨ੍ਹਾਂ ਕਨਵੈਨਸ਼ਨਾਂ ਦਾ ਹਿੱਸਾ ਬਣਨ, ਤਾਂ ਜੋ ਸਰਕਾਰ ਨੂੰ ਪੁਰਾਣੀ ਪੈਨਸ਼ਨ ਬਹਾਲ ਕਰਨ ਲਈ ਮਜਬੂਰ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਇਸ ਸਬੰਧੀ ਮਾਨਸਾ ਜ਼ਿਲ੍ਹੇ 'ਚ ਮੁਲਾਜ਼ਮਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।ਉਨ੍ਹਾਂ ਭਰਾਤਰੀ ਜਥੇਬੰਦੀਆਂ ਨੂੰ ਵੀ ਕਨਵੈਨਸ਼ਨ 'ਚ ਸ਼ਮੂਲੀਅਤ ਦੀ ਅਪੀਲ ਕੀਤੀ।

## ਲੈਂਡ ਪੂਲਿੰਗ ਨੀਤੀ ਕਿਸਾਨਾਂ ਦਾ ਹੀ ਨਹੀਂ, ਸਮੁੱਚੇ ਪੰਜਾਬ ਦਾ ਉਜਾੜਾ ਕਰੇਗੀ : ਐਡਵੋਕੇਟ ਗਿੱਲ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਲੈਂਡ ਪੂਲਿੰਗ ਨੀਤੀ ਪਹਿਲੇ ਦਿਨ ਤੋਂ ਹੀ ਵਿਵਾਦ ਦਾ ਮੁੱਦਾ ਬਣੀ ਹੋਈ ਹੈ।ਸੰਯੁਕਤ ਕਿਸਾਨ ਮੋਰਚੇ ਸਮੇਤ ਪੰਜਾਬ ਦੀਆਂ ਵੱਖ ਵੱਖ ਸਿਆਸੀ ਪਾਰਟੀਆਂ ਨੇ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਕਿਸਾਨਾਂ ਦੀ ਇੱਕ ਇੰਚ ਜ਼ਮੀਨ ਵੀ ਲੈਂਡ ਪੂਲਿੰਗ ਦੀ ਭੇਟ ਨਹੀਂ ਚੜ੍ਹਨ ਦਿੱਤੀ ਜਾਵੇਗੀ।ਕਿਸਾਨ ਜਥੇਬੰਦੀਆਂ ਤੇ ਰਾਜਨੀਤਕ ਪਾਰਟੀਆਂ ਦੀ ਚੇਤਾਵਨੀ ਦੇ ਅਸਰ ਨੂੰ ਘਟਾਉਣ ਤੇ ਕਿਸਾਨਾਂ ਨੂੰ ਆਪਣੇ ਹੱਕ ਵਿੱਚ ਕਰਨ ਦੇ ਮਨਸੂਬੇ ਨਾਲ ਸਰਕਾਰ ਨੇ ਮੁਆਵਜ਼ਾ ਰਾਸ਼ੀ 30 ਤੋਂ 50 ਹਜ਼ਾਰ ਰੁਪਏ ਪ੍ਰਤੀ ਏਕੜ ਪ੍ਰਤੀ ਸਾਲ ਕਰਨ ਦਾ ਐਲਾਨ ਕਰ ਦਿੱਤਾ ਹੈ। ਇਹ ਰਕਮ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਜ਼ਮੀਨ ਵਿੱਚ ਉਸਾਰੀ ਨਹੀਂ ਹੁੰਦੀ।ਸਰਕਾਰ ਨੇ ਕਿਸਾਨਾਂ ਨੂੰ ਇਹ ਵੀ ਛੋਟ ਦੇ ਦਿੱਤੀ ਕਿ ਸਬੰਧਤ ਕਿਸਾਨ ਆਪਣੀ ਜ਼ਮੀਨ ਫਸਲ ਲਈ ਵੀ ਵਰਤ ਸਕਦਾ ਹੈ। ਸਰਕਾਰ ਦਾ ਇਹ ਵੀ ਕਹਿਣਾ ਹੈ ਕਿ ਕਿਸਾਨ ਦੀ ਸਹਿਮਤੀ ਤੋਂ ਬਿਨਾਂ ਕਿਸੇ ਦੀ ਜ਼ਮੀਨ ਜਬਰੀ ਐਕਵਾਇਰ ਨਹੀਂ ਕੀਤੀ ਜਾਵੇਗੀ।

ਇਸ ਸਬੰਧੀ ਗੱਲਬਾਤ ਕਰਦਿਆਂ ਪੰਜਾਬ ਹਰਿਆਣਾ ਹਾਈਕੋਰਟ ਦੇ ਪ੍ਰਸਿੱਧ ਐਡਵੋਕੇਟ ਪਰਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਸਰਕਾਰ ਇੱਕ ਪਾਸੇ ਤਾਂ ਅਖਬਾਰੀ ਇਸ਼ਤਿਹਾਰਾਂ ਰਾਹੀਂ ਲੋਕਾਂ ਤੱਕ ਸੂਚਨਾਂ ਦੇ ਕੇ ਉਨ੍ਹਾਂ ਦੀ ਜ਼ਮੀਨ ਸਬੰਧੀ ਉਨ੍ਹਾਂ ਤੋਂ ਅਰਜ਼ੀਆਂ ਦੀ ਮੰਗ ਕਰਦੀ ਹੈ ਤੇ ਲੋਕ ਅਰਜ਼ੀਆਂ ਦੇ ਕੇ ਬਿਲਕੁਲ ਵੀ ਖ਼ੁਸ਼ ਨਹੀਂ ਹਨ।ਉਨ੍ਹਾਂ ਕਿਹਾ ਕਿ ਥਾਂ ਥਾਂ ਉਤੇ ਇਸ ਜਬਰੀ ਜ਼ਮੀਨ ਪ੍ਰਾਪਤੀ ਦਾ ਵਿਰੋਧ ਹੋ ਰਿਹਾ ਹੈ।ਕਿਸਾਨਾਂ ਤੋਂ ਅਰਜ਼ੀਆਂ ਪ੍ਰਾਪਤ ਕਰਨ ਤੋਂ ਬਿਨਾਂ ਹੀ ਸਰਕਾਰ ਨਿਸ਼ਾਨਦੇਹੀ ਕੀਤੀ ਜ਼ਮੀਨਾਂ ਦੇ ਉੱਪਰ ਖ੍ਰੀਦਣ ਵੇਚਣ ਤੇ ਕਿਸੇ ਵੀ ਇਮਾਰਤ ਬਣਾਉਣ ਲਈ ਜਬਰੀ ਕਾਨੂੰਨ ਲਾਗੂ ਕਰ ਰਹੀ ਹੈ।ਇਸ ਤਰ੍ਹਾਂ ਦੀ ਧੱਕੇਸ਼ਾਹੀ ਨਾ ਤਾਂ ਪੰਜਾਬ ਦੇ ਲੋਕਾਂ ਨੇ ਪਹਿਲਾਂ ਝੱਲੀ ਹੈ ਤੇ ਨਾ ਹੀ ਹੁਣ ਝੱਲਣੀ ਹੈ। ਪੰਜਾਬ ਸਰਕਾਰ ਗਲਤ ਨੀਤੀ ਦੇ ਨਾਲ ਆਪਣੇ ਆਪ ਹੀ ਪੰਜਾਬ ਦੇ ਲੋਕਾਂ ਨੂੰ ਆਪਣੇ ਵਿਰੁੱਧ ਖੜ੍ਹਾ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਨਾ ਤਾਂ ਕਿਸਾਨਾਂ ਦੇ ਹੱਕ ਵਿੱਚ ਹੈ ਤੇ ਨਾ ਹੀ ਪੰਜਾਬ ਦੇ ਲੋਕਾਂ ਦੇ ਹੱਕ ਵਿੱਚ।ਉਨ੍ਹਾਂ ਕਿਹਾ ਕਿ ਪੰਜਾਬ ਦਾ ਖੇਤੀ ਰਕਬਾ ਲਗਾਤਾਰ ਘਟਦਾ ਜਾ ਰਿਹਾ ਹੈ, ਜਿਸ ਕਾਰਨ ਇਸ ਖੇਤੀ ਪ੍ਰਧਾਨ ਰਾਜ ਦੀ ਖੇਤੀ ਨੂੰ ਵੱਡਾ ਖਤਰਾ ਖੜ੍ਹਾ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਖੇਤੀ ਵਾਲੀ ਜ਼ਮੀਨ ਨੂੰ ਭਾਰਤ ਮਾਲਾ, ਸ਼ਹਿਰੀਕਰਨ, ਉਦਯੋਗੀਕਰਨ ਤੇ ਨਾਜਾਇਜ਼ ਕਾਲੋਨੀ ਉਸਾਰੀ ਨੇ ਹੜੱਪ ਲਿਆ ਹੈ।ਉਨ੍ਹਾਂ ਕਿਹਾ ਕਿ ਜ਼ਮੀਨ ਕਿਸਾਨ ਦੀ ਮਾਂ ਹੁੰਦੀ ਹੈ।ਲਿਹਾਜ਼ਾ ਕਿਸਾਨ ਆਪਣੀ ਮਾਂ ਰੂਪੀ ਜ਼ਮੀਨ ਨੂੰ ਕਦੇ ਵੀ ਵੇਚਣਾ ਨਹੀਂ ਚਾਹੁੰਦਾ।


## ਆਕਸਫੋਰਡ ਸਕੂਲ ਦੇ ਵਿਦਿਆਰਥੀਆਂ ਦੀ ਰਿਸਰਚ ਪੇਪਰ 'ਚ ਪ੍ਰਾਪਤੀ




ਬਠਿੰਡਾ (ਰਾਜੀਵ ਗੋਇਲ)-'ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ' ਇੱਕ ਅਜਿਹੀ ਵਿੱਦਿਅਕ ਸੰਸਥਾ ਹੈ ਜਿਸ ਦੇ ਵਿਦਿਆਰਥੀ ਆਏ ਦਿਨ ਨਵੀਂਆਂ ਪ੍ਰਾਪਤੀਆਂ ਕਰਦੇ ਹੋਏ ਇਸ ਸੰਸਥਾ ਦੇ ਨਾਂਅ ਨੂੰ ਰੁਸ਼ਨਾਉਂਦੇ ਹਨ।ਆਕਸਫੋਰਡ ਦੇ ਗਿਆਰਵ੍ਹੀਂ ਤੇ ਬਾਰਵ੍ਹੀਂ ਜਮਾਤ ਦੇ ਵਿਦਿਆਰਥੀ ਦਿਵਾਂਸ਼ੀ, ਜੈਸਮੀਨ ਕੌਰ, ਪ੍ਰਾਂਜਸ ਬਾਂਸਲ, ਰਮਨਦੀਪ ਕੌਰ, ਖੁਸ਼ਪ੍ਰੀਤ ਕੌਰ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਿਖੇ ਛੇਵੀਂ ਇੰਟਰਨੈਸ਼ਨਲ ਕਾਨਫਰੰਸ ਆਨ ਰੀਸੈਂਟ ਅਡਵਾਂਸ ਇਨ ਫੰਡਾਮੈਂਟਲ ਐਂਡ ਅਪਲਾਈਡ ਸਾਇੰਸਜ਼ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਿਖੇ ਡਾ. ਸੰਦੀਪ ਪਾਟਿਲ, ਫਾਊਂਡਰ ਅਤੇ ਈ.ਸਪਿੰਨ ਨੈਨੋਟੈੱਕ ਪ੍ਰਾਈਵੇਟ ਲਿਮਟਿਡ-ਡਾ.ਭਾਨੂ ਨਿਊਪੇਨ, ਤ੍ਰਿਭਵਨ ਯੂਨੀਵਰਸਿਟੀ, ਨੇਪਾਲ ਡਾ. ਲਿਥੀਪੋਨ ਜ਼ੀਰੇਪਨ, ਪ੍ਰਿੰਸ ਆਫ਼ ਸੌਂਗਕਲਾ ਯੂਨੀਵਰਸਿਟੀ ਥਾਈਲੈਂਡ, ਡਾ. ਸੁਨੀਲ ਮੌਹੀਆ, ਯੂਨੀਵਰਸਿਟੀ ਆਫ਼ ਨਿਜ਼ਵਾ, ਸਲਤਨਤ ਆਫ਼ ਓਮਾਨ ਦੇ ਸਹਿਯੋਗ ਨਾਲ ਇੰਟਰਨੈਸ਼ਨਲ ਕਾਨਫਰੰਸ ਵਿੱਚ ਹਿੱਸਾ ਲਿਆ ਸੀ।ਇਸ ਸੰਸਥਾ ਦੇ ਵਿਦਿਆਰਥੀਆਂ ਨੇ ਇਸ ਕਾਨਫਰੰਸ ਵਿੱਚ ਪਿਓਰ ਫਲੋ ਵਾਟਰ ਸਿੰਕ ਟੈੱਕ ਉੱਤੇ ਆਪਣਾ ਰਿਸਰਚ ਪੇਪਰ ਪੇਸ਼ ਕੀਤਾ ਸੀ।ਇਹ ਸੰਸਥਾ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਬੁਹ ਗਿਣਤੀ ਰਿਸਰਚ ਪੇਪਰਾਂ ਵਿੱਚੋਂ ਚੁਣੇ ਗਏ ਰਿਸਰਚ ਪੇਪਰਾਂ ਵਿੱਚੋਂ ਇੱਕ ਪੇਪਰ ਇਸ ਸੰਸਥਾ ਦੇ ਵਿਦਿਆਰਥੀਆਂ ਦਾ ਸੀ।ਇਸ ਸੰਸਥਾ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਵਿਦਿਆਰਥੀਆਂ ਦੇ ਰਿਸਰਚ ਪੇਪਰਾਂ ਨੂੰ ਇੱਕ ਕਿਤਾਬ ਦਾ ਰੂਪ ਦੇ ਕੇ ਵਿਗਿਆਨ ਦੇ ਖੇਤਰ ਨੂੰ ਸੁਪਰਦ ਕੀਤਾ ਗਿਆ ਹੈ।ਇਸ ਤਰ੍ਹਾਂ ਸਕੂਲ ਦੀ ਅਟਲ ਲੈਬ ਦੇ ਇੰਚਾਰਜ ਇੰਜੀਨੀਅਰ ਅਧਿਆਪਕ ਹਰੀਸ਼ਰਨ ਦੀ ਅਗਵਾਈ ਵਿੱਚ ਗਏ ਇਨ੍ਹਾਂ ਵਿਦਿਆਰਥੀਆਂ ਨੇ ਸੰਸਥਾ ਦਾ ਕੱਦ ਹੋਰ ਵੀ ਉੱਚਾ ਕਰ ਦਿੱਤਾ ਹੈ।ਇੰਟਰਨੈਸ਼ਨਲ ਰਿਸਰਚ ਅਬਸਟਰੈਕਟ ਬੁੱਕ ਵਿਗਿਆਨ ਦੇ ਵਿਦਿਆਰਥੀਆਂ ਲਈ ਬੇਹੱਦ ਲਾਹੇਵੰਦ ਸਾਬਿਤ ਹੋਵੇਗੀ।

ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਦੀ ਇਸ ਕਾਰਗੁਜ਼ਾਰੀ ਉੱਤੇ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਉਹਨਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਵਿਦਿਆਰਥੀਆਂ ਦੀ ਅਣਥੱਕ ਬੌਧਿਕ ਕੁਸ਼ਲਤਾ ਦੀ ਤਾਰੀਫ਼ ਕਰਦਿਆਂ ਹੋਰ ਪ੍ਰਾਪਤੀਆਂ ਕਰਨ ਲਈ ਉਤਸ਼ਾਹਿਤ ਕੀਤਾ।

## ਸਬ ਇੰਸਪੈਕਟਰ ਰਾਮ ਕਰਨ ਨੇ ਰੋਹਟੀ ਪੁਲ ਚੌਕੀ ਦਾ ਚਾਰਜ ਸੰਭਾਲਿਆ



ਨਾਭਾ (ਵਰਿੰਦਰ ਵਰਮਾ)-ਲੰਮਾ ਸਮਾਂ ਜ਼ਿਲ੍ਹਾ ਪਟਿਆਲਾ ਅੰਦਰ ਵੱਖ ਵੱਖ ਥਾਣਿਆਂ, ਚੌਕੀਆਂ ਵਿੱਚ ਮਿਹਨਤ ਤੇ ਨਿੱਡਰਤਾ ਨਾਲ ਡਿਊਟੀ ਨਿਭਾਉਣ ਵਾਲੇ ਅਮਨ ਪਸੰਦ ਪੁਲਸ ਅਫਸਰ ਰਾਮ ਕਰਨ ਵੱਲੋਂ ਬਤੌਰ ਇੰਚਾਰਜ ਚੌਕੀ ਰੋਹਟੀ ਪੁਲ ਦਾ ਚਾਰਜ ਸੰਭਾਲਦਿਆਂ ਨਸ਼ਾ ਤਸਕਰਾਂ ਤੇ ਸ਼ਰਾਰਤੀ ਅਨਸਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ 'ਤੇ ਚਲਦਿਆਂ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਹਰ ਹਾਲ 'ਚ ਇਲਾਕੇ ਨੂੰ ਨਸ਼ਾ ਮੁਕਤ ਕੀਤਾ ਜਾਵੇਗਾ।ਉਨ੍ਹਾਂ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਕੰਮ ਲਈ ਪੁਲਸ ਦਾ ਇਮਾਨਦਾਰੀ ਨਾਲ ਸਾਥ ਦਿੱਤਾ ਜਾਵੇ, ਉਨ੍ਹਾਂ ਦਾ ਨਾਮ ਗੁਪਤ ਰੱਖਿਆ ਜਾਵੇਗਾ।

## ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਤੋਂ ਜਾਣੂ ਕਰਵਾਇਆ



ਬੁਢਲਾਡਾ (ਅਸ਼ੋਕ ਲਾਕੜਾ)-ਸਰਕਾਰੀ ਹਾਈ ਸਕੂਲ ਗੁਰਨੇ ਕਲਾਂ ਦੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਤੋਂ ਜਾਣੂ ਕਰਾਉਣ ਲਈ ਵਿਸ਼ੇਸ਼ ਜਾਗਰੂਕਤਾ ਕੈਂਪ ਲਾਇਆ ਗਿਆ, ਜਿੱਥੇ ਟ੍ਰੈਫਿਕ ਇੰਚਾਰਜ ਵੱਲੋਂ ਵਿਦਿਆਰਥੀਆਂ ਨੂੰ ਸੜਕ ਹਾਦਸਿਆਂ ਤੋਂ ਬਚਾਅ ਬਾਰੇ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ।ਉਨ੍ਹਾਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਕੇ ਕੀਮਤੀ ਮਨੁੱਖੀ ਜਾਨ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਅਣਗਹਿਲੀ ਹੀ ਦੁਰਘਟਨਾ ਦਾ ਮੁੱਖ ਕਾਰਨ ਬਣਦੀ ਹੈ।ਨਸ਼ਾ, ਫੋਨ, ਨੀਂਦ ਤੇ ਤੇਜ਼ ਰਫ਼ਤਾਰ ਹਾਦਸਿਆਂ ਨੂੰ ਸੱਦਾ ਦਿੰਦੇ ਹਨ।ਉਨ੍ਹਾਂ ਕਿਹਾ ਕਿ ਡਰਾਈਵਿੰਗ ਕਰਨ ਸਮੇਂ ਸਹਿਜ ਤੇ ਸਬਰ ਹੋਣਾ ਬਹੁਤ ਲਾਜ਼ਮੀ ਹੈ ਤਾਂ ਜੋ ਆਪਣਾ ਤੇ ਸਾਹਮਣੇ ਵਾਲੇ ਦਾ ਵੀ ਨੁਕਸਾਨ ਨਾ ਹੋਵੇ।ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਡਰਾਈਵਿੰਗ ਦੌਰਾਨ ਵਹੀਕਲ ਦੇ ਸਾਰੇ ਦਸਤਾਵੇਜ਼ ਪੂਰੇ ਹੋਣੇ ਲਾਜ਼ਮੀ ਹਨ ਤੇ ਸੀਟ ਬੈਲਟ ਦੀ ਵਰਤੋਂ ਕਰਨੀ ਵੀ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਨਿਯਮਾਂ ਦੀ ਪਾਲਣਾ ਕਰਕੇ ਹੀ ਹਾਦਸਿਆਂ ਤੋਂ ਬਚਿਆ ਜਾ ਸਕਦਾ ਹੈ।

## ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਵਣ-ਮਹਾਂਉਤਸਵ, ਸੱਭਿਆਚਾਰਕ ਤੇ ਸਨਮਾਨ ਸਮਾਰੋਹ 26 ਨੂੰ



ਸੰਗਰੂਰ (ਪ੍ਰਵੀਨ ਸਿੰਘ)-ਸਰਕਾਰੀ, ਅਰਧ ਸਰਕਾਰੀ ਵਿਭਾਗਾਂ, ਜੁਡੀਸ਼ਰੀ ਤੇ ਬੈਂਕਾਂ ਵਿੱਚੋਂ ਸੇਵਾ ਮੁਕਤ ਹੋਏ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ, ਜੋ ਕਿ ਸਮਾਜ ਸੇਵਾ ਤੇ ਲੋਕ ਭਲਾਈ ਦੇ ਕੰਮਾਂ ਨੂੰ ਸਮਰਪਤ ਹੈ, ਦੇ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਨੇ ਇੱਥੇ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ 'ਤੇ ਬਜ਼ੁਰਗਾਂ ਦੀ ਭਲਾਈ ਲਈ ਕੰਮ ਕੀਤੇ ਜਾਂਦੇ ਹਨ, ਸਮੇਂ ਸਮੇਂ 'ਤੇ ਬਜ਼ੁਰਗਾਂ ਦੀ ਨਰੋਈ ਸਿਹਤ ਲਈ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਵੀ ਲਗਾਏ ਜਾਂਦੇ ਹਨ ਅਤੇ ਲੋੜਵੰਦਾਂ ਦੀ ਸਹਾਇਤਾ ਕੀਤੀ ਜਾਂਦੀ ਹੈ।ਹਰ ਸਾਲ ਵਣ-ਮਹਾਂਉਤਸਵ ਮਨਾ ਕੇ ਵਾਤਾਵਰਣ ਦੀ ਸ਼ੁੱਧਤਾ ਲਈ ਰੁੱਖ ਲਗਾਏ ਜਾਂਦੇ ਹਨ ਤੇ ਤੁਲਸੀ ਦੇ ਬੂਟੇ ਵੰਡੇ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਵਣ-ਮਹਾਂਉਤਸਵ ਸੱਭਿਆਚਾਰਕ, ਸਨਮਾਨ ਸਮਾਰੋਹ 26 ਜੁਲਾਈ ਨੂੰ ਸਵੇਰੇ 10:30 ਵਜੇ ਸਥਾਨਕ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਕਰਵਾਇਆ ਜਾਵੇਗਾ, ਜਿਸ ਦੇ ਮੁੱਖ ਮਹਿਮਾਨ ਸ੍ਰ. ਸੁਖਦੇਵ ਸਿੰਘ ਡੀ.ਐੱਸ.ਪੀ. ਸੰਗਰੂਰ ਹੋਣਗੇ। ਉਨ੍ਹਾਂ ਦੱਸਿਆ ਕਿ ਜੁਲਾਈ ਮਹੀਨੇ ਦੌਰਾਨ ਜਿਨ੍ਹਾਂ ਮੈਂਬਰ ਸਾਹਿਬਾਨ ਦੇ ਜਨਮ ਦਿਨ ਆਉਂਦੇ ਹਨ, ਮਨਾਏ ਜਾਣਗੇ, ਵਣ ਮਹਾਂਉਤਸਵ ਮਨਾਇਆ ਜਾਵੇਗਾ, ਤੁਲਸੀ ਦੇ ਬੂਟੇ ਵੰਡੇ ਜਾਣਗੇ ਤੇ ਖੀਰ ਪੂੜੇ ਦਾ ਲੰਗਰ ਵੀ ਲਗਾਇਆ ਜਾਵੇਗਾ।ਇਸ ਮੌਕੇ ਚੇਅਰਮੈਨ ਰਵਿੰਦਰ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਖ਼ਾਲਸਾ, ਕਰਨੈਲ ਸਿੰਘ ਸੇਖੋਂ, ਓਮ ਪ੍ਰਕਾਸ਼ ਖਿੱਪਲ, ਕਿਸ਼ੋਰੀ ਲਾਲ, ਡਾ: ਮਨਮੋਹਨ ਸਿੰਘ, ਰਜਿੰਦਰ ਸਿੰਘ ਚੰਗਾਲ, ਰਜਿੰਦਰ ਗੋਇਲ, ਜਨਰਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਸਕੱਤਰ ਜਨਰਲ ਤਿਲਕ ਰਾਜ ਸਤੀਜਾ, ਅਸ਼ੋਕ ਡੱਲਾ, ਮਹੇਸ਼ ਜੌਹਰ, ਪਰਮਜੀਤ ਸਿੰਘ ਟਿਵਾਣਾ, ਜਵਾਹਰ ਲਾਲ ਸ਼ਰਮਾ, ਜਨਕ ਰਾਜ ਜੋਸ਼ੀ, ਬਲਦੇਵ ਸਿੰਘ ਰਤਨ ਤੋਂ ਇਲਾਵਾ ਅਸ਼ੋਕ ਡੱਲਾ, ਜਗਦੀਸ਼ ਸਿੰਘ ਵਾਲੀਆ ਤੇ ਜਨਕ ਰਾਜ ਜੋਸ਼ੀ ਮੌਜੂਦ ਸਨ।

## ਪੰਜਾਬ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਬਰਾਂਚ ਫਿਰੋਜ਼ਪੁਰ ਦੀ ਮੀਟਿੰਗ ਸਟੇਟ ਕਰਮਚਾਰੀ ਦਲ ਦਫਤਰ (ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ) ਫਿਰੋਜ਼ਪੁਰ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਬਰਾਂਚ ਪ੍ਰਧਾਨ ਗੁਰਨਾਮ ਸਿੰਘ ਸੁਧਾਰਾ ਨੇ ਕੀਤੀ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਮੀਟਿੰਗ ਵਿੱਚ ਸਰਕਾਰ ਵੱਲੋਂ ਚੋਣਾਂ ਮੌਕੇ ਪੈਨਸ਼ਨਰਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨ ਦੀ ਨਿਖੇਧੀ ਕੀਤੀ। ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ 1-1-16 ਤੋਂ ਛੇਵੇਂ ਤਨਖਾਹ ਕਮਿਸ਼ਨ ਦਾ ਬਕਾਇਆ ਯੱਕ-ਮੁਸਤ ਦਿੱਤਾ ਜਾਵੇ, ਮੈਡੀਕਲ ਭੱਤੇ ਵਿੱਚ ਵਾਧਾ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ਮੀਟਿੰਗ ਵਿੱਚ ਕਿਸ਼ਨ ਚੰਦ ਜਾਗੋਵਾਲੀਆ, ਪ੍ਰਤਾਪ ਸਿੰਘ ਢਿੱਲੋਂ, ਬਲਬੀਰ ਸਿੰਘ ਕੰਬੋਜ, ਤਰਸੇਮ ਬੇਦੀ, ਮਿਹਰ ਸਿੰਘ, ਜੋਗਿੰਦਰ ਸਿੰਘ ਪ੍ਰਦੀਪ ਰਾਣਾ, ਬਲਕਾਰ ਸਿੰਘ ਮਾੜੀਮੇਘਾ, ਜਸਪਾਲ ਸਿੰਘ, ਕਰਮ ਸਿੰਘ, ਤਰਲੋਕ ਸਿੰਘ, ਪਿਆਰਾ ਸਿਘ, ਰਮੇਸ਼ ਭੱਟੀ, ਜੀਤ ਸਿੰਘ, ਸੁਰਜੀਤ ਸਿੰਘ, ਪਰਮਜੀਤ ਸਿੰਘ, ਰਣਬੀਰ ਸਿੰਘ ਕੁੱਕੂ, ਲਾਜਵੰਤੀ, ਕਿਰਨ ਕੁਮਾਰੀ, ਬਿੱਕਰ ਸਿੰਘ ਹਾਂਡਾ, ਪਵਿੱਤਰ ਸਿੰਘ ਮੁਲਾਜ਼ਮ ਆਗੂ, ਸਵਰਨ ਸਿੰਘ ਤੇ ਬਲਬੀਰ ਸਿੰਘ ਗੋਖੀਵਾਲਾ ਸ਼ਾਮਲ ਹੋਏ।

## ਮਾਝਾ 2027 'ਚ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਫੈਸਲਾ ਕਰ ਚੁੱਕੈ : ਜ਼ਾਹਿਦਾ ਸੁਲੇਮਾਨ

### ਕੁਠਾਲਾ ਦੇ ਟੂਰਨਾਮੈਂਟ 'ਚ ਜੇਤੂ ਖਿਡਾਰੀਆਂ ਨੂੰ ਇਨਾਮ ਵੰਡੇ



ਮਾਲੇਰਕੋਟਲਾ (ਅਸਗਰ ਪਰਿਹਾਰ)-ਪਿੰਡ ਕੁਠਾਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬਾ ਜ਼ਾਹਿਦਾ ਸੁਲੇਮਾਨ ਨੇ ਸ਼ਹੀਦ ਬਾਬਾ ਸੁਧਾ ਸਿੰਘ ਸਪੋਰਟਸ ਕਲੱਬ ਕੁਠਾਲਾ ਵੱਲੋਂ ਕਰਵਾਏ ਗਏ ਟੂਰਨਾਮੈਂਟ 'ਚ ਖਿਡਾਰੀਆਂ ਨੂੰ ਇਨਾਮ ਵੰਡੇ ਤੇ ਉਨ੍ਹਾਂ ਦੀ ਹੌਸਲਾ-ਅਫਜ਼ਾਈ ਕੀਤੀ।ਇਸ ਮੌਕੇ ਉਨ੍ਹਾਂ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਤਰਲੋਚਨ ਸਿੰਘ ਧਲੇਰ, ਸ੍ਰ. ਜਸਵੰਤ ਸਿੰਘ ਮਿੱਠੇਵਾਲ, ਚੌਧਰੀ ਮੁਹੰਮਦ ਸੁਲੇਮਾਨ ਨੋਨਾ, ਮੁਹੰਮਦ ਅਮਜਦ ਅਲੀ, ਲਵਲੀ ਨੰਬਰਦਾਰ, ਸ.ਮਨਿੰਦਰ ਸਿੰਘ ਨੰਬਰਦਾਰ, ਸਾਬਕਾ ਸਰਪੰਚ ਜਸਵਿੰਦਰ ਸਿੰਘ, ਸ.ਕੁਲਦੀਪ ਸਿੰਘ ਨੰਬਰਦਾਰ ਅਤੇ ਹੋਰ ਕਈ ਅਕਾਲੀ ਨੇਤਾ ਮੌਜੂਦ ਸਨ।ਬੀਬਾ ਜ਼ਾਹਿਦਾ ਸੁਲੇਮਾਨ ਨੇ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ ਤੇ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ।ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਜ਼ਰੂਰੀ ਹੈ ਕਿ ਉਨ੍ਹਾਂ ਨੂੰ ਖੇਡਾਂ ਵੱਲ ਆਉਣ ਲਈ ਪ੍ਰੇਰਿਤ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀਆਂ ਸਰਕਾਰਾਂ ਨੇ ਹਮੇਸ਼ਾ ਖੇਡਾਂ ਨੂੰ ਉਤਸ਼ਾਹਤ ਕੀਤਾ ਹੈ ਤੇ ਭਵਿੱਖ 'ਚ ਵੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਖਿਡਾਰੀਆਂ ਦਾ ਖਿਆਲ ਰੱਖਿਆ ਜਾਵੇਗਾ ਤੇ ਖੇਡਾਂ ਨੂੰ ਉਤਸ਼ਾਹਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਤਰਨਤਾਰਨ ਵਿਖੇ ਅਕਾਲੀ ਦਲ ਦੀ ਰੈਲੀ 'ਚ ਪੁੱਜੇ ਲੋਕਾਂ ਨੇ ਸਪੱਸ਼ਟ ਕਰ ਦਿੱਤਾ ਕਿ ਮਾਝਾ ਫੈਸਲਾ ਕਰ ਚੁੱਕਾ ਹੈ ਕਿ ਅਗਲੀ ਸਰਕਾਰ ਅਕਾਲੀ ਦਲ ਦੀ ਬਣੇਗੀ।.

## ਸਿਵਲ ਸਰਜਨ ਵੱਲੋਂ ਟੀਕਾਕਰਨ ਸੈਂਟਰ ਦਾ ਅਚਨਚੇਤ ਦੌਰਾ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਨੇ ਸਿਵਲ ਹਸਪਤਾਲ ਫਰੀਦਕੋਟ ਦੇ ਟੀਕਾਕਰਨ ਸੈਂਟਰ ਦਾ ਅਚਨਚੇਤ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਨੇ ਟੀਕਾਕਰਨ ਸੈਂਟਰ ਵਿੱਚ ਗਰਭਵਤੀ ਔਰਤਾਂ ਤੇ ਬੱਚਿਆਂ ਨੂੰ ਦਿੱਤੀਆਂ ਜਾਣ ਵਾਲੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ।ਉਨ੍ਹਾਂ ਗਰਭਵਤੀ ਔਰਤਾਂ ਤੇ ਬੱਚਿਆਂ ਨੂੰ ਲਗਾਈ ਜਾਣ ਵਾਲੀ ਵੈਕਸੀਨ, ਰਿਕਾਰਡ ਰਜਿਸਟਰਾਂ ਦੀ ਜਾਂਚ ਕੀਤੀ ਤੇ ਨਿਯਮਾਂ ਅਨੁਸਾਰ ਬਾਇਓ ਮੈਡੀਕਲ ਵੇਸਟ ਦੀ ਸਾਂਭ ਸੰਭਾਲ ਵੀ ਦੇਖੀ।ਉਨ੍ਹਾਂ ਮੌਕੇ ਤੇ ਹਾਜ਼ਰ ਸਟਾਫ ਨੂੰ ਜ਼ਰੂਰੀ ਹਦਾਇਤਾਂ ਦਿੱਤੀਆਂ ਤੇ ਮਰੀਜ਼ਾਂ ਦੀ ਸਹੂਲਤ ਲਈ ਹੋਰ ਜਾਗਰੂਕਤਾ ਤੇ ਸਾਈਨ ਬੋਰਡ ਲਗਾਉਣ ਲਈ ਕਿਹਾ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸਰਵਦੀਪ ਸਿੰਘ ਰੋਮਾਣਾ, ਸੀਨੀਅਰ ਫਾਰਮੇਸੀ ਅਫਸਰ ਸੁਨੀਲ ਸਿੰਗਲਾ ਤੇ ਬੀ ਈ ਈ ਫਲੈਗ ਚਾਵਲਾ ਮੌਜੂਦ ਸਨ।ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸਰਵਦੀਪ ਸਿੰਘ ਰੋਮਾਣਾ ਨੇ ਸਿਹਤ ਸਟਾਫ ਨੂੰ ਕਿਹਾ ਕਿ ਕਿਸੇ ਕਾਰਨ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚਿਆਂ ਤੇ ਗਰਭਵਤੀ ਔਰਤਾਂ ਲਈ ਵਿਸ਼ੇਸ਼ ਕੈਂਪ ਲਗਾ ਕੇ ਟੀਕਾਕਰਨ ਪੂਰਾ ਕੀਤਾ ਜਾਵੇ।

25-Junly-PAGE-11-Majha-25-Final.qxd 7/24/2025 10:22 PM Page 1



# ਬਿਜਲੀ ਕਾਮਿਆਂ ਵੱਲੋਂ ਬਿਜਲੀ ਮੰਤਰੀ ਦੀ ਰਿਹਾਇਸ਼ ਵਿਖੇ ਧਰਨਾ 27 ਨੂੰ

ਧਾਰੀਵਾਲ/ਬਹਿਰਾਮਪੁਰ, (ਮਨਦੀਪ ਸਿੰਘ ਵਿੱਕੀ)- ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫ਼ੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੂਬਾ ਪੱਧਰੀ ਸੰਘਰਸ਼ ਪ੍ਰੋਗਰਾਮ ਤਹਿਤ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅੰਮ੍ਰਿਤਸਰ ਵਿਖੇ ਦਿੱਤੇ ਜਾ ਰਹੇ ਧਰਨੇ ਦੀ ਤਿਆਰੀ ਵਜੋਂ ਜ਼ਿਲ੍ਹਾ ਗੁਰਦਾਸਪੁਰ ਦੀ ਪਾਵਰਕਾਮ ਸਬ ਡਵੀਜ਼ਨ ਬਹਿਰਾਮਪੁਰ ਵਿਖੇ ਸਾਥੀ ਲਖਵਿੰਦਰ ਸਿੰਘ ਟਾਂਡਾ ਦੀ ਪ੍ਰਧਾਨਗੀ ਹੇਠ ਰੈਲੀ ਕੀਤੀ ਗਈ। ਇਸ ਮੌਕੇ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਗੁਰਦਾਸਪੁਰ ਦੇ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ ਨੇ ਦੱਸਿਆ ਕਿ 2 ਜੂਨ ਨੂੰ ਬਿਜਲੀ ਮੰਤਰੀ ਦੀ ਹਾਜ਼ਰੀ ਵਿੱਚ ਪਾਵਰਕਾਮ ਦੀ ਮੈਨੇਜਮੈਂਟ ਵਲੋਂ ਹੋਈ ਮੀਟਿੰਗ ਦੌਰਾਨ ਅਹਿਮ ਮੰਗਾਂ ਮੰਨੀਆਂ ਗਈਆਂ ਸਨ ਜਿਨ੍ਹਾਂ ਨੂੰ ਅੱਜ ਤੱਕ ਲਾਗੂ ਨਹੀਂ ਕੀਤਾ ਗਿਆ ਜਿਸ ਕਾਰਨ ਬਿਜਲੀ ਕਾਮਿਆਂ ਵੱਲੋਂ ਪਾਵਰਕਾਮ ਦੀ ਮੈਨੇਜਮੈਂਟ ਵਿਰੁੱਧ ਸੰਘਰਸ਼ ਕੀਤਾ ਜਾ ਰਿਹਾ ਹੈ।

ਮੁਲਾਜ਼ਮ ਮੰਗ ਕਰ ਰਹੇ ਹਨ ਮਹਿਕਮੇ ਅੰਦਰ ਖਾਲੀ ਪਈਆਂ 50000 ਦੇ ਕਰੀਬ ਅਸਾਮੀਆਂ ਭਰੀਆਂ ਜਾਣ ਅਤੇ ਵਰਕ ਲੋਡ ਮੁਤਾਬਕ ਨਵੀਆਂ ਅਸਾਮੀਆਂ ਦੀ ਰਚਨਾ ਕੀਤੀ ਜਾਵੇ, ਕੈਸ਼ਲੈਸ ਸਕੀਮ ਟੈਕਨੀਕਲ ਕਾਮਿਆਂ ਤੇ ਲਾਗੂ ਕੀਤੀ ਜਾਵੇ, ਸੇਵਦਾਰ ਤੇ ਬਣੇ ਐਲ ਡੀ ਸੀ ਅਤੇ ਸਿੱਧੀ ਭਰਤੀ ਰਾਹੀਂ ਆਏ ਐਲ ਡੀ ਸੀ ਦੀਆਂ ਤਨਖਾਹਾਂ ਦਾ ਫ਼ਰਕ ਦੂਰ ਕੀਤਾ ਜਾਵੇ। ਜੁਲਾਈ 2020 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ 'ਤੇ ਪੰਜਾਬ ਦਾ ਛੇਵਾਂ ਤਨਖਾਹ ਕਮਿਸ਼ਨ ਲਾਗੂ ਕੀਤਾ ਜਾਵੇ, ਨਵੇਂ ਭਰਤੀ ਹੋਏ ਕਰਮਚਾਰੀਆਂ ਨੂੰ ਬਿਜਲੀ ਦੇ ਯੂਨਿਟਾਂ ਦੀ ਰਿਆਇਤ ਦਿੱਤੀ ਜਾਵੇ, ਸੀ ਆਰ



ਏ 267 ਅਧੀਨ ਭਰਤੀ ਕੀਤੇ ਲਾਇਨਮੈਨਾਂ ਦੇ ਐਡਹਾਕ ਪੀਰੀਅਡ ਨੂੰ ਰੈਗੂਲਰ ਸਰਵਿਸ ਵਿੱਚ ਸ਼ਾਮਲ ਕੀਤਾ ਜਾਵੇ, 5 ਸਾਲ ਦੀ ਸੇਵਾ ਪੂਰੀ ਕਰ ਚੁੱਕੇ ਸਹਾਇਕ ਲਾਇਨਮੈਨਾਂ ਨੂੰ ਲਾਇਨਮੈਨ ਬਣਾਇਆ ਜਾਵੇ 2004 ਤੋਂ ਬਾਅਦ ਭਰਤੀ ਹੋਏ ਸਾਰੇ ਕਰਮਚਾਰੀਆਂ ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ।

ਸਾਥੀ ਉਦੀ ਪੁਰ ਨੇ ਸਮੂਹ ਬਿਜਲੀ ਕਰਮਚਾਰੀਆ ਨੂੰ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅਮ੍ਰਿਤਸਰ ਵਿਖੇ ਦਿੱਤੇ ਜਾ ਰਹੇ ਧਰਨੇ ਵਿੱਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਹੈ। ਇਸ ਮੌਕੇ ਸਾਥੀ ਅਸ਼ਵਨੀ ਕੁਮਾਰ ਸੈਣੀ, ਬਲਵਿੰਦਰ ਪਾਲ, ਸ਼ਮਸ਼ੇਰ ਸਿੰਘ, ਮੰਗਲ ਸਿੰਘ ਆਦਿ ਆਗੂ ਹਾਜ਼ਰ ਸਨ।

# ਵੱਖ-ਵੱਖ ਮਾਮਲਿਆਂ 'ਚ ਨਸ਼ਾ ਤਸਕਰ ਕਾਬੂ, ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਪੁਲਿਸ ਨੇ ਵੱਖ-ਵੱਖ ਥਾਣਿਆਂ ਵਿਚ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲੇ ਦਰਜ ਕੀਤੇ ਹਨ। ਥਾਣਾ ਦੋਰਾਂਗਲਾ ਦੇ ਏ.ਐਸ.ਆਈ. ਭੁਪਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਆਲੀ ਨੰਗਲ ਤੋਂ ਸਤਿਨਪ੍ਰੀਤ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਆਦੀਆਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਰਜਿੰਦਰ ਸਿੰਘ ਮਿਨਹਾਸ ਉਪ ਕਪਤਾਨ ਪੁਲਸ ਸਬ ਡਵੀਜ਼ਨ ਦੀਨਾਨਗਰ ਦੀ ਹਦਾਇਤ ਤੇ ਤਫ਼ਤੀਸ਼ ਅਫਸਰ ਨੇ ਸਤਿਨਪ੍ਰੀਤ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 509 ਗਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਪੁਰਾਣਾਸ਼ਾਲਾ ਦੇ ਏ.ਐਸ.ਆਈ. ਰਮੇਸ਼ ਕੁਮਾਰ ਨੇ ਸਮੇਤ ਪੁਲਸ ਪਾਰਟੀ ਦਬੁਰਜੀ ਤੋਂ ਰਜੇਸ਼ ਕੁਮਾਰ ਪੁੱਤਰ ਰਮੇਸ਼ ਲਾਲ ਵਾਸੀ ਪਠਾਨਕੋਟ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 30 ਗੋਲੀਆਂ ਨਸ਼ੀਲੀਆਂ, 700 ਰੁਪਏ ਡਰੱਗ ਮਨੀ ਬਰਾਮਦ ਹੋਈ ਹੈ। ਇਸੇ ਤਰ੍ਹਾਂ ਏ.ਐਸ.ਆਈ. ਰੁਪਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਨੇ ਅਵਾਂਖਾ ਵਿਖੇ ਚੈਕਿੰਗ ਦੌਰਾਨ ਸਿੰਬੋ ਸ਼ਨੀਲ ਸੀਲਾ ਪੁੱਤਰ ਸੁਰਜੀਤ ਵਾਸੀ ਪੁਰਾਣੀ ਅਬਾਦੀ ਅਵਾਂਖਾ ਪੁਲਸ ਪਾਰਟੀ ਨੂੰ ਦੇਖ ਕੇ ਹਨੇਰੇ ਵਿੱਚ ਖਿਸਕ ਗਿਆ। ਮੌਕੇ ਤੋਂ ਇੱਕ ਕੈਨ ਪਲਾਸਟਿਕ ਵਿੱਚ ਪਾਈ ਹੋਈ 15 ਹਜ਼ਾਰ ਐੱਮ.ਐੱਲ. ਸ਼ਰਾਬ ਨਜਾਇਜ਼ ਬਰਾਮਦ ਹੋਈ ਹੈ। ਥਾਣਾ ਬਹਿਰਾਮਪੁਰ ਦੇ ਏ.ਐੱਸ.ਆਈ. ਰਮੇਸ਼ ਲਾਲ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਰਾਜੇਸ਼ ਕੁਮਾਰ ਜੱਗੀ ਪੁੱਤਰ ਸੁਰਿੰਦਰ ਕੁਮਾਰ ਮੱਲਾ ਵਾਸੀ ਸਾਂਸੀਆਂ ਮੁਹੱਲਾ ਬਹਿਰਾਮਪੁਰ ਜੋ ਸੜਕ ਦੇ ਕਿਨਾਰੇ ਝਾੜੀਆਂ ਵਿੱਚ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਰਾਜੇਸ਼ ਕੁਮਾਰ ਜੱਗੀ ਪਾਸੋਂ ਮੌਕੇ 'ਤੇ ਇਕ ਸਿਲਵਰ ਪੇਪਰ ਹੈਰੋਇਨ ਅਲੂਦ, 10 ਰੁਪਏ ਦਾ ਨੋਟ ਅਤੇ ਲਾਈਟਰ ਬਰਾਮਦ ਹੋਇਆ ਹੈ। ਪੁਲਸ ਨੇ ਇਨ੍ਹਾਂ ਸਾਰੇ ਮਾਮਲਿਆਂ ਵਿਚ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ ਕਰਕੇ ਅਗਲੇਰੀ ਕਾਰਵਾਈ ਅੰਰਭ ਕਰ ਦਿੱਤੀ ਹੈ।

# ਪਿੰਡ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਕੇ ਲੜਨ ਦੀ ਸਹੁੰ ਚੁਕਾਈ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਦੇ ਤਹਿਤ ਜ਼ਿਲ੍ਹੇ ਵਿੱਚ ਸਰਕਾਰੀ ਨਸ਼ਾ ਛੁਡਾਊ ਕੇਂਦਰ ਚੱਲ ਰਹੇ ਹਨ, ਜਿੱਥੇ ਨਸ਼ਾ ਛੱਡਣ ਦੇ ਚਾਹਵਾਨ ਦਾ ਇਲਾਜ ਬਿਲਕੁਲ ਮੁਫਤ ਕੀਤਾ ਜਾਂਦਾ ਹੈ ਤੇ ਉਸ ਦਾ ਖਾਣ ਪੀਣ, ਦਵਾਈਆਂ ਰਹਿਣ ਸਹਿਣ ਆਦਿ ਸਾਰੀਆਂ ਸਹੂਲਤਾਂ ਮੁਫ਼ਤ ਹਨ। ਇਸ ਤੋਂ ਇਲਾਵਾ ਨਸ਼ਾ ਛੱਡਣ ਵਾਲੇ ਸਮੇਂ ਦੌਰਾਨ ਉਸ ਦੇ ਮਨਪਸੰਦ ਕਿੱਤੇ ਨਾਲ ਸੰਬੰਧਤ ਸਿਖਲਾਈ ਦਿੱਤੀ ਜਾਵੇਗੀ ਤਾਂ ਜੋ ਨਸ਼ਾ ਛੱਡਣ ਉਪਰੰਤ ਆਪਣਾ ਰੁਜ਼ਗਾਰ ਕਰ ਸਕੇ ਤੇ ਰੁਜ਼ਗਾਰ ਪ੍ਰਾਪਤੀ ਵਿੱਚ ਵੀ ਉਨ੍ਹਾਂ ਦੀ ਮਦਦ ਕੀਤੀ ਜਾਵੇਗੀ। ਇਹ ਪ੍ਰਗਟਾਵਾ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਨੇ ਪਿੰਡ ਸ਼ੰਕਰਪੁਰਾ ਅਤੇ ਸੈਦਪੁਰ ਖੁਰਦ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹੋਈ ਇਕੱਤਰਤਾ ਦੌਰਾਨ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਕੇ ਲੜਨ ਦੀ ਦੀ ਸਹੁੰ ਵੀ ਚੁਕਾਈ।ਇਸ ਮੌਕੇ ਬਲਬੀਰ ਸਿੰਘ ਪੰਨੂੰ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਸਾਡੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਦੀ ਸੂਚਨਾ ਪਿੰਡ ਵਾਸੀ ਪੁਲਸ ਨੂੰ ਦੇਣ ਜਾਂ ਫਿਰ ਉਨ੍ਹਾਂ



ਨੂੰ ਇੱਕ ਪਰਚੀ 'ਤੇ ਨਾਂਅ ਲਿਖ ਕੇ ਦੇ ਦਿਓ, ਸੂਚਨਾ ਦੇਣ ਵਾਲੇ ਦਾ ਨਾਂਅ ਤੇ ਪਹਿਚਾਣ ਗੁਪਤ ਰੱਖੀ ਜਾਵੇਗੀ ਜਾਂ ਫਿਰ ਪਿੰਡ ਵਾਸੀ ਪੰਜਾਬ ਸਰਕਾਰ ਵੱਲੋਂ ਜਾਰੀ ਵਟਸਐਪ ਨੰ: 97791-00200 'ਤੇ ਵੀ ਭੇਜ ਸਕਦੇ ਹਨ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਦੀ ਜਾਣਕਾਰੀ ਦੇਣ ਤੋਂ ਬਾਅਦ ਘਬਰਾਉਣ ਦੀ ਲੋੜ ਨਹੀਂ, ਉਹ ਪਿੰਡ ਵਾਸੀਆਂ ਦੇ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਨਸ਼ਾ ਕਰਨ ਵਾਲੇ ਨਾਲ ਸਾਨੂੰ ਹਮਦਰਦੀ ਭਰਿਆਂ ਵਰਤਾਰਾ ਰੱਖਣਾ ਚਾਹੀਦਾ ਹੈ ਤੇ ਉਸ ਨੂੰ ਸਮਝਾਉਣਾ ਚਾਹੀਦਾ ਹੈ ਤੇ ਉਸ ਦੇ ਇਲਾਜ ਬਾਰੇ ਉਸਨੂੰ ਜਾਗਰੂਕ ਕਰਨਾ ਚਾਹੀਦਾ ਹੈ।ਇਸ ਮੌਕੇ ਕੈਪਟਨ ਗੁਰਮੀਤ ਸਿੰਘ, ਸਰਪੰਚ ਨਿੰਦਰ ਕੌਰ, ਮੈਂਬਰ ਪੰਚਾਇਤ ਬਲਵਿੰਦਰ ਸਿੰਘ, ਮੈਂਬਰ ਪੰਚਾਇਤ ਗੁਰਵਿੰਦਰ ਸਿੰਘ, ਮੈਂਬਰ ਪੰਚਾਇਤ ਹਰਵਿੰਦਰ ਸਿੰਘ, ਮੈਂਬਰ ਪੰਚਾਇਤ ਸੋਭਾ ਸਿੰਘ, ਮੈਂਬਰ ਪੰਚਾਇਤ ਮੁੱਖਰਾਜ ਸਿੰਘ, ਸਰਪੰਚ ਪ੍ਰਭਵਿੰਦਰ ਕੌਰ ਸ਼ੰਕਰਪੁਰਾ, ਪੰਚ ਨਵਦੀਪ ਸਿੰਘ, ਪੰਚ ਗੁਰਜੀਤ ਕੌਰ, ਪੰਚ ਗੁਰਦੇਵ ਸਿੰਘ, ਪੰਚ ਰਾਜ, ਪੰਚ ਅਮਰਜੀਤ ਕੌਰ, ਪੰਚ ਲਖਪ੍ਰੀਤ ਕੌਰ, ਪੰਚ ਪਲਵਿੰਦਰ ਕੌਰ, ਸੁਖਬੀਰ ਸਿੰਘ, ਰਛਪਾਲ ਸਿੰਘ, ਫੌਜੀ ਸੁਰਿੰਦਰ ਸਿੰਘ, ਪ੍ਰਿੰਸੀਪਲ ਮੁਖਤਿਆਰ ਸਿੰਘ ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਜਗਜੀਤ ਸਿੰਘ, ਸਰਪੰਚ ਹਰਦੀਪ ਸਿੰਘ, ਸਰਪੰਚ ਕਰਮਜੀਤ ਸਿੰਘ, ਗਗਨਦੀਪ ਸਿੰਘ ਕੋਟਲਾ ਬਾਮਾ, ਰਘਬੀਰ ਸਿੰਘ ਅਠਵਾਲ, ਸਰਪੰਚ ਗੁਰਬਿੰਦਰ ਸਿੰਘ ਕਾਦੀਆਂ, ਸਰਪੰਚ ਕਰਨ ਬਾਠ ਵਾਈਸ ਕੁਆਰਡੀਨੇਟਰ ਗੁਰਪ੍ਰਤਾਪ ਸਿੰਘ ਆਦਿ ਹਾਜ਼ਰ ਸਨ।

## ਡੋਬੇ ਤੋਂ ਬਚਾਅ ਲਈ ਪਾਣੀ ਨਿਕਾਸੀ ਦਾ ਪ੍ਰਬੰਧ ਕੀਤਾ ਜਾਵੇ : ਕਿਸਾਨ ਸਭਾ

ਝਬਾਲ (ਹਰਜਿੰਦਰ ਸਿੰਘ ਸੋਨੀ)- ਇਹਨਾਂ ਦਿਨਾਂ ਵਿੱਚ ਮੀਂਹ ਪੈਣਾ ਸੁਭਾਵਿਕ ਵੀ ਹੈ ਤੇ ਵੱਡੀ ਲੋੜ ਵੀ। ਅਜੇ ਬਹੁਤੇ ਮੀਂਹ ਨਹੀਂ ਪਏ, ਫਿਰ ਵੀ ਉਹਨਾਂ ਨੀਵੀਆਂ ਥਾਵਾਂ 'ਤੇ ਜਿੱਥੇ ਨਿਕਾਸੀ ਦਾ ਕੋਈ ਪ੍ਰਬੰਧ ਨਹੀਂ ਜਾਂ ਨਿਕਾਸੀ ਨਾਲਿਆਂ 'ਤੇ ਕਬਜ਼ਾ ਕਰ ਲਿਆ ਗਿਆ ਹੈ, ਉੱਥੇ ਫਸਲਾਂ



ਤੇ ਘਰਾਂ ਦਾ ਵੱਡਾ ਨੁਕਸਾਨ ਅਕਸਰ ਹਰ ਸਾਲ ਹੋ ਜਾਂਦਾ ਹੈ। ਭਿੱਖੀਵਿੰਡ ਨੇੜਲੇ ਪਿੰਡ ਸੁਰਸਿੰਘ ਤੇ ਕਈ ਹੋਰ ਥਾਵਾਂ 'ਤੇ ਮੀਂਹ ਦੀ ਸ਼ੁਰੂਆਤ ਸਮੇਂ ਹੀ ਨੁਕਸਾਨ ਹੋ ਗਿਆ ਹੈ। ਪ੍ਰੈਸ ਨੂੰ ਇਹ ਬਿਆਨ ਜਾਰੀ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਪ੍ਰਗਨ ਸਿੰਘ ਮਾੜੀਮੇਘਾ, ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਤਰਨ ਤਾਰਨ ਜਨਤਾ ਨੂੰ ਸਪੱਸ਼ਟ ਕਰਨ ਕਿ ਨਿਕਾਸੀ ਨਾਲਿਆਂ ਦੀ ਸਫਾਈ ਲਈ ਕਿੰਨੀ ਗਰਾਂਟ ਆਈ ਹੈ ਅਤੇ ਨਾਲਿਆਂ ਦੀ ਸਫਾਈ ਕੀਤੀ ਗਈ ਹੈ ਕਿ ਨਹੀਂ। ਜਿਹੜੇ ਨਿਕਾਸੀ ਨਾਲਿਆਂ ਨੂੰ ਕੁੱਝ ਲੋਕਾਂ ਆਪਣੇ ਨਿੱਜੀ ਮੁਫ਼ਾਦ ਲਈ ਪੂਰ ਦਿੱਤਾ ਹੈ, ਉਹਨਾਂ ਦੀ ਨਿਸ਼ਾਨਦੇਹੀ ਕਰਕੇ ਤੁਰੰਤ ਚਾਲੂ ਕੀਤੇ ਜਾਣ। ਜਿੱਥੇ ਕਿਤੇ ਨਿਕਾਸੀ ਦੀ ਹੋਰ ਜ਼ਰੂਰਤ ਹੈ ਉੱਥੇ ਲੋਕਾਂ ਦੀ ਸਲਾਹ ਨਾਲ ਤਜਵੀਜ਼ ਬਣਾ ਕੇ ਸਰਕਾਰੀ ਮਨਜ਼ੂਰੀ ਲਈ ਜਾਵੇ। ਜਿੱਥੇ ਕਿਤੇ ਸੜਕਾਂ ਉੱਚੀਆਂ ਬਣਨ ਕਾਰਨ ਪਾਣੀ ਖਲੋਣ ਦੀ ਸਮੱਸਿਆ ਆ ਰਹੀ ਹੈ ਉੱਥੇ ਸੜਕ ਵਿਭਾਗ ਤੋਂ ਨਿਕਾਸੀ ਦਾ ਪ੍ਰਬੰਧ ਕਰਾਇਆ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਛਪਾਲ ਸਿੰਘ ਤਪਾ ਬਾਠ, ਰਾਜਗੋਬਿੰਦ ਸਿੰਘ ਜਮਾਲਪੁਰ, ਕਾਰਜ ਸਿੰਘ ਕੈਰੋਂ, ਗੁਰਪ੍ਰੀਤ ਸਿੰਘ ਗੰਡੀਵਿੰਡ, ਪ੍ਰਿੰਸੀਪਲ ਦਲਬੀਰ ਸਿੰਘ ਦਿਓਲ ਵੀ ਹਾਜ਼ਰ ਸਨ।

## ਸ਼ੈਰੀ ਕਲਸੀ ਨੇ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ

ਬਟਾਲਾ (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਹੋਰ ਚੈਪਟਰ ਜੋੜਦਿਆਂ ਵਾਰਡ ਨੰਬਰ 31 ਵਿੱਚ ਕਰੀਬ 92 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੇ ਕਰਵਾਏ ਜਾਣ ਵਾਲੇ ਵਿਕਾਸ ਕੰਮਾਂ ਤਹਿਤ ਦ ਪਾਈਨ ਸਕੂਲ ਵਾਲੀ ਗਲੀ ਬਣਾਉਣ ਦਾ ਕੰਮ ਸ਼ੁਰੂ



ਕਰਵਾਇਆ ਗਿਆ। ਇਸ ਮੌਕੇ ਰਜਿੰਦਰ ਜੰਬਾ, ਪੁਨੀਤ ਮਹਾਜਨ ਦ ਪਾਈਨ ਸਕੂਲ ਵਾਲੇ, ਹਨੀ ਚੌਹਾਨ ਸਮੇਤ ਵਾਰਡ ਵਾਸੀ ਮੌਜੂਦ ਸਨ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਵਾਰਡ ਵਿੱਚ ਵੱਖ-ਵੱਖ ਗਲੀਆਂ ਦੇ ਨਿਰਮਾਣ ਕਾਰਜ ਕਰਵਾਏ ਜਾਣਗੇ ਅਤੇ ਅੱਜ ਸਕੂਲ ਵਿੱਚ ਆਉਣ ਵਾਲੇ ਬੱਚਿਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ । ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਰਕੇ ਬਟਾਲਾ ਸ਼ਹਿਰ ਦੀਆਂ ਮੁਸ਼ਕਲਾਂ ਹੱਲ ਨਹੀਂ ਕੀਤੀਆਂ ਗਈਆਂ, ਜਿਸ ਨਾਲ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪਰ ਹੁਣ ਲੋਕਾਂ ਦੀਆਂ ਸਾਲਾਂ ਤੋਂ ਲਮਕੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕੀਤਾ।

## ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕਰਨ ਲਈ ਜਨਤਾ ਦਾ ਸਹਿਯੋਗ ਮਿਲਣ ਲੱਗਾ : ਸ਼ੈਰੀ ਕਲਸੀ


ਬਟਾਲਾ, ਜੁਲਾਈ ( ਡਾਕਟਰ ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਨਸ਼ਿਆ ਵਿਰੁੱਧ ਇੱਕ ਯੁੱਧ ਦਾ ਐਲਾਨ ਕੀਤਾ ਹੈ, ਇਸ ਨੂੰ ਵੱਡੀ ਸਫਲਤਾ ਮਿਲ ਰਹੀ ਹੈ, ਲੋਕ ਹੁਣ ਨਸ਼ਿਆਂ ਦੇ ਕੋਹੜ ਨੂੰ ਖਤਮ ਕਰਨ ਲਈ ਸਰਕਾਰ ਦਾ ਸਾਥ ਖੁੱਲ੍ਹ ਕੇ ਦੇਣ ਲੱਗੇ ਹਨ,



ਜਿਸ ਨਾਲ ਨਸ਼ੇ ਦੇ ਤਸਕਰਾਂ ਨੂੰ ਜੇਲ੍ਹਾਂ ਵਿੱਚ ਭੇਜਿਆ ਜਾ ਰਿਹਾ ਹੈ। ਉਹ ਪਿੰਡ ਦਾਨਿਆਂਵਾਲੀ ਵਿਖੇ ਨਸ਼ਾ ਮੁਕਤ ਯਾਤਰਾ ਦੌਰਾਨ ਲੋਕਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਿਆਂ ਨੂੰ ਖਤਮ ਕਰਨ ਦੀ ਸਹੁੰ ਵੀ ਚੁਕਾਈ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਅਭਿਆਨ ਤਹਿਤ ਹਰ ਪਿੰਡ, ਸ਼ਹਿਰ ਗਲੀ ਮੁਹੱਲੇ ਦੇ ਲੋਕਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ ਕਿ ਉਹ ਨਸ਼ਾ ਵਿਕਰੇਤਾਵਾਂ ਦੀ ਸੂਚਨਾ ਬੇਖੌਫ ਹੋ ਕੇ ਦੇਣ । ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਨਸ਼ਿਆਂ ਦੇ ਕਾਰੋਬਾਰ ਨਾਲ ਹੋਈ ਆਮਦਨ ਤੋਂ ਜਾਇਦਾਦਾਂ ਖੜ੍ਹੀਆਂ ਕਰਨ ਵਾਲਿਆਂ ਵਿਰੁੱਧ ਕਾਰਵਾਈ ਚੱਲ ਰਹੀ ਹੈ। ਕਈ ਥਾਵਾਂ ਤੋ ਨਸ਼ਾ ਤਸਕਰ ਘਰਾਂ ਨੂੰ ਤਾਲੇ ਲਗਾ ਕੇ ਫਰਾਰ ਹੋ ਗਏ ਹਨ, ਪ੍ਰੰਤੂ ਅਸੀਂ ਅਜਿਹੇ ਦੋਸ਼ੀਆਂ ਨੂੰ ਹੁਣ ਬਖਸ਼ਣ ਦੀ ਥਾਂ ਜੇਲ੍ਹਾਂ ਅੰਦਰ ਡੱਕ ਰਹੇ ਹਾਂ।ਇਸ ਮੌਕੇ ਮਨਦੀਪ ਸਿੰਘ ਗਿੱਲ ਜ਼ਿਲ੍ਹਾ ਯੂਥ ਆਗੂ ਗੁਰਦਾਸਪੁਰ, ਸਰਪੰਚ ਨਿਰਮਲ ਸਿੰਘ ਪਨੂੰ, ਮਨਜੀਤ ਸਿੰਘ ਬੁਮਰਾਹ ਵਾਇਸ ਕੁਆਰਡੀਨੇਟਰ ਨਸ਼ਾ ਮੁਕਤੀ ਯਾਤਰਾ, ਭੁਪਿੰਦਰ ਸਿੰਘ, ਵੀਨੂੰ ਕਾਹਲੋਂ ਅਤੇ ਪਿੰਡ ਵਾਸੀ ਮੌਜੂਦ ਸਨ।

# ਮਜ਼ਦੂਰ ਆਗੂ 'ਤੇ ਹਮਲਾ ਕਰਨ ਵਾਲਿਆਂ 'ਤੇ ਕੇਸ ਦਰਜ ਕਰਨ ਦੀ ਮੰਗ

ਬਟਾਲਾ (ਤਰਲੋਕ ਬੱਗਾ)-ਮਜ਼ਦੂਰ ਮੁਕਤੀ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਦੇ ਇਕ ਵੱਡੇ ਵਫਦ ਨੇ ਐਸ ਪੀ ਹੈਡਕੁਆਟਰ ਬਟਾਲਾ ਨੂੰ ਮਿਲ ਕੇ ਮੰਗ ਕੀਤੀ ਕਿ ਮਜ਼ਦੂਰ ਆਗੂ ਹਰਜਿੰਦਰ ਮਸੀਹ ਸ਼ੀਨਾ ਨੁਸ਼ਹਿਰਾ ਮੱਝਾ ਸਿੰਘ ਦੀ ਬਾਜ਼ਾਰ ਵਿੱਚ ਮਾਰ ਦੇਣ ਦੀ ਨੀਅਤ ਨਾਲ ਕੁੱਟਮਾਰ ਕਰਨ ਅਤੇ ਉਸ ਦਾ ਮੋਬਾਈਲ ਖੋਹ ਕੇ ਲੈ ਜਾਣ ਵਾਲੇ ਪਿੰਡ ਸ਼ੀਨਾ ਦੇ ਉੱਚ ਜਾਤੀ ਦੇ ਪਰਵਾਰ ਦੇ ਵਿਅਕਤੀਆਂ ਖਿਲਾਫ ਕੇਸ ਦਰਜ ਕੀਤਾ ਜਾਵੇ। ਇਸ ਘਟਨਾ ਬਾਰੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਮਜ਼ਦੂਰ ਆਗੂ ਗੁਰਮੀਤ ਸਿੰਘ ਬਖਤਪੁਰਾ, ਵਿਜੇ ਕੁਮਾਰ ਸੋਹਲ, ਕਿਸਾਨ ਆਗੂ ਰਾਜ ਗੁਰਵਿੰਦਰ ਸਿੰਘ ਘੁਮਾਣ, ਗੁਲਜਾਰ ਸਿੰਘ ਬਸੰਤਕੋਟ ਅਤੇ



ਅਸ਼ਵਨੀ ਕੁਮਾਰ ਲੱਖਣ ਕਲਾਂ ਨੇ ਕਿਹਾ ਕਿ ਹਰਜਿੰਦਰ ਮਸੀਹ ਦੇ ਪਰਵਾਰ ਦਾ ਪਿਛਲੇ 40 ਸਾਲਾਂ ਤੋਂ ਤਿੰਨ ਚਾਰ ਮਰਲੇ ਜਗ੍ਹਾ ਉੱਪਰ ਕਬਜ਼ਾ ਚਲਿਆ ਆ ਰਿਹਾ ਹੈ, ਜਿੱਥੇ ਇਸ ਪਰਵਾਰ ਨੇ ਤੂੜੀ ਦਾ ਮੂਸਲ ਅਤੇ ਪਸ਼ੂਆਂ ਦਾ ਢਾਰਾ ਬਣਾਇਆ ਹੋਇਆ ਸੀ। ਇਸ ਥਾਂ ਉਪਰ ਕਬਜ਼ਾ ਕਰਨ ਲਈ ਪਿੰਡ ਦੇ ਉਚ ਜਾਤੀ ਪਰਵਾਰ ਨੇ ਦਸ ਜੁਲਾਈ ਨੂੰ ਮਜ਼ਦੂਰਾਂ ਦੇ ਤੂੜੀ ਤੇ ਮੂਸਲ ਅਤੇ ਪਸ਼ੂਆਂ ਦੇ ਢਾਰੇ ਨੂੰ ਅੱਗ ਲਾ ਕੇ ਫੂਕ ਦਿੱਤਾ ਅਤੇ ਇਸ ਕਬਜ਼ੇ ਦਾ ਵਿਰੋਧ ਕਰਨ ਆਏ ਮਜ਼ਦੂਰ ਪਰਵਾਰ ਦੇ ਚਾਰ ਮੈਂਬਰਾਂ ਨੂੰ ਜ਼ਖਮੀ ਕਰ ਦਿੱਤਾ। ਜਦੋਂ ਇਹ ਜ਼ਖਮੀ ਮੈਂਬਰ ਨੁਸ਼ਹਿਰਾ ਮੱਝਾ ਸਿੰਘ ਦੇ ਹਸਪਤਾਲ ਵਿੱਚ ਆਪਣੇ ਇਲਾਜ ਦੀ ਪਹੁੰਚੇ ਤਾਂ ਦੁਬਾਰਾ ਹਮਲਾਵਰਾ ਨੇ ਹਰਜਿੰਦਰ ਮਸੀਹ ਉਪਰ ਕਾਤਲਾਨਾ ਹਮਲਾ ਕਰ ਦਿੱਤਾ ਅਤੇ ਉਸ ਦਾ ਮੋਬਾਈਲ ਖੋਹ ਲਿਆ। ਇਸ ਮਜ਼ਦੂਰ ਪਰਵਾਰ ਉੱਪਰ ਪਹਿਲਾ ਹਮਲਾ ਥਾਣਾ ਘੁੰਮਣ ਕਲਾਂ ਦੀ ਹਦੂਦ ਵਿੱਚ ਅਤੇ ਦੂਸਰਾ ਹਮਲਾ ਥਾਣਾ ਸੇਖਵਾਂ ਦੀ ਹਦੂਦ ਵਿਚ ਕੀਤਾ ਗਿਆ ਪਰ ਹਮਲਾਵਰ ਰਾਜਸੀ ਅਸਰ ਰਸੂਖ ਵਾਲੇ ਹੋਣ ਕਾਰਨ 15 ਦਿਨ ਬੀਤ ਜਾਣ ਦੇ ਬਾਵਜੂਦ ਕਿਸੇ ਵੀ ਪੁਲਸ ਥਾਣੇ ਨੇ ਗਰੀਬ ਪਰਵਾਰ ਨੂੰ ਇਨਸਾਫ ਦੇਣ ਲਈ ਐਫ ਆਈ ਆਰ ਦਰਜ ਨਹੀਂ ਕੀਤੀ। ਆਗੂਆਂ ਪੁਲਸ ਉਪਰ ਸਿਆਸੀ ਦਬਾਅ ਹੇਠ ਕੰਮ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਜੇਕਰ ਮਜ਼ਦੂਰ ਆਗੂ ਅਤੇ ਉਸ ਦੇ ਪਰਵਾਰ ਨੂੰ ਇਨਸਾਫ਼ ਨਾ ਮਿਲਿਆ ਮਜ਼ਦੂਰ ਅਤੇ ਕਿਸਾਨ ਜਥੇਬੰਦੀਆਂ ਧਰਨੇ 'ਤੇ ਬੈਠਣ ਲਈ ਮਜਬੂਰ ਹੋਣਗੀਆਂ। ਐਸ ਪੀ ਐਚ ਬਟਾਲਾ ਨੇ ਡੀ ਐਸ ਪੀ ਸਿਟੀ ਨੂੰ ਜਾਂਚ ਕਰਨ ਲਈ ਕਿਹਾ ਹੈ। ਵਫਦ ਵਿੱਚ ਮਜ਼ਦੂਰ ਆਗੂ ਪ੍ਰੇਮ ਮਸੀਹ ਸੋਨਾ, ਦਰਸ਼ਨ ਖਰੋਟਾ, ਦਲਬੀਰ ਭੋਲਾ, ਬਾਲਕਿਸ਼ਨ ਪਾਲਾ ਅਤੇ ਕਿਸਾਨ ਆਗੂ ਕੁਲਵਿੰਦਰ ਸਿੰਘ ਅਠਵਾਲ, ਬਲਰਾਜ ਸਿੰਘ, ਦਿਲਬਾਗ ਸਿੰਘ ਡੋਗਰ, ਸ਼ੇਰੇ ਪੰਜਾਬ ਸਿੰਘ ਅਤੇ ਮੋਹਣ ਸਿੰਘ ਸ਼ਾਮਲ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੱਟੀਆਂ ਵਿਖੇ ਰੁੱਖ ਲਗਾਓ ਮੁਹਿੰਮ ਦਾ ਆਗਾਜ਼

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੱਟੀਆਂ ਵਿਖੇ ਪ੍ਰਿੰਸੀਪਲ ਸੰਦੀਪ ਸਿੰਘ ਦੀ ਅਗਵਾਈ ਹੇਠ ਰੁੱਖ ਲਗਾਓ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ



ਗਰਾਮ ਪੰਚਾਇਤ ਭੱਟੀਆਂ ਦੇ ਸਰਪੰਚ ਲਖਵਿੰਦਰ ਸਿੰਘ ਸਮੇਤ ਸਮੂਹ ਪੰਚਾਇਤ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸਰਪੰਚ ਲਖਵਿੰਦਰ ਸਿੰਘ, ਪੰਚਾਇਤ ਮੈਂਬਰਾਂ, ਸਕੂਲ ਪ੍ਰਿੰਸੀਪਲ ਸੰਦੀਪ ਸਿੰਘ ਅਤੇ ਸਟਾਫ ਮੈਂਬਰਾਂ ਵਲੋਂ ਸਕੂਲ ਦੇ ਖੁੱਲ੍ਹੇ ਵਿਹੜੇ ਵਿੱਚ ਸਾਂਝੇ ਤੌਰ 'ਤੇ ਰੁੱਖ ਲਗਾ ਕੇ ਇਸ ਹਰਿਆਵਲ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਸੰਦੀਪ ਸਿੰਘ ਨੇ ਰੁੱਖਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਅਜੋਕੇ ਸਮੇਂ ਵਿੱਚ ਕੁਦਰਤੀ ਸਰੋਤਾਂ ਨੂੰ ਬਚਾਉਣ ਅਤੇ ਵਾਤਾਵਰਨ ਦੀ ਸੰਭਾਲ ਕਰਨ ਵਿੱਚ ਹਰੇਕ ਮੁਨੱਖ ਨੂੰ ਆਪਣਾ ਫਰਜ਼ ਸਮਝਣਾ ਚਾਹੀਦਾ ਹੈ ਅਤੇ ਵਧੇਰੇ ਰੁੱਖ ਲਗਾਉਣੇ ਚਾਹੀਦੇ ਹਨ। ਉਨ੍ਹਾਂ ਕਿਹਾ ਹਰੇਕ ਮਨੁੱਖ ਨੂੰ ਰੁੱਖ ਲਗਾ ਕੇ ਅਤੇ ਉਹਨਾਂ ਦੀ ਸੰਭਾਲ ਕਰਨੀ ਚਾਹੀਦੀ ਹੈ। ਉਹਨਾਂ ਨੇ ਸਕੂਲੀ ਵਿਦਿਆਰਥੀਆਂ ਨੂੰ ਇਸ ਹਰਿਆਵਲ ਲਹਿਰ ਦਾ ਹਿੱਸਾ ਬਣਨ ਲਈ ਪ੍ਰੇਰਿਤ ਕਰਦਿਆਂ ਕਿਹਾ ਹਰੇਕ ਵਿਦਿਆਰਥੀ ਘੱਟੋ ਘੱਟ ਇੱਕ ਪੌਦਾ ਲਗਾ ਕੇ ਵਾਤਾਵਰਨ ਨੂੰ ਸ਼ੁੱਧ ਤੇ ਸਵੱਛ ਰੱਖਣ ਵਿੱਚ ਆਪਣਾ ਯੋਗਦਾਨ ਜ਼ਰੂਰ ਪਾਵੇ।

# ਪੰਜਾਬ ਸਰਕਾਰ ਨੇ ਗੁਰਦਾਸਪੁਰ ਵਾਸੀਆਂ ਨੂੰ ਸਵਿਮਿੰਗ ਪੂਲ ਦਾ ਦਿੱਤਾ ਤੋਹਫ਼ਾ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਵਾਸੀਆਂ ਨੂੰ ਸਵਿਮਿੰਗ ਪੂਲ ਦੇ ਰੂਪ ਵਿੱਚ ਇੱਕ ਹੋਰ ਖ਼ੂਬਸੂਰਤ ਤੋਹਫ਼ਾ ਦਿੱਤਾ ਗਿਆ ਹੈ। ਜਮਨੇਜ਼ੀਅਮ ਹਾਲ ਦੇ ਸਪੋਰਟਸ ਕੰਪਲੈਕਸ ਵਿੱਚ ਨਵੇਂ ਬਣੇ ਸਵਿਮਿੰਗ ਪੂਲ ਦੇ ਉਦਘਾਟਨ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਪੱਧਰੀ ਸਵਿਮਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਜ਼ਿਲ੍ਹਾ ਪੱਧਰੀ ਸਵਿਮਿੰਗ ਮੁਕਾਬਲਿਆਂ ਵਿੱਚ ਅੰਡਰ 14 ਲੜਕੇ ਤੇ ਲੜਕੀਆਂ, ਅੰਡਰ 17 ਲੜਕੇ ਤੇ ਲੜਕੀਆਂ, ਅੰਡਰ



19 ਲੜਕੇ ਤੇ ਲੜਕੀਆਂ ਦੇ 50 ਮੀਟਰ ਫ਼ਰੀ ਸਟਾਈਲ, 50 ਮੀਟਰ ਬੈਕ ਸਟ੍ਰੋਕ, 50 ਮੀਟਰ ਬਟਰ ਫਲਾਈ ਅਤੇ 50 ਮੀਟਰ ਬਰੈਸਟ ਸਟ੍ਰੋਕ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ 50 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ। ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਅਤੇ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਸਵਿਮਿੰਗ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਖਿਡਾਰੀ ਨੂੰ 3100, ਦੂਸਰੇ ਸਥਾਨ 'ਤੇ ਰਹਿਣ ਵਾਲੇ ਖਿਡਾਰੀ ਨੂੰ 2100 ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਖਿਡਾਰੀ ਨੂੰ 1100 ਰੁਪਏ ਨਗਦ ਇਨਾਮ ਤੇ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਸਾਰੇ ਪ੍ਰਤੀਯੋਗੀਆਂ ਨੂੰ ਸਵਿਮਿੰਗ ਕੈਪ ਅਤੇ ਸਵਿਮਿੰਗ ਗੋਗਲਸ ਵੀ ਦਿੱਤੀਆਂ ਗਈਆਂ।ਇਸ ਮੌਕੇ ਖਿਡਾਰੀਆਂ ਦੀ ਹੌਂਸਲਾ ਅਫ਼ਜ਼ਾਈ ਕਰਦਿਆਂ ਚੇਅਰਮੈਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਸ਼ਹਿਰ ਵਾਸੀਆਂ ਨੂੰ ਸਵਿਮਿੰਗ ਪੂਲ ਦਾ ਇੱਕ ਖ਼ੂਬਸੂਰਤ ਤੋਹਫ਼ਾ ਦਿੱਤਾ ਗਿਆ ਹੈ ਜਿਸ ਲਈ ਉਹ ਮਾਨ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਧੰਨਵਾਦੀ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਇਹ ਸਵਿਮਿੰਗ ਪੂਲ ਬੱਚਿਆਂ ਲਈ ਬਿਲਕੁਲ ਮੁਫ਼ਤ ਹੋਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਖੇਡਾਂ ਨਾਲ ਜੋੜਨ ਅਤੇ ਜੋ ਨੌਜਵਾਨ/ਬੱਚੇ ਸਵਿਮਿੰਗ ਕਰਨ ਦੇ ਚਾਹਵਾਨ ਹਨ ਉਹ ਇਸ ਨੂੰ ਜ਼ਰੂਰ ਜੁਆਇਨ ਕਰਨ। ਇਸ ਤੋਂ ਪਹਿਲਾਂ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ, ਸਹਾਇਕ ਕਮਿਸ਼ਨਰ ਰੁਪਿੰਦਰਪਾਲ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਸਿਮਰਨਜੀਤ ਸਿੰਘ ਰੰਧਾਵਾ ਅਤੇ ਸਮਾਜ ਸੇਵੀ ਗੁਰਪ੍ਰਤਾਪ ਸਿੰਘ ਪੰਨੂ ਨੇ ਵੀ ਖਿਡਾਰੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਸਰਪੰਚ ਗੁਰਜੀਵ ਸਿੰਘ ਬੱਬਰੀ, ਸਰਪੰਚ ਜਗਦੀਪ ਸਿੰਘ, ਸਰਪੰਚ ਅਮਨਦੀਪ ਸਿੰਘ, ਸਰਪੰਚ ਜਤਿੰਦਰਪਾਲ ਸਿੰਘ, ਜੋਤੀ ਹੱਲਾ ਅਤੇ ਬਲਾਕ ਪ੍ਰਧਾਨ ਰਣਜੀਤ ਸਿੰਘ ਤੇ ਗਾਈਡੈਂਸ ਕੌਂਸਲਰ ਪਰਮਿੰਦਰ ਸਿੰਘ ਸੈਣੀ ਆਦਿ ਸਨ।

# ਪ੍ਰਤਾਪ ਵਰਲਡ ਸਕੂਲ ਦੀ ਤੈਰਾਕ ਸੋਨਾਕਸ਼ੀ ਨੇ ਨੈਸ਼ਨਲ ਲਈ ਕੀਤਾ ਕੁਆਲੀਫਾਈ

**ਪਠਾਨਕੋਟ (ਦਵਿੰਦਰ ਸਿੰਘ)**-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਦੀ ਵਿਦਿਆਰਥਣ ਸੋਨਾਕਸ਼ੀ ਨੇ 19 ਜੁਲਾਈ ਨੂੰ ਲੁਧਿਆਣਾ ਵਿੱਚ ਹੋਈ 36 ਵੀਂ ਸਬ-ਜੂਨੀਅਰ ਪੰਜਾਬ ਸਟੇਟ ਸਵਿਮਿੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਦੇ ਹੋਏ 200 ਮੀਟਰ ਫ੍ਰੀਸਟਾਇਲ, 200 ਮੀਟਰ ਇੰਡੀਵੀਜੁਅਲ ਮੈਡਲੇ ਅਤੇ 100 ਮੀਟਰ ਬੈਕਸਟ੍ਰੋਕ ਵਰਗੀਆਂ ਚੁਣੌਤੀਪੂਰਨ ਈਵੈਂਟਸ ਵਿੱਚ ਹਿੱਸਾ ਲਿਆ ਅਤੇ ਸੋਨੇ ਦੇ ਤਗਮੇ ਜਿੱਤ ਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ।



ਇਸ ਸ਼ਾਨਦਾਰ ਪ੍ਰਦਰਸ਼ਨ ਨਾਲ ਉਸ ਨੇ ਪੰਜਾਬ ਦੀ ਨੁਮਾਇੰਦਗੀ ਕਰਦੇ ਹੋਏ ਆਉਣ ਵਾਲੀ ਨੈਸ਼ਨਲ ਸਵਿਮਿੰਗ ਚੈਂਪੀਅਨਸ਼ਿਪ ਲਈ ਕੁਆਲੀਫਾਈ ਕਰ ਲਿਆ ਹੈ। ਨਿਰਦੇਸ਼ਕ ਸੰਨੀ ਮਹਾਜਨ ਨੇ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸੋਨਾਕਸ਼ੀ ਦੀ ਉਪਲਬਧੀ ਇਹ ਦਿਖਾਉਂਦੀ ਹੈ ਕਿ ਜਦੋਂ ਪ੍ਰਤਿਭਾ ਨੂੰ ਸਹੀ ਮੌਕੇ ਮਿਲਦੇ ਹਨ, ਤਾਂ ਅਸਾਧਾਰਨ ਨਤੀਜੇ ਸਾਹਮਣੇ ਆਉਂਦੇ ਹਨ। ਨਿਰਦੇਸ਼ਕ ਓਸ਼ਿਨ ਮਹਾਜਨ ਨੇ ਕਿਹਾ ਕਿ ਇਹ ਜਿੱਤ ਸਕੂਲ ਦੇ ਸਰਬੰਗੀ ਵਿਕਾਸ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ। ਪ੍ਰਿੰਸੀਪਲ ਸ੍ਰੀਮਤੀ ਸ਼ੁਭਰਾ ਰਾਣੀ ਨੇ ਕਿਹਾ ਕਿ ਸੋਨਾਕਸ਼ੀ ਨੇ ਤਿੰਨ ਸੋਨੇ ਦੇ ਤਗਮੇ ਜਿੱਤ ਕੇ ਸਕੂਲ ਅਤੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ। ਅਸੀਂ ਆਸ ਕਰਦੇ ਹਾਂ ਕਿ ਉਹ ਰਾਸ਼ਟਰੀ ਪੱਧਰ 'ਤੇ ਵੀ ਪੰਜਾਬ ਦਾ ਨਾਂਅ ਰੌਸ਼ਨ ਕਰੇਗੀ।

# ਲੈਂਡ ਪੂਲਿੰਗ ਸਕੀਮ ਅਧੀਨ ਜ਼ਮੀਨਾਂ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਨੂੰ ਕਾਂਗਰਸ ਨਾਕਾਮ ਕਰ ਦੇਵੇਗੀ : ਹਰਪ੍ਰਤਾਪ ਅਜਨਾਲਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਲੈਂਡ ਪੂਲਿੰਗ ਸਕੀਮ ਅਧੀਨ ਕਿਸਾਨਾਂ ਦੀਆਂ ਜ਼ਮੀਨਾਂ 'ਤੇ ਆਪ ਸਰਕਾਰ ਵੱਲੋਂ ਧੱਕੇ ਨਾਲ ਕੀਤੇ ਜਾ ਰਹੇ ਕਬਜ਼ੇ ਨੂੰ ਕਾਂਗਰਸ ਪਾਰਟੀ ਨਾਕਾਮ ਕਰ ਦਵੇਗੀ। ਇਸ ਗੱਲ ਦਾ ਪ੍ਰਗਟਾਵਾ ਕਾਂਗਰਸ ਦਿਹਾਤੀ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਹਲਕਾ ਅਜਨਾਲਾ ਦੇ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਨੇ ਪਿੰਡ ਲਸ਼ਕਰੀ ਨੰਗਲ ਵਿਖੇ ਸਾਬਕਾ ਸਰਪੰਚ ਜਸਬੀਰ ਕੌਰ ਦੇ ਗ੍ਰਹਿ ਵਿਖੇ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਆਪ ਸਰਕਾਰ



ਲੋਕਾਂ ਨੂੰ ਗੁੰਮਰਾਹ ਕਰਕੇ , ਉਨ੍ਹਾਂ ਨੂੰ ਚਾਰ ਗੁਣਾਂ ਮੁਨਾਫ਼ੇ ਦਾ ਝੂਠਾ ਲਾਲਚ ਦੇ ਕੇ ਕਿਸਾਨਾਂ ਦੀਆਂ ਵਾਹੀ ਯੋਗ ਜ਼ਮੀਨਾਂ ਨੂੰ ਉਜਾੜ ਕੇ ਕਿਸਾਨਾਂ ਦਾ ਉਜਾੜਾ ਕਰਨ 'ਤੇ ਤੁਲੀ ਹੋਈ ਹੈ।

ਕਾਂਗਰਸ ਪਾਰਟੀ ਕਿਸਾਨਾਂ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਲੋਕ ਮੂੰਹ ਨਹੀਂ ਲਾਉਣਗੇ। ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਤੰਗ ਆ ਕੇ ਲੋਕ ਹਲਕੇ ਵਿੱਚ ਆਮ ਆਦਮੀ ਪਾਰਟੀ ਨੂੰ ਤਿਲਾਂਜਲੀ ਦੇ ਕੇ ਧੜਾਧੜ ਕਾਂਗਰਸ ਵਿੱਚ ਸ਼ਾਮਲ ਹੋ ਰਹੇ ਹਨ । ਇਸ ਮੌਕੇ ਦਲਜੀਤ ਸਿੰਘ ਆੜਤੀ, ਪ੍ਰਧਾਨ ਗੁਰਵਿੰਦਰ ਸਿੰਘ ਲਸ਼ਕਰੀ ਨੰਗਲ, ਸਤਨਾਮ ਸਿੰਘ, ਮਨਸਿਮਰਨ ਸਿੰਘ ਮਨੀ, ਸਰਦੂਲ ਸਿੰਘ, ਦਿਲਬਾਗ ਸਿੰਘ, ਲਵਪ੍ਰੀਤ ਸਿੰਘ, ਪਾਸਟਰ ਜਤਿੰਦਰ, ਪ੍ਰਕਾਸ਼ ਸਿੰਘ, ਗੁਰਨਾਮ ਸਿੰਘ, ਪ੍ਰਭਪਾਲ ਸਿੰਘ, ਕਰਨਬੀਰ ਸਿੰਘ, ਦਵਿੰਦਰ ਸਿੰਘ, ਸੁਖਤਾਜ ਸਿੰਘ, ਸੂਬੇਦਾਰ ਸਰਦੂਲ ਸਿੰਘ, ਮਨਜੀਤ ਸਿੰਘ (ਸੋਨੂੰ) ਮੈਂਬਰ ਪੰਚਾਇਤ, ਸੁਖਦੇਵ ਸਿੰਘ ਸੁੱਖਾ, ਹਰਜਿੰਦਰ ਸਿੰਘ, ਜਗਰੂਪ ਸਿੰਘ ਅਤੇ ਪਿੰਡ ਦੇ ਹੋਰ ਮੋਹਤਬਰ ਵਿਅਕਤੀ ਵੀ ਮੌਜੂਦ ਸਨ।

# ਸੁਖਜਿੰਦਰ ਸਿੰਘ ਝੱਲ ਤੀਸਰੀ ਵਾਰ ਪ੍ਰੈੱਸ ਕਲੱਬ ਅਮਰਗੜ੍ਹ ਦੇ ਪ੍ਰਧਾਨ ਬਣੇ

**ਅਮਰਗੜ੍ਹ(ਹਰਪ੍ਰੀਤ ਸਿੰਘ)**-2016 ਵਿੱਚ ਰਜਿਸਟਰਡ ਹੋ ਕੇ ਹੋਂਦ 'ਚ ਆਏ ਪ੍ਰੈਸ ਕਲੱਬ ਅਮਰਗੜ੍ਹ (ਰਜਿ) ਦੀ ਇਸ ਵਾਰ ਦੀ ਹੋਈ ਚੋਣ ਸਬੰਧੀ ਗਰੀਨ ਫ਼ੀਲਡ ਬਾਗੜੀਆਂ ਵਿਖੇ ਰੱਖੀ ਗਈ ਮੀਟਿੰਗ ਵਿੱਚ ਹਾਜ਼ਰ 21 ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਸੁਖਜਿੰਦਰ ਸਿੰਘ ਝੱਲ ਨੂੰ ਤੀਜੀ ਵਾਰ ਫਿਰ ਤੋਂ ਕਲੱਬ ਦਾ ਪ੍ਰਧਾਨ ਚੁਣ ਲਿਆ ਗਿਆ।


ਇਸ ਦੇ ਨਾਲ ਹੀ ਕਲੱਬ ਦੇ ਬਾਕੀ



ਅਹੁਦੇਦਾਰਾਂ ਦੀ ਵੀ ਚੋਣ ਕੀਤੀ ਗਈ ਜਿਨ੍ਹਾਂ ਵਿੱਚ ਹਰੀਸ਼ ਕੁਮਾਰ ਅਬਰੋਲ ਸੀਨੀਅਰ ਮੀਤ ਪ੍ਰਧਾਨ, ਗੁਰਮੀਤ ਸਿੰਘ ਮੰਨਵੀ ਤੇ ਰਣਧੀਰ ਸਿੰਘ ਮੁਹਾਲਾ ਨੂੰ ਮੀਤ ਪ੍ਰਧਾਨ, ਕੁਲਵੰਤ ਸਿੰਘ ਮੁਹਾਲੀ ਤੇ ਵਰਿੰਦਰ ਸਿੰਘ ਗਿੱਲ ਨੂੰ ਜਨਰਲ ਸਕੱਤਰ, (ਖਜ਼ਾਨਚੀ) ਗੁਰਜੰਟ ਸਿੰਘ ਢਢੋਗਲ, ਹਰਭਗਵਾਨ ਸਿੰਘ ਚੀਮਾ ਤੇ ਸੁੱਖਵਿੰਦਰ ਸਿੰਘ ਨੰਗਲ, ਪ੍ਰਚਾਰਕ ਸਕੱਤਰ ਬਹਾਦਰ ਸਿੰਘ ਭੀਲੋਵਾਲ, ਸਹਿ ਪ੍ਰਚਾਰਕ ਸਕੱਤਰ ਸ਼ਮਸ਼ੇਰ ਸਿੰਘ ਖੇੜੀ ਸੋਢੀਆਂ, ਪ੍ਰੈਸ ਸਕੱਤਰ ਜਨਾਬ ਜਗਰਾਜ ਖਾਨ ਤੇ ਸਤਵੰਤ ਸਿੰਘ ਭੁੱਲਰਾਂ, ਜਥੇਬੰਦਕ ਸਕੱਤਰ ਰਣਜੀਤ ਸਿੰਘ ਮਣੀ ਤੇ ਹਰਪ੍ਰੀਤ ਸਿੰਘ, ਲੀਗਲ ਐਡਵਾਈਜ਼ਰ, ਐਡਵੋ. ਸਾਹਿਜਪਾਲ ਚਪੜੌਦਾ, ਸਲਾਹਕਾਰ ਜਗਦੀਸ਼ ਕੁਮਾਰ ਗੁਪਤਾ ਤੇ ਸੁਰਿੰਦਰ ਕੁਮਾਰ ਸਿੰਗਲਾ ਅਤੇ ਗੁਰਬਾਜ਼ ਬੈਨੀਪਾਲ ਸਮੇਤ ਲਵਦੀਪ ਸਿੰਘ ਮੰਨਵੀ ਨੂੰ ਕਾਰਜਕਾਰੀ ਮੈਂਬਰ ਬਣਾਇਆ ਗਿਆ ਹੈ।

# ਆਰ ਡੀ ਖੋਸਲਾ ਸਕੂਲ ਦੇ 20 ਵਿਦਿਆਰਥੀਆਂ ਕਰਾਟੇ 'ਚ ਸੋਨੇ ਦੇ ਤਗਮੇ ਜਿੱਤੇ

ਬਟਾਲਾ (ਤਰਲੋਕ ਬੱਗਾ/ਡਾ. ਮਲਵਿੰਦਰ ਸਿੰਘ )-ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਦਿਆਰਥੀਆਂ



ਨੇ ਪੰਜਾਬ ਸਕੂਲ ਜ਼ੋਨਲ ਪੱਧਰੀ ਖੇਡਾਂ ਵਿੱਚ ਕਰਾਟੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕੁੱਲ 20 ਸੋਨੇ ਦੇ ਤਗਮੇ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਇਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਚੁਣਿਆ ਗਿਆ।ਸਕੂਲ ਦੀ ਲੜਕਿਆਂ ਦੀ ਕਰਾਟੇ ਟੀਮ ਵਿੱਚ ਦਸ ਵਿਦਿਆਰਥੀਆਂ ਨੇ ਸੋਨੇ, ਸੱਤ ਵਿਦਿਆਰਥੀਆਂ ਨੇ ਚਾਂਦੀ ਅਤੇ ਦੋ ਵਿਦਿਆਰਥੀਆਂ ਨੇ ਕਾਂਸੇ ਦੇ ਤਗਮੇ ਜਿੱਤੇ।ਸਕੂਲ ਦੀ ਲੜਕੀਆਂ ਦੀ ਕਰਾਟੇ ਟੀਮ ਵਿੱਚ 10 ਵਿਦਿਆਰਥੀਆਂ ਨੇ ਸੋਨੇ, ਤਿੰਨ ਵਿਦਿਆਰਥੀਆਂ ਨੇ ਚਾਂਦੀ ਅਤੇ ਦੋ ਵਿਦਿਆਰਥੀਆਂ ਨੇ ਕਾਂਸੇ ਦੇ ਤਗਮੇ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਮਨਜਿੰਦਰ ਸਿੰਘ ਨੂੰ ਵਧਾਈ ਦਿੱਤੀ ।ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਾ ਪੱਧਰੀ ਤਿਆਰੀ ਲਈ ਵਿਸ਼ੇਸ਼ ਸਿਖਲਾਈ ਸੈਸ਼ਨ ਆਯੋਜਿਤ ਕੀਤੇ ਜਾ ਰਹੇ ਹਨ ਤਾਂ ਜੋ ਵਿਦਿਆਰਥੀ ਹੋਰ ਸਫਲਤਾ ਪ੍ਰਾਪਤ ਕਰ ਸਕਣ।

# ਨਗਰ ਕੌਂਸਲ ਪ੍ਰਧਾਨ ਜੋਗਿੰਦਰ ਕੁਮਾਰ ਨੰਦੂ ਦੇ ਪਿਤਾ ਅੱਲਾ ਦੱਤਾ ਨੂੰ ਸ਼ਰਧਾਂਜਲੀਆਂ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਨਗਰ ਕੌਂਸਲ ਕਾਦੀਆਂ ਦੇ ਪ੍ਰਧਾਨ ਜੋਗਿੰਦਰ ਕੁਮਾਰ ਨੰਦੂ ਦੇ ਪਿਤਾ ਸ੍ਰੀ ਅੱਲਾ ਦੱਤਾ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ 15 ਜੁਲਾਈ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਸਾਹਿਬ ਪਾਠ ਸਾਹਿਬ ਦੇ ਭੋਗ ਪਾਏ। ਉਪਰੰਤ ਅੰਤਿਮ ਅਰਦਾਸ ਸੰਧੂ ਡਰੀਮ ਲੈਂਡ ਪੈਲਸ ਵਿੱਚ ਰੱਖੀ ਗਈ। ਇਸ ਮੌਕੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਧਾਰਮਿਕ, ਰਾਜਨੀਤਕ, ਸਮਾਜ ਸੇਵੀ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਸ਼ਹਿਰ ਵਾਸੀਆਂ ਵੱਲੋਂ ਅੱਲਾ ਦੱਤਾ ਨੂੰ ਸ਼ਰਧਾਂਜਲੀ ਦਿੰਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਸ਼ਰਧਾਜਲੀ ਭੇਟ ਕਰਦਿਆਂ ਗੁਰਿੰਦਰ ਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਮੈਂਬਰ ਕੋਰ ਕਮੇਟੀ, ਰਾਜਨਬੀਰ ਸਿੰਘ ਘੁਮਾਣ ਹਲਕਾ ਇੰਚਾਰਜ



ਸ੍ਰੀ ਹਰਗੋਬਿੰਦਪੁਰ ਨੇ ਕਿਹਾ ਕਿ ਅੱਜ ਅਸੀਂ ਸ੍ਰੀ ਅੱਲਾ ਦੱਤਾ ਦੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਲਈ ਆਏ ਹਾਂ। ਪਰਮਾਤਮਾ ਅੱਲਾ ਦੱਤਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ। ਅੱਲਾ ਦੱਤਾ ਨੇ ਸਾਰੀ ਉਮਰ ਆਪਣੀ ਨੇਕ ਕਮਾਈ ਕਰਕੇ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕੀਤਾ । ਉਹਨਾਂ ਕਿਹਾ ਕਿ ਉਹਨਾਂ ਦਾ ਪੁੱਤਰ ਜੋਗਿੰਦਰ ਕੁਮਾਰ ਨੰਦੂ ਜੋ ਨਗਰਪਾਲਿਕਾ ਕਾਦੀਆਂ ਦਾ ਪ੍ਰਧਾਨ ਹੈ, ਕਾਦੀਆਂ ਨਿਵਾਸੀਆਂ ਦੀ ਦਿਨ ਰਾਤ ਸੇਵਾ ਕਰ ਰਿਹਾ ਹੈ। ਪਰਮਾਤਮਾ ਹਮੇਸ਼ਾ ਇਸ ਪਰਵਾਰ ਨੂੰ ਤਰੱਕੀ ਬਖਸ਼ੇ। ਇਸ ਮੌਕੇ ਅੱਲਾ ਦੱਤਾ ਦੇ ਪੁੱਤਰ ਜੋਗਿੰਦਰ ਕੁਮਾਰ ਨੰਦੂ, ਬਲਵਿੰਦਰ ਕੁਮਾਰ ਅਤੇ ਰਜਿੰਦਰ ਕੁਮਾਰ ਦੀ ਪੱਗੜੀ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਜੋਗਿੰਦਰ ਕੁਮਾਰ ਨੰਦੂ ਅਤੇ ਪਰਵਾਰ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਉਪਰੰਤ ਰਾਜਨਬੀਰ ਸਿੰਘ ਘੁਮਾਣ ਹਲਕਾ ਇੰਚਾਰਜ ਸ੍ਰੀ ਹਰਗੋਬਿੰਦਪੁਰ, ਐਸ ਜੀ ਪੀ ਸੀ ਮੈਂਬਰ ਗੁਰਿੰਦਰ ਪਾਲ ਸਿੰਘ ਗੋਰਾ, ਬਾਬਾ ਰਣਜੀਤ ਸਿੰਘ ਵੱਲੋਂ ਇਸ ਪਰਵਾਰ ਨੂੰ ਸਰੋਪੇ ਭੇਟ ਕੀਤੇ ਗਏ।ਇਸ ਮੌਕੇ ਬੀਜੇਪੀ ਜ਼ਿਲ੍ਹਾ ਗੁਰਦਾਸਪੁਰ ਦੀ ਵਾਈਸ ਪ੍ਰਧਾਨ ਕੁਲਵਿੰਦਰ ਕੌਰ ਗੁਰਾਈਆ, ਬੀਜੇਪੀ ਮੰਡਲ ਕਾਦੀਆਂ ਦੇ ਪ੍ਰਧਾਨ ਗੁਲਸ਼ਨ ਵਰਮਾ, ਜਰਨਲ ਸਕੱਤਰ ਅਸ਼ਵਨੀ ਵਰਮਾ, ਕੌਂਸਲਰਾਂ ਵਿੱਚ ਨਰਿੰਦਰ ਭਾਟੀਆ ਸਾਬਕਾ ਪ੍ਰਧਾਨ, ਪਰਸ਼ੋਤਮ ਲਾਲ ਹੰਸ, ਅਸ਼ੋਕ ਕੁਮਾਰ ਡੱਬ, ਅਬਦੂਲ ਵਾਸੇ, ਸਰਬਜੀਤ ਸਿੰਘ ਮਾਹਲ, ਗਿੰਨੀ ਭਾਟੀਆ, ਵਿਜੇ ਕੁਮਾਰ, ਸਾਬਕਾ ਕੌਂਸਲਰਾਂ ਵਿੱਚ ਹਰਭਜਨ ਸਿੰਘ, ਰਾਜੇਸ਼ ਮਹਾਜਨ ਤੋਂ ਇਲਾਵਾ ਜੋਗਿੰਦਰ ਪਾਲ ਭੂਟੋ, ਸੁਨੀਲ ਕੁਮਾਰ ਜੇਈ, ਵਰਿੰਦਰ ਖੋਸਲਾ, ਨਰੇਸ਼ ਕੁਮਾਰ ਅਰੋੜਾ, ਬਾਬਾ ਰਣਜੀਤ ਸਿੰਘ, ਜਸਪਾਲ ਸਿੰਘ ਭਾਟੀਆ, ਪ੍ਰੋਫੈਸਰ ਧਿਆਨ ਸਿੰਘ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਨਾਲ ਸੰਬੰਧਤ ਜਥੇਬੰਦੀਆਂ ਵੱਲੋਂ ਛਿੱਡਣ ਟੋਲ ਪਲਾਜ਼ੇ 'ਤੇ ਲੱਗੇ ਧਰਨੇ ਦੀ ਹਮਾਇਤ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸੰਯੁਕਤ ਕਿਸਾਨ ਮੋਰਚੇ ਨਾਲ ਸਬੰਧਤ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਜਿਨ੍ਹਾਂ ਵਿੱਚ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਕਿਰਤੀ ਕਿਸਾਨ ਯੂਨੀਅਨ ਭਾਰਤ ਤੋਂ ਜਤਿੰਦਰ ਸਿੰਘ ਛੀਨਾ, ਕਿਰਤੀ ਕਿਸਾਨ ਯੂਨੀਅਨ ਤੋਂ ਧਨਵੰਤ ਸਿੰਘ ਖਤਰਾਏ ਕਲਾਂ, ਕਿਸਾਨ ਸੰਘਰਸ਼ ਕਮੇਟੀ ਤੋਂ ਕੰਵਲਪ੍ਰੀਤ ਸਿੰਘ ਪਨੂੰ, ਆਜ਼ਾਦ ਸੰਘਰਸ਼ ਕਮੇਟੀ ਟਾਂਡਾ



ਗਰੁੱਪ, ਆਲ ਇੰਡੀਆ ਕਿਸਾਨ ਸਭਾ ਤੋਂ ਲਖਬੀਰ ਸਿੰਘ ਨਿਜ਼ਾਮਪੁਰਾ, ਪੰਜਾਬ ਕਿਸਾਨ ਯੂਨੀਅਨ ਤੋਂ ਬਲਵੀਰ ਸਿੰਘ ਮੂਧਲ, ਕਿਸਾਨ ਸੰਘਰਸ਼ ਕਮੇਟੀ ਤੋਂ ਨਿਸ਼ਾਨ ਸਿੰਘ, ਕੌਮੀ ਕਿਸਾਨ ਯੂਨੀਅਨ ਪੰਜਾਬ ਤੋਂ ਡੀ.ਐਸ.ਬੱਲ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਤੋਂ ਕਾਬਲ ਸਿੰਘ ਮੁਹਾਵਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਆਲ ਇੰਡੀਆ ਕਿਸਾਨ ਸਭਾ ਤੋਂ ਮਾਸਟਰ ਸੁੱਚਾ ਸਿੰਘ ਅਜਨਾਲਾ, ਜਮਹੂਰੀ ਕਿਸਾਨ ਸਭਾ ਤੋਂ ਡਾਕਟਰ ਸਤਨਾਮ ਸਿੰਘ ਅਜਨਾਲਾ ਅਤੇ ਬਾਰਡਰ ਏਰੀਆ ਸੰਘਰਸ਼ ਕਮੇਟੀ ਦੇ ਪ੍ਰਧਾਨ ਕਾਮਰੇਡ ਰਤਨ ਸਿੰਘ ਰੰਧਾਵਾ ਆਦਿ ਆਗੂਆਂ ਨੇ ਜਨਵਰੀ 2020 ਨੂੰ ਦਿੱਤੀ ਗਈ ਸਹੂਲਤ ਜੋ ਬੰਦ ਕਰ ਦਿੱਤੀ ਗਈ ਹੈ, ਨੂੰ ਮੁੜ ਬਹਾਲ ਕਰਨ ਲਈ ਛਿੱਡਣ ਟੋਲ ਪਲਾਜ਼ਾ 'ਤੇ ਲੜੇ ਜਾ ਰਹੇ ਸੰਘਰਸ਼ ਨੂੰ ਪੂਰਨ ਸਹਿਯੋਗ ਦੇਣ ਦਾ ਫੈਸਲਾ ਕੀਤਾ ਹੈ। ਕਿਸਾਨ ਮੋਰਚੇ ਨਾਲ ਸੰਬੰਧਤ ਜਥੇਬੰਦੀਆਂ ਦੀਆਂ ਸਾਰੀਆਂ ਧਿਰਾਂ ਅਤੇ ਆਗੂਆਂ ਨੇ ਟੋਲ ਪਲਾਜ਼ਾ ਛਿੱਡਣ ਦੇ ਮੁਲਾਜ਼ਮਾਂ ਦੀ ਯੂਨੀਫ਼ਾਰਮ 'ਤੇ ਨਾਮ ਲਾਗੂ ਕਰਨ, ਰੇਟ ਲਿਸਟ ਜਾਰੀ ਕਰਨ ਅਤੇ ਕੰਮ ਕਰਦੇ ਕਰਮਚਾਰੀਆਂ ਨੂੰ ਫੈਕਟਰੀ ਐਕਟ ਤਹਿਤ ਸਹੂਲਤਾਂ ਦੇਣ ਦੀ ਪੁਰਜ਼ੋਰ ਮੰਗ ਕੀਤੀ। ਸਮੂਹਿਕ ਕਿਸਾਨ ਆਗੂਆਂ ਨੇ ਇਕ ਮਹੀਨੇ ਤੋਂ ਲਗਾਤਾਰ ਮੌਜੂਦਾ ਟੋਲ ਪ੍ਰਬੰਧਕਾਂ ਵੱਲੋਂ ਲੋਕਾਂ ਦੀ ਕੀਤੀ ਜਾ ਰਹੀ ਲੁੱਟ ਅਤੇ ਬੇਇੱਜ਼ਤੀ ਦਾ ਆਉਣ ਵਾਲੇ ਸਮੇਂ ਵਿੱਚ ਤਿੱਖਾ ਸੰਘਰਸ਼ ਵਿੱਢਣ ਦਾ ਐਲਾਨ ਕੀਤਾ। ਆਗੂਆਂ ਬਾਬਾ ਅਰਜੁਨ ਸਿੰਘ, ਨਿਰਮਲ ਸਿੰਘ ਮੋਦੇ, ਮੁਖਤਾਰ ਸਿੰਘ ਮੁਹਾਵਾ, ਯੋਧਵੀਰ ਅਟਾਰੀ, ਬੂਟਾ ਸਿੰਘ ਰੋੜਾਂਵਾਲਾ, ਸੁਖ ਲਹੋਰੀਮਲ, ਸੰਤੋਖ ਸਿੰਘ ਬੱਚੀਵਿੰਡ, ਬਲਵਿੰਦਰ ਸਿੰਘ ਝਬਾਲ, ਹਰਪ੍ਰੀਤ ਸਿੰਘ ਰਾਜਾ ਤਾਲ, ਮਨਜੀਤ ਸਿੰਘ ਸਾਬਕਾ ਸਰਪੰਚ ਖ਼ਾਸਾ, ਭੁਪਿੰਦਰ ਸਿੰਘ ਰਤਨੇ, ਆਦਿ ਵੱਧ ਤੋਂ ਵੱਧ ਟੋਲ ਪਲਾਜ਼ਾ 'ਤੇ ਸ਼ਮੂਲੀਅਤ ਕਰਨ ਲਈ ਪਹੁੰਚਣ ਦਾ ਸੱਦਾ ਦਿੱਤਾ ਹੈ।

# ਡਾ. ਮਨਜਿੰਦਰ ਸਿੰਘ ਨੂੰ ਡਾ. ਰਵਿੰਦਰ ਰਵੀ ਯਾਦਗਾਰੀ ਅਲੋਚਨਾ ਪੁਰਸਕਾਰ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵਲੋਂ ਦਿੱਤਾ ਜਾਣ ਵਾਲਾ ਬਹੁ-ਵਕਾਰੀ ਡਾ. ਰਵਿੰਦਰ ਰਵੀ ਯਾਦਗਾਰੀ ਅਲੋਚਨਾ ਪੁਰਸਕਾਰ ਇਸ ਵਾਰੀ ਪੰਜਾਬੀ ਵਿਦਵਾਨ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਮਨਜਿੰਦਰ ਸਿੰਘ ਨੂੰ ਦਿੱਤਾ ਗਿਆ। ਗੁਰੂ ਨਾਨਕ ਦੇਵ



ਯੂਨੀਵਰਸਿਟੀ ਦੇ ਕਾਨਫਰੰਸ ਹਾਲ ਵਿਚ ਹੋਏ ਸਮਾਗਮ ਦੇ ਕਨਵੀਨਰ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਸੁਸ਼ੀਲ ਦੁਸਾਂਝ ਅਤੇ ਮੀਤ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ ਦੀ ਅਗਵਾਈ ਵਿਚ ਹੋਇਆ। ਸਮਾਗਮ ਵਿਚ ਪ੍ਰਸਿੱਧ ਪੱਤਰਕਾਰ ਅਤੇ ਕਾਲਮ ਨਵੀਸ ਸਤਨਾਮ ਸਿੰਘ ਮਾਣਕ, ਡਾ. ਲਖਵਿੰਦਰ ਸਿੰਘ ਜੌਹਲ ਅਤੇ ਡਾ: ਮਨਮੋਹਨ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਉਪ ਕੁਲਪਤੀ ਡਾ. ਕਰਮਜੀਤ ਸਿੰਘ ਦੇ ਸੰਦੇਸ਼ ਨਾਲ ਸ਼ੁਰੂ ਹੋਏ ਇਸ ਸਮਾਗਮ ਵਿੱਚ ਸਤਨਾਮ ਸਿੰਘ ਮਾਣਕ ਨੇ ਕਿਹਾ ਕਿ ਡਾ. ਮਨਜਿੰਦਰ ਸਿੰਘ ਪੰਜਾਬੀ ਜ਼ੁਬਾਨ ਦੇ ਪ੍ਰਬੁੱਧ ਵਿਦਵਾਨ ਹਨ ਅਤੇ ਉਹਨਾਂ ਕੋਲ ਭਾਸ਼ਾ ਵਿਗਿਆਨ ਦੀ ਗਹਿਰੀ ਸਮਝ ਹੈ। ਡਾ. ਲਖਵਿੰਦਰ ਸਿੰਘ ਜੌਹਲ ਨੇ ਕੇਂਦਰੀ ਸਭਾ ਦੀ ਸਰਾਹਨਾ ਕਰਦਿਆਂ ਕਿਹਾ ਕਿ ਡਾ. ਰਵਿੰਦਰ ਰਵੀ ਅਲੋਚਨਾ ਪੁਰਸਕਾਰ ਲਈ ਡਾ. ਮਨਜਿੰਦਰ ਹੁਰਾਂ ਦੀ ਚੋਣ ਸ਼ਲਾਘਾਯੋਗ ਉੱਦਮ ਹੈ। ਡਾ: ਮਨਮੋਹਨ ਹੁਰਾਂ ਵਧਾਈ ਦੇਂਦਿਆਂ ਕਿਹਾ ਕਿ ਅਜਿਹੇ ਮਾਨ ਸਨਮਾਨ ਹੋਰ ਜ਼ਿੰਮੇਵਾਰੀਆਂ ਦਾ ਅਹਿਦ ਵੀ ਕਰਵਾਉਂਦੇ ਹਨ। ਸਮਾਗਮ ਸਮੇਂ ਡਾ. ਬਲਜੀਤ ਕੌਰ ਰਿਆੜ, ਡਾ. ਮੇਘਾ ਸਲਵਾਨ, ਡਾ. ਹਰਿੰਦਰ ਸੋਹਲ, ਬਲਵਿੰਦਰ ਸੰਧੂ, ਗੁਰਮੀਤ ਬਾਜਵਾ, ਜਗਦੀਸ਼ ਸਚਦੇਵਾ, ਡਾ. ਹਰਪ੍ਰੀਤ ਰਾਣਾ ਅਤੇ ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ ਨੇ ਵੀ ਸੰਬੋਧਨ ਕਰਦਿਆਂ ਡਾ. ਮਨਜਿੰਦਰ ਸਿੰਘ ਨੂੰ ਮੁਬਾਰਕਬਾਦ ਦਿੱਤੀ, ਜਦਕਿ ਸਭਾ ਦੇ ਮੀਤ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ ਨੇ ਸਭ ਦਾ ਧੰਨਵਾਦ ਕੀਤਾ।

# ਚੇਅਰਮੈਨ ਰਮਨ ਬਹਿਲ ਵੱਲੋਂ ਬੱਸ ਸਟੈਂਡ ਵਿਖੇ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਵੀਰਵਾਰ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਜੀ ਬੱਸ ਅੱਡੇ ਵਿੱਚ ਨਵੇਂ ਬਣਨ ਵਾਲੇ ਆਮ ਆਦਮੀ ਕਲੀਨਿਕ ਦੀ ਸ਼ੁਰੂਆਤ ਕਰਵਾਈ ਗਈ। ਪੰਜਾਬ ਸਰਕਾਰ ਵੱਲੋਂ ਇਸ ਕਲੀਨਿਕ ਦੀ ਉਸਾਰੀ ਉੱਪਰ 25 ਲੱਖ ਰੁਪਏ ਖ਼ਰਚੇ ਜਾਣਗੇ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 1.75 ਕਰੋੜ ਰੁਪਏ ਦੀ ਲਾਗਤ ਨਾਲ ਗੁਰਦਾਸਪੁਰ ਸ਼ਹਿਰ ਵਿੱਚ 7 ਹੋਰ ਨਵੇਂ ਆਮ ਆਦਮੀ ਕਲੀਨਿਕ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿਚੋਂ 5 ਆਮ ਆਦਮੀ ਕਲੀਨਿਕਾਂ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਗਿਆ ਹੈ।ਉਨ੍ਹਾ ਦੱਸਿਆ ਕਿ ਇਹ ਨਵੇਂ 7 ਆਮ ਆਦਮੀ ਕਲੀਨਿਕ ਗੁਰਦਾਸਪੁਰ ਸ਼ਹਿਰ ਦੇ ਨਵੇਂ ਬੱਸ ਸਟੈਂਡ, ਗੀਤਾ ਭਵਨ, ਅੱਖਾਂ ਦਾ ਹਸਪਤਾਲ (ਨੇੜੇ ਸਰਕਾਰੀ ਆਈ.ਟੀ.ਆਈ.), ਪੀ.ਐੱਚ.ਸੀ ਘੁਰਾਲਾ, ਕਮਿਊਨਿਟੀ ਹਾਲ ਨਬੀਪੁਰ, ਕੋਰਟ ਕੰਪਲੈਕਸ ਅਤੇ ਬਾਬੋਵਾਲ ਵਿਖੇ ਬਣਾਏ ਜਾ ਰਹੇ ਹਨ। ਚੇਅਰਮੈਨ ਨੇ ਅੱਗੇ ਦੱਸਿਆ ਕਿ ਇਨ੍ਹਾਂ ਆਮ ਆਦਮੀ ਕਲੀਨਿਕਾਂ ਦੀ ਇਮਾਰਤ ਵਿੱਚ ਡਾਕਟਰ ਰੂਮ, ਫਾਰਮੇਸੀ ਰੂਮ, ਮਰੀਜ਼ਾਂ ਲਈ ਵੇਟਿੰਗ ਰੂਮ, ਇੱਕ ਐਡੀਸ਼ਨਲ ਰੂਮ ਬਣਾਏ ਜਾਣਗੇ। ਇਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਸਮੁੱਚਾ ਫ਼ਰਨੀਚਰ, ਤਿੰਨ ਏ.ਸੀ. ਅਤੇ ਆਰ.ਓ. ਸਮੇਤ ਵਾਟਰ ਕੂਲਰ ਵੀ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਇੱਥੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕ ਵਿੱਚ 46 ਤਰ੍ਹਾਂ ਦੇ ਟੈਸਟਾਂ ਦੀ ਮੁਫ਼ਤ ਸਹੂਲਤ ਉਪਲਬਧ ਹੈ ਅਤੇ 103 ਤਰ੍ਹਾਂ ਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਂਦੀਆਂ



ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਹਸਪਤਾਲ ਬੱਬਰੀ ਵਿਖੇ ਵੀ ਜਲਦੀ ਹੀ ਨਵੇਂ ਪ੍ਰੋਜੈਕਟ ਸ਼ੁਰੂ ਹੋ ਜਾਣਗੇ। ਬਹਿਲ ਨੇ ਸਿਹਤ ਖੇਤਰ ਵਿੱਚ ਸੁਧਾਰਾਂ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਐਕਸੀਅਨ ਬਲਦੇਵ ਸਿੰਘ ਬਾਜਵਾ, ਸਰਪੰਚ ਗੁਰਜੀਵ ਸਿੰਘ ਬੱਬਰੀ, ਸਰਪੰਚ ਜਗਦੀਪ ਸਿੰਘ, ਸਰਪੰਚ ਅਮਨਦੀਪ ਸਿੰਘ, ਸਰਪੰਚ ਜਤਿੰਦਰਪਾਲ ਸਿੰਘ, ਜੋਤੀ ਹੱਲਾ ਅਤੇ ਬਲਾਕ ਪ੍ਰਧਾਨ ਰਣਜੀਤ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਮੁੰਡੀਆਂ ਵੱਲੋਂ ਦੋ ਵਾਟਰ ਸਪਲਾਈ ਸਕੀਮਾਂ ਦਾ ਉਦਘਾਟਨ

**ਜਲੰਧਰ (ਸ਼ੈਲੀ ਐਲਬਰਟ)**:- ਪੇਂਡੂ ਖੇਤਰ ਦੇ ਬੁਨਿਆਦੀ ਢਾਂਚੇ ਨੂੰ ਵੱਡੇ ਪੱਧਰ 'ਤੇ ਹੁਲਾਰਾ ਦਿੰਦਿਆਂ ਪੰਜਾਬ ਦੇ ਮਾਲ, ਪੁਨਰਵਾਸ ਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਤੇ ਸੈਨੀਟੇਸ਼ਨ ਅਤੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵਲੋਂ ਬੁੱਧਵਾਰ ਨੂੰ ਜਲੰਧਰ ਵਿਖੇ ਕਰੀਬ 1.17 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਈਆਂ ਦੋ ਵਾਟਰ ਸਪਲਾਈ ਸਕੀਮਾਂ ਜਿਨ੍ਹਾਂ ਰਾਹੀਂ ਪੇਂਡੂ ਖੇਤਰ ਦੇ 432 ਘਰਾਂ ਨੂੰ ਪੀਣ ਯੋਗ ਸਾਫ਼-ਸੁਥਰਾ ਪਾਣੀ ਮੁਹੱਈਆ ਕਰਵਾਇਆ ਜਾਣਾ ਹੈ, ਦਾ ਉਦਘਾਟਨ ਕੀਤਾ ਗਿਆ। ਕੈਬਨਿਟ ਮੰਤਰੀ ਵਲੋਂ ਪਿੰਡ ਗੱਦੋਵਾਲੀ (ਜਲੰਧਰ-ਪੱਛਮੀ ਬਲਾਕ) ਵਿਖੇ ਪ੍ਰੋਜੈਕਟ ਤਹਿਤ 64.72 ਲੱਖ ਰੁਪਏ ਦੀ ਲਾਗਤ ਨਾਲ 10 ਮਹੀਨਿਆਂ ਵਿੱਚ ਮੁਕੰਮਲ ਹੋਈ ਵਾਟਰ ਸਪਲਾਈ ਸਕੀਮ ਨੂੰ ਲੋਕ ਅਰਪਣ ਕੀਤਾ ਗਿਆ। ਇਸ ਸਕੀਮ ਤਹਿਤ 225 ਘਰਾਂ ਨੂੰ ਪੀਣ ਯੋਗ ਸਾਫ਼-ਸੁਥਰੇ ਪਾਣੀ ਦਾ ਲਾਭ ਪਹੁੰਚੇਗਾ। ਇਸ ਮੌਕੇ ਉਨ੍ਹਾਂ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਦਾ ਸੁਨੇਹਾ ਦੇਣ ਲਈ ਪੌਦਾ ਵੀ ਲਗਾਇਆ। ਇਸੇ ਤਰ੍ਹਾਂ ਬਲਾਕ ਆਦਮਪੁਰ ਦੇ ਪਿੰਡ ਜਲਭੈ ਵਿਖੇ 52.26 ਲੱਖ ਰੁਪਏ ਦੀ ਲਾਗਤ ਨਾਲ 6 ਮਹੀਨਿਆਂ ਵਿੱਚ ਮੁਕੰਮਲ ਹੋਈ



ਦੂਜੀ ਵਾਟਰ ਸਪਲਾਈ ਸਕੀਮ, ਜਿਸ ਤਹਿਤ 207 ਘਰਾਂ ਨੂੰ ਪੀਣ ਯੋਗ ਸਾਫ਼-ਸੁਥਰਾ ਪਾਣੀ ਮੁਹੱਈਆ ਕਰਵਾਇਆ ਜਾਣਾ ਹੈ, ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਆਦਮਪੁਰ ਪਵਨ ਕੁਮਾਰ ਟੀਨੂੰ ਵੀ ਮੌਜੂਦ ਸਨ। ਦੋਹਾਂ ਪਿੰਡਾਂ ਵਿੱਚ ਕਰਵਾਏ ਸਮਾਗਮਾਂ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਇਨ੍ਹਾਂ ਸਕੀਮਾਂ ਤਹਿਤ ਵਿਭਾਗ ਵਲੋਂ ਨਵੇਂ ਟਿਊਬਵੈੱਲ ਲਗਾਉਣ, ਜਲ ਭੰਡਾਰ, ਪਾਈਪ ਲਾਈਨ ਵਿਛਾਉਣ, ਸੋਲਰ ਪੈਨਲ, ਕਲੋਰੀਨੇਸ਼ਨ ਯੂਨਿਟਸ ਅਤੇ ਪਾਣੀ ਦੇ ਕੁਨੈਕਸ਼ਨ ਰਾਹੀਂ ਇਨ੍ਹਾਂ ਪਿੰਡਾਂ ਵਿੱਚ ਸੁਚੱਜੀ ਜਲ ਸਪਲਾਈ ਸਕੀਮਾਂ ਨੂੰ ਯਕੀਨੀ ਬਣਾਇਆ ਗਿਆ ਹੈ। ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਇਹ ਪ੍ਰੋਜੈਕਟ ਪੰਜਾਬ ਸਰਕਾਰ ਵਲੋਂ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਹਿੱਸਾ ਹਨ।ਇਸ ਮੌਕੇ ਪਿੰਡ ਗੱਦੋਵਾਲੀ ਦੇ ਸਰਪੰਚ ਬਿਮਲਜੀਤ ਕੌਰ, ਪਿੰਡ ਜਲਭੈ ਦੇ ਸਰਪੰਚ ਪਰਮਜੀਤ ਕੌਰ ਸਮੇਤ ਸਮੁੱਚੀ ਪੰਚਾਇਤ ਤੇ ਪਿੰਡ ਵਾਸੀਆਂ ਵਲੋਂ ਪੰਜਾਬ ਸਰਕਾਰ ਦਾ ਇਹਨਾਂ ਪਹਿਲਕਦਮੀਆਂ ਲਈ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਇਹ ਉਪਰਾਲੇ ਪੇਂਡੂ ਖੇਤਰ ਦੇ ਵਿਕਾਸ ਵਿੱਚ ਮੀਲ ਦਾ ਸਾਬਿਤ ਹੋਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ. ਵਿਵੇਕ ਮੋਦੀ, ਚੀਫ ਇੰਜੀਨੀਅਰ ਰਾਜੇਸ਼ ਦੂਬੇ, ਮਾਰਕੀਟ ਕਮੇਟੀ ਆਦਮਪੁਰ ਦੇ ਚੇਅਰਮੈਨ ਪਰਮਜੀਤ ਸਿੰਘ ਵੀ ਹਾਜ਼ਰ ਸਨ।

# ਵੱਖ-ਵੱਖ ਥਾਣਿਆਂ ਦੀ ਪੁਲਸ ਵੱਲੋਂ 3 ਨਸ਼ਾ ਤਸਕਰ ਕਾਬੂ : ਡੀ ਐਸ ਪੀ

**ਬੰਗਾ (ਅਵਤਾਰ ਕਲੇਰ)** ਸਬ ਡਿਵੀਜ਼ਨ ਬੰਗਾ ਅਧੀਨ ਪੈਂਦੇ ਥਾਣਾ ਸਿਟੀ ਬੰਗਾ, ਮੁਕੰਦਪੁਰ, ਬਹਿਰਾਮ ਦੀ ਪੁਲਸ ਵੱਲੋਂ ਵੱਖ-ਵੱਖ ਥਾਵਾਂ ਤੋਂ 99 ਨਸ਼ੀਲੀਆਂ ਗੋਲੀਆਂ ਅਤੇ ਕੈਪਸੂਲ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ।ਹਰਜੀਤ ਸਿੰਘ ਰੰਧਵਾ ਡੀ ਐਸ ਪੀ ਬੰਗਾ ਨੇ ਦੱਸਿਆ ਕਿ ਸਦਰ ਥਾਣਾ ਬੰਗਾ ਦੇ ਪਿੰਡ ਨੌਰਾ ਦੇ ਰਹਿਣ ਵਾਲੇ ਗੁਰੁਦੱਤ (35) ਨੂੰ ਥਾਣਾ ਸਿਟੀ ਦੇ ਝਿੱਕਾ ਨਹਿਰ ਪੁਲ ਨੇੜੇ 20 ਨਸ਼ੀਲੀਆਂ ਗੋਲੀਆਂ ਸਮੇਤ ਹਿਰਾਸਤ ਵਿੱਚ ਲਿਆ ਗਿਆ। ਮੁਲਜ਼ਮ ਨੌਜਵਾਨ ਪੁਲਿਸ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕਰ ਰਿਹਾ ਸੀ। ਪਰ ਏ.ਐਸ.ਆਈ ਵਿਜੇ ਕੁਮਾਰ ਦੀ ਪੁਲਸ ਪਾਰਟੀ ਨੇ ਮੁਲਜ਼ਮ ਨੂੰ ਕਾਬੂ ਕਰ ਲਿਆ ਅਤੇ। ਦੂਜੇ ਮਾਮਲੇ ਵਿੱਚ ਥਾਣਾ ਮੁਕੰਦਪੁਰ ਦੇ ਐਸ.ਆਈ.ਰਾਮ ਪਾਲ ਨੇ ਪੁਰਾਣੇ ਪਸ਼ੂ ਹਸਪਤਾਲ ਦੇ ਨੇੜੇ ਤੋਂ ਪਿੰਡ ਦੇ ਰਿੰਕੂ ਕਾਂਡਾ ਨੂੰ ਐਨ ਡੀ ਪੀ ਐਸ ਐਕਟ ਤਹਿਤ 59 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਖ਼ਿਲਾਫ਼ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਤੀਜੇ ਮਾਮਲੇ ਵਿੱਚ, ਪੁਲਸ ਸਟੇਸ਼ਨ ਬਹਿਰਾਮ ਦੇ ਐਸ ਐਚ ਓ ਸੁਖਪਾਲ ਸਿੰਘ ਦੀ ਅਗਵਾਈ ਵਿੱਚ ਏ ਐੱਸ ਆਈ ਸ਼ਿੰਦਰਪਾਲ ਵੱਲੋਂ ਪੁਲਸ ਟੀਮ ਨਾਲ ਪਿੰਡ ਬੀੜ ਸਾਰੰਗਵਾਲ ਨੇੜੇ ਇੱਕ ਨੌਜਵਾਨ (24) ਨੂੰ 20 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਫੜੇ ਗਏ ਮੁਲਜ਼ਮਾਂ ਖ਼ਿਲਾਫ਼ ਐਨ.ਡੀ.ਪੀ.ਐਸ.ਐਕਟ ਅਧੀਨ ਮਾਮਲੇ ਦਰਜ਼ ਕਰਕੇ ਅਗਲੇਰੀ ਕਾਰਵਾਈ ਕੀਤੀ ਗਈ ਹੈ।



# ਬ੍ਰਹਮਲੀਨ ਸੰਤ ਗਰੀਬ ਦਾਸ ਦਾ ਸਾਲਾਨਾ ਬਰਸੀ ਸਮਾਗਮ ਮਨਾਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਡੇਰਾ ਬ੍ਰਹਮਲੀਨ ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਦੇ ਚੌਥੇ ਗੱਦੀਨਸ਼ੀਨ ਬ੍ਰਹਮਲੀਨ ਸੰਤ ਗਰੀਬ ਦਾਸ ਜੀ ਦਾ 31ਵਾਂ ਬਰਸੀ ਸਮਾਗਮ ਦੇਸ਼ ਵਿਦੇਸ਼ ਦੀਆਂ ਹਜ਼ਾਰਾਂ ਸ਼ਰਧਾਲੂ ਸੰਗਤਾਂ ਵੱਲੋਂ ਡੇਰੇ ਦੇ ਮੌਜੂਦਾ ਗੱਦੀਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ ਜੀ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰੱਸਟ ਵਾਰਾਨਸੀ (ਯੂ.ਪੀ) ਦੀ ਰਹਿਨਮਾਈ ਹੇਠ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਸਤਿਗੁਰੂ ਰਵਿਦਾਸ ਸਤਿਸੰਗ ਭਵਨ 'ਚ ਲੜੀਵਾਰ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਜਾਪ ਕਰਵਾਏ ਗਏ! ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਵਿਸ਼ਾਲ ਕੀਰਤਨ ਦੀਵਾਨ ਸਜਾਏ ਗਏ! ਜਿਸ ਵਿੱਚ ਵੱਖ-ਵੱਖ ਰਾਗੀ ਜਥਿਆਂ, ਮਿਸ਼ਨਰੀ ਗਾਇਕਾਂ ਤੇ ਵੱਖ-ਵੱਖ ਡੇਰਿਆਂ ਤੋਂ ਆਏ ਹੋਏ ਸੰਤ ਮਹਾਂਪੁਰਸ਼ਾਂ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਜੀਵਨ ਮਹਿਮਾ ਦਾ ਗੁਣਗਾਨ ਕਰਨ ਦੇ ਨਾਲ ਨਾਲ ਬ੍ਰਹਮਲੀਨ ਸੰਤ ਗਰੀਬ ਦਾਸ ਮਹਾਰਾਜ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਪ੍ਰਵਚਨ ਕਰਦੇ ਹੋਏ ਸੰਤ ਨਿਰੰਜਨ ਦਾਸ ਮਹਾਰਾਜ ਜੀ ਵੱਲੋ ਸੰਗਤ ਨੂੰ ਪ੍ਰਭੂ ਭਗਤੀ, ਸੰਤਾਂ ਦੀ ਸੰਗਤ, ਸੱਚੀ ਸੁੱਚੀ ਕਿਰਤ ਕਰਨ, ਬੱਚਿਆਂ ਨੂੰ ਵੱਧ ਤੋਂ ਵੱਧ ਵਿੱਦਿਆ ਪੜ੍ਹਾਉਣ, ਨਸ਼ਿਆਂ ਰਹਿਤ ਜੀਵਨ ਬਤੀਤ ਕਾਰਨ ਅਤੇ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਣ ਦੇ ਨਾਲ ਨਾਲ ਸਤਿਗੁਰੂ ਰਵਿਦਾਸ ਮਹਾਰਾਜ ਦੇ ਉਪਦੇਸ਼ਾਂ 'ਤੇ ਚੱਲਣ ਦਾ ਮਹਾਨ ਸੰਦੇਸ਼ ਦਿੱਤਾ! ਇਸ ਮੌਕੇ 'ਤੇ ਸੰਤ ਪ੍ਰਦੀਪ ਦਾਸ ਢੇਪੁਰ -ਕੂਪੁਰ,ਸੰਤ ਲੇਖ ਰਾਜ ਨੂਰਪੁਰ, ਸੰਤ ਕਿਸ਼ਨ ਨਾਥ ਚਹੇੜੂ ,ਸੰਤ ਸੰਤ ਪ੍ਰੀਤਮ ਦਾਸ ਸੰਗਤਪੁਰ, ਸੰਤ ਮਹਿੰਦਰ ਦਾਸ ਬੀਰਮਪੁਰ, ਸੰਤ ਦੇਸ ਰਾਜ ਦਰਾਵਾਂ, ਸੰਤ ਗੋਪਾਲਾ ਨੰਦ ਪੱਸੀਵਾਲ, ਸੰਤ ਲਖਵਿੰਦਰ ਸਿੰਘ ਕਡਿਆਣਾ, ਸੰਤ ਰਾਜਾ ਰਾਮ ਬਠਿੰਡਾ, ਸੰਤ ਹਰਵਿੰਦਰ ਦਾਸ, ਸੰਤ ਟਹਿਲ ਦਾਸ ਨੰਗਲ ਖੇੜਾ, ਸੰਤ ਅਸ਼ੋਕ ਸੰਤੋਖਪੁਰਾ, ਸੰਤ ਸਤਨਾਮ ਦਾਸ, ਸੰਤ ਗੁਰਮੁਖ ਦਾਸ, ਸੰਤ ਸੇਵਾਦਾਸ ਆਦਿ ਹਾਜਰ ਸਨ। ਮੰਚ ਸੰਚਾਲਕ ਦੀਆਂ ਸੇਵਾਵਾਂ ਗਿਆਨੀ ਕੁਲਵੰਤ ਸਿੰਘ ਕਜਲਾ ਵੱਲੋਂ ਨਿਭਾਈਆਂ ਗਈਆਂ। ਇਸ ਮੌਕੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਤੇ ਸੰਤ ਨਿਰੰਜਨ ਦਾਸ ਮਹਾਰਾਜ ਜੀ ਵੱਲੋਂ ਸਪਤਾਹਿਕ ਬੇਗਮਪੁਰਾ ਸ਼ਹਿਰ ਦਾ ਵਿਸ਼ੇਸ਼ ਅੰਕ ਲੋਕ ਅਰਪਣ ਵੀ ਕੀਤਾ ਗਿਆ! ਉਪਰੰਤ ਸੰਤ ਸਰਵਨ ਦਾਸ ਚੈਰੀਟੇਬਲ ਹਸਪਤਾਲ ਕਠਾਰ ਵੱਲੋਂ ਫਰੀ ਮੈਡੀਕਲ ਕੈਂਪ ਲਗਾ ਕੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ।



# ਐੱਸ ਡੀ ਐੱਮ ਨੇ ਕੁਰਾਲੀ-ਲਾਂਡਰਾਂ ਸੜਕ ਦਾ ਲਿਆ ਜਾਇਜ਼ਾ

**ਖਰੜ (ਹਰਨਾਮ ਸਿੰਘ ਡੱਲਾ)** ਪੰਜਾਬ ਸਰਕਾਰ ਦੇ ਹਾਲ ਹੀ ਵਿੱਚ ਸ਼ੁਰੂ ਕੀਤੇ ਗਏ 'ਪੰਜਾਬ ਸੜਕ ਸਫਾਈ ਮਿਸ਼ਨ' ਦੇ ਅਨੁਸਾਰ, ਐਸ ਡੀ ਐਮ ਖਰੜ, ਸ਼੍ਰੀਮਤੀ ਦਿਵਿਆ ਪੀ ਨੇ ਸਬ-ਡਵੀਜ਼ਨ ਦਫ਼ਤਰ ਵਿਖੇ ਇੱਕ ਸਮੀਖਿਆ ਮੀਟਿੰਗ ਕੀਤੀ ਅਤੇ ਕੁਰਾਲੀ-ਲਾਂਡਰਾਂ ਸੜਕ ਦਾ ਜ਼ਮੀਨੀ ਨਿਰੀਖਣ ਕੀਤਾ।ਇਸ ਦੌਰੇ ਦਾ ਉਦੇਸ਼ ਪੰਜਾਬ ਸਰਕਾਰ ਦੁਆਰਾ ਪੇਸ਼ ਕੀਤੇ ਗਏ ਜਵਾਬਦੇਹੀ-ਅਧਾਰਤ ਸ਼ਾਸਨ ਮਾਡਲ ਦੇ ਤਹਿਤ ਸੜਕ ਸਫਾਈ ਅਤੇ ਰੱਖ-ਰਖਾਅ ਦੀ ਸਥਿਤੀ ਦਾ ਮੁਲਾਂਕਣ ਕਰਨਾ ਸੀ। ਇਸ ਮਿਸ਼ਨ ਦੇ ਹਿੱਸੇ ਵਜੋਂ, ਸੀਨੀਅਰ ਅਧਿਕਾਰੀਆਂ ਨੂੰ ਰਾਜ ਭਰ ਵਿੱਚ ਖਾਸ ਸੜਕਾਂ ਦੇ ਹਿੱਸਿਆਂ ਦੀ ਦੇਖਭਾਲ ਲਈ ਜ਼ਿੰਮੇਵਾਰੀ ਸੌਂਪੀ ਗਈ ਹੈ।ਖੇਤਰੀ ਦੌਰੇ ਦੌਰਾਨ, ਸ਼੍ਰੀਮਤੀ ਦਿਵਿਆ ਪੀ ਨੇ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਦੇ ਅਧਿਕਾਰੀਆਂ ਅਤੇ ਨਗਰ ਕੌਂਸਲ ਦੇ ਕਾਰਜਕਾਰੀ ਅਧਿਕਾਰੀ ਨੂੰ ਸੜਕਾਂ ਦੀ ਮਾੜੀ ਸਥਿਤੀ, ਗੰਦੇ ਹਿੱਸਿਆਂ ਅਤੇ ਦੇਰੀ ਨਾਲ ਰੱਖ-ਰਖਾਅ ਨਾਲ ਸਬੰਧਤ ਚੁਣੌਤੀਆਂ ਨੂੰ ਦੂਰ ਕਰਨ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ। ਟੋਇਆਂ ਨੂੰ ਭਰਨ, ਡਰੇਨੇਜ ਪ੍ਰਣਾਲੀ ਨੂੰ ਬਿਹਤਰ ਬਣਾਉਣ, ਸਹੀ ਸਾਈਨ ਬੋਰਡ ਯਕੀਨੀ ਬਣਾਉਣ ਅਤੇ ਨਿਯਮਤ ਸਫਾਈ ਵਿਧੀਆਂ ਨੂੰ ਲਾਗੂ ਕਰਨ ਲਈ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ।ਉਨ੍ਹਾਂ ਨੇ ਕਿਹਾ ਕਿ ਕੁਰਾਲੀ-ਲਾਂਡਰਾਂ ਸੜਕ, ਰੋਜ਼ਾਨਾ ਆਉਣ-ਜਾਣ ਵਾਲੇ ਯਾਤਰੀਆਂ ਅਤੇ ਵਪਾਰ ਲਈ ਇੱਕ ਮਹੱਤਵਪੂਰਨ ਲਾਂਘਾ ਹੋਣ ਕਰਕੇ ਇਸ ਦੀ ਨਿਯਮਿਤ ਸਾਫ਼ ਸਫਾਈ ਅਤੇ ਸਾਂਭ ਸੰਭਾਲ ਜ਼ਰੂਰੀ ਹੈ।

# ਸਕੂਲ 'ਚ ਭਾਸ਼ਣ ਮੁਕਾਬਲੇ ਕਰਵਾਏ



**ਕਰਤਾਰਪੁਰ (ਹਰਮੇਸ਼ ਦੱਤ)** ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿਖੇ ਵੱਖ-ਵੱਖ ਭਾਸ਼ਣ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਹ ਮੁਕਾਬਲੇ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਅਤੇ ਵਿਸ਼ਲੇਸ਼ਣਾਤਮਕ ਸੋਚ ਨੂੰ ਵਿਕਸਤ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤੇ ਗਏ ਸਨ। ਮੁਕਾਬਲਿਆਂ ਵਿੱਚ ਪਹਿਲੀ ਅਤੇ ਦੂਜੀ ਜਮਾਤ ਲਈ ਕਵਿਤਾ ਪਾਠ, ਤੀਜੀ ਤੋਂ ਪੰਜਵੀਂ ਜਮਾਤ ਲਈ ਸਪੈੱਲ ਬੀ, ਛੇਵੀਂ ਅਤੇ ਸੱਤਵੀਂ ਜਮਾਤ ਲਈ ਭਾਸ਼ਣ ਮੁਕਾਬਲਾ ਅਤੇ ਅੱਠਵੀਂ ਤੋਂ ਦਸਵੀਂ ਜਮਾਤ ਲਈ ਬਹਿਸ ਮੁਕਾਬਲਾ ਸ਼ਾਮਲ ਸੀ।ਕਵਿਤਾ ਮੁਕਾਬਲਾ (ਕਲਾਸ 1 ਅਤੇ 2 ) ਪਹਿਲਾ ਸਥਾਨ: ਚਹਿਨੀਤ ਕੌਰ (ਕਲਾਸ 2) ਭਾਸ਼ਣ (ਕਲਾਸ 6 ਅਤੇ 7) ਗੋਬਿੰਦ ਹਾਊਸ ਪਹਿਲਾ ਸਥਾਨ : ਗੀਤ (ਕਲਾਸ 6) ਸ਼ਿਵਾਜੀ ਹਾਊਸ ਬਹਿਸ ਮੁਕਾਬਲਾ (ਕਲਾਸ 8 ਤੋਂ 10) ਪਹਿਲਾ ਇਨਾਮ: ਸੁਖਮੀਤ ਸਿੰਘ (ਕਲਾਸ 8) ਅਤੇ ਗੁਰਨੀਤ ਕੌਰ (ਕਲਾਸ 9) - ਸ਼ਿਵਾਜੀ ਹਾਊਸ ਇਸ ਮੌਕੇ ਸਕੂਲ ਚੇਅਰਪਰਸਨ ਮੈਡਮ ਸੁਰਿੰਦਰ ਕੌਰ, ਡਾ. ਚਰਨ ਸਿੰਘ, ਸਤਨਾਮ ਸਿੰਘ, ਪ੍ਰਿੰਸੀਪਲ ਮੈਡਮ ਸ਼੍ਰੀਮਤੀ ਕੰਵਲਜੀਤ ਕੌਰ ਦੁਆਰਾ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

# ਟੀਨੂੰ ਨੇ ਮੁਰਾਦਪੁਰ 'ਚ ਮੀਟਿੰਗ ਕਰਕੇ ਨਸ਼ਿਆਂ ਵਿਰੁੱਧ ਕੀਤਾ ਜਾਗਰੂਕ

**ਅਲਾਵਲਪੁਰ (ਮਦਨ ਬੰਗੜ)**- ਵਿਧਾਨ ਸਭਾ ਹਲਕਾ ਆਦਮਪੁਰ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਅਤੇ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਕੁਮਾਰ ਟੀਨੂੰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ ਮੁਰਾਦਪੁਰ ਵਿਖੇ ਮੀਟਿੰਗ ਕਰਕੇ ਪਿੰਡ ਮੁਰਾਦਪੁਰ ਅਤੇ ਜਗਰਾਵਾਂ ਵਾਸੀਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਤੋਂ ਵਿਸਥਾਰ ਪੂਰਵਕ ਜਾਗਰੂਕ ਕੀਤਾ ਗਿਆ। ਟੀਨੂੰ ਨੇ ਸਾਰੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਤੇ ਨਸ਼ਿਆਂ ਦੇ ਸਮਾਜ 'ਤੇ ਪੈ ਰਹੇ ਬੁਰੇ ਪ੍ਰਭਾਵ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਹਨਾਂ ਨੇ ਕਿਹਾ ਕਿ ਨਸ਼ਾ ਇੱਕ ਭਿਆਨਕ ਬਿਮਾਰੀ ਹੈ। ਜੋ ਸਾਡੇ ਨੌਜਵਾਨਾਂ ਅਤੇ ਸਮਾਜ ਨੂੰ ਅੰਦਰੋਂ ਅੰਦਰੀ ਖੋਖਲਾ ਕਰ ਰਹੀ ਹੈ। ਉਹਨਾਂ ਨੇ ਪੰਜਾਬ ਸਰਕਾਰ ਦੀ ਇਸ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵਚਨਬੱਧ ਹੈ ਤੇ ਇਸ ਲਈ ਲੋਕਾਂ ਦਾ ਸਹਿਯੋਗ ਹੋਣਾ ਬਹੁਤ ਜ਼ਰੂਰੀ ਹੈ। ਸਰਕਾਰ ਤੇ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਦੀ ਦਲਦਲ 'ਤੇ ਪੂਰੀ ਤਰ੍ਹਾਂ ਕਾਬੂ ਪਾਇਆ ਜਾ ਸਕਦਾ ਹੈ! ਉਹਨਾਂ ਪਿੰਡ ਵਿੱਚ ਮੀਟਿੰਗ ਦੌਰਾਨ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਵਿਅਕਤੀ ਪਿੰਡ ਵਿੱਚ ਨਸ਼ਾ ਵੇਚਣ ਦਾ ਕੰਮ ਕਰਦਾ ਹੈ ਤਾਂ ਇਸ ਦੀ ਇਤਲਾਹ ਪੰਜਾਬ ਪੁਲਸ ਜਾਂ ਫਿਰ ਸਰਕਾਰ ਵੱਲੋਂ ਜਾਰੀ ਕੀਤੇ ਗਏ ਨੰਬਰਾਂ 'ਤੇ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਦਾ ਨਾਂਅ ਗੁਪਤ ਰੱਖਿਆ ਜਾਵੇਗਾ। ਉਹਨਾਂ ਕਿਹਾ ਕਿ ਹਲਕੇ ਨੂੰ ਨਸ਼ਾ ਮੁਕਤ ਕਰਨ ਲਈ ਉਹ ਕੋਈ ਕਸਰ ਨਹੀਂ ਛੱਡਣਗੇ। ਇਸ ਦੌਰਾਨ ਟੀਨੂੰ ਨੇ ਸਮੂਹ ਪਿੰਡ ਵਾਸੀਆਂ ਨੂੰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੀ ਸਹਿਯੋਗ ਕਰਨ ਲਈ ਕਿਹਾ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਨਸ਼ਾ ਵੇਚਣ ਵਾਲਾ ਫੜਿਆ ਜਾਂਦਾ ਹੈ ਤਾਂ ਉਸ ਦੀ ਕੋਈ ਵੀ ਜਮਾਨਤ ਨਾ ਦੇਵੇ। ਇਸ ਮੌਕੇ ਦਲਜੀਤ ਸਿੰਘ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਸਰਪੰਚ ਰਸ਼ਪਾਲ ਕੌਰ ਮੁਰਾਦਪੁਰ, ਗੁਰਦੀਪ ਕੌਰ ਸਰਪੰਚ ਜਗਰਾਵਾਂ, ਕੁਲਦੀਪ ਸਿੰਘ ਚੀਮਾ ਸਾਬਕਾ ਸਰਪੰਚ ਮੁਰਾਦਪੁਰ, ਮਨਿੰਦਰ ਸਿੰਘ ਚੀਮਾ, ਸੁਖਜਿੰਦਰ ਸਿੰਘ ਧਾਰੀਵਾਲ, ਮਨਦੀਪ ਕੌਰ ਧਾਰੀਵਾਲ ,ਸੂਬੇਦਾਰ ਲਖਵੀਰ ਸਿੰਘ ਜਗਰਾਵਾਂ, ਨੰਬਰਦਾਰ ਦਿਲਬਾਗ ਸਿੰਘ ਜਗਰਾਵਾਂ ,ਦਲਜਿੰਦਰ ਸਿੰਘ ਜਿੰਦੂ ,ਪ੍ਰਗਟ ਸਿੰਘ ਸਾਬਕਾ ਸਰਪੰਚ ਜਗਰਾਵਾਂ ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।



## ਮਹਿੰਦਰਾ ਪਿਕਅੱਪ ਜੀਪ ਤੇ ਬੁਲਟ ਮੋਟਰਸਾਈਕਲ ਦੀ ਟੱਕਰ 'ਚ ਦੋ ਜ਼ਖ਼ਮੀ

**ਪਠਾਨਕੋਟ (ਦਵਿੰਦਰ ਸਿੰਘ)**-ਪਠਾਨਕੋਟ-ਡਲਹੌਜ਼ੀ-ਚੰਬਾ ਰਾਸ਼ਟਰੀ ਰਾਜਮਾਰਗ ਨੰਬਰ 154 ਏ 'ਤੇ ਪਿੰਡ ਬੁਗਲ ਦੇ ਸਟੇਟ ਬੈਂਕ ਦੇ ਸਾਹਮਣੇ ਇੱਕ ਮਹਿੰਦਰਾ ਪਿਕਅੱਪ ਜੀਪ ਅਤੇ ਮੋਟਰਸਾਈਕਲ ਦੀ ਆਹਮਣੇ-ਸਾਹਮਣੇ ਹੋਈ ਟੱਕਰ ਵਿੱਚ ਮੋਟਰਸਾਈਕਲ 'ਤੇ ਸਵਾਰ ਇੱਕ ਔਰਤ ਅਤੇ ਆਦਮੀ ਦੇ ਜ਼ਖ਼ਮੀ ਹੋਣ ਦੀ ਖ਼ਬਰ ਮਿਲੀ ਹੈ। ਮਿਲੀ ਜਾਣਕਾਰੀ ਅਨੁਸਾਰ ਇੱਕ ਮਹਿੰਦਰਾ ਪਿਕਅੱਪ ਜੀਪ ਜੋ ਧਾਰ ਤੋਂ ਪਠਾਨਕੋਟ ਵੱਲ ਜਾ ਰਹੀ ਸੀ, ਜਿਵੇਂ ਹੀ ਜੀਪ ਬੁਗਲ ਪਿੰਡ ਦੇ ਸਟੇਟ ਬੈਂਕ ਦੇ ਸਾਹਮਣੇ ਪਹੁੰਚੀ, ਤਾਂ ਉਸ ਦੇ ਅੱਗੇ ਇੱਕ ਮੋਟਰਸਾਈਕਲ ਜਾ ਰਿਹਾ ਸੀ, ਜਿਸ 'ਤੇ ਇੱਕ ਆਦਮੀ ਅਤੇ ਇੱਕ ਔਰਤ ਸਵਾਰ ਸਨ ਅਤੇ ਉਹ ਚੱਕੀ ਵੱਲ ਜਾ ਰਹੇ ਸਨ। ਇਸ ਦੌਰਾਨ ਜੀਪ ਨੇ ਚੱਕੀ ਤੋਂ ਬਧਾਨੀ ਵੱਲ ਜਾ ਰਹੇ ਇੱਕ ਹੋਰ ਬੁਲਟ ਮੋਟਰਸਾਈਕਲ ਜਿਸ 'ਤੇ ਇੱਕ ਆਦਮੀ ਅਤੇ ਇੱਕ ਔਰਤ ਸਵਾਰ ਸਨ, ਨਾਲ ਟੱਕਰ ਮਾਰੀ। ਇਸ ਹਾਦਸੇ ਵਿੱਚ ਬੁਲਟ ਮੋਟਰਸਾਈਕਲ 'ਤੇ ਸਵਾਰ ਚਾਲਕ ਅਤੇ ਔਰਤ ਨੂੰ ਗੰਭੀਰ ਸੱਟਾਂ ਲੱਗੀਆਂ ਹਨ, ਜਦ ਕਿ ਦੂਜੇ ਸਪਲੈਂਡਰ ਮੋਟਰਸਾਈਕਲ 'ਤੇ ਸਵਾਰ ਚਾਲਕ ਅਤੇ ਔਰਤ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਜ਼ਖ਼ਮੀ ਬੁਲਟ ਮੋਟਰਸਾਈਕਲ ਸਵਾਰਾਂ ਨੂੰ ਮਾਮੂਨ ਦੇ ਇੱਕ ਪ੍ਰਾਈਵੇਟ ਹਸਪਤਾਲ 'ਚ, ਜਦੋਂ ਕਿ ਸਪਲੈਂਡਰ ਮੋਟਰਸਾਈਕਲ ਸਵਾਰਾਂ ਨੂੰ ਕਮਿਊਨਿਟੀ ਹੈਲਥ ਸੈਂਟਰ ਬਧਾਨੀ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ। ਜ਼ਖ਼ਮੀ ਬੁਲਟ ਸਵਾਰ ਪਿੰਡ ਮੱਟੀ ਕੋਟ ਦੇ, ਜਦੋਂ ਕਿ ਸਪਲੈਂਡਰ ਮੋਟਰਸਾਈਕਲ ਸਵਾਰ ਪਿੰਡ ਸਿਲਬਾ ਦੇ ਰਹਿਣ ਵਾਲੇ ਦੱਸੇ ਜਾ ਰਹੇ ਹਨ।



## ਧੀਮਾਨ ਅਖਿਲ ਭਾਰਤੀ ਭ੍ਰਿਸ਼ਟਾਚਾਰ ਰੋਕੂ ਸੰਘਰਸ਼ ਕਮੇਟੀ ਦੇ ਪੰਜਾਬ ਸੈਕਟਰੀ ਬਣੇ

**ਬਲਾਚੌਰ (ਜਸਵਿੰਦਰ ਬੈਂਸ)**- ਅਖਿਲ ਭਾਰਤੀ ਭ੍ਰਿਸ਼ਟਾਚਾਰ ਰੋਕੂ ਸੰਘਰਸ਼ ਕਮੇਟੀ ਦੇ ਰਾਸ਼ਟਰੀ ਉਪ ਪ੍ਰਧਾਨ ਤੇਜ ਪ੍ਰਕਾਸ਼ ਖਾਸਾ ਨੇ ਦੱਸਿਆ ਕਿ ਤੇ ਅਵਤਾਰ ਸਿੰਘ ਧੀਮਾਨ ਪਿਛਲੇ ਕਾਫੀ ਸਮੇਂ ਤੋਂ ਸੰਗਠਨ ਨਾਲ ਜੁੜੇ ਹੋਏ ਹਨ। ਉਹ ਪਹਿਲਾਂ ਤੋਂ ਹੀ ਕਮੇਟੀ ਨਾਲ ਜੁੜ ਕੇ ਕੰਮ ਕਰ ਰਹੇ ਸਨ। ਉਹ ਭ੍ਰਿਸ਼ਟਾਚਾਰ ਵਿਰੁੱਧ ਆਵਾਜ਼ ਬੁਲੰਦ ਕਰ ਰਹੇ ਹਨ। ਜਿਸ ਤਹਿਤ ਉਨ੍ਹਾਂ ਵੱਲੋਂ ਕੀਤੇ ਗਏ ਕੰਮਾਂ ਅਤੇ ਪੰਜਾਬ ਵਿੱਚ ਸੰਗਠਨ ਨੂੰ ਅੱਗੇ ਵਧਾਉਣ ਲਈ ਅਵਤਾਰ ਸਿੰਘ ਧੀਮਾਨ ਨੂੰ ਅਖਿਲ ਭਾਰਤੀ ਭ੍ਰਿਸ਼ਟਾਚਾਰ ਰੋਕੂ ਸੰਘਰਸ਼ ਕਮੇਟੀ ਦਾ ਪੰਜਾਬ ਸੈਕਟਰੀ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਅਵਤਾਰ ਸਿੰਘ ਧੀਮਾਨ ਨੇ ਕਿਹਾ ਕਿ ਉਹ ਸੰਗਠਨ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਪੰਜਾਬ ਵਿੱਚ ਸੰਗਠਨ ਨੂੰ ਹੋਰ ਵੀ ਉਚਾਈਆਂ 'ਤੇ ਲੈ ਕੇ ਜਾਣਗੇ। ਸੰਗਠਨ ਵੱਲੋਂ ਉਨ੍ਹਾਂ ਨੂੰ ਜੋ ਵੀ ਜ਼ਿੰਮੇਵਾਰੀ ਸੌਂਪੀ ਜਾਵੇਗੀ, ਉਹ ਉਸ ਨੂੰ ਪੂਰਾ ਕਰਨਗੇ। ਇਸ ਦੌਰਾਨ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਹਾਦਰ ਚੰਦ ਅਰੋੜਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਮਨਮੋਹਨ ਸਿੰਘ ਗੁਲਾਟੀ, ਡਾ. ਸੁਪਿੰਦਰ ਸਿੰਘ ਢਿੱਲੋਂ, ਦਲਜੀਤ ਸਿੰਘ, ਮੋਹਨ ਲਾਲ, ਚਰਨਜੀਤ ਸਿੰਘ ਵਿਰਕ, ਐਡਵੋਕੇਟ ਲਖਬੀਰ ਕੁਮਾਰ, ਐਡਵੋਕੇਟ ਰਾਜਨ ਸੂਦ, ਜਤਿੰਦਰ ਪਾਲ ਸਿੰਘ ਕਲੇਰ, ਦਰਸ਼ਨ ਦਰਦੀ, ਮੋਹਿਤ ਕੁਮਾਰ, ਅੰਕੁਸ਼ ਰਾਣਾ, ਸਾਬਕਾ ਪੰਜਾਬ ਪ੍ਰਧਾਨ ਵਿਜੇ ਰਾਣਾ, ਤਰੁਣ ਵਰਮਾ, ਠੇਕੇਦਾਰ ਗੁਰਚਰਨ ਸਿੰਘ, ਦੀਦਾਰ ਸਿੰਘ ਬਹਿਲ, ਅਰੁਣ ਮੁਰਗਈ, ਬਾਲਕ੍ਰਿਸ਼ਨ ਆਨੰਦ, ਸਮਰਦੀਪ ਸਿੰਘ ਆਦਿ ਨੇ ਉਨ੍ਹਾਂ ਨੂੰ ਵਧਾਈ ਦਿੱਤੀ।



# ਆਵਾਰਾ ਤੇ ਬੇਸਹਾਰਾ ਪਸ਼ੂਆਂ ਨੂੰ ਗਊਸ਼ਾਲਾ ਤੱਕ ਪਹੁੰਚਾਉਣ ਦੀ ਸਖ਼ਤ ਹਦਾਇਤ

**ਜਲੰਧਰ (ਸ਼ੈਲੀ ਐਲਬਰਟ)**:- ਬੇਸਹਾਰਾ ਪਸ਼ੂ ਧਨ ਦੀ ਭਲਾਈ ਅਤੇ ਕੀਮਤੀ ਮਨੁੱਖੀ ਜਾਨਾਂ ਦੀ ਸੁਰੱਖਿਆ ਲਈ ਇਕ ਮਹੱਤਵਪੂਰਣ ਕਦਮ ਚੁੱਕਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ 31 ਅਗਸਤ ਤੱਕ ਬੇਸਹਾਰਾ ਪਸ਼ੂਆਂ ਨੂੰ ਗਊਸ਼ਲਾਵਾਂ ਵਿੱਚ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਪਸ਼ੂ ਭਲਾਈ ਕਮੇਟੀ ਅਤੇ ਜ਼ਿਲ੍ਹਾ ਸੁਸਾਇਟੀ ਫਾਰ ਪ੍ਰੀਵੈਨਸ਼ਨ ਆਫ਼ ਕਰੂਐਲਿਟੀ ਟੂ ਐਨੀਮਲਜ਼ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਇਸ ਕਾਰਜ ਨੂੰ ਮਿਸ਼ਨ ਮੋਡ 'ਤੇ ਚਲਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਕਦਮ ਦਾ ਉਦੇਸ਼ ਆਮ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਦੇ ਨਾਲ-ਨਾਲ ਬੇਸਹਾਰਾ ਪਸ਼ੂਧਨ ਦੀ ਢੁਕਵੀਂ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣਾ ਵੀ ਹੈ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ, ਐਸ.ਡੀ.ਐਮ. ਆਦਮਪੁਰ ਵਿਵੇਕ ਕੁਮਾਰ ਮੋਦੀ ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵੀ ਮੌਜੂਦ ਸਨ।ਬੇਸਹਾਰਾ ਪਸ਼ੂਆਂ ਦੀ ਸਮੱਸਿਆ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਡਾ. ਅਗਰਵਾਲ ਨੇ ਅਧਿਕਾਰੀਆਂ ਨੂੰ ਗਊਸ਼ਲਾਵਾਂ ਦੀ ਸਮਰੱਥਾ ਵਿੱਚ ਵਾਧਾ, ਵਰਕਫੋਰਸ ਵਧਾਉਣ, ਪਸ਼ੂ ਪਾਲਕਾਂ ਨੂੰ ਜਾਗਰੂਕ ਕਰਨ ਸਮੇਤ ਹੋਰ ਪੁਖ਼ਤਾ ਕਦਮ ਚੁੱਕਣ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਪਸ਼ੂ ਪਾਲਕਾਂ, ਡੇਅਰੀ ਮਾਲਕਾਂ ਨੂੰ ਐਸ.ਪੀ.ਸੀ.ਏ. ਵਿੱਚ ਸ਼ਾਮਲ ਕਰਨ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਸ਼ੂ ਪਾਲਕਾਂ ਅਤੇ ਡੇਅਰੀ ਮਾਲਕਾਂ ਨੂੰ ਦੁੱਧ ਦੇਣਾ ਛੱਡ ਚੁੱਕੇ ਪਸ਼ੂਆਂ ਨੂੰ ਬੇਸਹਾਰਾ ਛੱਡਣ ਦੀ ਬਜਾਏ ਗਊਸ਼ਲਾਵਾਂ ਵਿੱਚ ਪਹੁੰਚਾਉਣ ਲਈ ਜਾਗਰੂਕ ਕੀਤਾ ਜਾਵੇ ਤਾਂ ਇਨ੍ਹਾਂ ਦੀ ਸਹੀ ਢੰਗ ਨਾਲ ਸੰਭਾਲ ਹੋ ਸਕੇ।ਜ਼ਖਮੀ ਤੇ ਬਿਮਾਰ ਪਸ਼ੂਧਨ ਦੀ ਢੁਕਵੀਂ ਸੰਭਾਲ ਲਈ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੈਲਪਲਾਈਨ ਨੰਬਰ 9646-222-555 ਜਾਰੀ ਕਰਦਿਆਂ ਕਿਹਾ ਕਿ ਲੋਕ ਕਿਸੇ ਵੀ ਜ਼ਖਮੀ ਤੇ ਬੇਸਹਾਰਾ ਪਸ਼ੂਧਨ ਦੀ ਸੂਚਨਾ ਦੇਣ ਲਈ ਇਸ ਨੰਬਰ 'ਤੇ ਸੰਪਰਕ ਕਰ ਸਕਦੇ ਹਨ।ਮੀਟਿੰਗ ਵਿੱਚ ਸਹਾਇਕ ਡਾਇਰੈਕਟਰ ਪਸ਼ੂ ਪਾਲਣ ਡਾ. ਬਲਬੀਰ ਸਿੰਘ ਤੇ ਡਾ. ਕੁਲਵਿੰਦਰ ਸਿੰਘ ਤੋਂ ਇਲਾਵਾ ਨਗਰ ਨਿਗਮ ਜਲੰਧਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।



# ਐਂਟੀ ਰੈਬੀਜ਼ ਵੈਕਸੀਨ ਆਮ ਆਦਮੀ ਕਲੀਨਿਕਾਂ 'ਚ ਵੀ ਉਪਲੱਬਧ : ਡਾ. ਪੂਨਮ

**ਕਰਤਾਰਪੁਰ (ਹਰਮੇਸ਼ ਦੱਤ)** ਪੰਜਾਬ ਸਰਕਾਰ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਯਤਨ ਤਹਿਤ ਸਿਵਲ ਸਰਜਨ ਜਲੰਧਰ ਡਾ. ਗੁਰਮੀਤ ਲਾਲ ਦੀਆਂ ਹਿਦਾਇਤਾਂ ਅਨੁਸਾਰ ਬਲਾਕ ਕਰਤਾਰਪੁਰ ਦੇ ਸਾਰੇ ਆਮ ਆਦਮੀ ਕਲੀਨਿਕਾਂ ਵਿੱਚ ਐਂਟੀ ਰੈਬੀਜ ਵੈਕਸੀਨ ਦੀਆਂ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਜਿਨ੍ਹਾਂ ਵਿੱਚ ਆਮ ਆਦਮੀ ਕਲੀਨਿਕ ਮੱਲੀਆਂ, ਚਿੱਟੀ, ਨਿੱਜਰਾਂ, ਅਠੋਲਾ, ਰੰਧਾਵਾ ਮਸੰਦਾਂ, ਨਾਗਰਾ ਅਤੇ ਰਾਉਵਾਲੀ ਸ਼ਾਮਲ ਹਨ ।ਸੀਨੀਅਰ ਮੈਡੀਕਲ ਅਫਸਰ ਡਾ. ਪੂਨਮ ਨੇ ਦੱਸਿਆ ਕਿ ਇਹ ਕਦਮ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਚੁੱਕਿਆ ਗਿਆ ਹੈ, ਜਿਸ ਦਾ ਮੁੱਖ ਮਕਸਦ ਜਾਨਵਰਾਂ ਦੇ ਕੱਟਣ ਦੀ ਸਥਿਤੀ ਵਿੱਚ ਤੁਰੰਤ ਲੋਕਾਂ ਦੇ ਨਜ਼ਦੀਕ ਇਲਾਜ਼ ਉਪਲਬਧ ਕਰਵਾਉਣਾ ਹੈ।ਉਨ੍ਹਾਂ ਦੱਸਿਆ ਕਰਤਾਰਪੁਰ ਅਧੀਨ 7 ਆਮ ਆਦਮੀ ਕਲੀਨਿਕਾਂ ਵਿੱਚ ਐਂਟੀ ਰੈਬੀਜ ਵੈਕਸੀਨ ਉਪਲਬਧ ਕਰਵਾ ਦਿੱਤੀ ਗਈ ਹੈ।ਉਹਨਾਂ ਕਿਹਾ ਕਿ ਜਾਨਵਰਾਂ ਦੇ ਕੱਟਣ ਦੀ ਸਥਿਤੀ ਵਿੱਚ ਸਮੇਂ ਸਿਰ ਟੀਕਾਕਰਨ ਕਰਵਾਉਣਾ ਬਹੁਤ ਜ਼ਰੂਰੀ ਹੁੰਦਾ ਹੈ।ਰੈਬੀਜ ਇੱਕ ਘਾਤਕ ਬਿਮਾਰੀ ਹੈ। ਪਰ ਜੇਕਰ ਟੀਕਾਕਰਨ ਨਿਯਮਤ ਤਰੀਕੇ ਨਾਲ ਕਰਵਾਇਆ ਜਾਵੇ ਤਾਂ ਲੋਕ ਇਸ ਬਿਮਾਰੀ ਤੋਂ ਬਚ ਸਕਦੇ ਹਨ।



# ਭਾਮ ਵਿਖੇ ਮਾਤਾ ਭਾਮੇਸ਼ਵਰੀ ਦੇ ਸਾਲਾਨਾ ਮੇਲੇ ਸੰਬੰਧੀ ਪ੍ਰਭਾਤ ਫੇਰੀਆਂ ਆਰੰਭ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਭਾਮ ਮਾਂ ਦੁਰਗਾ ਮੰਦਰ ਮਾਤਾ ਭਾਮੇਸ਼ਵਰੀ ਮੰਦਰ ਵਿਖੇ ਸਾਲਾਨਾ 71ਵੇਂ ਜੋੜ ਮੇਲੇ ਮੌਕੇ 23 ਜੁਲਾਈ ਤੋਂ ਪ੍ਰਭਾਤ ਫੇਰੀਆਂ ਭੈਣ ਵਿਨੋਦ ਕੁਮਾਰੀ ਚੇਅਰਪਰਸਨ ਭਾਮੇਸ਼ਵਰੀ ਮਿਸ਼ਨਰੀ ਟਰੱਸਟ ਭਾਮ ਹੁਸ਼ਿਆਰਪੁਰ ਦੀ ਸਰਪ੍ਰਸਤੀ ਹੇਠ ਆਰੰਭ ਕੀਤੀਆਂ ਗਈਆ।ਸੇਵਾਦਾਰ ਗੁਰਨਾਮ ਜਸਵਾਲ ਨੇ ਦੱਸਿਆ ਕਿ 30 ਜੁਲਾਈ ਨੂੰ ਪੂਰਨ ਹਵਨ ਦੀ ਅਹੂਤੀ ਅਤੇ ਆਰਤੀ ਕੀਤੀ ਜਾਵੇਗੀ।ਇਸ ਮੌਕੇ ਮੁਫ਼ਤ ਆਯੁਰਵੈਦਿਕ ਕੈਂਪ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਲਗਾਇਆ ਜਾ ਰਿਹਾ ਹੈ ਤੇ ਵਿਸ਼ਾਲ ਭਗਵਤੀ ਜਾਗਰਣ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਜੋਗੀ ਅਲਾਵਲਪੁਰ, ਪੁਰੀ ਐਂਡ ਪਾਰਟੀ ਸ਼ੰਕਰ ਵਾਲੇ, ਨੀਲਮ ਠੱਕਰਵਾਲ, ਸੰਨੀ ਮੰਗਲ, ਜੱਸੀ ਭਾਮ, ਦੀਪਕ ਦੁਰਗਾ, ਮਹੰਤ ਰਾਜ ਕੁਮਾਰ ਸਲੋਹ ਵਾਲੇ ਸਾਰੀ ਰਾਤ ਮਹਾਮਾਈ ਦੇ ਗੁਣਗਾਨ ਕਰਨਗੇ।31 ਜੁਲਾਈ ਨੂੰ ਰਾਤ 8 ਵਜੇ ਕਵਾਲੀਆਂ ਆਰੰਭ ਕੀਤੀਆਂ ਜਾਣਗੀਆਂ। ਜਿਸ ਵਿੱਚ ਪੰਜਾਬ ਦੀਆਂ ਕਲਾਕਾਰ ਸਰਬਜੀਤ ਸਰਬ, ਅਸ਼ਰਫ਼ ਅਲੀ ਮਤੋਈ, ਮੁਕੇਸ਼ ਇਨਾਇਤ ਕਵਾਲੀਆਂ ਗਾਇਨ ਕਰਨਗੇ। ਇਸੇ ਦਿਨ 10 ਤੋਂ 2 ਵਜੇ ਤੱਕ ਦਾਦਰਾ ਹਸਪਤਾਲ ਭਾਮ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ।

## ਭਾਜਪਾ ਵੱਲੋਂ ਕੇਂਦਰ ਦੀਆਂ ਭਲਾਈ ਸਕੀਮਾਂ ਸੰਬੰਧੀ ਜਾਗਰੂਕਤਾ ਕੈਂਪ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਭਾਰਤੀ ਜਨਤਾ ਪਾਰਟੀ ਵੱਲੋਂ 'ਭਾਜਪਾ ਦੇ ਸੇਵਾਦਾਰ ਆ ਗਏ ਨੇ ਤੁਹਾਡੇ ਦੁਆਰ' ਮੁਹਿੰਮ ਤਹਿਤ ਪਿੰਡ ਲੋਹਗੜ੍ਹ ਵਿਖੇ ਕੇਂਦਰ ਸਰਕਾਰ ਦੀਆਂ ਲੋਕ-ਹਿਤੈਸ਼ੀ ਸਕੀਮਾਂ ਸਬੰਧੀ ਵਿਸ਼ੇਸ਼ ਜਾਗਰੂਕਤਾ ਕੈਂਪ ਸੀਨੀਅਰ ਭਾਜਪਾ ਆਗੂ ਸਾਬਕਾ ਵਿਧਾਇਕਾ ਬੀਬੀ ਹਰਚੰਦ ਕਰ ਘਨੌਰੀ ਦੀ ਅਗਵਾਈ ਹੇਠ ਲਾਇਆ ਗਿਆ। ਸਾਬਕਾ ਵਿਧਾਇਕਾ ਬੀਬੀ ਘਨੌਰੀ ਨੇ ਦੱਸਿਆ ਕਿ ਮੋਦੀ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ, ਵਿਧਵਾਵਾਂ ਤੇ ਹੋਰ ਆਮ ਲੋਕਾਂ ਲਈ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ।ਇਹ ਯੋਜਨਾਵਾਂ ਬਾਰੇ ਜਾਗਰੂਕ ਕਰਨ ਤੋਂ ਇਲਾਵਾ 500 ਤੋਂ ਵੱਧ ਲੋੜਵੰਦ ਲੋਕਾਂ ਦੇ ਆਨਲਾਈਨ ਫਾਰਮ ਭਰਾਏ ਗਏ।ਬੀਬੀ ਘਨੌਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ ਪੱਧਰ 'ਤੇ ਲੱਗ ਰਹੇ ਇਨ੍ਹਾਂ ਕੈਂਪਾਂ ਰਾਹੀਂ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਲੈਣ।ਇਸ ਮੌਕੇ ਹਰਪਾਲ ਸਿੰਘ, ਸਮਾਜ ਸੇਵੀ ਮਨਦੀਪ ਸਿੰਘ ਹੈਪੀ, ਹਰਬੰਸ ਸਿੰਘ, ਕੁਲਵੰਤ ਸਿੰਘ, ਸਾਬਕਾ ਸਰਪੰਚ ਬੀਬੀ ਜਰਨੈਲ ਕੌਰ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਵਕੀਲਾਂ ਵੱਲੋਂ ਨੋ ਵਰਕ ਡੇ ਤਹਿਤ ਕੰਮਕਾਰ ਠੱਪ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਬਾਰ ਕੌਂਸਲ ਵੱਲੋਂ ਪ੍ਰਧਾਨ ਸੁਖਦੀਪ ਸਿੰਘ ਕੁੰਦਰਾ ਅਤੇ ਸਕੱਤਰ ਰਜਿੰਦਰ ਸਿੰਘ ਦੀ ਅਗਵਾਈ ਹੇਠ ਕੀਤੀ ਅਹਿਮ ਮੀਟਿੰਗ ਵਿਚ ਅੰਮ੍ਰਿਤਸਰ ਵਿਖੇ ਐਡਵੋਕੇਟ ਲਖਵਿੰਦਰ ਸਿੰਘ 'ਤੇ ਹੋਏ ਹਮਲੇ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਨੋ ਵਰਕ ਡੇ ਤਹਿਤ ਕੰਮਕਾਰ ਠੱਪ ਕੀਤਾ ਗਿਆ। ਲਖਵਿੰਦਰ ਸਿੰਘ 'ਤੇ ਹਮਲਾ ਕਰਨ ਵਾਲਿਆਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਦੀ ਮੰਗ ਵੀ - ਕੀਤੀ ਗਈ।ਫੈਸਲਾ ਕੀਤਾ ਗਿਆ ਕਿ ਜੇਕਰ ਕੋਈ ਵੀ ਵਕੀਲ ਜਾਂ ਮੈਂਬਰ ਕੰਮ ਬੰਦ ਦੌਰਾਨ ਕੋਰਟ ਵਿਚ ਕੰਮ ਕਰਦਾ ਵੇਖਿਆ ਗਿਆ ਤਾਂ ਉਸ ਦੇ ਖ਼ਿਲਾਫ਼ 5000 ਰੁਪਏ ਦਾ ਜੁਰਮਾਨਾ ਕੀਤਾ ਜਾਵੇਗਾ ਇਸ ਮੌਕੇ ਉਪ ਪ੍ਰਧਾਨ ਵਨੀਤ ਕੁਮਾਰ ਚੋਪੜਾ, ਜੁਆਇੰਟ ਸਕੱਤਰ ਤ੍ਰਿਭਵਨ ਸ਼ਰਮਾ, ਕੈਸ਼ੀਅਰ ਇਸਰਾਨਾ ਖਾਨਾ, ਕਾਰਜਕਾਰੀ ਮੈਂਬਰ ਰੋਹਿਤ ਕੁਮਾਰ ਬਾਲੀ, ਸਤਵਿੰਦਰ ਸਿੰਘ ਸੈਂਪਲਾ, ਅਮੁਲ ਸੋਨੀ, ਗੁਰਪ੍ਰੀਤ ਕੌਰ ਝਿੱਕਾ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਬਲਾਕ ਦੀਆਂ ਮੁਸ਼ਕਲਾਂ ਨੂੰ ਹੱਲ ਕਰਵਾਉਣਾ ਮੇਰਾ ਪਹਿਲਾ ਫਰਜ਼ : ਸਤਨਾਮ ਸੰਘਾ



**ਕਾਲਾ ਸੰਘਿਆਂ (ਮਨਜੀਤ ਮਾਨ)**- ਆਮ ਆਦਮੀ ਪਾਰਟੀ ਦੇ ਕਪੂਰਥਲਾ ਦੇ ਪਹਿਲੇ ਬਲਾਕ ਪ੍ਰਧਾਨ ਤੇ 2013 ਤੋਂ ਪਾਰਟੀ ਦੀ ਸੇਵਾ ਕਰ ਰਹੇ ਸਤਨਾਮ ਸਿੰਘ ਸੰਘਾ ਨੇ ਪਾਰਟੀ ਦੇ ਨਸ਼ਾ ਮੁਕਤੀ ਮੋਰਚਾ ਦੇ ਹਲਕਾ ਇੰਚਾਰਜ ਸ਼ੇਖਰ ਕੁਮਾਰ ਨਾਲ ਸੁਖਾਣੀ ਪਿੰਡ ਦਾ ਦੌਰਾ ਕੀਤਾ ਅਤੇ ਆਪਣੀ ਟੀਮ ਨਾਲ ਮੀਟਿੰਗ ਵੀ ਕੀਤੀ । ਪਿੰਡ ਦੇ ਸਰਪੰਚ ਗੁਰਦੀਸ਼ ਕੌਰ ਦੇ ਬੇਟੇ ਗੁਰਜਿੰਦਰ ਸਿੰਘ ਨੇ ਕਿਹਾ ਕਿ ਸਾਡੀ ਸਾਰੀ ਟੀਮ ਪਿਛਲੇ 10-11 ਸਾਲ ਤੋਂ ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਦੇ ਨਾਲ ਰਲ ਕੇ ਕੰਮ ਕਰ ਰਹੀ ਹੈ ਅਤੇ ਕੰਮਾਂ ਨੂੰ ਮੁੱਖ ਰੱਖਦੇ ਹੋਏ ਇਸ ਵਾਰ ਸੁਖਾਣੀ ਪਿੰਡ ਵਿੱਚ ਸਾਡੀ ਪੰਚਾਇਤ ਬਣੀ। ਗੁਰਜਿੰਦਰ ਸਿੰਘ ਨੇ ਦੱਸਿਆ ਕਿ ਸਾਡੇ ਪਿੰਡ ਵਿੱਚ ਪਹਿਲਾਂ ਹੀ ਕੋਈ ਵੀ ਵਿਅਕਤੀ ਨਸ਼ਾ ਨਹੀਂ ਕਰਦਾ ਤੇ ਨਾ ਹੀ ਨਸ਼ਾ ਵੇਚਦਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 600 ਯੂਨਿਟ ਬਿਜਲੀ ਮੁਆਫ਼ , ਨਸ਼ਾ ਮੁਕਤੀ ਮੋਰਚਾ ਦੇ ਸਾਰੇ ਪਿੰਡਾਂ ਵਿੱਚ ਕੈਂਪ ਅਤੇ ਨਸ਼ਾ ਵੇਚਣ 'ਤੇ ਕੀਤੀ ਸਖ਼ਤੀ ਬਹੁਤ ਹੀ ਲੋਕਾਂ ਨੂੰ ਆਪਣੇ ਵੱਲ ਖਿੱਚ ਰਹੀ ਹੈ। ਉਨ੍ਹਾਂ ਨੇ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਪਿੰਡ ਸੁਖਾਣੀ ਵਿੱਚ ਸੀਵਰੇਜ ਅਤੇ ਪਾਣੀ ਦੀ ਟੈਂਕੀ ਦਾ ਕੰਮ ਕਰਵਾਇਆ ਜਾਵੇ। ਬਲਾਕ ਪ੍ਰਧਾਨ ਸਤਨਾਮ ਸਿੰਘ ਸੰਘਾ ਨੇ ਕਿਹਾ ਕਿ ਜਿਹੜੇ ਵਾਅਦੇ ਆਮ ਆਦਮੀ ਪਾਰਟੀ ਵਲੋਂ ਕੀਤੇ ਗਏ ਸਨ ਉਹ ਪੂਰੇ ਕੀਤੇ ਜਾ ਰਹੇ ਹਨ। ਇਸ ਮੌਕੇ ਰਣਜੀਤ ਸਿੰਘ, ਜਤਿੰਦਰ ਪੰਚ, ਗੁਰਮੀਤ ਸਿੰਘ ਲਾਜ਼ਰ, ਜਸਵਿੰਦਰ ਲੱਭਾ ਅਤੇ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਸਕੱਤਰ ਸੰਜੀਵ ਕੌਂਡਲ ਆਦਿ ਮੈਂਬਰ ਹਾਜ਼ਰ ਹੋਏ।

# ਨਿਊ ਹਰਦਿਆਲ ਨਗਰ 'ਚ ਨਸ਼ਾ ਤਸਕਰ ਦੀ ਗੈਰ-ਕਾਨੂੰਨੀ ਉਸਾਰੀ ਢਾਹੀ

**ਜਲੰਧਰ (ਸ਼ੈਲੀ ਐਲਬਰਟ)** ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਗਰ ਨਿਗਮ ਜਲੰਧਰ ਵੱਲੋਂ ਕਮਿਸ਼ਨਰੇਟ ਪੁਲਸ ਜਲੰਧਰ ਦੇ ਸਹਿਯੋਗ ਨਾਲ ਵੀਰਵਾਰ ਨੂੰ ਨਿਊ ਹਰਦਿਆਲ ਨਗਰ ਵਿੱਚ ਇੱਕ ਨਸ਼ਾ ਤਸਕਰ ਦੀ ਇੱਕ ਗੈਰ-ਕਾਨੂੰਨੀ ਉਸਾਰੀ ਢਾਹ ਦਿੱਤੀ ਗਈ। 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਗੈਰ-ਕਾਨੂੰਨੀ ਕਬਜ਼ੇ ਢਾਹੁਣ ਦੀ ਚੱਲ ਰਹੀ ਮੁਹਿੰਮ ਦੇ ਹਿੱਸੇ ਵਜੋਂ ਅਧਿਕਾਰੀਆਂ ਵੱਲੋਂ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਇਸ ਮੁਹਿੰਮ ਦੌਰਾਨ ਜੁਆਇੰਟ ਪੁਲਿਸ ਕਮਿਸ਼ਨਰ ਸੰਦੀਪ ਸ਼ਰਮਾ ਤੇ ਏ.ਡੀ.ਸੀ.ਪੀ.-1 ਜਲੰਧਰ ਆਕਰਸ਼ੀ ਜੈਨ ਅਤੇ ਏ.ਸੀ.ਪੀ. ਉੱਤਰੀ ਆਤਿਸ਼ ਭਾਟੀਆ ਦੀ ਅਗਵਾਈ ਹੇਠ ਪੁਲਿਸ ਟੀਮਾਂ ਵੱਲੋਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਪੁਲਿਸ ਸਹਾਇਤਾ ਯਕੀਨੀ ਬਣਾਈ ਗਈ। ਪੁਲਸ ਕਮਿਸ਼ਨਰ ਜਲੰਧਰ ਸ਼੍ਰੀਮਤੀ ਧਨਪ੍ਰੀਤ ਕੌਰ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਨਿਗਮ ਨੂੰ ਬਦਨਾਮ ਨਸ਼ਾ ਤਸਕਰ ਵਿਜੇ ਕੁਮਾਰ ਉਰਫ ਲੱਡੂ ਵੱਲੋਂ ਇੱਕ ਗੈਰ-ਕਾਨੂੰਨੀ ਉਸਾਰੀ ਬਾਰੇ ਸੂਚਨਾ ਮਿਲੀ ਸੀ। ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਨਗਰ ਨਿਗਮ ਅਤੇ ਪੁਲਿਸ ਦੀਆਂ ਟੀਮਾਂ ਨੇ ਕਬਜ਼ੇ ਵਾਲੇ ਢਾਂਚੇ ਨੂੰ ਢਾਹ ਦਿੱਤਾ, ਜਿਸ ਨਾਲ ਸਖ਼ਤ ਸੰਦੇਸ਼ ਗਿਆ ਹੈ ਕਿ ਜਲੰਧਰ ਸ਼ਹਿਰ ਵਿੱਚ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਆਦਤਨ ਅਪਰਾਧੀ ਹੈ, ਜਿਸ ਦੇ ਖਿਲਾਫ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰਪਿਕ ਸਬਸਟਾਂਸਿਜ਼ (ਐਨ.ਡੀ.ਪੀ.ਐਸ.) ਐਕਟ ਅਤੇ ਹੋਰ ਅਪਰਾਧਾਂ ਤਹਿਤ ਕੁੱਲ 20 ਮਾਮਲੇ ਦਰਜ ਹਨ। ਉਨ੍ਹਾਂ ਇਸ ਕਾਰਵਾਈ ਨੂੰ ਨਸ਼ਾ ਤਸਕਰਾਂ ਦੇ ਵਿੱਤੀ ਨੈੱਟਵਰਕ ਨੂੰ ਖ਼ਤਮ ਕਰਨ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣ ਵੱਲ ਮਹੱਤਵਪੂਰਨ ਕਦਮ ਕਰਾਰ ਦਿੱਤਾ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਅਜਿਹੀਆਂ ਕਾਰਵਾਈਆਂ ਅਮਲ ਵਿੱਚ ਲਿਆਂਦੀਆਂ ਗਈਆਂ ਹਨ, ਜਿਨ੍ਹਾਂ ਵਿੱਚ ਫਿਲੌਰ ਖੇਤਰ, ਧਨਕੀਆ ਮੁਹੱਲਾ, ਰਾਮਾ ਮੰਡੀ, ਗੜ੍ਹਾ, ਭਾਰਗਵ ਨਗਰ, ਬਸਤੀ ਗੁਜਾਂ ਅਤੇ ਲੋਹੀਆਂ ਵਿਖੇ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਨਾਲ ਸਬੰਧਤ ਗੈਰ-ਕਾਨੂੰਨੀ ਉਸਾਰੀਆਂ ਨੂੰ ਢਾਹੁਣਾ ਸ਼ਾਮਲ ਹੈ।ਕਮਿਸ਼ਨਰੇਟ ਪੁਲਸ ਨੇ ਸਮਾਜ ਵਿੱਚੋਂ ਨਸ਼ੇ ਖ਼ਤਮ ਕਰਨ ਦੀ ਵਚਨਬੱਧਤਾ ਦੁਹਰਾਉਂਦਿਆਂ ਨਾਗਰਿਕਾਂ ਨੂੰ ਜਲੰਧਰ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।



## ਬਲਵਿੰਦਰ ਢਿੱਲੋਂ ਸਨਮਾਨਤ



**ਪਟਿਆਲਾ (ਥਿੰਦ ਰਾਜਿੰਦਰ)** ਲੋਕ ਸਭਾ ਦਫਤਰ ਵਿਖੇ ਨਵਨਿਯੁਕਤ ਲੋਕ ਸਭਾ ਇੰਚਾਰਜ ਬਲਜਿੰਦਰ ਢਿੱਲੋਂ ਨੂੰ ਲਖਵਿੰਦਰ ਸਿੰਘ ਪੰਚਾਇਤ ਮੈਂਬਰ ਪਿੰਡ ਰਾਠੀਆਂ, ਮਹਿੰਦਰ ਸਿੰਘ ਪ੍ਰਧਾਨ ਕੋਆਪ੍ਰੇਟਿਵ ਸੁਸਾਇਟੀ ਬੈਂਕ ਸੁਖਵਿੰਦਰ ਸਿੰਘ ਸਾਬਕਾ ਪੰਚਾਇਤ ਮੈਂਬਰ ਪਿੰਡ ਰਾਠੀਆਂ ਵੱਲੋਂ ਬੁੱਕਾ ਦੇ ਕੇ ਸਨਮਾਨਤ ਕੀਤਾ ਗਿਆ ਇਸ ਮੌਕੇ ਰਾਜ ਕੁਮਾਰ ਮਿਠਾਰੀਆਂ ਦਫ਼ਤਰ ਇੰਚਾਰਜ ਪਟਿਆਲਾ, ਲਖਵਿੰਦਰ ਸਿੰਘ ਢਿੱਲੋਂ ਤੇ ਸੰਜੀਵ ਰਾਣਾ ਮੌਜੂਦ ਸਨ।

# ਨਗਰ ਨਿਗਮ ਨੇ ਫੈਡਰਲ ਬੈਂਕ ਨਾਲ ਪੀ ਓ ਐੱਸ ਅਧਾਰਤ ਪ੍ਰਾਪਰਟੀ ਟੈਕਸ ਕੁਲੈਕਸ਼ਨ ਕੀਤਾ ਸ਼ੁਰੂ

**ਫਗਵਾੜਾ (ਜਸਵਿੰਦਰ ਢੱਡਾ)** ਡਿਜੀਟਲ ਗਵਰਨੈਂਸ ਅਤੇ ਬਿਹਤਰ ਨਾਗਰਿਕ ਸੇਵਾਵਾਂ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਨਗਰ ਨਿਗਮ ਫਗਵਾੜਾ ਨੇ ਨਗਦੀ ਰਹਿਤ ਪ੍ਰਾਪਰਟੀ ਟੈਕਸ ਕੁਲੈਕਸ਼ਨ ਦੀ ਸਹੂਲਤ ਲਈ ਇੱਕ ਪੁਆਇੰਟ ਆਫ਼ ਸੇਲ (ਪੀ ਓ ਐਸ) ਮਸ਼ੀਨ ਸਿਸਟਮ ਸ਼ੁਰੂ ਕੀਤਾ ਹੈ।ਇਸ ਪਹਿਲਕਦਮੀ ਦਾ ਉਦਘਾਟਨ ਨਗਰ ਨਿਗਮ ਫਗਵਾੜਾ ਦੇ ਮੇਅਰ ਰਾਮ ਪਾਲ ਉੱਪਲ ਅਤੇ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ, ਆਈਏਐਸ ਨੇ ਫੈਡਰਲ ਬੈਂਕ ਦੇ ਸਹਿਯੋਗ ਨਾਲ ਸਾਂਝੇ ਤੌਰ 'ਤੇ ਕੀਤਾ। ਨਵੀਆਂ ਤਾਇਨਾਤ ਕੀਤੀਆਂ ਗਈਆਂ ਪੀ ਓ ਐਸ ਮਸ਼ੀਨਾਂ ਟੈਕਸ ਭੁਗਤਾਨਾਂ ਨੂੰ ਸੁਚਾਰੂ ਬਣਾਉਣ, ਮੈਨੂਅਲ ਨਿਰਭਰਤਾ ਘਟਾਉਣ, ਤੇਜ਼ ਅਤੇ ਸੁਰੱਖਿਅਤ ਲੈਣ-ਦੇਣ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਹਨ, ਜੋ ਕਿ ਨਗਰ ਨਿਗਮ ਫਗਵਾੜਾ ਦੀ ਸਮਾਰਟ, ਪਾਰਦਰਸ਼ੀ ਅਤੇ ਨਾਗਰਿਕ-ਅਨੁਕੂਲ ਸੇਵਾਵਾਂ ਪ੍ਰਤੀ ਵਚਨਬੱਧਤਾ ਨੂੰ ਮਜ਼ਬੂਤ ਕਰਦੀਆਂ ਹਨ।ਮੇਅਰ ਰਾਮ ਪਾਲ ਉੱਪਲ ਨੇ ਕਿਹਾ, ਇਹ ਪਹਿਲਕਦਮੀ ਫਗਵਾੜਾ ਵਾਸੀਆਂ ਲਈ ਸਹੂਲਤ ਵਧਾਏਗੀ ਅਤੇ ਟੈਕਸ ਕੁਲੈਕਸ਼ਨ ਵਿੱਚ ਕੁਸ਼ਲਤਾ ਵਿੱਚ ਮਹੱਤਵਪੂਰਨ ਸੁਧਾਰ ਕਰੇਗੀ। ਸਾਡਾ ਉਦੇਸ਼ ਨਗਰ ਨਿਗਮ ਸੇਵਾਵਾਂ ਨੂੰ ਫਗਵਾੜਾ ਦੇ ਲੋਕਾਂ ਲਈ ਵਧੇਰੇ ਪਹੁੰਚਯੋਗ ਅਤੇ ਜਵਾਬਦੇਹ ਬਣਾਉਣਾ ਹੈ।ਡਾ. ਅਕਸ਼ਿਤਾ ਗੁਪਤਾ, ਆਈਏਐਸ, ਕਮਿਸ਼ਨਰ ਨਗਰ ਨਿਗਮ ਫਗਵਾੜਾ ਨੇ ਕਿਹਾ, ਪੀ ਓ ਐਸ ਮਸ਼ੀਨਾਂ ਵਰਗੇ ਡਿਜੀਟਲ ਭੁਗਤਾਨ ਕਰਨਾ ਪੰਜਾਬ ਸਰਕਾਰ ਦੇ ਪਾਰਦਰਸ਼ੀ ਅਤੇ ਤਕਨਾਲੋਜੀ-ਅਧਾਰਤ ਸ਼ਾਸਨ ਪ੍ਰਣਾਲੀ ਦੇ ਦ੍ਰਿਸ਼ਟੀਕੋਣ ਵੱਲ ਇੱਕ ਪ੍ਰਗਤੀਸ਼ੀਲ ਕਦਮ ਹੈ। ਅਸੀਂ ਇਸ ਪ੍ਰਣਾਲੀ ਨੂੰ ਲਾਗੂ ਕਰਨ ਵਿੱਚ ਫੈਡਰਲ ਬੈਂਕ ਦੇ ਅਧਿਕਾਰੀਆਂ, ਜਿਨ੍ਹਾਂ ਵਿੱਚ ਮੈਨੇਜਰ ਕ੍ਰਿਪੀ ਮਿੱਤਲ ਅਤੇ ਸਹਾਇਕ ਮੈਨੇਜਰ ਪ੍ਰਤਿਭਾ ਦੁਹਾਨ ਸ਼ਾਮਲ ਹਨ, ਦੇ ਸਹਿਯੋਗ ਦੀ ਸ਼ਲਾਘਾ ਕਰਦੇ ਹਾਂ। ਸਹਾਇਕ ਕਮਿਸ਼ਨਰ ਅਨੀਸ਼ ਬਾਂਸਲ ਨੇ ਅੱਗੇ ਕਿਹਾ ਇਹ ਕਦਮ ਸਹੂਲਤ ਤੋਂ ਵੱਧ ਹੈ - ਇਹ ਡਿਜੀਟਲ ਪਹੁੰਚ ਰਾਹੀਂ ਨਾਗਰਿਕਾਂ ਨੂੰ ਸਸ਼ਕਤ ਬਣਾਉਣ ਬਾਰੇ ਹੈ। ਅਸੀਂ ਫਗਵਾੜਾ ਨਗਰ ਨਿਗਮ ਨੂੰ ਕੈਸ਼ਲੈੱਸ ਨਵੀਨਤਾ ਵਿੱਚ ਮੋਹਰੀ ਬਣਾਉਣ ਲਈ ਵਚਨਬੱਧ ਹਾਂ।ਪੀਓਐਸ ਸਿਸਟਮ ਦੇ ਸੁਰੱਖਿਅਤ ਅਤੇ ਤੇਜ਼ ਕਾਰਜਾਂ ਲਈ ਲੋੜੀਂਦਾ ਬੁਨਿਆਦੀ ਢਾਂਚਾ ਅਤੇ ਤਕਨੀਕੀ ਮੁਹਾਰਤ ਪ੍ਰਦਾਨ ਕਰਨ ਲਈ ਫੈਡਰਲ ਬੈਂਕ ਨੇ ਨਗਰ ਨਿਗਮ ਫਗਵਾੜਾ ਦਾ ਸਾਥ ਦਿੱਤਾ ਹੈ।ਇਹ ਨਕਦ ਰਹਿਤ ਭੁਗਤਾਨ ਦੀ ਸਹੂਲਤ ਅੱਜ ਤੋਂ ਸ਼ੁਰੂ ਹੋ ਗਈ ਹੈ ਅਤੇ ਫਗਵਾੜਾ ਸ਼ਹਿਰ ਦੇ ਪ੍ਰਾਪਰਟੀ ਮਾਲਕਾਂ ਨੂੰ ਇੱਕ ਸਹਿਜ ਅਤੇ ਕੁਸ਼ਲ ਟੈਕਸ-ਭੁਗਤਾਨ ਅਨੁਭਵ ਲਈ ਇਸ ਸਿਸਟਮ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ।



# ਸ਼ਰਧਾਲੂਆਂ ਲਈ ਲੰਗਰ ਦਾ ਟਰੱਕ ਭੇਜਿਆ



**ਨਾਭਾ (ਵਰਿੰਦਰ ਵਰਮਾ)** ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀ ਨੈਣਾਂ ਦੇਵੀ ਲੰਗਰ ਕਮੇਟੀ ਨਵੀ ਅਨਾਜ ਮੰਡੀ ਵੱਲੋਂ ਪ੍ਰਧਾਨ ਜੀਵਨ ਲਾਲ ਗੁਪਤਾ ਅਗੋਲ ਵਾਲੇ, ਸਕੱਤਰ ਰਵਨੀਸ਼ ਗੋਇਲ, ਕੈਸ਼ੀਅਰ ਸੰਜੀਵ ਜਿੰਦਲ, ਉਪ ਪ੍ਰਧਾਨ ਵਿਨੈ ਗੁਪਤਾ ਤੇ ਹੋਰ ਆੜ੍ਹਤੀ ਭਾਈਚਾਰੇ ਵੱਲੋਂ ਸਾਵਣ ਦੇ ਮਹੀਨੇ ਮਾਤਾ ਸ਼੍ਰੀ ਨੈਣਾਂ ਦੇਵੀ ਬਿਲਾਸਪੁਰ ਹਿਮਾਚਲ ਪ੍ਰਦੇਸ਼ ਵਿਖੇ ਸ਼ਰਧਾਲੂਆਂ ਲਈ ਲੰਗਰ ਦਾ ਇੱਕ ਟਰੱਕ ਭੇਜਿਆ ਗਿਆ। ਪ੍ਰਧਾਨ ਜੀਵਨ ਲਾਲ ਗੁਪਤਾ ਨੇ ਕਿਹਾ ਕਿ ਇਹ ਲੰਗਰ 60 ਸਾਲਾਂ ਤੋਂ ਵੱਧ ਸਮੇਂ ਤੋਂ ਇਸ ਤਰ੍ਹਾਂ ਮਾਤਾ ਦੇ ਦਰਸ਼ਨਾਂ ਲਈ ਆਉਣ-ਜਾਣ ਵਾਲੇ ਸ਼ਰਧਾਲੂਆਂ ਲਈ ਭੇਜਿਆ ਜਾਂਦਾ ਹੈ ਤੇ ਕਈ ਦਿਨਾਂ ਤੋਂ ਹਰ ਰੋਜ਼ ਵੱਖ-ਵੱਖ ਤਰ੍ਹਾਂ ਦੇ ਪਕਵਾਨ ਬਣਾਏ ਜਾਂਦੇ ਹਨ। ਜੋ ਇਹ ਲੰਗਰ ਸ਼ਰਧਾਲੂਆਂ ਵਿੱਚ ਵੰਡਿਆ ਜਾਂਦਾ ਹੈ ਅਤੇ ਭਵਿੱਖ ਵਿੱਚ ਵੀ ਇਹ ਲੰਗਰ ਮਾਤਾ ਜੀ ਦੇ ਆਸ਼ੀਰਵਾਦ ਨਾਲ ਅੱਗੇ ਤੋਂ ਵੀ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਅਸ਼ਟਮੀ ਮੌਕੇ ਲੰਗਰ ਵੰਡਣ ਉਪਰੰਤ ਮਾਤਾ ਸ਼੍ਰੀ ਨੈਣਾ ਦੇਵੀ ਜੀ ਦੇ ਦਰਸ਼ਨ ਕੀਤੇ ਜਾਣਗੇ ਅਤੇ ਆਸ਼ੀਰਵਾਦ ਲਿਆ ਜਾਵੇਗਾ, ਇਸ ਦੇ ਨਾਲ ਹੀ ਸਰਬਤ ਦੇ ਭਲੇ ਲਈ ਅਰਦਾਸ ਕੀਤੀ ਜਾਵੇਗੀ।

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੇਵਾ ਕੇਂਦਰ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਖੁੱਲ੍ਹਾ ਰਹੇਗਾ : ਡੀ ਸੀ

**ਨਵਾਂਸ਼ਹਿਰ (ਮਨੋਜ ਲਾਡੀ)** ਡੀ ਸੀ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਖੇ ਸੇਵਾ ਕੇਂਦਰ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਖੁੱਲ੍ਹਾ ਰਹੇਗਾ। ਜਿੱਥੇ ਲੋਕ ਵੱਖ-ਵੱਖ ਵਿਭਾਗਾਂ ਨਾਲ ਸਬੰਧਤ 450 ਦੇ ਕਰੀਬ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੋਮਵਾਰ ਤੋਂ ਸ਼ਨੀਵਾਰ ਤੱਕ ਇਹ ਸੇਵਾ ਕੇਂਦਰ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਖੁੱਲ੍ਹਾ ਰਹੇਗਾ। ਜਦਕਿ ਐਤਵਾਰ ਨੂੰ ਇਸ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਟਰਾਂਸਪੋਰਟ ਵਿਭਾਗ ਦੀਆਂ 27 ਅਤੇ ਮਾਲ ਵਿਭਾਗ ਦੀਆਂ 5 ਨਵੀਆਂ ਸੇਵਾਵਾਂ ਸੇਵਾ ਕੇਂਦਰਾਂ ਰਾਹੀਂ ਸ਼ੁਰੂ ਕੀਤੀਆਂ ਗਈਆਂ ਹਨ। ਜਿਸ ਨਾਲ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਇਹ ਸੇਵਾਵਾਂ ਲੋਕਾਂ ਵੱਲੋਂ ਹੈਲਪਲਾਈਨ ਨੰਬਰ 1076 'ਤੇ ਕਾਲ ਕਰਕੇ ਘਰ ਬੈਠੇ ਹੀ ਹਾਸਲ ਕੀਤੀਆਂ ਜਾ ਸਕਦੀਆਂ ਹਨ। ਜ਼ਿਕਰਯੋਗ ਹੈ ਕਿ ਹੁਣ ਟਰਾਂਸਪੋਰਟ ਵਿਭਾਗ ਦੀਆਂ ਸਾਰਥੀ ਪੋਰਟਲ ਨਾਲ ਸਬੰਧਤ ਲਰਨਰ ਲਾਇਸੈਂਸ ਦੀ ਅਰਜੀ, ਲਰਨਰ ਲਾਇਸੈਂਸ 'ਤੇ ਪਤੇ ਜਾਂ ਨਾਂਅ ਵਿਚ ਸੋਧ, ਡੁਪਲੀਕੇਟ ਲਰਨਰ ਲਾਇਸੈਂਸ ਨੂੰ ਜਾਰੀ ਕਰਵਾਉਣਾ, ਡਪਲੀਕੇਟ ਡਰਾਈਵਿੰਗ ਲਾਇਸੈਂਸ ਨੂੰ ਜਾਰੀ ਕਰਵਾਉਣਾ, ਜਿਹੜੇ ਲਾਇਸੈਂਸ ਲਈ ਟਰਾਂਸਪੋਰਟ ਵਿਭਾਗ ਦੀਆਂ 27 ਅਤੇ ਮਾਲ ਵਿਭਾਗ ਦੀਆਂ 5 ਹੋਰ ਸੇਵਾਵਾਂ ਸੇਵਾ ਕੇਂਦਰ ਤੋਂ ਮਿਲਣਗੀਆਂ, ਡਰਾਈਵਿੰਗ ਟੈਸਟ ਲੋੜੀਂਦਾ ਨਹੀਂ ਹੈ ਨੂੰ ਨਵਿਆਉਣਾ, ਡਰਾਈਵਿੰਗ ਲਾਇਸੈਂਸ ਨੂੰ ਬਦਲਨਾ, ਡਰਾਈਵਿੰਗ ਲਾਇਸੈਂਸ 'ਤੇ ਪਤੇ, ਨਾਂਅ ਜਾਂ ਜਨਮ ਮਿਤੀ ਵਿਚ ਸੋਧ, ਡਰਾਈਵਿੰਗ ਲਾਇਸੈਂਸ ਦੇ ਐਕਸਟ੍ਰੈਕਟ ਲੈਣੇ, ਲਾਇਸੈਂਸ 'ਤੇ ਵਹੀਕਲ ਨੂੰ ਸਰੰਡਰ ਕਰਨਾ, ਡਰਾਇਵਰ ਲਈ ਜਨਤਕ ਸੇਵਾ ਵ੍ਹੀਕਲ (ਪੀਐਸਵੀ) ਬੈਚ ਜਾਰੀ ਕਰਵਾਉਣ, ਕੰਡਕਟਰ ਦਾ ਲਾਇਸੈਂਸ ਜਾਰੀ ਨਵਿਆਉਣਾ ਅਤੇ ਲਰਨਰ ਲਾਇਸੈਂਸ ਦੀ ਮਿਆਦ ਵਿੱਚ ਵਾਧੇ ਦੀਆਂ ਸੇਵਾਵਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ।ਇਸੇ ਤਰ੍ਹਾਂ ਵਾਹਨ ਪੋਰਟਲ ਨਾਲ ਸਬੰਧਤ ਸੇਵਾਵਾਂ ਵਿਚ ਕਮਰਸ਼ੀਅਲ ਵਾਹਨਾਂ ਲਈ ਫਿਟਨਸ ਸਰਟੀਫਿਕੇਟ ਜਾਰੀ ਕਰਵਾਉਣਾ, ਲਾਈਫ ਟਾਈਮ ਟੈਕਸ ਦੀ ਅਦਾਇਗੀ, ਆਰ.ਸੀ. ਦੇ ਵੇਰਵੇ ਦੇਖਣੇ, ਰਜਿਸਟ੍ਰੇਸ਼ਨ ਸਰਟੀਫਿਕੇਟ ਲਈ ਐਨਓਸੀ, ਟਰਾਂਸਪੋਰਟ ਸੇਵਾਵਾਂ ਦੇ ਰਿਕਾਰਡ ਲਈ ਮੋਬਾਇਲ ਨੰ. ਅਪਡੇਟ ਕਰਨਾ ਅਤੇ ਰਜਿਸਟ੍ਰੇਸ਼ਨ ਸਰਟੀਫਿਕੇਟ ਵਿੱਚ ਦਿੱਤੇ ਪਤੇ ਦੀ ਸੋਧ ਕਰਵਾਉਣਾ ਸ਼ਾਮਲ ਹੈ।